ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 24
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Saturday, 24 January, 2026) ਸ਼ਨੀਵਾਰ, 24 ਜਨਵਰੀ, 2026, 11 ਮਾਘ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਸ੍ਰੀਨਗਰ ’ਚ ਭਾਰੀ ਬਰਫ਼ਬਾਰੀ, ਹਵਾਈ ਅੱਡੇ ਤੋਂ ਉਡਾਣਾਂ ਰੱਦ

ਸ੍ਰੀਨਗਰ, 23 ਜਨਵਰੀ (ਚ.ਨ.ਸ.): ਖ਼ਰਾਬ ਮੌਸਮ ਦੇ ਕਾਰਨ ਸ੍ਰੀਨਗਰ ਹਵਾਈ ਅੱਡੇ ’ਤੇ ਹਵਾਈ ਆਵਾਜਾਈ ਠੱਪ ਹੋਣ ਤੋਂ ਬਾਅਦ ਸ਼ੁੱਕਰਵਾਰ ਨੂੰ ਕਸ਼ਮੀਰ ਆਉਣ-ਜਾਣ ਵਾਲੀਆਂ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ। ਇਸ ਦੀ ਜਾਣਕਾਰੀ ਅਧਿਕਾਰੀਆਂ ਵਲੋਂ ਦਿੱਤੀ ਗਈ ਹੈ।

ਦੱਸ ਦੇਈਏ ਕਿ ਸ੍ਰੀਨਗਰ ਵਿੱਚ ਸੀਜ਼ਨ ਦੀ ਪਹਿਲੀ ਬਰਫ਼ਬਾਰੀ ਹੋਈ ਹੈ। ਮੌਸਮ ਵਿਭਾਗ ਨੇ ਭਵਿੱਖਬਾਣੀ ਕੀਤੀ ਹੈ ਕਿ ਇਹ ਮੌਸਮੀ ਸਥਿਤੀ ਸ਼ੁੱਕਰਵਾਰ ਸ਼ਾਮ ਤੱਕ ਜਾਰੀ ਰਹੇਗੀ।



# ਸਰਕਾਰੀ ਸਕੂਲਾਂ ਨੂੰ ਰਿਕਾਰਡ ਹੁੰਗਾਰਾ ਮਿਲਣਾ ਭਗਵੰਤ ਮਾਨ ਸਰਕਾਰ ਦੀ "ਸਿੱਖਿਆ ਕ੍ਰਾਂਤੀ" 'ਤੇ ਮਾਪਿਆਂ ਦੇ ਵਧਦੇ ਭਰੋਸੇ ਦਾ ਸਬੂਤ : ਬੈਂਸ

ਚੰਡੀਗੜ੍ਹ, 23 ਜਨਵਰੀ (ਚ.ਨ.ਸ.): ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਇਥੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ "ਸਿੱਖਿਆ ਕ੍ਰਾਂਤੀ" ਅਧੀਨ ਪਹਿਲਕਦਮੀਆਂ ਦੇ ਉਸਾਰੂ ਨਤੀਜੇ ਸਾਹਮਣੇ ਆ ਰਹੇ ਹਨ ਅਤੇ ਸਕੂਲ ਆਫ਼ ਐਮੀਨੈਂਸ (ਐਸ.ਓ.ਈ.) ਤੇ ਰੈਜ਼ੀਡੈਂਸ਼ੀਅਲ ਸਕੂਲਜ਼ ਫਾਰ ਮੈਰੀਟੋਰੀਅਸ ਸਟੂਡੈਂਟਸ (ਆਰ.ਐਸ.ਐਮ.ਐਸ.) ਵਿੱਚ ਦਾਖ਼ਲਿਆਂ ਪ੍ਰਤੀ ਭਾਰੀ ਹੁੰਗਾਰਾ ਮਿਲਣਾ ਸਰਕਾਰੀ ਸਕੂਲਾਂ ਦੀ ਸਿੱਖਿਆ ਵਿੱਚ ਵਿਦਿਆਰਥੀਆਂ ਦੇ ਵਧ ਰਹੇ ਵਿਸ਼ਵਾਸ ਦਾ ਸਪੱਸ਼ਟ ਪ੍ਰਮਾਣ ਹੈ। ਸਿੱਖਿਆ ਮੰਤਰੀ ਨੇ ਦੱਸਿਆ ਕਿ ਇਨ੍ਹਾਂ ਵੱਕਾਰੀ ਸੰਸਥਾਵਾਂ ਵਿੱਚ 9ਵੀਂ ਅਤੇ 11ਵੀਂ ਜਮਾਤ ਵਿੱਚ ਦਾਖ਼ਲੇ ਲਈ 2 ਲੱਖ ਤੋਂ ਵੱਧ ਵਿਦਿਆਰਥੀਆਂ ਨੇ ਰਜਿਸਟਰ ਕੀਤਾ ਹੈ, ਜੋ ਕਰੀਬ 20,000 ਉਪਲਬਧ ਸੀਟਾਂ ਲਈ ਮੁਕਾਬਲਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਉਪਲੱਬਧ ਸੀਟਾਂ ਦੇ ਸਨਮੁੱਖ ਇੰਨੀ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਵੱਲੋਂ ਰਜਿਸਟਰ ਕਰਨਾ ਸਰਕਾਰੀ ਸਕੂਲਾਂ ਵਿੱਚ ਮਿਲ ਰਹੀ ਮਿਆਰੀ ਸਿੱਖਿਆ ਪ੍ਰਤੀ ਮਾਪਿਆਂ ਅਤੇ ਵਿਦਿਆਰਥੀਆਂ ਦੇ ਭਰੋਸੇ ਨੂੰ ਦਰਸਾਉਂਦਾ ਹੈ।



ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਰਾਜ ਵਿੱਚ ਇਸ ਵੇਲੇ 118 ਸਕੂਲ ਆਫ਼ ਐਮੀਨੈਂਸ ਤੇ 10 ਰੈਜ਼ੀਡੈਂਸ਼ੀਅਲ ਸਕੂਲ ਹਨ, ਜਿੱਥੇ ਅਕਾਦਮਿਕ ਸੈਸ਼ਨ 2026-27 ਲਈ ਦਾਖ਼ਲੇ ਵਾਸਤੇ ਅਰਜ਼ੀਆਂ ਮੰਗੀਆਂ ਗਈਆਂ ਹਨ। ਸੀਟਾਂ ਦੀ ਉਪਲਬਧਤਾ ਦੇ ਵੇਰਵੇ ਦਿੰਦਿਆਂ ਉਨ੍ਹਾਂ ਕਿਹਾ ਕਿ 9ਵੀਂ ਜਮਾਤ ਲਈ ਸਕੂਲ ਆਫ਼ ਐਮੀਨੈਂਸ ਵਿੱਚ ਕੁੱਲ 4,248 ਸੀਟਾਂ ਉਪਲਬਧ ਹਨ, ਜਿਸ ਵਿੱਚ ਪ੍ਰਤੀ ਸਕੂਲ 36 ਸੀਟਾਂ ਹਨ, ਜਦੋਂ ਕਿ ਮੈਰੀਟੋਰੀਅਸ ਵਿਦਿਆਰਥੀਆਂ ਲਈ ਰੈਜ਼ੀਡੈਂਸ਼ੀਅਲ ਸਕੂਲਾਂ ਵਿੱਚ ਮੌਜੂਦਾ ਸਮੇਂ 50 ਸੀਟਾਂ ਉਪਲਬਧ ਹਨ।

ਇਸੇ ਤਰ੍ਹਾਂ 11ਵੀਂ ਜਮਾਤ ਲਈ ਸਕੂਲ ਆਫ਼ ਐਮੀਨੈਂਸ ਵਿੱਚ 11,187 ਸੀਟਾਂ ਉਪਲਬਧ ਹਨ। ਉਨ੍ਹਾਂ ਦੱਸਿਆ ਕਿ 11ਵੀਂ ਜਮਾਤ ਲਈ ਕੁੱਲ ਮਨਜ਼ੂਰਸ਼ੁਦਾ ਦਾਖ਼ਲਾ ਸੀਟਾਂ 15,104 ਹਨ, ਜਿਨ੍ਹਾਂ ਵਿੱਚੋਂ ਸਕੂਲ ਆਫ਼ ਐਮੀਨੈਂਸ ਵਿੱਚ ਪੜ੍ਹ ਰਹੇ 10ਵੀਂ ਜਮਾਤ ਦੇ 3,917 ਵਿਦਿਆਰਥੀਆਂ ਨੂੰ 11ਵੀਂ ਜਮਾਤ ਵਿੱਚ ਇਨ੍ਹਾਂ ਸੀਟਾਂ ਦੇ ਸਨਮੁਖ ਪ੍ਰਮੋਟ ਕੀਤਾ ਜਾਵੇਗਾ। ਇਸ ਤੋਂ ਇਲਾਵਾ 11ਵੀਂ ਜਮਾਤ ਦੇ ਦਾਖ਼ਲਿਆਂ ਵਾਸਤੇ ਮੈਰੀਟੋਰੀਅਸ ਵਿਦਿਆਰਥੀਆਂ ਲਈ ਰੈਜ਼ੀਡੈਂਸ਼ੀਅਲ ਸਕੂਲਾਂ ਵਿੱਚ 4,600 ਸੀਟਾਂ ਉਪਲਬਧ ਹਨ। ਰਜਿਸਟ੍ਰੇਸ਼ਨ ਦੀ ਸਥਿਤੀ ਬਾਰੇ ਗੱਲ ਕਰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ 9ਵੀਂ ਜਮਾਤ ਦੇ ਦਾਖ਼ਲਿਆਂ ਲਈ 93,300 ਵਿਦਿਆਰਥੀਆਂ ਨੇ ਰਜਿਸਟਰ ਕੀਤਾ ਹੈ, ਜਿਨ੍ਹਾਂ ਵਿੱਚੋਂ 74,855 ਅਰਜ਼ੀਆਂ ਸਫ਼ਲਤਾਪੂਰਵਕ ਜਮ੍ਹਾਂ ਹੋ ਗਈਆਂ ਹਨ। ਇਸੇ ਤਰ੍ਹਾਂ 11ਵੀਂ ਜਮਾਤ ਲਈ ਹੁਣ ਤੱਕ 1,10,716 ਵਿਦਿਆਰਥੀਆਂ ਨੇ ਰਜਿਸਟਰ ਕੀਤਾ ਹੈ, ਜਿਨ੍ਹਾਂ ਵਿੱਚੋਂ 92,624 ਅਰਜ਼ੀਆਂ ਸਫ਼ਲਤਾਪੂਰਵਕ ਜਮ੍ਹਾਂ ਹੋ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਦੋਵਾਂ ਜਮਾਤਾਂ ਦੇ 36,537 ਵਿਦਿਆਰਥੀ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਨ ਦੇ ਅੰਤਿਮ ਪੜਾਅ 'ਤੇ ਹਨ। ਵਿਦਿਆਰਥੀਆਂ ਤੇ ਮਾਪਿਆਂ ਨੂੰ ਦਾਖ਼ਲਾ ਪ੍ਰਕਿਰਿਆ ਨੂੰ ਸਮੇਂ ਸਿਰ ਪੂਰਾ ਕਰਨ ਦੀ ਅਪੀਲ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਅਰਜ਼ੀਆਂ ਜਮ੍ਹਾਂ ਕਰਨ ਦੀ ਆਖ਼ਰੀ ਤਰੀਕ 25 ਜਨਵਰੀ, 2026 ਹੈ, ਜਦੋਂ ਕਿ ਦਾਖ਼ਲਾ ਪ੍ਰੀਖਿਆ 1 ਮਾਰਚ, 2026 ਨੂੰ ਹੋਵੇਗੀ। ਉਨ੍ਹਾਂ ਕਿਹਾ ਕਿ ਦਾਖ਼ਲਾ ਕਾਰਡਾਂ ਤੇ ਪ੍ਰੀਖਿਆ ਕੇਂਦਰਾਂ ਬਾਰੇ ਹੋਰ ਵੇਰਵੇ ਸਮੇਂ ਸਿਰ ਅਧਿਕਾਰਤ ਚੈਨਲਾਂ ਰਾਹੀਂ ਸਾਂਝੇ ਕੀਤੇ ਜਾਣਗੇ।

# ਦਿੱਲੀ ਡੈਕਲੇਰਸ਼ਨ-2026 ਨੂੰ ਅਪਨਾਉਣ ਦੇ ਨਾਲ ਸਮਾਪਤ ਹੋਇਆ ਲੋਕਤੰਤਰ ਤੇ ਚੋਣ ਪ੍ਰਬੰਧਨ 'ਤੇ ਅੰਤਰਰਾਸ਼ਟਰੀ ਸੰਮੇਲਨ

ਚੰਡੀਗੜ੍ਹ, 23 ਜਨਵਰੀ (ਅੰਮ੍ਰਿਤਪਾਲ ਸਿੰਘ): ਭਾਰਤ ਦੇ ਚੋਣ ਕਮਿਸ਼ਨ ਦਾ 3 ਰੋਜ਼ਾ ਸੰਮੇਲਨ ਲੋਕਤੰਤਰ ਤੇ ਚੋਣ ਪ੍ਰਬੰਧਨ 'ਤੇ ਅੰਤਰਰਾਸ਼ਟਰੀ ਸੰਮੇਲਨ 2026 ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਦਿੱਲੀ ਡੈਕਲੇਰੇਸ਼ਨ 2026 ਨੂੰ ਅਪਣਾਉਣ ਦੇ ਨਾਲ ਸਮਾਪਤ ਹੋਇਆ। ਭਾਰਤ ਦੇ ਮੁੱਖ ਚੋਣ ਕਮਿਸ਼ਨਰ (ਸੀ.ਈ.ਸੀ.), ਗਿਆਨੇਸ਼ ਕੁਮਾਰ, ਚੋਣ ਕਮਿਸ਼ਨਰ (ਈਸੀਜ਼) ਡਾ. ਸੁਖਬੀਰ ਸਿੰਘ ਸੰਧੂ ਤੇ ਡਾ. ਵਿਵੇਕ ਜੋਸ਼ੀ, 42 ਚੋਣ ਪ੍ਰਬੰਧਨ ਸੰਸਥਾਵਾਂ (ਈਐਮਬੀਜ਼) ਦੇ ਮੁਖੀਆਂ, 70 ਤੋਂ ਵੱਧ ਰਾਸ਼ਟਰੀ ਸੰਸਥਾਵਾਂ ਦੇ ਮਾਹਰ ਤੇ ਈ.ਸੀ.ਆਈ. ਦੇ ਸੀਨੀਅਰ ਅਧਿਕਾਰੀ ਤੇ ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 36 ਮੁੱਖ ਚੋਣ ਅਧਿਕਾਰੀ (ਸੀ.ਈ.ਓਜ਼) ਆਈਆਈਸੀਡੀਈਐਮ-2026 ਦੇ ਸਮਾਪਤੀ ਸੈਸ਼ਨ 'ਚ ਮੌਜੂਦ ਸਨ। ਸਮਾਪਤੀ ਸੈਸ਼ਨ 'ਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਦਿੱਲੀ ਡੈਕਲੇਰੇਸ਼ਨ 2026 ਪੜ੍ਹਿਆ, ਜਿਸਨੂੰ ਈਐਮਬੀਜ਼ ਦੁਆਰਾ ਸਰਬਸੰਮਤੀ ਨਾਲ ਅਪਣਾਇਆ ਗਿਆ। ਈਐਮਬੀਜ਼ ਨੇ ਐਲਾਨਨਾਮੇ ਦੇ ਪੰਜ ਥੰਮ੍ਹਾਂ ਚੋਣ ਸੂਚੀਆਂ ਦੀ ਸ਼ੁੱਧਤਾ, ਚੋਣਾਂ ਦਾ ਸੰਚਾਲਨ, ਖੋਜ ਤੇ ਪ੍ਰਕਾਸ਼ਨ, ਤਕਨਾਲੋਜੀ ਦੀ ਵਰਤੋਂ ਤੇ ਸਿਖਲਾਈ ਤੇ ਸਮਰੱਥਾ ਨਿਰਮਾਣ ਨਾਲ ਸਬੰਧਤ 'ਤੇ ਇਕੱਠੇ ਕੰਮ ਕਰਨ ਦਾ ਸੰਕਲਪ ਲਿਆ। ਭਾਗੀਦਾਰਾਂ ਨੇ ਸਮੇਂ-ਸਮੇਂ 'ਤੇ ਆਪਣੀ ਪ੍ਰਗਤੀ ਦੀ ਸਮੀਖਿਆ ਕਰਨ ਦਾ ਵੀ ਸੰਕਲਪ ਲਿਆ ਤੇ 3, 4 ਤੇ 5 ਦਸੰਬਰ 2026 ਨੂੰ ਇੰਡੀਆ ਇੰਟਰਨੈਸ਼ਨਲ ਇੰਸਟੀਚਿਊਟ ਆਫ਼ ਡੈਮੋਕਰੇਸੀਜ਼ ਐਂਡ ਇਲੈਕਸ਼ਨ ਮੈਨੇਜਮੈਂਟ (ਆਈਆਈਆਈਡੀਈਐਮ), ਨਵੀਂ ਦਿੱਲੀ ਵਿਖੇ ਮੁਲਾਕਾਤ ਦਾ ਪ੍ਰਸਤਾਵ ਰੱਖਿਆ।



ਈਐਮਬੀਜ਼ ਨੇ ਇੱਕ ਕੋ-ਕਿਉਰੇਟਿਡ ਐਨਸਾਈਕਲੋਪੀਡੀਆ ਆਫ਼ ਦ ਵਰਲਡ ਡੈਮੋਕਰੇਸੀਜ਼, ਅੰਤਰਰਾਸ਼ਟਰੀ ਆਈਡੀਈਏ ਦੁਆਰਾ ਅਗਵਾਈ ਕੀਤੇ ਜਾ ਰਹੇ ਸੱਤ ਥੀਮਾਂ ਤੇ ਆਈਆਈਆਈਡੀਈਐਮ ਦੁਆਰਾ ਅਗਵਾਈ ਕੀਤੀਆਂ ਜਾ ਰਹੇ 36 ਥੀਮਾਂ 'ਤੇ ਵਿਆਪਕ ਰਿਪੋਰਟਾਂ ਲਿਆਉਣ; ਈਸੀਆਈ-ਨੈੱਟ ਵਰਗੇ ਡਿਜੀਟਲ ਪਲੇਟਫਾਰਮਾਂ ਦਾ ਸਹਿ-ਵਿਕਾਸ,; ਆਈਆਈਡੀਈਐਮ ਦੁਆਰਾ ਪਾਰਦਰਸ਼ੀ ਅਭਿਆਸਾਂ ਦੀ ਸਿਖਲਾਈ ਤੇ ਆਦਾਨ-ਪ੍ਰਦਾਨ, ਚੋਣਾਂ ਦੇ ਸੰਚਾਲਨ ਤੇ ਚੋਣ ਸੂਚੀਆਂ ਦੀ ਤਿਆਰੀ ਵਿੱਚ ਪੇਸ਼ੇਵਰਤਾ ਲਿਆਉਣ ਦਾ ਸੰਕਲਪ ਵੀ ਲਿਆ।

ਸਮਾਪਤੀ ਸੈਸ਼ਨ ਵਿੱਚ ਬੋਲਦਿਆਂ ਚੋਣ ਕਮਿਸ਼ਨਰ ਡਾ. ਸੁਖਬੀਰ ਸਿੰਘ ਸੰਧੂ ਨੇ ਕਿਹਾ ਕਿ ਖੁੱਲ੍ਹੀ ਚਰਚਾ, ਆਪਸੀ ਸਤਿਕਾਰ ਤੇ ਇੱਕ ਦੂਜੇ ਤੋਂ ਸਿੱਖਣ ਦੀ ਇੱਛਾ ਵਿਸ਼ਵਵਿਆਪੀ ਚੋਣ ਭਾਈਚਾਰੇ ਦੀ ਪਰਿਪੱਕਤਾ ਅਤੇ ਪੇਸ਼ੇਵਰਤਾ ਨੂੰ ਦਰਸਾਉਂਦੀ ਹੈ। ਆਪਣੇ ਸੰਬੋਧਨ ਵਿੱਚ ਚੋਣ ਕਮਿਸ਼ਨਰ ਡਾ. ਵਿਵੇਕ ਜੋਸ਼ੀ ਨੇ ਕਿਹਾ ਕਿ ਈਸੀਆਈ-ਨੈੱਟ ਦੀ ਸ਼ੁਰੂਆਤ ਵਿਸ਼ੇਸ਼ ਤੌਰ 'ਤੇ ਭਾਰਤ ਦੀ ਤਕਨੀਕੀ ਤਰੱਕੀ ਲਈ ਅਹਿਮ ਰਹੀ ਹੈ। 3-ਰੋਜ਼ਾ ਕਾਨਫਰੰਸ, ਜੋ ਆਪਣੀ ਕਿਸਮ ਦੀ ਪਹਿਲੀ ਅਤੇ ਸਭ ਤੋਂ ਵੱਡੀ ਕਾਨਫਰੰਸ ਸੀ, ਦੀ ਸ਼ੁਰੂਆਤ ਇੱਕ ਸ਼ਾਨਦਾਰ ਸਵਾਗਤ ਸਮਾਰੋਹ ਤੇ ਉਦਘਾਟਨ ਸੈਸ਼ਨ ਨਾਲ ਹੋਈ, ਜਿਸ ਵਿੱਚ 42 ਈਐਮਬੀਜ਼ ਦੇ ਅੰਤਰਰਾਸ਼ਟਰੀ ਡੈਲੀਗੇਟਾਂ ਤੇ 27 ਦੇਸ਼ਾਂ ਦੇ ਮਿਸ਼ਨਾਂ ਦੇ ਮੁਖੀਆਂ ਸਮੇਤ ਲਗਭਗ 1,000 ਵਿਅਕਤੀਆਂ ਨੇ ਸ਼ਿਰਕਤ ਕੀਤੀ।

# ਭਗਵੰਤ ਮਾਨ ਸਰਕਾਰ ਨੇ ਅਸ਼ੀਰਵਾਦ ਸਕੀਮ ਤਹਿਤ 2,559 ਪਰਿਵਾਰਾਂ ਨੂੰ 13.05 ਕਰੋੜ ਨਾਲ ਪੈਰਾਂ ਸਿਰ ਕੀਤਾ : ਡਾ. ਬਲਜੀਤ ਕੌਰ

ਚੰਡੀਗੜ੍ਹ, 23 ਜਨਵਰੀ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸਮਾਵੇਸ਼ੀ ਵਿਕਾਸ ਦੀ ਵਚਨਬੱਧਤਾ ਦੁਹਰਾਉਂਦਿਆਂ ਸਮਾਜਿਕ ਨਿਆਂ, ਸਸ਼ਕਤੀਕਰਨ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਅਨੁਸੂਚਿਤ ਜਾਤੀਆਂ, ਹੋਰ ਪੱਛੜੇ ਵਰਗਾਂ ਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਲਈ ਫੈਸਲਾਕੁੰਨ ਕਦਮ ਚੁੱਕ ਰਹੀ ਹੈ। ਅਸ਼ੀਰਵਾਦ ਸਕੀਮ ਦੇ ਵੇਰਵੇ ਸਾਂਝੇ ਕਰਦਿਆਂ ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਵਿੱਤੀ ਸਾਲ 2025-26 ਦੌਰਾਨ ਪੰਜਾਬ ਸਰਕਾਰ ਨੇ ਪੱਛੜੇ ਵਰਗਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ 2,559 ਪਰਿਵਾਰਾਂ ਨੂੰ ਲਾਭ ਪਹੁੰਚਾਉਣ ਲਈ 13.05 ਕਰੋੜ ਰੁਪਏ ਜਾਰੀ ਕੀਤੇ ਹਨ। ਉਨ੍ਹਾਂ ਕਿਹਾ, " ਅਸ਼ੀਰਵਾਦ ਸਕੀਮ ਤਹਿਤ ਦਿੱਤੀ ਇਹ ਸਹਾਇਤਾ ਇਹਨਾਂ ਪਰਿਵਾਰਾਂ ਨੂੰ ਰਾਹਤ ਦੇਣ ਤੇ ਉਨ੍ਹਾਂ ਦੇ ਵਿੱਤੀ ਬੋਝ ਨੂੰ ਘਟਾਉਣ ਲਈ ਪ੍ਰਦਾਨ ਕੀਤੀ ਗਈ ਹੈ।" ਯੋਜਨਾ ਦੀ ਪਹੁੰਚ ਬਾਰੇ ਦੱਸਦਿਆਂ ਮੰਤਰੀ ਨੇ ਕਿਹਾ ਕਿ ਫਰੀਦਕੋਟ, ਫਿਰੋਜ਼ਪੁਰ, ਸ੍ਰੀ ਫਤਿਹਗੜ੍ਹ ਸਾਹਿਬ, ਫਾਜ਼ਿਲਕਾ, ਗੁਰਦਾਸਪੁਰ, ਜਲੰਧਰ, ਕਪੂਰਥਲਾ, ਲੁਧਿਆਣਾ, ਪਟਿਆਲਾ, ਐਸ.ਬੀ.ਐਸ. ਨਗਰ, ਸੰਗਰੂਰ ਤੇ ਤਰਨਤਾਰਨ ਸਮੇਤ 12 ਜ਼ਿਲ੍ਹਿਆਂ ਤੋਂ ਅਸ਼ੀਰਵਾਦ ਪੋਰਟਲ ਰਾਹੀਂ ਅਰਜ਼ੀਆਂ ਪ੍ਰਾਪਤ ਹੋਈਆਂ ਸਨ। ਉਨ੍ਹਾਂ ਜ਼ਿਲ੍ਹਾਵਾਰ ਵੇਰਵੇ ਸਾਂਝੇ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ,



'ਫ਼ਰੀਦਕੋਟ ਦੇ 19, ਫਿਰੋਜ਼ਪੁਰ ਦੇ 45, ਸ੍ਰੀ ਫਤਿਹਗੜ੍ਹ ਸਾਹਿਬ ਦੇ 83, ਫਾਜ਼ਿਲਕਾ ਦੇ 723, ਗੁਰਦਾਸਪੁਰ ਦੇ 291 ਤੇ ਜਲੰਧਰ ਦੇ 7 ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਦਿੱਤੀ ਗਈ ਹੈ।' ਉਨ੍ਹਾਂ ਅੱਗੇ ਕਿਹਾ ਕਿ ਇਸੇ ਤਰ੍ਹਾਂ ਕਪੂਰਥਲਾ ਦੇ 163, ਲੁਧਿਆਣਾ ਦੇ 892, ਪਟਿਆਲਾ ਦੇ 175, ਐਸ.ਬੀ.ਐਸ. ਨਗਰ ਦੇ 43, ਸੰਗਰੂਰ ਦੇ 37 ਤੇ ਤਰਨਤਾਰਨ ਦੇ 81 ਲਾਭਪਾਤਰੀਆਂ ਨੂੰ ਵੀ ਇਸ ਯੋਜਨਾ ਅਧੀਨ ਲਿਆਂਦਾ ਗਿਆ ਹੈ। ਇਸ ਸਹਾਇਤਾ ਦਾ ਉਦੇਸ਼ ਉਨ੍ਹਾਂ ਦੇ ਵਿੱਤੀ ਬੋਝ ਨੂੰ ਘਟਾਉਣਾ ਤੇ ਸਮਾਜਿਕ ਮਾਣ-ਸਨਮਾਨ ਨੂੰ ਯਕੀਨੀ ਬਣਾਉਣਾ ਹੈ।' ਸਾਰੇ ਸਰੋਤਾਂ ਤੋਂ ਕੁੱਲ ਸਾਲਾਨਾ ਪਰਿਵਾਰਕ ਆਮਦਨ 32,790 ਰੁਪਏ ਤੋਂ ਘੱਟ ਹੋਣੀ ਚਾਹੀਦੀ ਹੈ।' ਸਕੀਮ ਦੀ ਪਾਰਦਰਸ਼ਤਾ 'ਤੇ ਜ਼ੋਰ ਦਿੰਦਿਆਂ ਮੰਤਰੀ ਨੇ ਕਿਹਾ, 'ਵਿੱਤੀ ਸਹਾਇਤਾ ਦੇ ਲਾਭ ਡੀ. ਬੀ. ਟੀ. ਰਾਹੀਂ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਸਿੱਧੀ ਟ੍ਰਾਂਸਫਰ ਕੀਤੇ ਜਾਂਦੇ ਹਨ ਤਾਂ ਜੋ ਪਾਰਦਰਸ਼ਤਾ ਅਤੇ ਫੰਡਾਂ ਦੀ ਸਮੇਂ ਸਿਰ ਡਿਲੀਵਰੀ ਯਕੀਨੀ ਬਣਾਈ ਜਾ ਸਕੇ।' ਡਾ. ਬਲਜੀਤ ਕੌਰ ਨੇ ਕਿਹਾ, 'ਪੰਜਾਬ ਸਰਕਾਰ ਸਮਾਜ ਦੇ ਸਾਰੇ ਵਰਗਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨੂੰ ਸਸ਼ਕਤ ਬਣਾਉਣ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ, ਜੋ ਬਰਾਬਰੀ ਵਾਲਾ ਤੇ ਸਮਾਵੇਸ਼ੀ ਪੰਜਾਬ ਬਣਾਉਣ ਦੀ ਸਾਡੀ ਵਚਨਬੱਧਤਾ ਦਾ ਸਪਸ਼ੱਟ ਸਬੂਤ ਹੈ।'

# ਹਰਜੋਤ ਸਿੰਘ ਬੈਂਸ ਦੀ ਮੌਜੂਦਗੀ 'ਚ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਵੱਲੋਂ ਯੂਨੀਵਰਸਲ ਬਿਜ਼ਨਸ ਸਕੂਲ ਸਿਡਨੀ ਨਾਲ ਸਮਝੌਤਾ ਸਹੀਬੱਧ

ਚੰਡੀਗੜ੍ਹ, 23 ਜਨਵਰੀ (ਚ.ਨ.ਸ.): ਕੌਮਾਂਤਰੀ ਪੱਧਰ 'ਤੇ ਅਕਾਦਮਿਕ ਸਹਿਯੋਗ ਨੂੰ ਮਜ਼ਬੂਤ ਕਰਨ ਤੇ ਸੂਬੇ ਵਿੱਚ ਤਕਨੀਕੀ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਵੱਲ ਵੱਡਾ ਕਦਮ ਪੁੱਟਦਿਆਂ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ (ਆਈ.ਕੇ.ਜੀ.ਪੀ.ਟੀ.ਯੂ.), ਜਲੰਧਰ ਨੇ ਯੂਨੀਵਰਸਲ ਬਿਜ਼ਨਸ ਸਕੂਲ ਸਿਡਨੀ (ਯੂ.ਬੀ.ਐਸ.ਐਸ), ਆਸਟ੍ਰੇਲੀਆ ਨਾਲ ਇੱਕ ਅਹਿਮ ਕੌਮਾਂਤਰੀ ਸਮਝੌਤੇ 'ਤੇ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਮੰਤਰੀ ਹਰਜੋਤ ਸਿੰਘ ਬੈਂਸ ਦੀ ਮੌਜੂਦਗੀ ਵਿੱਚ ਹਸਤਾਖ਼ਰ ਕੀਤੇ।

ਸੂਬੇ ਦੇ ਵਿਦਿਆਰਥੀਆਂ ਨੂੰ ਵਿਸ਼ਵ-ਪੱਧਰੀ ਸਿੱਖਿਆ ਪ੍ਰਦਾਨ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੀ ਪ੍ਰਤੱਖ ਗਵਾਹੀ ਭਰਦੇ ਇਸ ਸਮਝੌਤੇ 'ਤੇ ਹਸਤਾਖ਼ਰ ਕਰਨ ਸਬੰਧੀ ਸਮਾਗਮ ਇਥੇ ਪੰਜਾਬ ਭਵਨ ਵਿਖੇ ਕਰਵਾਇਆ ਗਿਆ। ਇਸ ਸਹਿਯੋਗ ਦਾ ਉਦੇਸ਼ ਅਕਾਦਮਿਕ ਅਦਾਨ-ਪ੍ਰਦਾਨ, ਸਾਂਝੀਆਂ ਖੋਜ ਪਹਿਲਕਦਮੀਆਂ, ਫੈਕਲਟੀ ਅਤੇ ਵਿਦਿਆਰਥੀਆਂ ਦੀਆਂ ਸਰਗਰਮੀਆਂ ਤੇ ਸਿੱਖਿਆ, ਸਿਖਲਾਈ ਅਤੇ ਖੋਜ ਵਿੱਚ ਵਿਸ਼ਵਵਿਆਪੀ ਉੱਤਮ ਅਭਿਆਸਾਂ ਨੂੰ ਅਪਨਾਉਣ ਨੂੰ ਉਤਸ਼ਾਹਿਤ ਕਰਨਾ ਹੈ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਕੌਮਾਂਤਰੀ ਅਕਾਦਮਿਕ ਭਾਈਵਾਲੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਸਿੱਖਿਆ ਸੁਧਾਰ ਏਜੰਡੇ ਦਾ ਕੇਂਦਰੀ ਧੁਰਾ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਬਿਜ਼ਨਸ ਸਕੂਲ ਸਿਡਨੀ ਵਰਗੀਆਂ ਵਿਸ਼ਵ ਪੱਧਰੀ ਨਾਮਵਰ ਸੰਸਥਾਵਾਂ ਨਾਲ ਸਹਿਯੋਗ ਪੰਜਾਬ ਦੇ ਤਕਨੀਕੀ ਅਦਾਰਿਆਂ ਵਿੱਚ ਸਿੱਖਿਆ ਅਤੇ ਖੋਜ ਦੇ ਮਿਆਰ ਵਿੱਚ ਮਹੱਤਵਪੂਰਨ ਵਾਧਾ ਕਰੇਗਾ। ਕੈਬਨਿਟ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਜਿਹੇ ਸਮਝੌਤੇ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਦੋਵਾਂ ਲਈ ਉੱਨਤ ਅਤੇ ਸਹਿਯੋਗੀ ਖੋਜ, ਸਾਂਝੀ ਪ੍ਰਕਾਸ਼ਨਾ, ਨਵੀਨਤਾ-ਆਧਾਰਤ ਪ੍ਰਾਜੈਕਟਾਂ ਤੇ ਕੌਮਾਂਤਰੀ ਖੋਜ ਤੱਕ ਪਹੁੰਚ ਲਈ ਵਿਸ਼ਾਲ ਸੰਭਾਵਨਾਵਾਂ ਦੇ ਰਾਹ ਖੋਲ੍ਹੇਗਾ।



ਸਹਿਯੋਗ ਦੇ ਦੀਰਘਕਾਲੀ ਤੇ ਉਸਾਰੂ ਪ੍ਰਭਾਵਾਂ ਬਾਰੇ ਗੱਲ ਕਰਦਿਆਂ ਤਕਨੀਕੀ ਸਿੱਖਿਆ ਮੰਤਰੀ ਨੇ ਕਿਹਾ ਕਿ ਵਿਸ਼ਵਵਿਆਪੀ ਭਾਈਵਾਲੀ ਵਿਦਿਆਰਥੀਆਂ ਲਈ ਆਲਮੀ ਤਜਰਬਾ, ਉਦਯੋਗ-ਮੁਖੀ ਸਿਖਲਾਈ ਅਤੇ ਵਿਦੇਸ਼ਾਂ ਵਿੱਚ ਉਚੇਰੀ ਸਿੱਖਿਆ, ਇੰਟਰਨਸ਼ਿਪ ਅਤੇ ਪਲੇਸਮੈਂਟ ਦੇ ਮੌਕੇ ਪ੍ਰਦਾਨ ਕਰਕੇ ਕਰੀਅਰ ਲਈ ਨਵੇਂ, ਬਿਹਤਰ ਅਤੇ ਵਿਸ਼ਾਲ ਮੌਕੇ ਪੈਦਾ ਕਰੇਗੀ। ਉਨ੍ਹਾਂ ਅੱਗੇ ਕਿਹਾ ਕਿ ਅਕਾਦਮਿਕ ਅਦਾਨ-ਪ੍ਰਦਾਨ ਪ੍ਰੋਗਰਾਮਾਂ, ਸਮਰੱਥਾ ਨਿਰਮਾਣ ਪਹਿਲਕਦਮੀਆਂ ਅਤੇ ਅੰਤਰਰਾਸ਼ਟਰੀ ਖੋਜ ਤੇ ਵਿਕਾਸ ਗਤੀਵਿਧੀਆਂ ਵਿੱਚ ਭਾਗੀਦਾਰੀ ਫੈਕਲਟੀ ਮੈਂਬਰਾਂ ਲਈ ਵੀ ਵਧੇਰੇ ਲਾਹੇਵੰਦ ਸਾਬਤ ਹੋਵੇਗੀ। ਪੰਜਾਬ ਸਰਕਾਰ ਦੀ ਦੂਰ-ਅੰਦੇਸ਼ ਸੋਚ ਦੁਹਰਾਉਂਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮਾਨ ਸਰਕਾਰ ਪੰਜਾਬ ਦੇ ਨੌਜਵਾਨਾਂ ਨੂੰ ਵਿਸ਼ਵ ਪੱਧਰ 'ਤੇ ਢੁਕਵੇਂ ਹੁਨਰਾਂ, ਖੋਜ ਰੁਝਾਨਾਂ ਅਤੇ ਪੇਸ਼ੇਵਰ ਯੋਗਤਾ ਨਾਲ ਲੈਸ ਕਰਨ ਲਈ ਵਚਨਬੱਧ ਹੈ ਤਾਂ ਜੋ ਉਹ ਅੰਤਰਰਾਸ਼ਟਰੀ ਪੱਧਰ 'ਤੇ ਮੁਕਾਬਲੇ ਦੇ ਯੋਗ ਹੋ ਸਕਣ।

ਉਨ੍ਹਾਂ ਖ਼ਾਸ ਤੌਰ 'ਤੇ ਕਿਹਾ ਕਿ ਯੂ.ਬੀ.ਐਸ.ਐਸ. ਆਸਟ੍ਰੇਲੀਆ ਨਾਲ ਆਈ.ਕੇ.ਜੀ.ਪੀ.ਟੀ.ਯੂ. ਜਲੰਧਰ ਦਰਮਿਆਨ ਭਾਈਵਾਲੀ ਨਾ ਸਿਰਫ਼ ਦੋ ਵੱਡੀਆਂ ਸਿੱਖਿਆ ਸੰਸਥਾਵਾਂ ਦਰਮਿਆਨ ਗਿਆਨ ਦੇ ਅਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰੇਗੀ, ਸਗੋਂ ਆਸਟ੍ਰੇਲੀਆ ਦੇ ਉਚੇਰੀ ਸਿੱਖਿਆ ਈਕੋ-ਸਿਸਟਮ ਵਿੱਚ ਆਈ.ਕੇ.ਜੀ. ਪੰਜਾਬ ਤਕਨੀਕੀ ਯੂਨੀਵਰਸਿਟੀ ਦੇ ਸਿੱਖਿਆ ਅਨੁਭਵ ਦੇ ਪਸਾਰ ਨੂੰ ਵੀ ਮਜ਼ਬੂਤੀ ਦੇਵੇਗੀ। ਭਾਰਤ ਤੇ ਆਸਟ੍ਰੇਲੀਆ ਦਰਮਿਆਨ ਰਣਨੀਤਕ ਅਕਾਦਮਿਕ ਭਾਈਵਾਲੀ ਦੀ ਸ਼ੁਰੂਆਤ ਕਰਨ ਵਾਲੇ ਇਸ ਸਮਝੌਤੇ 'ਤੇ ਆਈ.ਕੇ.ਜੀ.ਪੀ.ਟੀ.ਯੂ. ਜਲੰਧਰ ਦੇ ਵਾਈਸ-ਚਾਂਸਲਰ ਡਾ. ਸੁਸ਼ੀਲ ਮਿੱਤਲ ਤੇ ਯੂਨੀਵਰਸਲ ਬਿਜ਼ਨਸ ਸਕੂਲ ਸਿਡਨੀ ਦੇ ਪ੍ਰੈਜ਼ੀਡੈਂਟ ਗੈਰੀ ਮਲਹੋਤਰਾ ਨੇ ਰਸਮੀ ਤੌਰ 'ਤੇ ਦਸਤਖ਼ਤ ਕੀਤੇ।

ਇਸ ਮੌਕੇ ਬੋਲਦਿਆਂ ਗੈਰੀ ਮਲਹੋਤਰਾ ਨੇ ਵਿਦਿਆਰਥੀਆਂ ਵਿੱਚ ਨਵੀਨ ਖੋਜਾਂ, ਉੱਦਮਤਾ ਤੇ ਗਲੋਬਲ ਲੀਡਰਸ਼ਿਪ ਨੂੰ ਉਤਸ਼ਾਹਿਤ ਕਰਨ ਲਈ ਵੱਧ ਤੋਂ ਵੱਧ ਵਿਸ਼ਵ-ਪੱਧਰੀ ਸੰਸਥਾਵਾਂ ਨਾਲ ਸਹਿਯੋਗ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਵਾਈਸ ਚਾਂਸਲਰ ਡਾ. ਸੁਸ਼ੀਲ ਮਿੱਤਲ ਨੇ ਸੂਬੇ ਨੂੰ ਵਿਸ਼ਵ ਪੱਧਰ 'ਤੇ ਮੁਕਾਬਲੇ ਵਾਲੀ ਤਕਨੀਕੀ ਸਿੱਖਿਆ ਤੇ ਖੋਜ ਉੱਤਮਤਾ ਦੇ ਕੇਂਦਰ ਵਿੱਚ ਬਦਲਣ ਦੇ ਪੰਜਾਬ ਸਰਕਾਰ ਦੇ ਦ੍ਰਿਸ਼ਟੀਕੋਣ ਅਨੁਸਾਰ ਕੌਮਾਂਤਰੀ ਤੇ ਦੁਵੱਲੇ ਸਬੰਧਾਂ ਦੀ ਮਜ਼ਬੂਤੀ ਪ੍ਰਤੀ ਆਈ.ਕੇ.ਜੀ.ਪੀ.ਟੀ.ਯੂ. ਦੀ ਵਚਨਬੱਧਤਾ ਨੂੰ ਦੁਹਰਾਇਆ।

# ਮੁੱਖ ਮੰਤਰੀ ਸਿਹਤ ਯੋਜਨਾ ਦੀ ਅਮਨ ਅਰੋੜਾ, ਕਟਾਰੂਚੱਕ, ਲਾਲਜੀਤ ਸਿੰਘ ਭੁੱਲਰ ਤੇ ਹਰਦੀਪ ਸਿੰਘ ਮੁੰਡੀਆਂ ਨੇ ਰਜਿਸਟ੍ਰੇਸ਼ਨ ਮੁਹਿੰਮ ਸ਼ੁਰੂ ਕਰਨ ਤੇ ਅੱਗੇ ਵਧਾਉਣ ਲਈ ਕੀਤੀ ਸ਼ੁਰੂਆਤ

ਚੰਡੀਗੜ੍ਹ, 23 ਜਨਵਰੀ (ਚ.ਨ.ਸ.): ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਮੁਹੱਈਆ ਕਰਨ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਸ਼ੁਰੂ ਕਰ ਦਿੱਤੀ ਹੈ। ਇਸ ਪਹਿਲਕਦਮੀ ਦੇ ਹਿੱਸੇ ਵਜੋਂ ਕੈਬਨਿਟ ਮੰਤਰੀਆਂ ਦੀ ਅਗਵਾਈ ਹੇਠ ਅੱਜ ਪੰਜਾਬ ਭਰ ਵਿੱਚ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਸ਼ੁਰੂ ਹੋ ਗਈ ਹੈ। ਸੁਨਾਮ ਊਧਮ ਸਿੰਘ ਵਾਲਾ ਵਿਖੇ ਰਜਿਸਟ੍ਰੇਸ਼ਨ ਮੁਹਿੰਮ ਦੀ ਅਗਵਾਈ ਕਰਦੇ ਹੋਏ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਯੋਜਨਾ ਦੀ ਸ਼ੁਰੂਆਤ ਨਾਲ ਪੰਜਾਬ ਦਾ ਹਰ ਪਰਿਵਾਰ 10 ਲੱਖ ਤੱਕ ਦਾ ਮੁਫ਼ਤ ਇਲਾਜ ਕਰਵਾਉਣ ਦਾ ਹੱਕਦਾਰ ਹੋਵੇਗਾ।

ਇਸ ਯੋਜਨਾ ਤਹਿਤ 10 ਲੱਖ ਤੱਕ ਦੀਆਂ ਵੱਡੀਆਂ ਤੇ ਛੋਟੀਆਂ ਬਿਮਾਰੀਆਂ ਲਈ ਸਾਰੀਆਂ ਦਵਾਈਆਂ ਤੇ ਟੈਸਟ ਮੁਫ਼ਤ ਉਪਲਬਧ ਹੋਣਗੇ। ਹਸਪਤਾਲ ਵਿੱਚ ਦਾਖਲ ਹੋਣ 'ਤੇ, ਮਰੀਜ਼ਾਂ ਨੂੰ ਸਿਰਫ਼ ਆਪਣਾ ਸਿਹਤ ਕਾਰਡ ਦਿਖਾਉਣ ਨਾਲ ਹੀ ਸਾਰਾ ਇਲਾਜ ਨਕਦ ਰਹਿਤ ਹੋ ਜਾਵੇਗਾ। ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ ਤੇ ਇਨ੍ਹਾਂ ਸਾਰੇ 65 ਲੱਖ ਪਰਿਵਾਰਾਂ (ਲਗਭਗ ਤਿੰਨ ਕਰੋੜ ਨਾਗਰਿਕਾਂ ਨੂੰ ਕਵਰ ਕਰਦੇ ਹੋਏ) ਨੂੰ ਸਿਹਤ ਕਾਰਡ ਜਾਰੀ ਕੀਤੇ ਜਾਣਗੇ। ਇਹ ਪਹਿਲੀ ਵਾਰ ਹੈ ਜਦੋਂ ਯੋਗਤਾ ਲਈ ਕੋਈ ਆਮਦਨ ਸੀਮਾ ਨਿਰਧਾਰਤ ਨਹੀਂ ਕੀਤੀ ਗਈ ਹੈ, ਜੋ ਕਿ ਦੇਸ਼ ਲਈ ਇੱਕ ਨਵੀਂ ਉਦਾਹਰਣ ਹੈ। ਹੁਣ ਤੱਕ 850 ਸਰਕਾਰੀ ਅਤੇ ਨਿੱਜੀ ਹਸਪਤਾਲਾਂ ਨੂੰ ਸੂਚੀਬੱਧ ਕੀਤਾ ਗਿਆ ਹੈ, ਜਲਦੀ ਹੀ ਹੋਰ ਹਸਪਤਾਲ ਵੀ ਸ਼ਾਮਿਲ ਕੀਤੇ ਜਾਣਗੇ। ਇਸ ਯੋਜਨਾ ਤਹਿਤ 2,356 ਤੋਂ ਵੱਧ ਇਲਾਜ ਪੈਕੇਜ ਸ਼ਾਮਲ ਹਨ (ਪਿਛਲੇ 1600 ਤੋਂ ਵੱਧ), ਜਿਸ ਵਿੱਚ ਆਰਥੋਪੀਡਿਕਸ, ਜਨਰਲ ਮੈਡੀਸਨ, ਕਾਰਡੀਓਲੋਜੀ, ਨਿਊਰੋਲੋਜੀ, ਨੈਫਰੋਲੋਜੀ, ਯੂਰੋਲੋਜੀ, ਓਨਕੋਲੋਜੀ ਅਤੇ ਹੋਰ ਬਹੁਤ ਸਾਰੀਆਂ ਵਿਸ਼ੇਸ਼ਤਾਵਾਂ ਸ਼ਾਮਲ ਹਨ।



ਹਸਪਤਾਲ ਦੇ ਖਰਚਿਆਂ ਦੇ ਨਾਲ ਡਾਇਗਨੌਸਟਿਕ ਸੇਵਾਵਾਂ ਵੀ ਸ਼ਾਮਿਲ ਹਨ। ਕੋਈ ਵੀ ਨਾਗਰਿਕ ਹੁਣ ਪੰਜਾਬ ਜਾਂ ਚੰਡੀਗੜ੍ਹ ਦੇ ਕਿਸੇ ਵੀ ਸਰਕਾਰੀ ਜਾਂ ਨਿੱਜੀ ਹਸਪਤਾਲ ਵਿੱਚ ਮੁਫਤ ਇਲਾਜ ਕਰਵਾ ਸਕਦਾ ਹੈ। ਹਸਪਤਾਲਾਂ ਨੂੰ ਇਲਾਜ ਦੇ 15 ਦਿਨਾਂ ਦੇ ਅੰਦਰ ਭੁਗਤਾਨ ਪ੍ਰਾਪਤ ਹੋ ਜਾਵੇਗਾ ਕਿਉਂਕਿ ਸੂਬਾ ਸਰਕਾਰ ਪਹਿਲਾਂ ਹੀ ਬੀਮਾ ਕੰਪਨੀ ਨੂੰ ਐਡਵਾਂਸ ਪ੍ਰੀਮੀਅਮ ਅਦਾ ਕਰ ਚੁੱਕੀ ਹੈ। ਪਠਾਨਕੋਟ ਵਿੱਚ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਪਿੰਡ ਦਾਰੋ ਸਲਾਮ, ਭੋਆ ਅਤੇ ਗੋਬਿੰਦਸਰ ਵਿੱਚ ਘਰ-ਘਰ ਜਾ ਕੇ ਰਜਿਸਟ੍ਰੇਸ਼ਨ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪਠਾਨਕੋਟ ਦੇ 14 ਹਸਪਤਾਲਾਂ ਨੂੰ ਇਸ ਯੋਜਨਾ ਅਧੀਨ ਜੋੜਿਆ ਗਿਆ ਹੈ। ਕੈਬਨਿਟ ਮੰਤਰੀ ਨੇ ਨਿੱਜੀ ਤੌਰ 'ਤੇ ਗੋਬਿੰਦਸਰ ਪਿੰਡ ਦੇ ਵਸਨੀਕ ਪ੍ਰਦੀਪ ਕੁਮਾਰ, ਜੋ ਇੱਕ ਹਾਦਸੇ ਵਿੱਚ ਜ਼ਖਮੀ ਹੋ ਗਿਆ ਸੀ, ਨੂੰ ਉਸਦੇ ਘਰ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਸੌਂਪਿਆ।

ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਸਾਹਨੇਵਾਲ ਦੇ ਪਿੰਡ ਮਾਨਗੜ੍ਹ ਵਿਖੇ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਤਹਿਤ ਸੂਬੇ ਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਪ੍ਰਦਾਨ ਕਰਨ ਸਬੰਧੀ ਲਗਾਏ ਗਏ ਕੈਂਪ ਦਾ ਉਦਘਾਟਨ ਕੀਤਾ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਨੇ ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਸੇਵਾਵਾਂ ਦੇ ਆਪਣੇ ਵਾਅਦੇ ਨੂੰ ਪੂਰਾ ਕੀਤਾ ਹੈ।

ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਸਰਕਾਰ ਨੇ ਪਿੰਡਾਂ ਤੇ ਮੁਹੱਲਿਆਂ ਵਿੱਚ ਲਗਭਗ 1,000 ਮੁਹੱਲਾ ਕਲੀਨਿਕ ਸਥਾਪਤ ਕੀਤੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪਿਛਲੇ 75 ਸਾਲਾਂ ਵਿੱਚ ਸਾਰੀਆਂ ਸਰਕਾਰਾਂ ਨੇ ਮਿਲ ਕੇ ਸਿਰਫ਼ 400 ਪ੍ਰਾਇਮਰੀ ਸਿਹਤ ਕੇਂਦਰ ਖੋਲ੍ਹੇ ਸਨ, ਜਦੋਂ ਕਿ ਮੌਜੂਦਾ ਸਰਕਾਰ ਨੇ ਸਿਰਫ਼ ਚਾਰ ਸਾਲਾਂ ਵਿੱਚ 1,000 ਮੁਹੱਲਾ ਕਲੀਨਿਕ ਸਥਾਪਤ ਕੀਤੇ ਹਨ ਅਤੇ 500 ਹੋਰ ਨਿਰਮਾਣ ਅਧੀਨ ਹਨ। ਇਸਦੇ ਨਾਲ ਹੀ ਅਗਲੇ ਚਾਰ ਤੋਂ ਪੰਜ ਮਹੀਨਿਆਂ ਵਿੱਚ 2,500 'ਪਿੰਡ ਕਲੀਨਿਕ' ਖੋਲ੍ਹੇ ਜਾਣਗੇ। ਇਸ ਪਹਿਲ ਦੇ ਦਾਇਰੇ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਸਰਕਾਰੀ ਕਰਮਚਾਰੀ, ਪੈਨਸ਼ਨਰ ਅਤੇ ਪੰਜਾਬ ਦਾ ਹਰੇਕ ਮੂਲ ਨਾਗਰਿਕ ਸਿਹਤ ਕਾਰਡ ਲਈ ਯੋਗ ਹੋਵੇਗਾ। ਤਰਨਤਾਰਨ ਜ਼ਿਲ੍ਹੇ ਦੇ ਪਿੰਡ ਸਭਰਾ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕਰਦਿਆਂ ਟਰਾਂਸਪੋਰਟ ਅਤੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਹੁਣ ਗਰੀਬ ਤੋਂ ਗਰੀਬ ਵੀ ਨਿੱਜੀ ਹਸਪਤਾਲਾਂ ਤੋਂ ਵਧੀਆ ਇਲਾਜ ਸਹੂਲਤਾਂ ਪ੍ਰਾਪਤ ਕਰ ਸਕੇਗਾ। ਇਸ ਤੋਂ ਇਲਾਵਾ ਸੁਲਤਾਨਪੁਰ ਲੋਧੀ ਵਿਖੇ ਰਜਿਸਟ੍ਰੇਸ਼ਨ ਦੀ ਸ਼ੁਰੂਆਤ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਹੁਸ਼ਿਆਰਪੁਰ ਵਿਖੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਵੱਲੋਂ ਕੀਤੀ ਗਈ।

# ਗੁ. ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਐਡ. ਧਾਮੀ ਨੇ ਦੀਵਾਨ ਟੋਡਰ ਮੱਲ ਸਰਾਂਅ ਦਾ ਰੱਖਿਆ ਨੀਂਹ ਪੱਥਰ



ਫਤਿਹਗੜ੍ਹ ਸਾਹਿਬ, 23 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਸ਼ਹੀਦਾਂ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ ਵੱਲੋਂ ਦੀਵਾਨ ਟੋਡਰ ਮੱਲ ਜੀ ਨਿਵਾਸ ਸਰਾਏ ਦਾ ਨੀਹ ਪੱਥਰ ਰੱਖਿਆ ਗਿਆ।ਇਸ ਮੌਕੇ ਤੇ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਭਾਈ ਹਰਪਾਲ ਸਿੰਘ ਵੱਲੋਂ ਮਾਤਾ ਗੁਜਰੀ ਜੀ ਨਿਵਾਸ ਸਰਾਂ ਬਣਾਉਣ ਦੀ ਆਰੰਭਤਾ ਅਰਦਾਸ ਕੀਤੀ ਗਈ ।

ਇਸ ਮੌਕੇ ਬੋਲਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਦੀਵਾਨ ਟੋਡਰ ਮੱਲ ਸਰਾਏ ਵਿਚ 186 ਨਵੇਂ ਬਣਨ ਵਾਲੇ ਕਮਰਿਆਂ ਦੀ ਸੰਗਤ ਨੂੰ ਵੱਡੀ ਸਹੂਲਤ ਮਿਲ ਸਕੇਗੀ ਕਿਉਂਕਿ ਸ਼ਹੀਦੀ ਜੋੜ ਮੇਲ ਫਤਿਹਗੜ੍ਹ ਸਾਹਿਬ ਮੌਕੇ ਸੰਗਤਾਂ ਵੱਡੀ ਗਿਣਤੀ ਵਿੱਚ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚਦੀਆਂ ਹਨ। ਉਹਨਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੀ ਸਹੂਲਤ ਲਈ ਹੋਰ ਵੀ ਕਾਰਜ ਭਵਿੱਖ ਵਿੱਚ ਜਾਰੀ ਰਹਿਣਗੇ।

ਇਸ ਮੌਕੇ ਤੇ ਬਾਬਾ ਗੁਲਜਾਰ ਸਿੰਘ ਇਕ ਕਾਰ ਸੇਵਾ ਵਾਲੇ ਦਿੱਲੀ ਵਾਲਿਆਂ ਨੇ ਕਿਹਾ ਕਿ ਸੰਗਤਾਂ ਦੇ ਸਹਿਯੋਗ ਨਾਲ ਦੀਵਾਨ ਟੋਡਰ ਮੱਲ ਸਰਾਂ ਬਹੁਤ ਹੀ ਜਲਦ ਤਿਆਰ ਕਰਕੇ ਸੰਗਤ ਦੀ ਸੇਵਾ ਲਈ ਹਾਜ਼ਰ ਕਰ ਦਿੱਤੀ ਜਾਵੇਗੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅੰਤਰਿੰਗ ਕਮੇਟੀ ਮੈਂਬਰ ਸੁਰਜੀਤ ਸਿੰਘ ਗੜ੍ਹੀ, ਸ਼੍ਰੋਮਣੀ ਕਮੇਟੀ ਮੈਂਬਰ ਅਵਤਾਰ ਸਿੰਘ ਰਿਆ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸੁਖਮਿੰਦਰ ਸਿੰਘ, ਦਰਬਾਰਾ ਸਿੰਘ ਗੁਰੂ ਹਲਕਾ ਇੰਚਾਰਜ ਬੱਸੀ ਪਠਾਣਾ, ਸ਼੍ਰੋਮਣੀ ਕਮੇਟੀ ਮੈਂਬਰ ਬਲਦੇਵ ਸਿੰਘ ਕਾਇਮਪੁਰ, ਅਜਮੇਰ ਸਿੰਘ ਖੇੜਾ, ਡਾ. ਜੰਗ ਬਹਾਦਰ, ਜਥੇਦਾਰ ਮਨਮੋਹਨ ਸਿੰਘ ਮੁਕਾਰੋਪੁਰ, ਸਾਬਕਾ ਚੇਅਰਮੈਨ ਬਲਜੀਤ ਸਿੰਘ ਭੁੱਟਾ, ਮਾਤਾ ਗੁਜਰੀ ਕਾਲਜ ਦੇ ਪ੍ਰਿੰਸੀਪਲ ਡਾ ਕਸ਼ਮੀਰ ਸਿੰਘ, ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਮੈਨੇਜਰ ਗੁਰਦੀਪ ਸਿੰਘ ਕੰਗ, ਬਾਬਾ ਬੰਦਾ ਸਿੰਘ ਬਹਾਦਰ ਕਾਲਜ ਦੇ ਪ੍ਰਿੰਸੀਪਲ ਡਾ ਲਖਵੀਰ ਸਿੰਘ, ਬਲਵਿੰਦਰ ਸਿੰਘ ਭਮਾਰਸੀ ਅਡੀਸ਼ਨਲ ਮੈਨੇਜਰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ, ਜਗਮੀਤ ਸਿੰਘ ਮੀਤ ਮੈਨੇਜਰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ, ਪ੍ਰਿਤਪਾਲ ਸਿੰਘ ਮੀਤ ਮੈਨੇਜਰ ਗੁਰਦੁਆਰਾ ਫਤਿਹਗੜ੍ਹ ਸਾਹਿਬ, ਹਰਮਨਜੀਤ ਸਿੰਘ, ਹਰਜੀਤ ਸਿੰਘ ਸਮੇਤ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਹੋਰ ਮੁਲਾਜ਼ਮ ਸਾਹਿਬਾਨ ਵੀ ਹਾਜ਼ਰ ਸਨ।

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। **ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।**

PRGI (RNI) Regd. No. 22972/1972

**Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi**

**PRGI (RNI) Regd. No. 22972/1972**

# ਛੱਤੀਸਗੜ੍ਹ 'ਚ 47 ਲੱਖ ਦੇ ਇਨਾਮੀ 9 ਨਕਸਲੀਆਂ ਵੱਲੋਂ ਆਤਮ-ਸਮਰਪਣ

ਧਮਤਰੀ, 23 ਜਨਵਰੀ (ਚ.ਨ.ਸ.): ਛੱਤੀਸਗੜ੍ਹ ਦੇ ਧਮਤਰੀ ਜ਼ਿਲ੍ਹੇ ਵਿੱਚ ਸੁਰੱਖਿਆ ਬਲਾਂ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ 47 ਲੱਖ ਰੁਪਏ ਦੇ ਕੁੱਲ ਇਨਾਮੀ 9 ਨਕਸਲੀਆਂ ਨੇ ਪੁਲਸ ਸਾਹਮਣੇ ਆਤਮ-ਸਮਰਪਣ ਕਰ ਦਿੱਤਾ। ਰਾਏਪੁਰ ਰੇਂਜ ਦੇ ਪੁਲਸ ਆਈ.ਜੀ. ਅਮਰੇਸ਼ ਮਿਸ਼ਰਾ ਨੇ ਦੱਸਿਆ ਕਿ ਆਤਮ-ਸਮਰਪਣ ਕਰਨ ਵਾਲੇ ਇਹ ਨਕਸਲੀ ਓਡੀਸ਼ਾ ਦੇ ਧਮਤਰੀ-ਗਰੀਆਬੰਦ-ਨੁਆਪਾੜਾ ਡਿਵੀਜ਼ਨ ਅਧੀਨ ਆਉਂਦੀਆਂ ਵੱਖ-ਵੱਖ ਕਮੇਟੀਆਂ ਅਤੇ "ਮੈਨਪੁਰ ਲੋਕਲ ਗੁਰੀਲਾ ਸਕੁਐਡ" ਨਾਲ ਸਬੰਧਤ ਹਨ। ਇਨ੍ਹਾਂ ਨੌਂ ਨਕਸਲੀਆਂ ਵਿੱਚ 7 ਮਹਿਲਾਵਾਂ ਸ਼ਾਮਲ ਹਨ। ਪੁਲਸ ਅਨੁਸਾਰ ਆਤਮ-ਸਮਰਪਣ ਕਰਨ ਵਾਲਿਆਂ ਵਿੱਚ ਸੀਤਾਨਦੀ ਏਰੀਆ ਕਮੇਟੀ ਦੀ ਸਕੱਤਰ ਜੋਤੀ ਉਰਫ ਜੈਨੀ (28) ਅਤੇ ਡਿਵੀਜ਼ਨਲ ਕਮੇਟੀ ਮੈਂਬਰ ਊਸ਼ਾ ਉਰਫ ਬਲੰਮਾ (45) ਸ਼ਾਮਲ ਹਨ, ਜਿਨ੍ਹਾਂ 'ਤੇ 8-8 ਲੱਖ ਰੁਪਏ ਦਾ ਇਨਾਮ ਸੀ। ਇਸ ਤੋਂ ਇਲਾਵਾ ਛੇ ਹੋਰ ਨਕਸਲੀਆਂ 'ਤੇ 5-5 ਲੱਖ ਰੁਪਏ ਅਤੇ ਇਕ ਮਹਿਲਾ ਨਕਸਲੀ 'ਤੇ 1 ਲੱਖ ਰੁਪਏ ਦਾ ਇਨਾਮ ਰੱਖਿਆ ਗਿਆ ਸੀ। ਆਤਮ-ਸਮਰਪਣ ਕਰਨ ਵਾਲੇ ਨਕਸਲੀਆਂ ਨੇ ਪੁਲਸ ਅਧਿਕਾਰੀਆਂ ਦੇ ਸਾਹਮਣੇ ਆਪਣਾ ਦੁੱਖ ਜ਼ਾਹਰ ਕਰਦਿਆਂ ਕਿਹਾ ਕਿ ਉਹ ਮਾਓਵਾਦੀ ਵਿਚਾਰਧਾਰਾ ਦੇ ਖੋਖਲੇਪਨ ਅਤੇ ਜੰਗਲੀ ਜੀਵਨ ਦੀਆਂ ਮੁਸ਼ਕਲਾਂ ਤੋਂ ਤੰਗ ਆ ਚੁੱਕੇ ਸਨ। ਉਹ ਸੂਬਾ ਸਰਕਾਰ ਦੀ ਪੁਨਰਵਾਸ ਨੀਤੀ ਤੋਂ ਪ੍ਰਭਾਵਿਤ ਹੋ ਕੇ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਪਰਤੇ ਹਨ। ਇਨ੍ਹਾਂ ਨਕਸਲੀਆਂ ਨੇ ਆਤਮ-ਸਮਰਪਣ ਦੇ ਨਾਲ-ਨਾਲ ਦੋ ਇੰਸਾਸ ਰਾਈਫਲਾਂ, ਦੋ ਐਸ.ਐਲ.ਆਰ., ਇੱਕ ਕਾਰਬਾਈਨ ਅਤੇ ਇੱਕ ਬੰਦੂਕ ਵੀ ਪੁਲਸ ਨੂੰ ਸੌਂਪੀ ਹੈ। ਆਈ.ਜੀ. ਅਮਰੇਸ਼ ਮਿਸ਼ਰਾ ਨੇ ਦਾਅਵਾ ਕੀਤਾ ਕਿ ਇਸ ਘਟਨਾਕ੍ਰਮ ਤੋਂ ਬਾਅਦ ਰਾਏਪੁਰ ਪੁਲਸ ਰੇਂਜ ਦੇ ਧਮਤਰੀ, ਗ ਰੀ ਆ ਬੰ ਦ ਅਤੇ ਓਡੀਸ਼ਾ ਦੇ ਨੁਆਪਾੜਾ ਜ਼ਿਲ੍ਹੇ ਵਿੱਚ ਸਰਗਰਮ ਸਾਰੇ ਸੂਚੀਬੱਧ ਨਕਸਲੀ ਜਾਂ ਤਾਂ ਮਾਰੇ ਗਏ ਹਨ, ਜਾਂ ਆਤਮ-ਸਮਰਪਣ ਕਰ ਚੁੱਕੇ ਹਨ ਜਾਂ ਹੁਣ ਸਰਗਰਮ ਨਹੀਂ ਰਹੇ। ਜ਼ਿਕਰਯੋਗ ਹੈ ਕਿ ਇਸ ਸਾਲ ਹੁਣ ਤੱਕ ਸੂਬੇ ਵਿੱਚ 189 ਨਕਸਲੀ ਆਤਮ-ਸਮਰਪਣ ਕਰ ਚੁੱਕੇ ਹਨ। ਕੇਂਦਰ ਸਰਕਾਰ ਨੇ 31 ਮਾਰਚ ਤੱਕ ਦੇਸ਼ ਵਿੱਚੋਂ ਨਕਸਲਵਾਦ ਨੂੰ ਪੂਰੀ ਤਰ੍ਹਾਂ ਖਤਮ ਕਰਨ ਦਾ ਸੰਕਲਪ ਲਿਆ ਹੈ।



# ਗਣਤੰਤਰ ਦਿਵਸ ਮੌਕੇ ਬੂਟਿਆਂ ਦੀ ਦੇਖਭਾਲ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ



ਮੋਹਾਲੀ, 23 ਜਨਵਰੀ (ਹਰਦੀਪ ਕੌਰ): ਪ੍ਰਯੋਗ ਫਾਊਂਡੇਸ਼ਨ ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਬਠਲਾਨਾ ਵਿੱਚ ਸ਼ੁਰੂ ਕੀਤੀ ਗਈ ਸੈਲਫੀ ਵਿਦ ਟ੍ਰੀ ਮੁਹਿੰਮ ਤਹਿਤ ਬੂਟਿਆਂ ਦੀ ਦੇਖਭਾਲ ਕਰਨ ਵਾਲੇ ਵਿਦਿਆਰਥੀਆਂ ਨੂੰ ਸੰਸਥਾ ਵੱਲੋਂ ਸਨਮਾਨਿਤ ਕੀਤਾ ਗਿਆ। ਗਣਤੰਤਰ ਦਿਵਸ ਮੌਕੇ 'ਤੇ ਆਯੋਜਿਤ ਪ੍ਰੋਗਰਾਮ ਦੌਰਾਨ ਜਿੱਥੇ ਸਕੂਲ ਦੀਆਂ ਵਿਦਿਆਰਥਣਾਂ ਨੇ ਦੇਸ਼ ਭਗਤੀ ਦਾ ਪ੍ਰੋਗਰਾਮ ਪੇਸ਼ ਕੀਤਾ, ਉੱਥੇ ਪ੍ਰਯੋਗ ਫਾਊਂਡੇਸ਼ਨ ਰਾਹੀਂ ਸਕੂਲੀ ਬੱਚਿਆਂ ਦੀ ਮਦਦ ਕਰ ਰਹੀ ਸਮਾਜ ਸੇਵਿਕਾ ਪੂਜਾ ਜੈਸਵਾਲ ਨੇ ਕਿਹਾ ਕਿ ਅਗਸਤ ਮਹੀਨੇ ਦੌਰਾਨ ਬੱਚਿਆਂ ਤੋਂ ਇੱਥੇ ਬੂਟੇ ਲਗਵਾਏ ਗਏ ਸਨ। ਜਿਸਦੀ ਦੇਖਭਾਲ ਦੀ ਜ਼ਿੰਮੇਵਾਰੀ ਬੱਚਿਆਂ ਨੂੰ ਦਿੱਤੀ ਗਈ ਸੀ। ਸਕੂਲੀ ਬੱਚਿਆਂ ਨੇ ਬੂਟਿਆਂ ਦੀ ਦੇਖਭਾਲ ਕੀਤੀ ਹੈ।

ਇਸ ਮੌਕੇ ਜ਼ਿਲ੍ਹਾ ਯੂਥ ਕਲੱਬ ਤਾਲਮੇਲ ਕਮੇਟੀ ਦੇ ਪ੍ਰਧਾਨ ਹਰਦੀਪ ਸਿੰਘ ਬਠਲਾਨਾ ਨੇ ਪ੍ਰਯੋਗ ਫਾਊਂਡੇਸ਼ਨ ਵੱਲੋਂ ਸਕੂਲੀ ਵਿਦਿਆਰਥੀਆਂ ਦੇ ਸਹਿਯੋਗ ਲਈ ਸਮੇਂ-ਸਮੇਂ 'ਤੇ ਕੀਤੇ ਜਾ ਰਹੇ ਕਾਰਜਾਂ ਲਈ ਧੰਨਵਾਦ ਪ੍ਰਗਟ ਕੀਤਾ। ਪ੍ਰਯੋਗ ਫਾਊਂਡੇਸ਼ਨ ਦੇ ਪ੍ਰਧਾਨ ਸੰਜੀਵ ਸ਼ਰਮਾ ਨੇ ਦੱਸਿਆ ਕਿ ਜਿੱਥੇ ਅੱਜ ਮਿਡਲ ਸਕੂਲ ਦੇ ਸਾਰੇ ਵਿਦਿਆਰਥੀਆਂ ਨੂੰ ਰਜਿਸਟਰ ਤੇ ਪੈੱਨ ਵਰਗੀ ਪੜ੍ਹਾਈ ਸਮੱਗਰੀ ਵੰਡੀ ਗਈ ਹੈ, ਉੱਥੇ ਸਕੂਲ ਅਧਿਆਪਕਾ ਪ੍ਰਿਯੰਕਾ ਮਿੱਢਾ ਦੀ ਮੰਗ 'ਤੇ ਵਿਦਿਆਰਥੀਆਂ ਨੂੰ ਸਾਫ਼ ਅਤੇ ਸ਼ੁੱਧ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਪੂਜਾ ਜੈਸਵਾਲ ਦੀ ਮਦਦ ਨਾਲ ਵਾਟਰ ਪਿਊਰੀਫਾਇਰ ਲਗਾਉਣ ਦਾ ਵੀ ਫੈਸਲਾ ਕੀਤਾ ਗਿਆ ਹੈ। ਇਸ ਮੌਕੇ ਠੇਕੇਦਾਰ ਮੋਹਨ ਸਿੰਘ, ਸਰਪੰਚ ਹਰਪਾਲ ਸਿੰਘ, ਯੁਵਕ ਸੇਵਾਵਾਂ ਕਲੱਬ ਦੇ ਪ੍ਰਧਾਨ ਸੁਖਵੀਰ ਸਿੰਘ, ਗਿਆਨੀ ਨਿਰਮਲ ਸਿੰਘ, ਸਰਬਜੀਤ ਸਿੰਘ, ਸਕੂਲ ਅਧਿਆਪਕਾ ਆਭਾ, ਮਮਤਾ, ਕਿਰਨ, ਪੂਜਾ, ਹਰਪ੍ਰੀਤ ਸਮੇਤ ਹੋਰ ਕਈ ਪਤਵੰਤੇ ਹਾਜ਼ਰ ਸਨ।

# '84 ਕਤਲੇਆਮ ਦੇ ਮੁੱਖ ਦੋਸ਼ੀ ਸੱਜਣ ਕੁਮਾਰ ਨੂੰ ਬਰੀ ਕਰਨਾ ਗ਼ੈਰ-ਇਨਸਾਨੀਅਤ ਤੇ ਗ਼ੈਰ-ਕਾਨੂੰਨੀ : ਬੀਬੀ ਰਣਜੀਤ ਕੌਰ

ਨਵੀਂ ਦਿੱਲੀ 23 ਜਨਵਰੀ (ਅੰਮ੍ਰਿਤਪਾਲ ਸਿੰਘ): ਬੀਤੇ ਦਿਨ ਅਦਾਲਤ ਵਲੋਂ ਦਿੱਲੀ ਵਿਖੇ ਸਰਕਾਰੀ ਸ਼ਹ ਉਪਰ ਕੀਤੇ ਗਏ ਸਿੱਖਾਂ ਦੇ ਕਤਲੇਆਮ ਦੇ ਇਕ ਮੁੱਖ ਦੋਸ਼ੀ ਸੱਜਣ ਕੁਮਾਰ ਨੂੰ ਓਸਦੇ ਕੀਤੇ ਗਏ ਨਾ ਭੁਲਣਵਾਲੇ ਗੁਨਾਹਾਂ ਤੋਂ ਬਰੀ ਕਰ ਕੇ ਸਿੱਖਾਂ ਉਪਰ ਦੇਸ਼ ਅੰਦਰ ਹੋ ਰਹੇ ਗ਼ੈਰ-ਇਨਸਾਨੀਅਤ ਤੇ ਗ਼ੈਰ-ਕਾਨੂੰਨੀ ਢੰਗ ਨਾਲ ਘੋਰ ਜ਼ਬਰ ਜੁਲਮ ਤੇ ਬੇਇਨਸਾਫ਼ੀਆਂ ਹੀ ਯਾਦ ਕਰਵਾ ਦਿੱਤੀ ਹੈ । ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਦਿੱਲੀ ਗੁਰਦੁਆਰਾ ਕਮੇਟੀ ਦੇ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਕਿਹਾ ਅਦਾਲਤਾਂ ਵੱਲੋ ਸੱਜਣ ਕੁਮਾਰ ਨੂੰ ਬਰੀ ਕਰ ਦੇਣ ਦੀ ਕਾਰਵਾਈ ਸਮੁੱਚੇ ਕਤਲੇਆਮ ਪੀੜੀਤਾਂ ਦੇ ਨਾਲ ਸਿੱਖ ਕੌਮ ਦੇ ਹਿਰਦਿਆਂ ਨੂੰ ਵਲੂੰਧਰਣ ਵਾਲੀ ਕਾਰਵਾਈ ਹੈ । ਇਸ ਵੱਡੇ ਕਾਤਲ ਨੂੰ ਬਰੀ ਕਰਕੇ ਹੁਕਮਰਾਨਾਂ ਨੇ ਸਾਬਤ ਕਰ ਦਿੱਤਾ ਹੈ ਕਿ ਸਿੱਖ ਕੌਮ ਲਈ ਇਸ ਜਮਹੂਰੀਅਤ ਕਹਾਉਣ ਵਾਲੇ ਦੇਸ਼ ਅੰਦਰ ਸਿੱਖ ਕੌਮ ਨੂੰ ਕੋਈ ਇਨਸਾਫ਼ ਨਹੀ ਮਿਲ ਸਕਦਾ । ਉਨ੍ਹਾਂ ਕਿਹਾ ਅਦਾਲਤ ਵਲੋਂ ਦੇਖਣਾ ਚਾਹੀਦਾ ਸੀ ਕਿ ਨਵੰਬਰ ਦੀ 1 ਤਰੀਕ ਤੋਂ ਲੈਕੇ 4 ਨਵੰਬਰ ਤਕ ਸਿੱਖਾਂ ਨੂੰ ਮਿਥ ਕੇ ਨਿਸ਼ਾਨਾ ਬਣਾਇਆ ਗਿਆ ਸੀ ਤੇ ਹਜਾਰਾਂ ਹੀ ਬੇਗੁਨਾਹ ਸਿੱਖ ਮਾਰ ਦਿੱਤੇ ਗਏ ਜਿਨ੍ਹਾਂ ਦੀ ਅਗਵਾਈ ਓਸ ਸਮੇਂ ਸੱਜਣ ਕੁਮਾਰ, ਜਗਦੀਸ਼ ਟਾਈਟਲਰ, ਹਰਕਿਸ਼ਨ ਭਗਤ, ਬਲਵਾਨ ਖੋਖਰ, ਮਹਿੰਦਰ ਯਾਦਵ ਵਰਗੇ ਕਾਂਗਰਸੀ ਨੇਤਾ ਕਰ ਰਹੇ ਸਨ। ਸਿੱਖਾਂ ਦੀ ਅਰਬਾਂ ਖਰਬਾਂ ਦੀ ਜਾਇਦਾਦ ਸਾੜਣ ਦੇ ਨਾਲ ਲੁਟ ਪੁਟ ਲਿੱਤੀ ਗਈ ਸੀ ਤੇ ਇੰਨਸਾਫ ਦੀ ਉਡੀਕ ਕਰਦਿਆਂ ਸਿੱਖਾਂ ਨੂੰ 41 ਸਾਲ ਹੋ ਗਏ ਹਨ ਜਿਨ੍ਹਾਂ ਵਿੱਚੋਂ ਵਡੀ ਗਿਣਤੀ ਅੰਦਰ ਕਤਲੇਆਮ ਪੀੜਿਤ ਦੁਨੀਆਂ ਤੋਂ ਰੁਖ਼ਸਤ ਹੋ ਚੁੱਕੇ ਹਨ, ਤੇ ਹੁਣ ਕਾਤਿਲਾਂ ਦੇ ਹਕ਼ ਵਿਚ ਫ਼ੈਸਲਾ ਦੇ ਕੇ ਇੰਨਸਾਫ ਦਾ ਕਤਲ ਕੀਤਾ ਗਿਆ ਹੈ । ਉਨ੍ਹਾਂ ਕਿਹਾ ਦਿੱਲੀ ਗੁਰੂਦੁਆਰਾ ਕਮੇਟੀ ਦੇ ਪ੍ਰਧਾਨ ਅਤੇ ਸਕੱਤਰ ਵਲੋਂ ਅਦਾਲਤ ਵਲੋਂ ਦਿੱਤੇ ਇਸ ਆਦੇਸ਼ ਨੂੰ ਹਾਈ ਕੋਰਟ ਅੰਦਰ ਚੁਣੌਤੀ ਦੇਣ ਦਾ ਫ਼ੈਸਲਾ ਕੀਤਾ ਹੈ ਜਿਸਦਾ ਸੁਆਗਤ ਕੀਤਾ ਜਾਂਦਾ ਹੈ ।



# ਸੱਜਣ ਕੁਮਾਰ ਨੂੰ ਮਿਲੀ ਰਾਹਤ ਨੇ '84 ਦਾ ਜ਼ਖ਼ਮ ਮੁੜ ਹਰਾ ਕੀਤਾ : ਅਮਨਜੋਤ ਕੌਰ ਰਾਮੂੰਵਾਲੀਆ

ਮੋਹਾਲੀ, 23 ਜਨਵਰੀ (ਹਰਦੀਪ ਕੌਰ): ਭਾਰਤੀ ਜਨਤਾ ਪਾਰਟੀ ਦੀ ਕੇਂਦਰੀ ਕਮੇਟੀ ਮੈਂਬਰ ਬੀਬਾ ਅਮਨਜੋਤ ਕੌਰ ਰਾਮੂੰਵਾਲੀਆ ਨੇ ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਵੱਲੋਂ 1984 ਦੇ ਸਿੱਖ ਵਿਰੋਧੀ ਦੰਗਿਆਂ ਦੌਰਾਨ ਦਿੱਲੀ ਦੇ ਵਿਕਾਸਪੁਰੀ ਅਤੇ ਜਨਕਪੁਰੀ ਵਿੱਚ ਹੋਈਆਂ ਹੱਤਿਆਵਾਂ ਦੇ ਮਾਮਲਿਆਂ ਵਿੱਚ ਕਾਂਗਰਸ ਨੇਤਾ ਸੱਜਣ ਕੁਮਾਰ ਨੂੰ ਰਾਹਤ ਦਿੱਤੇ ਜਾਣ 'ਤੇ ਪ੍ਰੈਸ ਨੋਟ ਜਾਰੀ ਕਰ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਗਹਿਰੀ ਹੈਰਾਨੀ ਪ੍ਰਗਟ ਕੀਤੀ ਹੈ।ਅਮਨਜੋਤ ਰਾਮੂੰਵਾਲੀਆ ਨੇ ਕਿਹਾ ਕਿ ਇਹ ਫ਼ੈਸਲਾ ਨਾ ਸਿਰਫ਼ ਪਿਛਲੇ 41 ਸਾਲਾਂ ਤੋਂ ਇਨਸਾਫ਼ ਦੀ ਉਡੀਕ ਕਰ ਰਹੇ ਪੀੜਤ ਪਰਿਵਾਰਾਂ ਨਾਲ ਘੋਰ ਬੇਇਨਸਾਫ਼ੀ ਹੈ, ਉਨ੍ਹਾਂ ਕਿਹਾ ਕਿ ਭਾਵੇਂ ਦੋ ਹੋਰ ਮਾਮਲਿਆਂ ਵਿੱਚ ਸੱਜਣ ਕੁਮਾਰ ਨੂੰ ਪਹਿਲਾਂ ਹੀ ਉਮਰ ਕੈਦ ਦੀ ਸਜ਼ਾ ਹੋ ਚੁੱਕੀ ਹੈ ਅਤੇ ਉਹ ਇਸ ਸਮੇਂ ਜੇਲ੍ਹ ਵਿੱਚ ਬੰਦ ਹੈ, ਪਰ ਸਿੱਖ ਨਸਲਕੁਸ਼ੀ ਵਿੱਚ ਉਸ ਦੀ ਦਰਿੰਦਗੀ ਭਰੀ ਅਤੇ ਘਿਨੌਣੀ ਭੂਮਿਕਾ ਲਈ ਉਹ ਮੌਤ ਦੀ ਸਜ਼ਾ ਦਾ ਹੱਕਦਾਰ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕਾਂਗਰਸ ਪਾਰਟੀ ਨੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਿਆਸੀ ਸਰਪ੍ਰਸਤੀ ਦੇ ਕੇ ਨਾ ਕੇਵਲ ਕਾਨੂੰਨ ਤੋਂ ਬਚਾਇਆ, ਸਗੋਂ ਨਿਰਦੋਸ਼ ਸਿੱਖਾਂ ਦੇ ਕਾਤਲਾਂ ਨੂੰ ਸਰਕਾਰ ਅਤੇ ਪਾਰਟੀ ਵਿੱਚ ਅਹਿਮ ਅਹੁਦਿਆਂ ਨਾਲ ਨਿਵਾਜ ਕੇ ਸਿੱਖ ਭਾਈਚਾਰੇ ਦੀ ਖਿੱਲੀ ਦੀ ਖਿੱਲੀ ਉਡਾਈ, ।।ਅਮਨਜੋਤ ਰਾਮੂਵਾਲੀਆ ਨੇ ਕਿਹਾ ਕਿ ਇਹ ਇਤਿਹਾਸਕ ਤੱਥ ਹੈ ਕਿ ਸੱਜਣ ਕੁਮਾਰ ਨੇ ਭੀੜ ਨੂੰ ਉਕਸਾ ਕੇ ਬੇਕਸੂਰ ਸਿੱਖਾਂ ਦਾ ਯੋਜਨਾਬੱਧ ਕਤਲੇਆਮ ਕਰਵਾਇਆ। ਉਨ੍ਹਾਂ ਕਿਹਾ ਕਿ ਦਿੱਲੀ ਕੈਂਟ ਦੀ ਪਾਲਮ ਕਾਲੋਨੀ ਵਿੱਚ ਪੰਜ ਸਿੱਖਾਂ ਦੇ ਕਤਲ ਤੋਂ ਬਾਅਦ ਗੁਰਦੁਆਰਾ ਸਾੜਨ ਦੇ ਮਾਮਲੇ ਵਿੱਚ 17 ਦਸੰਬਰ 2018 ਨੂੰ ਦਿੱਲੀ ਹਾਈ ਕੋਰਟ ਵੱਲੋਂ ਸੱਜਣ ਕੁਮਾਰ ਨੂੰ ਦੋਸ਼ੀ ਕਰਾਰ ਦਿੱਤਾ ਗਿਆ ਸੀ ਅਤੇ ਸਰਸਵਤੀ ਵਿਹਾਰ ਵਿੱਚ ਜਸਵੰਤ ਸਿੰਘ ਅਤੇ ਉਨ੍ਹਾਂ ਦੇ ਪੁੱਤਰ ਤਰੁਣਦੀਪ ਸਿੰਘ ਨੂੰ ਜਿੰਦਾ ਸਾੜਨ ਦੇ ਮਾਮਲੇ ਵਿੱਚ ਉਸ ਨੂੰ ਉਮਰ ਕੈਦ ਦੀ ਸਜ਼ਾ ਹੋਣਾ ਇਹ ਸਪਸ਼ਟ ਕਰਦਾ ਹੈ ਕਿ ਉਹ ਸਿੱਖ ਕਤਲੇਆਮ ਦਾ ਮਾਸਟਰਮਾਈਂਡ ਸੀ। ਅਜਿਹੀ ਸਥਿਤੀ ਵਿੱਚ ਹੁਣ ਵਿਕਾਸਪੁਰੀ ਅਤੇ ਜਨਕਪੁਰੀ ਦੀਆਂ ਹੱਤਿਆਵਾਂ ਵਿੱਚ ਠੋਸ ਸਬੂਤਾਂ ਦੀ ਘਾਟ ਦਾ ਹਵਾਲਾ ਦੇ ਕੇ ਉਸ ਨੂੰ ਬਰੀ ਕਰਨਾ ਕਈ ਗੰਭੀਰ ਅਤੇ ਚਿੰਤਾਜਨਕ ਸਵਾਲ ਖੜੇ ਕਰਦਾ ਹੈ।



ਅਮਨਜੋਤ ਰਾਮੂੰਵਾਲੀਆ ਨੇ ਕਿਹਾ ਕਿ ਦਿੱਲੀ ਹਾਈ ਕੋਰਟ ਵੱਲੋਂ ਸਿੱਖ ਕਤਲੇਆਮ ਨਾਲ ਸਬੰਧਿਤ ਕਈ ਕੇਸਾਂ ਵਿੱਚ ਸੁਣਾਏ ਗਏ ਫ਼ੈਸਲਿਆਂ ਨੂੰ ਪਿਛਲੀ ਕੇਜਰੀਵਾਲ ਸਰਕਾਰ ਵੱਲੋਂ ਚੁਨੌਤੀ ਨਹੀਂ ਦਿੱਤੀ ਗਈ। ਕੁਝ ਕੇਸਾਂ ਵਿੱਚ ਸਿਰਫ਼ ਰਸਮੀ ਤੌਰ 'ਤੇ ਪਟੀਸ਼ਨਾਂ ਦਾਖ਼ਲ ਕੀਤੀਆਂ ਗਈਆਂ, ਨਾ ਤਾਂ ਕੇਸਾਂ ਨੂੰ ਗੰਭੀਰਤਾ ਨਾਲ ਲੜਿਆ ਗਿਆ ਅਤੇ ਨਾ ਹੀ ਕੋਈ ਸੀਨੀਅਰ ਵਕੀਲ ਨਿਯੁਕਤ ਕੀਤਾ ਗਿਆ।ਅਮਨਜੋਤ ਨੇ ਕਿਹਾ ਕਿ 31 ਅਕਤੂਬਰ 1984 ਨੂੰ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ ਕਾਂਗਰਸ ਸਰਕਾਰ ਦੀ ਨਫ਼ਰਤ ਭਰੀ ਨੀਤੀ ਅਤੇ ਸਰਕਾਰੀ ਸਰਪ੍ਰਸਤੀ ਹੇਠ ਸਿੱਖਾਂ ਦੀ ਯੋਜਨਾਬੱਧ ਨਸਲਕੁਸ਼ੀ ਕੀਤੀ ਗਈ। ਨਵੰਬਰ 1984 ਦਾ ਪਹਿਲਾ ਹਫ਼ਤਾ ਭਾਰਤੀ ਇਤਿਹਾਸ ਦਾ ਸਭ ਤੋਂ ਖ਼ੌਫ਼ਨਾਕ ਦੌਰ ਸੀ, ਜਿੱਥੇ ਸਿੱਖ ਹੋਣਾ ਹੀ ਮੌਤ ਦਾ ਬਣ ਗਈ ਸੀ । ਦੇਸ਼ ਦੇ 18 ਸੂਬਿਆਂ ਵਿੱਚ 7,000 ਤੋਂ ਵੱਧ ਨਿਰਦੋਸ਼ ਸਿੱਖਾਂ ਨੂੰ ਬੇਰਹਿਮੀ ਨਾਲ ਮੌਤ ਦੇ ਘਾਟ ਉਤਾਰਿਆ ਗਿਆ, ਜਿਊਂਦੇ ਸਾੜਿਆ ਗਿਆ, ਔਰਤਾਂ ਦੀ ਬੇਪਤੀ ਕੀਤੀ ਗਈ ਅਤੇ ਸਿੱਖਾਂ ਦੀ ਕਰੋੜਾਂ ਦੀ ਸੰਪਤੀ ਲੁੱਟ ਕੇ ਅੱਗ ਦੇ ਹਵਾਲੇ ਕਰ ਦਿੱਤੀ ਗਈ।

ਉਨ੍ਹਾਂ ਕਿਹਾ ਕਿ ਸਰਕਾਰ, ਪ੍ਰਸ਼ਾਸਨ ਤੇ ਪੁਲਿਸ ਨਾ ਸਿਰਫ਼ ਦਰਸ਼ਕ ਬਣੇ ਰਹੇ, ਸਗੋਂ ਕਾਤਲ ਟੋਲੀਆਂ ਦੀ ਮਦਦ ਵੀ ਕਰਦੇ ਰਹੇ। ਰਾਜੀਵ ਗਾਂਧੀ ਦਾ ਬਿਆਨ 'ਜਦੋਂ ਵੱਡਾ ਦਰੱਖ਼ਤ ਡਿੱਗਦਾ ਹੈ ਤਾਂ ਧਰਤੀ ਹਿਲਦੀ ਹੈ' ਕਾਤਲਾਂ ਲਈ ਹੌਸਲਾ ਅਫ਼ਜ਼ਾਈ ਬਣਿਆ। ਨਾਨਾਵਤੀ ਕਮਿਸ਼ਨ ਸਮੇਤ ਕਈ ਜਾਂਚ ਕਮਿਸ਼ਨਾਂ ਨੇ ਕਾਂਗਰਸੀ ਆਗੂਆਂ ਦੀ ਜ਼ਿੰਮੇਵਾਰੀ ਦਰਜ ਕੀਤੀ, ਪਰ ਦੋਸ਼ੀਆਂ ਨੂੰ ਸਜ਼ਾ ਦੇਣ ਦੀ ਥਾਂ ਉਨ੍ਹਾਂ ਨੂੰ ਕਲੀਨ ਚਿੱਟ ਦੇ ਕੇ ਵੱਡੇ ਅਹੁਦਿਆਂ ਨਾਲ ਨਿਵਾਜਿਆ ਗਿਆ।

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 24
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Saturday, 24 January, 2026) ਸ਼ਨੀਵਾਰ, 24 ਜਨਵਰੀ, 2026, 11 ਮਾਘ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਓਡੀਸ਼ਾ ਦੇ ਬਾਲਾਸੋਰ 'ਚ ਮਾਲਗੱਡੀ ਦੇ 3 ਡੱਬੇ ਪਟਰੀ ਤੋਂ ਉੱਤਰੇ

ਭੁਵਨੇਸ਼ਵਰ, 23 ਜਨਵਰੀ (ਚ.ਨ.ਸ.): ਓਡੀਸ਼ਾ ਦੇ ਬਾਲਾਸੋਰ ਜ਼ਿਲ੍ਹੇ ਵਿੱਚ ਸ਼ੁੱਕਰਵਾਰ ਨੂੰ ਇੱਕ ਮਾਲ ਗੱਡੀ ਦੇ ਤਿੰਨ ਡੱਬੇ ਪਟਰੀ ਤੋਂ ਉਤਰ ਗਏ। ਰੇਲਵੇ ਅਧਿਕਾਰੀਆਂ ਅਨੁਸਾਰ ਇਹ ਘਟਨਾ ਦੱਖਣ ਪੂਰਬੀ ਰੇਲਵੇ ਦੇ ਭਦਰਕ-ਖੜਗਪੁਰ ਰੇਲ ਖੰਡ 'ਤੇ ਸਥਿਤ ਰੂਪਸਾ ਸਟੇਸ਼ਨ 'ਤੇ ਸਵੇਰੇ ਲਗਭਗ 10 ਵਜੇ ਵਾਪਰੀ। ਇਸ ਹਾਦਸੇ ਵਿੱਚ ਕਿਸੇ ਦੇ ਵੀ ਹਤਾਹਤ ਹੋਣ ਦੀ ਕੋਈ ਖ਼ਬਰ ਨਹੀਂ ਹੈ। ਪ੍ਰਾਪਤ ਜਾਣਕਾਰੀ ਮੁਤਾਬਕ, ਇਹ ਮਾਲ ਗੱਡੀ ਸੀਮਿੰਟ ਅਤੇ ਖਾਦ ਉਤਾਰਨ ਤੋਂ ਬਾਅਦ ਰੂਪਸਾ ਸਟੇਸ਼ਨ ਤੋਂ ਖੜਗਪੁਰ ਲਈ (ਬਾਕੀ ਸਫਾ 11 'ਤੇ)




# ਭਗਵੰਤ ਮਾਨ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਲਾਗੂ

## ਹਰੇਕ ਪਰਿਵਾਰ ਨੂੰ ਮਿਲੇਗਾ 10 ਲੱਖ ਤੱਕ ਦਾ ਨਕਦੀ ਰਹਿਤ ਇਲਾਜ




**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 23 ਜਨਵਰੀ:ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਿਹਤ ਸੰਭਾਲ ਖੇਤਰ ਵਿੱਚ ਇੱਕ ਵੱਡਾ ਮੀਲ ਪੱਥਰ ਤੇ ਲੀਹੋਂ-ਹਟਵੀਂ ਪਹਿਲਕਦਮੀ ਕਰਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਲਾਗੂ ਕੀਤੀ ਹੈ, ਜੋ ਇਹ ਯਕੀਨੀ ਬਣਾਉਂਦੀ ਹੈ ਕਿ ਸੂਬੇ ਦੇ ਹਰ ਨਿਵਾਸੀ ਨੂੰ ਵਿੱਤੀ ਤੰਗੀਆਂ-ਤੁਰਸ਼ੀਆਂ ਦੇ ਬੋਝ ਤੋਂ ਬਿਨਾਂ ਮਿਆਰੀ ਡਾਕਟਰੀ ਇਲਾਜ ਮਿਲੇ। ਇਹ ਯੋਜਨਾ ਪ੍ਰਤੀ ਪਰਿਵਾਰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਡਾਕਟਰੀ ਇਲਾਜ ਪ੍ਰਦਾਨ ਕਰਦੀ ਹੈ, ਜੋ ਦੇਸ਼ ਦੇ ਸਭ ਤੋਂ ਵਿਸ਼ਾਲ ਅਤੇ ਵਿਆਪਕ ਸਿਹਤ ਸੰਭਾਲ ਪ੍ਰੋਗਰਾਮਾਂ ਵਿੱਚੋਂ ਇੱਕ ਹੈ।

ਇਸ ਪਹਿਲਕਦਮੀ ਨਾਲ ਪੰਜਾਬ ਨੇ ਬਿਨਾਂ ਕਿਸੇ ਆਮਦਨ ਸੀਮਾ ਜਾਂ ਯੋਜਨਾ ਤੋਂ ਬਾਹਰ ਰੱਖਣ ਦੀ ਸ਼ਰਤ ਦੇ ਯੂਨੀਵਰਸਲ ਸਿਹਤ ਕਵਰੇਜ ਦੀ ਪੇਸ਼ਕਸ਼ ਕਰਕੇ ਇੱਕ ਨਵਾਂ ਕੌਮੀ ਮਾਪਦੰਡ ਸਥਾਪਤ ਕੀਤਾ ਹੈ, ਜੋ ਭਾਰਤ ਵਿੱਚ ਕਿਤੇ ਵੀ ਲਾਗੂ ਕਿਸੇ ਵੀ ਸਿਹਤ ਬੀਮਾ ਯੋਜਨਾ ਨਾਲੋਂ ਵਿਲੱਖਣ ਅਤੇ ਵਿਆਪਕ ਹੈ।

ਮੁੱਖ ਮੰਤਰੀ ਸਿਹਤ ਯੋਜਨਾ ਕੀ ਹੈ?

ਮੁੱਖ ਮੰਤਰੀ ਸਿਹਤ ਯੋਜਨਾ ਇੱਕ ਯੂਨੀਵਰਸਲ ਸਿਹਤ ਬੀਮਾ ਯੋਜਨਾ ਹੈ ਜੋ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੁਆਰਾ ਸੂਚੀਬੱਧ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਰਾਹੀਂ ਰਾਜ ਭਰ ਦੇ ਪਰਿਵਾਰਾਂ ਨੂੰ ਮੁਫਤ ਅਤੇ ਨਕਦੀ ਰਹਿਤ ਡਾਕਟਰੀ ਇਲਾਜ ਪ੍ਰਦਾਨ ਕਰਨ ਲਈ ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਤਹਿਤ ਸਾਰੇ ਇਲਾਜ ਖਰਚਿਆਂ ਦਾ ਨਿਪਟਾਰਾ ਹਸਪਤਾਲਾਂ ਅਤੇ ਲਾਗੂਕਰਨ ਏਜੰਸੀਆਂ ਦਰਮਿਆਨ ਸਿੱਧੇ ਤੌਰ 'ਤੇ ਕੀਤਾ ਜਾਂਦਾ ਹੈ, ਜੋ ਇਹ ਯਕੀਨੀ ਬਣਾਉਂਦਾ ਹੈ ਕਿ ਮਰੀਜ਼ਾਂ ਨੂੰ ਆਪਣੀ (ਬਾਕੀ ਸਫਾ 11 'ਤੇ)

### ਪ੍ਰਧਾਨ ਮੰਤਰੀ ਨੇ ਤ੍ਰਿਵਨੰਤਪੁਰਮ ਵਿੱਚ 3 ਅੰਮ੍ਰਿਤ ਭਾਰਤ ਰੇਲਗੱਡੀਆਂ ਤੇ ਵਿਕਾਸ ਪ੍ਰੋਜੈਕਟਾਂ ਨੂੰ ਦਿਖਾਈ ਹਰੀ ਝੰਡੀ

# ਕੇਰਲਾ ਦੇ ਵਿਕਾਸ ਲਈ ਕੇਂਦਰ ਦੇ ਯਤਨਾਂ ਨੂੰ ਹੁਲਾਰਾ ਮਿਲਿਆ: ਮੋਦੀ



**ਚੜ੍ਹਦੀਕਲਾ ਬਿਊਰੋ**

ਤਿਰੂਵਨੰਤਪੁਰਮ (ਕੇਰਲਾ), 23 ਜਨਵਰੀ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਕੇਰਲਾ ਵਿੱਚ ਕਈ ਵੱਡੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਉਨ੍ਹਾਂ ਨਵੀਆਂ ਰੇਲ ਸੇਵਾਵਾਂ ਨੂੰ ਵੀ ਹਰੀ ਝੰਡੀ ਦਿਖਾਈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਯਤਨਾਂ ਨੇ ਲੋਕਾਂ ਵਿੱਚ ਰਾਜ ਦੇ ਵਿਕਾਸ ਬਾਰੇ ਇੱਕ ਨਵੀਂ ਜਾਗਰੂਕਤਾ ਲਿਆਂਦੀ ਹੈ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਇਹ ਦਿਨ ਕੇਰਲਾ ਦੇ ਵਿਕਾਸ ਵਿੱਚ ਇੱਕ ਨਵੀਂ ਗਤੀ ਨੂੰ ਦਰਸਾਉਂਦਾ ਹੈ। ਉਨ੍ਹਾਂ ਦੱਸਿਆ ਕਿ ਰੇਲਵੇ ਸੰਪਰਕ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ ਅਤੇ ਨਵੇਂ ਪ੍ਰੋਜੈਕਟ ਤਿਰੂਵਨੰਤਪੁਰਮ ਨੂੰ ਦੇਸ਼ ਦੇ ਇੱਕ ਵੱਡੇ ਹੱਬ ਵਿੱਚ ਬਦਲਣ ਵਿੱਚ ਮਦਦ ਕਰਨਗੇ। ਮੋਦੀ ਨੇ ਤਿੰਨ ਅੰਮ੍ਰਿਤ ਭਾਰਤ ਐਕਸਪ੍ਰੈਸ ਟ੍ਰੇਨਾਂ ਅਤੇ ਇੱਕ ਤ੍ਰਿਸ਼ੂਰ-ਗੁਰੂਵਾਯੂਰ ਯਾਤਰੀ ਟ੍ਰੇਨ ਨੂੰ ਹਰੀ ਝੰਡੀ ਦਿਖਾਈ। ਇਹ ਕੇਰਲਾ, ਤਾਮਿਲਨਾਡੂ, ਕਰਨਾਟਕ, ਤੇਲੰਗਾਨਾ ਅਤੇ ਆਂਧਰਾ ਪ੍ਰਦੇਸ਼ ਵਿਚਕਾਰ ਰੇਲ ਸੰਪਰਕ ਨੂੰ ਹੋਰ ਮਜ਼ਬੂਤ ਕਰੇਗਾ। ਪ੍ਰਧਾਨ ਮੰਤਰੀ ਨੇ ਸੀ.ਐਸ.ਆਈ.ਆਰ.-ਐਨ.ਆਈ.ਆਈ.ਐਸ.ਟੀ.ਇਨੋਵੇਸ਼ਨ, ਟੈਕਨਾਲੋਜੀ ਅਤੇ ਐਂਟਰਪ੍ਰਾਈਜ਼ ਸੈਂਟਰ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਨੇ ਪੀਐਮ ਸਵੈਨਿਧੀ- ਕ੍ਰੈਡਿਟ ਕਾਰਡ ਵੀ ਲਾਂਚ ਕੀਤਾ, ਜੋ ਯੂ.ਪੀ.ਆਈ. ਨਾਲ ਜੁੜੀ ਵਿਆਜ-ਮੁਕਤ ਘੁੰਮਦੀ ਕ੍ਰੈਡਿਟ ਸਹੂਲਤ ਪ੍ਰਦਾਨ ਕਰਦਾ ਹੈ। ਮੋਦੀ ਨੇ ਪ੍ਰਧਾਨ ਮੰਤਰੀ ਸਵਾਨੀਧੀ ਯੋਜਨਾ ਦੇ ਤਹਿਤ ਕਈ ਲਾਭਪਾਤਰੀਆਂ ਨੂੰ ਕਰਜ਼ੇ ਦੀ ਰਕਮ ਅਤੇ ਕ੍ਰੈਡਿਟ ਕਾਰਡ ਵੀ ਵੰਡੇ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਉਦੇਸ਼ ਕੇਰਲਾ ਅਤੇ ਪੂਰੇ ਦੇਸ਼ ਦੇ ਗਰੀਬਾਂ ਨੂੰ ਲਾਭ ਪਹੁੰਚਾਉਣਾ ਹੈ। ਪ੍ਰਧਾਨ ਮੰਤਰੀ ਨੇ ਸ਼੍ਰੀ ਚਿੱਤਰ ਤਿਰੂਨਲ ਇੰਸਟੀਚਿਊਟ ਫਾਰ ਮੈਡੀਕਲ ਸਾਇੰਸਜ਼ ਐਂਡ ਟੈਕਨਾਲੋਜੀ ਵਿਖੇ ਇੱਕ ਅਤਿ-ਆਧੁਨਿਕ ਰੇਡੀਓ ਸਰਜਰੀ ਸੈਂਟਰ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਨਵੇਂ ਪੂਜਾਪੁਰਾ ਮੁੱਖ ਡਾਕਘਰ ਦਾ ਵੀ ਉਦਘਾਟਨ ਕੀਤਾ। ਮੋਦੀ ਨੇ ਇਨ੍ਹਾਂ ਸਾਰੀਆਂ ਪ੍ਰਾਪਤੀਆਂ ਲਈ ਕੇਰਲਾ ਅਤੇ ਪੂਰੇ ਦੇਸ਼ ਦੇ ਲੋਕਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਪੂਰਾ ਦੇਸ਼ ਇੱਕ 'ਵਿਕਸਤ (ਬਾਕੀ ਸਫਾ 11 'ਤੇ)

### ਤਾਮਿਲਨਾਡੂ 'ਚ ਗਰਜੇ ਪ੍ਰਧਾਨ ਮੰਤਰੀ

## ਡੀ.ਐਮ.ਕੇ. ਦੀ ਉਲਟੀ ਗਿਣਤੀ ਹੋਈ ਸ਼ੁਰੂ: ਮੋਦੀ

**ਚੜ੍ਹਦੀਕਲਾ ਬਿਊਰੋ**

ਮਦੁਰੰਥਕਮ (ਤਾਮਿਲਨਾਡੂ), 23 ਜਨਵਰੀ : ਸ਼ੁੱਕਰਵਾਰ ਨੂੰ ਕੇਰਲਾ ਵਿੱਚ ਬੋਲਣ ਤੋਂ ਬਾਅਦ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਚੇਨਈ ਪਹੁੰਚੇ। ਇੱਥੇ, ਉਨ੍ਹਾਂ ਨੇ ਅਗਲੇ ਦੋ ਤੋਂ ਤਿੰਨ ਮਹੀਨਿਆਂ ਲਈ ਹੋਣ ਵਾਲੀਆਂ ਤਾਮਿਲਨਾਡੂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਮਦੁਰੰਥਕਮ ਵਿੱਚ ਐਨ.ਡੀ.ਏ. ਦੀ ਪਹਿਲੀ ਰਾਜਨੀਤਿਕ ਰੈਲੀ ਨੂੰ ਸੰਬੋਧਨ ਕੀਤਾ। ਤਾਮਿਲਨਾਡੂ ਵਿਧਾਨ ਸਭਾ ਚੋਣਾਂ ਲਈ ਇੱਕ ਵੱਡਾ ਜੰਗ ਦਾ ਮੈਦਾਨ ਬਣਾਉਂਦੇ ਹੋਏ, ਪ੍ਰਧਾਨ ਮੰਤਰੀ ਨੇ ਐਲਾਨ ਕੀਤਾ ਕਿ ਡੀ.ਐਮ.ਕੇ. ਦੇ ਜਾਣ ਦੀ ਉਲਟੀ ਗਿਣਤੀ ਸ਼ੁਰੂ ਹੋ ਗਈ ਹੈ। ਡੀ.ਐਮ.ਕੇ. ਸਰਕਾਰ ਨੂੰ 'ਸੀ.ਐਮ.ਸੀ.' ਸਰਕਾਰ ਕਹਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਹੁਣ 'ਭ੍ਰਿਸ਼ਟਾਚਾਰ, ਮਾਫੀਆ ਅਤੇ ਅਪਰਾਧ' ਲਈ ਖੜ੍ਹਾ ਹੈ। ਤਾਮਿਲਨਾਡੂ ਦੇ ਲੋਕਾਂ ਨੇ ਪਾਰਟੀ ਨੂੰ ਉਖਾੜ ਸੁੱਟਣ ਅਤੇ ਬਦਲਾਅ ਲਈ ਵੋਟ ਪਾਉਣ ਦਾ ਫੈਸਲਾ ਕੀਤਾ ਹੈ। ਪ੍ਰਧਾਨ ਮੰਤਰੀ ਮੋਦੀ ਨੇ ਅੱਗੇ ਕਿਹਾ,'ਤਾਮਿਲਨਾਡੂ ਵਿੱਚ ਹੁਣ ਇੱਕ ਅਜਿਹੀ ਸਰਕਾਰ ਹੈ ਜਿਸ ਦਾ ਲੋਕਤੰਤਰ ਅਤੇ ਜਵਾਬਦੇਹੀ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਡੀ.ਐਮ.ਕੇ. (ਬਾਕੀ ਸਫਾ 11 'ਤੇ)

### ਸਾਂਸਦ ਅੰਮ੍ਰਿਤਪਾਲ ਸਿੰਘ ਦੇ ਬਜਟ ਸੈਸ਼ਨ 'ਚ ਸ਼ਾਮਲ ਹੋਣ ਵਾਲੀ ਪਟੀਸ਼ਨ ਦਾ ਮਾਮਲਾ

# ਪੰਜਾਬ ਦੇ ਗ੍ਰਹਿ ਸਕੱਤਰ ਲੈਣਗੇ ਫ਼ੈਸਲਾ: ਹਾਈ ਕੋਰਟ

**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 23 ਜਨਵਰੀ:ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਲੋਕ ਸਭਾ ਦੇ ਬਜਟ ਸੈਸ਼ਨ ਵਿੱਚ ਸ਼ਾਮਲ ਹੋਣ ਵਾਲੀ ਪਟੀਸ਼ਨ 'ਤੇ ਅੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਅਹਿਮ ਸੁਣਵਾਈ ਹੋਈ। ਅਦਾਲਤ ਨੇ ਇਸ ਮਾਮਲੇ ਵਿੱਚ ਰਾਹਤ ਦਿੰਦਿਆਂ ਸਬੰਧਤ ਅਥਾਰਟੀ ਨੂੰ ਜਲਦ ਫ਼ੈਸਲਾ ਲੈਣ ਦੇ ਹੁਕਮ ਜਾਰੀ ਕੀਤੇ ਹਨ। ਹਾਈਕੋਰਟ ਨੇ 'ਕੰਪੀਟੈਂਟ ਅਥਾਰਟੀ' ਨੂੰ ਸਖ਼ਤ ਨਿਰਦੇਸ਼ ਦਿੱਤੇ ਹਨ ਕਿ ਅੰਮ੍ਰਿਤਪਾਲ ਸਿੰਘ ਦੀ ਪਟੀਸ਼ਨ 'ਤੇ 7 ਕੰਮਕਾਜੀ ਦਿਨਾਂ ਦੇ ਅੰਦਰ-ਅੰਦਰ ਫ਼ੈਸਲਾ ਲਿਆ ਜਾਵੇ। ਪੰਜਾਬ ਦੇ ਹੋਮ ਸੈਕਟਰੀ (ਗ੍ਰਹਿ ਸਕੱਤਰ) ਇਹ ਤੈਅ ਕਰਨਗੇ ਕਿ ਅੰਮ੍ਰਿਤਪਾਲ ਸਿੰਘ ਨੂੰ ਬਜਟ ਸੈਸ਼ਨ ਵਿੱਚ ਹਿੱਸਾ ਲੈਣ ਲਈ ਪੈਰੋਲ ਦਿੱਤੀ ਜਾ ਸਕਦੀ ਹੈ ਜਾਂ ਨਹੀਂ। ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੇ ਹਾਈਕੋਰਟ ਵਿੱਚ ਪਟੀਸ਼ਨ ਦਾਇਰ ਕਰਕੇ ਮੰਗ ਕੀਤੀ ਸੀ ਕਿ ਉਨ੍ਹਾਂ ਨੂੰ ਸੰਸਦ ਮੈਂਬਰ ਹੋਣ ਦੇ ਨਾਤੇ ਲੋਕ ਸਭਾ ਦੇ ਆਗਾਮੀ ਬਜਟ ਸੈਸ਼ਨ ਵਿੱਚ ਸ਼ਾਮਲ ਹੋਣ ਦੀ ਇਜਾਜ਼ਤ ਦਿੱਤੀ ਜਾਵੇ। ਉਨ੍ਹਾਂ ਦੀ ਦਲੀਲ ਸੀ ਕਿ ਉਹ ਆਪਣੇ ਹਲਕੇ ਦੇ ਲੋਕਾਂ ਦੀ ਆਵਾਜ਼ ਸੰਸਦ ਵਿੱਚ ਚੁੱਕਣਾ ਚਾਹੁੰਦੇ ਹਨ। ਜ਼ਿਕਰਯੋਗ ਹੈ ਕਿ ਅੰਮ੍ਰਿਤਪਾਲ ਸਿੰਘ ਇਸ ਸਮੇਂ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ। ਹੁਣ ਸਾਰੀਆਂ ਨਜ਼ਰਾਂ ਪੰਜਾਬ ਦੇ ਹੋਮ ਸੈਕਟਰੀ ਦੇ ਫ਼ੈਸਲੇ 'ਤੇ ਟਿਕੀਆਂ ਹੋਈਆਂ ਹਨ ਕਿ ਕੀ ਉਹ ਅੰਮ੍ਰਿਤਪਾਲ ਸਿੰਘ ਨੂੰ ਸੰਸਦ ਜਾਣ ਲਈ ਹਰੀ ਝੰਡੀ ਦਿੰਦੇ ਹਨ ਜਾਂ ਨਹੀਂ।

# ਪੰਜਾਬ 'ਚ ਮੀਂਹ ਅਤੇ ਗੜ੍ਹੇਮਾਰੀ ਕਾਰਨ ਵਧੀ ਠੰਢ

## ਕਈ ਇਲਾਕਿਆਂ 'ਚ ਰਾਤ ਤੋਂ ਮੀਂਹ ਨਾਲ ਚੱਲ ਰਹੀਆਂ ਨੇ ਠੰਢੀਆਂ ਹਵਾਵਾਂ



**ਚੜ੍ਹਦੀਕਲਾ ਬਿਊਰੋ**

ਚੰਡੀਗੜ੍ਹ, 23 ਜਨਵਰੀ:: ਪੰਜਾਬ ਅਤੇ ਚੰਡੀਗੜ੍ਹ ਵਿੱਚ ਮੀਂਹ ਨੇ ਮੌਸਮ ਬਦਲ ਦਿੱਤਾ ਹੈ। ਬੀਤੀ ਰਾਤ ਤੋਂ ਪੈ ਰਹੇ ਮੀਂਹ ਤੇ ਚੱਲ ਰਹੀਆਂ ਠੰਡੀਆਂ ਹਵਾਵਾਂ ਨਾਲ ਠੰਢ ਵੱਧ ਗਈ ਹੈ। ਜਲੰਧਰ ਵਿਚ ਗੜ੍ਹੇਮਾਰੀ ਹੋਈ, ਜਿਸ ਨਾਲ ਠੰਢ ਹੋਰ ਜ਼ਿਆਦਾ ਵੱਧ ਗਈ। ਮੀਂਹ ਅਤੇ ਗੜ੍ਹੇਮਾਰੀ ਕਾਰਨ ਤਾਪਮਾਨ ਵਿੱਚ ਗਿਰਾਵਟ ਆਈ। ਹੁਸ਼ਿਆਰਪੁਰ ਵਿੱਚ ਸਭ ਤੋਂ ਘੱਟ ਤਾਪਮਾਨ 3.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

ਮੌਸਮ ਵਿਭਾਗ ਦੇ ਅਨੁਸਾਰ ਅੱਜ ਸਾਰਾ ਦਿਨ ਮੌਸਮ ਖ਼ਰਾਬ ਰਹੇਗਾ। ਦਿਨ ਭਰ ਰੁਕ-ਰੁਕ ਕੇ ਮੀਂਹ ਪਵੇਗਾ। ਮੀਂਹ ਪੈਣ ਦੀ ਸੰਭਾਵਨਾ 78% ਹੈ। ਦੱਸ ਦੇਈਏ ਕਿ ਮੁਹਾਲੀ ਵਿਚ ਤਾਂ ਰਾਤ ਤੋਂ ਲਗਾਤਾਰ ਮੀਂਹ ਪੈ ਰਿਹਾ ਹੈ। ਪੱਛਮੀ ਗੜਬੜੀ ਦੇ ਕਾਰਨ, ਜਲੰਧਰ ਅਤੇ ਨਾਲ ਲੱਗਦੇ ਅੰਮ੍ਰਿਤਸਰ ਅਤੇ ਲੁਧਿਆਣਾ ਵਿੱਚ ਅਗਲੇ 2 ਦਿਨਾਂ ਲਈ ਮੀਂਹ, ਗਰਜ ਅਤੇ ਗੜ੍ਹੇਮਾਰੀ ਲਈ ਯੈਲੋ ਅਲਰਟ ਹੈ। ਮੌਸਮ ਵਿਭਾਗ ਅਨੁਸਾਰ ਅੱਜ ਪਠਾਨਕੋਟ, ਗੁਰਦਾਸਪੁਰ, (ਬਾਕੀ ਸਫਾ 11 'ਤੇ)

## ਗਣਤੰਤਰ ਦਿਵਸ ਤੋਂ ਪਹਿਲਾਂ ਦਿੱਲੀ 'ਚ ਗੁਰਪਤਵੰਤ ਪੰਨੂ ਖ਼ਿਲਾਫ਼ ਐਫ.ਆਈ.ਆਰ. ਦਰਜ

ਨਵੀਂ ਦਿੱਲੀ, 23 ਜਨਵਰੀ (ਚ.ਨ.ਸ.):ਦਿੱਲੀ ਪੁਲਸ ਦੇ ਵਿਸ਼ੇਸ਼ ਸੈੱਲ ਨੇ ਸ਼ੁੱਕਰਵਾਰ ਨੂੰ ਸਿੱਖ ਫਾਰ ਜਸਟਿਸ (ਐੱਸ.ਐੱਫ.ਜੇ.) ਦੇ ਨਾਮਜ਼ਦ ਅੱਤਵਾਦੀ ਗੁਰਪਤਵੰਤ ਸਿੰਘ ਪੰਨੂ ਖ਼ਿਲਾਫ਼ ਗਣਤੰਤਰ ਦਿਵਸ ਤੋਂ ਪਹਿਲਾਂ ਦਿੱਲੀ 'ਚ ਅਸ਼ਾਂਤੀ ਫੈਲਾਉਣ ਦੀ ਧਮਕੀ ਦੇਣ ਦੇ ਦੋਸ਼ 'ਚ ਐੱਫ.ਆਈ.ਆਰ. ਦਰਜ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਮਾਮਲਾ ਭਾਰਤੀ ਨਿਆਂ ਸੰਹਿਤਾ (ਬੀ.ਐੱਨ.ਐੱਸ.) ਦੀਆਂ ਵੱਖ-ਵੱਖ ਧਾਰਾਵਾਂ ਦੇ ਅਧੀਨ ਦਰਜ ਕੀਤਾ ਗਿਆ ਹੈ, ਜਦੋਂ ਸਮੂਹਾਂ ਵਿਚਾਲੇ ਦੁਸ਼ਮਣੀ ਨੂੰ ਉਤਸ਼ਾਹ ਦੇਣ, ਰਾਸ਼ਟਰੀ ਏਕਤਾ ਖ਼ਿਲਾਫ਼ ਹਾਨੀਕਾਰਕ ਕੰਮ ਕਰਨ, ਭਾਰਤ ਦੀ ਪ੍ਰਭੁਸੱਤਾ ਅਤੇ ਅਖੰਡਤਾ ਨੂੰ ਖ਼ਤਰੇ 'ਚ (ਬਾਕੀ ਸਫਾ 11 'ਤੇ)

# ਸੋਨੇ-ਚਾਂਦੀ ਦੀਆਂ ਕੀਮਤਾਂ ਨੇ ਤੋੜੇ ਸਾਰੇ ਰਿਕਾਰਡ

## ਵਿਦੇਸ਼ੀ ਬਾਜ਼ਾਰਾਂ ਵਿੱਚ ਤੇਜ਼ੀ ਕਾਰਨ ਚਾਂਦੀ 3.40 ਲੱਖ ਅਤੇ ਸੋਨਾ 1.59 ਲੱਖ ਤੋਂ ਪਾਰ



**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 23 ਜਨਵਰੀ :ਅਮਰੀਕੀ ਡਾਲਰ ਦੀ ਕਮਜ਼ੋਰੀ ਅਤੇ ਫੈਡਰਲ ਰਿਜ਼ਰਵ ਵੱਲੋਂ ਵਿਆਜ ਦਰਾਂ ਵਿੱਚ ਕਟੌਤੀ ਦੀਆਂ ਉਮੀਦਾਂ ਦਰਮਿਆਨ ਸ਼ੁੱਕਰਵਾਰ ਨੂੰ ਭਾਰਤੀ ਵਾਅਦਾ ਬਾਜ਼ਾਰ (ਐਮ.ਸੀ.ਐਕਸ) ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਨੇ ਆਪਣੇ ਹੁਣ ਤੱਕ ਦੇ ਸਾਰੇ ਰਿਕਾਰਡ ਤੋੜ ਦਿੱਤੇ ਹਨ। ਮਲਟੀ ਕਮੋਡਿਟੀ ਐਕਸਚੇਂਜ 'ਤੇ ਚਾਂਦੀ ਦਾ ਮਾਰਚ ਕੰਟਰੈਕਟ 12,638 ਰੁਪਏ (ਲਗਭਗ 4%) ਦੇ ਵੱਡੀ ਛਾਲ ਨਾਲ 3,39,927 ਰੁਪਏ ਪ੍ਰਤੀ ਕਿਲੋਗ੍ਰਾਮ ਦੇ ਨਵੇਂ ਸਿਖਰ 'ਤੇ ਪਹੁੰਚ ਗਿਆ। ਇਸੇ ਤਰ੍ਹਾਂ ਸੋਨੇ ਦੀਆਂ ਕੀਮਤਾਂ ਵਿੱਚ ਵੀ ਲਗਾਤਾਰ ਪੰਜਵੇਂ ਦਿਨ ਤੇਜ਼ੀ ਜਾਰੀ ਰਹੀ ਅਤੇ ਫਰਵਰੀ ਡਿਲੀਵਰੀ ਵਾਲਾ ਸੋਨਾ 2,885 ਰੁਪਏ ਵਧ ਕੇ 1,59,226 ਰੁਪਏ ਪ੍ਰਤੀ 10 ਗ੍ਰਾਮ 'ਤੇ ਜਾ ਪਹੁੰਚਿਆ। ਬਾਜ਼ਾਰ ਮਾਹਿਰਾਂ ਅਨੁਸਾਰ ਭੂ-ਰਾਜਨੀਤਿਕ ਤਣਾਅ ਅਤੇ ਆਰਥਿਕ ਅਨਿਸ਼ਚਿਤਤਾ ਕਾਰਨ ਨਿਵੇਸ਼ਕਾਂ ਦਾ (ਬਾਕੀ ਸਫਾ 11 'ਤੇ)

## 77ਵੇਂ ਗਣਤੰਤਰ ਦਿਵਸ ਦੀਆਂ ਤਿਆਰੀਆਂ ਮੁਕੰਮਲ

ਨਵੀਂ ਦਿੱਲੀ, 23 ਜਨਵਰੀ (ਚ.ਨ.ਸ.):ਭਾਰਤ ਆਪਣੇ 77ਵੇਂ ਗਣਤੰਤਰ ਦਿਵਸ ਨੂੰ ਬੜੀ ਧੂਮ-ਧਾਮ ਨਾਲ ਮਨਾਉਣ ਲਈ ਤਿਆਰ ਹੈ। ਇਸ ਸਬੰਧੀ ਦਿੱਲੀ ਦੇ ਕਰਤੱਵ ਪੱਥ 'ਤੇ ਸ਼ੁੱਕਰਵਾਰ ਨੂੰ ਫੁੱਲ-ਡਰੈੱਸ ਰਿਹਰਸਲ ਕੀਤੀ ਗਈ, ਜਿਸ ਕਾਰਨ ਸੁਰੱਖਿਆ ਦੇ ਮੱਦੇਨਜ਼ਰ ਕੇਂਦਰੀ ਦਿੱਲੀ ਦੀਆਂ ਕਈ ਸੜਕਾਂ ਨੂੰ ਆਮ ਆਵਾਜਾਈ ਲਈ ਬੰਦ ਰੱਖਿਆ ਗਿਆ। ਇਸ ਵਾਰ ਦੀ ਪਰੇਡ ਕਈ ਮਾਇਨਿਆਂ ਵਿੱਚ ਖਾਸ ਹੋਣ ਵਾਲੀ ਹੈ ਕਿਉਂਕਿ ਇਸ ਵਿੱਚ ਕਈ ਨਵੀਆਂ ਰੈਜੀਮੈਂਟਾਂ ਅਤੇ ਜਾਨਵਰਾਂ ਦੀਆਂ ਨਸਲਾਂ ਪਹਿਲੀ ਵਾਰ ਹਿੱਸਾ ਲੈ ਰਹੀਆਂ ਹਨ। ਮੇਜਰ ਜਨਰਲ ਨਵਰਾਜ ਢਿੱਲੋਂ (ਚੀਫ਼ ਆਫ਼ ਸਟਾਫ਼, ਦਿੱਲੀ ਏਰੀਆ) ਅਨੁਸਾਰ ਇਸ ਸਾਲ ਦੀ ਪਰੇਡ ਵਿੱਚ 6,000 ਤੋਂ (ਬਾਕੀ ਸਫਾ 11 'ਤੇ)

# ਕਠੂਆ ਮੁਕਾਬਲੇ 'ਚ ਜੈਸ਼-ਏ-ਮੁਹੰਮਦ ਦਾ ਖ਼ਤਰਨਾਕ ਕਮਾਂਡਰ ਢੇਰ

## ਪਾਕਿਸਤਾਨੀ ਅੱਤਵਾਦੀ ਉਸਮਾਨ ਹਲਾਕ; ਕਬਜ਼ੇ 'ਚੋਂ ਐਮ4 ਰਾਈਫਲ ਸਣੇ ਭਾਰੀ ਅਸਲਾ ਬਰਾਮਦ



**ਚੜ੍ਹਦੀਕਲਾ ਬਿਊਰੋ**

ਜੰਮੂ, 23 ਜਨਵਰੀ : ਜੰਮੂ-ਕਸ਼ਮੀਰ ਦੇ ਕਠੂਆ ਜ਼ਿਲ੍ਹੇ ਵਿੱਚ ਸ਼ੁੱਕਰਵਾਰ ਨੂੰ ਸੁਰੱਖਿਆ ਬਲਾਂ ਅਤੇ ਅਤਿਵਾਦੀਆਂ ਵਿਚਕਾਰ ਹੋਈ ਇੱਕ ਜ਼ਬਰਦਸਤ ਮੁੱਠਭੇੜ ਵਿੱਚ ਪਾਕਿਸਤਾਨੀ ਅਤਿਵਾਦੀ ਸੰਗਠਨ ਜੈਸ਼-ਏ-ਮੁਹੰਮਦ ਦਾ ਇੱਕ ਕਮਾਂਡਰ ਮਾਰਿਆ ਗਿਆ। ਜੰਮੂ ਰੇਂਜ ਦੇ ਇੰਸਪੈਕਟਰ ਜਨਰਲ ਆਫ ਪੁਲੀਸ (ਆਈ.ਜੀ.) ਭੀਮ ਸੇਨ ਟੂਟੀ ਨੇ ਇਸ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਇਹ ਕਾਰਵਾਈ ਬਿੱਲਾਵਰ ਦੇ ਇਲਾਕੇ ਵਿੱਚ ਪੁਲੀਸ, ਫੌਜ ਅਤੇ ਸੀ.ਆਰ.ਪੀ.ਐਫ. ਵੱਲੋਂ ਚਲਾਏ ਗਏ ਇੱਕ ਸਾਂਝੇ ਆਪਰੇਸ਼ਨ ਦੌਰਾਨ ਕੀਤੀ ਗਈ। ਪੁਲੀਸ ਦੀ ਇੱਕ ਛੋਟੀ ਟੀਮ ਨੇ ਬੜੀ ਦਲੇਰੀ ਨਾਲ ਇਸ ਅਤਿਵਾਦੀ ਨੂੰ ਇੱਕ ਘੇਰਾਬੰਦੀ ਦੌਰਾਨ ਮਾਰ ਮੁਕਾਇਆ। ਮਾਰੇ ਗਏ ਅਤਿਵਾਦੀ ਦੀ ਪਛਾਣ ਜੈਸ਼ ਕਮਾਂਡਰ ਉਸਮਾਨ ਵਜੋਂ ਹੋਈ ਹੈ, ਜੋ ਕਿ ਪਾਕਿਸਤਾਨੀ ਮੂਲ ਦਾ ਦੱਸਿਆ ਜਾ ਰਿਹਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਮੁਕਾਬਲੇ ਵਾਲੀ ਥਾਂ ਤੋਂ ਇੱਕ ਅਤਿ-ਆਧੁਨਿਕ ਐਮ4 ਆਟੋਮੈਟਿਕ ਰਾਈਫਲ ਸਮੇਤ ਭਾਰੀ ਮਾਤਰਾ ਵਿੱਚ ਗੋਲੀ-ਸਿੱਕਾ ਅਤੇ ਵਿਸਫੋਟਕ ਸਮੱਗਰੀ ਬਰਾਮਦ ਕੀਤੀ ਗਈ ਹੈ। ਇਸ ਕਮਾਂਡਰ ਦੇ (ਬਾਕੀ ਸਫਾ 11 'ਤੇ)

## ਲਖਨਊ ਵਿਖੇ ਹੋਈ ਆਲ ਇੰਡੀਆ ਪ੍ਰੀਜ਼ਾਈਡਿੰਗ ਅਫ਼ਸਰ ਕਾਨਫ਼ਰੰਸ ਵਿੱਚ ਸਪੀਕਰ ਵੱਲੋਂ ਸ਼ਿਰਕਤ

ਚੰਡੀਗੜ੍ਹ, 23 ਜਨਵਰੀ (ਚ.ਨ.ਸ.): ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਲਖਨਊ ਵਿਖੇ ਕਰਵਾਈ 86ਵੀਂ 'ਆਲ ਇੰਡੀਆ ਪ੍ਰੀਜ਼ਾਈਡਿੰਗ ਅਫਸਰ ਕਾਨਫਰੰਸ' (ਏ.ਆਈ.ਪੀ.ਓ.ਸੀ.) ਵਿੱਚ ਹਿੱਸਾ ਲਿਆ। ਉੱਤਰ ਪ੍ਰਦੇਸ਼ ਵਿਧਾਨ ਸਭਾ ਵੱਲੋਂ ਕਰਵਾਈ ਇਸ ਤਿੰਨ ਰੋਜ਼ਾ ਕਾਨਫਰੰਸ ਵਿੱਚ ਦੇਸ਼ ਭਰ ਦੀਆਂ ਵਿਧਾਨ ਸਭਾਵਾਂ ਅਤੇ ਵਿਧਾਨ ਪ੍ਰੀਸ਼ਦਾਂ ਦੇ ਮੋਹਰੀ ਮੈਂਬਰਾਂ ਨੇ ਹਿੱਸਾ ਲਿਆ।ਇਸ ਕਾਨਫ਼ਰੰਸ ਦੌਰਾਨ 'ਸੁਚੱਜਾ ਪ੍ਰਸ਼ਾਸਨ', ਲੋਕਤੰਤਰੀ ਸੰਸਥਾਵਾਂ ਨੂੰ ਦਰਪੇਸ਼ ਮੌਜੂਦਾ ਚੁਣੌਤੀਆਂ ਅਤੇ ਵਿਧਾਨਕ ਕੰਮਕਾਜ ਵਿੱਚ (ਬਾਕੀ ਸਫਾ 11 'ਤੇ)

# ਕਿਲ੍ਹਾ ਰਾਏਪੁਰ 'ਚ 11 ਸਾਲਾਂ ਮਗਰੋਂ ਪੇਂਡੂ ਓਲੰਪਿਕ 'ਚ ਮੁੜ ਦੌੜਨਗੀਆਂ ਬੈਲਗੱਡੀਆਂ



**ਸੰਜੀਵ ਲਹਿਲ**

ਲੁਧਿਆਣਾ/ਕਿਲ੍ਹਾ ਰਾਏਪੁਰ, 23 ਜਨਵਰੀ: ਲੁਧਿਆਣਾ ਵਿੱਚ ਹੋਣ ਵਾਲੇ ਕਿਲ੍ਹਾ ਰਾਏਪੁਰ ਪੇਂਡੂ ਓਲੰਪਿਕ ਵਿੱਚ ਬੈਲ ਗੱਡੀਆਂ ਦੀਆਂ ਦੌੜਾਂ ਦੀ ਵਾਪਸੀ ਹੋਣ ਲਈ ਤਿਆਰ ਹਨ। ਇਸ ਸਾਲ ਕਿਲ੍ਹਾ ਰਾਏਪੁਰ ਵਿੱਚ ਹੋਣ ਵਾਲੀਆਂ ਖੇਡਾਂ ਵਿੱਚ ਬੈਲ ਗੱਡੀਆਂ ਦੀਆਂ ਦੌੜਾਂ ਨੂੰ ਸ਼ਾਮਲ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਦੱਸਿਆ ਕਿ ਬੈਲ ਗੱਡੀਆਂ ਦੀਆਂ ਦੌੜਾਂ ਸਾਰੇ ਨਿਯਮਾਂ ਅਤੇ ਸਿਹਤ ਸਹੂਲਤਾਂ ਮੁਤਾਬਕ ਕਰਵਾਈਆਂ ਜਾਣਗੀਆਂ। ਸਾਰੀਆਂ ਸਿਹਤ ਸਹੂਲਤਾਂ ਵੱਲ ਪੂਰਾ ਧਿਆਨ ਦਿੱਤਾ ਜਾਵੇਗਾ। ਇਹ ਇਤਿਹਾਸਕ ਖੇਡਾਂ 11 ਸਾਲਾਂ ਬਾਅਦ ਮੁੜ ਸ਼ੁਰੂ ਹੋਣ ਜਾ ਰਹੀਆਂ ਹਨ। ਜ਼ਿਲ੍ਹਾ ਪ੍ਰਸ਼ਾਸਨ, ਪ੍ਰਬੰਧਕ ਅਤੇ ਪਿੰਡ ਵਾਸੀ ਇਸ ਸਮਾਗਮ ਨੂੰ ਲੈ ਕੇ ਉਤਸ਼ਾਹਿਤ ਹਨ। ਇਹ ਖੇਡਾਂ 30 ਜਨਵਰੀ ਤੋਂ 1 ਫਰਵਰੀ ਤੱਕ ਹੋਣੀਆਂ (ਬਾਕੀ ਸਫਾ 11 'ਤੇ)

## ਪਾਕਿ 'ਚ ਫਸੀ ਸਰਬਜੀਤ ਕੌਰ 'ਤੇ ਦਰਜ ਹੋਵੇਗੀ ਨਵੀਂ ਐਫ.ਆਈ.ਆਰ.

ਲਾਹੌਰ, 23 ਜਨਵਰੀ (ਚ.ਨ.ਸ.): ਵਿਆਹ ਕਰਵਾਉਣ ਲਈ ਭਾਰਤ ਤੋਂ ਧਾਰਮਿਕ ਯਾਤਰਾ 'ਤੇ ਪਾਕਿਸਤਾਨ ਗਈ ਭਾਰਤੀ ਨਾਗਰਿਕ ਸਰਬਜੀਤ ਕੌਰ ਦੀਆਂ ਮੁਸ਼ਕਲਾਂ ਵੱਧਦੀਆਂ ਜਾ ਰਹੀਆਂ ਹਨ। ਇਮੀਗ੍ਰੇਸ਼ਨ ਨਿਯਮਾਂ ਅਤੇ ਪਾਕਿਸਤਾਨੀ ਕਾਨੂੰਨ ਦੀ ਉਲੰਘਣਾ ਕਰਨ ਦੇ ਦੋਸ਼ 'ਚ ਪਾਕਿਸਤਾਨੀ ਜੇਲ 'ਚ ਬੰਦ ਸਰਬਜੀਤ ਕੌਰ ਵਿਰੁੱਧ ਇਕ ਨਵੀਂ ਐੱਫ.ਆਈ.ਆਰ. ਦਰਜ ਕੀਤੀ ਜਾ ਸਕਦੀ ਹੈ। ਇਸ ਨਾਲ ਸਬੰਧਤ ਇਕ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਲਾਹੌਰ ਸੈਸ਼ਨ ਕੋਰਟ ਨੇ ਪਾਕਿਸਤਾਨ ਦੀ ਸੰਘੀ ਜਾਂਚ ਏਜੰਸੀ (ਐੱਫ.ਆਈ.ਏ.) ਤੋਂ ਰਿਪੋਰਟ ਤਲਬ ਕੀਤੀ ਹੈ। ਸਰਹੱਦ ਪਾਰ ਦੇ ਸੂਤਰਾਂ ਅਨੁਸਾਰ ਅਦਾਲਤ ਨੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਮਹਿੰਦਰ ਪਾਲ ਸਿੰਘ ਵੱਲੋਂ ਦਾਇਰ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਐੱਫ.ਆਈ.ਏ. ਤੋਂ ਰਿਪੋਰਟ ਮੰਗੀ ਹੈ। ਪਟੀਸ਼ਨ ਵਿਚ ਦੋਸ਼ ਲਾਇਆ ਗਿਆ ਹੈ ਕਿ ਸਰਬਜੀਤ ਕੌਰ ਪਿਛਲੇ ਸਾਲ ਨਵੰਬਰ ਦੇ ਸ਼ੁਰੂ ਵਿਚ ਸਿੱਖ ਤੀਰਥ ਯਾਤਰਾ ਵੀਜ਼ੇ 'ਤੇ ਪਾਕਿਸਤਾਨ (ਬਾਕੀ ਸਫਾ 11 'ਤੇ)

# ਉਜੈਨ ਦੇ ਤਰਾਨਾ 'ਚ ਫਿਰ ਭੜਕੀ ਹਿੰਸਾ

## ਭੀੜ ਵੱਲੋਂ ਘਰਾਂ 'ਤੇ ਪੱਥਰਾਅ; ਬੱਸ ਨੂੰ ਲਾਈ ਅੱਗ



**ਚੜ੍ਹਦੀਕਲਾ ਬਿਊਰੋ**

ਉੱਜੈਨ, 23 ਜਨਵਰੀ :ਮੱਧ ਪ੍ਰਦੇਸ਼ ਦੇ ਉੱਜੈਨ ਜ਼ਿਲ੍ਹੇ ਦੇ ਤਰਾਨਾ ਕਸਬੇ ਵਿੱਚ ਦੋ ਧਿਰਾਂ ਵਿਚਾਲੇ ਹੋਏ ਵਿਵਾਦ ਨੇ ਸ਼ੁੱਕਰਵਾਰ ਨੂੰ ਹਿੰਸਕ ਰੂਪ ਧਾਰ ਲਿਆ। ਸੂਤਰਾਂ ਮੁਤਾਬਕ ਸ਼ਰਾਰਤੀ ਅਨਸਰਾਂ ਨੇ ਕਈ ਘਰਾਂ 'ਤੇ ਪੱਥਰਬਾਜ਼ੀ ਕੀਤੀ ਅਤੇ 13 ਬੱਸਾਂ ਵਿਚ ਭੰਨ੍ਹਤੋੜ ਕੀਤੀ ਤੇ ਇਕ ਬੱਸ ਨੂੰ ਅੱਗ ਦੇ ਹਵਾਲੇ ਕਰ ਦਿੱਤਾ। ਸਥਿਤੀ ਦੀ ਗੰਭੀਰਤਾ ਨੂੰ ਦੇਖਦੇ ਹੋਏ ਪ੍ਰਸ਼ਾਸਨ ਨੇ ਇਲਾਕੇ ਨੂੰ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਹੈ। ਜਾਣਕਾਰੀ ਅਨੁਸਾਰ, ਇਹ ਵਿਵਾਦ ਵੀਰਵਾਰ ਸ਼ਾਮ ਨੂੰ ਸ਼ੁਰੂ ਹੋਇਆ ਸੀ, ਜੋ ਸ਼ੁੱਕਰਵਾਰ ਨੂੰ ਹਿੰਸਾ ਵਿੱਚ ਬਦਲ ਗਿਆ। ਦੱਸਿਆ ਜਾ ਰਿਹਾ ਹੈ ਕਿ ਸੋਹੇਲ ਠਾਕੁਰ ਨਾਮ ਦੇ ਵਿਅਕਤੀ 'ਤੇ ਹੋਏ ਹਮਲੇ ਤੋਂ ਬਾਅਦ ਦੋਵਾਂ ਗੁੱਟਾਂ ਵਿਚਾਲੇ ਟਕਰਾਅ ਪੈਦਾ ਹੋ ਗਿਆ। ਇਸ ਤੋਂ ਬਾਅਦ ਗੁੱਸੇ ਵਿੱਚ ਆਈ ਭੀੜ ਨੇ ਤੋੜਫੋੜ ਅਤੇ ਅੱਗਜ਼ਨੀ ਸ਼ੁਰੂ ਕਰ ਦਿੱਤੀ। ਹਿੰਸਾ 'ਤੇ ਕਾਬੂ ਪਾਉਣ ਲਈ ਪੁਲਸ ਪ੍ਰਸ਼ਾਸਨ ਪੂਰੀ ਤਰ੍ਹਾਂ ਮੁਸਤੈਦ ਹੈ। ਹੁਣ ਤੱਕ ਪੁਲਸ ਨੇ 5 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਲਾਕੇ ਵਿੱਚ (ਬਾਕੀ ਸਫਾ 11 'ਤੇ)

# ਸਤਿਗੁਰੂ ਰਾਮ ਸਿੰਘ ਜੀ ਨੇ ਭਾਰਤ ਦੀ ਆਜ਼ਾਦੀ ਦੀ ਲਹਿਰ ਨੂੰ ਦਿੱਤੀ ਸੀ ਦਿਸ਼ਾ: ਸੌਂਦ, ਮੁੰਡੀਆਂ



**ਵਿਸ਼ਾਲ ਸ਼ਰਮਾ**

ਲੁਧਿਆਣਾ, 23 ਜਨਵਰੀ: ਭਾਰਤ ਦੀ ਅਜ਼ਾਦੀ ਦੀ ਲੜਾਈ ਦਾ ਮੁੱਢ ਸ਼੍ਰੀ ਸਤਿਗੁਰੂ ਰਾਮ ਸਿੰਘ ਜੀ ਨੇ ਅੰਗਰੇਜ਼ ਸਾਮਰਾਜ ਵਿਰੁੱਧ ਨਾ ਮਿਲਵਤਰਨ ਲਹਿਰ ਚਲਾ ਕੇ ਬੰਨ੍ਹਿਆ ਅਤੇ ਦੇਸ਼ ਨੂੰ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸੇਧ ਪ੍ਰਦਾਨ ਕੀਤੀ ਅਤੇ ਉਹਨਾ ਨੇ ਸੱਚ, ਸਤਿਆਗ੍ਰਹਿ ਅਤੇ ਅਹਿੰਸਾ ਦੇ ਸਿਧਾਂਤਾ ਤੇ ਪਹਿਰਾ ਦਿੱਤਾ ਅਤੇ ਇਹਨਾਂ ਸਿਧਾਂਤਾ ਨੂੰ ਅਪਣਾ ਕੇ ਦੇਸ਼ ਦੀ ਅਜ਼ਾਦੀ ਦੀ ਲਹਿਰ ਵਿਚ ਵਡਮੁੱਲਾ ਯੋਗਦਾਨ ਪਾਇਆ। ਸਤਿਗੁਰੂ ਰਾਮ ਸਿੰਘ ਜੀ ਦੀ ਸੋਚ ਨੂੰ ਸਮਾਜ ਸੁਧਾਰ ਦਾ ਆਧਾਰ ਬਣਾਉਣ ਦੀ ਲੋੜ ਹੈ। ਇਹ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੇ ਕੈਬਨਿਟ ਮੰਤਰੀ ਸੌਂਦ ਅਤੇ ਕੈਬਨਿਟ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਨੇ ਸਤਿਗੁਰੂ ਰਾਮ ਸਿੰਘ ਜੀ ਦੇ 210ਵੇਂ ਪ੍ਰਕਾਸ਼ ਪੁਰਬ 'ਤੇ ਪੰਜਾਬ ਸਰਕਾਰ ਵੱਲੋਂ ਆਯੋਜਿਤ ਸ੍ਰੀ ਭੈਣੀ ਸਾਹਿਬ ਵਿਖੇ ਰਾਜ ਪੱਧਰੀ ਸਮਾਗਮ ਦੌਰਾਨ ਸੰਗਤਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਸਤਿਗੁਰੂ ਉਦੈ ਸਿੰਘ ਵਿਸ਼ੇਸ਼ ਤੌਰ ਤੇ ਸ਼ਾਮਲ ਸਨ। ਕੂਕਾ ਸ਼ਹੀਦਾਂ ਦੀਆਂ ਕੁਰਬਾਨੀਆਂ ਦਾ ਜ਼ਿਕਰ ਕਰਦਿਆਂ, ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸ਼੍ਰੀ ਸਤਿਗੁਰੂ ਰਾਮ ਸਿੰਘ ਜੀ ਨੇ ਬਹਾਦਰ ਕ੍ਰਾਂਤੀਕਾਰੀ ਪੈਦਾ ਕੀਤੇ, ਜਿਨ੍ਹਾਂ ਨੇ ਅੰਗਰੇਜ਼ਾਂ ਦੇ ਖਿਲਾਫ ਹੌਸਲੇ ਨਾਲ ਲੜਾਈ ਲੜੀ ਅਤੇ ਦੇਸ਼ ਨੂੰ ਅਜ਼ਾਦ ਕਰਵਾਉਣ ਲਈ ਤੋਪਾਂ ਦੇ (ਬਾਕੀ ਸਫਾ 11 'ਤੇ)

## ਗਣਤੰਤਰ ਦਿਵਸ ਵਿਸ਼ੇਸ਼ ਅੰਕ

ਰੋਜ਼ਾਨਾ ਚੜ੍ਹਦੀਕਲਾ ਪਟਿਆਲਾ ਵੱਲੋਂ ਗਣਤੰਤਰ ਦਿਵਸ ਦੇ ਸ਼ੁਭ ਦਿਹਾੜੇ 'ਤੇ 26 ਜਨਵਰੀ 2026 ਦਿਨ ਸੋਮਵਾਰ ਨੂੰ ਇਕ ਵਿਸ਼ੇਸ਼ ਰੰਗਦਾਰ ਸਪਲੀਮੈਂਟ ਪ੍ਰਕਾਸ਼ਿਤ ਕੀਤਾ ਜਾ ਰਿਹਾ ਹੈ। ਇਸ਼ਤਿਹਾਰਦਾਤਾ ਆਪਣੇ ਇਸ਼ਤਿਹਾਰ ਸਮੇਂ ਸਿਰ ਭੇਜਣ ਦੀ ਖੇਚਲ ਕਰਨ ਤਾਂ ਜੋ ਇਸ਼ਤਿਹਾਰਾਂ ਨੂੰ ਸੁੰਦਰ ਦਿਖ ਪ੍ਰਦਾਨ ਕੀਤੀ ਜਾ ਸਕੇ।

ਮੈਨੇਜਰ
92168-07500
E-mail:charhdikala@gmail.com

## ਸੰਪਾਦਕੀ

# ਸੁਰੱਖਿਆ ਬਲਾਂ ਬਹੁਪੱਖੀ ਜੋਖਮ

ਜੰਮੂ-ਕਸ਼ਮੀਰ ਦੇ ਡੋਡਾ ਜ਼ਿਲ੍ਹੇ ਵਿੱਚ ਵਾਪਰਿਆ ਹਾਦਸਾ, ਜਿਸ ਵਿੱਚ ਦਸ ਸੈਨਿਕਾਂ ਦੀ ਜਾਨ ਚਲੀ ਗਈ, ਇਸ ਦੁਰਘਟਨਾਗ੍ਰਸਤ ਖੇਤਰ ਵਿੱਚ ਤਾਇਨਾਤ ਸੁਰੱਖਿਆ ਬਲਾਂ ਨੂੰ ਦਰਪੇਸ਼ ਬਹੁਪੱਖੀ ਜੋਖਮਾਂ ਦੀ ਉਦਾਹਰਣ ਦਿੰਦਾ ਹੈ। ਇਹ ਧਿਆਨ ਦੇਣ ਯੋਗ ਹੈ ਕਿ ਵੀਰਵਾਰ ਨੂੰ ਇੱਕ ਬੁਲੇਟਪਰੂਫ ਵਾਹਨ ਵਿੱਚ ਸਿਪਾਹੀ ਡੋਡਾ ਵਿੱਚ ਲਗਭਗ 9,000 ਫੁੱਟ ਦੀ ਉਚਾਈ ’ਤੇ ਸਥਿਤ ਇੱਕ ਚੌਕੀ ਵੱਲ ਜਾ ਰਹੇ ਸਨ। ਇਸ ਦੌਰਾਨ, ਖੰਨੀ ਟੌਪ ਦੇ ਨੇੜੇ, ਵਾਹਨ ਸੜਕ ਤੋਂ ਤਿਲਕ ਗਿਆ ਅਤੇ 200 ਫੁੱਟ ਡੂੰਘੀ ਖੱਡ ਵਿੱਚ ਡਿੱਗ ਗਿਆ। ਇੰਨੀ ਉਚਾਈ ਤੋਂ ਡਿੱਗਣ ਤੋਂ ਬਾਅਦ ਵਾਹਨ ਅਤੇ ਉਸ ਵਿੱਚ ਸਵਾਰ ਲੋਕਾਂ ਦੀ ਦੁਰਦਸ਼ਾ ਦੀ ਕਲਪਨਾ ਕੀਤੀ ਜਾ ਸਕਦੀ ਹੈ। ਮਾਰੇ ਗਏ ਦਸ ਸੈਨਿਕਾਂ ਤੋਂ ਇਲਾਵਾ, ਗਿਆਰਾਂ ਹੋਰ ਵੀ ਗੰਭੀਰ ਜ਼ਖਮੀ ਹੋ ਗਏ। ਸਪੱਸ਼ਟ ਤੌਰ ’ਤੇ ਅੱਤਵਾਦ ਦਾ ਮੁਕਾਬਲਾ ਕਰਦੇ ਸਮੇਂ ਜਾਨਲੇਵਾ ਖਤਰਿਆਂ ਅਤੇ ਹਮਲਿਆਂ ਦਾ ਸਾਹਮਣਾ ਕਰਨ ਤੋਂ ਇਲਾਵਾ ਇਹ ਘਟਨਾ ਉੱਥੇ ਤਾਇਨਾਤ ਸੁਰੱਖਿਆ ਬਲਾਂ ਨੂੰ ਦਰਪੇਸ਼ ਇੱਕ ਵਾਧੂ ਚੁਣੌਤੀ ਨੂੰ ਉਜਾਗਰ ਕਰਦੀ ਹੈ। ਇਹ ਖੇਤਰ ਆਪਣੀਆਂ ਬਹੁਤ ਮੁਸ਼ਕਲ ਭੂਗੋਲਿਕ ਸਥਿਤੀਆਂ ਲਈ ਜਾਣਿਆ ਜਾਂਦਾ ਹੈ ਅਤੇ ਉੱਥੇ ਸੁਰੱਖਿਆ ਕਰਮਚਾਰੀ ਹਮੇਸ਼ਾ ਜੋਖਮ ਵਿੱਚ ਰਹਿੰਦੇ ਹਨ। ਉੱਚੇ ਪਹਾੜਾਂ ਅਤੇ ਸੰਘਣੇ ਜੰਗਲਾਂ ਦੇ ਵਿਚਕਾਰ ਅੱਤਵਾਦੀਆਂ ਦਾ ਸਾਹਮਣਾ ਕਰਨਾ ਪਹਿਲਾਂ ਹੀ ਇੱਕ ਮਹੱਤਵਪੂਰਨ ਚੁਣੌਤੀ ਹੈ। ਜਦੋਂ ਸੈਨਿਕ ਸੁਰੱਖਿਆ-ਸੰਭਾਵੀ ਮੰਨੀਆਂ ਜਾਂਦੀਆਂ ਸੜਕਾਂ ’ਤੇ ਯਾਤਰਾ ਕਰਦੇ ਸਮੇਂ ਹਾਦਸਿਆਂ ਵਿੱਚ ਮਰ ਜਾਂਦੇ ਹਨ, ਤਾਂ ਇਹ ਨਾ ਸਿਰਫ਼ ਛੋਟੀਆਂ ਡਰਾਈਵਿੰਗ ਗਲਤੀਆਂ ਦੇ ਖ਼ਤਰਨਾਕ ਨਤੀਜਿਆਂ ਨੂੰ ਦਰਸਾਉਂਦਾ ਹੈ, ਸਗੋਂ ਦੂਰ-ਦੁਰਾਡੇ ਖੇਤਰਾਂ ਵਿੱਚ ਸੜਕਾਂ ਦੀ ਅਤਿ ਅਸੁਰੱਖਿਆ ਨੂੰ ਵੀ ਦਰਸਾਉਂਦਾ ਹੈ। ਸਵਾਲ ਇਹ ਹੈ ਕਿ ਰਾਸ਼ਟਰੀ ਸੁਰੱਖਿਆ ਲਈ ਮਹੱਤਵਪੂਰਨ ਮੰਨੇ ਜਾਂਦੇ ਖੇਤਰਾਂ ਵਿੱਚ ਸੜਕਾਂ ਨੂੰ ਇਸ ਹਾਲਤ ਵਿੱਚ ਕਿਵੇਂ ਛੱਡ ਦਿੱਤਾ ਗਿਆ ਹੈ ਕਿ, ਜੇਕਰ ਕੋਈ ਵਾਹਨ ਖੱਡ ਵਿੱਚ ਡਿੱਗ ਜਾਂਦਾ ਹੈ, ਤਾਂ ਸਵਾਰ ਲੋਕਾਂ ਦੇ ਬਚਣ ਦੀ ਸੰਭਾਵਨਾ ਘੱਟ ਜਾਂਦੀ ਹੈ। ਦੁੱਖ ਦੀ ਗੱਲ ਹੈ ਕਿ ਪੂਰੇ ਖੇਤਰ ਵਿੱਚ ਸੁਰੱਖਿਆ ਬਲਾਂ ਨੂੰ ਦਰਪੇਸ਼ ਵੱਖ-ਵੱਖ ਜੋਖਮਾਂ ਵੱਲ ਲੋੜੀਂਦਾ ਧਿਆਨ ਨਹੀਂ ਦਿੱਤਾ ਗਿਆ ਹੈ। ਨਹੀਂ ਤਾਂ, ਦੁਰਘਟਨਾ-ਸੰਭਾਵੀ ਖੇਤਰਾਂ ਵਿੱਚ ਸੜਕਾਂ ਦੇ ਨਾਲ-ਨਾਲ ਮਜ਼ਬੂਤ ਸੁਰੱਖਿਆ ਵਾੜ ਜਾਂ ਪੈਰਾਪੇਟ ਲਗਾਉਣ ਨਾਲ ਪਹਾੜੀ ਖੇਤਰਾਂ ਵਿੱਚ ਜਾਨ-ਮਾਲ ਦਾ ਨੁਕਸਾਨ ਘੱਟ ਸਕਦਾ ਸੀ। ਵਾਹਨ ਹਾਦਸਿਆਂ ਦੀਆਂ ਘਟਨਾਵਾਂ, ਜਿਸ ਦੇ ਨਤੀਜੇ ਵਜੋਂ ਸੈਨਿਕਾਂ ਦੀ ਮੌਤ ਜਾਂ ਸੱਟ ਲੱਗਦੀ ਹੈ, ਜੰਮੂ-ਕਸ਼ਮੀਰ ਦੇ ਪਹਾੜੀ ਅਤੇ ਉੱਚ-ਉਚਾਈ ਵਾਲੇ ਖੇਤਰਾਂ ਵਿੱਚ ਅਕਸਰ ਵਾਪਰਦੀਆਂ ਰਹੀਆਂ ਹਨ। ਜਦੋਂ ਕਿ ਡਰਾਈਵਰ ਦਾ ਕੰਟਰੋਲ ਗੁਆਉਣਾ ਇੱਕ ਕਾਰਕ ਹੋ ਸਕਦਾ ਹੈ, ਖੇਤਰ ਦੀਆਂ ਤੰਗ, ਘੁੰਮਦੀਆਂ ਸੜਕਾਂ ਤਿੱਖੇ ਮੋੜਾਂ ’ਤੇ ਫਿਸਲਣ ਦਾ ਖ਼ਤਰਾ ਹਨ। ਖੰਨੀ ਟੌਪ ਵਰਗੇ ਖੇਤਰਾਂ ਵਿੱਚ, ਜਿੱਥੇ ਹਾਲ ਹੀ ਵਿੱਚ ਵਾਪਰੀ ਘਟਨਾ ਵਿੱਚ ਫੌਜ ਦਾ ਵਾਹਨ ਹਾਦਸੇ ਦਾ ਸ਼ਿਕਾਰ ਹੋਇਆ, ਉੱਚਾਈ ਅਤੇ ਬੱਜਰੀ ਵਾਲੀ ਮਿੱਟੀ ਫਿਸਲਣ ਵਾਲੀਆਂ ਸਥਿਤੀਆਂ ਨੂੰ ਹੋਰ ਵੀ ਖਤਰਨਾਕ ਬਣਾਉਂਦੀ ਹੈ। ਦਸੰਬਰ ਅਤੇ ਜਨਵਰੀ ਦੌਰਾਨ ਬਹੁਤ ਜ਼ਿਆਦਾ ਠੰਢ ਅਤੇ ਬਰਫ਼ਬਾਰੀ ਕਾਰਨ ਸੜਕਾਂ ’ਤੇ ਤਿਲਕਣ ਆਮ ਹੁੰਦੀ ਹੈ। ਇਸ ਲਈ, ਜੇਕਰ ਭਾਰੀ ਫੌਜੀ ਵਾਹਨ ਇਨ੍ਹਾਂ ਸੜਕਾਂ ’ਤੇ ਯਾਤਰਾ ਕਰਦੇ ਹਨ, ਤਾਂ ਉੱਚਾਈ ’ਤੇ ਵਾਹਨ ਨੂੰ ਕੰਟਰੋਲ ਕਰਨਾ ਅਕਸਰ ਮੁਸ਼ਕਲ ਹੁੰਦਾ ਹੈ ਅਤੇ ਦੁਰਘਟਨਾ ਦਾ ਖ਼ਤਰਾ ਹੁੰਦਾ ਹੈ। ਹਾਦਸਿਆਂ ਨੂੰ ਰੋਕਣ ਲਈ, ਖੇਤਰ ਵਿੱਚ ਤਾਇਨਾਤ ਫੌਜਾਂ ਨੂੰ ਸਖ਼ਤ ਮੌਸਮੀ ਸਥਿਤੀਆਂ ਲਈ ਸਿਖਲਾਈ ਦਿੱਤੀ ਜਾਣੀ ਚਾਹੀਦੀ ਹੈ ਅਤੇ ਵਾਹਨਾਂ ਦੀ ਦੇਖਭਾਲ ਵੱਲ ਵਧੇਰੇ ਧਿਆਨ ਦਿੱਤਾ ਜਾਣਾ ਚਾਹੀਦਾ ਹੈ। ਇਹ ਯਕੀਨੀ ਬਣਾਉਣ ਲਈ ਕਿ ਦੇਸ਼ ਦੀ ਰੱਖਿਆ ਅਤੇ ਅੱਤਵਾਦ ਦਾ ਮੁਕਾਬਲਾ ਕਰਨ ਲਈ ਤਾਇਨਾਤ ਸੁਰੱਖਿਆ ਕਰਮਚਾਰੀਆਂ ਨੂੰ ਹਾਦਸਿਆਂ ਵਿੱਚ ਆਪਣੀ ਜਾਨ ਗੁਆਉਣ ਦੇ ਜੋਖਮ ਦਾ ਸਾਹਮਣਾ ਨਾ ਕਰਨਾ ਪਵੇ, ਪੂਰੀ ਤਰ੍ਹਾਂ ਸੜਕੀ ਬੁਨਿਆਦੀ ਢਾਂਚੇ ਨੂੰ ਯਕੀਨੀ ਬਣਾਉਣਾ ਅਤੇ ਪੂਰੇ ਸੁਰੱਖਿਆ ਉਪਾਅ ਕੀਤੇ ਜਾਣ ਨੂੰ ਯਕੀਨੀ ਬਣਾਉਣਾ ਬਹੁਤ ਜ਼ਰੂਰੀ ਹੈ।

-ਜਗਜੀਤ ਸਿੰਘ ਦਰਦੀ

# ਪੰਜਾਬ ਦੇ ਕਿਸਾਨ ਅੱਜ ਇੱਕ ਵੱਡੇ ਚੱਕਰਵਿਊ ਵਿੱਚ ਫਸੇ ਹੋਏ ਹਨ

## ਸਭ ਤੋਂ ਜ਼ਿਆਦਾ ਬਦਹਾਲੀ ਪੰਜਾਬੀ ਛੋਟੇ ਕਿਸਾਨਾਂ ਤੇ ਦਲਿਤ ਮਜ਼ਦੂਰਾਂ ਦੀ ਹੈ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਪੰਜਾਬ ਵਿੱਚ ਭਾਰੀ ਬੇਚੈਨੀ ਹੈ ਅਤੇ ਅੱਜ ਦੇ ਸਮੇਂ ਵਿੱਚ ਵੱਡੇ ਪੱਧਰ ’ਤੇ ਦੁੱਖਾਂ ਅਤੇ ਮੁਸੀਬਤਾਂ ਦਾ ਮਾਹੌਲ ਬਣਿਆ ਹੋਇਆ ਹੈ। ਇੱਕ ਸਮੇਂ ਦਾ ਰੰਗਲਾ ਪੰਜਾਬ, ਜੋ ਭਾਰਤ ਦਾ ਅਨਾਜ ਦਾ ਕਟੋਰਾ ਕਿਹਾ ਜਾਂਦਾ ਸੀ, ਅੱਜ ਕਰਜ਼ੇ, ਨਸ਼ੇ, ਬੇਰੁਜ਼ਗਾਰੀ, ਕਿਸਾਨਾਂ ਦੀ ਮੁਸੀਬਤ ਅਤੇ ਰਾਜਨੀਤਕ ਅਸਥਿਰਤਾ ਨਾਲ ਜੂਝ ਰਿਹਾ ਹੈ।

ਅੱਜ ਕੁਦਰਤ ਵੀ ਬੇਰਹਿਮੀ ਨਾਲ ਵਰਤੋਂ ਕਰ ਰਹੀ ਹੈ—ਹੜ੍ਹਾਂ ਪਾਣੀ ਦੀ ਕਮੀ ਅਤੇ ਮੌਸਮੀ ਤਬਦੀਲੀ ਨੇ ਖੇਤੀਬਾੜੀ ਨੂੰ ਭਾਰੀ ਨੁਕਸਾਨ ਪਹੁੰਚਾਇਆ ਹੈ। ਲੁੱਟ-ਖੋਹ, ਪੁਲਿਸ ਦੀ ਕਾਰਵਾਈ, ਦਫਤਰਾਂ ਦਾ ਭ੍ਰਿਸ਼ਟਾਚਾਰ ਅਤੇ ਸਿੱਖਿਆ ਪ੍ਰਣਾਲੀ ਦੀ ਹਾਲਤ ਨੇ ਲੋਕਾਂ ਵਿੱਚ ਨਿਰਾਸ਼ਾ ਵਧਾ ਦਿੱਤੀ ਹੈ। ਰਾਜਨੀਤਕ ਪਾਰਟੀਆਂ ਦੀਆਂ ਆਪਸੀ ਲੜਾਈਆਂ ਨੇ ਸੂਬੇ ਨੂੰ ਹੋਰ ਕਮਜ਼ੋਰ ਕੀਤਾ ਹੈ।

ਇੱਥੇ ਅਸੀਂ ਇਨ੍ਹਾਂ ਸਾਰੇ ਮੁੱਦਿਆਂ ’ਤੇ ਵਿਸਥਾਰ ਨਾਲ ਚਰਚਾ ਕਰਦਿਆਂ, ਅੰਕੜਿਆਂ ਨਾਲ ਸਮਝਾਵਾਂਗੇ ਅਤੇ ਪੰਜਾਬ ਦੇ ਭਵਿੱਖ ਬਾਰੇ ਵਿਚਾਰ ਕਰਾਂਗੇ।

ਅੱਜ ਆਰਥਿਕ ਸੰਕਟ ਅਤੇ ਵਧਦਾ ਕਰਜ਼ਾ ਪੰਜਾਬ ਦੀ ਆਰਥਿਕ ਹਾਲਤ ਸਭ ਤੋਂ ਵੱਡੀ ਚਿੰਤਾ ਦਾ ਵਿਸ਼ਾ ਹੈ । ਗ੍ਰੀਨ ਰੈਵੋਲੂਸ਼ਨ ਨੇ ਇੱਕ ਸਮੇਂ ਸੂਬੇ ਨੂੰ ਅੱਗੇ ਵਧਾਇਆ ਸੀ, ਪਰ ਅੱਜ ਇਹੀ ਖੇਤੀ ਮਾਡਲ ਕਰਜ਼ੇ ਅਤੇ ਅਸਥਿਰਤਾ ਦਾ ਕਾਰਨ ਬਣ ਰਿਹਾ ਹੈ। 2025-26 ਦੇ ਬਜਟ ਅਨੁਸਾਰ, ਪੰਜਾਬ ਦਾ ਕੁੱਲ ਕਰਜ਼ਾ 4.17 ਲੱਖ ਕਰੋੜ ਰੁਪਏ ਤੱਕ ਪਹੁੰਚ ਗਿਆ ਹੈ, ਜੋ GSDP (ਗਰਾਸ ਸਟੇਟ ਡੋਮੈਸਟਿਕ ਪ੍ਰੋਡੈਕਟ) ਦਾ ਲਗਭਗ 46-47% ਹੈ। ਇਹ ਭਾਰਤ ਦੇ ਸੂਬਿਆਂ ਵਿੱਚ ਸਭ ਤੋਂ ਵੱਧ ਕਰਜ਼ੇ ਵਾਲੇ ਸੂਬਿਆਂ ਵਿੱਚੋਂ ਇੱਕ ਹੈ।ਕਰਜ਼ੇ ਦੀ ਸੇਵਾ (ਵਿਆਜ ਅਤੇ ਮੁੱਖ ਰਕਮ ਵਾਪਸੀ) ਲਈ ਰਾਜ ਦੀ ਆਮਦਨ ਦਾ 40% ਤੋਂ ਵੱਧ ਹਿੱਸਾ ਖਰਚ ਹੋ ਰਿਹਾ ਹੈ। ਰੈਵੇਨਿਊ ਡੈਫਿਸਿਟ 2.7% ਅਤੇ ਫਿਸਕਲ ਡੈਫਿਸਿਟ 3.8% GSDP ਦਾ ਹੈ।

ਅੱਜ ਇਹ ਸਥਿਤੀ ਵਿਕਾਸ ’ਤੇ ਖਰਚ ਨੂੰ ਘਟਾ ਰਹੀ ਹੈ—ਸਿੱਖਿਆ, ਸਿਹਤ ਅਤੇ ਬੁਨਿਆਦੀ ਢਾਂਚੇ ਲਈ ਘੱਟ ਪੈਸੇ ਬਚਦੇ ਹਨ।ਕਿਸਾਨਾਂ ਦੀ ਹਾਲਤ ਵੀ ਬਹੁਤ ਖਰਾਬ ਹੈ। ਲਗਭਗ 89% ਕਿਸਾਨ ਪਰਿਵਾਰ ਕਰਜ਼ੇ ਵਿੱਚ ਹਨ ਅਤੇ ਕੁੱਲ ਖੇਤੀ ਕਰਜ਼ਾ 1 ਲੱਖ ਕਰੋੜ ਤੋਂ ਵੱਧ ਹੈ। ਗ੍ਰੀਨ ਰੈਵੋਲੂਸ਼ਨ ਦੇ ਚੱਕਰ ਵਿੱਚ ਫਸੇ ਕਿਸਾਨ ਪਾਣੀ ਦੀ ਕਮੀ, ਮਹਿੰਗੇ ਖਾਦਾਂ ਅਤੇ MSP ਦੀ ਅਨਿਸ਼ਚਿਤਤਾ ਨਾਲ ਜੂਝ ਰਹੇ ਹਨ। ਬਹੁਤ ਸਾਰੇ ਕਿਸਾਨ ਆਪਣੇ ਬੱਚਿਆਂ ਨੂੰ ਖੇਤੀ ਵਿੱਚ ਨਹੀਂ ਰੱਖਣਾ ਚਾਹੁੰਦੇ।ਨਸ਼ੇ ਦੀ ਵਿਆਪਕ ਸਮੱਸਿਆ ਨਸ਼ਾ ਪੰਜਾਬ ਦੀ ਸਭ ਤੋਂ ਵੱਡੀ ਅਫੀਮ ਹੈ। PGIMER ਦੇ 2022 ਸਰਵੇ ਅਨੁਸਾਰ, 15.4% ਆਬਾਦੀ ਕਿਸੇ ਨਾ ਕਿਸੇ ਨਸ਼ੇ ਵਿੱਚ ਸ਼ਾਮਲ ਹੈ। ਓਪੀਓਇਡ ਨਸ਼ੇ ਦੇ 2.3 ਲੱਖ ਤੋਂ ਵੱਧ ਨਸ਼ੇੜੀ ਹਨ। NCRB ਦੇ ਅਨੁਸਾਰ, 2023 ਵਿੱਚ ਪੰਜਾਬ ਵਿੱਚ ਨਸ਼ੇ ਨਾਲ ਸਬੰਧਤ ਮੌਤਾਂ ਦੀ ਸੰਖਿਆ ਸਭ ਤੋਂ ਵੱਧ (89) ਸੀ। 2015 ਤੋਂ 2024 ਤੱਕ 51,000 ਤੋਂ ਵੱਧ NDPS ਕੇਸ ਅਤੇ 4,600 ਕਿਲੋ ਹੀਰੋਇਨ ਜ਼ਬਤ ਹੋਈ ਹੈ।ਨਸ਼ੇ ਨੇ ਨੌਜਵਾਨਾਂ ਨੂੰ ਬਰਬਾਦ ਕੀਤਾ ਹੈ।

ਅੱਜ ਸੱਚ ਹੈ ਕਿ ਬੇਰੁਜ਼ਗਾਰੀ ਅਤੇ ਨਿਰਾਸ਼ਾ ਕਾਰਨ ਬਹੁਤ ਸਾਰੇ ਨੌਜਵਾਨ ਨਸ਼ੇ ਵੱਲ ਮੁੜ ਰਹੇ ਹਨ। ਸਰਕਾਰ ਨੇ ‘ਯੁੱਧ ਨਸ਼ੇ ਵਿਰੁੱਧ’ ਮੁਹਿੰਮ ਚਲਾਈ ਹੈ, ਪਰ ਨਤੀਜੇ ਅਜੇ ਵੀ ਅਧੂਰੇ ਹਨ। ਨਸ਼ੇ ਨੇ ਪਰਿਵਾਰਾਂ ਨੂੰ ਤਬਾਹ ਕੀਤਾ ਹੈ ਅਤੇ ਅਪਰਾਧ ਵਧਾਇਆ ਹੈ।ਬੇਰੁਜ਼ਗਾਰੀ ਅਤੇ ਵਿਦੇਸ਼ ਪਲਾਇਨ: ਨੌਜਵਾਨਾਂ ਵਿੱਚ ਬੇਰੁਜ਼ਗਾਰੀ ਬਹੁਤ ਵੱਧ ਹੈ। 15-29 ਸਾਲ ਦੇ ਨੌਜਵਾਨਾਂ ਵਿੱਚ ਬੇਰੁਜ਼ਗਾਰੀ ਦਰ 18-20% ਤੱਕ ਹੈ, ਜੋ ਰਾਸ਼ਟਰੀ ਔਸਤ (14-15%) ਤੋਂ ਵੱਧ ਹੈ। ਔਰਤਾਂ ਵਿੱਚ ਇਹ ਦਰ ਹੋਰ ਵੱਧ ਹੈ। PLFS ਅਨੁਸਾਰ ਪੰਜਾਬ ਵਿੱਚ ਯੂਥ ਅਨੈਂਪਲਾਇਮੈਂਟ ਰੇਟ ਰਾਸ਼ਟਰੀ ਔਸਤ ਤੋਂ ਉੱਪਰ ਹੈ।

ਅੱਜ ਇਸ ਕਾਰਨ ਵੱਡੀ ਪੱਧਰ ’ਤੇ ਵਿਦੇਸ਼ ਪਲਾਇਨ ਹੋ ਰਿਹਾ ਹੈ। ਬਹੁਤ ਸਾਰੇ ਨੌਜਵਾਨ ਗੈਰ-ਕਾਨੂੰਨੀ ਤਰੀਕਿਆਂ ਨਾਲ ਵਿਦੇਸ਼ ਜਾ ਰਹੇ ਹਨ। ਅਮਰੀਕਾ ਤੋਂ ਵਾਪਸ ਭੇਜੇ ਗਏ ਇਮੀਗ੍ਰੇਂਟਸ ਵਿੱਚ ਪੰਜਾਬ ਦਾ ਹਿੱਸਾ ਬਹੁਤ ਵੱਧ ਹੈ। ਇਹ ਬ੍ਰੇਨ ਡਰੇਨ ਅਤੇ ਪਰਿਵਾਰਾਂ ਦੀ ਤਬਾਹੀ ਕਾਰਨ ਬਣ ਰਿਹਾ ਹੈ। ਅੱਜ ਸਿੱਖਿਆ ਅਤੇ ਸਿਹਤ ਪ੍ਰਣਾਲੀ ਦੀ ਹਾਲਤ ਸਿੱਖਿਆ ਪ੍ਰਣਾਲੀ ਵਿੱਚ ਸੁਧਾਰ ਦੀ ਲੋੜ ਹੈ। ਸਰਕਾਰੀ ਸਕੂਲਾਂ ਦੀ ਹਾਲਤ ਖਰਾਬ ਹੈ—ਅਧਿਆਪਕਾਂ ਦੀ ਕਮੀ, ਬੁਨਿਆਦੀ ਸਹੂਲਤਾਂ ਦੀ ਘਾਟ ਅਤੇ ਵਿਦਿਆਰਥੀਆਂ ਦੀ ਡਰਾਪਆਊਟ ਰੇਟ ਵੱਧ ਰਹੀ ਹੈ। ਬਜਟ ਵਿੱਚ ਸਿੱਖਿਆ ਲਈ ਵਧੇਰੇ ਫੰਡ ਦੀ ਲੋੜ ਹੈ, ਪਰ ਕਰਜ਼ੇ ਕਾਰਨ ਇਹ ਸੰਭਵ ਨਹੀਂ ਹੋ ਰਿਹਾ।

ਅੱਜ ਸਿਹਤ ਬਾਰੇ ਦਸ ਲੱਖ ਦਾ ਮੁਫਤ ਇਲਾਜ ਕਿਹਾ ਗਿਆ ਹੈ ਪ੍ਰੰਤੂ ਪੰਜਾਬ ਵਿੱਚ ਸਿਹਤ ਸੇਵਾਵਾਂ ਵੀ ਕਮਜ਼ੋਰ ਹਨ। ਨਸ਼ੇ ਦੇ ਇਲਾਜ ਲਈ ਡੀ-ਐਡਿਕਸ਼ਨ ਸੈਂਟਰ ਅਧੂਰੇ ਹਨ । **ਪੁਲਿਸ ਅਤੇ ਕਾਨੂੰਨ ਵਿਵਸਥਾ:** ਪੁਲਿਸ ਵਿੱਚ ਭ੍ਰਿਸ਼ਟਾਚਾਰ ਅਤੇ ਅਪਰਾਧ ਵਧੇ ਹਨ। ਗੈਂਗਸਟਰਾਂ ਦੇ ਹਮਲੇ, ਐਕਸਟਾਰਸ਼ਨ ਅਤੇ ਗ੍ਰਨੇਡ ਹਮਲੇ ਹੋ ਰਹੇ ਹਨ। ਪੁਲਿਸ ਨੇ 2025 ਵਿੱਚ ਬਹੁਤ ਸਾਰੇ ਕੇਸ ਸਾਲਵ ਕੀਤੇ, ਪਰ ਅਜੇ ਵੀ ਚੁਣੌਤੀਆਂ ਬਹੁਤ ਹਨ।ਪੰਜਾਬ ਦੇ ਕਿਸਾਨਾਂ ਦੀਆਂ ਮੁਸੀਬਤਾਂ ਅੱਜ ਦੇ ਸਮੇਂ ਵਿੱਚ ਬਹੁਤ ਡੂੰਘੀਆਂ ਅਤੇ ਜਟਿਲ ਹੋ ਚੁੱਕੀਆਂ ਹਨ।

ਇੱਕ ਸਮੇਂ ਜਿੱਥੇ ਪੰਜਾਬ ਨੂੰ ਭਾਰਤ ਦਾ ‘ਅਨਾਜ ਦਾ ਕਟੋਰਾ’ ਕਿਹਾ ਜਾਂਦਾ ਸੀ, ਅੱਜ ਉਹੀ ਕਿਸਾਨ ਕਰਜ਼ੇ ਦੇ ਭਾਰ ਤਹਿਤ ਦੱਬੇ ਜਾ ਰਹੇ ਹਨ, ਪਾਣੀ ਦੀ ਕਮੀ ਨਾਲ ਜੂਝ ਰਹੇ ਹਨ, ਮੌਸਮੀ ਤਬਦੀਲੀ ਦੇ ਅਸਰ ਨੂੰ ਝੱਲ ਰਹੇ ਹਨ ਅਤੇ ਆਰਥਿਕ ਤੌਰ ’ਤੇ ਟੁੱਟ ਰਹੇ ਹਨ। ਆਓ ਇਨ੍ਹਾਂ ਮੁੱਦਿਆਂ ਨੂੰ ਵਿਸਥਾਰ ਨਾਲ ਸਮਝੀਏ, ਨਵੀਨਤਮ ਅੰਕੜਿਆਂ ਅਤੇ ਹਕੀਕਤਾਂ ਨਾਲ।

ਅੱਜ ਵੱਧਦਾ ਕਰਜ਼ਾ ਅਤੇ ਕਰਜ਼ੇ ਦਾ ਜਾਲ (Debt Trap) ਪੰਜਾਬ ਵਿੱਚ ਕਿਸਾਨ ਪਰਿਵਾਰਾਂ ਦਾ ਕਰਜ਼ਾ ਬਹੁਤ ਵੱਡੀ ਸਮੱਸਿਆ ਬਣ ਚੁੱਕਾ ਹੈ। NABARD ਅਤੇ ਵੱਖ-ਵੱਖ ਰਿਪੋਰਟਾਂ ਅਨੁਸਾਰ ਲਗਭਗ 89% ਕਿਸਾਨ ਪਰਿਵਾਰ ਕਰਜ਼ੇ ਵਿੱਚ ਹਨ।

ਔਸਤਨ ਹਰ ਕਿਸਾਨ ਪਰਿਵਾਰ ’ਤੇ ਲਗਭਗ 3 ਲੱਖ ਰੁਪਏ ਦਾ ਕਰਜ਼ਾ ਹੈ। ਸੂਬੇ ਵਿੱਚ ਕੁੱਲ ਖੇਤੀ ਕਰਜ਼ਾ 1 ਲੱਖ ਕਰੋੜ ਤੋਂ ਵੱਧ (ਕੁਝ ਅੰਕੜੇ 2024 ਵਿੱਚ 59,600 ਕਰੋੜ ਤੱਕ ਦੱਸਦੇ ਹਨ) ਹੈ।

ਅੱਜ ਇਹ ਕਰਜ਼ਾ ਮੁੱਖ ਤੌਰ ’ਤੇ ਬੈਂਕਾਂ, ਸਹਿਕਾਰੀ ਸੰਸਥਾਵਾਂ ਤੋਂ ਲਿਆ ਜਾਂਦਾ ਹੈ ਪਰ ਬਹੁਤ ਸਾਰੇ ਕਿਸਾਨ ਸੂਦਖੋਰਾਂ ਅਤੇ ਮਾਈਕ੍ਰੋਫਾਈਨੈਂਸ ਕੰਪਨੀਆਂ ਤੋਂ ਮਹਿੰਗੇ ਦਰਾਂ ’ਤੇ ਕਰਜ਼ਾ ਲੈਂਦੇ ਹਨ। ਇਨਪੁਟ ਖਰਚੇ (ਖਾਦ, ਬੀਜ, ਕੀਟਨਾਸ਼ਕ, ਡੀਜ਼ਲ, ਮਜ਼ਦੂਰੀ) ਵਧ ਰਹੇ ਹਨ ਪਰ ਫਸਲਾਂ ਦੀ ਕੀਮਤ ਨਹੀਂ ਵਧ ਰਹੀ। ਗ੍ਰੀਨ ਰੈਵੋਲੂਸ਼ਨ ਦੇ ਚੱਕਰ ਵਿੱਚ ਫਸੇ ਕਿਸਾਨ ਧਾਨ-ਕਣਕ ਦੀ ਫਸਲ ’ਤੇ ਨਿਰਭਰ ਹਨ, ਜੋ ਮਿੱਟੀ ਅਤੇ ਪਾਣੀ ਨੂੰ ਖਤਮ ਕਰ ਰਹੀ ਹੈ ਅਤੇ ਲਾਭ ਨਹੀਂ ਦੇ ਰਹੀ।ਬਹੁਤ ਸਾਰੇ ਕਿਸਾਨ ਆਪਣੀ ਜ਼ਮੀਨ ਵੇਚ ਕੇ ਵਿਦੇਸ਼ ਜਾ ਰਹੇ ਹਨ ਜਾਂ ਗੈਰ-ਕਾਨੂੰਨੀ ਇਮੀਗ੍ਰੇਸ਼ਨ ਦਾ ਸਹਾਰਾ ਲੈ ਰਹੇ ਹਨ। ਇਹ ਕਰਜ਼ਾ ਹੁਣ ਮੌਤ ਦਾ ਜਾਲ ਬਣ ਚੁੱਕਾ ਹੈ।

ਅੱਜ ਆਤਮਹੱਤਿਆਵਾਂ ਅਤੇ ਮਾਨਸਿਕ ਦਬਾਅ (Farmer Suicides) ਕਿਸਾਨਾਂ ਦੀਆਂ ਆਤਮਹੱਤਿਆ ਪੰਜਾਬ ਵਿੱਚ ਇੱਕ ਵੱਡੀ ਤ੍ਰਾਸਦੀ ਰਹੀ ਹੈ। **NCRB ਦੇ ਅੰਕੜੇ ਅਨੁਸਾਰ:** 2023 ਵਿੱਚ ਪੰਜਾਬ ਵਿੱਚ ਕੁੱਲ 174 ਆਤਮਹੱਤਿਆਵਾਂ (141 ਕਿਸਾਨ ਅਤੇ 33 ਮਜ਼ਦੂਰ) ਦਰਜ ਹੋਈਆਂ।

ਇਹ ਅੰਕੜਾ 2019 ਦੇ 302 ਤੋਂ ਘੱਟ ਕੇ ਆਇਆ ਹੈ (ਲਗਭਗ 40% ਘਟਾਅ)। ਰਾਸ਼ਟਰੀ ਪੱਧਰ ’ਤੇ 2023 ਵਿੱਚ ਕੁੱਲ 10,786 ਆਤਮਹੱਤਿਆਵਾਂ (4,690 ਕਿਸਾਨ ਅਤੇ 6,096 ਮਜ਼ਦੂਰ) ਹੋਈਆਂ ਪਰ ਕਿਸਾਨ ਜਥੇਬੰਦੀਆਂ NCRB ਅੰਕੜਿਆਂ ਨੂੰ ਘੱਟ ਦੱਸਦੇ ਹੋਏ ਮੰਨਦੀਆਂ ਹਨ।

ਅੱਜ 2000-2015 ਵਿੱਚ ਤਿੰਨ ਯੂਨੀਵਰਸਿਟੀਆਂ ਦੀ ਸਰਵੇਖਣ ਅਨੁਸਾਰ ਔਸਤਨ 1,000 ਤੋਂ ਵੱਧ ਆਤਮਹੱਤਿਆਵਾਂ ਸਾਲਾਨਾ ਹੋਈਆਂ ਸਨ। ਅਸਲ ਅੰਕੜੇ ਹੋਰ ਵੱਧ ਹੋ ਸਕਦੇ ਹਨ ਕਿਉਂਕਿ ਬਹੁਤ ਸਾਰੀਆਂ ਮੌਤਾਂ ਨੂੰ ਕਿਸਾਨੀ ਸੰਕਟ ਨਾਲ ਜੋੜ ਕੇ ਨਹੀਂ ਲਿਖਿਆ ਜਾਂਦਾ। ਮੁੱਖ ਕਾਰਨ ਹਨ—ਕਰਜ਼ਾ, ਫਸਲ ਦਾ ਘੱਟ ਮੁੱਲ, ਮੌਸਮੀ ਨੁਕਸਾਨ ਅਤੇ ਨਿਰਾਸ਼ਾ।

ਅੱਜ ਪਾਣੀ ਦੀ ਕਮੀ ਅਤੇ ਭੂਮੀਗਤ ਪਾਣੀ ਦਾ ਘਟਣਾ ਪੰਜਾਬ ਵਿੱਚ ਧਾਨ ਦੀ ਫਸਲ ਨੇ ਭੂਮੀਗਤ ਪਾਣੀ ਨੂੰ ਬਹੁਤ ਘਟਾ ਦਿੱਤਾ ਹੈ।ਪੰਜਾਬ ਵਿੱਚ ਪਾਣੀ ਦਾ ਸੰਕਟ ਬਹੁਤ ਗੰਭੀਰ ਹੈ—ਬਹੁਤ ਸਾਰੇ ਖੇਤਰਾਂ ਵਿੱਚ ਪਾਣੀ 1,000-1,500 ਫੁੱਟ ਹੇਠਾਂ ਚਲਾ ਗਿਆ ਹੈ।

ਧਾਨ ਦੀ ਫਸਲ ਲਈ ਬਹੁਤ ਪਾਣੀ ਲੱਗਦਾ ਹੈ (ਪ੍ਰਤੀ ਕੁਇੰਟਲ 1,500-2,000 ਲੀਟਰ), ਜੋ ਮਿੱਟੀ ਨੂੰ ਖਰਾਬ ਕਰ ਰਿਹਾ ਹੈ। ਮਾਹਿਰਾਂ ਅਨੁਸਾਰ ਜੇਕਰ ਇਹ ਸਿਲਸਿਲਾ ਜਾਰੀ ਰਿਹਾ ਤਾਂ 10-15 ਸਾਲਾਂ ਵਿੱਚ ਬਹੁਤ ਸਾਰੇ ਖੇਤਰਾਂ ਵਿੱਚ ਖੇਤੀ ਅਸੰਭਵ ਹੋ ਜਾਵੇਗੀ। ਸਭ ਤੋਂ ਜ਼ਿਆਦਾ ਬਦਹਾਲੀ ਪੰਜਾਬੀ ਛੋਟੇ ਕਿਸਾਨਾਂ ਤੇ ਦਲਿਤ ਮਜ਼ਦੂਰਾਂ ਦੀ ਹੈ

ਹੁਣ ਸਰਕਾਰ ਨੇ ਧਾਨ ਦੀ ਬਿਜਾਈ ਵਿੱਚ ਦੇਰੀ ਅਤੇ ਵਿਭਿੰਨ ਫਸਲਾਂ ਨੂੰ ਉਤਸ਼ਾਹਿਤ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਹਨ ਪਰ ਕਿਸਾਨ MSP ਅਤੇ ਬਿਜਲੀ ਸਬਸਿਡੀ ਕਾਰਨ ਧਾਨ ’ਤੇ ਅਟਕੇ ਹੋਏ ਹਨ। MSP ਅਤੇ ਫਸਲਾਂ ਦੀ ਕੀਮਤ (MSP and Remunerative Prices) ਕਿਸਾਨਾਂ ਦੀ ਸਭ ਤੋਂ ਵੱਡੀ ਮੰਗ MSP ਦੀ ਕਾਨੂੰਨੀ ਗਰੰਟੀ ਹੈ।2025-26 ਲਈ ਧਾਨ ਦਾ MSP 2,369 ਪ੍ਰਤੀ ਕੁਇੰਟਲ ਰੱਖਿਆ ਗਿਆ ਹੈ (ਵਾਧਾ ਹੋਇਆ ਹੈ)।

ਰਬੀ ਫਸਲਾਂ ਲਈ 2026-27 ਵਿੱਚ ਵੀ ਵਾਧਾ ਹੋਇਆ ਹੈ (ਜਿਵੇਂ ਕਣਕ ਲਈ 160 ਵਧੇਰੇ) ਪਰ ਕਿਸਾਨ ਮੰਨਦੇ ਹਨ ਕਿ ਇਹ ਵਾਧਾ ਖਰਚੇ ਨੂੰ ਪੂਰਾ ਨਹੀਂ ਕਰਦਾ। ਇਨਪੁਟ ਖਰਚੇ 10-15% ਸਾਲਾਨਾ ਵਧ ਰਹੇ ਹਨ । ਬਹੁਤ ਸਾਰੀਆਂ ਫਸਲਾਂ (ਜਿਵੇਂ ਦਾਲਾਂ, ਤੇਲ ਦੇ ਬੀਜ) ’ਤੇ MSP ਨਹੀਂ ਮਿਲਦਾ ਜਾਂ ਖਰੀਦ ਨਹੀਂ ਹੁੰਦੀ, ਜਿਸ ਕਾਰਨ ਕਿਸਾਨ ਧਾਨ-ਕਣਕ ਵੱਲ ਹੀ ਮੁੜਦੇ ਹਨ।

ਅੱਜ 2024-2025 ਵਿੱਚ ਵੀ ਕਿਸਾਨਾਂ ਨੇ MSP ਗਰੰਟੀ ਲਈ ਪ੍ਰਦਰਸ਼ਨ ਕੀਤੇ ਅਤੇ ਬੰਦ ਰੋਕੇ। ਹੋਰ ਮੁਸੀਬਤਾਂ ਮੌਸਮੀ ਤਬਦੀਲੀ ਵਿੱਚ ਹੜ੍ਹ, ਸੋਕਾ, ਗਰਮੀ ਦੀਆਂ ਲਹਿਰਾਂ ਨੇ ਫਸਲਾਂ ਨੂੰ ਨੁਕਸਾਨ ਪਹੁੰਚਾਇਆ। ਅੱਜ ਛੋਟੀਆਂ ਜ਼ਮੀਨਾਂ ਵੰਡ ਕਾਰਨ ਔਸਤਨ ਜ਼ਮੀਨ ਦਾ ਆਕਾਰ ਘਟ ਰਿਹਾ ਹੈ, ਜੋ ਖੇਤੀ ਨੂੰ ਘੱਟ ਲਾਭਕਾਰੀ ਬਣਾ ਰਿਹਾ ਹੈ। ਮਜ਼ਦੂਰੀ ਅਤੇ ਖਰਚੇ ਮਜ਼ਦੂਰ ਮਹਿੰਗੇ ਹੋ ਰਹੇ ਹਨ ਅਤੇ ਮਸ਼ੀਨਰੀ ਦੀ ਲੋੜ ਵਧ ਰਹੀ ਹੈ ਅਤੇ ਵਿਭਿੰਨਤਾ ਦੀ ਘਾਟ ਕਾਰਨ ਪਲਸ ਮਿਸ਼ਨ ਵਰਗੇ ਪ੍ਰੋਗਰਾਮ ਹਨ ਪਰ ਕਿਸਾਨ ਨਹੀਂ ਬਦਲ ਰਹੇ ਕਿਉਂਕਿ ਰਿਸਕ ਵੱਧ ਹੈ।

ਸੰਖੇਪ ਵਿੱਚ ਅਤੇ ਭਵਿੱਖ ਪੰਜਾਬ ਦੇ ਕਿਸਾਨ ਅੱਜ ਇੱਕ ਵੱਡੇ ਚੱਕਰਵਿਊ ਵਿੱਚ ਫਸੇ ਹੋਏ ਹਨ—ਗ੍ਰੀਨ ਰੈਵੋਲੂਸ਼ਨ ਨੇ ਸ਼ੁਰੂ ਵਿੱਚ ਲਾਭ ਦਿੱਤਾ ਪਰ ਹੁਣ ਇਹੀ ਮਾਡਲ ਉਨ੍ਹਾਂ ਨੂੰ ਬਰਬਾਦ ਕਰ ਰਿਹਾ ਹੈ। ਸਰਕਾਰ ਨੂੰ ਲੋੜ ਹੈ:MSP ਦੀ ਕਾਨੂੰਨੀ ਗਰੰਟੀ ਅਤੇ ਹੋਰ ਫਸਲਾਂ ਲਈ ਖਰੀਦ। ਖੇਤੀ ਵਿਭਿੰਨਤਾ (ਦਾਲਾਂ, ਫਲ, ਸਬਜ਼ੀਆਂ) ਲਈ ਸਬਸਿਡੀ ਅਤੇ ਬਾਜ਼ਾਰ। ਪਾਣੀ ਬਚਾਉਣ ਵਾਲੀਆਂ ਤਕਨੀਕਾਂ (ਡਰਿਪ, ਲੇਜ਼ਰ ਲੈਵਲਿੰਗ) ਨੂੰ ਉਤਸ਼ਾਹਿਤ ਕਰਨਾ। ਕਰਜ਼ਾ ਮਾਫੀ ਜਾਂ ਰੀਸਟਰਕਚਰਿੰਗ ਅਤੇ ਮਾਨਸਿਕ ਸਿਹਤ ਸਹਾਇਤਾ।

ਜੇਕਰ ਇਹ ਕਦਮ ਨਹੀਂ ਚੁੱਕੇ ਗਏ ਤਾਂ ਪੰਜਾਬ ਦੀ ਖੇਤੀ ਅਤੇ ਕਿਸਾਨਾਂ ਦਾ ਭਵਿੱਖ ਬਹੁਤ ਅੰਧੇਰਾ ਹੈ। ਕਿਸਾਨਾਂ ਨੂੰ ਬਚਾਉਣਾ ਮਤਲਬ ਪੰਜਾਬ ਨੂੰ ਬਚਾਉਣਾ ਹੈ—ਕਿਉਂਕਿ ਖੇਤੀ ਹੀ ਸੂਬੇ ਦੀ ਰੀੜ੍ਹ ਦੀ ਹੱਡੀ ਹੈ। ਅੱਜ ਦੇ ਰਾਜਨੀਤਕ ਮਾਹੌਲ ਅਤੇ ਭਵਿੱਖ ਵਿੱਚ ਰਾਜਨੀਤਕ ਪਾਰਟੀਆਂ—AAP, ਕਾਂਗਰਸ, ਅਕਾਲੀ ਦਲ ਅਤੇ BJP—ਆਪਸ ਵਿੱਚ ਲੜ ਰਹੀਆਂ ਹਨ । 2027 ਦੀਆਂ ਚੋਣਾਂ ਨੇੜੇ ਆ ਰਹੀਆਂ ਹਨ। AAP ’ਤੇ ਵਾਅਦੇ ਪੂਰੇ ਨਾ ਕਰਨ ਦੇ ਦੋਸ਼ ਹਨ। ਕਾਂਗਰਸ ਅੰਦਰੂਨੀ ਝਗੜੇ ਨਾਲ ਜੂਝ ਰਹੀ ਹੈ। ਅਕਾਲੀ ਦਲ ਅਤੇ BJP ਵੀ ਆਪਣੀ ਜਗ੍ਹਾ ਬਣਾਉਣ ਦੀ ਕੋਸ਼ਿਸ਼ ਵਿੱਚ ਹਨ।ਪੰਜਾਬ ਦਾ ਭਵਿੱਖ ਅਸਥਿਰ ਲੱਗ ਰਿਹਾ ਹੈ, ਪਰ ਉਮੀਦ ਵੀ ਹੈ। ਜੇਕਰ ਕਰਜ਼ਾ ਘਟਾਇਆ ਜਾਵੇ, ਖੇਤੀ ਵਿੱਚ ਵਿਭਿੰਨਤਾ ਲਿਆਂਦੀ ਜਾਵੇ, ਉਦਯੋਗ ਵਧਾਇਆ ਜਾਵੇ, ਨਸ਼ੇ ’ਤੇ ਸਖਤੀ ਕੀਤੀ ਜਾਵੇ ਅਤੇ ਨੌਜਵਾਨਾਂ ਲਈ ਨੌਕਰੀਆਂ ਪੈਦਾ ਕੀਤੀਆਂ ਜਾਣ, ਤਾਂ ਪੰਜਾਬ ਮੁੜ ਖੜ੍ਹਾ ਹੋ ਸਕਦਾ ਹੈ।

ਅੱਜ ਲੋਕਾਂ ਦੀ ਏਕਤਾ ਅਤੇ ਸਹੀ ਨੀਤੀਆਂ ਨਾਲ ਇਹ ਸੰਭਵ ਹੈ। ਪੰਜਾਬ ਨੂੰ ਬਚਾਉਣਾ ਸਮਾਂ ਆ ਗਿਆ ਹੈ—ਵਰਨਾ ਇਹ ਕੰਗਲਾ ਪੰਜਾਬ ਹੀ ਰਹਿ ਜਾਵੇਗਾ।

# ਪ੍ਰਗਤੀ: ਤੇਜ਼ ਰਫ਼ਤਾਰ ਤਰੱਕੀ ਲਈ ਇੱਕ ਦ੍ਰਿਸ਼ਟੀਕੋਣ

ਸ਼੍ਰੀ ਸੁਧਾਂਸ਼ ਪੰਤ

ਜਨਤਕ ਭਾਸ਼ਣ ਵਿੱਚ, ਨਵੀਆਂ ਯੋਜਨਾਵਾਂ ਦੀ ਸ਼ੁਰੂਆਤ ਜਾਂ ਵਧੇ ਹੋਏ ਬਜਟ ਵੰਡ ਨੂੰ ਅਕਸਰ ਸ਼ਾਸਨ ਸੁਧਾਰਾਂ ਦੇ ਸੂਚਕਾਂ ਵਜੋਂ ਵਰਤਿਆ ਜਾਂਦਾ ਹੈ। ਹਾਲਾਂਕਿ, ਕਿਸੇ ਦੇਸ਼ ਦੀ ਫੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਤਬਦੀਲੀ ਭਾਵੇਂ ਘੱਟ ਸਪੱਸ਼ਟ ਹੋਵੇ, ਬਹੁਤ ਜ਼ਿਆਦਾ ਮਹੱਤਵਪੂਰਨ ਹੁੰਦੀ ਹੈ। ਸਰਗਰਮ ਸ਼ਾਸਨ ਅਤੇ ਸਮੇਂ ਸਿਰ ਅਮਲ (ਪ੍ਰਗਤੀ) ਦੀ 50ਵੀਂ ਮੀਟਿੰਗ ਵਿੱਚ ਪ੍ਰਧਾਨ ਮੰਤਰੀ ਨੇ ਸ਼ਾਸਨ ਦੇ ਅਗਲੇ ਪੜਾਅ ਦੀ ਭਾਵਨਾ ਨੂੰ ਤਿੰਨ ਸ਼ਬਦਾਂ ਵਿੱਚ ਸਮੇਟਿਆ ਹੈ: ‘ਸੁਧਾਰ, ਪ੍ਰਦਰਸ਼ਨ ਅਤੇ ਤਬਦੀਲੀ’। ਸੁਧਾਰਾਂ ਰਾਹੀਂ ਪ੍ਰਣਾਲੀਆਂ ਨੂੰ ਸਰਲ ਬਣਾਇਆ ਜਾਣਾ ਚਾਹੀਦਾ ਹੈ; ਪ੍ਰਦਰਸ਼ਨ ਦਾ ਜ਼ਮੀਨੀ ਪੱਧਰ ’ਤੇ ਸਪੁਰਦਗੀ ਰਾਹੀਂ ਨਿਰਣਾ ਕੀਤਾ ਜਾਣਾ ਚਾਹੀਦਾ ਹੈ ਅਤੇ ਤਬਦੀਲੀ ਨੂੰ ਲੋਕਾਂ ਦੇ ਜੀਵਨ ’ਤੇ ਅਸਲ ਪ੍ਰਭਾਵ ਨਾਲ ਮਾਪਿਆ ਜਾਣਾ ਚਾਹੀਦਾ ਹੈ। ਇਹ ਪਿਛਲੇ ਦਹਾਕੇ ਦੌਰਾਨ ਭਾਰਤ ਦੇ ਸ਼ਾਸਨ ਵਿੱਚ ਆਈ ਵੱਡੀ ਤਬਦੀਲੀ ਨੂੰ ਦਰਸਾਉਂਦਾ ਹੈ। ਪ੍ਰਗਤੀ ਦੇ ਜ਼ਰੀਏ, ਜੋ ਇੱਕ ਅਜਿਹਾ ਪਲੇਟਫਾਰਮ ਹੈ, ਜਿਸਨੇ ਜਨਤਕ ਪ੍ਰੋਜੈਕਟ ਸਪੁਰਦਗੀ ਅਤੇ ਯੋਜਨਾ ਨਿਗਰਾਨੀ ਦੇ ਸੱਭਿਆਚਾਰ ਨੂੰ ਮਹੱਤਵਪੂਰਨ ਰੂਪ ਵਿੱਚ ਬਦਲ ਦਿੱਤਾ ਹੈ ਅਤੇ ਇਸ ਰਾਹੀਂ ਭਾਰਤ ਨੇ ਇੱਕ ਪਰਿਵਰਤਨਸ਼ੀਲ ਪਹੁੰਚ ਅਪਣਾਈ ਹੈ।

ਇੱਕ ਰੁਕਿਆ ਹੋਇਆ ਪੁਲ ਸਿਰਫ਼ ਇੱਕ ਪ੍ਰੋਜੈਕਟ ਚਾਰਟ ’ਤੇ ਇੱਕ ਲਾਈਨ ਨਹੀਂ ਹੈ; ਇਹ ਇੱਕ ਅਜਿਹਾ ਵਿਦਿਆਰਥੀ ਹੈ, ਜਿਸਨੂੰ ਕਾਲਜ ਜਾਣ ਲਈ ਲੰਬੇ ਸਮੇਂ ਤੱਕ ਯਾਤਰਾ ਕਰਨੀ ਪੈਂਦੀ ਹੈ ਜਾਂ ਇੱਕ ਮਰੀਜ਼ ਜਿਸਨੂੰ ਵਿਸ਼ੇਸ਼ ਦੇਖਭਾਲ ਲਈ ਵਧੇਰੇ ਯਾਤਰਾ ਕਰਨੀ ਪੈਂਦੀ ਹੈ ਕਿਉਂਕਿ ਮਨਜ਼ੂਰ ਹੋਇਆ ਹਸਪਤਾਲ ਅਜੇ ਵੀ ਉਸਾਰੀ ਅਧੀਨ ਹੈ। ਦਹਾਕਿਆਂ ਤੋਂ ਭਾਰਤ ਵਿੱਚ ਬਹੁਤ ਸਾਰੇ ਜਨਤਕ ਪ੍ਰੋਜੈਕਟ ਫਾਈਲਾਂ ਅਤੇ ਫੁੱਟਨੋਟਾਂ ਵਿੱਚ ਲਟਕਦੇ ਰਹੇ, ਜੋ ਕਿ ਇਰਾਦੇ ਦੀ ਘਾਟ ਦੀ ਬਜਾਏ ਤਾਲਮੇਲ ਦੀ ਘਾਟ ਦਾ ਸ਼ਿਕਾਰ ਹੋਏ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਦੂਰਦਰਸ਼ੀ ਅਗਵਾਈ ਅਤੇ ਵਿਅਕਤੀਗਤ ਨਿਗਰਾਨੀ ਹੇਠ, ਪ੍ਰਗਤੀ ਪਲੇਟਫ਼ਾਰਮ 2015 ਵਿੱਚ ਇਸ ਸਮਝ ਨਾਲ ਸ਼ੁਰੂ ਕੀਤਾ ਗਿਆ ਸੀ ਕਿ ਭਾਰਤ ਲੰਬੇ ਸਮੇਂ ਤੋਂ ਯੋਜਨਾਵਾਂ ਜਾਂ ਇੱਛਾਵਾਂ ਦੀ ਘਾਟ ਦੀ ਬਜਾਏ ਪ੍ਰੋਜੈਕਟ ਲਾਗੂ ਕਰਨ ਵਿੱਚ ਦੇਰੀ, ਅੰਕੜਾਂ ਅਤੇ ਜਵਾਬਦੇਹੀ ਦੀ ਘਾਟ ਨਾਲ ਜੂਝ ਰਿਹਾ ਸੀ। ਪੁਲ ਅੱਧੇ ਬਣਕੇ ਲਟਕਦੇ ਰਹੇ, ਹਵਾਈ ਅੱਡੇ ਯੋਜਨਾਬੰਦੀ ਵਿੱਚ ਲਟਕ ਗਏ ਅਤੇ ਊਰਜਾ ਪਲਾਂਟ ਮੁਕੱਦਮੇਬਾਜ਼ੀ ਵਿੱਚ ਅਟਕ ਗਏ ਅਤੇ ਕੇਂਦਰ ਅਤੇ ਰਾਜਾਂ ਦਰਮਿਆਨ ਤਾਲਮੇਲ ਦੇ ਮੁੱਦੇ ਸਾਲਾਂ ਤੱਕ ਅਣਸੁਲਝੇ ਰਹੇ, ਜਿਸ ਦੇ ਨਤੀਜੇ ਵਜੋਂ ਲੱਖਾਂ ਕਰੋੜ ਰੁਪਏ ਦੇ ਪ੍ਰੋਜੈਕਟ ਪ੍ਰਕਿਰਿਆਤਮਕ ਰੁਕਾਵਟਾਂ ਵਿੱਚ ਫਸ ਗਏ।

ਪ੍ਰਗਤੀ ਦੀਆਂ 10 ਸਾਲਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਆਪਣੇ ਆਪ ਵਿੱਚ ਸਪੱਸ਼ਟ ਹਨ। 85 ਲੱਖ ਕਰੋੜ ਰੁਪਏ ਤੋਂ ਵੱਧ ਦੇ ਪ੍ਰੋਜੈਕਟ ਹੁਣ ਤੱਕ ਇਸਦੇ ਢਾਂਚਾਗਤ ਨਿਗਰਾਨੀ ਫਰੇਮਵਰਕ ਅਧੀਨ ਲਏ ਗਏ ਹਨ। 382 ਪ੍ਰੋਜੈਕਟਾਂ ਵਿੱਚ ਚਿੰਨ੍ਹਤ 3,187 ਪ੍ਰਮੁੱਖ ਮੁੱਦਿਆਂ ਵਿੱਚੋਂ, 2,958 (93%) ਤੋਂ ਵੱਧ ਹੱਲ ਕੀਤੇ ਗਏ ਹਨ। ਅਕਸਰ ਦਹਾਕਿਆਂ ਦੀ ਖੜੋਤ ਤੋਂ ਬਾਅਦ, ਇਹ ਪੁਲਾਂ ਦੇ ਮੁਕੰਮਲ ਹੋਣ, ਊਰਜਾ ਪਲਾਂਟ ਚਾਲੂ ਹੋਣ, ਹਸਪਤਾਲ ਚਾਲੂ ਹੋਣ, ਹਾਈਵੇਅ ਸ਼ੁਰੂ ਹੋਣ ਅਤੇ ਰੇਲ ਲਿੰਕਾਂ ਦੇ ਜੁੜੇ ਹੋਣ ਨੂੰ ਦਰਸਾਉਂਦੇ ਹਨ।

ਪ੍ਰਗਤੀ ਨੂੰ ਜੋ ਚੀਜ਼ ਵੱਖਰਾ ਬਣਾਉਂਦੀ ਹੈ, ਉਹ ਇਸਦਾ ਡਿਜ਼ਾਈਨ ਫ਼ਲਸਫ਼ਾ ਹੈ, ਜੋ ਕਿ ਡਿਜੀਟਲ ਡੇਟਾ ਪ੍ਰਬੰਧਨ, ਭੂ-ਸਥਾਨਕ ਤਕਨਾਲੋਜੀ ਅਤੇ ਵੀਡੀਓ ਕਾਨਫਰੰਸਿੰਗ ਨੂੰ ਇੱਕ ਸਿੰਗਲ ਫੈਸਲਾ-ਸਹਾਇਤਾ ਪ੍ਰਣਾਲੀ ਵਿੱਚ ਇਕਜੁੱਟ ਕਰਦਾ ਹੈ। ਇਹ ਪ੍ਰਧਾਨ ਮੰਤਰੀ ਨੂੰ ਭਾਰਤ ਸਰਕਾਰ ਦੇ ਸਕੱਤਰਾਂ ਅਤੇ ਰਾਜਾਂ ਦੇ ਮੁੱਖ ਸਕੱਤਰਾਂ ਨਾਲ ਮਹੀਨਾਵਾਰ ਇੱਕ ਸਾਂਝੇ ਪਲੇਟਫਾਰਮ ’ਤੇ ਪ੍ਰੋਜੈਕਟਾਂ ਦਾ ਸਿੱਧਾ ਜਾਇਜ਼ਾ ਲੈਣ ਅਤੇ ਟੀਮ ਇੰਡੀਆ ਨੂੰ ਆਪਣਾ ਮਾਰਗਦਰਸ਼ਨ ਅਤੇ ਹੱਲ ਪੇਸ਼ ਕਰਨ ਦੀ ਸਹੂਲਤ ਦਿੰਦਾ ਹੈ। ਜਿਵੇਂ ਕਿ ਆਕਸਫੋਰਡ ਦੇ ਪ੍ਰੋਫੈਸਰ ਸੌਮਿਤਰਾ ਦੱਤਾ ਨੇ ਦੇਖਿਆ ਹੈ, ਪ੍ਰਗਤੀ ਇੱਕ ਸਬਕ ਨੂੰ ਰੇਖਾਂਕਿਤ ਕਰਦਾ ਹੈ, ਜਿਸ ਨਾਲ ਬਹੁਤ ਸਾਰੇ ਦੇਸ਼ ਅਜੇ ਵੀ ਜੂਝ ਰਹੇ ਹਨ; ਕਿ ਬੁਨਿਆਦੀ ਢਾਂਚੇ ਦੀ ਅਗਵਾਈ ਵਾਲੇ ਵਿਕਾਸ ਲਈ ਪੂੰਜੀ ਨਿਵੇਸ਼ ਤੋਂ ਵੱਧ ਦੀ ਲੋੜ ਹੁੰਦੀ ਹੈ। ਇਸ ਲਈ ਸਿਖਰਲੀ ਲੀਡਰਸ਼ਿਪ ਨੂੰ ਅੰਤਰ-ਸੰਸਥਾਗਤ ਸਹਿਯੋਗ ਨੂੰ ਸਮਰੱਥ ਬਣਾਉਣ ਅਤੇ ਨਿਯਮਤ, ਨਤੀਜਾ-ਕੇਂਦ੍ਰਿਤ ਜਵਾਬਦੇਹੀ ਨੂੰ ਲਾਗੂ ਕਰਨ ਲਈ ਤਕਨਾਲੋਜੀ ਦੀ ਸਰਗਰਮੀ ਨਾਲ ਵਰਤੋਂ ਕਰਨ ਦੀ ਲੋੜ ਹੁੰਦੀ ਹੈ।

ਸਹਿਕਾਰੀ ਸੰਘਵਾਦ ਨੂੰ ਮਜ਼ਬੂਤ ਕਰਨ ਵਿੱਚ ਪ੍ਰਗਤੀ ਦਾ ਯੋਗਦਾਨ ਬਰਾਬਰ ਤੌਰ ’ਤੇ ਮਹੱਤਵਪੂਰਨ ਹੈ। ਕੇਂਦਰੀ ਸਕੱਤਰ ਅਤੇ ਮੁੱਖ ਸਕੱਤਰ ਇੱਕ ਪਲੇਟਫਾਰਮ ’ਤੇ ਸ਼ਾਮਲ ਹੁੰਦੇ ਹਨ, ਸਹਿਯੋਗ ਕਰਦੇ ਹਨ ਅਤੇ ਜਵਾਬਦੇਹ ਬਣਦੇ ਹਨ। ਮੈਨੂੰ ਭਾਰਤ ਸਰਕਾਰ ਦੇ ਸਕੱਤਰ ਅਤੇ ਇੱਕ ਰਾਜ ਦੇ ਮੁੱਖ ਸਕੱਤਰ ਵਜੋਂ ਦੋਵਾਂ ਪਾਸਿਆਂ ਤੋਂ ਇਨ੍ਹਾਂ ਮੀਟਿੰਗਾਂ ਵਿੱਚ ਹਿੱਸਾ ਲੈਣ ਦਾ ਖ਼ਾਸ ਮੌਕਾ ਮਿਲਿਆ ਹੈ। ਇਸ ਪਲੇਟਫਾਰਮ ਨੇ ਅੰਤਰ-ਮੰਤਰਾਲਾ ਅਤੇ ਕੇਂਦਰ-ਰਾਜ ਰੁਕਾਵਟਾਂ ਨੂੰ ਤੋੜਨ ਵਿੱਚ ਮਦਦ ਕੀਤੀ ਹੈ ਅਤੇ ਸਮੱਸਿਆ ਦਾ ਸਹਿਯੋਗੀ ਹੱਲ ਕੱਢਣ ਅਤੇ ਇਹ ਨਤੀਜਿਆਂ ਦੀ ਸਾਂਝੀ ਮਲਕੀਅਤ ਦੇ ਨਾਲ ‘ਸਮੁੱਚੀ-ਸਰਕਾਰ ਪਹੁੰਚ’ ਦੀ ਇੱਕ ਰੌਸ਼ਨ ਉਦਾਹਰਣ ਹੈ।

ਇਸਦਾ ਅਸਰ ਸਾਰੇ ਖੇਤਰਾਂ ਵਿੱਚ ਦਿਖਾਈ ਦੇ ਰਿਹਾ ਹੈ। ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਪ੍ਰਗਤੀ ਨੇ ਕਈ ਲੰਬੇ ਸਮੇਂ ਤੋਂ ਲਟਕ ਰਹੇ ਪ੍ਰੋਜੈਕਟਾਂ ਨੂੰ ਸ਼ੁਰੂ ਕਰਨ ਵਿੱਚ ਮਦਦ ਕੀਤੀ ਹੈ, ਜਿਵੇਂ ਕਿ ਬਾਂਸਵਾੜਾ ਵਿੱਚ ਰਾਜਸਥਾਨ ਪਰਮਾਣੂ ਊਰਜਾ ਪ੍ਰੋਜੈਕਟ, ਅਸਮ ਵਿੱਚ ਬੋਗੀਬੀਲ ਰੇਲ-ਕਮ-ਰੋਡ ਬ੍ਰਿਜ, ਜੋ 1997 ਵਿੱਚ ਸ਼ੁਰੂ ਹੋਇਆ ਸੀ ਅਤੇ ਮਹੱਤਵਪੂਰਨ ਦਖਲ ਤੋਂ ਬਾਅਦ ਪੂਰਾ ਹੋਇਆ; ਨਵੀਂ ਮੁੰਬਈ ਅੰਤਰਰਾਸ਼ਟਰੀ ਹਵਾਈ ਅੱਡਾ, ਜੋ ਕਿ ਲਗਭਗ 25 ਸਾਲਾਂ ਦੀ ਦੇਰੀ ਨਾਲ 2025 ਵਿੱਚ ਸ਼ੁਰੂ ਕੀਤਾ ਗਿਆ ਸੀ ਅਤੇ ਜੰਮੂ-ਊਧਮਪੁਰ-ਸ਼੍ਰੀਨਗਰ-ਬਾਰਾਮੂਲਾ ਰੇਲ ਲਿੰਕ, ਕੁਝ ਅਜਿਹੀਆਂ ਉਦਾਹਰਣਾਂ ਹਨ। ਸਾਰੇ ਹਿੱਸੇਦਾਰਾਂ ਦੀ ਤਾਲਮੇਲ ਵਾਲੀ ਕਾਰਵਾਈ ਨੇ ਭੂ-ਭਾਗ, ਸੁਰੱਖਿਆ, ਭੂਮੀ ਪ੍ਰਾਪਤੀ ਅਤੇ ਪ੍ਰਵਾਨਗੀ ਚੁਣੌਤੀਆਂ ਨੂੰ ਦੂਰ ਕਰਨ ਵਿੱਚ ਮਦਦ ਕੀਤੀ।

ਇਹ ਪਲੇਟਫਾਰਮ ਨਾ ਸਿਰਫ਼ ਭਾਰਤ ਦੇ ਰਾਜਾਂ ਲਈ ਇੱਕ ਪ੍ਰਮੁੱਖ ਉਦਾਹਰਣ ਬਣ ਗਿਆ ਹੈ ਜੋ ਨਿਗਰਾਨੀ ਵਿਧੀ ਨੂੰ ਅਪਣਾ ਰਹੇ ਹਨ, ਸਗੋਂ ਸੇਵਾਵਾਂ ਦੀ ਸਮੇਂ ਸਿਰ ਸਪੁਰਦਗੀ ਨਾਲ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਦੇਸ਼ਾਂ ਲਈ ਵੀ ਇੱਕ ਪ੍ਰਮੁੱਖ ਉਦਾਹਰਣ ਹੈ। ਇਸਦਾ ਸਬਕ ਸਰਲ ਹੈ, ਜੋ ਨਿਰੰਤਰ ਨਿਗਰਾਨੀ ਪ੍ਰੋਜੈਕਟ ਅਮਲ ਨੂੰ ਤੇਜ਼ ਕਰ ਸਕਦਾ ਹੈ ਤਾਂ ਜੋ ਆਰਥਿਕ ਸ਼ਰਤਾਂ ਤੋਂ ਪਰੇ ਵਾਪਸੀ ਦਾ ਲਾਭ ਲਿਆ ਜਾ ਸਕੇ।

ਭੌਤਿਕ ਬੁਨਿਆਦੀ ਢਾਂਚੇ ਤੋਂ ਇਲਾਵਾ, ਹਰੇਕ ਪ੍ਰਗਤੀ ਮੀਟਿੰਗ ਸਿਹਤ, ਸਿੱਖਿਆ, ਪਾਣੀ ਅਤੇ ਸਵੱਛਤਾ, ਰਿਹਾਇਸ਼, ਸਮਾਜਿਕ ਭਲਾਈ ਅਤੇ ਹੋਰਾਂ ਵਿੱਚ ਪ੍ਰਮੁੱਖ ਪ੍ਰੋਗਰਾਮਾਂ ਅਤੇ ਭਲਾਈ ਯੋਜਨਾਵਾਂ ਦੇ ਅਮਲ ਦੀ ਸਮੀਖਿਆ ਵੀ ਕਰਦੀ ਹੈ। ਇਹ ਇਸ ਵਿਚਾਰ ਨੂੰ ਮਜ਼ਬੂਤ ਕਰਦਾ ਹੈ ਕਿ ਸਮਾਜਿਕ ਖੇਤਰਾਂ ਵਿੱਚ ਸਮਾਂਬੱਧ ਢੰਗ ਨਾਲ ਸੇਵਾ ਪ੍ਰਦਾਨ ਕਰਨਾ ਓਨਾ ਹੀ ਮਹੱਤਵਪੂਰਨ ਹੈ, ਜਿੰਨਾ ਇਹ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਲਈ ਹੈ। ਪ੍ਰਗਤੀ ਦੇ ਯੋਗਦਾਨ ਨੂੰ ਆਰਥਿਕ, ਸਮਾਜਿਕ ਅਤੇ ਵਾਤਾਵਰਣ ਦੇ ਪੱਖੋਂ ਵੀ ਸਮਝਿਆ ਜਾਣਾ ਚਾਹੀਦਾ ਹੈ। ਆਰਥਿਕ ਤੌਰ ’ਤੇ ਸਮੇਂ ਸਿਰ ਪੂਰਾ ਹੋਣ ਨਾਲ ਲਾਗਤਾਂ ਨੂੰ ਅਨੁਕੂਲ ਬਣਾਇਆ ਜਾਂਦਾ ਹੈ ਅਤੇ ਵਾਪਸੀ ਲਾਭ ਨੂੰ ਵੱਧ ਤੋਂ ਵੱਧ ਕੀਤਾ ਜਾਂਦਾ ਹੈ। ਸਮਾਜਿਕ ਤੌਰ ’ਤੇ ਤੇਜ਼ੀ ਨਾਲ ਪੂਰਾ ਹੋਣ ਦਾ ਮਤਲਬ ਹੈ ਕਿ ਭਾਈਚਾਰਿਆਂ ਨੂੰ ਸੁਰੱਖਿਆ ਜਾਲਾਂ, ਸੜਕਾਂ, ਹਸਪਤਾਲਾਂ, ਬਿਜਲੀ ਅਤੇ ਸੰਪਰਕ ਤੱਕ ਜਲਦੀ ਪਹੁੰਚ ਪ੍ਰਾਪਤ ਹੁੰਦੀ ਹੈ। ਵਾਤਾਵਰਣ ਪੱਖੋਂ, ਪ੍ਰਗਤੀ ਜੀਆਈਐੱਸ-ਅਧਾਰਤ ਯੋਜਨਾਬੰਦੀ ਰਾਹੀਂ ਵਾਤਾਵਰਣ ਪਹਿਲੂਆਂ ਨੂੰ ਏਕੀਕ੍ਰਿਤ ਕਰਨ, ਟਾਲਣਯੋਗ ਨਿਕਾਸ ਅਤੇ ਸਰੋਤਾਂ ਦੀ ਬਰਬਾਦੀ ਨੂੰ ਘਟਾਉਣ ਲਈ ਪੀਐੱਮ ਗਤੀ ਸ਼ਕਤੀ ਅਤੇ ਪਰਿਵੇਸ਼ ਵਰਗੇ ਪਲੇਟਫਾਰਮਾਂ ਨਾਲ ਮਿਲ ਕੇ ਕੰਮ ਕਰਦਾ ਹੈ। ਇੱਕ ਅਜਿਹੇ ਦੌਰ ਵਿੱਚ ਜਦੋਂ ਨਾਗਰਿਕਾਂ ਦੀਆਂ ਉਮੀਦਾਂ ਸਿਰਫ਼ ਵਾਅਦਿਆਂ ਤੱਕ ਸੀਮਤ ਨਹੀਂ ਹਨ ਸਗੋਂ ਪ੍ਰਦਰਸ਼ਨ ’ਤੇ ਅਧਾਰਤ ਹਨ, ਪ੍ਰਗਤੀ ਦਰਸਾਉਂਦਾ ਹੈ ਕਿ ਸ਼ਾਸਨ ਸੁਧਾਰਾਂ ਦਾ ਤਬਦੀਲੀ ਲਿਆਉਣ ਲਈ ਹਮੇਸ਼ਾ ਜ਼ੋਰਦਾਰ ਹੋਣਾ ਲਾਜ਼ਮੀ ਨਹੀਂ ਹੈ। ਇਹ ਇੱਕ ਪ੍ਰਮੁੱਖ ਉਦਾਹਰਣ ਹੈ ਕਿ ਪ੍ਰਧਾਨ ਮੰਤਰੀ ਦੇ ‘ਸਬਕਾ ਸਾਥ, ਸਬਕਾ ਵਿਕਾਸ, ਸਬਕਾ ਵਿਸ਼ਵਾਸ ਅਤੇ ਸਬਕਾ ਪ੍ਰਯਾਸ’ ਦੇ ਦ੍ਰਿਸ਼ਟੀਕੋਣ ਵਿੱਚ ਝਲਕਦਾ ਰਾਸ਼ਟਰੀ ਵਿਕਾਸ ਏਜੰਡਾ ਸਿਰਫ਼ ਵਿਚਾਰਾਂ ਤੱਕ ਸੀਮਤ ਨਹੀਂ ਹੈ, ਸਗੋਂ 2047 ਵਿੱਚ ਵਿਕਸਿਤ ਭਾਰਤ ਦੇ ਵੱਡੇ ਟੀਚੇ ਨੂੰ ਹਾਸਲ ਕਰਨ ਲਈ ਜੀਵਤ ਹਕੀਕਤਾਂ ਵਿੱਚ ਤਬਦੀਲ ਕੀਤਾ ਗਿਆ ਹੈ। ਕਈ ਵਾਰ ਸਭ ਤੋਂ ਵੱਡੀ ਤਬਦੀਲੀ ਅਜਿਹੀ ਵਿਵਸਥਾ ਬਣਾਉਣ ਵਿੱਚ ਹੁੰਦੀ ਹੈ ਜੋ ਫ਼ੈਸਲਿਆਂ ਨੂੰ ਅਮਲ ਵਿੱਚ ਲਿਆਉਣਾ ਯਕੀਨੀ ਬਣਾਉਂਦੀ ਹੈ।

**(ਲੇਖਕ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਵਿਭਾਗ ਦੇ ਸਕੱਤਰ ਹਨ। ਪ੍ਰਗਟ ਕੀਤੇ ਵਿਚਾਰ ਨਿੱਜੀ ਹਨ)**

## ਚਾਈਨਾ ਡੋਰ ਅਤੇ ਪਲਾਸਟਿਕ

# ਸਰਕਾਰ ਨਹੀਂ, ਸਾਡੀ ਆਪਣੀ ਬੇਰੁਖ਼ੀ ਹੈ ਅਸਲ ਦੋਸ਼ੀ



ਵਿੰਕਲਜੀਤ ਸਿੰਘ ਸਰਾ
9501477889

**ਆਪਣੀ ਜ਼ਿੰਮੇਵਾਰੀ ਤੋਂ ਭੱਜਦਾ ਆਧੁਨਿਕ ਸਮਾਜ** : ਅੱਜ ਦੇ ਦੌਰ ਵਿੱਚ ਭਾਰਤ ਇੱਕ ਅਜੀਬੋ-ਗਰੀਬ ਦਵੰਦ ਵਿੱਚੋਂ ਗੁਜ਼ਰ ਰਿਹਾ ਹੈ। ਇੱਕ ਪਾਸੇ ਅਸੀਂ ਵਿਸ਼ਵ ਦੀ ਮਹਾਂਸ਼ਕਤੀ ਬਣਨ ਦੇ ਸੁਪਨੇ ਵੇਖ ਰਹੇ ਹਾਂ ਪਰ ਦੂਜੇ ਪਾਸੇ ਸਾਡੀਆਂ ਗਲੀਆਂ, ਨਾਲੀਆਂ ਅਤੇ ਹਵਾਵਾਂ ਸਾਡੀ ਨੈਤਿਕ ਗਿਰਾਵਟ ਦੀ ਕਹਾਣੀ ਬਿਆਨ ਕਰ ਰਹੀਆਂ ਹਨ। ਜਦੋਂ ਵੀ ਦੇਸ਼ ਵਿੱਚ ਪ੍ਰਦੂਸ਼ਣ, ਗੰਦਗੀ ਜਾਂ ਕਿਸੇ ਦੁਰਘਟਨਾ ਦੀ ਗੱਲ ਹੁੰਦੀ ਹੈ ਤਾਂ ਸਾਡਾ ਸਭ ਤੋਂ ਸੌਖਾ ਅਤੇ ਪਹਿਲਾ ਕਦਮ ਹੁੰਦਾ ਹੈ ਸਰਕਾਰ ਵੱਲ ਉਂਗਲ ਉਠਾਉਣੀ। ਅਸੀਂ ਬੜੀ ਆਸਾਨੀ ਨਾਲ ਕਹਿ ਦਿੰਦੇ ਹਾਂ ਕਿ ਸਿਸਟਮ ਖ਼ਰਾਬ ਹੈ ਪ੍ਰਸ਼ਾਸਨ ਭ੍ਰਿਸ਼ਟ ਹੈ ਅਤੇ ਨਿਯਮ ਸਿਰਫ਼ ਕਾਗਜ਼ਾਂ ਤੱਕ ਸੀਮਿਤ ਹਨ। ਪਰ ਕੀ ਅਸੀਂ ਕਦੇ ਸ਼ੀਸ਼ੇ ਸਾਹਮਣੇ ਖੜ੍ਹੇ ਹੋ ਕੇ ਆਪਣੇ ਆਪ ਤੋਂ ਸਵਾਲ ਪੁੱਛਿਆ ਹੈ ?

ਕੀ ਪਲਾਸਟਿਕ ਦਾ ਉਹ ਲਿਫਾਫਾ, ਜੋ ਨਾਲੀ ਵਿੱਚ ਫਸਿਆ ਹੋਇਆ ਹੈ ਸਰਕਾਰ ਦੇ ਕਿਸੇ ਮੰਤਰੀ ਨੇ ਸੁੱਟਿਆ ਸੀ ? ਕੀ ਉਹ ਚਾਈਨਾ ਡੋਰ, ਜਿਸ ਨਾਲ ਕਿਸੇ ਮਾਸੂਮ ਦਾ ਗਲਾ ਕੱਟਿਆ ਗਿਆ, ਕਿਸੇ ਸਰਕਾਰੀ ਅਫ਼ਸਰ ਨੇ ਸਾਡੇ ਹੱਥ ਵਿੱਚ ਜਬਰੀ ਫੜਾਈ ਸੀ ? ਬਿਲਕੁਲ ਨਹੀਂ। ਸੱਚਾਈ ਇਹ ਹੈ ਕਿ ਅਸੀਂ ਇੱਕ ਅਜਿਹੇ ਸਮਾਜ ਵਿੱਚ ਤਬਦੀਲ ਹੋ ਚੁੱਕੇ ਹਾਂ ਜੋ ਸਹੂਲਤਾਂ ਦਾ ਆਦੀ ਹੈ ਪਰ ਜ਼ਿੰਮੇਵਾਰੀਆਂ ਤੋਂ ਕੋਹਾਂ ਦੂਰ ਹੈ। ਸਾਡੀ ਇਹ ਮਾਨਸਿਕਤਾ ਕਿ ਗਲਤੀ ਅਸੀਂ ਕਰੀਏ ਤੇ ਸਫ਼ਾਈ ਸਰਕਾਰ ਕਰੇ ਹੀ ਅੱਜ ਦੀਆਂ ਸਭ ਤੋਂ ਵੱਡੀਆਂ ਵਾਤਾਵਰਣਕ ਅਤੇ ਮਾਨਵੀ ਤਰਾਸਦੀਆਂ ਦੀ ਜੜ੍ਹ ਹੈ।

**ਪਲਾਸਟਿਕ ਇੱਕ ਹੌਲੀ ਪਰ ਘਾਤਕ ਮੌਤ** : ਪਲਾਸਟਿਕ, ਜਿਸ ਨੂੰ ਕਦੇ ਵਿਗਿਆਨ ਦਾ ਚਮਤਕਾਰ ਮੰਨਿਆ ਜਾਂਦਾ ਸੀ, ਅੱਜ ਮਨੁੱਖਤਾ ਲਈ ਇੱਕ ਅਭਿਸ਼ਾਪ ਬਣ ਗਿਆ ਹੈ। ਇਸ ਦੀ ਵਰਤੋਂ ਇੰਨੀ ਵੱਧ ਗਈ ਹੈ ਕਿ ਇਹ ਸਾਡੇ ਰਸੋਈ ਘਰ ਤੋਂ ਲੈ ਕੇ ਸਾਡੇ ਸਰੀਰ ਦੇ ਖ਼ੂਨ ਤੱਕ ਪਹੁੰਚ ਚੁੱਕਾ ਹੈ।

**ਪਲਾਸਟਿਕ ਦੀ ਦੁਰਵਰਤੋਂ ਅਤੇ ਗਲਤ ਨਿਕਾਸੀ** : ਭਾਰਤ ਵਿੱਚ ਪਲਾਸਟਿਕ ਦੀ ਸਮੱਸਿਆ ਇਸ ਦੇ ਉਤਪਾਦਨ ਤੋਂ ਵੱਧ ਇਸ ਦੇ ਪ੍ਰਬੰਧਨ (Waste Management) ਦੀ ਹੈ। ਅਸੀਂ ਬਾਜ਼ਾਰ ਜਾਂਦੇ ਹਾਂ ਇੱਕ ਛੋਟੀ ਜਿਹੀ ਚੀਜ਼ ਲਈ ਵੀ ਪਲਾਸਟਿਕ ਦੇ ਲਿਫਾਫੇ ਦੀ ਮੰਗ ਕਰਦੇ ਹਾਂ। ਵਰਤੋਂ ਤੋਂ ਬਾਅਦ ਉਹ ਲਿਫਾਫਾ ਸੜਕ ਉੱਤੇ ਸੁੱਟ ਦਿੱਤਾ ਜਾਂਦਾ ਹੈ। ਇਹ ਪਲਾਸਟਿਕ ਕਦੇ ਵੀ ਖ਼ਤਮ ਨਹੀਂ ਹੁੰਦਾ। ਇਹ ਸੈਂਕੜੇ ਸਾਲਾਂ ਤੱਕ ਧਰਤੀ ਉੱਤੇ ਮੌਜੂਦ ਰਹਿੰਦਾ ਹੈ। ਜਦੋਂ ਇਹ ਨਾਲੀਆਂ ਵਿੱਚ ਫਸਦਾ ਹੈ ਤਾਂ ਸ਼ਹਿਰਾਂ ਵਿੱਚ ‘ਅਰਬਨ ਫਲੱਡ’ (ਸ਼ਹਿਰੀ ਹੜ੍ਹ) ਵਰਗੇ ਹਾਲਾਤ ਪੈਦਾ ਹੁੰਦੇ ਹਨ। ਥੋੜ੍ਹਾ ਜਿਹਾ ਮੀਂਹ ਪੈਂਦੇ ਹੀ ਸ਼ਹਿਰ ਨਰਕ ਬਣ ਜਾਂਦੇ ਹਨ ਕਿਉਂਕਿ ਨਿਕਾਸੀ ਦੇ ਰਸਤੇ ਅਸੀਂ ਖ਼ੁਦ ਪਲਾਸਟਿਕ ਨਾਲ ਬੰਦ ਕੀਤੇ ਹੁੰਦੇ ਹਨ।

**ਮਾਈਕ੍ਰੋਪਲਾਸਟਿਕ: ਸਾਡੀ ਥਾਲੀ ਵਿੱਚ ਜ਼ਹਿਰ** : ਵਿਗਿਆਨਕ ਖੋਜਾਂ ਦੱਸਦੀਆਂ ਹਨ ਕਿ ਪਲਾਸਟਿਕ ਗਲਦਾ ਨਹੀਂ ਸਗੋਂ ਧੁੱਪ ਅਤੇ ਰਗੜ ਨਾਲ ਬਹੁਤ ਬਰੀਕ ਕਣਾਂ ਵਿੱਚ ਟੁੱਟ ਜਾਂਦਾ ਹੈ ਜਿਨ੍ਹਾਂ ਨੂੰ ‘ਮਾਈਕ੍ਰੋਪਲਾਸਟਿਕ’ ਕਿਹਾ ਜਾਂਦਾ ਹੈ। ਇਹ ਕਣ ਮਿੱਟੀ ਵਿੱਚ ਮਿਲਦੇ ਹਨ ਫਿਰ ਫ਼ਸਲਾਂ ਵਿੱਚ ਅਤੇ ਅੰਤ ਵਿੱਚ ਸਾਡੇ ਸਰੀਰ ਵਿੱਚ। ਅੱਜ ਅਸੀਂ ਜੋ ਪਾਣੀ ਪੀ ਰਹੇ ਹਾਂ ਜਾਂ ਜੋ ਭੋਜਨ ਖਾ ਰਹੇ ਹਾਂ, ਉਸ ਵਿੱਚ ਪਲਾਸਟਿਕ ਦੇ ਅਣੂ ਮੌਜੂਦ ਹਨ। ਇਹ ਸਾਡੇ ਹਾਰਮੋਨਲ ਸਿਸਟਮ ਨੂੰ ਵਿਗਾੜ ਰਹੇ ਹਨ ਅਤੇ ਕੈਂਸਰ ਵਰਗੀਆਂ ਨਾਮੁਰਾਦ ਬਿਮਾਰੀਆਂ ਦਾ ਕਾਰਨ ਬਣ ਰਹੇ ਹਨ।

**ਖੇਤੀਬਾੜੀ ਅਤੇ ਪਸ਼ੂ-ਧਨ ਉੱਤੇ ਪ੍ਰਭਾਵ** : ਸਾਡੇ ਦੇਸ਼ ਵਿੱਚ ਅਵਾਰਾ ਪਸ਼ੂਆਂ ਦੀ ਵੱਡੀ ਗਿਣਤੀ ਹੈ। ਇਹ ਬੇਜ਼ੁਬਾਨ ਜਾਨਵਰ ਕੂੜੇ ਦੇ ਢੇਰਾਂ ਵਿੱਚੋਂ ਖਾਣਾ ਲੱਭਦੇ ਹੋਏ ਪਲਾਸਟਿਕ ਦੇ ਲਿਫਾਫੇ ਨਿਗਲ ਜਾਂਦੇ ਹਨ। ਕਈ ਵਾਰ ਪੋਸਟਮਾਰਟਮ ਦੌਰਾਨ ਗਾਵਾਂ ਦੇ ਪੇਟ ਵਿੱਚੋਂ 50-60 ਕਿਲੋ ਤੱਕ ਪਲਾਸਟਿਕ ਨਿਕਲਦਾ ਹੈ। ਕੀ ਇਹ ਉਹੀ ਗਊ ਹੈ, ਜਿਸ ਨੂੰ ਅਸੀਂ ਮਾਤਾ ਕਹਿ ਕੇ ਪੂਜਦੇ ਹਾਂ ? ਸਾਡੀ ਲਾਪਰਵਾਹੀ ਨੇ ਪਵਿੱਤਰ ਮੰਨੇ ਜਾਣ ਵਾਲੇ ਜੀਵਾਂ ਲਈ ਮੌਤ ਦਾ ਜਾਲ ਵਿਛਾ ਦਿੱਤਾ ਹੈ। ਖੇਤਾਂ ਵਿੱਚ ਪਲਾਸਟਿਕ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਨਸ਼ਟ ਕਰ ਰਿਹਾ ਹੈ, ਜਿਸ ਨਾਲ ਆਉਣ ਵਾਲੇ ਸਮੇਂ ਵਿੱਚ ਅੰਨ ਦਾ ਸੰਕਟ ਪੈਦਾ ਹੋ ਸਕਦਾ ਹੈ।

**ਚਾਈਨਾ ਡੋਰ ਮਨੋਰੰਜਨ ਦੇ ਨਾਂ ’ਤੇ ਖ਼ੂਨੀ ਖੇਡ** : ਜੇਕਰ ਪਲਾਸਟਿਕ ਇੱਕ ਹੌਲੀ ਜ਼ਹਿਰ ਹੈ ਤਾਂ ਚਾਈਨਾ ਡੋਰ ਇੱਕ ਤਿੱਖੀ ਤਲਵਾਰ ਹੈ ਜੋ ਪਲਕ ਝਪਕਦੇ ਹੀ ਜਾਨ ਲੈ ਲੈਂਦੀ ਹੈ। ਪਤੰਗਬਾਜ਼ੀ ਭਾਰਤੀ ਸੱਭਿਆਚਾਰ ਦਾ ਇੱਕ ਸੋਹਣਾ ਹਿੱਸਾ ਸੀ ਪਰ ਨਾਇਲੋਨ ਅਤੇ ਕੱਚ ਦੇ ਮਿਸ਼ਰਣ ਵਾਲੀ ਇਸ ਡੋਰ ਨੇ ਇਸ ਨੂੰ ‘ਖ਼ੂਨੀ ਖੇਡ’ ਬਣਾ ਦਿੱਤਾ ਹੈ।

**ਮਨੁੱਖੀ ਜਾਨਾਂ ਦਾ ਘਾਣ** : ਹਰ ਸਾਲ ਤਿਉਹਾਰਾਂ ਦੇ ਸੀਜ਼ਨ ਦੌਰਾਨ ਅਖ਼ਬਾਰਾਂ ਅਜਿਹੀਆਂ ਖ਼ਬਰਾਂ ਨਾਲ ਭਰੀਆਂ ਹੁੰਦੀਆਂ ਹਨ ਕਿ ਡੋਰ ਨਾਲ ਮੋਟਰਸਾਈਕਲ ਸਵਾਰ ਦਾ ਗਲਾ ਕੱਟਿਆ ਜਾਂ ਪਤੰਗ ਉਡਾਉਂਦੇ ਬੱਚੇ ਦੀ ਜਾਨ ਗਈ। ਇਹ ਬਹੁਤ ਸ਼ਰਮਨਾਕ ਗੱਲ ਹੈ ਕਿ ਸਾਡੇ ਮਨੋਰੰਜਨ ਲਈ ਕਿਸੇ ਦੇ ਘਰ ਦਾ ਚਿਰਾਗ ਬੁਝ ਜਾਵੇ। ਚਾਈਨਾ ਡੋਰ ਇੰਨੀ ਮਜ਼ਬੂਤ ਹੁੰਦੀ ਹੈ ਕਿ ਇਹ ਹੱਡੀਆਂ ਤੱਕ ਨੂੰ ਕੱਟਣ ਦੀ ਸਮਰੱਥਾ ਰੱਖਦੀ ਹੈ। ਕੀ ਸਾਡੀ ਇੱਕ ਪਤੰਗ ਦੀ ਜਿੱਤ ਕਿਸੇ ਦੀ ਜ਼ਿੰਦਗੀ ਤੋਂ ਵੱਧ ਕੀਮਤੀ ਹੈ ?

**ਬੇਜ਼ੁਬਾਨ ਪੰਛੀਆਂ ਦੀ ਨਸਲਕੁਸ਼ੀ** : ਅਸਮਾਨ ਵਿੱਚ ਉੱਡਦੇ ਪੰਛੀ ਇਸ ਖ਼ੂਨੀ ਡੋਰ ਦਾ ਸਭ ਤੋਂ ਵੱਧ ਸ਼ਿਕਾਰ ਹੁੰਦੇ ਹਨ। ਜਦੋਂ ਇਹ ਡੋਰ ਦਰੱਖਤਾਂ ਜਾਂ ਬਿਜਲੀ ਦੀਆਂ ਤਾਰਾਂ ਵਿੱਚ ਫਸ ਜਾਂਦੀ ਹੈ, ਤਾਂ ਇਹ ਪੰਛੀਆਂ ਲਈ ਫਾਂਸੀ ਦਾ ਫੰਦਾ ਬਣ ਜਾਂਦੀ ਹੈ। ਹਜ਼ਾਰਾਂ ਪੰਛੀ ਆਪਣੇ ਖੰਭ ਕਟਵਾ ਕੇ ਜ਼ਮੀਨ ’ਤੇ ਤੜਫ਼-ਤੜਫ਼ ਕੇ ਦਮ ਤੋੜ ਦਿੰਦੇ ਹਨ। ਕੁਦਰਤ ਦਾ ਸੰਤੁਲਨ ਵਿਗਾੜਨ ਵਿੱਚ ਸਾਡਾ ਇਹ ਨੈਤਿਕ ਪਤਨ ਵੱਡਾ ਰੋਲ ਅਦਾ ਕਰ ਰਿਹਾ ਹੈ।

**ਆਰਥਿਕ ਅਤੇ ਬੁਨਿਆਦੀ ਢਾਂਚੇ ਦਾ ਨੁਕਸਾਨ** : ਚਾਈਨਾ ਡੋਰ ਬਿਜਲੀ ਦੀ ਸੁਚਾਲਕ (Conductive) ਵੀ ਹੋ ਸਕਦੀ ਹੈ ਜੇਕਰ ਇਸ ਵਿੱਚ ਧਾਤੂ ਦੇ ਕਣ ਹੋਣ। ਇਹ ਬਿਜਲੀ ਦੀਆਂ ਲਾਈਨਾਂ ਵਿੱਚ ਫਸ ਕੇ ਸ਼ਾਰਟ-ਸਰਕਟ ਦਾ ਕਾਰਨ ਬਣਦੀ ਹੈ, ਜਿਸ ਨਾਲ ਲੱਖਾਂ ਰੁਪਏ ਦੇ ਟਰਾਂਸਫਾਰਮਰ ਸੜ ਜਾਂਦੇ ਹਨ ਅਤੇ ਘੰਟਿਆਂਬੱਧੀ ਬਿਜਲੀ ਗੁੱਲ ਰਹਿੰਦੀ ਹੈ। ਇਸ ਦਾ ਆਰਥਿਕ ਬੋਝ ਵੀ ਅੰਤ ਵਿੱਚ ਜਨਤਾ ’ਤੇ ਹੀ ਪੈਂਦਾ ਹੈ।

**ਸਮੱਸਿਆ ਦੀ ਜੜ੍ਹ ਸਰਕਾਰ ਨਹੀਂ, ਸਾਡੀ ਮਾਨਸਿਕਤਾ** : ਸਰਕਾਰ ਨੇ ਪਲਾਸਟਿਕ ’ਤੇ ਪਾਬੰਦੀ ਲਗਾਈ, ਚਾਈਨਾ ਡੋਰ ਵੇਚਣ ਵਾਲਿਆਂ ’ਤੇ ਪਰਚੇ ਦਰਜ ਕੀਤੇ, ਪਰ ਕੀ ਇਹ ਚੀਜ਼ਾਂ ਮਿਲਣੀਆਂ ਬੰਦ ਹੋ ਗਈਆਂ ? ਨਹੀਂ। ਕਿਉਂਕਿ ‘ਮੰਗ’ (Demand) ਅਸੀਂ ਪੈਦਾ ਕਰ ਰਹੇ ਹਾਂ।

**ਮੁਨਾਫ਼ਾਖੋਰੀ**: ਦੁਕਾਨਦਾਰ ਚੋਰੀ-ਛਿਪੇ ਇਹ ਚੀਜ਼ਾਂ ਵੇਚਦੇ ਹਨ ਕਿਉਂਕਿ ਉਨ੍ਹਾਂ ਨੂੰ ਵੱਧ ਮੁਨਾਫ਼ਾ ਮਿਲਦਾ ਹੈ।

**ਲਾਪਰਵਾਹੀ**: ਗਾਹਕ ਸਸਤੀ ਅਤੇ ਮਜ਼ਬੂਤ ਚੀਜ਼ ਦੇ ਲਾਲਚ ਵਿੱਚ ਚਾਈਨਾ ਡੋਰ ਖਰੀਦਦਾ ਹੈ।

**ਸਮਾਜਿਕ ਬੇਰੁਖ਼ੀ**: ਅਸੀਂ ਵੇਖਦੇ ਹਾਂ ਕਿ ਕੋਈ ਗਲਤ ਕਰ ਰਿਹਾ ਹੈ, ਪਰ ਅਸੀਂ ਇਹ ਸੋਚ ਕੇ ਚੁੱਪ ਰਹਿੰਦੇ ਹਾਂ ਕਿ ਸਾਨੂੰ ਕੀ ?। ਸਾਨੂੰ ਇਹ ਸਮਝਣਾ ਪਵੇਗਾ ਕਿ ਜਦੋਂ ਤੱਕ ਸਮਾਜ ਅੰਦਰੋਂ ਨਹੀਂ ਬਦਲੇਗਾ, ਕੋਈ ਵੀ ਕਾਨੂੰਨ ਸਾਨੂੰ ਸੁਰੱਖਿਅਤ ਨਹੀਂ ਰੱਖ ਸਕਦਾ। ਜਪਾਨ ਵਰਗੇ ਦੇਸ਼ਾਂ ਵਿੱਚ ਲੋਕ ਕੂੜਾ ਸੜਕ ’ਤੇ ਸੁੱਟਣਾ ਆਪਣੀ ਤੌਹੀਨ ਮੰਨਦੇ ਹਨ, ਪਰ ਸਾਡੇ ਦੇਸ਼ ਵਿੱਚ ਅਸੀਂ ਸੜਕ ਨੂੰ ਕੂੜਾਦਾਨ ਮੰਨਦੇ ਹਾਂ। ਇਹ ਸੋਚ ਦਾ ਅੰਤਰ ਹੀ ਵਿਕਾਸ ਅਤੇ ਵਿਨਾਸ਼ ਦੇ ਵਿਚਕਾਰ ਦੀ ਲਕੀਰ ਹੈ।

ਸੁਧਾਰ ਦਾ ਰਸਤਾ, ਕੀ ਕੀਤਾ ਜਾ ਸਕਦਾ ? ਜੇਕਰ ਅਸੀਂ ਚਾਹੁੰਦੇ ਹਾਂ ਕਿ ਸਾਡੀਆਂ ਆਉਣ ਵਾਲੀਆਂ ਨਸਲਾਂ ਨੂੰ ਸਾਫ਼ ਹਵਾ ਅਤੇ ਸੁਰੱਖਿਅਤ ਵਾਤਾਵਰਣ ਮਿਲੇ, ਤਾਂ ਸਾਨੂੰ ਅੱਜ ਹੀ ਸਖ਼ਤ ਕਦਮ ਚੁੱਕਣੇ ਪੈਣਗੇ। **ਨਿੱਜੀ ਜ਼ਿੰਮੇਵਾਰੀ**: ਹਰ ਵਿਅਕਤੀ ਪ੍ਰਣ ਕਰੇ ਕਿ ਉਹ ਬਾਜ਼ਾਰ ਜਾਣ ਸਮੇਂ ਆਪਣੇ ਨਾਲ ਕੱਪੜੇ ਦਾ ਥੈਲਾ ਲੈ ਕੇ ਜਾਵੇਗਾ। ਸਿੰਗਲ-ਯੂਜ਼ ਪਲਾਸਟਿਕ ਨੂੰ ਸਿਰਫ਼ ‘ਨਾ’ ਕਹਿਣਾ ਕਾਫ਼ੀ ਨਹੀਂ, ਉਸ ਦਾ ਬਦਲ ਅਪਣਾਉਣਾ ਜ਼ਰੂਰੀ ਹੈ। **ਸੂਤੀ ਡੋਰ ਦੀ ਵਰਤੋਂ**: ਪਤੰਗ ਉਡਾਉਣ ਲਈ ਸਿਰਫ਼ ਦੇਸੀ ਸੂਤੀ ਡੋਰ (ਸੱਦੀ) ਦੀ ਵਰਤੋਂ ਕਰੋ। ਇਹ ਨਾ ਸਿਰਫ਼ ਸੁਰੱਖਿਅਤ ਹੈ ਸਗੋਂ ਸਾਡੇ ਸਥਾਨਕ ਕਾਰੀਗਰਾਂ ਨੂੰ ਰੁਜ਼ਗਾਰ ਵੀ ਦਿੰਦੀ ਹੈ। **ਕੂੜੇ ਦਾ ਵਰਗੀਕਰਨ**: ਆਪਣੇ ਘਰ ਦੇ ਕੂੜੇ ਨੂੰ ਦੋ ਹਿੱਸਿਆਂ ਵਿੱਚ ਵੰਡੋ ਗਿੱਲਾ ਕੂੜਾ (ਖਾਦ ਲਈ) ਅਤੇ ਸੁੱਕਾ ਕੂੜਾ (ਰੀਸਾਈਕਲਿੰਗ ਲਈ)। ਪਲਾਸਟਿਕ ਨੂੰ ਕਦੇ ਵੀ ਨਾ ਸਾੜੋ। **ਸਮਾਜਿਕ ਜਾਗਰੂਕਤਾ**: ਜੇਕਰ ਕੋਈ ਦੁਕਾਨਦਾਰ ਚਾਈਨਾ ਡੋਰ ਵੇਚ ਰਿਹਾ ਹੈ ਜਾਂ ਕੋਈ ਪਲਾਸਟਿਕ ਸੁੱਟ ਰਿਹਾ ਹੈ, ਤਾਂ ਉਸ ਨੂੰ ਪਿਆਰ ਨਾਲ ਰੋਕੋ ਜਾਂ ਪ੍ਰਸ਼ਾਸਨ ਨੂੰ ਸੂਚਿਤ ਕਰੋ। ਚੁੱਪ ਰਹਿਣਾ ਵੀ ਇੱਕ ਅਪਰਾਧ ਹੈ।

**ਸਿੱਖਿਆ ਅਤੇ ਸੰਸਕਾਰ**: ਬੱਚਿਆਂ ਨੂੰ ਸਕੂਲ ਦੇ ਨਾਲ-ਨਾਲ ਘਰ ਵਿੱਚ ਵੀ ਵਾਤਾਵਰਣ ਦੀ ਅਹਿਮੀਅਤ ਸਮਝਾਓ। ਉਨ੍ਹਾਂ ਨੂੰ ਕੁਦਰਤ ਨਾਲ ਪਿਆਰ ਕਰਨਾ ਸਿਖਾਓ, ਨਾ ਕਿ ਸਿਰਫ਼ ਵਰਤਣਾ।

**ਸਮਾਂ ਹੱਥੋਂ ਨਿਕਲ ਰਿਹਾ** : ਭਾਰਤ ਅੱਜ ਇੱਕ ਅਜਿਹੇ ਮੋੜ ’ਤੇ ਖੜ੍ਹਾ ਹੈ ਜਿੱਥੇ ਸਾਨੂੰ ਚੋਣ ਕਰਨੀ ਪਵੇਗੀ, ਸਹੂਲਤ ਜਾਂ ਸਿਹਤ ? ਮਨੋਰੰਜਨ ਜਾਂ ਮਨੁੱਖਤਾ ? ਪਲਾਸਟਿਕ ਦੇ ਢੇਰ ਅਤੇ ਚਾਈਨਾ ਡੋਰ ਦੀਆਂ ਖ਼ੂਨੀ ਤਾਰਾਂ ਸਾਡੇ ਵਿਕਾਸ ਦੇ ਦਾਅਵਿਆਂ ਨੂੰ ਮੂੰਹ ਚਿੜਾ ਰਹੀਆਂ ਹਨ। ਸਰਕਾਰ ਨੀਤੀਆਂ ਬਣਾ ਸਕਦੀ ਹੈ ਸੜਕਾਂ ਸਾਫ਼ ਕਰਨ ਲਈ ਮੁਲਾਜ਼ਮ ਰੱਖ ਸਕਦੀ ਹੈ ਪਰ ਸਰਕਾਰ ਸਾਡੀ ‘ਨੀਅਤ’ ਨਹੀਂ ਬਦਲ ਸਕਦੀ। ਸਾਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਕੁਦਰਤ ਸਭ ਦਾ ਭਾਰ ਸਹਿ ਸਕਦੀ ਹੈ ਪਰ ਮਨੁੱਖ ਦੇ ਲਾਲਚ ਦਾ ਨਹੀਂ। ਜੇ ਅੱਜ ਅਸੀਂ ਆਪਣੀ ਸੋਚ ਨਾ ਬਦਲੀ ਤਾਂ ਆਉਣ ਵਾਲਾ ਸਮਾਂ ਸਾਨੂੰ ਕਦੇ ਮੁਆਫ਼ ਨਹੀਂ ਕਰੇਗਾ । ਆਓ, ਇੱਕ ਜ਼ਿੰਮੇਵਾਰ ਨਾਗਰਿਕ ਬਣੀਏ ਅਤੇ ਭਾਰਤ ਨੂੰ ਸਹੀ ਮਾਇਨਿਆਂ ਵਿੱਚ ਸਵੱਛ ਅਤੇ ਸੁਰੱਖਿਅਤ ਬਣਾਈਏ। ਇਹ ਦੇਸ਼ ਸਾਡਾ ਹੈ ਅਤੇ ਇਸ ਦੀ ਸੰਭਾਲ ਦੀ ਜ਼ਿੰਮੇਵਾਰੀ ਵੀ ਸਿਰਫ਼ ਸਾਡੀ ਹੈ।

# ਸਨਾਤਨ ਧਰਮ ਨੂੰ ਕਮਜ਼ੋਰ ਕਰਨ ਵਾਲੇ 'ਕੁਚੱਕਰਾਂ' ਤੋਂ ਸਾਵਧਾਨ ਰਹਿਣ ਦੀ ਲੋੜ: ਮੁੱਖ ਮੰਤਰੀ ਯੋਗੀ

ਰੋਹਤਕ, 23 ਜਨਵਰੀ (ਚ.ਨ.ਸ): ਉੱਤਰ-ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਯਨਾਥ ਨੇ ਸੋਨੀਪਤ ਵਿੱਚ ਨਾਥ ਸੰਪਰਦਾਏ ਦੇ ਇੱਕ ਪ੍ਰੋਗਰਾਮ ਦੌਰਾਨ ਦੇਸ਼ ਦੇ ਮੌਜੂਦਾ ਧਾਰਮਿਕ ਤੇ ਸਮਾਜਿਕ ਹਾਲਾਤਾਂ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਨਾਤਨ ਧਰਮ ਨੂੰ ਬਦਨਾਮ ਕਰਨ ਤੇ ਸਮਾਜ ਵਿੱਚ ਵੰਡੀਆਂ ਪਾਉਣ ਵਾਲੀਆਂ ਤਾਕਤਾਂ ਤੋਂ ਸੁਚੇਤ ਰਹਿਣ।ਮੁੱਖ ਮੰਤਰੀ ਨੇ ਕਿਹਾ ਕਿ ਕੁਝ ਤੱਤ ਜਾਣ-ਬੁੱਝ ਕੇ ਧਾਰਮਿਕ ਪ੍ਰੰਪਰਾਵਾਂ ਨੂੰ ਤੋੜ-ਮਰੋੜ ਕੇ ਪੇਸ਼ ਕਰ ਰਹੇ ਹਨ ਤਾਂ ਜੋ ਸਨਾਤਨ ਧਰਮ ਨੂੰ ਕਮਜ਼ੋਰ ਕੀਤਾ ਜਾ ਸਕੇ।ਉਨ੍ਹਾਂ ਸਮਾਜ ਨੂੰ ਇੱਕਜੁੱਟ ਹੋ ਕੇ ਆਪਣੀਆਂ ਸਦੀਵੀਂ ਕਦਰਾਂ-ਕੀਮਤਾਂ ਦੀ ਰਾਖੀ ਕਰਨ ਦਾ ਸੱਦਾ ਦਿੱਤਾ।ਉਨ੍ਹਾਂ ਸੱਚੇ ਸਾਧੂ-ਸੰਤਾਂ ਦੀ ਪਰਿਭਾਸ਼ਾ ਦੱਸਦਿਆਂ ਕਿਹਾ ਕਿ ਇੱਕ ਸੰਨਿਆਸੀ ਲਈ ਤਿਆਗ, ਬਲਿਦਾਨ ਤੇ ਲੋਕ-ਸੇਵਾ ਹੀ ਸਭ ਤੋਂ ਵੱਡੀ ਪੂੰਜੀ ਹੈ।ਨਿੱਜੀ ਸੰਪੱਤੀ ਜਾਂ ਸੁਆਰਥ ਲਈ ਧਰਮ ਦੀ ਵਰਤੋਂ ਕਰਨਾ ਗ਼ਲਤ ਹੈ।ਉਨ੍ਹਾਂ ਕਿਹਾ ਕਿ ਸਾਨੂੰ ਉਨ੍ਹਾਂ ਲੋਕਾਂ ਦੀ ਪਛਾਣ ਕਰਨੀ ਹੋਵੇਗੀ ਜੋ ਨਫ਼ਰਤ ਫੈਲਾਅ ਕੇ ਸਮਾਜਿਕ ਤਾਣੇ-ਬਾਣੇ ਨੂੰ ਨੁਕਸਾਨ ਪਹੁੰਚਾ ਰਹੇ ਹਨ।ਅਜਿਹੇ ਕੁਚੱਕਰ ਰਚਣ ਵਾਲਿਆਂ ਤੋਂ ਦੂਰੀ ਬਣਾਈ ਰੱਖਣਾ ਹੀ ਧਰਮ ਦੀ ਸੱਚੀ ਸੇਵਾ ਹੈ।ਯੋਗੀ ਆਦਿਤਯਨਾਥ ਦਾ ਇਹ ਬਿਆਨ ਉਸ ਸਮੇਂ ਆਇਆ ਹੈ ਜਦੋਂ ਪ੍ਰਯਾਗਰਾਜ ਮਹਾਂਕੁੰਭ ਮੇਲੇ ਦੌਰਾਨ ਪ੍ਰਸ਼ਾਸਨ ਤੇ ਕੁਝ ਧਾਰਮਿਕ ਸ਼ਖ਼ਸੀਅਤਾਂ ਵਿਚਾਲੇ ਤਣਾਅ ਚੱਲ ਰਿਹਾ ਹੈ।ਖ਼ਾਸ ਕਰਕੇ ਜਯੋਤਿਰਮਠ ਦੇ ਸ਼ੰਕਰਾਚਾਰਯ ਸਵਾਮੀ ਅਵਿਮੁਕਤੇਸ਼ਵਰਾਨੰਦ ਸਰਸਵਤੀ ਨੂੰ ਜਾਰੀ ਕੀਤੇ ਗਏ 'ਕਾਰਨ ਦੱਸੋ' ਨੋਟਿਸ ਨੇ ਇਸ ਮੁੱਦੇ ਨੂੰ ਗਰਮਾਇਆ ਹੋਇਆ ਹੈ।ਮੁੱਖ ਮੰਤਰੀ ਨੇ ਬਿਨਾਂ ਨਾਂ ਲਏ ਸਪੱਸ਼ਟ ਕੀਤਾ ਕਿ ਪ੍ਰਸ਼ਾਸਨਿਕ ਨਿਯਮਾਂ ਤੇ ਮਰਿਆਦਾਵਾਂ ਦੀ ਪਾਲਣਾ ਸਾਰਿਆਂ ਲਈ ਲਾਜ਼ਮੀ ਹੈ।

# ਵਾਧੂ ਮਿਲੇ ਚਾਰਜ ਦੌਰਾਨ ਡੀ.ਡੀ.ਪੀ.ਓ. ਹੁਸ਼ਿਆਰਪੁਰ ਵੱਲੋਂ ਪਤਨੀ ਦੀ ਜ਼ਿਲ੍ਹਾ ਪ੍ਰੀਸ਼ਦ 'ਚ ਕੀਤੀ ਤੈਨਾਤੀ

ਹੁਸ਼ਿਆਰਪੁਰ, 23 ਜਨਵਰੀ (ਦੀਪਕ ਅਗਨੀਹੋਤਰੀ): ਭ੍ਰਿਸ਼ਟਾਚਾਰ ਨੂੰ ਨੱਥ ਪਾਉਣ ਦੀਆਂ ਪੰਜਾਬ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਘੋਸ਼ਣਾਵਾਂ ਤੇ ਵਾਅਦਿਆਂ ਨੂੰ ਦਰ-ਕਿਨਾਰ ਕਰਦੇ ਹੋਏ ਜ਼ਿਲ੍ਹਾ ਹੁਸ਼ਿਆਰਪੁਰ ਦੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਨੇ ਧੱਜੀਆਂ ਉਡਾਉਂਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਛੁੱਟੀ ਜਾਣ ਤੋਂ ਬਾਅਦ ਮਿਲੀਆਂ ਵਾਧੂ ਤਾਕਤਾਂ ਦਾ ਫ਼ਾਇਦਾ ਉਠਾਉਂਦੇ ਹੋਏ ਆਪਣੀ ਹੀ ਪਤਨੀ ਨੂੰ ਇੱਕ ਵਿਭਾਗ ਵਿੱਚ ਸਰਕਾਰੀ ਨੌਕਰੀ ਵਜੋਂ ਤੈਤਾਨ ਕਰ ਦਿੱਤਾ।ਉਕਤ ਨਿਯੁਕਤ ਕੀਤੀ ਕਰਮਚਾਰੀ ਵੱਲੋਂ ਜਿਉਂ ਹੀ ਆਪਣੇ ਵਿਭਾਗ ਵਿੱਚ ਤੈਨਾਤੀ ਕੀਤੀ ਤਾਂ ਸਾਥੀ ਕਰਮਚਾਰੀਆਂ ਨੂੰ ਮਹਿਲਾ ਵਾਰੇ ਪਤਾ ਲੱਗ ਗਿਆ ਤੇ ਮਾਮਲੇ ਨੇ ਤੂਲ ਫ਼ੜ ਲਿਆ।ਹੁਣ ਲੋਕਾਂ ਤੇ ਵਿਭਾਗੀ ਵਿਅਕਤੀਆਂ ਵੱਲੋਂ ਕੀਤੀਆਂ ਸ਼ਿਕਾਇਤਾਂ ਤੋਂ ਬਾਅਦ ਇਹ ਮਾਮਲਾ ਮੁੱਖ ਮੰਤਰੀ ਦੇ ਦਰਬਾਰ ਪਹੁੰਚ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਵਿਭਾਗੀ

## ☛ਮੁੱਖ ਮੰਤਰੀ ਦੇ ਦਰਬਾਰ ਪਹੁੰਚਿਆ ਮਾਮਲਾ

ਕਰਮਚਾਰੀਆਂ ਨੇ ਸ਼ਿਕਾਇਤਾਂ ਕਰਨ ਤੋਂ ਬਾਅਦ ਆਪਣੇ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਦੱਸਿਆ ਕਿ ਪ੍ਰਦੇਸ਼ਿਕ ਦਿਹਾਤੀ ਵਿਕਾਸ ਤੇ ਪੰਚਾਇਤੀ ਰਾਜ ਸੰਸਥਾ ਮੋਹਾਲੀ ਵੱਲੋਂ ਜ਼ਿਲ੍ਹਾ ਪੱਧਰ 'ਤੇ ਸਮੂਹ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਨੂੰ ਆਊਟਸੋਰਸਿੰਗ ਰਾਹੀਂ ਰਾਸ਼ਟਰੀ ਗ੍ਰਾਮ ਸਵਰਾਜ ਅਭਿਆਨ 2025 ਤੇ 26 ਅਧੀਨ ਜ਼ਿਲ੍ਹਾ ਥੀਮੈਟਿਕ ਐਕਸਪਰਟ ਤੇ ਟ੍ਰੇਨਿੰਗ ਅਸਿਸਟੈਂਟ ਦੀਆਂ ਅਸਾਮੀਆਂ ਹਰ ਜ਼ਿਲ੍ਹੇ ਵਿੱਚ ਇੱਕੋ ਜਿਹੀ ਪਾਰਦਰਸ਼ੀ ਪ੍ਰਕਿਰਿਆ ਅਧੀਨ ਭਰਨ ਦੇ ਹੁਕਮ ਹੋਏ ਸਨ।ਪ੍ਰੰਤੂ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਹੋਈ ਭਰਤੀ ਵਿੱਚ ਵੱਡੇ ਪੱਧਰ 'ਤੇ ਧਾਂਦਲੀ ਹੋਈ ਹੈ। ਇਹ ਅਸਾਮੀਆਂ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਦੇ ਪੱਧਰ 'ਤੇ ਹੀ ਭਰਨ ਦੇ ਹੁਕਮ ਹੋਏ ਸਨ।ਇਸ ਸਬੰਧੀ ਸਰਕਾਰ ਦੀ ਪ੍ਰਦੇਸ਼ਿਕ ਦਿਹਾਤੀ ਵਿਕਾਸ ਤੇ ਪੰਚਾਇਤ ਸੰਸਥਾ ਮੋਹਾਲੀ ਵੱਲੋਂ 27 ਨਵੰਬ 2027 ਨੂੰ ਪੱਤਰ ਜਾਰੀ ਕੀਤਾ ਸੀ।**ਕਿੰਝ ਹੋਇਆ ਘਪਲਾ**: ਜਿਸ ਵੇਲੇ ਸਬੰਧਤ ਵਿਭਾਗ ਨੇ ਅਸਾਮੀਆਂ ਭਰਨ ਦੇ ਹੁਕਮ ਦਿੱਤੇ ਸਨ ਉਸ ਸਮੇਂ ਦੌਰਾਨ ਹੁਸ਼ਿਆਰਪੁਰ ਦੇ ਵਧੀਕ ਡਿਪਟੀ ਕਮਿਸ਼ਨਰ ਨਿਕਾਸ ਕੁਮਾਰ ਛੁੱਟੀ 'ਤੇ ਸਨ ਤਾਂ ਉਨ੍ਹਾਂ ਦੇ ਕੰਮਾਂ ਦਾ ਵਾਧੂ ਚਾਰਜ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਨੂੰ ਦਿੱਤਾ ਗਿਆ ਸੀ।ਆਪਣੇ ਵਾਧੂ ਚਾਰਜ ਦੌਰਾਨ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਨੇ ਸਾਰੇ ਨੈਤਿਕ ਤੇ ਸਰਕਾਰੀ ਮਾਪਦੰਡਾਂ ਦੀ ਉਲੰਘਣਾ ਕਰਦੇ ਹੋਏ ਆਪਣੀ ਪਤਨੀ ਨੂੰ ਥੀਮੈਟਿਕ ਐਕਸਪਰਟ ਪਦ ਲਈ 27 ਨਵੰਬਰ 2025 ਨੂੰ ਜੀ ਗਰੁੱਪ ਰਾਹੀਂ ਸਿਫਾਰਸ਼ ਕੀਤਾ ਗਿਆ ਤੇ ਅਗਲੇ ਦਿਨ 28 ਨਵੰਬਰ 2025 ਨੂੰ ਜ਼ਿਲ੍ਹਾ ਪ੍ਰੀਸ਼ਦ ਹੁਸ਼ਿਆਰਪੁਰ ਵਿਖੇ ਜੁਆਇੰਨ ਕਰਵਾ ਦਿੱਤਾ ਜੋ ਕਿ ਪੂਰੀ ਤਰ੍ਹਾਂ ਨਾਲ ਹਿੱਤਾਂ ਦੇ ਟਕਰਾਅ, ਪੱਖਪਾਤ ਤੇ ਦੁਰਉਪਯੋਗ ਦੀ ਸ਼੍ਰੇਣੀ ਵਿੱਚ ਆਉਂਦਾ ਹੈ।ਇਸ ਨਿਯੁਕਤੀ ਲਈ ਨਾ ਤਾਂ ਸਰਕਾਰੀ ਨਿਯਮਾਂ ਦੀ ਪਾਲਣਾ ਕੀਤੀ ਗਈ ਤੇ ਨਾ ਹੀ ਕਿਸੇ ਅਖ਼ਬਾਰ ਵਿੱਚ ਸਰਵਜਨਿਕ ਤੌਰ 'ਤੇ ਇਸ਼ਤਿਹਾਰ ਪ੍ਰਕਾਸ਼ਿਤ ਕੀਤਾ ਗਿਆ।ਹੋਰ ਤਾਂ ਹੋਰ ਮੈਰਿਟ ਆਧਾਰਿਤ ਚੋਣ ਪ੍ਰਕਿਰਿਆ ਜਾਂ ਖੁੱਲ੍ਹੇ ਮੁਕਾਬਲੇ ਦੀ ਪ੍ਰਕਿਰਿਆ ਵੀ ਨਹੀਂ ਅਪਣਾਈ ਗਈ।ਇਸ ਮਾਮਲੇ ਦਾ ਭੇਦ ਖੁੱਲ੍ਹਦੇ ਹੀ ਇਹ ਮਾਮਲਾ ਚਰਚਾ ਦਾ ਵਿਸ਼ਾ ਬਣ ਗਿਆ ਤੇ ਹੁਣ ਲੋਕਾਂ ਵੱਲੋਂ ਕੀਤੀਆਂ ਸ਼ਿਕਾਇਤਾਂ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਤੋਂ ਹੁੰਦੇ ਹੋਏ ਮੁੱਖ ਮੰਤਰੀ ਦਰਬਾਰ ਵਿੱਚ ਪਹੁੰਚ ਗਈਆਂ।**ਕੀ ਕਹਿੰਦੇ ਹਨ ਡਿਪਟੀ ਕਮਿਸ਼ਨਰ**: ਇਸ ਸਬੰਧੀ ਜ਼ਿਲ੍ਹਾ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ। ਵਧੀਕ ਡਿਪਟੀ ਕਮਿਸ਼ਨਰ ਵੀ ਛੁੱਟੀ ਤੋਂ ਵਾਪਸ ਆ ਗਏ ਹਨ।ਮਾਮਲਾ ਦੀ ਪੜਤਾਲ ਸ਼ੁਰੂ ਕਰ ਦਿੱਤੀ ਹੈ।ਜੋ ਵੀ ਦੋਸ਼ੀ ਹੋਇਆ ਉਸ ਵਿਰੁੱਧ ਸਖ਼ਤ ਕਾਰਵਾਈ ਹੋਵੇਗੀ।

# 26 ਨੂੰ ਕੀਤਾ ਜਾਵੇਗਾ ਰੋਸ ਪ੍ਰਦਰਸ਼ਨ: ਚੌਟਾਲਾ



ਹਰਿਆਣਾ, 23 ਜਨਵਰੀ (ਕਮਲ): ਪੰਜਾਬ ਦੀ ਆਮ ਆਦਮੀ ਪਾਰਟੀ ਪੰਜਾਬ ਦੇ ਲੋਕਾਂ ਤੇ ਮੁਲਾਜ਼ਮਾਂ ਨਾਲ ਇਹ ਕਹਿ ਕੇ ਸੱਤਾ ਵਿੱਚ ਆਈ ਸੀ ਕਿ ਪੰਜਾਬ ਦੇ ਮੁਲਾਜ਼ਮਾਂ ਨੂੰ ਕਦੇ ਵੀ ਧਰਨਾ ਨਹੀਂ ਲਗਾਉਣਾ ਪਵੇਗਾ ਪਰ ਸੱਤਾ ਸੰਭਾਲਣ ਤੋਂ ਬਾਅਦ ਪੰਜਾਬ ਦੀ ਸਰਕਾਰ ਨੇ ਮੁਲਾਜ਼ਮਾਂ ਦੀ ਇੱਕ ਵੀ ਮੰਗ ਪੂਰੀ ਨਹੀਂ ਕੀਤੀ, ਜਿਸ ਵਿੱਚ ਡੀਏ ਦੀਆਂ ਲੰਬੇ ਸਮੇਂ ਤੋਂ ਰਹਿੰਦੀਆਂ ਕਿਸ਼ਤਾਂ, ਪੇਅ-ਕਮਿਸ਼ਨ ਦੀ ਰਿਪੋਰਟ ਪੂਰੇ ਤੌਰ 'ਤੇ ਲਾਗੂ ਨਾ ਕਰਨ, ਏਸੀਪੀ ਬਹਾਲ ਨਾ ਕਰਨਾ ਤੇ ਮੁੱਖ ਤੌਰ 'ਤੇ ਪੁਰਾਣੀ ਪੈਨਸ਼ਨ ਬਹਾਲ ਨਾ ਕਰਨ ਜਿਸ ਦੇ ਵਿਰੋਧ ਵਿੱਚ 26 ਜਨਵਰੀ ਨੂੰ ਮੁੱਖ ਮੰਤਰੀ ਪੰਜਾਬ ਦੀ ਹੁਸ਼ਿਆਰਪੁਰ ਫੇਰੀ ਦੌਰਾਨ ਮੁੱਖ ਮੰਤਰੀ ਨੂੰ ਕਾਲੀਆਂ ਝੰਡੀਆਂ ਦਿਖਾ ਕੇ ਵਿਰੋਧ ਕੀਤਾ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਗੌਰਮਿੰਟ ਟੀਚਰਜ਼ ਯੂਨੀਅਨ ਪ੍ਰਿਤਪਾਲ ਸਿੰਘ ਚੌਟਾਲਾ ਨੇ ਕਿਹਾ ਕਿ ਪਿਛਲੇ ਲਗਭਗ ਤਿੰਨ ਸਾਲ ਤੋਂ ਪੰਜਾਬ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਲਈ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ, ਜੋ ਕਿ ਮਹਿਜ਼ ਇੱਕ ਕਾਗਜ਼ ਦਾ ਟੁਕੜਾ ਬਣ ਕੇ ਰਹਿ ਗਿਆ ਹੈ ਤੇ ਉਸ ਨੂੰ ਕਿਤੇ ਵੀ ਲਾਗੂ ਨਹੀਂ ਕੀਤਾ ਗਿਆ, ਜਿਸ ਦੇ ਵਿਰੋਧ ਵਿੱਚ ਲੰਬੇ ਸਮੇਂ ਤੋਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੇ ਗੌਰਮਿੰਟ ਟੀਚਰ ਯੂਨੀਅਨ ਮੈਦਾਨ ਵਿੱਚ ਹਨ।ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਤੇ ਸੀ.ਪੀ.ਐਫਯੂਨੀਅਨ ਵੱਲੋਂ ਗਣਤੰਤਰ ਦਿਹਾੜੇ ਦੇ ਮੌਕੇ 'ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੂੰ ਹੁਸ਼ਿਆਰਪੁਰ ਫੇਰੀ ਦੌਰਾਨ ਕਾਲੀਆਂ ਝੰਡੀਆਂ ਦਿਖਾ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਸੱਤਾ ਵਿੱਚ ਆਉਣ ਤੋਂ ਪਹਿਲਾਂ ਸਰਕਾਰ ਨੇ 2004 ਤੋਂ ਬਾਅਦ ਸਰਕਾਰੀ ਸੇਵਾ ਵਿੱਚ ਆਏ ਲਗਭਗ 2 ਲੱਖ ਕਰਮਚਾਰੀਆਂ ਨਾਲ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਵਾਅਦਾ ਕੀਤਾ ਸੀ, ਜੋ ਅੱਜ ਤੱਕ ਵਫ਼ਾ ਨਹੀਂ ਹੋਇਆ।

# ਵਿਧਾਇਕ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ 'ਚ ਵਿਕਾਸ ਕਾਰਜ ਜਾਰੀ

## ☛ਵਾਰਡ ਨੰਬਰ 46 'ਚ ਵਾਟਰ ਸਪਲਾਈ ਸਿਸਟਮ ਦਾ ਉਦਘਾਟਨ

ਬਟਾਲਾ, 23 ਜਨਵਰੀ (ਬਲਵਿੰਦਰ ਸਿੰਘ ਪੰਜਗਰਾਈਂ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਜਿਥੇ ਸਰਬਪੱਖੀ ਵਿਕਾਸ ਤੇਜ਼ੀ ਨਾਲ ਚੱਲ ਰਹੇ ਹਨ, ਉਥੇ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ।ਇਹ ਪ੍ਰਗਟਾਵਾ ਅੰਮ੍ਰਿਤ ਕਲਸੀ ਭਰਾ ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਨੰਬਰ 46, ਅਜੀਤ ਨਗਰ ਕਲੋਨੀ, ਜੱਜ ਵਾਲੀ ਗਲੀ ਵਿੱਚ ਵਾਟਰ ਸਪਲਾਈ ਸਿਸਟਮ ਦਾ ਵਾਰਡ ਵਾਸੀਆਂ ਦੀ ਮੌਜੂਦਗੀ ਵਿੱਚ ਉਦਘਾਟਨ ਕਰਨ ਉਪਰੰਤ ਕੀਤਾ। ਅੰਮ੍ਰਿਤ ਕਲਸੀ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਹਲਕਾ ਬਟਾਲਾ ਖਾਸਕਰਕੇ ਸ਼ਹਿਰ ਬਟਾਲਾ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਤੇ ਲੋਕਾਂ ਦੀਆਂ ਮੰਗਾਂ ਤਹਿਤ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕੰਮ ਕਰਵਾਏ ਗਏ ਹਨ ਤੇ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਕਾਸ ਕਾਰਜ ਨਿਰੰਤਰ ਜਾਰੀ ਹਨ।ਉਨ੍ਹਾਂ ਦੱਸਿਆ ਕਿ ਕਰੀਬ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਬਟਾਲਾ ਸ਼ਹਿਰ ਅੰਦਰ ਟ੍ਰੈਫਿਕ ਦੀ ਸਮੱਸਿਆ ਦੇ ਹੱਲ ਲਈ ਸੜਕਾਂ ਤੇ ਚੌਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਦੇਣ ਲਈ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ। ਸ਼ਹਿਰ ਵਾਸੀਆਂ ਨੂੰ ਸਾਫ-ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਲੋਕਾਂ ਨੂੰ ਪੀਣ ਲਈ ਸਾਫ ਸੁਥਰਾ ਪਾਣੀ ਮਿਲੇਗਾ।



# ਪੰਜਾਬ ਸਰਕਾਰ ਦੀ ਸਿਹਤ ਨੀਤੀ ਗਰੀਬ ਤੇ ਮੱਧ ਵਰਗ ਲਈ ਵਰਦਾਨ ਸਾਬਿਤ ਹੋਵੇਗੀ: ਬੋਹਜਾ



ਬਟਾਲਾ/ਸ੍ਰੀ ਹਰਿਗੋਬਿੰਦਪੁਰ ਸਾਹਿਬ, 23 ਜਨਵਰੀ (ਡਾ. ਨਰਿੰਦਰ ਸਿੰਘ ਘੁਮਾਣ/ਸੁਖਅੰਮ੍ਰਿਤ ਸਿੰਘ ਸੋਨੂੰ): ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ 10 ਲੱਖ ਰੁਪਏ ਕੈਸ਼ਲੈਸ ਸਿਹਤ ਬੀਮਾ ਯੋਜਨਾ ਸੂਬੇ ਦੇ ਲੋਕਾਂ ਲਈ ਇੱਕ ਇਤਿਹਾਸਕ ਤੇ ਲੋਕ-ਹਿੱਤਕਾਰੀ ਕਦਮ ਸਾਬਿਤ ਹੋਵੇਗੀ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਚੋਣਵੇਂ ਪੱਤਰਕਾਰਾਂ ਨਾਲ ਕਰਦਿਆਂ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਬਲਾਕ ਪ੍ਰਧਾਨ ਤੇ ਬਲਾਕ ਸੰਮਤੀ ਮੈਂਬਰ ਮੁਖਤਾਰ ਸਿੰਘ ਬੋਹਜਾ ਨੇ ਕਿਹਾ ਕਿ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਸਰਕਾਰ ਵੱਲੋਂ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਠੋਸ ਕਦਮ ਚੁੱਕੇ ਜਾ ਰਹੇ ਹਨ।ਬੋਹਜਾ ਨੇ ਕਿਹਾ ਕਿ ਇਸ ਯੋਜਨਾ ਦੇ ਤਹਿਤ ਪੰਜਾਬ ਦੇ ਵਸਨੀਕ ਸਰਕਾਰੀ ਤੇ ਮਨਜ਼ੂਰਸ਼ੁਦਾ ਨਿੱਜੀ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਮੁਫ਼ਤ ਤੇ ਕੈਸ਼ਲੈਸ ਇਲਾਜ ਕਰਵਾ ਸਕਣਗੇ। ਇਸ ਨਾਲ ਗਰੀਬ ਤੇ ਮੱਧ ਵਰਗ ਦੇ ਪਰਿਵਾਰਾਂ ਨੂੰ ਮਹਿੰਗੇ ਇਲਾਜ ਕਾਰਨ ਆਉਣ ਵਾਲੀ ਆਰਥਿਕ ਤਕਲੀਫ਼ ਤੋਂ ਵੱਡੀ ਰਾਹਤ ਮਿਲੇਗੀ ਤੇ ਲੋਕਾਂ ਨੂੰ ਇਲਾਜ ਲਈ ਕਰਜ਼ੇ ਲੈਣ ਤੋਂ ਵੀ ਛੁਟਕਾਰਾ ਮਿਲੇਗਾ।ਉਨ੍ਹਾਂ ਦੱਸਿਆ ਕਿ ਇਸ ਯੋਜਨਾ ਦਾ ਲਾਭ ਸੂਬੇ ਦੇ ਕਰੀਬ 65 ਲੱਖ ਲੋਕਾਂ ਨੂੰ ਮਿਲੇਗਾ, ਜੋ ਕਿ ਆਪਣੇ ਆਪ ਵਿੱਚ ਇੱਕ ਵੱਡਾ ਅੰਕ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀ ਇਹ ਪਹਿਲ ਸਾਬਤ ਕਰਦੀ ਹੈ ਕਿ ਭਗਵੰਤ ਮਾਨ ਸਰਕਾਰ ਆਮ ਆਦਮੀ ਦੀ ਸਿਹਤ ਨੂੰ ਪਹਿਲ ਦਿੰਦਿਆਂ ਹੋਈਆਂ ਨੀਤੀਆਂ ਤਿਆਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਪਿੰਡਾਂ ਵਿੱਚ ਸਿਹਤ ਬੀਮਾ ਯੋਜਨਾ ਤਹਿਤ ਕੈਂਪ ਲਗਾਏ ਜਾਣਗੇ ਤੇ ਕੈਂਪਾਂ ਦੌਰਾਨ ਲੋਕਾਂ ਨੂੰ ਯੋਜਨਾ ਦੀ ਪ੍ਰਕਿਰਿਆ, ਦਸਤਾਵੇਜ਼ਾਂ ਤੇ ਇਲਾਜ ਸਬੰਧੀ ਪੂਰੀ ਜਾਣਕਾਰੀ ਦਿੱਤੀ ਜਾ ਰਹੀ ਹੈ, ਜਿਸ ਨਾਲ ਲੋਕਾਂ ਵਿੱਚ ਜਾਗਰੂਕਤਾ ਵੱਧ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਲੱਗਣ ਨਾਲ ਲੋਕਾਂ ਨੂੰ ਦਫ਼ਤਰਾਂ ਦੇ ਚੱਕਰ ਨਹੀਂ ਕੱਟਣੇ ਪੈਣਗੇ ਤੇ ਸਮੇਂ ਦੀ ਵੀ ਵੱਡੀ ਬੱਚਤ ਹੋਵੇਗੀ। ਉਨ੍ਹਾਂ ਨੇ ਦੱਸਿਆ ਕਿ ਪਿੰਡ ਵਾਸੀਆਂ ਵੱਲੋਂ ਕੈਂਪਾਂ ਨੂੰ ਬਹੁਤ ਹੀ ਸਕਾਰਾਤਮਕ ਪ੍ਰਤੀਕਿਰਿਆ ਮਿਲੇਗੀ।ਉਨ੍ਹਾਂ ਆਖਿਆ ਕਿ ਭਗਵੰਤ ਮਾਨ ਸਰਕਾਰ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ, ਨੌਜਵਾਨਾਂ ਤੇ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ, ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਉਸਦੀ ਇੱਕ ਵੱਡੀ ਮਿਸਾਲ ਹੈ।

# ਸਰਕਾਰ ਦੀ 10 ਲੱਖ ਸਿਹਤ ਬੀਮੇ ਦੀ ਹੋਈ ਸ਼ੁਰੂਆਤ: ਚੇਅਰਮੈਨ ਸ਼ਰਮਾ

ਫਤਹਿਗੜ੍ਹ ਚੂੜੀਆਂ, 23 ਜਨਵਰੀ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦੇ ਵਸਨੀਕ ਤੇ ਗੁਰਦਾਸਪੁਰ ਲੋਕ ਸਭਾ ਇੰਚਾਰਜ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਸਭ ਤੋਂ ਪਹਿਲਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਸਮੁੱਚੀ ਆਮ ਆਦਮੀ ਪਾਰਟੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਕਿ ਜਿਨ੍ਹਾਂ ਨੇ 10 ਲੱਖ ਸਿਹਤ ਬੀਮਾ ਯੋਜਨਾ ਲਾਗੂ ਕਰਕੇ ਲੋਕਾਂ ਨੂੰ ਸੌਂਪਿਆ ਹੈ ਤੇ ਜਿਸ ਦੀ ਸ਼ੁਰੂਆਤ ਹੋ ਚੁੱਕੀ ਹੈ।ਜਿਸ ਵਿੱਚ ਹੁਣ ਲੋਕਾਂ ਨੂੰ ਇਸ ਕਾਰਡ ਰਾਹੀਂ ਕਈ ਤਰ੍ਹਾਂ ਦੇ ਲਾਭ ਮਿਲਣਗੇ ਤੇ ਜੋ ਲੋਕ ਮਹਿੰਗੇ ਇਲਾਜ ਨਹੀਂ ਕਰਵਾ ਸਕਦੇ ਸਨ।ਹੁਣ ਲੋਕਾਂ ਨੂੰ ਤੁਰੰਤ ਤੇ ਉਚ ਪੱਧਰੀ ਸਿਹਤ ਸੇਵਾਵਾਂ ਮਿਲ ਸਕਣਗੀਆਂ ਤੇ ਇਸ ਨਾਲ ਹਜ਼ਾਰਾਂ ਪਰਿਵਾਰ ਕਰਜ਼ੇ ਦੇ ਬੋਝ ਤੋਂ ਬਚ ਸਕਣਗੇ ਤੇ ਇਸ ਯੋਜਨਾ ਤਹਿਤ ਹੁਣ ਹਰ ਪੰਜਾਬੀ ਪਰਿਵਾਰ ਨੂੰ ਮਹਿੰਗੇ ਇਲਾਜ ਦੀ ਚਿੰਤਾ ਤੋਂ ਮੁਕਤੀ ਮਿਲੇਗੀ।ਆਖਿਰ ਵਿੱਚ ਚੇਅਰਮੈਨ ਰਾਜੀਵ ਸ਼ਰਮਾ ਨੇ ਫਿਰ ਤੋਂ ਪੰਜਾਬ ਸਰਕਾਰ ਦਾ ਤੇ ਆਮ ਆਦਮੀ ਪਾਰਟੀ ਦੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਫੈਸਲਾ ਸੱਚ ਮੁੱਚ ਲੋਕ ਹਿੱਤ ਵਿੱਚ ਹੈ ਤੇ ਹਰ ਪੰਜਾਬੀ ਲਈ ਸਿਹਤ ਸੁਰੱਖਿਆ ਦੀ ਨਵੀਂ ਆਸ ਬਣ ਕੇ ਉਭਰੇਗਾ।



# ਮੁੱਖ ਮੰਤਰੀ ਕੈਸ਼ਲੈਸ ਸਿਹਤ ਬੀਮਾ ਯੋਜਨਾ ਸੂਬੇ ਦੇ ਲੋਕਾਂ ਲਈ ਲਾਭਦਾਇਕ: ਜੋਨੀ ਘੁਮਾਣ



ਬਟਾਲਾ/ਸ੍ਰੀ ਹਰਿਗੋਬਿੰਦਪੁਰ ਸਾਹਿਬ, 23 ਜਨਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ/ਡਾ. ਸਰਬਜੀਤ ਸਿੰਘ ਭਿੰਡਰ): ਪੰਜਾਬ ਸਰਕਾਰ ਵੱਲੋਂ ਮੁਫਤ ਸਿਹਤ ਬੀਮਾ ਯੋਜਨਾ ਦਾ ਆਰੰਭ ਕਰ ਦਿੱਤਾ ਗਿਆ ਹੈ ਤੇ ਅੱਜ ਮੋਹਾਲੀ ਵਿਖੇ ਹੋਏ ਇੱਕ ਵਿਸ਼ੇਸ਼ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਦੇ ਕਨਵੀਨਰ ਪਾਰਟੀ ਦੇ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਸੀਨੀਅਰ ਆਗੂ ਤੇ ਜ਼ਿਲ੍ਹਾ ਜਨਰਲ ਸਕੱਤਰ ਬਲਜੀਤ ਸਿੰਘ ਜੋਨੀ ਘੁਮਾਣ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਲੋਕਾਂ ਨੂੰ ਵੱਡਾ ਲਾਭ ਹੋਵੇਗਾ।ਉਨ੍ਹਾਂ ਕਿਹਾ ਕਿ ਇਸ ਯੋਜਨਾ ਦੇ ਤਹਿਤ ਪੰਜਾਬ ਦੇ ਵਾਸੀ 10 ਲੱਖ ਰੁਪਏ ਦਾ ਮੁਫਤ ਇਲਾਜ ਸਰਕਾਰੀ ਤੇ ਨਿੱਜੀ ਹਸਪਤਾਲਾ ਵਿੱਚ ਕਰਵਾ ਸਕਣਗੇ ਤੇ ਸੂਬੇ ਦੇ 65 ਲੱਖ ਲੋਕਾਂ ਨੂੰ ਇਸਦਾ ਲਾਭ ਹੋਵੇਗਾ।ਉਨ੍ਹਾਂ ਕਿਹਾ ਕਿ ਇਸ ਯੋਜਨਾ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਖੁਸ਼ੀ ਪਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਤੋਂ ਲੋਕ ਖੁਸ਼ ਤੇ ਸੰਤੁਸ਼ਟ ਹਨ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਾਰੇ ਵਰਗਾਂ ਦੇ ਹਿੱਤਾਂ ਦਾ ਧਿਆਨ ਰੱਖਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਦੀ ਸਹੂਲਤ ਲਈ ਆਰੰਭ ਕੀਤੀ ਗਈ ਸਕੀਮ ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰਾ ਅਤਿ ਹੀ ਲਾਭਦਾਇਕ ਹੈ।ਉਨ੍ਹਾਂ ਆਖਿਆ ਕਿ ਭਗਵੰਤ ਮਾਨ ਸਰਕਾਰ ਕਿਸਾਨਾਂ ਮਜ਼ਦੂਰਾਂ, ਵਪਾਰੀਆਂ ਤੇ ਹਰ ਵਰਗ ਦੇ ਲੋਕਾਂ ਦੀ ਹਮਦਰਦ ਸਰਕਾਰ ਵਜੋਂ ਸਾਬਤ ਹੋਈ ਹੈ।

# ਦੁਆਬਾ ਕਿਸਾਨ ਕਮੇਟੀ ਪੰਜਾਬ ਵੱਲੋਂ 26 ਨੂੰ ਕੱਢੀ ਜਾਵੇਗੀ ਟਰੈਕਟਰ ਰੈਲੀ: ਚੌਹਾਨ, ਸਮਰਾ



ਗੜ੍ਹਦੀਵਾਲਾ, 23 ਜਨਵਰੀ (ਗੌਰਵ): ਦੁਆਬਾ ਕਿਸਾਨ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੌਹਾਨ ਤੇ ਸਰਕਲ ਗੜ੍ਹਦੀਵਾਲਾ ਦੇ ਪ੍ਰਧਾਨ ਨੰਬਰਦਾਰ ਪਰਮਿੰਦਰ ਸਿੰਘ ਸਮਰਾ ਦੀ ਅਗਵਾਹੀ ਵਿੱਚ ਅਹਿਮ ਮੀਟਿੰਗ ਹੋਈ।ਉਨ੍ਹਾਂ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਐਸਕੇਐਮ ਦੀ ਕਾਲ 'ਤੇ ਦੁਆਬਾ ਕਿਸਾਨ ਕਮੇਟੀ ਪੰਜਾਬ ਵੱਲੋਂ ਵੱਖ ਵੱਖ ਸਥਾਨਾਂ 'ਤੇ ਟਰੈਕਟਰ ਰੈਲੀਆਂ ਕੱਢੀਆਂ ਜਾ ਰਹੀਆਂ ਹਨ।ਉਸੇ ਅਧੀਨ ਗੜ੍ਹਦੀਵਾਲਾ ਵਿਖੇ 26 ਜਨਵਰੀ ਨੂੰ ਸਵੇਰੇ 9.30 ਵਜੇ ਤੋਂ 12.00ਵਜੇ ਤੱਕ ਇਹ ਵਿਸ਼ਾਲ ਟਰੈਕਟਰ ਰੈਲੀ ਕੱਢੀ ਜਾਵੇਗੀ। ਉਸੇ ਅਧੀਨ ਸਰਕਲ ਗੜ੍ਹਦੀਵਾਲਾ ਵਿੱਚ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਕੀਤਾ ਜਾਵੇ।ਉਨ੍ਹਾਂ ਦੱਸਿਆ ਕਿ ਇਸ ਰੈਲੀ ਪ੍ਰਤੀ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ ਤੇ ਲੋਕ ਭਾਰੀ ਗਿਣਤੀ ਵਿੱਚ ਇਸ ਵਿੱਚ ਸ਼ਾਮਲ ਹੋਣਗੇ ਤੇ ਇਸ ਵਿਸ਼ਾਲ ਰੋਸ ਮਾਰਚ ਨੂੰ ਸਫਲ ਕਰਨਗੇ।ਉਨ੍ਹਾਂ ਦੱਸਿਆ ਕਿ ਜੋ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ ਲਿਆਇਆ ਜਾ ਰਿਹਾ ਹੈ ਉਸ ਨੂੰ ਰੱਦ ਕੀਤਾ ਜਾਵੇ, ਕਿਸਾਨ-ਮਜ਼ਦੂਰਾਂ ਦਾ ਸਾਰਾ ਕਰਜ਼ਾ ਮੁਆਫ ਕਰੇ, ਸਾਰੀਆਂ ਫਸਲਾਂ ਤੇ ਐਮਐਸਪੀ ਦੀ ਗਰੰਟੀ ਦਿੱਤੀ ਜਾਵੇ ।ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਕਿਸਾਨ ਸੰਘਰਸ਼ ਨੂੰ ਹੋਰ ਵੀ ਤੇਜ਼ ਕਰਨਗੇ।ਇਸੇ ਰੋਸ ਵਜੋਂ ਮਜਬੂਰਨ ਕਿਸਾਨ 26 ਜਨਵਰੀ ਨੂੰ ਗਣਤੰਤਰ ਦਿਵਸ ਮੌਕੇ ਵਿਸ਼ਾਲ ਟਰੈਕਟਰ ਰੋਸ ਮਾਰਚ ਕਰਨਗੇ।ਇਸ ਰੈਲੀ ਨੂੰ ਸਫਲ ਬਣਾਉਣ ਲਈ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਆਮ ਜਨਤਾ ਭਾਰਤ ਸਰਕਾਰ ਦੀਆਂ ਗਤੀਵਿਧੀਆਂ ਤੋਂ ਦੁਖੀ ਹੈ ਤੇ ਉਨ੍ਹਾਂ ਵੱਲੋਂ ਦੁਆਬਾ ਕਿਸਾਨ ਕਮੇਟੀ ਪੰਜਾਬ ਦਾ ਸੰਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਇਸ ਮੌਕੇ 'ਤੇ ਅਮਨਦੀਪ ਸਿੰਘ ਬੰਟੀ ਬਾਹਗਾ, ਤਲਵਿੰਦਰ ਸਿੰਘ ਦਾਰਾਪੁਰ, ਤਰਲੋਕ ਸਿੰਘ ਸਹੋਤਾ, ਹਰਪ੍ਰੀਤ ਸਿੰਘ ਹੈਪੀ ਬਾਹਲਾ, ਬਲਵਿੰਦਰ ਸਿੰਘ ਝੁੰਬੋਵਾਲ, ਕੁਲਜੀਤ ਸਿੰਘ ਖਾਨਪੁਰ, ਭੁਪਿੰਦਰ ਸਿੰਘ ਰਾਜਾ ਰੂਪਵਾਲ, ਕਰਮਜੀਤ ਸਿੰਘ ਬਾਹਲਾ, ਬਲੀ ਸਿੰਘ ਧੂਤ, ਰੁਪਿੰਦਰ ਸਿੰਘ ਧੂਤ, ਕਮਲਦੀਪ ਸਿੰਘ ਸਮਰਾ, ਤਰਨਦੀਪ ਸਿੰਘ ਮੱਲੀ ਹਾਜ਼ਰ ਸਨ।

# ਪੰਜਾਬ ਦੇ ਹਰੇਕ ਵਰਗ ਦੀ ਭਲਾਈ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰ੍ਹਾਂ ਵਚਨਬੱਧ: ਸਰਪੰਚ ਪੰਨੂੰ/ਹਰਦਾਨ





ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 23 ਜਨਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਮਜ਼ਬੂਤ ਕਰਨ ਦੇ ਮੰਤਵ ਨਾਲ ਸ਼ੁਰੂ ਕੀਤੀ ਗਈ 10 ਲੱਖ ਰੁਪਏ ਦੀ ਇਲਾਜ ਬੀਮਾ ਯੋਜਨਾ ਦੀ ਭਰਪੂਰ ਸ਼ਲਾਘਾ ਕਰਦਿਆਂ ਆਮ ਆਦਮੀ ਪਾਰਟੀ ਸੀਨੀਅਰ ਆਗੂ ਤੇ ਬਲਾਕ ਪ੍ਰਧਾਨ ਗੁਰਮੀਤ ਸਿੰਘ ਪੰਨੂੰ ਸਰਪੰਚ ਰਧਾਨ ਤੇ ਸੀਨੀਅਰ ਆਗੂ ਸਾਬਕਾ ਸਰਪੰਚ ਮਨਜੀਤ ਸਿੰਘ ਹਰਦਾਨ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਯੋਜਨਾ ਨੂੰ ਗਰੀਬਾਂ ਤੇ ਆਮ ਲੋਕਾਂ ਲਈ ਵੱਡਾ ਵਰਦਾਨ ਕਰਾਰ ਦਿੱਤਾ।ਆਗੂਆਂ ਨੇ ਕਿਹਾ ਕਿ ਅੱਜ ਦੇ ਮਹਿੰਗਾਈ ਭਰੇ ਦੌਰ ਵਿੱਚ ਇਲਾਜ ਕਰਵਾਉਣਾ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੋ ਚੁੱਕਾ ਹੈ। ਕਈ ਵਾਰ ਘਰ ਦੇ ਇੱਕ ਮੈਂਬਰ ਦੀ ਗੰਭੀਰ ਬਿਮਾਰੀ ਪੂਰੇ ਪਰਿਵਾਰ ਨੂੰ ਆਰਥਿਕ ਤੌਰ 'ਤੇ ਤੋੜ ਕੇ ਰੱਖ ਦਿੰਦੀ ਹੈ ਤੇ ਲੋਕ ਕਰਜ਼ੇ ਹੇਠ ਆ ਜਾਂਦੇ ਹਨ। ਅਜਿਹੇ ਹਾਲਾਤਾਂ ਵਿੱਚ ਪੰਜਾਬ ਸਰਕਾਰ ਵੱਲੋਂ ਹਰ ਯੋਗ ਪਰਿਵਾਰ ਨੂੰ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਮੁਹੱਈਆ ਕਰਵਾਉਣਾ ਇੱਕ ਇਤਿਹਾਸਕ ਤੇ ਲੋਕ-ਹਿਤੈਸ਼ੀ ਕਦਮ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦੇ ਤਹਿਤ ਨਾ ਸਿਰਫ਼ ਸਰਕਾਰੀ ਸਗੋਂ ਐਂਪੈਨਲ ਕੀਤੇ ਨਿੱਜੀ ਹਸਪਤਾਲਾਂ ਵਿੱਚ ਵੀ ਕੈਸ਼ਲੈਸ ਇਲਾਜ ਦੀ ਸਹੂਲਤ ਮਿਲੇਗੀ, ਜਿਸ ਨਾਲ ਪਿੰਡਾਂ ਦੇ ਲੋਕਾਂ ਨੂੰ ਵੱਡੇ ਸ਼ਹਿਰਾਂ ਵੱਲ ਦੌੜ-ਭੱਜ ਨਹੀਂ ਕਰਨੀ ਪਵੇਗੀ।ਆਗੂਆਂ ਨੇ ਕਿਹਾ ਕਿ ਇਹ ਯੋਜਨਾ ਖ਼ਾਸ ਕਰਕੇ ਗਰੀਬ, ਮੱਧਵਰਗੀ ਪਰਿਵਾਰਾਂ, ਕਿਸਾਨਾਂ, ਮਜ਼ਦੂਰਾਂ, ਦਿਹਾੜੀਦਾਰਾਂ ਤੇ ਛੋਟੇ ਕਾਰੋਬਾਰੀਆਂ ਲਈ ਵੱਡਾ ਸਹਾਰਾ ਸਾਬਤ ਹੋਵੇਗੀ।ਕਿਸਾਨ ਪਹਿਲਾਂ ਹੀ ਮਹਿੰਗੇ ਸਾਧਨਾਂ ਤੇ ਮੌਸਮੀ ਮਾਰ ਨਾਲ ਜੂਝ ਰਿਹਾ ਹੈ, ਅਜਿਹੇ ਵਿੱਚ ਘਰ ਦੀ ਬਿਮਾਰੀ ਹਾਲਾਤ ਹੋਰ ਗੰਭੀਰ ਕਰ ਦਿੰਦੀ ਹੈ, ਪਰ ਹੁਣ ਇਹ ਸਿਹਤ ਬੀਮਾ ਯੋਜਨਾ ਉਨ੍ਹਾਂ ਲਈ ਮਜ਼ਬੂਤ ਸੁਰੱਖਿਆ ਕਵਚ ਬਣੇਗੀ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਸਿਹਤ, ਸਿੱਖਿਆ, ਬਿਜਲੀ ਤੇ ਰੋਜ਼ਗਾਰ ਵਰਗੇ ਖੇਤਰਾਂ ਵਿੱਚ ਲਗਾਤਾਰ ਲੋਕ-ਹਿਤੈਸ਼ੀ ਫ਼ੈਸਲੇ ਲੈ ਰਹੀ ਹੈ, ਜੋ ਇਸ ਗੱਲ ਦਾ ਸਬੂਤ ਹਨ ਕਿ ਸਰਕਾਰ ਪੰਜਾਬ ਦੇ ਹਰੇਕ ਵਰਗ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਇਸ ਇਤਿਹਾਸਕ ਫ਼ੈਸਲੇ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਯੋਜਨਾ ਖੇਮਕਰਨ ਹਲਕੇ ਸਮੇਤ ਪੂਰੇ ਪੰਜਾਬ ਦੇ ਸਿਹਤ ਖੇਤਰ ਵਿੱਚ ਨਵਾਂ ਇਤਿਹਾਸ ਰਚੇਗੀ।

# ਵਿਧਾਇਕ ਅਮਰਪਾਲ ਸਿੰਘ ਨੇ ਲੋਕ ਮਿਲਣੀ ਰਾਹੀਂ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਕੀਤੀਆਂ ਹੱਲ



ਬਟਾਲਾ, 23 ਜਨਵਰੀ (ਬਲਵਿੰਦਰ ਸਿੰਘ ਪੰਜਗਰਾਈਂ): ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਆਪਣੇ ਦਫਤਰ ਵਿਖੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ ਤੇ ਸਬੰਧਤ ਵਿਭਾਗਾਂ ਰਾਹੀਂ ਹੱਲ ਕਰਵਾਈਆਂ ਗਈਆਂ।ਇਸ ਮੌਕੇ ਗੱਲ ਕਰਦਿਆਂ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰੇਕ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਤੇ ਪੰਜਾਬ ਸਰਕਾਰ ਨੇ ਕਰੀਬ ਚਾਰ ਸਾਲ ਦੇ ਕਾਰਜਕਾਲ ਦੌਰਾਨ ਲੋਕਹਿੱਤ ਵਿੱਚ ਇਤਿਹਾਸਕ ਫੈਸਲੇ ਲਏ ਹਨ।ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਹਲਕੇ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਕਿਹਾ ਕਿ ਹਲਕੇ ਦਾ ਸਰਬਪੱਖੀ ਵਿਕਾਸ ਕਰਵਾਉਣਾ, ਉਨ੍ਹਾਂ ਦੀ ਪਹਿਲੀ ਤਰਜੀਹ ਹੈ ਤੇ ਲੋਕਾਂ ਤੱਕ ਭਲਾਈ ਸਕੀਮਾਂ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਨਵੀਆਂ ਚੁਣੀਆਂ ਪੰਚਾਇਤਾਂ ਰਾਹੀਂ ਪਿੰਡਾਂ ਵਿੱਚ ਸਰਬਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤੇ ਪਾਰਦਰਸ਼ੀ ਢੰਗ ਨਾਲ ਕੰਮ ਕਰਨ ਨੂੰ ਯਕੀਨੀ ਬਣਾਇਆ ਜਾਵੇਗਾ।ਉਨ੍ਹਾਂ ਅੱਗੇ ਕਿਹਾ ਕਿ ਉਹ ਖੁਦ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀ ਮੁਸ਼ਕਿਲਾਂ ਸੁਣ ਕੇ ਹੱਲ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕਾ ਵਾਸੀਆਂ ਨੇ ਉਨ੍ਹਾਂ ਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ ਤੇ ਉਹ ਲੋਕਾਂ ਦੀ ਸੇਵਾ ਵਿੱਚ 24 ਘੰਟੇ ਹਾਜ਼ਰ ਹਨ। ਉਨ੍ਹਾਂ ਕਿਹਾ ਕਿ ਇਤਿਹਾਸਕ ਤੇ ਧਾਰਮਿਕ ਹਲਕੇ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਕਰਵਾਏ ਗਏ ਹਨ ਤੇ ਵਿਕਾਸ ਕਾਰਜਾਂ ਵਿੱਚ ਕੋਈ ਢਿੱਲਮੱਠ ਨਹੀਂ ਰਹਿਣ ਦਿੱਤੀ ਜਾਵੇਗੀ।

# ਅੱਤਵਾਦੀ ਪੰਨੂੰ ਵੱਲੋਂ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਖ਼ਿਲਾਫ਼ ਸ਼ਿਵ ਸੈਨਾ ਹਿੰਦੁਸਤਾਨ ਨੇ ਕੀਤੀ ਨਾਅਰੇਬਾਜ਼ੀ: ਰਾਹੁਲ ਖੰਨਾ



ਟਾਂਡਾ ਉੜਮੁੜ, 23 ਜਨਵਰੀ (ਅਰਜੁਨ ਜੈਨ): ਆਏ ਦਿਨ ਸਰਕਾਰੀ ਇਮਾਰਤਾਂ ਨੂੰ ਬੰਬ ਨਾਲ ਉਡਾਉਣ ਤੇ ਹੁਣ ਗਣਤੰਤਰ ਦਿਵਸ 'ਚ ਸ਼ਾਮਲ ਹੋਣ ਵਾਲੇ ਟਾਂਡਾ ਦੇ ਪ੍ਰਾਈਵੇਟ ਸਕੂਲਾਂ ਦੀਆਂ ਇਮਾਰਤਾਂ ਨੂੰ ਬੰਬ ਨਾਲ ਉਡਾਉਣ ਦੀ ਈ.ਮੇਲ ਰਾਹੀਂ ਦਿੱਤੀ ਗਈ ਧਮਕੀ ਦੇ ਰੋਸ ਵਜੋਂ ਤੇ ਇਸ ਨੂੰ ਨਕੇਲ ਪਾਉਣ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਸ਼ਿਵ ਸੈਨਾ ਦੇ ਦਫਤਰ ਟਾਂਡਾ ਵਿਖੇ ਇੱਕ ਹੰਗਾਮੀ ਮੀਟਿੰਗ ਦਾ ਆਯੋਜਨ ਕੀਤਾ ਗਿਆ।ਮੀਟਿੰਗ 'ਚ ਹਾਜ਼ਰ ਸ਼ਿਵ ਸੈਨਾ ਦੇ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜ਼ਨ, ਯੁਵਾ ਨੇਤਾ ਰਾਜੂ ਖੋਸਲਾ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲ੍ਹਾ ਯੂਥ ਪ੍ਰਧਾਨ ਪੁਨੀਤ ਢੀਂਗਰਾ, ਯੂਥ ਸਿਟੀ ਪ੍ਰਧਾਨ ਗੁਰਨਾਮ ਸਿੰਘ ਗੋਨੀ, ਯੂਥ ਨੇਤਾ ਸ਼ੈਰੀ ਥਾਪਰ ਸੀਨੀਅਰ ਸਿਟੀ ਪ੍ਰਧਾਨ ਰਾਜੀਵ ਖੰਨਾ, ਵਾਈਸ ਚੇਅਰਮੈਨ ਬਬਲੂ ਕੁਮਾਰ, ਸਾਗਰ ਸਹੋਤਾ, ਟਾਈਗਰ ਨੰਗਲ, ਸਾਗਰ ਮੋਟਾ, ਯੂਵੀ, ਲਵੀ, ਦੀਪਕ, ਗਗਨਦੀਪ, ਜਸਪ੍ਰੀਤ ਬੋਗਾ, ਰਾਹੁਲ ਕੁਮਾਰ, ਸੁਖਦੀਪ ਤੋਂ ਇਲਾਵਾ ਹੋਰ ਸ਼ਿਵਸੈਨਾ ਵਰਕਰਾਂ ਨੇ ਅੱਤਵਾਦੀ ਗੁਰਪਤਵੰਤ ਸਿੰਘ ਪੰਨੂੰ ਖ਼ਿਲਾਫ ਰੋਸ ਦਾ ਪ੍ਰਗਟਾਵਾ ਕਰਦੇ ਹੋਏ ਜੰਮ ਕੇ ਨਾਅਰੇਬਾਜ਼ੀ ਕੀਤੀ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਰਾਹੁਲ ਖੰਨਾ ਨੇ ਕਿਹਾ ਕਿ ਅੱਤਵਾਦੀ ਗੁਰਪਤਵੰਤ ਸਿੰਘ ਪੰਨੂੰ ਆਏ ਦਿਨ ਸ਼ਰਾਰਤੀ ਅਨਸਰਾਂ ਨੂੰ ਪੈਸੇ ਦੇ ਕੇ ਹਿੰਦੂ ਨੇਤਾਵਾਂ 'ਤੇ ਹਮਲੇ ਕਰ ਰਿਹਾ ਹੈ ਤੇ ਸ਼ਾਂਤਮਈ ਪੰਜਾਬ ਦਾ ਮਾਹੌਲ ਵਿਗਾੜ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਅੱਤਵਾਦੀ ਪੰਨੂੰ ਵਿਦੇਸ਼ ਵਿੱਚ ਬੈਠਾ ਸੋਸ਼ਲ ਮੀਡੀਆ ਰਾਹੀਂ ਕਦੇ ਪੰਜਾਬ ਦੀਆਂ ਸਰਕਾਰੀ ਇਮਾਰਤਾਂ, ਕਦੇ ਕੋਰਟ ਕੰਪਲੈਕਸ ਤੇ ਹੁਣ ਸਕੂਲਾਂ ਦੀਆਂ ਇਮਾਰਤਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਦੇ ਰਿਹਾ ਹੈ ਜਿਸਨੂੰ ਸ਼ਿਵ ਸੈਨਾ ਹਿੰਦੁਸਤਾਨ ਕਦੇ ਬਰਦਾਸ਼ਤ ਨਹੀਂ ਕਰੇਗਾ।

# ਰੋਡ ਸੇਫਟੀ ਮਹੀਨੇ ਦੇ ਸਬੰਧ 'ਚ ਜਾਗਰੂਕਤਾ ਸੈਮੀਨਾਰ



ਗੁਰਦਾਸਪੁਰ, 23 ਜਨਵਰੀ (ਜਗੀਰ ਸਿੰਘ ਮੰਡ): ਰੋਡ ਸੇਫਟੀ ਮਹੀਨੇ ਦੇ ਸਬੰਧ ਵਿੱਚ ਆਰ.ਟੀ.ਏ. ਗੁਰਦਾਸਪੁਰ ਨਵਜੋਤ ਸ਼ਰਮਾ, ਏ.ਆਰ.ਟੀ.ਏ. ਸੰਗਰਾਮ ਸਿੰਘ ਤੇ ਟ੍ਰੈਫਿਕ ਇੰਚਾਰਜ ਸਤਨਾਮ ਸਿੰਘ ਵੱਲੋਂ ਸਾਂਝਾ ਸੈਮੀਨਾਰ ਪਨਿਆੜ ਵਿਖੇ ਲਗਾਇਆ ਗਿਆ, ਜਿਸ ਵਿੱਚ ਟਰੱਕ ਚਾਲਕਾਂ ਨੂੰ ਸ਼ਾਮਲ ਕਰਕੇ ਓਵਰਲੋਡ ਨਾਲ ਹੋਣ ਵਾਲੀਆਂ ਦੁਰਘਟਨਾਵਾਂ ਸਬੰਧੀ ਜਾਗਰੂਕ ਕੀਤਾ ਗਿਆ ਤੇ ਓਵਰਲੋਡ ਸਬੰਧੀ ਹੋਣ ਵਾਲੇ ਟ੍ਰੈਫਿਕ ਚਲਾਨ ਤੇ ਜੁਰਮਾਨੇ ਬਾਰੇ ਵਿਸਤਾਰ ਪੂਰਵਕ ਦੱਸਿਆ।ਉਨ੍ਹਾਂ ਦੱਸਿਆ ਕਿ ਜਾਗਰੂਕਤਾ ਸੈਮੀਨਾਰ ਦੌਰਾਨ ਰੋਡ ਸੇਫਟੀ ਸਬੰਧੀ ਜਾਣਕਾਰੀ ਮੁਹੱਈਆ ਕੀਤੀ ਗਈ।ਸੜਕ 'ਤੇ ਚੱਲਦੇ ਸਮੇਂ ਗੱਡੀ ਖੜ੍ਹੀ ਕਰਨ ਸਮੇਂ ਸਹੀ ਪਾਰਕਿੰਗ ਲਈ ਪ੍ਰੇਰਿਤ ਕੀਤਾ ਗਿਆ।ਗੱਡੀਆਂ ਦੇ ਪਿੱਛੇ ਰਿਫਲੈਕਟਰ ਟੇਪਾਂ ਤੇ ਰਿਫਲੈਕਟਰ ਲਗਾਏ ਗਏ ਟਰੱਕ ਚਾਲਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਦੱਸਿਆ ਗਿਆ।ਇਸ ਮੌਕੇ ਐਕਸੀਡੈਂਟ ਪੀੜਤ ਦੀ ਮਦਦ ਲਈ ਫਰਿਸ਼ਤੇ ਸਕੀਮ ਬਾਰੇ ਜਾਣੂੰ ਕਰਵਾਇਆ ਗਿਆ।

# ਸਕਿਉਰਿਟੀ ਸੁਪਰਵਾਈਜ਼ਰ ਦੀ ਨੌਕਰੀ ਲਈ ਤਿੰਨ ਮਹੀਨਿਆਂ ਦਾ ਕੋਰਸ ਸ਼ੁਰੂ





ਡੇਰਾ ਬਾਬਾ ਨਾਨਕ/ਬਟਾਲਾ, 23 ਜਨਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸੂਬੇਦਾਰ (ਸੇਵਾਮੁਕਤ) ਗੁਰਨਾਮ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੇ ਅਦਾਰੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵੱਲੋਂ ਪ੍ਰਧਾਨ ਮੰਤਰੀ ਕੌਸ਼ਲ ਵਿਕ ਯੋਜਨਾ 4.0 ਦੇ ਅੰਤਰਗਤ ਜ਼ਿਲ੍ਹਾ ਗੁਰਦਾਸਪੁਰ, ਪਠਾਨਕੋਟ ਤੇ ਅੰਮ੍ਰਿਤਸਰ ਦੇ ਯੁਵਕਾਂ ਲਈ ਸਕਿਉਰਿਟੀ ਸੁਪਰਵਾਈਜ਼ਰ ਦੀ ਨੌਕਰੀ ਲਈ ਤਿੰਨ ਮਹੀਨਿਆਂ ਦਾ ਕੋਰਸ ਚਲਾਇਆ ਜਾ ਰਿਹਾ ਹੈ ਜਿਸ ਲਈ ਕੈਂਪ ਵਿਚ ਦਾਖ਼ਲਾ ਸ਼ੁਰੂ ਹੈ।ਉਨ੍ਹਾਂ ਦੱਸਿਆ ਕਿ ਸਕਿਉਰਿਟੀ ਸੁਪਰਵਾਈਜ਼ਰ ਸਿਖਲਾਈ ਲਈ ਸਿਖਿਆਰਥੀ (ਲੜਕੇ ਤੇ ਲੜਕੀਆਂ) ਦੀ ਉਮਰ ਸਾਲ ਤੋਂ 35 ਸਾਲ ਤੱਕ ਹੋਣੀ ਚਾਹੀਦੀ ਹੈ ਤੇ ਯੋਗਤਾ ਘੱਟੋ-ਘੱਟ 10 ਪਾਸ ਹੋਣੀ ਚਾਹੀਦੀ ਹੈ।ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਿਖਲਾਈ ਦੇ ਸਰਟੀਫਿਕੇਟ ਦੇ ਨਾਲ ਉਨ੍ਹਾਂ ਨੂੰ ਸਿਖਲਾਈ ਉਪਰੰਤ ਰੋਜ਼ਗਾਰ ਵੀ ਦਿੱਤਾ ਜਾਵੇਗਾ ਤੇ ਸਿਖਲਾਈ ਦੌਰਾਨ ਯੁਵਕਾਂ ਨੂੰ ਮੁਫਤ ਰਿਹਾਇਸ਼ ਤੇ ਖਾਣਾ ਮੁਹੱਈਆ ਕਰਵਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਚਾਹਵਾਨ ਯੁਵਕ ਆਪਣੇ ਸਾਰੇ ਅਸਲ ਸਰਟੀਫਿਕੇਟ ਤੇ ਉਨ੍ਹਾਂ ਦੀਆਂ 2 ਫੋਟੋ ਕਾਪੀਆਂ ਸਮੇਤ 4 ਪਾਸਪੋਰਟ ਸਾਈਜ਼ ਫੋਟੋਆਂ ਲੈ ਕੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ (ਗੁਰਦਾਸਪੁਰ) ਵਿੱਚ ਰਿਪੋਰਟ ਕਰ ਸਕਦੇ ਹਨ।

# ਭਗਵਾਨ ਮਹਾਂਵੀਰ ਪਬਲਿਕ ਸੀ.ਸੈ.ਸਕੂਲ ਵਿਖੇ 10ਵੀਂ ਤੇ 12ਵੀਂ ਦੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਹਵਨ ਯੱਗ ਕਰਵਾਇਆ



ਬੰਗਾ, 23 ਜਨਵਰੀ (ਪ੍ਰਭਜੋਤ ਸਿੰਘ): ਭਗਵਾਨ ਮਹਾਂਵੀਰ ਪਬਲਿਕ ਸੀ. ਸੈ. ਸਕੂਲ ਬੰਗਾ ਵਿਖੇ ਅੱਜ ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੇ ਆਉਣ ਵਾਲੇ ਸਾਲਾਨਾ ਇਮਤਿਹਾਨਾਂ ਨੂੰ ਮੁੱਖ ਰੱਖਦਿਆਂ ਤੇ ਉਨ੍ਹਾਂ ਦੇ ਉਜਵੱਲ ਭਵਿੱਖ ਦੀ ਕਾਮਨਾ ਲਈ ਵਿਸ਼ੇਸ਼ ਹਵਨ ਯੱਗ ਦਾ ਆਯੋਜਨ ਕੀਤਾ ਗਿਆ।ਇਸ ਧਾਰਮਿਕ ਸਮਾਗਮ ਵਿੱਚ ਸਕੂਲ ਸੰਸਥਾਪਕ ਨਰਿੰਦਰ ਕੁਮਾਰ ਜੈਨ ਨੇ ਮੁੱਖ ਤੌਰ 'ਤੇ ਸ਼ਿਰਕਤ ਕੀਤੀ।ਸਕੂਲ ਦੇ ਡਾਇਰੈਕਟਰ ਵਰੁਣ ਜੈਨ ਨੇ ਮੁੱਖ ਯਜਮਾਨ ਦੀ ਭੂਮਿਕਾ ਨਿਭਾਈ।ਹਵਨ ਵਿੱਚ ਸਕੂਲ ਦੇ ਅਧਿਆਪਕ ਦੀਪਕ ਪਾਂਡੇ ਦੁਆਰਾ ਉਚਾਰੇ ਵੈਦਿਕ ਮੰਤਰਾਂ ਦੇ ਉਚਾਰਨ ਨਾਲ ਪੂਰੇ ਸਕੂਲ ਦਾ ਵਾਤਾਵਰਨ ਧਾਰਮਿਕ ਤੇ ਸ਼ਾਂਤਮਈ ਹੋ ਗਿਆ।ਸਮੂਹ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਪੂਰਨ ਸ਼ਰਧਾ ਭਾਵਨਾ ਨਾਲ ਹਵਨ ਵਿੱਚ ਆਹੂਤੀਆਂ ਪਾਈਆਂ ਤੇ ਪਰਮਾਤਮਾ ਅੱਗੇ ਸਕੂਲ ਦੇ ਇਮਤਿਹਾਨਾਂ ਦੇ ਚੰਗੇ ਨਤੀਜਿਆਂ ਲਈ ਅਰਦਾਸ ਕੀਤੀ।ਸਕੂਲ ਦੇ ਡਾਇਰੈਕਟਰ ਵਰੁਣ ਜੈਨ ਨੇ ਕਿਹਾ ਕਿ ਸਖ਼ਤ ਮਿਹਨਤ ਦੇ ਨਾਲ-ਨਾਲ ਪਰਮਾਤਮਾ ਦਾ ਆਸ਼ੀਰਵਾਦ ਹੋਣਾ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਬਿਨਾਂ ਕਿਸੇ ਤਣਾਅ ਦੇ ਪੂਰੀ ਲਗਨ ਤੇ ਇਕਾਗਰਤਾ ਨਾਲ ਆਪਣੀ ਪੜ੍ਹਾਈ ਕਰਨ।ਉਨ੍ਹਾਂ ਸਮੂਹ ਵਿਦਿਆਰਥੀਆਂ ਨੂੰ ਬੋਰਡ ਦੇ ਇਮਤਿਹਾਨਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਸਕੂਲ ਦੇ ਸੰਸਥਾਪਕ ਨਰਿੰਦਰ ਕੁਮਾਰ ਜੈਨ, ਪ੍ਰਿੰਸੀਪਲ ਕੇ ਵਸੁਧਾ ਜੈਨ, ਸਕੂਲ ਡਾਇਰੈਕਟਰ ਵਰੁਣ ਜੈਨ ਤੇ ਸਮੂਹ ਸਟਾਫ ਮੈਂਬਰ ਤੇ ਵਿਦਿਆਰਥੀ ਵੀ ਹਾਜ਼ਰ ਸਨ।

# ਸ੍ਰੀ ਰਾਮ ਨਾਟਕ ਵੈਲਫੇਅਰ ਸੁਸਾਇਟੀ ਨੇ ਲੰਗਰ ਲਗਾਇਆ



ਤਲਵਾੜਾ, 23 ਜਨਵਰੀ (ਜਗਮੋਹਨ ਸ਼ਰਮਾ): ਸ੍ਰੀ ਰਾਮ ਨਾਟਕ ਵੈਲਫੇਅਰ ਸੁਸਾਇਟੀ ਸੈਕਟਰ-2 ਤਲਵਾੜਾ ਵੱਲੋਂ ਲਕਸ਼ਮੀ ਨਰਾਇਣ ਮੰਦਰ ਦੇ ਸਾਹਮਣੇ ਧਾਰਮਿਕ ਸ਼ਰਧਾ ਤੇ ਸੇਵਾ ਭਾਵਨਾ ਨਾਲ ਭਰਪੂਰ ਵਿਸ਼ਾਲ ਲੰਗਰ ਦਾ ਆਯੋਜਨ ਕੀਤਾ ਗਿਆ।ਇਸ ਲੰਗਰ ਵਿੱਚ ਇਲਾਕੇ ਦੀਆਂ ਵੱਖ-ਵੱਖ ਬਸਤੀਆਂ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਤੇ ਸੰਗਤ ਨੇ ਹਾਜ਼ਰੀ ਭਰੀ ਤੇ ਪ੍ਰਸਾਦ ਛਕ ਕੇ ਧਾਰਮਿਕ ਲਾਹਾ ਪ੍ਰਾਪਤ ਕੀਤਾ।ਲੰਗਰ ਦੀ ਸੇਵਾ ਦੌਰਾਨ ਸ੍ਰੀ ਰਾਮ ਨਾਟਕ ਵੈਲਫੇਅਰ ਸੁਸਾਇਟੀ ਦੇ ਮੈਂਬਰਾਂ ਨੇ ਬੜੀ ਨਿਸ਼ਕਾਮ ਭਾਵਨਾ ਨਾਲ ਸੰਗਤ ਦੀ ਸੇਵਾ ਕੀਤੀ।ਸਵੇਰੇ ਤੋਂ ਹੀ ਮੰਦਰ ਵਿੱਚ ਭਗਤੀਮਈ ਮਾਹੌਲ ਬਣਿਆ ਰਹਿਆ ਤੇ ਜੈ ਸ੍ਰੀ ਰਾਮ ਦੇ ਜੈਕਾਰਿਆਂ ਨਾਲ ਇਲਾਕਾ ਗੂੰਜ ਉਠਿਆ।ਲੰਗਰ ਵਿੱਚ ਸਾਫ਼-ਸੁਥਰਾ ਤੇ ਸੁਚੱਜਾ ਪ੍ਰਬੰਧ ਕੀਤਾ ਗਿਆ, ਜਿਸਦੀ ਸੰਗਤ ਵੱਲੋਂ ਭਰਪੂਰ ਪ੍ਰਸ਼ੰਸਾ ਕੀਤੀ ਗਈ।ਇਸ ਮੌਕੇ 'ਤੇ ਸੀਨੀਅਰ ਕਾਂਗਰਸ ਆਗੂ ਤਰਲੋਕ ਸਿੰਘ ਸਾਹੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸੁਸਾਇਟੀ ਵੱਲੋਂ ਉਨ੍ਹਾਂ ਦਾ ਫੁੱਲਾਂ ਦੀ ਮਾਲਾ ਤੇ ਸਿਰੋਪਾਓ ਭੇਟ ਕਰਕੇ ਸਨਮਾਨ ਕੀਤਾ ਗਿਆ। ਤਰਲੋਕ ਸਿੰਘ ਸਾਹੀ ਨੇ ਸੁਸਾਇਟੀ ਦੇ ਇਸ ਉਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਧਾਰਮਿਕ ਤੇ ਸਮਾਜਿਕ ਸੇਵਾ ਸਮਾਜ ਨੂੰ ਜੋੜਨ ਦਾ ਸਭ ਤੋਂ ਵੱਡਾ ਸਾਧਨ ਹੈ।ਉਨ੍ਹਾਂ ਕਿਹਾ ਕਿ ਲੰਗਰ ਵਰਗੀ ਸੇਵਾ ਨਾਲ ਆਪਸੀ ਭਾਈਚਾਰਾ, ਸਹਿਯੋਗ ਤੇ ਸਮਾਨਤਾ ਦੀ ਭਾਵਨਾ ਮਜ਼ਬੂਤ ਹੁੰਦੀ ਹੈ।ਉਨ੍ਹਾਂ ਨੇ ਸੁਸਾਇਟੀ ਦੇ ਮੈਂਬਰਾਂ ਨੂੰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਧਾਰਮਿਕ ਤੇ ਸਮਾਜਿਕ ਕਾਰਜ ਕਰਦੇ ਰਹਿਣਾ ਚਾਹੀਦਾ ਹੈ।

# ਬਸੰਤ ਰੁੱਤ ਦੀ ਆਮਦ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ



ਲੁਧਿਆਣਾ, 23 ਜਨਵਰੀ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਦੀ ਪ੍ਰਬੰਧਕ ਕਮੇਟੀ ਵੱਲੋਂ ਬੀਤੀ ਰਾਤ ਗੁਰਦੁਆਰਾ ਸਾਹਿਬ ਵਿਖੇ ਬਸੰਤ ਰੁੱਤ ਦੀ ਆਮਦ ਨੂੰ ਸਮਰਪਿਤ ਵਿਸ਼ੇਸ਼ ਕੀਰਤਨ ਸਮਾਗਮ ਕਰਵਾਇਆ ਗਿਆ।ਪੰਥ ਪ੍ਰਸਿੱਧ ਕੀਰਤਨੀਏ ਭਾਈ ਗੁਰਪ੍ਰੀਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ। ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੈਬਰਾਂ ਵੱਲੋਂ ਕੀਰਤਨੀ ਜੱਥੇ ਦੇ ਮੈਬਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਹਿੰਦਰ ਸਿੰਘ ਡੰਗ,ਅਤੱਰ ਸਿੰਘ ਮਕੱੜ, ਰਜਿੰਦਰ ਸਿੰਘ ਡੰਗ,ਬਲਬੀਰ ਸਿੰਘ ਭਾਟੀਆ,ਹਰਪਾਲ ਸਿੰਘ ਖਾਲਸਾ,ਹਰਮੀਤ ਸਿੰਘ ਡੰਗ, ,ਸਤਨਾਮ ਸਿੰਘ,ਹਰਵਿੰਦਰ ਸਿੰਘ ਕੋਹਲੀ, ਸੁਰਿੰਦਰਪਾਲ ਸਿੰਘ ਭੁਟੀਆਨੀ ,ਗੁਰਦੀਪ ਸਿੰਘ ਡੀਮਾਰਟੇ, ਨਰਿੰਦਰਪਾਲ ਸਿੰਘ ਕਥੂਰੀਆ, ਭੁਪਿੰਦਰ ਸਿੰਘ ਜੁਨੇਜਾ, ਪ੍ਰੇਮ ਸਿੰਘ ,ਅਵਤਾਰ ਸਿੰਘ ਬੀ.ਕੇ, ਅਵਤਾਰ ਸਿੰਘ ਮਿੱਡਾ ਅਤੇ ਮਨਮੋਹਨ ਸਿੰਘ ਵੀ ਹਾਜ਼ਰ ਸਨ।

# ਮਾਘ ਮਹੀਨੇ ਨੂੰ ਸਮਰਪਿਤ ਨਾਮ ਸਿਮਰਨ ਸਮਾਗਮ

## ਮਨੁੱਖਾ ਜੀਵਨ ਅਮੋਲਕ, ਜੀਵਨ ਦਾ ਇਕੋ-ਇਕ ਲਕਸ਼ ਪ੍ਰਭੂ ਨਾਲ ਮੇਲ : ਬਾਬਾ ਅਮੀਰ ਸਿੰਘ ਜੀ



ਲੁਧਿਆਣਾ, 23 ਜਨਵਰੀ (ਜਤਿੰਦਰਪਾਲ ਸਿੰਘ ਛਾਬੜਾ) ਮਨੁੱਖਾ ਜੀਵਨ ਅਮੋਲਕ ਹੈ, ਜੀਵਨ ਦਾ ਇਕੋ-ਇਕ ਲਕਸ਼ ਹੈ-ਪ੍ਰਭੂ ਨਾਲ ਮੇਲ ਅਤੇ ਇਸ ਲਕਸ਼ ਪ੍ਰਾਪਤੀ ਦਾ ਇਕੋ-ਇਕ ਸਾਧਨ ਹੈ, ਪ੍ਰਭੂ ਨਾਮ ਨਾਲ ਪਿਆਰ, ਉਸਦੀ ਯਾਦ, ਉਸਦੀ ਸਿਫਤ ਸਾਲਾਹ। ਗੁਰਦੁਆਰਾ ਗੁਰ ਗਿਆਨ ਪ੍ਰਕਾਸ਼ ਜਵੱਦੀ ਟਕਸਾਲ ਵਿਖੇ ਮਾਘ ਮਹੀਨੇ ਦੀ ਆਰੰਭਤਾ ਵਾਲੇ ਦਿਨ ਤੋਂ ਰੋਜ਼ਾਨਾ ਸ਼ਾਮ 7:00 ਵਜੇ ਤੋਂ 8:15 ਵਜੇ ਤੱਕ ਨਾਮ ਸਿਮਰਨ ਸਮਾਗਮ ਹੁੰਦੇ ਹਨ। ਮਹੀਨਾ ਭਰ ਚੱਲਣ ਵਾਲੇ ਇਨ੍ਹਾਂ ਸਮਾਗਮਾਂ ਦੌਰਾਨ ਮੌਜੂਦਾ ਮੁਖੀ ਸੰਤ ਗਿਆਨੀ ਅਮੀਰ ਸਿੰਘ ਜੀ ਟਕਸਾਲ ਦੇ ਵਿਦਿਆਰਥੀਆਂ ਅਤੇ ਗੁਰੂ ਦੇ ਪਿਆਰ ਵਿੱਚ ਵੱਡੀ ਗਿਣਤੀ ਵਿੱਚ ਸੰਗ ਤਾਂ ਸਮੇਤ ਮਿਲ ਕੇ ਪ੍ਰਭੂ ਨਾਮ ਸਿਮਰਦੇ ਹਨ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਗੁਰਮਤਿ ਵਿਚ ਸਤਿ ਸੰਗਤ ਦਾ ਮਹੱਤਵ ਤੇ ਬਰਕਤ ਵਿਸ਼ੇ ਨੂੰ ਕੇਂਦਰਿਤ ਰੱਖ ਕੇ ਸਮਝਾਉਂਦੇ ਨੇ ਕਿ ਸਤਿ ਸੰਗਤ ਵਿੱਚ ਜੁੜਨ ਨਾਲ ਪੂਰੇ ਗੁਰੂ ਨਾਲ ਮੇਲ ਹੁੰਦਾ ਹੈ, ਗੁਰੂ ਲੱਭ ਪੈਂਦਾ ਹੈ, ਗੁਰੂ ਅਤੇ ਸੰਗਤ ਸਦਕਾ ਪ੍ਰਮਾਤਮਾਂ ਦਾ ਮੇਲ ਮਿਲ ਜਾਂਦਾ ਹੈ ਅਤੇ ਜੁਗੀਆਸੂ ਸੰਸਾਰ ਨੂੰ ਆਪਣਾ ਪੱਕਾ ਟਿਕਾਣਾ ਬਣਾਉਣ ਦੀ ਥਾਂ ਉਸ ਨੂੰ ਆਪਣਾ ਟਿਕਾਣਾ ਬਣਾਉਂਦਾ ਹੈ, ਜਿੱਥੇ ਨਾ ਮੌਤ ਹੈ, ਨਾ ਦੁੱਖ, ਨਾ ਹੀ ਜਨਮ ਮਰਨ ਦਾ ਗੇੜ, ਜਿੱਥੇ ਪੁੱਜ ਕੇ ਮਨੁੱਖ ਹਉਂ-ਰਹਿਤ ਹੋ ਕੇ ਪਰਮ ਆਤਮਾ ਚ ਜਾ ਨਿਵਾਸ ਕਰਦਾ ਹੈ। ਮਾਘ ਮਹੀਨੇ ਦੇ ਰੋਜ਼ਾਨਾ ਸ਼ਾਮ ਦੇ ਨਾਮ ਸਿਮਰਨ ਸਮਾਗਮ ਦੌਰਾਨ ਬਾਬਾ ਜੀ ਆਪਣੇ ਵੱਡੇ ਮਹਾਂਪੁਰਸ਼ਾਂ ਦੀ ਸੰਗਤ ਵਿਚੋਂ ਪ੍ਰਾਪਤ ਕੀਤੇ ਰੂਹਾਨੀ ਗਿਆਨ ਅਤੇ ਗੁਰਬਾਣੀ ਦੇ ਵੱਖ ਵੱਖ ਸ਼ਬਦਾਂ ਦੇ ਹਵਾਲਿਆਂ ਰਾਹੀਂ ਸਮਝਾਉਂਦੇ ਹਨ ਕਿ ਇਹ ਤਿੰਨ ਗੁਣਾ ਦੇ ਸੰਸਾਰ ਤੋਂ ਉੱਚੀ ਅਵਸਥਾ ਹੈ ਜਿਸ ਨੂੰ ਤੁਰੀਆ ਪਦ, ਸਹਿਜ ਅਵਸਥਾ ਜਾਂ ਉਨਮਨ ਅਵਸਥਾ ਅਤੇ ਬੇਗਮਪੁਰਾ ਕਿਹਾ ਹੈ। ਜਿਸ ਦੀ ਪ੍ਰਾਪਤੀ ਹੀ ਮਨੁੱਖ ਦਾ ਜੀਵਨ ਨਿਸ਼ਾਨਾ ਹੈ। ਇਸ ਦੀ ਪ੍ਰਾਪਤੀ ਲਈ ਹੀ ਮਨੁੱਖ ਨੇ ਯਤਨਸ਼ੀਲ ਹੋਣਾ ਹੈ, ਗੁਰੂ ਦੀ ਸ਼ਰਨ ਵਿੱਚ ਜਾਣਾ ਹੈ, ਵਿਸ਼ੇ ਵਿਕਾਰਾਂ ਤੋਂ ਰਹਿਤ ਹੋਣਾ ਹੈ, ਨਾਮ ਸਿਮਰਨ ਵਿੱਚ ਲਿਵ ਜੋੜਨੀ ਹੈ, ਸੰਸਾਰਕ ਸੰਸਿਆਂ ਤੋਂ ਮੁਕਤ ਹੋਣ ਲਈ ਪ੍ਰੇਰਿਤ ਕਰਦੇ ਹਨ। ਦਫਤਰ ਜਵੱਦੀ ਟਕਸਾਲ ਵਲੋਂ ਦਿੱਤੀ ਜਾਣਕਾਰੀ ਅਨੁਸਾਰ ਆਉਦੇ ਦਿਨਾਂ ਵਿਚ ਬਸੰਤ ਰਾਗ ਦਰਬਾਰ ਸਮਾਗਮ ਵੀ ਕਰਵਾਇਆ ਕਰਵਾਇਆ ਜਾਵੇਗਾ।

# ਮਾਲਵਾ ਸੱਭਿਆਚਾਰਕ ਮੰਚ ਦੀ ਸ਼ੁਕਰਾਨਾ ਮੀਟਿੰਗ ਹੋਈ



ਲੁਧਿਆਣਾ, 23 ਜਨਵਰੀ (ਰਵਿੰਦਰ ਸਿੰਘ ਨਿੱਝਰ): ਧੀਆਂ ਦੇ ਲੋਹੜੀ ਮੇਲੇ ਤੋਂ ਬਾਅਦ ਮਾਲਵਾ ਸੱਭਿਆਚਾਰਕ ਮੰਚ ਪੰਜਾਬ ਦੀ ਸ਼ੁਕਰਾਨਾ ਮੀਟਿੰਗ ਰਕਬਾ ਭਵਨ ਵਿਖੇ ਮੰਚ ਦੇ ਚੇਅਰਮੈਨ ਕ੍ਰਿਸ਼ਨ ਕੁਮਾਰ ਬਾਵਾ, ਮੰਚ ਦੇ ਪ੍ਰਧਾਨ ਜਸਵੀਰ ਸਿੰਘ ਰਾਣਾ ਝਾਂਡੇ ਅਤੇ ਮਹਿਲਾ ਵਿੰਗ ਦੀ ਮੰਚ ਦੀ ਪ੍ਰਧਾਨ ਇੰਦਰਜੀਤ ਕੌਰ ਓਬਰਾਏ ਦੀ ਸਰਪ੍ਰਸਤੀ ਹੇਠ ਹੋਈ, ਜਿਸ ਵਿੱਚ ਮੁੱਖ ਤੌਰ 'ਤੇ ਅਮਰੀਕਾ ਫਾਊਂਡੇਸ਼ਨ ਦੇ ਪ੍ਰਧਾਨ ਗੁਰਮੀਤ ਸਿੰਘ ਗਿੱਲ, ਰਮਿੰਦਰ ਸਿੰਘ ਰਿਟਾ. ਆਈ.ਏ.ਐਸ, ਫਾਊਂਡੇਸ਼ਨ ਦੇ ਅਮਰੀਕਾ ਦੇ ਸਰਪ੍ਰਸਤ ਗੁਰਜਤਿੰਦਰ ਸਿੰਘ ਰੰਧਾਵਾ, ਕਨਵੀਨਰ ਅੰਤਰਰਾਸ਼ਟਰੀ ਫਾਊਂਡੇਸ਼ਨ ਬਲਦੇਵ ਬਾਵਾ, ਫਾਊਂਡੇਸ਼ਨ ਦੇ ਪੰਜਾਬ ਦੇ ਪ੍ਰਧਾਨ ਕਰਨੈਲ ਸਿੰਘ ਗਿੱਲ, ਮੰਚ ਦੀ ਵਾਈਸ ਪ੍ਰਧਾਨ ਮਨਜੀਤ ਕੌਰ ਸਰੋਏ, ਰਣਜੀਤ ਸਿੰਘ ਸਰਪੰਚ ਵਾਈਸ ਪ੍ਰਧਾਨ, ਪਵਨ ਗਰਗ, ਗੁਰਨਾਮ ਸਿੰਘ ਕਲੇਰ ਵਾਈਸ ਪ੍ਰਧਾਨ ਮੰਚ, ਗੁਰਚਰਨ ਸਿੰਘ ਡੀ.ਐਸ.ਪੀ ਅਤੇ ਰਾਕੇਸ਼ ਗੋਇਲ ਸ਼ਾਮਿਲ ਹੋਏ। ਇਸ ਸਮੇਂ ਮੰਚ ਵੱਲੋਂ ਲਏ ਫੈਸਲੇ 'ਤੇ ਰਮਿੰਦਰ ਸਿੰਘ ਰਿਟਾ. ਆਈ.ਏ.ਐਸ ਦੀ ਪ੍ਰਵਾਨਗੀ ਨਾਲ ਉਹਨਾਂ ਨੂੰ ਮੰਚ ਦਾ ਮੁੱਖ ਸਰਪ੍ਰਸਤ ਬਣਾਇਆ ਗਿਆ। ਇਸ ਸਮੇਂ ਉੱਘੇ ਕਿਸਾਨ ਨੇਤਾ ਨੌਜਵਾਨ ਬਖਸ਼ਿੰਦਰ ਸਿੰਘ ਗਰੇਵਾਲ ਨੂੰ ਬਾਬਾ ਬੰਦਾ ਸਿੰਘ ਬਹਾਦਰ ਯਾਦਗਾਰੀ ਐਵਾਰਡ ਨਾਲ ਸਨਮਾਨਿਤ ਵੀ ਕੀਤਾ ਗਿਆ। ਬਾਵਾ ਅਤੇ ਰਾਣਾ ਝਾਂਡੇ ਸਭ ਸਰਪ੍ਰਸਤਾਂ, ਸਹਿਯੋਗੀਆਂ ਅਤੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ। ਇਸ ਸਮੇਂ ਮਹਿਲਾਵਾਂ ਨੂੰ ਕਲਸੀ ਜੂਸਰ ਵੱਲੋਂ ਜੂਸ ਦੀਆਂ ਮਸ਼ੀਨਾਂ ਅਤੇ ਐਸ.ਐਸ ਖੁਰਾਨਾ ਵੱਲੋਂ ਸੂਟ ਵੰਡੇ ਗਏ। ਇਸ ਸਮੇਂ ਗੌਰਵੀ ਸਰੋਏ, ਪਰਮਜੀਤ ਕੌਰ ਰਕਬਾ, ਗੁਰਪਾਲ ਸਿੰਘ, ਸੁਰਿੰਦਰ ਸਿੰਘ ਭਲਵਾਨ, ਗਗਨ ਖੰਨਾ, ਸੰਜੇ ਠਾਕੁਰ, ਮਾਨਵ ਓਬਰਾਏ ਉੱਘੇ ਸਨਤਕਾਰ, ਕਿਰਪਾਲ ਸਿੰਘ ਸਹਾਰਾ, ਰਜਿੰਦਰ ਕੌਰ, ਸਵਾਤੀ, ਮਮਤਾ, ਸੁਖਵਿੰਦਰ ਕੌਰ ਆਦਿ ਹਾਜ਼ਰ ਸਨ।

# ਮੰਤਰੀ ਮੁੰਡੀਆਂ ਵੱਲੋਂ ਸਿਹਤ ਬੀਮਾ ਕਾਰਡ ਬਣਾਉਣ ਦੇ ਕੈਂਪ ਦਾ ਕੀਤਾ ਉਦਘਾਟਨ



ਲੁਧਿਆਣਾ, 23 ਜਨਵਰੀ (ਵਿਸ਼ਾਲ ਸ਼ਰਮਾ): ਕੈਬਨਿਟ ਮੰਤਰੀ ਮੁੰਡੀਆਂ ਨੇ ਸ਼ੁੱਕਰਵਾਰ ਨੂੰ ਹਲਕਾ ਸਾਹਨੇਵਾਲ ਦੇ ਪਿੰਡ ਮਾਨਗੜ੍ਹ ਵਿਖੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਕੈਸ਼ਲੈਸ ਦੇਣ ਲਈ ਲਗਾਏ ਗਏ ਕੈਂਪ ਦਾ ਉਦਘਾਟਨ ਕਰਕੇ ਲੋਕਾਂ ਦੇ ਕੈਸ਼ਲੈਸ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਦੀ ਸ਼ੁਰੂਆਤ ਕੀਤੀ।

ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਨੇ ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੇ 22 ਜਨਵਰੀ ਨੂੰ ਮੋਹਾਲੀ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ। ਉਨ੍ਹਾਂ ਕਿਹਾ ਕਿ ਪੰਜਾਬ ਹੁਣ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ, ਜਿਸ ਨੇ ਔਰਤਾਂ ਲਈ ਮੁਫ਼ਤ ਸਿਹਤ ਸੰਭਾਲ, ਮੁਫ਼ਤ ਸਿੱਖਿਆ, ਮੁਫ਼ਤ ਬਿਜਲੀ ਅਤੇ ਮੁਫ਼ਤ ਬੱਸ ਯਾਤਰਾ ਦੀ ਗਰੰਟੀ ਦਿੱਤੀ ਹੈ। ਇਸ ਯੋਜਨਾ ਤਹਿਤ 850 ਸਰਕਾਰੀ ਅਤੇ ਨਿੱਜੀ ਹਸਪਤਾਲ ਪਹਿਲਾਂ ਹੀ ਸੂਚੀਬੱਧ ਕੀਤੇ ਜਾ ਚੁੱਕੇ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਹਸਪਤਾਲ ਸ਼ਾਮਲ ਕੀਤੇ ਜਾਣਗੇ। ਹਸਪਤਾਲ ਦੇ ਖਰਚਿਆਂ ਦੇ ਨਾਲ-ਨਾਲ ਡਾਇਗਨੌਸਟਿਕ ਸੇਵਾਵਾਂ ਨੂੰ ਵੀ ਇਸ ਸਕੀਮ ਅਧੀਨ ਸ਼ਾਮਲ ਕੀਤਾ ਗਿਆ ਹੈ ਅਤੇ ਕਿਹਾ ਕਿ ਕੋਈ ਵੀ ਨਾਗਰਿਕ ਹੁਣ ਪੰਜਾਬ ਜਾਂ ਚੰਡੀਗੜ੍ਹ ਦੇ ਕਿਸੇ ਵੀ ਸਰਕਾਰੀ ਜਾਂ ਨਿੱਜੀ ਹਸਪਤਾਲ ਵਿੱਚ ਮੁਫ਼ਤ ਇਲਾਜ ਕਰਵਾ ਸਕਦਾ ਹੈ। ਇਨ੍ਹਾਂ ਹਸਪਤਾਲਾਂ ਨੂੰ ਇਲਾਜ ਤੋਂ ਬਾਅਦ 15 ਦਿਨਾਂ ਦੇ ਅੰਦਰ ਇਲਾਜ ਦੀ ਲਾਗਤ ਦਾ ਭੁਗਤਾਨ ਕਰ ਦਿੱਤਾ ਜਾਵੇਗਾ ਅਤੇ ਰਾਜ ਸਰਕਾਰ ਪਹਿਲਾਂ ਹੀ ਬੀਮਾ ਕੰਪਨੀ ਨੂੰ ਐਡਵਾਂਸ ਪ੍ਰੀਮੀਅਮ ਅਦਾ ਕਰ ਚੁੱਕੀ ਹੈ।

# 13ਵਾਂ ਸਥਾਪਨਾ ਦਿਵਸ ਮਨਾਇਆ ਭਜਨਾਂ 'ਤੇ ਝੂਮੇ ਸ਼ਰਧਾਲੂ



ਮੁੱਲਾਂਪੁਰ ਦਾਖਾ, 23 ਜਨਵਰੀ (ਦਵਿੰਦਰ ਸਿੰਘ ਲੰਮੇ): ਸਥਾਨਕ ਸ਼ਹਿਰ ਅੰਦਰ ਸ਼੍ਰੀ ਰਾਧਾ ਕ੍ਰਿਸ਼ਨ ਮੂਰਤੀ ਸਥਾਪਨਾ ਦਾ 13ਵਾਂ ਸਥਾਪਨਾ ਦਿਵਸ ਸ਼ਿਵ ਮੰਦਰ ਮਹਿਲਾ ਮੰਡਲ ਵੱਲੋਂ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਸ਼੍ਰੀ ਸਤ ਈਸ਼ਵਰ ਸ਼ਿਵ ਮੰਦਰ ਵਿਖੇ ਬੜੀ ਧੂਮਧਾਮ ਅਤੇ ਸ਼ਰਧਾਪੂਰਵਕ ਮਨਾਇਆ ਗਿਆ ।ਗਾਇਕ ਸੰਦੀਪ ਉਧਨਵਾਲ ਵੱਲੋਂ ਗਾਏ ਭਜਨ ਵਰਿੰਦਾਵਨ ਜਾਣ ਦੀ ਆਦਤ ਪਾ ਸਜਣਾ ਅਤੇ ਸ਼ਾਮ ਤੇਰੀ ਮੁਰਲੀ ਪਾਗਲ ਕਰ ਦੇਤੀ ਹੈ ਆਦਿ ਭਜਨਾਂ 'ਤੇ ਸ਼ਰਧਾਲੂ ਝੂਮ ਉੱਠੇ । ਕੀਰਤਨ ਸਮਾਗਮ ਦੀ ਸਮਾਪਤੀ ਉਪਰੰਤ ਛੋਲੇ ਭਟੂਰਿਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਪੰਡਿਤ ਯਾਦੂਨਾਥ ਤਿਵਾੜੀ, ਪ੍ਰਧਾਨ ਸਤਿਆ ਚੌਧਰੀ ਸਿੰਗਲਾ,ਸੰਜੂ ਖੁੱਲਰ, ਕਮਲੇਸ਼ ਗਰਗ,ਸਨੇਹ ਲਤਾ ਗੋਇਲ,ਰੀਤੂ ਬਾਂਸਲ,ਰੇਖਾ ਬਾਂਸਲ, ਸਰੋਜ ਬਾਂਸਲ,ਉਰਮਿਲਾ ਗਰਵਰ, ਸਰਲਾ ਮੁੰਜਾਲ, ਬਿਮਲਾ ਕਾਂਸਲ, ਪਿੰਕੀ ਚੌਧਰੀ, ਨਰੇਸ਼ ਜਿੰਦਲ, ਅਸ਼ਵਨੀ ਸਿੰਗਲਾਂ, ਸੰਜੀਵ ਢੰਡ, ਰਾਮ ਚੌਧਰੀ, ਹਰੀਸ਼ ਬਾਂਸਲ, ਰਾਕੇਸ਼ ਸਿੰਗਲਾ ਅਤੇ ਸੋਨੂੰ ਚੌਧਰੀ ਆਦਿ ਹਾਜ਼ਰ ਸਨ।

# ਪੀ.ਆਰ.ਐਸ.ਸੀ ਵੱਲੋਂ ਵੈਟਲੈਂਡ ਐਟਲਸ ਕੀਤੀ ਗਈ ਰਿਲੀਜ਼



ਲੁਧਿਆਣਾ, 23 ਜਨਵਰੀ (ਕਰਨੈਲ ਸਿੰਘ ਐੱਮ.ਏ.): ਪੰਜਾਬ ਰਿਮੋਟ ਸੈਸਿੰਗ ਸੈਂਟਰ, ਲੁਧਿਆਣਾ ਦੁਆਰਾ ਜੰਗਲਾਤ ਵਿਭਾਗ ਪੰਜਾਬ ਵੱਲੋਂ ਅਲਾਟ ਕੀਤੇ ਗਏ ਪ੍ਰੋਜੈਕਟ ਦੁਆਰਾ ਵੈਟਲੈਂਡ ਐਟਲਸ ਤਿਆਰ ਕੀਤੀ ਗਈ ਜਿਸ ਨੂੰ ਸ਼੍ਰੀ ਧਰਮਿੰਦਰ ਸ਼ਰਮਾ, ਮੁਖੀ, ਵਣ ਅਤੇ ਜੰਗਲਾਤ ਵਿਭਾਗ, ਪੰਜਾਬ ਅਤੇ ਡਾ: ਬਰਜਿੰਦਰਾ ਪਟੈਰੀਆ, ਡਾਇਰੈਕਟਰ, ਪੰਜਾਬ ਰਿਮੋਟ ਸੈਸਿੰਗ ਸੈਂਟਰ ਦੁਆਰਾ ਰਿਲੀਜ਼ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਐਟਲਸ ਦੇ ਪ੍ਰੋਜੈਕਟ ਇੰਚਾਰਜ ਡਾ: ਵੀ.ਕੇ.ਵਰਮਾ ਅਤੇ ਕੋ-ਇੰਚਾਰਜ ਡਾ: ਖੋਇਲ ਸੂਰ ਅਤੇ ਵਣ ਵਿਭਾਗ ਦੇ ਸੀਨੀਅਰ ਅਫਸਰ ਵੀ ਸ਼ਾਮਲ ਹੋਏ। ਇਸ ਐਟਲਸ ਵਿੱਚ ਪੰਜਾਬ ਦੇ ਚਾਰ ਵੈਟਲੈਂਡ ਹਰੀਕੇ, ਕਾਂਜਲੀ, ਨੰਗਲ ਅਤੇ ਰੋਪੜ ਬਾਰੇ ਮਹੱਤਵਪੂਰਨ ਨਕਸ਼ੇ ਅਤੇ ਜ਼ਰੂਰੀ ਡਾਟਾ ਹੈ। ਇਹ ਐਟਲਸ ਦੇ ਨਕਸ਼ੇ ਸੈਟੇਲਾਈਟ ਦੁਆਰਾ ਖਿੱਚੀਆਂ ਤਸਵੀਰਾਂ ਵਰਤ ਕੇ ਤਿਆਰ ਕੀਤੇ ਗਏ ਹਨ। ਇਹ ਐਟਲਸ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੁਆਰਾ ਵੈਟਲੈਂਡ ਕਨਸਰਵੇਸ਼ਨ ਲਈ ਚਲਾਏ ਗਏ ਪ੍ਰੋਗਰਾਮਾਂ ਨੂੰ ਚੰਗੇ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਲਾਹੇਵੰਦ ਸਾਬਤ ਹੋਵੇਗੀ।

# ਨਸ਼ੀਲੀਆਂ ਗੋਲ਼ੀਆਂ ਸਮੇਤ ਇੱਕ ਗ੍ਰਿਫ਼ਤਾਰ



ਰਾਹੋਂ, 23 ਜਨਵਰੀ (ਸੰਜੀਵ ਕੁਮਾਰ ਬੌਬੀ) : ਨਵਾਂ ਸ਼ਹਿਰ ਦੇ ਐਸਐਸਪੀ ਤੁਸ਼ਾਰ ਗੁਪਤਾ ਵੱਲੋਂ ਨਸ਼ਾ ਵਿਰੋਧੀ ਚਲਾਈ ਮੁਹਿੰਮ ਨੂੰ ਅੱਗੇ ਵਧਾਉਂਦੇ ਹੋਏ ਥਾਣਾ ਰਾਹੋਂ ਦੇ ਐਸ ਐਚ ਓ ਚੌਧਰੀ ਵਰਿੰਦਰ ਕੁਮਾਰ ਨੇ ਪੁਲਿਸ ਪਾਰਟੀ ਦੇ ਨਾਲ ਗਸਤ ਕਰਦੇ ਹੋਏ।ਚੌਕੀ ਇੰਚਾਰਜ ਸੰਦੀਪ ਕੁਮਾਰ ਨੇ ਸ਼ੇਕਰਾ ਸਾਈਡ ਤੋਂ ਜਾ ਰਿਹਾ ਇੱਕ ਨੌਜਵਾਨ ਨੂੰ ਕਾਬੂ ਕਰਕੇ ਉਸ ਕੋਲੋਂ 30 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਐਸ ਐਚ ਚੌਧਰੀ ਵਰਿੰਦਰ ਕੁਮਾਰ ਨੇ ਦੱਸਿਆ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਮਾਮਲਾ ਦਰਜ ਕਰਕੇ ਅੱਜ ਇਸ ਨੂੰ ਨਵਾਂ ਸ਼ਹਿਰ ਦੀ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਲਿਆ ਜਾਵੇਗਾ ਤਾਂ ਜੋ ਅੱਗੇ ਦੀ ਪੁੱਛ ਗਿੱਛ ਕੀਤੀ ਜਾ ਸਕੇ। ਇਸ ਮੌਕੇ 'ਤੇ ਕਈ ਪੁਲਿਸ ਕਰਮਚਾਰੀ ਮੌਜੂਦ ਸਨ।


## ਕੋਟਕ ਮਹਿੰਦਰਾ ਬੈਂਕ ਲਿਮ.

ਪੰਜੀਕ੍ਰਿਤ ਦਫ਼ਤਰ : 27 ਬੀਕੇਸੀ, ਸੀ-27, ਜੀ ਬਲਾਕ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਈ), ਮੁੰਬਈ, ਮਹਾਰਾਸ਼ਟਰਾ, ਪਿਨ ਕੋਡ : 400051; ਸ਼ਾਖਾ ਦਫ਼ਤਰ : ਕੋਟਕ ਮਹਿੰਦਰਾ ਬੈਂਕ ਲਿਮ., ਮਧਿਆ ਮਾਰਗ, ਦੂਜੀ ਮੰਜ਼ਿਲ, ਐਸਸੀਓ, 153-154-155 ਸੈਕਟਰ 9ਸੀ, ਚੰਡੀਗੜ੍ਹ-160009

### ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ

ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 ਦੇ ਨਿਯਮ 9 (1) ਦੇ ਪ੍ਰਾਵਧਾਨ ਦੇ ਨਾਲ ਪੜ੍ਹੇ ਗਏ ਨਿਯਮ 8(5) ਦੇ ਤਹਿਤ ਵਿੱਤੀ ਸੰਪਤੀਆਂ ਦੇ ਪ੍ਰਤੀਭੂਤੀਕਰਨ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਹਿੱਤ ਐਕਟ, 2002 ਦੇ ਲਾਗੂਕਰਨ ਦੇ ਤਹਿਤ ਅਚੱਲ ਜਾਇਦਾਦਾਂ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।
SMFG ਇੰਡੀਆ ਹੋਮ ਫਾਈਨੈਂਸ ਕੰਪਨੀ ਲਿਮਟਿਡ (ਇਸ ਤੋਂ ਬਾਅਦ "SMFG" ਵਜੋਂ ਜਾਣਿਆ ਜਾਂਦਾ ਹੈ) ਦੁਆਰਾ ਕੋਟਕ ਮਹਿੰਦਰਾ ਬੈਂਕ ਲਿਮਟਿਡ ਦੇ ਹੱਕ ਵਿੱਚ ਕਰਜ਼ੇ ਦੀ ਨਿਯੁਕਤੀ ਤੋਂ ਬਾਅਦ, KMBL ਦੇ ਅਧਿਕਾਰਤ ਅਧਿਕਾਰੀ ਨੇ 20.11.2025 ਨੂੰ ਸੁਰੱਖਿਅਤ ਲੈਣਦਾਰ ਨੂੰ ਗਿਰਵੀ ਰੱਖੀ/ਚਾਰਜ ਕੀਤੀ ਗਈ ਹੇਠਾਂ ਦੱਸੀ ਗਈ ਅਚੱਲ ਜਾਇਦਾਦ (ਇਸ ਤੋਂ ਬਾਅਦ ਸੁਰੱਖਿਅਤ ਸੰਪਤੀ ਕਿਹਾ ਜਾਂਦਾ ਹੈ) ਦਾ ਭੌਤਿਕ ਕਬਜ਼ਾ ਲੈ ਲਿਆ ਹੈ।
ਇਸ ਦੁਆਰਾ ਕਰਜ਼ਦਾਰ (ਆਂ) ਅਤੇ ਗਾਰੰਟਰਾਂ (ਆਂ) ਨੂੰ ਖਾਸ ਤੌਰ 'ਤੇ ਅਤੇ ਆਮ ਤੌਰ 'ਤੇ ਜਨਤਕ ਤੌਰ 'ਤੇ ਨੋਟਿਸ ਦਿੱਤਾ ਜਾਂਦਾ ਹੈ ਕਿ ਬੈਂਕ ਨੇ ਸਰਫੇਸੀ ਐਕਟ, 2002 ਦੇ ਉਪਬੰਧਾਂ ਦੇ ਤਹਿਤ "ਜਿਵੇਂ ਹੈ ਜਿੱਥੇ ਹੈ" 'ਤੇ ਸੁਰੱਖਿਅਤ ਸੰਪਤੀ ਨੂੰ ਈ-ਨਿਲਾਮੀ ਰਾਹੀਂ ਵੇਚਣ ਦਾ ਫੈਸਲਾ ਕੀਤਾ ਹੈ।, "ਜਿਵੇਂ ਹੈ ਜੋ ਹੈ", ਅਤੇ "ਜੋ ਕੁਝ ਹੈ" ਦੇ ਆਧਾਰ 'ਤੇ 21.01.2026 ਤੱਕ ਬਕਾਇਆ 12,75,013/- ਰੁਪਏ (ਬਾਰਾਂ ਲੱਖ ਪੰਝੱਤਰ ਹਜ਼ਾਰ ਤੇਰਾਂ ਰੁਪਏ) ਦੀ ਵਸੂਲੀ ਲਈ। ਕਰਜ਼ੇ ਦੀ ਪ੍ਰਾਪਤੀ ਤੱਕ ਭਵਿੱਖ ਵਿੱਚ ਲਾਗੂ ਵਿਆਜ ਸਮੇਤ, ਕਰਜ਼ੇ 610139211158879 ਦੇ ਤਹਿਤ; ਸ਼੍ਰੀ ਦੁਰਵਿਜੇ ਰਾਧੇ ਸ਼ਾਮ ਦੁਆਰਾ ਪ੍ਰਾਪਤ ਕੀਤਾ ਗਿਆ ਕਰਜ਼ਾ ਹੇਠਾਂ ਦਿੱਤੇ ਵੇਰਵਿਆਂ ਅਨੁਸਾਰ।

| ਲੜੀ | ਵੇਰਵਾ |
|---|---|
| ਨਿਲਾਮੀ ਦੀ ਮਿਤੀ | 27.02.2026 |
| ਨਿਲਾਮੀ ਦਾ ਸਮਾਂ | ਦੁਪਹਿਰ 12:00 ਵਜੇ ਤੋਂ ਦੁਪਹਿਰ 1:00 ਵਜੇ ਦੇ ਵਿਚਕਾਰ 5 ਮਿੰਟ ਦੇ ਅਸੀਮਤ ਵਾਧੇ ਦੇ ਨਾਲ |
| ਰਾਖਵੀਂ ਕੀਮਤ | 6,00,000/- ਰੁਪਏ (ਸਿਰਫ਼ ਛੇ ਲੱਖ ਰੁਪਏ) |
| ਬਿਆਨਾ ਰਕਮ (ਈਐਮਡੀ):- 60,000/- ਰੁਪਏ (ਸਿਰਫ਼ ਸੱਠ ਹਜ਼ਾਰ ਰੁਪਏ) | |
| ਬਿਆਨਾ ਰਕਮ ਕੇਵਾਈਸੀ ਸਮੇਤ ਜਮ੍ਹਾਂ ਕਰਨ ਦੀ ਆਖਰੀ ਮਿਤੀ: 26.02.2026 ਸ਼ਾਮ 6:00 ਵਜੇ ਤੱਕ (IST.) | |
| ਸੁਰੱਖਿਅਤ ਸੰਪਤੀ ਦਾ ਵੇਰਵਾ:- ਪਿੰਡ ਤਾਜਪੁਰ ਐਚ.ਬੀ. ਨੰਬਰ 182 ਆਬਾਦੀ ਸਰਪੰਚ ਕਲੋਨੀ ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਸਾਲ 2017-18 ਖਸਰਾ ਨੰਬਰ 4//13/2, 4//12/2, 4//18/2, 4//19, 4//20 ਖਾਤਾ ਨੰਬਰ 248/259 ਜਮ੍ਹਾਂਬੰਦੀ ਵਿੱਚ ਸ਼ਾਮਲ 50 ਵਰਗ ਗਜ਼ ਦੇ ਇੱਕ ਮਕਾਨ ਨੰਬਰ 171 ਵਾਲੀ ਜਾਇਦਾਦ ਦਾ ਸਾਰਾ ਟੁਕੜਾ ਅਤੇ ਪਾਰਸਲ। | |
| ਜਾਣਿਆ ਹੋਇਆ ਬੋਝ | ਨਹੀਂ |

ਕਰਜ਼ਦਾਰਾਂ ਦਾ ਧਿਆਨ ਐਕਟ ਦੀ ਧਾਰਾ 13 ਦੀ ਉਪ ਧਾਰਾ 8 ਦੇ ਉਪਬੰਧਾਂ ਵੱਲ ਖਿੱਚਿਆ ਜਾਂਦਾ ਹੈ, ਉਪਲਬਧ ਸਮੇਂ ਦੇ ਸੰਬੰਧ ਵਿੱਚ, ਸੁਰੱਖਿਅਤ ਸੰਪਤੀ ਨੂੰ ਛੁਡਾਉਣ ਲਈ।
ਖਾਸ ਕਰਕੇ ਕਰਜ਼ਦਾਰ ਅਤੇ ਆਮ ਤੌਰ 'ਤੇ ਜਨਤਾ ਕਿਰਪਾ ਕਰਕੇ ਧਿਆਨ ਦੇਣ ਕਿ ਜੇਕਰ ਇੱਥੇ ਨਿਰਧਾਰਤ ਨਿਲਾਮੀ ਕਿਸੇ ਵੀ ਕਾਰਨ ਕਰਕੇ ਅਸਫਲ ਹੋ ਜਾਂਦੀ ਹੈ ਤਾਂ ਸੁਰੱਖਿਅਤ ਲੈਣਦਾਰ ਨਿੱਜੀ ਸੰਧੀ ਰਾਹੀਂ ਵਿਕਰੀ ਦੇ ਜ਼ਰੀਏ ਸੁਰੱਖਿਆ ਹਿੱਤ ਲਾਗੂ ਕਰ ਸਕਦਾ ਹੈ।
ਵਿਕਰੀ ਅਧੀਨ ਸੰਪਤੀਆਂ ਸੰਬੰਧੀ ਕਿਸੇ ਵੀ ਸਪੱਸ਼ਟੀਕਰਨ/ਲੋੜ ਦੇ ਮਾਮਲੇ ਵਿੱਚ, ਬੋਲੀਕਾਰ ਸ਼੍ਰੀ ਰਵਿੰਦਰ ਗੋਦਾਰਾ (ਮੋਬਾਇਲ ਨੰਬਰ +919983999074)/ਸ਼੍ਰੀ ਨੀਰਜ ਕੁਮਾਰ (ਮੋਬਾਇਲ ਨੰਬਰ +919716686150) ਨਾਲ ਸੰਪਰਕ ਕਰ ਸਕਦਾ ਹੈ। ਬੋਲੀਕਾਰ ਸਪਸ਼ਟੀਕਰਨ ਲਈ ਬੈਂਕ ਦੇ IVR ਨੰਬਰ (+91-9152219751) ਨਾਲ ਵੀ ਸੰਪਰਕ ਕਰ ਸਕਦਾ ਹੈ।
ਵਿਕਰੀ ਦੇ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਬੈਂਕ ਦੀ ਵੈੱਬਸਾਈਟ ਯਾਨੀ WWW.KOTAK.COM ਅਤੇ/ਜਾਂ HTTP://BANKAUCTIONS.IN/ ਵਿੱਚ ਦਿੱਤੇ ਗਏ ਲਿੰਕ HTTPS://WWW.KOTAK.COM/EN/BANK-AUCTIONS.HTML ਨੂੰ ਵੇਖੋ।
ਮਿਤੀ: 24.01.2026
ਸਥਾਨ: ਲੁਧਿਆਣਾ, ਪੰਜਾਬ

ਅਧਿਕਾਰਤ ਅਧਿਕਾਰੀ,
ਕੋਟਕ ਮਹਿੰਦਰਾ ਬੈਂਕ ਲਿਮਟਿਡ


# ਆਜ਼ਾਦੀ ਘੁਲਾਟੀਏ ਪਰਿਵਾਰ ਦੇਸ਼ ਦਾ ਬੇਸ਼ਕੀਮਤੀ ਸਰਮਾਇਆ : ਡੀ.ਸੀ.



ਲੁਧਿਆਣਾ, 23 ਜਨਵਰੀ (ਵਿਸ਼ਾਲ ਸ਼ਰਮਾ) : ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਆਜ਼ਾਦੀ ਘੁਲਾਟੀਏ ਪਰਿਵਾਰਾਂ ਨੂੰ ਦੇਸ਼ ਦਾ ਬੇਸ਼ਕੀਮਤੀ ਸਰਮਾਇਆ ਆਖਦਿਆਂ, ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਅਜ਼ਾਦੀ ਘੁਲਾਟੀਏ ਪਰਿਵਾਰਾਂ ਦਾ ਸਰਕਾਰੀ ਦਫ਼ਤਰਾਂ ਅਤੇ ਸਮਾਗਮਾਂ ਵਿਚ ਮਾਣ ਸਨਮਾਨ ਹਰ ਹੀਲੇ ਬਰਕਰਾਰ ਰੱਖਿਆ ਜਾਵੇ। ਆਜ਼ਾਦੀ ਘੁਲਾਟੀਏ ਆਸ਼ਰਿਤ ਸੰਗਠਨ ਦੇ ਨੁਮਾਇੰਦਿਆਂ ਨਾਲ ਆਪਣੇ ਦਫ਼ਤਰ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਜ਼ਾਦੀ ਘੁਲਾਟੀਏ ਸਾਨੂੰ ਅਜ਼ਾਦ ਫਿਜ਼ਾ ਵਿੱਚ ਸਾਹ ਲੈਣ ਦੇ ਕਾਬਿਲ ਬਣਾਉਣ ਲਈ ਆਪਣੇ ਪ੍ਰਾਣਾਂ ਦੀ ਆਹੂਤੀ ਦੇ ਗਏ। ਹੁਣ ਸਾਡਾ ਫਰਜ਼ ਬਣਦਾ ਹੈ ਕਿ ਇਹਨਾਂ ਦੇ ਪਿੱਛੇ ਰਹਿੰਦੇ ਪਰਿਵਾਰਾਂ ਨੂੰ ਮਾਣ ਅਤੇ ਸਤਿਕਾਰ ਨਾਲ ਸੰਭਾਲਿਆ ਜਾਵੇ। ਡਿਪਟੀ ਕਮਿਸ਼ਨਰ ਵੱਲੋਂ ਆਜ਼ਾਦੀ ਘੁਲਾਟੀਏ ਪਰਿਵਾਰਾਂ ਦੀਆਂ ਮੁਸ਼ਕਿਲਾਂ ਨੂੰ ਨੇੜੇ ਹੋ ਕੇ ਸੁਣਿਆ ਅਤੇ ਮੌਕੇ ਤੇ ਹੀ ਨਿਪਟਾਰਾ ਵੀ ਕੀਤਾ। ਉਹਨਾਂ ਅਜ਼ਾਦੀ ਘੁਲਾਟੀਏ ਪਰਿਵਾਰਾਂ ਨਾਲ ਸਬੰਧਤ ਬਕਾਇਆ ਮਸਲਿਆਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ ਅਤੇ ਮੀਟਿੰਗ ਵਿਚ ਹਾਜ਼ਰ ਅਧਿਕਾਰੀਆਂ ਨੂੰ ਇਹ ਮਸਲੇ ਪਹਿਲ ਦੇ ਆਧਾਰ ਤੇ ਹੱਲ ਕਰਨ ਦੇ ਆਦੇਸ਼ ਦਿੰਦਿਆਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਬੈਂਸ, ਜੀਵਨਦੀਪ ਸਿੰਘ ਪੀ.ਸੀ.ਐਸ. (ਅਲਾਈਡ), ਆਜ਼ਾਦੀ ਘੁਲਾਟੀਏ ਆਸ਼ਰਿਤ ਸੰਗਠਨ ਦੇ ਸਰਪ੍ਰਸਤ ਮਾਸਟਰ ਗੁਰਮੀਤ ਸਿੰਘ, ਪ੍ਰਧਾਨ ਚੇਤਨਦੀਪ ਸਿੰਘ ਬਵੇਜਾ, ਮੀਤ ਪ੍ਰਧਾਨ ਸੁਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਸੁਰਿੰਦਰ ਪਾਲ ਸਿੰਘ, ਜਨਰਲ ਸਕੱਤਰ ਨਰਿੰਦਰ ਸਿੰਘ ਬਿੱਲ, ਗੁਰਬਖਸ਼ੀਸ਼ ਸਿੰਘ ਤੇ ਹੋਰ ਵੀ ਹਾਜ਼ਰ ਸਨ।

# ਸੱਜਣ ਕੁਮਾਰ ਨੂੰ ਰਾਹਤ ਦੇਣੀ ਦੰਗਾ ਪੀੜਤ ਪਰਿਵਾਰਾਂ ਦੇ ਜ਼ਖ਼ਮਾਂ 'ਤੇ ਨਮਕ ਛਿੜਕਣ ਵਾਲੀ ਗੱਲ : ਸੋਖੀ



ਲੁਧਿਆਣਾ, 23 ਜਨਵਰੀ (ਰਵਿੰਦਰ ਸਿੰਘ ਨਿੱਝਰ): 1984 ਦੇ ਸਿੱਖ ਵਿਰੋਧੀ ਦੰਗਿਆਂ ਨਾਲ ਸੰਬੰਧਿਤ ਇਕ ਮਾਮਲੇ ਵਿਚ ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਨੂੰ ਰਾਹਤ ਦੇਣੀ ਦੰਗਾ ਪੀੜਤ ਪਰਿਵਾਰਾਂ ਦੇ ਜ਼ਖਮਾਂ 'ਤੇ ਨਮਕ ਛਿੜਕਣ ਵਾਲਾ ਫੈਸਲਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਜਨਰਲ ਸਕੱਤਰ ਅਤੇ ਹਲਕਾ ਆਤਮ ਨਗਰ ਦੇ ਇੰਚਾਰਜ ਜਗਬੀਰ ਸਿੰਘ ਸੋਖੀ ਨੇ ਆਏ ਫੈਸਲੇ ਦੌਰਾਨ ਰੋਸ ਜਾਹਰ ਕਰਦਿਆਂ ਕੀਤਾ। ਉਨਾਂ ਕਿਹਾ ਕਿ ਦੋ ਮਾਮਲਿਆਂ ਦੇ ਵਿੱਚ ਸੱਜਣ ਕੁਮਾਰ ਨੂੰ ਪਹਿਲਾਂ ਹੀ ਉਮਰ ਕੈਦ ਦੀ ਸਜ਼ਾ ਮਿਲਣ ਦੇ ਚਲਦਿਆਂ ਬੇਸ਼ੱਕ ਉਸ ਨੂੰ ਜੇਲ੍ਹ ਵਿੱਚ ਹੀ ਰਹਿਣਾ ਪਵੇਗਾ। ਪਰੰਤੂ ਫਿਰ ਵੀ ਦਿੱਲੀ ਦੀ ਇਕ ਅਦਾਲਤ ਨੇ ਸੱਜਣ ਕੁਮਾਰ ਨੂੰ ਉਸ ਮਾਮਲੇ ਵਿੱਚੋਂ ਬਰੀ ਕਰ ਦਿੱਤਾ ਹੈ, ਜਿਸ ਵਿਚ ਉਸ 'ਤੇ ਜਨਕਪੁਰੀ ਅਤੇ ਵਿਕਾਸ ਪੁਰੀ ਵਿਚ ਹਿੰਸਾ ਭੜਕਾਉਣ ਦਾ ਦੋਸ਼ ਸੀ। ਜਿਸ ਦੌਰਾਨ ਤਿੰਨ ਲੋਕਾਂ ਦੀ ਮੌਤ ਵੀ ਹੋ ਗਈ ਸੀ। ਇਸ ਫੈਸਲੇ ਦੇ ਨਾਲ ਦੰਗਾ ਪੀੜਤ ਪਰਿਵਾਰਾਂ ਸਮੇਤ ਪੂਰੇ ਸਿੱਖਾਂ ਦੇ ਹਿਰਦੇ ਵਲੂੰਧਰੇ ਗਏ ਹਨ ਕਿਉਂਕਿ ਐਸੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਮਿਲਣੀਆਂ ਚਾਹੀਦੀਆਂ ਹਨ, ਪਰੰਤੂ ਆਪਣੇ ਰਸੂਖ ਅਤੇ ਪੈਸੇ ਦੇ ਬਲਬੂਤੇ ਸਬੂਤਾਂ ਦੇ ਨਾਲ ਛੇੜਛਾੜ ਕਰਕੇ, ਐਸੇ ਲੋਕ ਅਦਾਲਤਾਂ ਨੂੰ ਵੀ ਗੁੰਮਰਾਹ ਕਰ ਰਹੇ ਹਨ।

ਪ੍ਰੰਤੂ ਜ਼ਾਲਮ ਪਾਪੀਆਂ ਨੂੰ ਬਰੀ ਕਰਨ ਵਾਲੇ ਜੱਜ ਦੀ ਅੰਤਰਆਤਮਾ ਹਮੇਸ਼ਾ ਉਹਨਾਂ ਨੂੰ ਝੰਜੋੜਦੀ ਰਹੇਗੀ ਜਿਹੜੇ ਵਕੀਲ ਐਸੇ ਪਾਪੀਆਂ ਦੀ ਪੈਰਵਾਈ ਕਰਦੇ ਹਨ ਉਨਾਂ ਨੂੰ 84 ਚ ਬੇਦਰਦੀ ਨਾਲ ਸਾੜੇ ਤੇ ਮਾਰੇ ਗਏ ਸ਼ਹੀਦਾਂ ਦੀਆਂ ਰੂਹਾਂ ਜਿੰਦਗੀ ਭਰ ਸਤਾਉਂਦੀਆਂ ਰਹਿਣਗੀਆਂ। ਸੋਖੀ ਨੇ ਕਿਹਾ ਕਿ ਸਮੂਹ ਸਿੱਖਾਂ ਦੇ ਲਈ ਇਹ ਬਹੁਤ ਹੀ ਦਿਲ ਦੁਖਾਉਣ ਵਾਲਾ ਅਤੇ ਮੰਦਭਾਗਾ ਫੈਸਲਾ ਆਇਆ ਹੈ ਜਿਸ ਦੇ ਨਾਲ 1984 ਦੇ ਕਤਲੇਆਮ ਦੌਰਾਨ ਹੋਏ ਪੰਜਾਬੀਆਂ ਦੇ ਜਖਮਾਂ ਨੂੰ ਹਰੇ ਕਰਨ ਦਾ ਕੰਮ ਕੀਤਾ ਹੈ। ਉਨਾਂ ਕਿਹਾ ਕਿ ਐਸੇ ਦੋਸ਼ੀਆਂ ਅਤੇ ਦੋਸ਼ੀਆਂ ਦਾ ਸਾਥ ਦੇਣ ਵਾਲਿਆਂ ਨੂੰ ਨਾ ਤਾਂ ਕਦੇ ਗੁਰੂ ਸਾਹਿਬ ਮਾਫ ਕਰਨਗੇ ਅਤੇ ਨਾ ਹੀ ਗੁਰੂ ਕੀ ਸੰਗਤ ਮੁਆਫ ਕਰੇਗੀ। ਜਿਨ੍ਹਾਂ ਦਾ ਅੰਤ ਬਹੁਤ ਬੁਰਾ ਹੋਣਾ ਲਾਜ਼ਮੀ ਹੈ।


## ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)

ਪਹਿਲੀ ਮੰਜ਼ਿਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਮਾਮਲਾ ਨੰਬਰ : ਓਏ/1812/2022
ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ ਅਧੀਨ ਸੰਮਨ
ਈਐਕਸਐਚ ਨੰ. : 28987

ਸਟੇਟ ਬੈਂਕ ਆਫ ਇੰਡੀਆ
ਬਨਾਮ
ਮੈਸਰਜ਼ ਆਨੰਦ ਇੰਟਰਪ੍ਰਾਇਜ਼ਿਜ਼ ਅਤੇ ਹੋਰ

ਵੱਲ,
(1) ਮੈਸ. ਆਨੰਦ ਇੰਟਰਪ੍ਰਾਇਜ਼ਿਜ਼ ਪਿੰਡ ਮਾਜਰਾ, ਮਾਰਫ ਨੰ. 1, ਆਨੰਦਪੁਰ ਸਾਹਿਬ, ਜ਼ਿਲ੍ਹਾ ਰੂਪਨਗਰ ਰਾਹੀਂ ਇਸਦੇ ਪ੍ਰੋਪ. ਸ਼੍ਰੀ ਇੰਦਰਪ੍ਰੀਤ ਸਿੰਘ
(2) ਸ਼੍ਰੀ ਇੰਦਰਪ੍ਰੀਤ ਸਿੰਘ ਸਪੁੱਤਰ ਸ਼੍ਰੀ ਹਰਜੀਤ ਸਿੰਘ ਵਾਸੀ ਵਾਰਡ ਨੰ. 12, ਭੋਰਾ ਸਾਹਿਬ ਮੁਹੱਲਾ ਆਨੰਦਪੁਰ ਸਾਹਿਬ, ਜ਼ਿਲ੍ਹਾ ਰੂਪਨਗਰ
(3) ਮਨਜੀਤ ਕੌਰ ਉਰਫ ਮਨਜੀਤ ਕੌਰ ਸੁਪਤਨੀ ਹਰਜੀਤ ਸਿੰਘ ਵਾਸੀ ਵਾਰਡ ਨੰ. 12, ਭੋਰਾ ਸਾਹਿਬ ਮੁਹੱਲਾ ਆਨੰਦਪੁਰ ਸਾਹਿਬ, ਜ਼ਿਲ੍ਹਾ ਰੂਪਨਗਰ

ਸੰਮਨ

ਜਿਥੇ ਕਿ, ਓ. ਏ./1812/2022, 14.01.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 69,08,709/- ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 04.04.2026 ਨੂੰ ਸਵੇਰੇ 10.30 ਵਜੇ ਰਜਿਸਟਰਾਰ ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 15.01.2026 ਨੂੰ ਜਾਰੀ।

ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖ਼ਰ
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)


# ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਦਾ ਭਾਜਪਾ ਬੁਲਾਰੇ ਬੱਲੀਏਵਾਲ ਵੱਲੋਂ ਸਵਾਗਤ



ਲੁਧਿਆਣਾ, 23 ਜਨਵਰੀ (ਰਵਿੰਦਰ ਨਿੱਝਰ, ਕੁਲਦੀਪ ਕੋਹਾੜਾ) : ਸ਼੍ਰੀ ਭੈਣੀ ਸਾਹਿਬ ਵਿਖੇ ਸਤਿਗੁਰੂ ਰਾਮ ਸਿੰਘ ਜੀ ਦੇ 210ਵੇਂ ਪ੍ਰਕਾਸ਼ ਪੁਰਬ ਅਤੇ ਬਸੰਤ ਪੰਚਮੀ ਮੇਲੇ 'ਤੇ ਹਰਿਆਣਾ ਮੁੱਖ ਮੰਤਰੀ ਨਾਇਬ ਸੈਣੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਸਮਾਗਮ ਸਤਿਗੁਰੂ ਉਦੇ ਸਿੰਘ ਜੀ ਦੀ ਹਾਜ਼ਰੀ ਵਿੱਚ ਕਰਵਾਇਆ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਭਾਜਪਾ ਦੇ ਬੁਲਾਰੇ ਪ੍ਰਿਤਪਾਲ ਸਿੰਘ ਬੱਲੀਏਵਾਲ ਵੀ ਹਾਜ਼ਰ ਸਨ, ਜਿਨ੍ਹਾਂ ਨੇ ਮੁੱਖ ਮੰਤਰੀ ਸੈਣੀ ਦਾ ਹਲਕਾ ਸਾਹਨੇਵਾਲ ਪਹੁੰਚਣ 'ਤੇ ਸਵਾਗਤ ਕੀਤਾ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਤਿਗੁਰੂ ਰਾਮ ਸਿੰਘ ਜੀ ਨੂੰ ਯਾਦ ਕਰਦੇ ਹੋਏ ਕਿਹਾ ਉਨ੍ਹਾਂ ਵੱਲੋਂ ਦੇਸ਼ ਦੀ ਆਜ਼ਾਦੀ ਲਈ ਕੂਕਾ ਲਹਿਰ ਅਤੇ ਨਾਮਧਾਰੀ ਸਮਾਜ ਵੱਲੋਂ ਕੀਤੀਆਂ ਗਈਆਂ ਕੁਰਬਾਨੀਆਂ ਦਾ ਜ਼ਿਕਰ ਕੀਤਾ ਅਤੇ ਨਾਮਧਾਰੀ ਸਮਾਜ ਦੀ ਜੋ ਦੇਸ਼ ਨੂੰ ਦੇਣ ਹੈ, ਉਸਦੀ ਸ਼ਲਾਘਾ ਕੀਤੀ। ਨਾਮਧਾਰੀ ਪਰਿਵਾਰ ਵੱਲੋਂ ਮੁੱਖ ਮੰਤਰੀ ਤੋਂ ਸਤਿਗੁਰੂ ਰਾਮ ਸਿੰਘ ਜੀ ਦੇ ਨਾਮ 'ਤੇ ਇੱਕ ਵਿਸ਼ੇਸ਼ ਚੇਅਰ ਕੁਰੂਕਸ਼ੇਤਰ ਯੂਨੀਵਰਸਿਟੀ ਵਿਖੇ ਸਥਾਪਿਤ ਕਰਨ ਦੀ ਮੰਗ ਕੀਤੀ। ਮੁੱਖ ਮੰਤਰੀ ਸੈਣੀ ਨੇ ਇਹ ਮੰਗ ਲਿਖਤੀ ਰੂਪ ਵਿੱਚ ਮਿਲਣ ਤੋਂ ਬਾਅਦ ਪੂਰੀ ਕਰਨ ਦਾ ਵਿਸ਼ੇਸ਼ ਭਰੋਸਾ ਦਿੱਤਾ। ਪੰਜਾਬ ਅੰਦਰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਬਾਰੇ ਪੁੱਛੇ ਗਏ ਸਵਾਲ ਤੇ ਜਵਾਬ ਦਿੰਦੇ ਹੋਏ ਸ਼੍ਰੀ ਸੈਣੀ ਨੇ ਕਿਹਾ ਕਿ ਪਿਛਲੇ 4 ਸਾਲਾਂ ਤੋਂ ਪੰਜਾਬ ਸਰਕਾਰ ਵੱਲੋਂ ਕੁੱਝ ਨਾ ਕੀਤੇ ਜਾਣ ਕਰਕੇ ਹੁਣ ਪੰਜਾਬੀਆਂ ਵਿੱਚ ਭਰਮ ਭੁਲੇਖਾ ਪੈਦਾ ਕਰਨ ਲਈ ਅਜਿਹੀਆਂ ਸਕੀਮਾਂ ਦਾ ਐਲਾਨ ਕਰ ਰਹੀ ਹੈ। ਪੰਜਾਬ ਦੀ ਵਿਗੜਦੀ ਕਾਨੂੰਨ ਵਿਵਸਥਾ ਬਾਰੇ ਬੋਲਦੇ ਹੋਏ ਮੁੱਖ ਮੰਤਰੀ ਨਾਇਬ ਸੈਣੀ ਨੇ ਕਿਹਾ ਕਿ ਪੰਜਾਬ ਅੰਦਰ ਕਾਨੂੰਨ ਨਾਮ ਦੀ ਕੋਈ ਚੀਜ ਨਹੀਂ ਹੈ, ਲੋਕ ਇਸ ਨਿਕੰਮੀ ਭਗਵੰਤ ਮਾਨ ਸਰਕਾਰ ਨੂੰ ਚੱਲਦਾ ਕਰਨ ਲਈ ਕਾਹਲੇ ਹਨ। ਇਸ ਮੌਕੇ ਹਲਕਾ ਸਾਹਨੇਵਾਲ ਦੇ ਸੀਨੀਅਰ ਆਗੂ ਪਵਨ ਕੁਮਾਰ ਸਾਬਕਾ ਜ਼ਿਲ੍ਹਾ ਪ੍ਰਧਾਨ, ਨਿਸ਼ੂ ਸ਼ਰਮਾ ਸਮਰਾਲਾ, ਹੀਰਾ ਸਿੰਘ ਅਮਰਗੜ੍ਹਮਨਮੀਤ ਸਿੰਘ ਚਾਵਲਾ, ਪਿੰਕੂ ਸ਼ਰਮਾ ਕੌਂਸਲਰ, ਰਸ਼ਪਾਲ ਸਿੰਘ ਸਾਹਨੇਵਾਲ, ਸੰਦੀਪ ਠਾਕੁਰ, ਵਿਨੇ ਕੁਮਾਰ ਮੰਡਲ ਪ੍ਰਧਾਨ, ਵੀ ਮੌਜੂਦ ਸਨ।

# ਲੁਧਿਆਣਾ ਪੁਲਿਸ ਵੱਲੋਂ ਗੈਂਗਸਟਰਾਂ ਖ਼ਿਲਾਫ਼ ਸਖ਼ਤ ਕਾਰਵਾਈ



ਸਾਹਨੇਵਾਲ, 23 ਜਨਵਰੀ (ਕੁਲਦੀਪ ਸਿੰਘ ਕੁਹਾੜਾ): ਲੁਧਿਆਣਾ ਕਮਿਸ਼ਨਰੇਟ ਪੁਲਿਸ ਨੇ ਅੱਜ ਸ਼ਹਿਰ ਅਤੇ ਇਸ ਦੇ ਆਲੇ-ਦੁਆਲੇ ਪਛਾਣੇ ਗਏ ਟਿਕਾਣਿਆਂ ਅਤੇ ਹਾਟਸਪਾਟਾਂ 'ਤੇ ਵਿਸਤ੍ਰਿਤ ਛਾਪੇਮਾਰੀ ਕੀਤੀ। ਇਹ ਕਾਰਵਾਈ ਗੈਂਗਸਟਰਾਂ ਅਤੇ ਉਨ੍ਹਾਂ ਦੇ ਸਾਥੀਆਂ ਖ਼ਿਲਾਫ਼ ਜਾਰੀ ਮੁਹਿੰਮ'ਗੈਂਗਸਟਰਾਂ 'ਤੇ ਵਾਰ'ਦੇ ਤਹਿਤ ਕੀਤੀ ਗਈ, ਜਿਸ ਦਾ ਮਕਸਦ ਅਪਰਾਧੀ ਤੱਤਾਂ ਦੀ ਆਵਾਜਾਈ 'ਤੇ ਰੋਕ ਲਗਾਉਣਾ ਅਤੇ ਅਪਰਾਧਾਂ ਦੀ ਯੋਜਨਾ ਬਣਾਉਣ ਜਾਂ ਉਨ੍ਹਾਂ ਦੀ ਅਮਲਵਾਰੀ ਨੂੰ ਰੋਕਣਾ ਹੈ।

ਲੁਧਿਆਣਾ ਦੇ ਪੁਲਿਸ ਕਮਿਸ਼ਨਰ ਸ੍ਰੀ ਸਵਪਨ ਸ਼ਰਮਾ, ਆਈ.ਪੀ.ਐਸ.ਨੇ ਦੱਸਿਆ ਕਿ ਇਸ ਕਾਰਵਾਈ ਦੌਰਾਨ ਉਹਨਾਂ ਸੰਵੇਦਨਸ਼ੀਲ ਹਾਟਸਪਾਟਾਂ ਦੀ ਜਾਂਚ ਕੀਤੀ ਗਈ ਜੋ ਅਪਰਾਧੀਆਂ ਵੱਲੋਂ ਅਪਰਾਧ ਕਰਨ ਤੋਂ ਬਾਅਦ ਲੁਕਣ ਜਾਂ ਗੈਰਕਾਨੂੰਨੀ ਸਰਗਰਮੀਆਂ ਦੀ ਤਿਆਰੀ ਲਈ ਵਰਤੇ ਜਾਂਦੇ ਹਨ। ਪ੍ਰਭਾਵਸ਼ਾਲੀ ਕਾਰਜਕਾਰੀ ਲਈ ਸੀਨੀਅਰ ਪੁਲਿਸ ਅਧਿਕਾਰੀਆਂ ਨੇ ਖੁਦ ਮੈਦਾਨ ਵਿੱਚ ਰਹਿ ਕੇ ਸ਼ਹਿਰ ਦੇ ਵੱਖ-ਵੱਖ ਪਛਾਣੇ ਗਏ ਸਥਾਨਾਂ 'ਤੇ ਜਾਂਚ ਦੀ ਨਿਗਰਾਨੀ ਕੀਤੀ।

ਇਸ ਮੁਹਿੰਮ ਦੇ ਤਹਿਤ ਪੁਲਿਸ ਟੀਮਾਂ ਨੇ ਕਿਰਾਏਦਾਰਾਂ ਦੀ ਵਿਸਤ੍ਰਿਤ ਤਸਦੀਕ ਕੀਤੀ, ਪਛਾਣ ਦਸਤਾਵੇਜ਼ਾਂ ਦੀ ਜਾਂਚ ਕੀਤੀ ਅਤੇ ਸੰਬੰਧਤ ਥਾਣਿਆਂ ਰਾਹੀਂ ਪਿਛੋਕੜ ਦੀ ਪੜਤਾਲ ਕੀਤੀ। ਆਮ ਲੋਕਾਂ ਨੂੰ ਵੀ ਜਾਗਰੂਕ ਕੀਤਾ ਗਿਆ ਅਤੇ ਅਪੀਲ ਕੀਤੀ ਗਈ ਕਿ ਕਿਸੇ ਵੀ ਸਥਿਤੀ ਵਿੱਚ ਅਪਰਾਧੀਆਂ ਨੂੰ ਪਨਾਹ ਜਾਂ ਮੱਦਦ ਨਾ ਦਿੱਤੀ ਜਾਵੇ।

ਪੁਲਿਸ ਕਮਿਸ਼ਨਰ ਨੇ ਜਾਣਕਾਰੀ ਦਿੱਤੀ ਕਿ ਇਸ ਕਾਰਵਾਈ ਲਈ 50 ਟੀਮਾਂ ਤਾਇਨਾਤ ਕੀਤੀਆਂ ਗਈਆਂ, ਜਿਨ੍ਹਾਂ ਵਿੱਚ 400 ਤੋਂ ਵੱਧ ਪੁਲਿਸ ਕਰਮਚਾਰੀ ਸ਼ਾਮਲ ਸਨ।

ਸੰਗਠਿਤ ਅਪਰਾਧ ਦੇ ਖਾਤਮੇ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਉਂਦੇ ਹੋਏ, ਲੁਧਿਆਣਾ ਕਮਿਸ਼ਨਰੇਟ ਪੁਲਿਸ ਨੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਨਿਸ਼ਾਨਾ-ਬੱਧ ਕਾਰਵਾਈਆਂ ਜਾਰੀ ਰੱਖਣ ਦਾ ਸੰਕਲਪ ਲਿਆ। ਇਹ ਪਹਿਲ ਮਾਣਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਅਤੇ ਡੀਜੀਪੀ ਪੰਜਾਬ ਸ੍ਰੀ ਗੌਰਵ ਯਾਦਵ, ਆਈ.ਪੀ.ਐਸ., ਦੀ ਦ੍ਰਿਸ਼ਟੀ ਦੇ ਅਨੁਕੂਲ ਹੈ, ਜਿਸ ਦਾ ਉਦੇਸ਼ ਸੁਰੱਖਿਅਤ, ਨਿਸ਼ਚਿੰਤ ਅਤੇ ਅਪਰਾਧ-ਮੁਕਤ ਪੰਜਾਬ ਬਣਾਉਣਾ ਹੈ।

ਸੁਨੇਹਾ ਸਪੱਸ਼ਟ ਹੈ ਅਪਰਾਧੀਆਂ ਨੂੰ ਪਨਾਹ ਜਾਂ ਸਹਾਇਤਾ ਦੇਣ ਦੀ ਕੋਈ ਵੀ ਕੋਸ਼ਿਸ਼ ਸਖ਼ਤ ਕਾਨੂੰਨੀ ਕਾਰਵਾਈ ਨੂੰ ਸੱਦਾ ਦੇਵੇਗੀ।

# ਹਸਪਤਾਲ ਵਿੱਚ ਐਡਵਾਂਸਡ ਰੋਬੋਟਿਕ ਸਰਜਰੀ ਪ੍ਰਣਾਲੀਆਂ ਵਿੱਚੋਂ ਇੱਕ ਦੀ ਸ਼ੁਰੂਆਤ




ਲੁਧਿਆਣਾ, 23 ਜਨਵਰੀ, (ਰਵਿੰਦਰ ਸਿੰਘ ਨਿੱਝਰ) : ਫੋਰਟਿਸ ਹਸਪਤਾਲ ਲੁਧਿਆਣਾ ਨੇ ਦੁਨੀਆਂ ਦੇ ਸਭ ਤੋਂ ਐਡਵਾਂਸਡ ਅਤੇ ਬਹੁਪੱਖੀ ਰੋਬੋਟਿਕ ਪਲੇਟਫਾਰਮਾਂ ਵਿੱਚੋਂ ਇੱਕ, ਐਸਐਸਆਈ ਮੰਤਰਾ ਰੋਬੋਟਿਕ ਸਰਜਰੀ ਸਿਸਟਮ ਦੀ ਸ਼ੁਰੂਆਤ ਨਾਲ ਆਪਣੇ ਐਡਵਾਂਸਡ ਸਰਜੀਕਲ ਦੇਖਭਾਲ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਹੈ ।ਜਨਰਲ ਸਰਜਰੀ, ਓਨਕੋਲੋਜੀ, ਬੈਰੀਆਟ੍ਰਿਕ, ਨਿਊਰੋਲੋਜੀ, ਕਾਰਡੀਓਲੋਜੀ, ਈਐਨਟੀ, ਯੂਰੋਲੋਜੀ, ਗਾਇਨੀਕੋਲੋਜੀ ਅਤੇ ਸਿਰ ਅਤੇ ਗਰਦਨ ਓਨਕੋਲੋਜੀ ਸਮੇਤ - ਸਰਜੀਕਲ ਵਿਸ਼ੇਸ਼ਤਾਵਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਦਾ ਸਮਰਥਨ ਕਰਨ ਲਈ ਤਿਆਰ ਕੀਤਾ ਗਿਆ ਹੈ। ਮਰੀਜ਼ ਦੇ ਦ੍ਰਿਸ਼ਟੀਕੋਣ ਤੋਂ, ਰੋਬੋਟਿਕ-ਸਹਾਇਤਾ ਪ੍ਰਾਪਤ ਸਰਜਰੀ ਛੋਟੇ ਚੀਰੇ, ਘੱਟ ਖੂਨ ਦੀ ਕਮੀ, ਘੱਟ ਪੋਸਟ-ਆਪਰੇਟਿਵ ਦਰਦ, ਅਤੇ ਤੇਜ਼ੀ ਨਾਲ ਰਿਕਵਰੀ ਦੀ ਪੇਸ਼ਕਸ਼ ਕਰਦੀ ਹੈ, ਮਰੀਜ਼ਾਂ ਨੂੰ ਜਲਦੀ ਆਪਣੇ ਆਮ ਰੁਟੀਨ ਵਿੱਚ ਵਾਪਸ ਆਉਣ ਵਿੱਚ ਮਦਦ ਕਰਦੀ ਹੈ, ਜਦੋਂ ਕਿ ਰਵਾਇਤੀ ਓਪਨ ਸਰਜਰੀਆਂ ਨਾਲ ਜੁੜੀਆਂ ਪੇਚੀਦਗੀਆਂ ਦੇ ਜੋਖਮ ਨੂੰ ਘਟਾਉਂਦੀ ਹੈ। ਉਪਰੋਕਤ ਵਿਚਾਰ ਸਨਵੀਰ ਸਿੰਘ ਭਾਂਬਰਾ, ਫੈਸਿਲਿਟੀ ਡਾਇਰੈਕਟਰ, ਫੋਰਟਿਸ ਹਸਪਤਾਲ, ਲੁਧਿਆਣਾ ਨੇ ਪ੍ਰਗਟ ਕੀਤੇ। ਉਹਨਾਂ ਕਿਹਾ ਕਿ ਉੱਚ-ਜੋਖਮ ਵਾਲੇ ਮਾਮਲਿਆਂ ਲਈ, ਇਹ ਤਕਨਾਲੋਜੀ ਪੇਚੀਦਗੀਆਂ ਨੂੰ ਘਟਾ ਕੇ ਅਤੇ ਸਰਜੀਕਲ ਵਿਸ਼ਵਾਸ ਨੂੰ ਬਿਹਤਰ ਬਣਾ ਕੇ ਬਿਹਤਰ ਨਤੀਜਿਆਂ ਦੀ ਸਹੂਲਤ ਦਿੰਦੀ ਹੈ। ਦੁਨੀਆਂ ਦੇ ਸਭ ਤੋਂ ਐਡਵਾਂਸਡ ਰੋਬੋਟਿਕ ਸਰਜਰੀ ਪਲੇਟਫਾਰਮਾਂ ਵਿੱਚੋਂ ਇੱਕ ਨੂੰ ਲੁਧਿਆਣਾ ਲਿਆਉਣਾ ਪੰਜਾਬ ਦੇ ਲੋਕਾਂ ਲਈ ਵਿਸ਼ਵ ਪੱਧਰੀ, ਅਤਿ-ਆਧੁਨਿਕ ਸਿਹਤ ਸੰਭਾਲ ਨੂੰ ਘਰ ਦੇ ਨੇੜੇ ਪਹੁੰਚਯੋਗ ਬਣਾਉਣ ਦੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਅਸ਼ੀਸ਼ ਭਾਟੀਆ - ਬਿਜ਼ਨਸ ਹੈੱਡ ਪੰਜਾਬ, ਫੋਰਟਿਸ ਹਸਪਤਾਲ ਨੇ ਕਿਹਾ ਕਿ ਫੋਰਟਿਸ ਨੈੱਟਵਰਕ ਵਿੱਚ 17ਵੇਂ ਸਰਜੀਕਲ ਰੋਬੋਟ ਦੀ ਸਥਾਪਨਾ ਦੇ ਨਾਲ, ਅਸੀਂ ਦੇਸ਼ ਦੇ ਸਭ ਤੋਂ ਵੱਡੇ ਅਤੇ ਸਭ ਤੋਂ ਵਿਆਪਕ ਰੋਬੋਟਿਕ ਸਰਜਰੀ ਪ੍ਰੋਗਰਾਮਾਂ ਵਿੱਚੋਂ ਇੱਕ ਨੂੰ ਮਜ਼ਬੂਤ ਕਰਨਾ ਜਾਰੀ ਰੱਖਦੇ ਹਾਂ।

# ਦੇਸ਼ ਭਗਤੀ ਦਾ ਗੀਤ 'ਇਨਕਲਾਬੀ ਯੋਧੇ' ਰਿਲੀਜ਼



ਲੁਧਿਆਣਾ, 23 ਜਨਵਰੀ (ਰਵਿੰਦਰ ਸਿੰਘ ਨਿੱਝਰ) : ਜੋਗੀ ਤਲਵੰਡੀ ਵਾਲਾ ਰਿਕਾਰਡਜ਼ ਵੱਲੋਂ ਉੱਘੇ ਗਾਇਕ ਸਾਲਮ ਖਾਨ ਦਾ ਗਾਇਆ ਗੀਤ 'ਇਨਕਲਾਬੀ ਯੋਧੇ' । ਇਸ ਗੀਤ ਨੂੰ ਜੋਗੀ ਆਪਣੀ ਕਲਮ ਨਾਲ ਸੰਗੀਤ ਵਿੱਚ ਪਰੋਇਆ ਅਵਤਾਰ ਧੀਮਾਨ ਨੇ। ਸ਼ੂਟਿੰਗ ਵੀ ਅਵਤਾਰ ਹੇਠ ਹੀ ਕੀਤੀ ਗਈ ਹੈ। ਚੁੰਮੀ ਸ਼ੇਰ ਨੇ ਲਾ ਲਾੜੀ ਮੌਤ ਵਿਆਹ ਲਈ ਸਿਰਫ ਦਿਲ ਨੂੰ ਛੂਹਣ ਰਿਲੀਜ਼ ਕੀਤਾ ਗਿਆ ਹੈ ਤਲਵੰਡੀ ਵਾਲੇ ਨੇ ਸਿਰਜਿਆ ਹੈ, ਗੀਤ ਨੂੰ ਹੈ ਨਾਮਵਰ ਸੰਗੀਤਕਾਰ ਗੀਤ ਦੀ ਵੀਡੀਓ ਧੀਮਾਨ ਦੀ ਨਿਰਦੇਸ਼ਾਂ ਗੀਤ ਦੇ ਬੋਲ ਜਦ ਫਾਂਸੀ ਇਨਕਲਾਬੀ ਨਾਅਰੇ, ਕੰਬੇ ਹਥਿਆਰੇ ਨਾ ਵਾਲੇ ਹਨ, ਬਲਕਿ ਦੇਸ਼ ਦੀ ਆਜ਼ਾਦੀ ਲਈ ਕੁਰਬਾਨ ਹੋਣ ਵਾਲੇ ਸ਼ਹੀਦ- ਏ-ਆਜ਼ਮ ਭਗਤ ਸਿੰਘ ਨੂੰ ਸਮਰਪਿਤ ਹਨ। ਸੰਗੀਤਕਾਰ ਅਵਤਾਰ ਧੀਮਾਨ ਨੇ ਕਿਹਾ ਕਿ ਗੀਤਕਾਰਾਂ ਨੂੰ ਦੇਸ਼ ਭਗਤੀ ਦੇ ਅਤੇ ਸਮਾਜਿਕ ਕਦਰਾਂ ਕੀਮਤਾਂ ਛੋਹਣ ਵਾਲੇ ਗੀਤਾਂ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ ਅਤੇ ਹਥਿਆਰਾਂ ਵਾਲੇ, ਨਸ਼ਿਆਂ ਵਾਲੇ ਜਾਂ ਅਸ਼ਲੀਲ ਗੀਤ ਲਿਖਣ ਅਤੇ ਗਾਉਣ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ।


## ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-3)

ਜ਼ਮੀਨੀ ਤਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਮਾਮਲਾ ਨੰ. : ਓਏ/265/2023
ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ ਅਧੀਨ ਸੰਮਨ
ਈਐਕਸਐਚ ਨੰ. 28454

ਬੈਂਕ ਆਫ ਬੜੌਦਾ
ਬਨਾਮ
ਮੈਸ. ਅਭੀਰਾਜ ਇੰਡਸਟ੍ਰੀਜ਼ ਅਤੇ ਹੋਰ

ਵੱਲ,
(1) ਮੈਸ. ਅਭੀਰਾਜ ਇੰਡਸਟ੍ਰੀਜ਼ ਰਾਹੀਂ ਇਸ ਦੇ ਸੋਲ ਪ੍ਰੋਪਰਾਈਟਰ ਸ੍ਰੀ ਪ੍ਰਵੀਨ ਜੈਨ ਪੁੱਤਰ ਸ੍ਰੀ ਪਿਸ਼ੋਰੀ ਲਾਲ ਜੈਨ ਬੀ-24, 3676/6/2ਏ, ਗਲੀ ਨੰ. 4, ਨਿਊ ਮਾਧੋਪੁਰੀ, ਲੁਧਿਆਣਾ
(2) ਸ੍ਰੀ ਪ੍ਰਵੀਨ ਜੈਨ ਪੁੱਤਰ ਸ੍ਰੀ ਪਿਸ਼ੋਰੀ ਲਾਲ ਜੈਨ ਸੋਲ ਪ੍ਰੋਪਰਾਈਟਰ ਮੈਸ. ਅਭਿਰਾਜ ਇੰਡਸਟ੍ਰੀਜ਼, ਬੀ-24, 367/6/2ਏ, ਗਲੀ ਨੰ. 4 ਨਿਊ ਮਾਧੋਪੁਰੀ, ਲੁਧਿਆਣਾ

ਸੰਮਨ

ਜਿਥੇ ਕਿ, ਓ. ਏ./265/2023, 09.12.2025 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 1,46,19,885.63/- ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।(ਦਸਤਾਵੇਜ਼ਾਂ ਆਦਿ ਦੇ ਉਤਾਰੇ ਸਮੇਤ ਅਰਜ਼ੀ ਨੱਥੀ)।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 30.01.2026 ਨੂੰ ਸਵੇਰੇ 10.30 ਵਜੇ ਰਜਿਸਟਰਾਰ ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 10.12.2025 ਨੂੰ ਜਾਰੀ।

ਸਹੀ/-
ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖ਼ਰ
ਨੋਟ : ਛੱਡ ਦਿਓ, ਜੋ ਵੀ ਲਾਗੂ ਨਾ ਹੋਵੇ।

# ਸਭ ਤੋਂ ਵੱਧ ਪ੍ਰਸਿੱਧੀ ਖੱਟਣ ਵਾਲਾ ਲੋਕ ਦਿਲਾਂ ਦਾ ਬਾਦਸ਼ਾਹ ਗੁਰਦਾਸ ਮਾਨ





ਦਰਸ਼ਨ ਸਿੰਘ ਪ੍ਰੀਤੀਮਾਨ
97792-97682

**ਪੰਜਾਬੀ** ਸੱਭਿਆਚਾਰ ਹਰ ਦਿਨ ਅਲੋਪ ਹੋਣ ਦੀ ਦਿਸ਼ਾ ਵੱਲ ਵੱਧ ਰਿਹਾ ਹੈ। ਮਾਂ ਬੋਲੀ ਦੀ ਗੁੜ੍ਹਤੀ ਲੈਣ ਵਾਲੇ ਆਪਣੀ ਮਾਂ ਬੋਲੀ ਨਾਲ ਬਦਸਲੂਕੀ ਕਰ ਰਹੇ ਹਨ। ਅੱਜ ਪੱਛਮੀ ਸੱਭਿਆਚਾਰ ਦੀ ਹਨੇਰੀ ਪੂਰੇ ਪੰਜਾਬ ਤੇ ਟੁੱਟ ਪਈ ਹੈ। ਪੰਜਾਬੀ ਗਾਇਕੀ ਵਿੱਚ ਵੀ ਲੱਚਰਤਾ ਦਾ ਤੂਫਾਨ ਪੂਰੇ ਜੋਰਾਂ 'ਤੇ ਹੈ। ਚਾਰੇ ਪਾਸੇ ਪੈਸੇ ਦੀ ਦੌੜ ਲੱਗੀ ਹੈ, ਨਾ ਕੋਈ ਸੁਰ ਹੈ, ਨਾ ਤਾਲ ਹੈ, ਮਾਂ ਬੋਲੀ ਦੇ ਲਾਲ ਅਖਵਾਉਣ ਵਾਲੇ ਗਾਇਕ ਹੀ ਮਾਂ ਬੋਲੀ ਨੂੰ ਧੁੰਦਲਾ ਕਰਨ ਤੇ ਤੁਰ ਪਏ ਹਨ। ਜਦ ਪੁੱਤਰ ਹੀ ਕਪੁੱਤਰ ਨਿਕਲ ਆਉਣ ਤਾਂ ਮਾਂ ਦੁਹੱਥੜੀ ਰੋਂਦੀ ਝੱਲੀ ਨਹੀ ਜਾਂਦੀ ਪਰ ਜਿੱਥੇ ਕਪੁੱਤਰ ਪੈਦਾ ਹੁੰਦੇ ਹਨ, ਉੱਥੇ ਸਪੁੱਤਰਾਂ ਦੀ ਵੀ ਕਮੀ ਨਹੀ। ਆਪਣੇ ਸੱਭਿਆਚਾਰ ਨੂੰ ਨਾ ਭੁੱਲਣ ਵਾਲੇ ਸਾਹਿਤ ਦੇ ਰਖਵਾਲੇ ਅਤੇ ਪਰਿਵਾਰਕ ਗੀਤਾਂ ਦੇ ਰਚੇਤਾ ਅਤੇ ਗਾਇਕਾਂ ਦੀ ਵੀ ਕਤਾਰ ਬਹੁਤ ਲੰਬੀ ਹੈ। ਇਸੇ ਲਾਇਨ ਵਿੱਚ ਅੱਜ ਸਭ ਤੋ ਉੱਪਰ ਨਾਂ ਆਉਦਾ ਹੈ ਗੁਰਦਾਸ ਮਾਨ। ਗੁਰਦਾਸ ਮਾਨ ਦਾ ਜਨਮ 5 ਜਨਵਰੀ, 1957 ਨੂੰ ਮਾਤਾ ਤੇਜ ਕੌਰ ਦੀ ਕੁੱਖੋ, ਪਿਤਾ ਗੁਰਦੇਵ ਸਿੰਘ ਮਾਨ ਦੇ ਘਰ, ਦਾਦੀ ਧੰਨ ਕੌਰ ਅਤੇ ਦਾਦਾ ਕਪੂਰ ਸਿੰਘ ਭਾਈ ਜੀ ਦੇ ਵਿਹੜੇ, ਮਾਲਵੇ ਵਿੱਚ ਪੈਂਦੇ ਕਸਬੇ ਗਿੱਦੜਬਾਹੇ ਦੀ ਧਰਤੀ ਤੇ ਹੋਇਆ। ਗੁਰਪੰਥ ਸਿੰਘ ਮਾਨ ਦਾ ਵੱਡਾ ਭਰਾ ਤੇ ਭੈਣ ਜਸਵੀਰ ਕੌਰ ਉਰਫ ਗੁੱਡੀ ਦੇ ਵੀਰ ਨੇ, ਹਾਕੀ ਦੀ ਖਿਡਾਰਨ ਮਨਜੀਤ ਮਾਨ ਨਾਲ 10 ਅਪ੍ਰੈਲ, 1980 ਨੂੰ ਵਿਆਹ ਕਰਵਾਇਆ। ਉਨ੍ਹਾਂ ਦੇ ਘਰ 21 ਦਸੰਬਰ, 1981 ਨੂੰ ਸਪੁੱਤਰ ਗੁਰਇਕ ਮਾਨ ਦਾ ਜਨਮ ਹੋਇਆ।

ਗੁਰਦਾਸ ਮਾਨ ਦੇ ਪਿਤਾ ਜੀ ਮੱਧ ਵਰਗੀ ਕਿਸਾਨ ਸਨ ਅਤੇ ਉੱਥੇ ਦੀ ਨਗਰਪਾਲਿਕਾ ਦੇ ਪ੍ਰਧਾਨ ਸਨ। ਉਨ੍ਹਾਂ ਦੇ ਪਿਤਾ ਮੱਝਾਂ ਦਾ ਵਪਾਰ ਵੀ ਕਰਦੇ ਸਨ ਅਤੇ ਉਨ੍ਹਾਂ ਨੂੰ ਮੱਝ, ਗਾਂ, ਬਲਦ ਅਤੇ ਘੋੜੀ ਆਦਿ ਦੀ ਪੂਰੀ ਪਰਖ ਸੀ। ਮਾਨ ਸਾਹਿਬ ਦੀ ਮਾਤਾ ਬਹੁਤ ਨਿੱਘੇ ਅਤੇ ਸਾਂਤ ਸੁਭਾਅ ਦੀ ਮਾਲਕਣ ਸੀ ਅਤੇ ਉਹਨਾਂ ਦਾ ਪਿਤਾ ਗੁਰਦੇਵ ਸਿੰਘ ਮਾਨ ਉਨ੍ਹਾਂ ਦੀ ਗਾਇਕੀ ਤੇ ਖੁਸ਼ ਨਹੀ ਸਨ। ਉਹ ਹਮੇਸ਼ਾ ਕਹਿੰਦਾ ਪੁੱਤਰ ਮਰਾਸੀਆਂ ਵਾਲੇ ਕੰਮ ਜੱਟਾਂ ਨੂੰ ਨਹੀ ਸ਼ੋਭਦੇ, ਚਾਰ ਅੱਖਰ ਪੜ੍ਹ ਲੈ ਜਾ ਖੇਤੀ ਕਰ ਲਿਆ ਕਰ ਪਰ ਮਾਨ ਸਾਹਿਬ ਨੂੰ ਚਸਕਾ ਪੈ ਚੁੱਕਿਆ ਸੀ, ਲਿਖਣ ਤੇ ਗਾਉਣ ਦਾ। ਉਹ ਛੋਟਾ ਹੁੰਦਾ ਇੱਲਤਾਂ ਦੀ ਜੜ੍ਹ ਸੀ, ਸ਼ਰਾਰਤੀ ਹੋਣ ਕਰਕੇ ਆਪਣੀ ਮਾਂ ਨੂੰ ਵੀ ਬਾਬੇ ਦਾ ਭੇਸ ਬਣਾ ਕੇ ਭੁਲੇਖੇ ਵਿੱਚ ਪਾ ਦਿੰਦਾ ਸੀ, ਪਤਾ ਲੱਗਣ ਤੇ ਮਾਂ, ਮਰਜਾਣਾ, ਆਖਦੀ, ਜਿਸ ਕਰਕੇ ਇਹ 'ਮਰਜਾਣਾ' ਉਨ੍ਹਾਂ ਦੇ ਨਾਂ ਨਾਲ ਹੀ ਜੁੜ ਗਿਆ। ਗੁਰਦਾਸ ਮਾਨ ਨੇ ਮੁਢਲੀ ਵਿੱਦਿਆ ਪਿੰਡ ਦੇ ਸਕੂਲ ਤੋਂ ਹੀ ਪ੍ਰਾਪਤ ਕੀਤੀ ਅਤੇ 10ਵੀ, ਗਿੱਦੜਬਾਹਾ ਤੋਂ, ਫਿਰ ਡੀ. ਏ. ਵੀ ਕਾਲਜ, ਮਲੋਟ ਮੰਡੀ ਦਾਖਲਾ ਲੈ ਲਿਆ। ਉਸ ਤੋਂ ਬਾਅਦ ਬੀ. ਪੀ. ਐਡ. ਜੋ ਬੀ.ਏ. ਦੇ ਬਰਾਬਰ ਦੀ ਡਿਗਰੀ ਕੀਤੀ, ਉਸ ਤੋਂ ਬਆਦ ਪਟਿਆਲੇ ਸਰਕਾਰੀ ਸਰੀਰਕ ਸਿੱਖਿਆ ਕਾਲਜ ਵਿੱਚ ਦਾਖਲਾ ਲੈ ਲਿਆ। ਐਮ.ਪੀ. ਐਡ. ਕਰਨ ਪਿੱਛੋਂ, ਐਨ. ਆਈ. ਐਸ. ਤੋਂ ਜੂਡੋ ਵਿੱਚ ਕੋਚਿੰਗ ਦਾ ਕੋਰਸ ਕੀਤਾ। ਉਹ ਫੁੱਟਬਾਲ, ਵਾਲੀਬਾਲ, ਕੁਸ਼ਤੀ, ਕਬੱਡੀ ਅਤੇ ਜੂਡੋ ਦਾ ਵਧੀਆ ਖਿਡਾਰੀ ਰਿਹਾ ਹੈ। ਗੁਰਦਾਸ ਮਾਨ ਨੂੰ ਸਰਕਾਰੀ ਕਾਲਜ ਮੁਕਤਸਰ ਫਿਜ਼ੀਕਲ ਐਜੂਕੇਸ਼ਨ ਦੇ ਲੈਕਚਰਾਰ ਵਜੋ ਪਹਿਲਾ ਨੌਕਰੀ ਮਿਲੀ ਫਿਰ ਸਰਕਾਰੀ ਕਾਲਜ, ਡੇਰਾਬਸੀ (ਪਟਿਆਲੇ) ਵਿੱਚ ਪੜ੍ਹਾਇਆ ਅਤੇ ਫਿਰ ਪੰਜਾਬ ਰਾਜ ਬਿਜਲੀ ਬੋਰਡ, ਪਟਿਆਲਾ ਵਿਖੇ ਕੁਝ ਸਮਾਂ ਨੌਕਰੀ ਕੀਤੀ। ਇਹਨਾਂ ਨੌਕਰੀਆਂ ਤੋਂ ਟਾਲਾ ਵੱਟਣਾ ਮਾਨ ਦੀ ਗਾਇਕੀ ਵੱਲ ਦਿਲਚਸਪੀ ਹੋਣ ਕਾਰਨ ਸੀ। ਗੁਰਦਾਸ ਮਾਨ ਕਾਲਜ ਦੇ ਦਿਨਾਂ ਸਮੇਂ ਹੀ ਗਾਉਣ ਲੱਗ ਪਿਆ ਸੀ। ਕਾਲਜ ਦੀ ਭੰਗੜੇ ਦੀ ਟੀਮ ਵਿੱਚ ਗਾਉਦਾ, ਡਰਾਮਿਆਂ ਵਿੱਚ ਭਾਗ ਲੈਂਦਾ, ਸਰੋਤਿਆਂ ਨੂੰ ਕੀਲ ਦਿੰਦਾ ਸੀ। ਉਹ ਉੱਘੇ ਮੰਚ ਨਿਰਦੇਸ਼ਕ ਹਰਪਾਲ ਟਿਵਾਣਾ ਨਾਲ ਨਾਟਕ ਵਿੱਚ ਰੋਲ ਨਿਭਾਉਦਾ ਰਿਹਾ। ਉਦੋਂ ਹੀ ਗੁਰਦਾਸ ਮਾਨ ਗਾਇਕ ਬਣਨ ਦੇ ਰਸਤੇ ਤੇ ਤੁਰ ਪਿਆ ਅਤੇ ਛੇਤੀ ਹੀ ਸੰਸਾਰ ਵਿੱਚ ਪ੍ਰਸਿੱਧ ਗਾਇਕ ਬਣਕੇ, ਫਿਲਮੀ ਅਦਾਕਾਰ ਵੀ ਬਣ ਗਿਆ। ਆਓ ਹੁਣ ਗੁਰਦਾਸ ਮਾਨ ਦੀਆਂ ਮਾਰਕੀਟ ਵਿੱਚ ਆਈਆਂ ਕੈਸਿਟਾਂ ਦੀ ਗਿਣਤੀ ਕਰੀਏ। 'ਦਿਲ ਦਾ ਬਾਦਸ਼ਾਹ', 'ਠਣ-ਠਣ ਗੋਪਾਲ', 'ਵਲੈਤਣ', 'ਹੀਰ', 'ਦਿਲ ਸਾਫ ਹੋਣਾ ਚਾਹੀਦਾ', 'ਆ ਜਾ ਸੱਜਣਾ', 'ਚੁਗਲੀਆਂ', 'ਦਿਲ ਹੋਣਾ ਚਾਹੀਦਾ ਜਵਾਨ', 'ਚੱਕਲੋ-ਚੱਕਲੋਂ', 'ਗੀਤਾ ਭਰੀ ਪਟਾਰੀ', 'ਘਰ ਭੁੱਲਗੀ ਮੋੜ ਤੇ ਆ ਕੇ', 'ਮੁਹੱਬਤ ਜਿੰਦਾਬਾਦ', 'ਡਿਸਕੋ', 'ਕੁੜੀਆਂ ਨੇ ਜੂਡੋ ਸਿੱਖ ਲਈ', 'ਦਿਲ ਦਾ ਬਾਦਸ਼ਾਹ', 'ਚੱਕਰ', 'ਅੱਖੀਆਂ ਉਡੀਕ ਦੀਆਂ', 'ਇਸ਼ਕ ਨਾ ਵੇਖੇ ਜਾਤ', 'ਪੰਜੀਰੀ', 'ਪੀੜ ਤੇਰੇ ਜਾਣ ਦੀ', 'ਆਕੜ ਆ ਜਾਂਦੀ ਏ', 'ਮਸਤੀ', 'ਯਾਰ ਮੇਰਾ ਪਿਆਰ', 'ਲੜ ਗਿਆ ਪੇਚਾ', 'ਇਸ਼ਕ ਦਾ ਗਿੱਧਾ', 'ਰਾਤ ਸੁਹਾਨੀ', 'ਪਿਆਰ ਕਰਲੋ', 'ਵਾਹ ਨੀ ਜਵਾਨੀਏ', 'ਨੱਚੋ ਬਾਬਿਓ', 'ਜਾਦੂਗਰੀਆਂ', 'ਬੂਟ ਪਾਲਿਸ਼ਾਂ' ਅਤੇ 'ਜੋਗੀਆ' ਆਦਿ ਹਨ। ਜਿੱਥੇ ਗੁਰਦਾਸ ਮਾਨ ਦੀਆਂ ਕੈਸਿਟਾਂ ਦੀ ਗਿਣਤੀ ਜਿਆਦਾ ਹੈ, ਉੱਥੇ ਫਿਲਮਾਂ ਦੀ ਗਿਣਤੀ ਵੀ ਘੱਟ ਨਹੀ। 'ਉੱਚਾ ਦਰ ਬਾਬੇ ਨਾਨਕ ਦਾ', 'ਕੁਰਬਾਨੀ ਜੱਟ ਦੀ', 'ਲੌਂਗ ਦਾ ਲਿਸ਼ਕਾਰਾ', 'ਕੀ ਬਣੂ ਦੁਨੀਆਂ ਦਾ', 'ਮਾਮਲਾ ਗੜਬੜ ਹੈ', 'ਦੁਸ਼ਮਣੀ ਦੀ ਅੱਗ', 'ਵਾਂਟਡ ਗੁਰਦਾਸ ਮਾਨ', 'ਸਿਰਫ ਤੁਮ', 'ਸਾਲੀ ਅੱਧੀ ਘਰਵਾਲੀ', 'ਮੰਮੀ ਜੀ', 'ਵੀਰਜਾਰਾ', 'ਦੇਸ਼ ਹੋਇਆ ਪ੍ਰਦੇਸ਼', 'ਸੁਖਮਨੀ', 'ਚੱਕ ਜਵਾਨਾ', 'ਯਾਰੀਆਂ', 'ਵਾਰਿਸ਼ ਸ਼ਾਹ ਇਸ਼ਕ ਦਾ ਵਾਰਸ', 'ਸ਼ਹੀਦੇ-ਏ-ਮੁਹੱਬਤ ਬੂਟਾ ਸਿੰਘ', 'ਸ਼ਹੀਦ ਊਧਮ ਸਿੰਘ', 'ਕਚਹਿਰੀ', 'ਸੂਬੇਦਾਰ', 'ਰੂਹਾਨੀ ਤਾਕਤ', 'ਪ੍ਰਤਿੱਗਿਆ', 'ਜ਼ਿੰਦਗੀ ਖੂਬਸੂਰਤ ਹੈ', 'ਪੱਥਰ ਦਿਲ', 'ਛੋਰਾ ਹਰਿਆਣੇ ਕਾ', 'ਗੱਭਰੂ ਪੰਜਾਬ ਦਾ', 'ਬਗਾਵਤ', 'ਮਿੰਨੀ ਪੰਜਾਬ', 'ਯਾਰ ਪੰਜਾਬੀ' ਅਤੇ 'ਅੰਮ੍ਰਿਤ' ਆਦਿ ਫਿਲਮਾਂ ਹਨ। ਗੁਰਦਾਸ ਮਾਨ ਆਪਣੀ ਗੀਤਕਾਰੀ, ਗਾਇਕੀ ਅਤੇ ਅਦਾਕਾਰੀ 'ਚ ਨਵੇਂ ਨਮੂਨੇ ਪੇਸ਼ ਕਰਦਾ ਹੈ। ਉਹ ਗੀਤ-ਸੰਗੀਤ ਦਾ ਧਰੂ-ਤਾਰਾ ਹੈ। ਜਿੰਨਾਂ ਮਾਨ, ਸਨਮਾਨ, ਇੱਜ਼ਤ, ਸਤਿਕਾਰ ਲੋਕਾਂ ਨੇ ਮਾਨ ਸਾਹਿਬ ਨੂੰ ਦਿੱਤਾ ਹੈ, ਸ਼ਾਇਦ ਹੀ ਐਨਾ ਕਿਸੇ ਹੋਰ ਦੇ ਹਿੱਸੇ ਆਇਆ ਹੋਵੇ ! ਉਨ੍ਹਾਂ ਦਾ ਗਾਇਆ ਹੋਇਆ ਇੱਕ-ਇੱਕ ਸ਼ਬਦ ਲੋਕਾਂ ਦੀ ਜੁਬਾਨ ਤੇ ਚੜ੍ਹ ਜਾਂਦਾ ਹੈ। ਉਸਦੀ ਕਲਮ ਵਿੱਚ ਅਜਿਹਾ ਦਮ ਹੈ ਕਿ ਲੋਕਾਂ ਨੂੰ ਸੋਚਣ ਲਈ ਮਜ਼ਬੂਰ ਕਰ ਦਿੰਦਾ ਹੈ। ਗੁਰਦਾਸ ਮਾਨ ਦਾ ਬਚਪਨ ਪਿੰਡ ਵਿੱਚ ਹੀ ਗੁੱਲੀ-ਡੰਡਾ, ਚੋਰ-ਸਿਪਾਹੀ ਖੇਡਦਾ, ਛੱਪੜਾਂ ਵਿੱਚ ਨਹਾਉਦਾ, ਪਿੰਡ ਦੀਆਂ ਗਲੀਆਂ ਵਿੱਚ ਨੱਚਦੇ-ਟੱਪਦੇ ਦਾ ਬੀਤਿਆ ਹੈ। ਮਾਨ, ਬਾਬੂ ਰਜਬ ਅਲੀ ਦੀਆਂ ਰਚਨਾਵਾਂ ਵੀ ਪੜ੍ਹਦਾ ਰਿਹਾ, ਯਮਲੇ ਜੱਟ ਦਾ ਅਖਾੜਾ ਤੇ ਕਰਨੈਲ ਸਿੰਘ ਪਾਰਸ ਰਾਮੂਵਾਲੀਆ ਦੀ ਕਵੀਸਰੀ ਤੋਂ ਬਹੁਤ ਪ੍ਰਭਾਵਿਤ ਹੋਇਆ, ਵਾਰਿਸ਼ ਸ਼ਾਹ ਦੀ ਹੀਰ ਵੀ ਉਹ ਪੜ੍ਹਦਾ ਰਿਹਾ। ਖੇਤੀ-ਬਾੜੀ ਦਾ ਸਾਰਾ ਕੰਮ ਉਹ ਕਰਦਾ ਰਿਹਾ। ਗੁਰਦਾਸ ਮਾਨ ਇੱਕ ਨੇਕ, ਸੂਝਵਾਨ, ਵਿਦਵਾਨ, ਯਾਰਾ ਦਾ ਯਾਰ, ਦਿਲ ਦਾ ਬਿਲਕੁਲ ਸਾਫ ਅਤੇ ਦਰਵੇਸ਼ ਫਕੀਰ ਇਨਸਾਨ ਹੈ। ਅੱਜ-ਕੱਲ ਗੁਰਦਾਸ ਮਾਨ ਆਪਣੀ ਧਰਮ ਪਤਨੀ ਸ਼੍ਰੀਮਤੀ ਮਨਜੀਤ ਮਾਨ ਅਤੇ ਬੇਟੇ ਗੁਰਇਕ ਮਾਨ ਨਾਲ ਖੁਸ਼ਹਾਲ ਜ਼ਿੰਦਗੀ ਬਿਤਾ ਰਿਹਾ ਹੈ। ਪੰਜਾਬੀ ਮਾਂ ਬੋਲੀ ਦਾ ਨਾਂ ਸੰਸਾਰ ਭਰ 'ਚ ਉੱਚਾ ਕਰਨ ਵਾਲੇ ਗੁਰਦਾਸ ਮਾਨ, 'ਮਰਜਾਣੇ', 'ਮਾਨ ਨਿਮਾਣੇ' ਦੀਆਂ ਗੁੱਡੀਆਂ ਸਦਾ ਚੜ੍ਹੀਆਂ ਰਹਿਣ, ਅਸੀ ਦੁਆ ਕਰਦੇ ਹਾਂ।

# ਵਿਲੱਖਣ ਫ਼ਿਲਮਾਂ ਦਾ ਸਿਰਜਕ ਸ਼ੇਖ਼ਰ ਕਪੂਰ

ਪਰਮਜੀਤ ਸਿੰਘ ਨਿੱਕੇ ਘੁੰਮਣ
97816-46008



**'ਬੈਂਡਿਟ** ਕੁਈਨ', 'ਐਲਿਜ਼ਾਬੈਥ', 'ਮਿਸਟਰ ਇੰਡੀਆ' ਅਤੇ 'ਮਾਸੂਮ' ਜਿਹੀਆਂ ਵਿਲੱਖਣ ਵਿਸ਼ਿਆਂ ਵਾਲੀਆਂ ਸੁਪਰਹਿੱਟ ਫਿਲਮਾਂ ਭਾਰਤੀ ਸਿਨੇਮਾ ਜਗਤ ਨੂੰ ਦੇਣ ਵਾਲੇ ਨਿਰਦੇਸ਼ਕ ਸ਼ੇਖ਼ਰ ਕਪੂਰ ਦੀ ਪਛਾਣ ਭਾਰਤ ਹੀ ਨਹੀ ਸਗੋਂ ਦੁਨੀਆ ਭਰ ਵਿੱਚ ਇੱਕ ਵੱਡੇ ਨਿਰਦੇਸ਼ਕ ਵਜੋ ਹੈ। ਉਸ ਨੂੰ 'ਭਾਰਤ ਦਾ ਕੌਮਾਂਤਰੀ ਫਿਲਮ ਨਿਰਦੇਸ਼ਕ' ਹੋਣ ਦਾ ਮਾਣ ਵੀ ਦਿੱਤਾ ਜਾਂਦਾ ਹੈ। ਸ਼ੇਖ਼ਰ ਕਪੂਰ ਬਾਰੇ ਬਹੁਤ ਘੱਟ ਲੋਕ ਜਾਣਦੇ ਹਨ ਕਿ ਉਹ ਬੌਲੀਵੁੱਡ ਦੇ ਸਦਾਬਹਾਰ ਅਦਾਕਾਰ-ਨਿਰਮਾਤਾ-ਨਿਰਦੇਸ਼ਕ ਦੇਵ ਅਨੰਦ ਦਾ ਭਾਣਜਾ ਹੈ। ਦੇਵ ਅਨੰਦ ਦੀ ਛੋਟੀ ਭੈਣ ਸ਼ੀਲ ਕਾਂਤਾ ਕਪੂਰ ਅਤੇ ਡਾ. ਕੁਲਭੂਸ਼ਣ ਕਪੂਰ ਦੇ ਘਰ ਉਸ ਦਾ ਜਨਮ 6 ਦਸੰਬਰ, 1945 ਨੂੰ ਲਾਹੌਰ ਵਿਖੇ ਹੋਇਆ ਸੀ। ਸੰਨ ਸੰਤਾਲੀ ਵਿੱਚ ਹੋਈ ਮੁਲਕ ਵੰਡ ਦੌਰਾਨ ਜਦੋਂ ਸ਼ੇਖ਼ਰ ਦੀ ਉਮਰ ਕੇਵਲ ਦੋ ਸਾਲ ਹੀ ਸੀ ਤਾਂ ਉਸ ਦੀ ਮਾਤਾ ਉਸ ਨੂੰ ਤੇ ਉਸ ਦੀ ਭੈਣ ਨੂੰ ਲੈ ਕੇ ਇੱਕ ਰੇਲ ਗੱਡੀ ਵਿੱਚ ਲਾਹੌਰ ਤੋਂ ਆ ਰਹੀ ਸੀ ਕਿ ਕਤਲੇਆਮ ਸ਼ੁਰੂ ਹੋ ਗਿਆ। ਉਸ ਦੀ ਮਾਂ ਨੇ ਉਸੇ ਵਕਤ ਆਪਣੇ ਦੋਵਾਂ ਬੱਚਿਆਂ ਨੂੰ ਆਪਣੇ ਹੇਠ ਛੁਪਾ ਲਿਆ ਤੇ ਆਪ ਇੱਕ ਮੁਰਦਾ ਔਰਤ ਦੀ ਤਰ੍ਹਾਂ ਲੇਟ ਗਈ। ਇਸ ਤਰ੍ਹਾਂ ਬੜੀ ਮੁਸ਼ਕਿਲ ਨਾਲ ਸ਼ੇਖ਼ਰ ਤੇ ਉਸ ਦਾ ਪਰਿਵਾਰ ਪਾਕਿਸਤਾਨ ਤੋਂ ਭਾਰਤ ਪੁੱਜੇ ਸਨ। ਸ਼ੇਖ਼ਰ ਕਪੂਰ ਨੇ ਦਿੱਲੀ ਆ ਕੇ ਸੇਂਟ ਸਟੀਫਨਜ਼ ਕਾਲਜ ਤੋਂ ਅਰਥ ਸ਼ਾਸਤਰ ਵਿੱਚ ਗ੍ਰੈਜੂਏਸ਼ਨ ਕੀਤੀ ਤੇ ਫਿਰ ਬਤੌਰ ਚਾਰਟਡ ਅਕਾਊਂਟੈਂਟ ਇੰਗਲੈਂਡ ਦੀ ਇੱਕ ਕੰਪਨੀ ਲਈ ਕੰਮ ਕਰਨਾ ਸ਼ੁਰੂ ਕਰ ਦਿੱਤਾ। ਉਸ ਨੇ ਕੁਝ ਸਾਲ ਇੰਗਲੈਂਡ ਵਿਖੇ ਰਹਿ ਕੇ ਕੌਮਾਂਤਰੀ ਕੰਪਨੀਆਂ ਲਈ ਬਤੌਰ ਚਾਰਟਡ ਅਕਾਊਂਟੈਂਟ ਅਤੇ ਮੈਨੇਜਮੈਂਟ ਕੰਸਲਟੈਂਟ ਵਜੋਂ ਕੰਮ ਕੀਤਾ ਤੇ ਫਿਰ ਉਸ ਦਾ ਵਿਆਹ 1984 ਵਿੱਚ ਉੱਘੇ ਸਿਆਸਤਦਾਨ ਇੰਦਰ ਕੁਮਾਰ ਗੁਜਰਾਲ ਦੀ ਭਤੀਜੀ ਮੇਧਾ ਗੁਜਰਾਲ ਨਾਲ ਹੋ ਗਿਆ ਜੋ ਕਿ ਦਸ ਸਾਲ ਤੱਕ ਨਿਭੀ ਤੇ ਫਿਰ ਦੋਵਾਂ ਨੇ ਤਲਾਕ ਲੈ ਲਿਆ। 1997 ਵਿੱਚ ਉੱਘੀ ਗਾਇਕਾ, ਲੇਖਿਕਾ ਤੇ ਚਿੱਤਰਕਾਰ ਸੁਚਿੱਤਰਾ ਕ੍ਰਿਸ਼ਨਾਮੂਰਤੀ ਉਸ ਦੀ ਪਤਨੀ ਬਣੀ ਤੇ ਸਾਲ 2007 ਵਿੱਚ 10 ਸਾਲ ਦੀ ਵਿਆਹੁਤਾ ਜ਼ਿੰਦਗੀ ਨੂੰ ਖ਼ਤਮ ਕਰਕੇ ਵੱਖ ਹੋ ਗਈ। ਸ਼ੇਖ਼ਰ ਦੀ ਇੱਕ ਭੈਣ ਅਦਾਕਾਰ ਨਵੀਨ ਨਿਸ਼ਚਲ ਨਾਲ ਵਿਆਹੀ ਸੀ ਤੇ ਦੂਜੀ ਦਾ ਵਿਆਹ ਅਦਾਕਾਰ ਪ੍ਰੀਕਸ਼ਿਤ ਸਾਹਨੀ ਨਾਲ ਹੋਇਆ। ਸ਼ੇਖ਼ਰ ਨੇ ਬੌਲੀਵੁੱਡ ਵਿੱਚ 1974 ਵਿੱਚ ਫਿਲਮ 'ਇਸ਼ਕ ਇਸ਼ਕ ਇਸ਼ਕ' ਰਾਹੀ ਬਤੌਰ ਅਦਾਕਾਰ ਕਦਮ ਰੱਖਿਆ ਸੀ ਤੇ ਫਿਰ 'ਜਾਨ ਹਾਜ਼ਰ ਹੈ', 'ਟੂਟੇ ਖਿਲੌਨੇ', 'ਜੀਨਾ ਯਹਾਂ', 'ਖ਼ੰਜਰ', 'ਫ਼ਲਕ', 'ਬਿੰਦੀਆ ਚਮਕੇਗੀ', 'ਗਵਾਹੀ', 'ਦ੍ਰਿਸ਼ਟੀ', 'ਨਜ਼ਰ' ਅਤੇ 'ਸਾਤਵਾਂ ਆਸਮਾਨ' ਆਦਿ ਫਿਲਮਾਂ ਵਿੱਚ ਅਦਾਕਾਰੀ ਦੇ ਜੌਹਰ ਵਿਖਾਏ ਸਨ। ਫਿਰ ਇੱਕੀ ਸਾਲ ਦੇ ਲੰਮੇ ਅੰਤਰਾਲ ਤੋਂ ਬਾਅਦ ਉਸ ਨੇ 2013 ਵਿੱਚ 'ਵਿਸ਼ਵਰੂਪਮ', 'ਤੇਰਾ ਸਰੂਰ' (2016) ਅਤੇ 'ਵਿਸ਼ਵਰੂਪਮ-2' (2018) ਵਿੱਚ ਵੀ ਬਤੌਰ ਅਦਾਕਾਰੀ ਦੇ ਜੌਹਰ ਵਿਖਾਏ ਸਨ। ਸ਼ੇਖ਼ਰ ਨੇ ਟੀ.ਵੀ. 'ਤੇ ਵੀ ਬਤੌਰ ਅਦਾਕਾਰ 'ਉਡਾਣ', 'ਉਪਨਿਆਸ' ਅਤੇ 'ਮਾਸੂਮ' ਆਦਿ ਸਮੇਤ ਕਈ ਹੋਰ ਲੜੀਵਾਰਾਂ ਵਿੱਚ ਵੀ ਕੰਮ ਕੀਤਾ ਸੀ। ਮਹਾਤਮਾ ਗਾਂਧੀ ਦੀ ਸਵੈ-ਜੀਵਨੀ 'ਮਾਈ ਐਕਸਪੈਰੀਮੈਂਟਸ ਵਿਦ ਟਰੁਥ' 'ਤੇ ਆਧਾਰਿਤ ਇੱਕ ਆਡੀਓ ਸੀਰੀਜ਼ ਵਿੱਚ ਉਸ ਨੇ ਮਹਾਤਮਾ ਗਾਂਧੀ ਦੇ ਕਿਰਦਾਰ ਲਈ ਆਪਣੀ ਆਵਾਜ਼ ਵੀ ਦਿੱਤੀ ਸੀ। 2006 ਵਿੱਚ ਸ਼ੇਖ਼ਰ ਨੇ ਦੀਪਕ ਚੋਪੜਾ ਨਾਲ ਭਾਈਵਾਲੀ ਕਰਕੇ 'ਦੇਵੀ' ਅਤੇ 'ਦਿ ਸਾਧੂ' ਨਾਮਕ ਸਿਰਲੇਖਾਂ ਵਾਲੀਆਂ ਐਨੀਮੇਸ਼ਨ ਫਿਲਮਾਂ ਦਾ ਨਿਰਮਾਣ ਕੀਤਾ ਸੀ। ਸਾਲ 1983 ਵਿੱਚ ਸ਼ੇਖ਼ਰ ਕਪੂਰ ਨੇ ਸੰਜੀਦਾ ਤੇ ਭਾਵਪੂਰਤ ਫਿਲਮ 'ਮਾਸੂਮ' ਦਾ ਨਿਰਦੇਸ਼ਨ ਕਰਕੇ ਨਿਰਦੇਸ਼ਨ ਦੀ ਦੁਨੀਆ ਵਿੱਚ ਕਦਮ ਰੱਖਿਆ ਸੀ ਤੇ ਉਸ ਦੀ ਇਸ ਪਹਿਲੀ ਹੀ ਫਿਲਮ ਨੂੰ 'ਫਿਲਮ ਕ੍ਰਿਟਿਕ ਐਵਾਰਡ ਫਾਰ ਬੈਸਟ ਫਿਲਮ' ਦੇ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਸੀ। ਇਸ ਤੋਂ ਬਾਅਦ ਉਸ ਨੇ 'ਮਿਸਟਰ ਇੰਡੀਆ' ਅਤੇ 'ਬੈਂਡਿਟ ਕੁਈਨ' ਆਦਿ ਫਿਲਮਾਂ ਨਾਲ ਦੇਸ਼ ਅਤੇ ਵਿਦੇਸ਼ ਵਿੱਚ ਚੰਗਾ ਨਾਮਣਾ ਖੱਟਿਆ ਸੀ। ਫਿਲਮ 'ਮਿਸਟਰ ਇੰਡੀਆ' ਵਿੱਚ ਅਦਾਕਾਰ ਅਨਿਲ ਕਪੂਰ ਨੇ ਅਦ੍ਰਿਸ਼ ਹੋ ਜਾਣ ਵਾਲੇ ਸ਼ਖ਼ਸ ਦਾ ਕਿਰਦਾਰ ਨਿਭਾਇਆ ਸੀ ਜਦੋਂਕਿ ਅਦਾਕਾਰ ਅਮਰੀਸ਼ ਦੇ ਕਿਰਦਾਰ 'ਮੋਗੈਂਬੋ' ਵੱਲੋ ਬੋਲਿਆ ਗਿਆ ਸੰਵਾਦ 'ਮੋਗੈਂਬੋ ਖ਼ੁਸ਼ ਹੁਆ' ਕਈ ਦਹਾਕਿਆਂ ਤੱਕ ਮਕਬੂਲ ਰਿਹਾ ਸੀ। ਸਮੂਹਿਕ ਬਲਾਤਕਾਰ ਪੀੜਤ ਤੋਂ ਡਾਕੂ ਬਣੀ ਫੂਲਨ ਦੇਵੀ ਦੇ ਜੀਵਨ 'ਤੇ ਬਣੀ ਫਿਲਮ 'ਬੈਂਡਿਟ ਕੁਈਨ' ਲਈ ਸ਼ੇਖ਼ਰ ਨੇ 'ਸਰਬੋਤਮ ਫਿਲਮ' ਦਾ ਫਿਲਮਫੇਅਰ ਐਵਾਰਡ, ਕੌਮੀ ਪੁਰਸਕਾਰ ਅਤੇ ਫਿਲਮ ਕ੍ਰਿਟਿਕ ਐਵਾਰਡ ਫਾਰ ਬੈਸਟ ਫਿਲਮ ਆਦਿ ਪੁਰਸਕਾਰ ਵੀ ਹਾਸਿਲ ਕੀਤੇ ਸਨ। ਇਸ ਫਿਲਮ ਵਿੱਚ ਉਸ ਨੇ ਇੱਕ ਟਰੱਕ ਡਰਾਈਵਰ ਦੀ ਛੋਟੀ ਜਿਹੀ ਭੂਮਿਕਾ ਵੀ ਅਦਾ ਕੀਤੀ ਸੀ। ਹੌਲੀਵੁੱਡ ਦੀ ਫਿਲਮ 'ਐਲਿਜ਼ਾਬੈਥ' ਅਤੇ ਉਸ ਦਾ ਦੂਜਾ ਭਾਗ 'ਐਲਿਜ਼ਾਬੈਥ-2' ਦਾ ਨਿਰਦੇਸ਼ਨ ਦੇ ਕੇ ਸ਼ੇਖ਼ਰ ਨੇ ਕੌਮਾਂਤਰੀ ਪੱਧਰ 'ਤੇ ਆਪਣੀ ਬਾਕਮਾਲ ਨਿਰਦੇਸ਼ਨ ਕਲਾ ਦਾ ਲੋਹਾ ਮਨਵਾਇਆ ਸੀ। ਉਸ ਨੇ ਇੱਕ ਹੋਰ ਮਸ਼ਹੂਰ ਅੰਗਰੇਜ਼ੀ ਫਿਲਮ 'ਦਿ ਫੋਰ ਫੈਦਰਜ਼' ਦਾ ਵੀ ਨਿਰਦੇਸ਼ਨ ਕੀਤਾ ਸੀ। ਬਤੌਰ ਨਿਰਮਾਤਾ ਉਸ ਨੇ 'ਦਿ ਗੁਰੂ', 'ਦਿਲ ਸੇ' ਅਤੇ 'ਬੌਂਬੇ ਡ੍ਰੀਮਜ਼' ਨਾਮਕ ਫਿਲਮਾਂ ਵੀ ਬਣਾਈਆਂ ਸਨ, ਪਰ ਆਪਣੀ ਹੀ ਮਰਜ਼ੀ ਦੇ ਮਾਲਿਕ ਸ਼ੇਖ਼ਰ ਕਪੂਰ ਨੇ ਵੱਡੀ ਸਟਾਰ ਕਾਸਟ ਵਾਲੀਆਂ ਬੌਲੀਵੁੱਡ ਦੀਆਂ ਕਈ ਫਿਲਮਾਂ ਬਤੌਰ ਨਿਰਦੇਸ਼ਕ ਸ਼ੁਰੂ ਕੀਤੀਆਂ ਤੇ ਅਧਵਾਟੇ ਹੀ ਛੱਡ ਦਿੱਤੀਆਂ, ਜਿਨ੍ਹਾਂ ਨੂੰ ਫਿਰ ਹੋਰ ਨਿਰਦੇਸ਼ਕਾਂ ਨੇ ਪੂਰਾ ਕੀਤਾ ਸੀ। ਇਨ੍ਹਾਂ ਫਿਲਮਾਂ ਵਿੱਚ ਸੰਨੀ ਦਿਓਲ ਤੇ ਅਨਿਲ ਕਪੂਰ ਦੀ 'ਜੋਸ਼ੀਲੇ', ਬੌਬੀ ਦਿਓਲ ਦੀ ਪਹਿਲੀ ਫਿਲਮ 'ਬਰਸਾਤ' ਅਤੇ ਸੰਨੀ ਦਿਓਲ ਤੇ ਜੈਕੀ ਸ਼ਰਾਫ਼ ਦੀ ਫਿਲਮ 'ਦੁਸ਼ਮਨੀ' ਆਦਿ ਪ੍ਰਮੁੱਖ ਹਨ। ਸਾਲ 2000 ਵਿੱਚ ਪਦਮ ਸ੍ਰੀ ਜਿਹੇ ਕੌਮੀ ਸਨਮਾਨ ਨਾਲ ਸਨਮਾਨਿਤ ਕੀਤੇ ਗਏ ਸ਼ੇਖ਼ਰ ਕਪੂਰ ਨੂੰ 1998 ਵਿੱਚ ਫਿਲਮ 'ਐਲਿਜ਼ਾਬੈਥ' ਲਈ 'ਬਾਫਟਾ ਐਵਾਰਡ ਫਾਰ ਬੈਸਟ ਫਿਲਮ' ਅਤੇ 'ਅਕੈਡਮੀ ਐਵਾਰਡ' ਜਿਹੇ ਨਾਮਵਰ ਇਨਾਮ ਦੇ ਕੇ ਵੀ ਨਿਵਾਜਿਆ ਗਿਆ ਸੀ। ਉਸ ਦੀ ਇਹ ਫਿਲਮ 'ਆਸਕਰ ਪੁਰਸਕਾਰ' ਲਈ ਸੱਤ ਸ਼੍ਰੇਣੀਆਂ ਵਿੱਚ ਨਾਮਜ਼ਦ ਹੋਈ ਸੀ ਜੋ ਕਿ ਭਾਰਤ ਲਈ ਮਾਣ ਵਾਲੀ ਗੱਲ ਸੀ। 2010 ਵਿੱਚ ਸ਼ੇਖ਼ਰ ਨੂੰ ਕੌਮਾਂਤਰੀ ਪ੍ਰਸਿੱਧੀ ਪ੍ਰਾਪਤ 'ਕਾਨਜ਼ ਫਿਲਮ ਫੈਸਟੀਵਲ' ਦਾ ਜਿਊਰੀ ਮੈਂਬਰ ਬਣਨ ਦਾ ਮਾਣ ਹਾਸਿਲ ਹੋਇਆ ਸੀ। 2013 ਵਿੱਚ ਉਸ ਨੇ ਇੱਕ ਨਿਊਜ਼ ਚੈਨਲ ਲਈ 'ਪ੍ਰਧਾਨ ਮੰਤਰੀ' ਨਾਮਕ ਲੜੀਵਾਰ ਬਤੌਰ ਐਂਕਰ ਕੀਤਾ ਸੀ ਤੇ ਫਿਰ 'ਇੰਡੀਆ ਗੌਟ ਟੈਲੈਂਟ' ਨਾਮਕ ਰਿਐਲਿਟੀ ਸ਼ੋਅ ਵਿੱਚ ਬਤੌਰ ਜੱਜ ਵੀ ਸੇਵਾ ਨਿਭਾਈ ਸੀ। ਸਾਲ 2022 ਵਿੱਚ ਉਸ ਨੇ 'ਵਟਸ ਲਵ ਗੌਟ ਟੂ ਡੂ ਵਿਦ ਇਟ?' ਨਾਮਕ ਅੰਗਰੇਜ਼ੀ ਫਿਲਮ ਨਿਰਦੇਸ਼ਿਤ ਕੀਤੀ ਸੀ। ਅੱਜਕੱਲ੍ਹ ਵਿਦੇਸ਼ ਵਿੱਚ ਰਹਿੰਦਿਆਂ ਹੋਇਆਂ ਉਹ ਕਈ ਪ੍ਰਾਜੈਕਟਾਂ ਦੀ ਯੋਜਨਾਬੰਦੀ ਕਰ ਰਿਹਾ ਹੈ। ਪਿੱਛਲੇ ਮਹੀਨੇ 80 ਸਾਲ ਦੇ ਹੋ ਚੁੱਕੇ ਸ਼ੇਖ਼ਰ ਕਪੂਰ ਨੇ ਹੌਲੀਵੁੱਡ ਅਤੇ ਬੌਲੀਵੁੱਡ ਵਿੱਚ ਆਪਣੇ ਨਾਂ ਦਾ ਪੂਰਾ ਡੰਕਾ ਵਜਾਇਆ ਹੈ।

# ਨਿੱਗਰ ਤੇ ਮਿਆਰੀ ਗਾਇਕੀ ਵਾਲਾ ਲੋਕ ਗਾਇਕ : ਸਤਵਿੰਦਰ ਬੁੱਗਾ

ਸਰੂਪ ਸਿੰਘ
99886-27880

**ਸਤਵਿੰਦਰ** ਬੁੱਗਾ ਪੰਜਾਬੀ ਸੰਗੀਤ ਇੰਡਸਟਰੀ ਦਾ ਇੱਕ ਜਾਣਿਆ ਪਹਿਚਾਣਿਆ ਉੱਘਾ ਨਾਂ ਹੈ। ਉੱਚਾ ਲੰਮਾ ਛਾਂਟਵੇਂ ਸਰੀਰ ਵਾਲਾ ਸਤਵਿੰਦਰ ਬੁੱਗਾ ਅੱਜ ਵੀ ਛੈਲ ਛਬੀਲੇ ਗੱਭਰੂਆਂ ਵਾਂਗ ਦਿੱਖ ਪੇਸ਼ ਕਰਦਾ ਹੋਇਆ ਸੰਗੀਤ



ਦੇ ਖੇਤਰ ਵਿਚ ਆਪਣੀ ਗਾਇਕੀ ਦੇ ਝੰਡੇ ਨੂੰ ਬਰਦਾਰ ਕਰ ਰਿਹਾ ਹੈ। ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਪਾਵਨ ਧਰਤੀ ਦੇ ਨੇੜਲੇ ਪਿੰਡ ਮੁਕਾਰੋਪੁਰ ਚ ਜਨਮਿਆਂ ਸਤਵਿੰਦਰ ਬੁੱਗਾ ਜੱਟ ਸਿੱਖ ਪਰਿਵਾਰ ਨਾਲ ਸਬੰਧ ਰੱਖਦਾ ਹੈ। ਪਰਿਵਾਰ ਵਿੱਚ ਸਭ ਤੋਂ ਛੋਟਾ ਤੇ ਤਿੰਨ ਭਰਾਵਾਂ ਦਾ ਲਾਡਲਾ ਸਤਵਿੰਦਰ ਬੁੱਗਾ ਅੱਜ ਸੰਗੀਤ ਜਗਤ ਦੇ ਸਰੋਤਿਆਂ ਦਾ ਹਰਮਨ ਪਿਆਰਾ ਬੁੱਗਾ ਬਣਿਆ ਹੋਇਆ ਹੈ। ਗਰੈਜੂਏਟੇਟਡ ਸਿੱਖਿਆ ਪ੍ਰਾਪਤ ਸਤਵਿੰਦਰ ਬੁੱਗੇ ਦੇ ਚੰਚਲ ਮਨ ਨੂੰ ਬਚਪਨ ਵਿੱਚ ਕੋਠਿਆਂ ਤੇ ਵੱਜਣ ਵਾਲੇ ਸਪੀਕਰਾਂ ਦੇ ਗੀਤਾਂ ਨੇ ਕਲਾਂ ਦਾ ਰੰਗ ਚਾੜ੍ਹਿਆ। ਉਸ ਨੇ ਮਹਰੂਮ ਕਲੀਆਂ ਦੇ ਬਾਦਸ਼ਾਹ ਕੁਲਦੀਪ ਮਾਣਕ ਦੀ ਗਾਇਕੀ ਤੋਂ ਪ੍ਰਭਾਵਿਤ ਹੋ ਕੇ ਸੰਗੀਤ ਦੇ ਖੇਤਰ ਵਿਚ ਪ੍ਰਵੇਸ਼ ਕੀਤਾ। ਕੁਲਦੀਪ ਮਾਣਕ ਦੇ ਸਮਕਾਲੀ ਅਤੇ ਸੀਨੀਅਰ ਗਾਇਕਾਂ ਦੀ ਗਾਇਕੀ ਨੇ ਵੀ ਬੁੱਗੇ ਦੇ ਮਨ ਨੂੰ ਲੁਭਾਇਆ। ਪਹਿਲੋ ਪਹਿਲ ਸਤਵਿੰਦਰ ਬੁੱਗਾ ਕਾਲਜ ਦੀਆਂ ਸਟੇਜਾਂ ਤੇ ਭੰਗੜੇ ਦੀ ਟੀਮ ਦਾ ਮੋਹਰੀ ਬਣਕੇ ਆਪਣੇ ਸ਼ੋਕ ਪੂਰਦਾ ਰਿਹਾ।

ਫਿਰ ਉਸਨੇ ਮਰਹੂਮ ਢੋਲੀ ਦੇਵ ਰਾਜ ਦੀ ਮਿਲੀ ਹੱਲਾਸ਼ੇਰੀ ਤੇ ਪ੍ਰੇਰਣਾ ਸਦਕੇ ਉਸ ਨੇ ਬਤੌਰ ਗਾਇਕ ਵਜੋਂ ਸੰਗੀਤ ਦੇ ਖੇਤਰ ਪ੍ਰਵੇਸ਼ ਕਰਦਿਆਂ "ਲਾਈਆਂ ਯਾਰਾਂ ਨੇ ਮਹਿਫਲਾਂ" ਨਾਂ ਦੀ ਕੈਸਿਟ ਮਾਰਕੀਟ ਵਿੱਚ ਪੇਸ਼ ਕੀਤੀ। ਫਿਰ ਸਮੇਂ ਦੇ ਠਹਿਰਾਓ ਦੇ ਨਾਲ ਉਸ ਨੇ ਸਿਵੀਆ ਭਰਾਵਾਂ ਸਵਰਗੀਏ ਸਵਰਨ ਸਿਵੀਆ ਤੇ ਕਰਨੈਲ ਸਿਵੀਆ,ਨਿੰਦੀ ਅਤੇ ਰੰਮੀ ਗੋਹੇ ਵਾਲੇ ਦੇ ਲਿਖੇ ਸਾਂਝੇ ਗੀਤਾਂ ਦੀ ਕੈਸਿਟ "ਤੇਰੀਆਂ ਉਡੀਕਾਂ" ਸਰੋਤਿਆਂ ਦੀ ਝੋਲੀ ਪਾਈ ਜਿਸਦੇ ਵਿਚਲੇ 32 ਸੰਕਿਟ ਵਾਲੀ ਲੰਮੀ ਹੇਕ ਵਾਲਾ ਗੀਤ "ਤਵੀਤਾਂ ਵਾਲਾ ਜੱਟ ਮੋਹ ਲਿਆ" ਤੇ "ਤੂੰ ਨਵੇ ਨਵੇ ਯਾਰ ਚੁਣ ਲੈ" ਉਸ ਦੀ ਗਾਇਕੀ ਦਾ ਰਾਹ ਦੁਸਾਰਾ ਬਣਦੀ ਹੋਈ ਕਾਮਯਾਬ ਹੋਈ। ਸਰੋਤਿਆਂ ਵਲੋ ਮਿਲੇ ਹੁੰਗਾਰੇ ਦੇ ਚਲਦਿਆਂ ਉਸਨੇ ਹੌਸਲੇ ਜਿਹਾ ਕਰਕੇ ਟੀਮ.ਪੀ.ਐਮ. (TPM) ਕੰਪਨੀ ਵਿਚ ਸਿਵੀਆ ਭਰਾਵਾਂ ਦੇ ਲਿਖੇ ਗੀਤਾਂ ਦੀ ਕੈਸਿਟ "ਵਿਆਹ ਤੋਂ ਪਹਿਲਾਂ" ਮੁੜ ਮਾਰਕੀਟ ਵਿਚ ਦਿੱਤੀ ਜਿਸ ਦੇ ਕਰਨੈਲ ਸਿਵੀਆ ਦੇ ਲਿਖੇ ਵਿਚਲੇ ਗੀਤ "ਤੈਨੂੰ ਯਾਦ ਨੀ ਰਿਹਾ" ਨੇ ਇਸ ਦੀ ਪਹਿਚਾਣ ਕਰਵਾਉਦਿਆਂ ਗਾਇਕੀ ਦੀਆਂ ਸਿਖਰਾਂ ਵੱਲ ਤੋਰਿਆ। ਸੰਗੀਤ ਨਾਲ ਜੁੜੀ ਕਲਾ ਦੀ ਪਾਰਖੂ ਸ਼ਖ਼ਸੀਅਤ ਵਿੱਕੀ ਮੋਦੀ ਨੇ ਇਸ ਦੀ ਕਲਾ ਨੂੰ ਪਰਖਦਿਆਂ ਸੰਗੀਤਕ ਸਮਰਾਟ ਜਨਾਬ ਚਰਨਜੀਤ ਆਹੂਜਾ ਨਾਲ ਜਾ ਮਿਲਾਇਆ। ਜਿਸ ਦੇ ਚੱਲਦਿਆਂ ਸੁਰੀਲੀਆਂ ਸੁਰਾਂ ਦੀਆਂ ਧੁੰਨਾਂ ਦੇ ਸੌਦਾਗਰ ਜਨਾਬ ਆਹੂਜਾ ਸਾਹਬ ਨੇ ਇਸ ਨੂੰ ਚਾਰ ਸਾਲਾਂ ਦੀ ਕਰੜੀ ਤੇ ਸਖ਼ਤ ਮਿਹਨਤ ਕਰਵਾਉਣ ਤੋਂ ਬਾਅਦ ਇਸ ਨੂੰ ਪ੍ਰਸਿੱਧ ਗਾਇਕਾਂ ਦੀ ਲੜੀ ਵਿਚ ਸ਼ਾਮਲ ਕਰਕੇ ਇੱਕ ਸਾਂਝਾ ਗੁਲਦਸਤਾ "ਤੇਰਾ ਨੱਚਣਾ ਬੜਾ ਕਮਾਲ" ਕੈਸਿਟ ਰਾਹੀ ਮੁੜ ਸੰਗੀਤ ਦੇ ਖੇਤਰ ਵਿਚ ਉਤਾਰਿਆ, ਜਿਸ ਵਿਚ ਵਿਨੋਦ ਸ਼ਾਇਰ ਦਾ ਲਿਖੇ ਗੀਤ "ਨੀ ਤੂੰ ਵਿਛੜਨ ਵਿਛੜਨ ਕਰਦੀ ਐ ਜਦੋ ਵਿਛੜੇਗੀ ਪਤਾ ਲੱਗ ਜਾਊਗਾ" ਨੇ ਸੁਪਰ ਹਿੱਟ ਹੋ ਸਫਲਤਾ ਦੇ ਰਿਕਾਰਡ ਤੋੜਦਿਆਂ ਸਤਵਿੰਦਰ ਬੁੱਗਾ ਨੂੰ ਰਾਤੋ ਰਾਤ ਸੁਪਰ ਸਟਾਰ ਬਣਾ ਸਮੇਂ ਦੇ ਪ੍ਰਸਿੱਧ ਗਵੱਈਆਂ ਦੀ ਕਤਾਰ ਵਿਚ ਖੜ੍ਹਾ ਕਰ ਉਸਨੂੰ ਉੱਘਾ ਤੇ ਸਥਾਪਤ ਗਾਇਕ ਬਣਾ ਦਿੱਤਾ। ਸਫਲਤਾ ਦੀਆਂ ਬੁਲੰਦੀਆਂ ਨੂੰ ਛੋਹਣ ਤੋ ਮਗਰੋ ਸਤਵਿੰਦਰ ਬੁੱਗੇ ਨੇ ਇੱਕ ਤੋਂ ਇੱਕ ਸੁਪਰ ਹਿੱਟ ਕੈਸਿਟ ਸਰੋਤਿਆਂ ਦੀ ਝੋਲੀ ਪਾਈ ਜਿਵੇ ਕਿ:- ਹਾਏ ਸੋਹਣੀਏ', 'ਕੁੜੀ ਪੰਜਾਬਣ ਲੱਗਦੀ ਐਂ', ਕਿਤੋ ਦਿਲ ਵੀ, 'ਯਾਰ ਨਾ ਵਿੱਛੜੇ', 'ਬੇਦਰਦੇ ਨੀਂ', 'ਸਾਡਾ ਉੱਜੜ ਗਿਆ ਦੱਸ ਕੀ ਹੋਰ, ਏਨੇ ਖ਼ਤ ਲਿਖਦੀ ਨਾ', ਮਲਟੀ ਐਲਬਮਾਂ ਆਦਿ ਵਿਚਲੇ ਗੀਤ 'ਵਿੱਛੜਣ-ਵਿੱਛੜਣ ਕਰਦੀ ਏ ਜਦੋਂ ਵਿੱਛੜੇਗੀ', 'ਅੱਖ ਮਸਤਾਨੀ', 'ਯਾਰ ਨਾ ਵਿੱਛੜੇ, ਸੱਜਣ ਨਾ ਵਿੱਛੜੇ', 'ਰੱਬ ਦੇ ਸਮਾਨ ਸਾਨੂੰ ਕਹਿਣ ਵਾਲੀਏ', 'ਬੇਦਰਦੇ ਨੀਂ', 'ਇਸ਼ਕ-ਇਸ਼ਕ', 'ਛੱਲੇ ਨਾਲ ਜੁਗਨੀ ਅਟੈਚ ਹੋ ਗਈ', 'ਤੁਤਾਂ ਵਾਲੀ ਠੰਢੀ-ਠੰਢੀ ਛਾਂ ਦੋਸਤੋ', 'ਜਿੰਨੇ ਦੁੱਖ ਸਾਨੂੰ ਤੂੰ ਦਿੱਤੇ ਨੀ ਕੋਈ ਹੋਰ ਹੁੰਦਾ ਤਾਂ ਮਰ ਜਾਂਦਾ, ਕੁੜੀ ਪੰਜਾਬਣ ਲੱਗਦੀ ਏ' ਆਦਿ ਸੱਭਿਆਚਾਰ ਕੈਸਿਟਾਂ ਤੋਂ ਇਲਾਵਾ ਸਤਵਿੰਦਰ ਬੁੱਗੇ ਨੇ ਕੇਸਰੀ ਝੰਡੇ ਝੂਲਣਗੇ ਤੇ ਮਾਤਾ ਦੀਆਂ ਭੇਟਾਂ ਦੀਆਂ ਧਾਰਮਿਕ ਕੈਸਿਟਾਂ ਵੀ ਕਲਾਂ ਪ੍ਰੇਮੀਆਂ ਦੀ ਝੋਲੀ ਪਾਈਆਂ। ਜੋ ਉਸ ਦੀ ਕਲਾਂ ਦੀ ਦਾਸਤਾਂ ਬਿਆਨ ਕਰਦੀਆਂ ਹਨ। ਸਮੇਂ ਦੇ ਬਦਲਾਓ ਨਾਲ ਸੰਗੀਤ ਵਿਚ ਆਈ ਤਬਦੀਲੀ ਦੇ ਬਾਅਦ ਵੀ ਸਤਵਿੰਦਰ ਬੁੱਗੇ ਨੇ ਆਪਣੀ ਗਾਇਕੀ ਵਿੱਚ ਕੋਈ ਬਦਲ ਨਹੀ ਕੀਤਾ ਬਲਕਿ ਆਪਣੇ ਸੁਭਾਅ ਮੁਤਾਬਿਕ "ਦੋ ਪੈਰ ਘੱਟ ਤੁਰਨਾ ਪਰ ਤੁਰਨਾ ਮੜਕ ਦੇ ਨਾਲ" ਤੇ ਖ਼ਰਾ ਉਤਰਦਿਆਂ ਬੁੱਗੇ ਨੇ ਪੰਜਾਬ ਪੰਜਾਬੀ ਅਤੇ ਪੰਜਾਬੀਅਤ ਦੀ ਗਵਾਹੀ ਭਰਨ ਵਾਲੇ ਸੱਭਿਆਚਾਰਕ ਸਾਰਥਕ ਗੀਤਾਂ ਨੂੰ ਤਰਜੀਜ ਦਿੱਤੀ। ਅਸ਼ਲੀਲਤਾ ਨੂੰ ਪ੍ਰਮੋਟ ਕਰਨ ਵਾਲੀਆਂ ਕਲਮਾਂ ਤੋਂ ਬੁੱਗੇ ਨੇ ਹਮੇਸ਼ਾ ਕਿਨਾਰਾ ਰੱਖਿਆ। ਤਾਹੀਉ ਬੁੱਗਾ ਅੱਜ ਵੀ ਗਾਇਕੀ ਦੀਆਂ ਸਿਖਰਾਂ ਤੇ ਬੈਠਾ ਹੈ। ਆਪਣੇ ਗੀਤਾਂ ਰਾਹੀ ਮਾਂ-ਬੋਲੀ ਪੰਜਾਬੀ ਦੀ ਸੇਵਾ ਕਰਨ ਵਾਲਾ ਸਤਵਿੰਦਰ ਬੁੱਗਾ ਆਪਣੇ ਮੁਕਾਰੋਪੁਰ ਪਿੰਡ ਵਿਚ ਪੰਜ ਸਾਲ ਸਰਪੰਚ ਵਜੋਂ ਵੀ ਸੇਵਾ ਨਿਭਾ ਚੁੱਕਾ ਹੈ। ਆਪਣੇ ਉੱਚੇ ਲੰਮੇ ਕੱਦ ਵਾਂਗ ਸਤਵਿੰਦਰ ਬੁੱਗਾ ਦੂਰਅੰਦੇਸ਼ੀ ਉਸਾਰੂ ਸੋਚ ਦਾ ਧਾਰੂ ਹੈ। ਪ੍ਰਮਾਤਮਾ ਕਰੇ ਉਹ ਇਸੇ ਤਰ੍ਹਾਂ ਸੰਗੀਤ ਨੂੰ ਇਬਾਦਤ ਮੰਨਦਾ ਹੋਇਆ ਆਪਣੇ ਨਿੱਗਰ ਤੇ ਮਿਆਰੀ ਸੋਚ ਵਾਲੇ ਗੀਤਾਂ ਦੀ ਧਮਾਲ ਪਾਉਦਾ ਹੋਇਆ ਸੰਗੀਤ ਦੇ ਖੇਤਰ ਵਿਚ ਚਿਰ ਸਥਾਈ ਤੱਕ ਉੱਚਾ ਨਾਮਣਾ ਖੱਟ ਦਾ ਰਹੇ।


ਬੈਂਕ ਆਫ ਮਹਾਰਾਸ਼ਟਰਾ
Bank of Maharashtra
भारत सरकार का उद्यम
एक परिवार एक बैंक

ਜ਼ੋਨਲ ਦਫਤਰ : ਪਹਿਲੀ ਮੰਜ਼ਿਲ, ਜੈ ਕਰਤਾਰ ਭਵਨ, ਨੇੜੇ ਸਰਕਟ ਹਾਊਸ, ਫਿਰੋਜ਼ਪੁਰ ਰੋਡ, ਲੁਧਿਆਣਾ 141001, ਟੈਲੀ : 0161-2495472
ਈਮੇਲ : recovery_ldh@mahabank.co.in, legal_ldh@mahabank.co.in
ਮੁੱਖ ਦਫਤਰ : 'ਲੋਕਮੰਗਲ' 1501, ਸ਼ਿਵਾਜੀ ਨਗਰ, ਪੁਣੇ 411005

## ਸੰਕੇਤਕ ਕਬਜ਼ਾ ਸੂਚਨਾ

ਜਿਥੇ ਕਿ, **ਬੈਂਕ ਆਫ ਮਹਾਰਾਸ਼ਟਰਾ** ਦੇ ਅਧਿਕਾਰਤ ਅਧਿਕਾਰੀ ਵਜੋਂ ਨਿਮਨ ਹਸਤਾਖਰੀ ਨੇ ਵਿੱਤੀ ਸੰਪਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੀ ਜਾਣ ਵਾਲੀ ਧਾਰਾ 13 ਦੀ ਉਪ-ਧਾਰਾ (12) ਦੇ ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਕਰਜ਼ਦਾਰ (†)/ਜ਼ਾਮਨ (†) ਨੂੰ ਸੱਦਾ ਦਿੰਦੇ ਹੋਏ ਮੰਗ ਸੂਚਨਾ ਜਾਰੀ ਕੀਤੀ ਸੀ।
ਕਰਜ਼ਦਾਰ (†) ਰਕਮ ਅਦਾ ਕਰਨ ਵਿਚ ਅਸਫਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ (†)/ਜ਼ਾਮਨ (†) ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖਰੀ ਨੇ ਕਰਜ਼ਦਾਰਾਂ ਕੋਲ ਦਰਸਾਏ ਅਨੁਸਾਰ ਸੰਬੰਧਤ ਦਿਨਾਂ ਨੂੰ ਦਰਸਾਈ ਨਿਯਮਾਂਵਲੀ ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ ਧਾਰਾ 13 (4) ਅਧੀਨ ਉਨ੍ਹਾਂ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ/ਆਂ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।
ਕਰਜ਼ਦਾਰ (†)/ਜ਼ਾਮਨ (†) ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਇਸ ਰਾਹੀਂ ਚਿਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ/ਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ/ਆਂ ਦੀ ਕੋਈ ਵੀ ਸੌਦੇਬਾਜ਼ੀ ਨਿਮਨ ਦਰਸਾਈ ਰਕਮ ਦੇ ਲਈ ਬੈਂਕ ਆਫ ਮਹਾਰਾਸ਼ਟਰਾ ਦੇ ਚਾਰਜ ਨਾਲ ਸਬੰਧਤ ਹੋਵੇਗੀ।
**ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸੰਬਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।**

| ਸ਼ਾਖਾ ਅਤੇ ਕਰਜ਼ਦਾਰ (†) / ਜ਼ਾਮਨ (†) ਦਾ ਨਾਮ | ਚੱਲ/ਅਚੱਲ ਸੰਪੱਤੀ/ਆਂ ਦੇ ਵੇਰਵੇ | ਮੰਗ ਸੂਚਨਾ/ ਕਬਜ਼ੇ ਦੀ ਕਿਸਮ ਅਤੇ ਮਿਤੀ | ਬਕਾਇਆ ਰਕਮ ਜਮ੍ਹਾਂ ਵਿਆਜ ਅਤੇ ਹੋਰ ਖਰਚੇ |
|---|---|---|---|
| ਸ਼ਾਖਾ ਦਫਤਰ : ਮੁਕਤਸਰ<br>1. ਕਰਜ਼ਦਾਰ: ਸ੍ਰੀ ਚੰਦ ਸਿੰਘ ਪੁੱਤਰ ਮੱਖਣ ਸਿੰਘ ਪਿੰਡ ਝਰੀਵਾਲਾ ਜ਼ਿਲ੍ਹਾ ਫਿਰੋਜ਼ਪੁਰ ਪੰਜਾਬ 152022,<br>2. ਸਹਿ-ਕਰਜ਼ਦਾਰ ਦਾ ਨਾਮ: ਸ੍ਰੀਮਤੀ ਕਿਰਨਪਾਲ ਕੌਰ ਪਤਨੀ ਚੰਦ ਸਿੰਘ ਪਿੰਡ ਝਰੀਵਾਲਾ ਜ਼ਿਲ੍ਹਾ ਫਿਰੋਜ਼ਪੁਰ ਪੰਜਾਬ 152022 | ਖੇਵਟ 583 ਖਤੌਨੀ 1022 ਰੇਕਟ 166 ਕਿੱਲਾ 7/ 2(2-4) 8(7-13) 9(6-16) 10(3-12) 13(5-17) 14/1(2-4) 17/2(1-0) ਜਮ੍ਹਾਂਬੰਦੀ 2014-2015 ਅਨੁਸਾਰ, 29 ਕਨਾਲ 6 ਮਰਲੇ ਜ਼ਮੀਨ ਵਿੱਚੋਂ 7 ਮਰਲੇ 7/586 ਹਿੱਸੇ ਵਾਲੀ ਬਰਾਬਰੀ ਵਾਲੀ ਗਿਰਵੀਨਾਮਾ ਰਿਹਾਇਸ਼ੀ ਜਾਇਦਾਦ ਜੋ ਕਿ ਪਿੰਡ ਉਦੇਕਰਨ ਤਹਿਸੀਲ ਅਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਮਾਲੀਆ ਜਾਇਦਾਦ ਵਿੱਚ ਸਥਿਤ, ਵਿਕਰੀ ਡੀਡ ਨੰਬਰ | 10.11.2025/ ਸੰਕੇਤਕ 22.01.2026 | ਰੁ.39,98,938/- ਇਸ ਤੋਂ ਇਲਾਵਾ, ਉਸ 'ਤੇ ਲਾਗੂ ਨਾ ਕੀਤਾ ਗਿਆ ਵਿਆਜ, ਖਰਚੇ ਅਤੇ ਹੋਰ ਖਰਚੇ 10-11-2025 ਤੋਂ |

2022-23/53/1/1610 ਮਿਤੀ 22/07/2022 ਅਨੁਸਾਰ ਸ਼੍ਰੀਮਤੀ ਕਿਰਨਪਾਲ ਕੌਰ ਪਤਨੀ ਚੰਦ ਸਿੰਘ ਦੇ ਨਾਮ ਤੇ ਦਰਜ ਹੈ ਵਿੱਚ ਅਤੇ ਹੱਦਬੰਦੀ ਹੇਠ ਲਿਖੇ ਅਨੁਸਾਰ: ਸਾਹਮਣੇ ਵਾਲਾ ਪਾਸਾ: ਗਲੀ ਦੀ ਚੌੜਾਈ 18 ਫੁੱਟ ਸਾਈਡ 25 ਫੁੱਟ 4 ਇੰਚ, ਪਿਛਲਾ ਪਾਸਾ: ਖਾਲੀ ਪਲਾਟ ਸਾਈਡ 25 ਫੁੱਟ 4 ਇੰਚ ਇੱਕ ਪਾਸਾ: ਖਾਲੀ ਪਲਾਟ ਸਾਈਡ 75 ਫੁੱਟ 3 ਇੰਚ, ਇੱਕ ਪਾਸਾ: ਮਕਾਨ 76 ਫੁੱਟ 3 ਇੰਚ ਸਰਸਾਈ ਆਈਡੀ: 200064042011

ਮਿਤੀ : 22.01.2026 ਸਥਾਨ : ਲੁਧਿਆਣਾ ਅਧਿਕਾਰਤ ਅਧਿਕਾਰੀ



ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ
ਪੰਜਾਬ ਐਂਡ ਸਿੰਧ ਬੈਂਕ
(ਭਾਰਤ ਸਰਕਾਰ ਦਾ ਅਦਾਰਾ)
PUNJAB & SIND BANK
(A GOVT. OF INDIA UNDERTAKING)
ਪੀ.ਐਸ.ਬੀ
ਜ਼ੈਡਓ : ਜਲੰਧਰ ਜਿਥੇ ਸੇਵਾ ਹੀ ਜੀਵਨ ਦਾ ਰਾਹ ਹੈ ਜ਼ੈਡਓ : ਜਲੰਧਰ

**ਜਮ੍ਹਾਂ ਬਿਆਨਾ ਰਕਮ ਅਤੇ ਦਸਤਾਵੇਜ਼ (ਆਨਲਾਈਨ) ਜਮ੍ਹਾ ਕਰਵਾਉਣ ਦੀ ਆਖਰੀ ਮਿਤੀ ਅਤੇ ਸਮਾਂ 27.02.2026 ਨੂੰ/ਜਾਂ ਪਹਿਲਾਂ।**
**ਨਿਲਾਮੀ ਦੀ ਮਿਤੀ 27.02.2026 ਵਿਕਰੀ ਸੂਚਨਾ (ਵਿਕਰੀ ਕੇਵਲ HTTPS//:BAANKNET.COM ਈ-ਨਿਲਾਮੀ ਰਾਹੀਂ)**

ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਬੈਂਕ ਕੋਲ ਬੰਦੀ ਅਚੱਲ ਸੰਪੱਤੀਆਂ ਦੀ ਵਿਕਰੀ। ਜਿਥੇ ਕਿ, ਪੰਜਾਬ ਐਂਡ ਸਿੰਧ ਬੈਂਕ ਦੇ ਅਧਿਕਾਰਤ ਅਧਿਕਾਰੀ ਨੇ ਨਿਮਨ ਵੇਰਵਿਆਂ ਅਨੁਸਾਰ ਬੈਂਕ ਦੇ ਬਕਾਇਆਂ ਅਤੇ ਵਿਆਜ ਦੀ ਪੂਰਤੀ ਦੇ ਲਈ "ਜਿਵੇਂ ਹੈ ਜਿਥੇ ਹੈ ਅਧਾਰ", "ਜਿਵੇਂ ਹੈ, ਜੋ ਹੈ ਅਧਾਰ" ਅਤੇ "ਜੋ ਵੀ ਉਥੇ ਹੈ ਅਧਾਰ" 'ਤੇ ਸੰਪੱਤੀ/ਆਂ ਨੂੰ ਵੇਚਣ ਦੇ ਅਧਿਕਾਰ ਸਮੇਤ ਨਿਮਨਲਿਖਤ ਕਰਜ਼ ਖਾਤੇ ਵਿਚ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਨਾਲ ਪੜ੍ਹੇ ਜਾਣ ਵਾਲੇ ਹਰੇਕ ਖਾਤੇ ਅਧੀਨ ਦਰਸਾਈਆਂ ਮਿਤੀਆਂ ਨੂੰ ਧਾਰਾ 13 (2) ਅਧੀਨ ਜਾਰੀ ਸੂਚਨਾ ਦੀ ਨਿਰੰਤਰਤਾ ਵਿਚ ਨਿਮਨਲਿਖਤ ਸੰਪੱਤੀਆਂ ਦਾ **ਕਬਜ਼ਾ** ਲੈ ਲਿਆ ਸੀ ਅਤੇ ਜਿਥੇ ਕਿ ਬਕਾਇਆਂ ਦੇ ਭੁਗਤਾਨ ਵਿਚ ਅਸਫਲ ਰਹਿਣ ਦੇ ਸਿੱਟੇ ਵਜੋਂ ਨਿਮਨ ਹਸਤਾਖਰੀ ਦਰਸਾਏ ਕਾਨੂੰਨ ਦੀ ਧਾਰਾ 13 (12) ਦੇ ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈਆਂ ਸੰਪੱਤੀਆਂ ਦੀ ਵਿਕਰੀ ਦੁਆਰਾ ਬੈਂਕ ਦੇ ਬਕਾਇਆਂ ਦੀ ਪੂਰਤੀ ਦਾ ਉਦੇਸ਼ ਰੱਖਦੇ ਹਨ। ਵਿਕਰੀ ਵੈੱਬ ਪੋਰਟਲ **https://baanknet.com** 'ਤੇ ਵਿਵਸਥਿਤ ਈ-ਨਿਲਾਮੀ ਪਲੇਟਫਾਰਮ ਰਾਹੀਂ ਨਿਮਨ ਹਸਤਾਖਰੀ ਦੁਆਰਾ ਕੀਤੀ ਜਾਵੇਗੀ।

ਅਚੱਲ ਸੰਪੱਤੀ ਦਾ ਵੇਰਵਾ — ਕਿਸੇ ਵੀ ਪੁਛਗਿਛ ਲਈ ਸ਼ਾਖਾ ਪ੍ਰਬੰਧਕ ਨੂੰ ਫੋਨ ਕਰੋ — ਅਚੱਲ ਸੰਪੱਤੀ ਦਾ ਵੇਰਵਾ

| ਲ. ਨੰ. | ਬੈਂਕ ਸ਼ਾਖਾ ਅਤੇ ਖਾਤੇ ਦਾ ਨਾਮ | ਮੰਗ ਸੂਚਨਾ ਦੀ ਮਿਤੀ/ ਕੁੱਲ ਵਸੂਲੀਯੋਗ ਰਕਮ | ਸੁਰੱਖਿਅਤ ਅਸਾਸਿਆਂ ਦੇ ਵੇਰਵੇ | ਕਬਜ਼ੇ ਦੀ ਸਥਿਤੀ (ਭੌਤਿਕ/ ਸੰਕੇਤਕ) | ਰਾਖਵੀਂ ਕੀਮਤ (ਰੁ.) / ਬਿਆਨਾ ਰਕਮ (ਰੁ.) / ਬੋਲੀ ਵਾਧਾ ਰਕਮ (ਰੁ.) | ਜਮ੍ਹਾਂ ਬਿਆਨਾ ਰਕਮ/ ਈ-ਨਿਲਾਮੀ ਦੀ ਆਖਰੀ ਮਿਤੀ ਅਤੇ ਸਮਾਂ | ਅਧਿਕਾਰਤ ਅਧਿਕਾਰੀ ਦਾ ਨਾਮ ਸੰਪਰਕ ਨੰਬਰ | ਸੰਪੱਤੀ ਦੀ ਤਸਵੀਰ ਲਈ ਕਿਊਆਰ ਕੋਡ | ਸਥਾਨ ਲਈ ਕਿਊਆਰ ਕੋਡ | ਸਰਵਿਸ ਪ੍ਰੋਵਾਈਡਰ ਲਈ ਕਿਊਆਰ ਕੋਡ |
|---|---|---|---|---|---|---|---|---|---|---|
| 1. | ਮਹਿਤਪੁਰ<br>1. **ਸ੍ਰੀ ਮਨਦੀਪ ਸਿੰਘ** ਸਪੁੱਤਰ ਸੁਰਿੰਦਰ ਸਿੰਘ ਪਿੰਡ ਉਪਲ ਖਾਲਸਾ ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, 2. **ਸ੍ਰੀ ਪਰਗਨ ਸਿੰਘ** ਸਪੁੱਤਰ ਗੁਰਦਿਆਲ ਸਿੰਘ, ਦੋਵੇਂ ਵਾਸੀ ਪਿੰਡ ਉਪਲ ਖਾਲਸਾ ਤਹਿਸੀਲ ਫਿਲੌਰ ਜ਼ਿਲ੍ਹਾ ਜਲੰਧਰ। | 05.08.2022<br>Rs. 6,26,969.60<br>31 ਜੁਲਾਈ 25 ਤੱਕ ਲਾਗੂ ਵਿਆਜ ਜਮ੍ਹਾਂ ਭਾਵੀ ਵਿਆਜ, ਲਾਗਤ ਅਤੇ ਫੀਸਾਂ ਸਮੇਤ, ਮਨਫੀ ਵਸੂਲੀ, ਜੇਕਰ ਕੋਈ ਹੈ | 05 ਮਰਲੇ ਦੀ ਜਾਇਦਾਦ ਕੁੱਲ 02 ਕਨਾਲ 02 ਮਰਲੇ ਜ਼ਮੀਨ ਦਾ 5/42 ਹਿੱਸਾ, ਜੋ ਕਿ ਖੇਵਟ ਨੰਬਰ 02 ਖਤੌਨੀ ਨੰਬਰ 02, ਖਸਰਾ ਨੰਬਰ 82 (2-2) ਵਿੱਚ ਸ਼ਾਮਲ ਅਤੇ ਵਿਕਰੀ ਡੀਡ ਨੰਬਰ 1983, ਮਿਤੀ 07-09-2011 ਅਨੁਸਾਰ ਪਿੰਡ ਕੰਗ ਸਾਹਿਬ ਰਾਏ, ਐਚ ਬੀ. ਨੰਬਰ 151, ਤਹਿਸੀਲ ਨਕੋਦਰ ਜ਼ਿਲ੍ਹਾ ਜਲੰਧਰ ਵਿਖੇ ਸਥਿਤ ਜਾਇਦਾਦ। ਹੇਠ ਲਿਖੇ ਅਨੁਸਾਰ ਹੱਦਬੰਦੀ: ਪੂਰਬ: ਸੁਰਿੰਦਰ ਸਿੰਘ ਪੱਛਮ: ਪ੍ਰਕਾਸ਼ ਚੰਦ, ਉੱਤਰ: ਜਸਵੰਤ ਸਿੰਘ ਦੱਖਣ: ਸੜਕ | ਸੰਕੇਤਕ | 10,05,000.00<br>1,00,500.00<br>10,000.00 | 26.02.2025 till 4:00 p.m. / 27.02.2026 from 11:00 A.M to 3:00 P.M | ਸ੍ਰੀ ਗਿਆਨ ਚੰਦ, ਮੁੱਖ ਪ੍ਰਬੰਧਕ, ਜ਼ੈਡਓ ਮਾਡਲ ਟਾਊਨ ਜਲੰਧਰ 9988886824, E-mail gian.chand2@psb.bank.in | | | |
| 2. | ਐਸਐਮਈ ਜਲੰਧਰ<br>(1) ਮੈਸਰਜ਼ ਸ਼ਿਆਨਾ ਟਰੇਡਿੰਗ ਕੰ. ਇਸਦੇ ਪ੍ਰੋਪਰਾਈਟਰ ਵਰੁਣ ਭੱਲਾ ਪੁੱਤਰ ਸ੍ਰੀ ਮੁਕੇਸ਼ ਭੱਲਾ, 77, ਗੋਬਿੰਦ ਨਗਰ, ਸੋਡਲ ਰੋਡ, ਜਲੰਧਰ 2. ਸ੍ਰੀ ਵਰੁਣ ਭੱਲਾ ਪੁੱਤਰ ਸ੍ਰੀ ਮੁਕੇਸ਼ ਭੱਲਾ ਵਾਸੀ 11-ਏ, ਨਿਊ ਬਸੰਤ ਨਗਰ, ਜਲੰਧਰ ਅਤੇ ਜ਼ਾਮਨ 1. ਸ੍ਰੀ ਮੁਕੇਸ਼ ਭੱਲਾ ਪੁੱਤਰ ਸ੍ਰੀ ਰੋਸ਼ਨ ਲਾਲ ਵਾਸੀ 11-ਏ, ਨਿਊ ਬਸੰਤ ਨਗਰ, ਜਲੰਧਰ 2. ਸ਼੍ਰੀਮਤੀ ਕਿਰਨ ਭੱਲਾ ਪਤਨੀ ਵਰੁਣ ਭੱਲਾ ਵਾਸੀ 11-ਏ, ਨਿਊ ਬਸੰਤ ਨਗਰ, ਜਲੰਧਰ। | 30.01.2024<br>Rs. 1,81,86,192.00<br>31 ਜਨਵਰੀ-24 ਤੱਕ ਲਾਗੂ ਵਿਆਜ ਪਲੱਸ ਭਵਿੱਖੀ ਵਿਆਜ, ਲਾਗਤ ਅਤੇ ਖਰਚੇ ਸਮੇਤ। | ਜਾਇਦਾਦ ਨੰਬਰ 1, ਮਕਾਨ ਨੰਬਰ 80, ਬਸੰਤ ਨਗਰ, ਅਮਨ ਨਗਰ, ਜਲੰਧਰ ਦੇ ਨੇੜੇ, ਰਿਹਾਇਸ਼ੀ ਜਾਇਦਾਦ ਦਾ ਸਾਰਾ ਹਿੱਸਾ ਅਤੇ ਪਾਰਸਲ ਖਸਰਾ ਨੰਬਰ 12608, 12609, 12610, 12611, 12612, 12613/1 ਵਿੱਚੋਂ 8 ਮਰਲੇ 21 ਵਰਗ ਫੁੱਟ ਹੈ ਜੋ ਵਰੁਣ ਭੱਲਾ ਪੁੱਤਰ ਸ੍ਰੀ ਮੁਕੇਸ਼ ਭੱਲਾ ਦੇ ਨਾਮ 'ਤੇ ਰਜਿਸਟਰਡ ਹੈ। ਵਿਕਰੀ ਡੀਡ ਨੰਬਰ 5100 ਮਿਤੀ 26.08.2011 ਦੁਆਰਾ। ਹੇਠ ਲਿਖੇ ਅਨੁਸਾਰ ਸੀਮਾਬੱਧ: ਪੂਰਬ: ਕਮਲਜੀਤ ਕੌਰ, ਪੱਛਮ: ਵਿਕਰੇਤਾ, ਉੱਤਰ: ਸੜਕ, ਦੱਖਣ: ਹੋਰ। | ਸੰਕੇਤਕ | 1,51,96,000.00<br>15,19,600.00<br>1,00,000.00 | 26.02.2025 till 4:00 p.m. / 27.02.2026 from 11:00 A.M to 3:00 P.M | ਸ੍ਰੀ ਗਿਆਨ ਚੰਦ, ਮੁੱਖ ਪ੍ਰਬੰਧਕ, ਜ਼ੈਡਓ ਮਾਡਲ ਟਾਊਨ ਜਲੰਧਰ 9988886824, E-mail gian.chand2@psb.bank.in | | | |

ਜਾਇਦਾਦ ਨੰਬਰ 2, ਗੋਬਿੰਦ ਨਗਰ, ਪ੍ਰੀਤ ਨਗਰ, ਸੋਡਲ ਰੋਡ, ਜਲੰਧਰ ਵਿਖੇ ਸਥਿਤ ਉਦਯੋਗਿਕ ਜਾਇਦਾਦ, ਖਸਰਾ ਨੰਬਰ 12578 ਵਿੱਚੋਂ 3 ਮਰਲੇ 125 ਵਰਗ ਫੁੱਟ ਹੈ ਜੋ ਮੁਕੇਸ਼ ਭੱਲਾ ਪੁੱਤਰ ਸ੍ਰੀ ਰੋਸ਼ਨ ਲਾਲ ਦੇ ਨਾਮ 'ਤੇ ਰਜਿਸਟਰਡ ਹੈ। ਵਿਕਰੀ ਡੀਡ ਨੰਬਰ 4640 ਮਿਤੀ 08.09.2003 ਦੁਆਰਾ। ਹੇਠ ਲਿਖੇ ਅਨੁਸਾਰ ਸੀਮਾਬੱਧ: ਪੂਰਬ: ਅਵਤਾਰ ਸਿੰਘ, ਪੱਛਮ: ਭੁਪਿੰਦਰ ਸਿੰਘ, ਉੱਤਰ: ਗਿਆਨ ਚੰਦ, ਦੱਖਣੀ ਰਸਤਾ।
ਜਾਇਦਾਦ ਨੰਬਰ 3 ਜਾਇਦਾਦ ਭਾਵ 20 ਮਰਲੇ 14 ਵਰਗ ਫੁੱਟ (ਪੁਰੀ ਮਰਲੇ 207 ਵਰਗ ਫੁੱਟ) ਵਾਲਾ ਉਦਯੋਗਿਕ ਪਲਾਟ ਜਿਸ ਦਾ ਖਸਰਾ ਨੰਬਰ 13184, 13190, 13191, 16918/13195, 16916/13194, 16913/13189, 16917/13194, 19919/13195, 13196, 13182, 13183, 13193, 18068/5241 ਤੋਂ 5243, 18069/5243-5248-5249, 29843/18070 ਵਰੁਣ ਭੱਲਾ ਪੁੱਤਰ ਸ੍ਰੀ ਮੁਕੇਸ਼ ਭੱਲਾ ਦੇ ਨਾਮ 'ਤੇ ਰਜਿਸਟਰਡ ਹੈ ਵਿਕਰੀ ਡੀਡ ਨੰਬਰ 13731 ਮਿਤੀ 26.03.2018 ਦੁਆਰਾ। ਹੇਠ ਲਿਖੇ ਅਨੁਸਾਰ ਸੀਮਾਬੱਧ। ਪੂਰਬ: ਸੜਕ, ਪੱਛਮ: ਕਪੂਰ ਫੈਕਟਰੀ, ਉੱਤਰ: ਪੁਰੀ ਇੰਡਸਟਰੀ, ਦੱਖਣੀ ਦੇਵੀ ਟਰੇਡਿੰਗ।

| ਲ. ਨੰ. | ਬੈਂਕ ਸ਼ਾਖਾ ਅਤੇ ਖਾਤੇ ਦਾ ਨਾਮ | ਮੰਗ ਸੂਚਨਾ ਦੀ ਮਿਤੀ/ ਕੁੱਲ ਵਸੂਲੀਯੋਗ ਰਕਮ | ਸੁਰੱਖਿਅਤ ਅਸਾਸਿਆਂ ਦੇ ਵੇਰਵੇ | ਕਬਜ਼ੇ ਦੀ ਸਥਿਤੀ | ਰਾਖਵੀਂ ਕੀਮਤ / ਬਿਆਨਾ ਰਕਮ / ਬੋਲੀ ਵਾਧਾ ਰਕਮ (ਰੁ.) | ਈ-ਨਿਲਾਮੀ ਦੀ ਮਿਤੀ ਅਤੇ ਸਮਾਂ | ਅਧਿਕਾਰਤ ਅਧਿਕਾਰੀ | ਕਿਊਆਰ ਕੋਡ | ਕਿਊਆਰ ਕੋਡ | ਕਿਊਆਰ ਕੋਡ |
|---|---|---|---|---|---|---|---|---|---|---|
| 3. | ਐਸਐਮਈ ਜਲੰਧਰ<br>1. ਮੈਸ. ਉਡਾਣ ਕੈਰੀਅਰਜ਼ ਫਰਮ/ਪ੍ਰੋਪਰਾਈਟਰ ਪ੍ਰੋ ਪ.-ਸ੍ਰੀ ਰਾਜੇਸ਼ ਸ਼ਰਮਾ ਸਪੁੱਤਰ ਸ੍ਰੀ ਗਿਆਨ ਚੰਦ, 2. ਸ੍ਰੀ ਨਰੇਨ ਸ਼ਰਮਾ ਸਪੁੱਤਰ ਸ੍ਰੀ ਗਿਆਨ ਚੰਦ (ਜ਼ਾਮਨ) 3. ਸ੍ਰੀਮਤੀ ਅਮਿਤਾ ਸ਼ਰਮਾ ਸੁਪਤਨੀ ਸ੍ਰੀ ਰਾਜੇਸ਼ ਸ਼ਰਮਾ ਜ਼ਾਮਨ ਸਾਰੇ ਵਾਸੀ 408, ਕਾਲੀਆ ਕਲੋਨੀ, ਜ਼ਿਲ੍ਹਾ ਜਲੰਧਰ ਪਿੰਨ ਕੋਡ-144409 | 05.07.2019<br>Rs.98,88,797.30<br>30 ਜੂਨ 19 ਤੱਕ ਲਾਗੂ ਵਿਆਜ ਜਮ੍ਹਾਂ ਭਾਵੀ ਵਿਆਜ, ਲਾਗਤ ਅਤੇ ਫੀਸਾਂ ਸਮੇਤ, ਮਨਫੀ ਵਸੂਲੀ, ਜੇਕਰ ਕੋਈ ਹੈ | ਜਾਇਦਾਦ 1: ਸੰਜੇ ਗਾਂਧੀ ਨਗਰ, ਜਲੰਧਰ ਵਿਖੇ ਸਥਿਤ 4 ਮਰਲੇ 36 ਵਰਗ ਫੁੱਟ ਮਾਪ ਦੇ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਸਾਲ 2004-05 ਲਈ ਖਤਾ ਨੰਬਰ 6161/7320-7321 ਖਸਰਾ ਨੰਬਰ 20212/15659 ਤੋਂ 15661 ਮਿੰਨ, 20212/15659 ਤੋਂ 15661 ਮਿੰਨ ਲਈ ਸ੍ਰੀ ਰਾਜੇਸ਼ ਸ਼ਰਮਾ ਪੁੱਤਰ ਸ੍ਰੀ ਗਿਆਨ ਚੰਦ ਦੇ ਨਾਮ 'ਤੇ ਵਿਕਰੀ ਡੀਡ ਨੰਬਰ 4671 ਮਿਤੀ 17-08-2010 ਅਨੁਸਾਰ ਸਬ-ਰਜਿਸਟਰ ਜਲੰਧਰ ਨਾਲ ਰਜਿਸਟਰਡ ਹੈ। ਹੱਦਬੰਦੀ: ਪੂਰਬ: ਸੜਕ, ਪੱਛਮ: ਸੜਕ, ਦੱਖਣ: ਸੰਜੀਵ ਕੁਮਾਰ ਅਤੇ ਆਸ਼ੂ ਮਹਿਤਾ, ਦੱਖਣ: ਗਾਂਧੀ | ਸੰਕੇਤਕ | 41,75,000.00<br>4,17,500.00<br>10,000.00 | 26.02.2025 till 4:00 p.m. / 27.02.2026 from 11:00 A.M to 3:00 P.M | ਸ੍ਰੀ ਗਿਆਨ ਚੰਦ, ਮੁੱਖ ਪ੍ਰਬੰਧਕ, ਜ਼ੈਡਓ ਮਾਡਲ ਟਾਊਨ ਜਲੰਧਰ 9988886824, E-mail gian.chand2@psb.bank.in | | | |
| | | | ਜਾਇਦਾਦ 2: ਮਕਾਨ ਨੰਬਰ 408, ਕਾਲੀਆ ਕਲੋਨੀ, ਬਾਈਪਾਸ, ਜਲੰਧਰ ਦੇ ਸਾਰੇ ਭਾਗ ਅਤੇ ਹਿੱਸੇ, ਜੋ ਕਿ 6 ਮਰਲੇ 8 ਵਰਗ ਫੁੱਟ ਮਾਪ ਸਾਲ 2009-2010 ਲਈ ਹੱਦਬਸਤ ਨੰ: 307/4, ਖੇਵਤ ਖਤੌਨੀ ਨੰ: 6439/7530, 6459/5771,6475/7567 ਖਸਰਾ ਨੰ: 15456,15422,15423/3,1544,514,1520 23232/15402,15403,23244/15447,23245/15447,15448,20203/15455,23233/15402,15458,15457,1546542,15397/2,15404,15398/2,23236/15424/2,23237/15424,15425/2,15426/2,20204/15455,15459/3,15399/3,15400,23253/15506,15443/2 ਨਿਵਾਸੀ ਨੰਬਰ 2, ਸ੍ਰੀ ਰਾਜੇਸ਼ ਸ਼ਰਮਾ ਪੁੱਤਰ ਸ੍ਰੀ ਗਿਆਨ ਚੰਦ ਦੇ ਨਾਮ 'ਤੇ ਟਾਈਟਲ ਡੀਡ ਨੰਬਰ 10815 ਮਿਤੀ 25-01-2016 ਦੁਆਰਾ ਹੱਦਬੰਦੀ:- ਪੂਰਬ: ਹੋਰ, ਪੱਛਮ: ਸੜਕ, ਉੱਤਰ: ਮਕਾਨ ਨੰਬਰ 407, ਦੱਖਣ: ਮਕਾਨ ਨੰਬਰ 408 | ਸੰਕੇਤਕ | 32,00,000.00<br>3,20,000.00<br>10,000.00 | 26.02.2025 till 4:00 p.m. / 27.02.2026 from 11:00 A.M to 3:00 P.M | ਸ੍ਰੀ ਗਿਆਨ ਚੰਦ, ਮੁੱਖ ਪ੍ਰਬੰਧਕ, ਜ਼ੈਡਓ ਮਾਡਲ ਟਾਊਨ ਜਲੰਧਰ 9988886824, E-mail gian.chand2@psb.bank.in | | | |
| 4. | ਲੋਹੀਆਂ ਖਾਸ<br>1. **ਕਰਜ਼ਦਾਰ ਸ੍ਰੀਮਤੀ ਮਨਜੀਤ ਕੌਰ** ਸੁਪਤਨੀ ਸ੍ਰੀ ਯਸ਼ ਪੌਲ (ਕਰਜ਼ਦਾਰ), ਵਾਸੀ ਵਾਰਡ ਨੰ. 5, ਪਿੰਡ ਅਤੇ ਡਾਕਖਾਨਾ ਲੋਹੀਆਂ ਖਾਸ, ਜਲੰਧਰ (144629), 2. **ਸ੍ਰੀ ਯਸ਼ ਪੌਲ** ਸਪੁੱਤਰ ਸ੍ਰੀ ਰਾਮ ਲਾਲ ਵਾਸੀ ਵਾਰਡ ਨੰ. 5, ਪਿੰਡ ਅਤੇ ਡਾਕਖਾਨਾ ਲੋਹੀਆਂ ਖਾਸ, ਜਲੰਧਰ (144629) ਅਤੇ ਜ਼ਾਮਨ **ਸ੍ਰੀ ਇੰਦਰਜੀਤ ਸਿੰਘ** ਸਪੁੱਤਰ ਸ੍ਰੀ ਯਸ਼ ਪੌਲ ਵਾਸੀ ਵਾਰਡ ਨੰ. 5, ਪਿੰਡ ਅਤੇ ਡਾਕਖਾਨਾ ਲੋਹੀਆਂ ਖਾਸ, ਜਲੰਧਰ (144629) | 01.03.2024<br>Rs. 6,08,296.29<br>29 ਫਰਵਰੀ 24 ਤੱਕ ਲਾਗੂ ਵਿਆਜ ਜਮ੍ਹਾਂ ਭਾਵੀ ਵਿਆਜ, ਲਾਗਤ ਅਤੇ ਫੀਸਾਂ ਸਮੇਤ, ਮਨਫੀ ਵਸੂਲੀ, ਜੇਕਰ ਕੋਈ ਹੈ | ਪਿੰਡ ਲੋਹੀਆਂ ਖਾਸ ਤਹਿ-ਸ਼ਾਹਕੋਟ, ਜ਼ਿਲ੍ਹਾ ਜਲੰਧਰ ਵਿਖੇ ਸਥਿਤ ਮਕਾਨ ਵਾਲੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ, ਜੋ ਕਿ ਹੱਤਬਸਤ ਨੰਬਰ 192 ਵਿੱਚੋਂ 3 ਮਰਲੇ, ਜਿਸਦੀ ਸਾਲ 2014-2015 ਲਈ ਖਸਰਾ ਨੰਬਰ 55//1/2(1-18), 2/2(2-13), 3/3(3-17), 9/1/2(5-13), 9/2/1(1-17), 13/2/1(0.5) ਕਿੱਤਾ 06 ਸ਼ੇਅਰ 3/323 ਖੇਵਟ 147/137 ਖਤੌਨੀ ਨੰਬਰ 176 ਸਬ ਰਜਿਸਟਰਾਰ ਲੋਹੀਆ ਜਲੰਧਰ ਅੱਗੇ ਨਿਵਾਸੀ ਨੰਬਰ 1 ਦੇ ਨਾਮ 'ਤੇ ਰਜਿਸਟਰਡ ਹੈ, ਜੋ ਕਿ ਸ੍ਰੀਮਤੀ ਮਨਜੀਤ ਕੌਰ ਪਤਨੀ ਸ੍ਰੀ ਯਸ਼ ਪਾਲ ਦੇ ਨਾਮ 'ਤੇ ਸਬ ਰਜਿਸਟਰਾਰ ਜਲੰਧਰ ਅੱਗੇ ਰਜਿਸਟਰਡ ਹੈ। ਹੇਠ ਲਿਖੇ ਅਨੁਸਾਰ ਹੱਦਬੰਦੀ: ਪੂਰਬ: ਸੰਤੋਖ ਸਿੰਘ, ਪੱਛਮ: ਤਿਲਕ ਰਾਜ, ਉੱਤਰ: ਬਲਵਿੰਦਰ ਸਿੰਘ, ਦੱਖਣ: ਸੜਕ | ਭੌਤਿਕ | 12,50,000.00<br>1,25,000.00<br>10,000.00 | 26.02.2025 till 4:00 p.m. / 27.02.2026 from 11:00 A.M to 3:00 P.M | ਸ੍ਰੀ ਗਿਆਨ ਚੰਦ, ਮੁੱਖ ਪ੍ਰਬੰਧਕ, ਜ਼ੈਡਓ ਮਾਡਲ ਟਾਊਨ ਜਲੰਧਰ 9988886824, E-mail gian.chand2@psb.bank.in | | | |
| 5. | ਫੁੱਟਬਾਲ ਚੌਕ ਜਲੰਧਰ<br>1. **ਦਲਜੀਤ ਸਿੰਘ** ਸਪੁੱਤਰ ਕੁਲਵੰਤ ਸਿੰਘ (ਕਰਜ਼ਦਾਰ) ਵਾਸੀ 59, ਗਲੀ ਨੰ. 1, ਸੰਜੇ ਗਾਂਧੀ ਨਗਰ, ਜ਼ਿਲ੍ਹਾ ਜਲੰਧਰ ਪਿੰਨ ਕੋਡ-144001 ਮੋਬਾਇਲ ਨੰਬਰ : 9878389596, 2. **ਵਿਨੋਦ ਕੁਮਾਰ** ਸਪੁੱਤਰ ਮੁੰਨਾ ਲਾਲ (ਜ਼ਾਮਨ) ਵਾਸੀ 54 ਗਲੀ ਨੰ. 1, ਸੰਜੇ ਗਾਂਧੀ ਨਗਰ, ਜ਼ਿਲ੍ਹਾ ਜਲੰਧਰ ਪਿੰਨ ਕੋਡ-144001 3. **ਜੈਸਮੀਨ ਕੌਰ** ਸੁਪਤਨੀ ਦਲਜੀਤ ਸਿੰਘ (ਜ਼ਾਮਨ) ਵਾਸੀ 59, ਗਲੀ ਨੰ. 1, ਸੰਜੇ ਗਾਂਧੀ ਨਗਰ, ਜ਼ਿਲ੍ਹਾ ਜਲੰਧਰ ਪਿੰਨ ਕੋਡ-144001 | 18.04.2018<br>Rs.18,78,238.00<br>31 ਮਾਰਚ 18 ਤੱਕ ਲਾਗੂ ਵਿਆਜ ਜਮ੍ਹਾਂ ਭਾਵੀ ਵਿਆਜ, ਲਾਗਤ ਅਤੇ ਫੀਸਾਂ ਸਮੇਤ, ਮਨਫੀ ਵਸੂਲੀ, ਜੇਕਰ ਕੋਈ ਹੈ | 2 ਮਰਲੇ 14 ਵਰਗ ਫੁੱਟ ਦੇ ਰਿਹਾਇਸ਼ੀ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਖੇਵਟ/ ਖਟੌਨੀ ਨੰਬਰ 72/83 ਖਸਰਾ ਨੰਬਰ 39//5 ਵਿੱਚ ਸਾਲ 2013-14 ਦੀ ਜਮ੍ਹਾਂਬੰਦੀ ਅਨੁਸਾਰ ਪਿੰਡ ਬੁਲੰਦਪੁਰ, ਤੇਹ ਅਤੇ ਜ਼ਿਲ੍ਹੇ ਵਿੱਚ ਸਥਿਤ ਹਨ, ਵਿਕਰੀ ਡੀਡ ਨੰਬਰ-2776 ਮਿਤੀ-17-07-2017 ਦੇ ਅਨੁਸਾਰ ਦਲਜੀਤ ਸਿੰਘ ਦੇ ਨਾਮ 'ਤੇ ਦਰਜ ਹੈ। ਹੱਦਬੰਦੀ ਪੂਰਬ- ਹੋਰ, ਪੱਛਮ- ਸੜਕ, ਉੱਤਰ- ਪਲਾਟ ਦਾ ਬਾਕੀ ਹਿੱਸਾ, ਦੱਖਣ- ਹੋਰ | ਭੌਤਿਕ | 7,35,000.00<br>73,500.00<br>10,000.00 | 26.02.2025 till 4:00 p.m. / 27.02.2026 from 11:00 A.M to 3:00 P.M | ਸ੍ਰੀਮਤੀ ਜਯੋਤੀ ਭਗਤ ਮੁੱਖ ਪ੍ਰਬੰਧਕ, ਜੀਟੀਬੀ ਨਗਰ ਜਲੰਧਰ 95925-03666 E-mail jyoti.bhagat@psb.bank.in | | | |
| 6. | ਫੁੱਟਬਾਲ ਚੌਕ ਜਲੰਧਰ<br>1. ਮੈਸ. ਯੌਰਕ ਫੈਸ਼ਨ ਫਰਮ/ਪ੍ਰੋਪ. ਪ੍ਰੋਪ. ਸ੍ਰੀ ਅਜੇ ਕੁਮਾਰ ਸਪੁੱਤਰ ਸ੍ਰੀ ਰਮੇਸ਼ ਚੰਦਰ ਵਾਸੀ 244 ਸ਼ੇਖਾਂ ਬਜ਼ਾਰ, ਜ਼ਿਲ੍ਹਾ ਜਲੰਧਰ ਪਿੰਨ ਕੋਡ-144001, 2. **ਰਮੇਸ਼ ਚੰਦਰ** ਸਪੁੱਤਰ ਸ੍ਰੀ ਰਾਮਜੀ ਦਾਸ, ਕਰਜ਼ਦਾਰ ਵਾਸੀ ਡਬਲਿਊਐਫ 159 ਅਲੀ ਮੁਹੱਲਾ, ਗਲੀ ਬੋਹੜ ਵਾਲੀ, ਸਾਹਮਣੇ ਜੇ ਐਂਡ ਕੇ ਬੈਂਕ ਲਿਮਟਿਡ, ਜ਼ਿਲ੍ਹਾ ਜਲੰਧਰ ਪਿੰਨ ਕੋਡ-144001, 3. **ਰਮੇਸ਼ ਚੰਦਰ** ਸਪੁੱਤਰ ਸ੍ਰੀ ਰਾਮਜੀ ਦਾਸ, (ਪਤਾ ਨੰ. 1 ਵਿਚ ਜ਼ਾਮਨ) ਵਾਸੀ ਡਬਲਿਊਐਫ 159 ਅਲੀ ਮੁਹੱਲਾ, ਗਲੀ ਬੋਹੜ ਵਾਲੀ, ਸਾਹਮਣੇ ਜੇ ਐਂਡ ਕੇ ਬੈਂਕ ਲਿਮਟਿਡ, ਜ਼ਿਲ੍ਹਾ ਜਲੰਧਰ ਪਿੰਨ ਕੋਡ-144001 4. **ਸ੍ਰੀ ਦੀਪਕ ਕੁਮਾਰ ਚਾਵਲਾ** ਸਪੁੱਤਰ ਸ੍ਰੀ ਬੋਧ ਰਾਜ ਚਾਵਲਾ (ਪਤਾ ਨੰ. 1 ਅਤੇ 2 ਵਿਚ ਜ਼ਾਮਨ) 320 ਫਰੈਂਡਜ਼ ਕਲੋਨੀ, ਸਾਹਮਣੇ ਡੀਏਵੀ ਕਾਲਜ, ਜ਼ਿਲ੍ਹਾ ਜਲੰਧਰ ਪਿੰਨ ਕੋਡ-144001, 5. **ਸ੍ਰੀ ਅਜੇ ਕੁਮਾਰ** ਸਪੁੱਤਰ ਸ੍ਰੀ ਰਮੇਸ਼ ਚੰਦਰ (ਪਤਾ ਨੰ. 2 ਵਿਚ ਜ਼ਾਮਨ), ਵਾਸੀ 244 ਸ਼ੇਖਾਂ ਬਜ਼ਾਰ, ਜ਼ਿਲ੍ਹਾ ਜਲੰਧਰ ਪਿੰਨ ਕੋਡ-144001 | 12.10.2017 & 18.04.2018<br>ਮੈਸ. ਯੌਰਕ ਫੈਸ਼ਨ ਰੁ. 5,20,270.60 ਅਤੇ ਰਮੇਸ਼ ਚੰਦਰ ਰੁ. 2,96,809.40 30 ਸਤੰਬਰ 17 ਅਤੇ 31 ਮਾਰਚ 18ਤੱਕ ਲਾਗੂ ਵਿਆਜ ਜਮ੍ਹਾਂ ਭਾਵੀ ਵਿਆਜ, ਲਾਗਤ ਅਤੇ ਫੀਸਾਂ ਸਮੇਤ, ਮਨਫੀ ਵਸੂਲੀ, ਜੇਕਰ ਕੋਈ ਹੈ | ਵਿਕਰੀ ਡੀਡ ਨੰ. 10262 ਮਿਤੀ 26-03-2004 ਦੇ ਅਧੀਨ ਡਬਲਿਊ ਐਫ 38-39 ਸੰਪੱਤੀ ਨੰ. ਬੀ-3/877-ਏ ਅਤੇ ਡਬਲਿਊਐਫ 133/3 ਨੰਬਰ ਬੀ-3/877/1 ਅਲੀ ਮੁਹੱਲਾ, ਜਲੰਧਰ ਵਿਖੇ ਸਥਿਤ 6 ਮਰਲੇ ਅਤੇ 20 ਵਰਗ ਫੁੱਟ (1 ਮਰਲਾ - 207 ਵਰਗ ਫੁੱਟ) ਮਾਪ ਵਾਲੀ ਰਿਹਾਇਸ਼ੀ ਸੰਪੱਤੀ ਦੇ ਸਾਰੇ ਭਾਗ ਅਤੇ ਹਿੱਸੇ। ਪੂਰਬ-ਮਕਾਨ ਨੰ. ਡਬਲਿਊਐਫ 39 ਦਾ ਬਾਕੀ ਹਿੱਸਾ, ਪੱਛਮ- ਗਲੀ, ਉੱਤਰ- ਸੁਰਜੀਤ ਸਿੰਘ, ਦੱਖਣ- ਸ੍ਰੀ ਗੁਲਾਟੀ, ਓਮ ਪ੍ਰਕਾਸ਼ ਅਤੇ ਗਲੀ | ਸੰਕੇਤਕ | 57,07,700.00<br>5,70,770.00<br>10,000.00 | 26.02.2025 till 4:00 p.m. / 27.02.2026 from 11:00 A.M to 3:00 P.M | ਸ੍ਰੀਮਤੀ ਜਯੋਤੀ ਭਗਤ ਮੁੱਖ ਪ੍ਰਬੰਧਕ, ਜੀਟੀਬੀ ਨਗਰ ਜਲੰਧਰ 95925-03666 E-mail jyoti.bhagat@psb.bank.in | | | |

ਹੋਰ ਨਿਯਮ ਅਤੇ ਸ਼ਰਤਾਂ: A.) ਜਾਇਦਾਦ ਸਾਰੇ ਮੌਜੂਦਾ ਅਤੇ ਹੋਰ ਬੋਝਾਂ ਦੇ ਨਾਲ ਨਿਪਟਾਈ ਜਾ ਰਹੀ ਹੈ, ਭਾਵੇਂ ਬੈਂਕ ਨੂੰ ਪਤਾ ਹੋਵੇ ਜਾਂ ਅਣਜਾਣ। ਅਧਿਕਾਰਤ ਅਧਿਕਾਰੀ ਸੁਰੱਖਿਅਤ ਲੈਣਦਾਰ ਕਿਸੇ ਵੀ ਤੀਜੀ ਧਿਰ ਦੇ ਦਾਅਵੇ/ਸੰਕੇਤਾਂ ਲਈ ਕਿਸੇ ਵੀ ਤਰ੍ਹਾਂ ਜ਼ਿੰਮੇਵਾਰ ਹੋਵੇਗਾ। ਖਰੀਦਦਾਰ ਨੂੰ ਆਪਣੀ ਸੰਤੁਸ਼ਟੀ ਲਈ ਜਾਇਦਾਦ ਨਾਲ ਸਬੰਧਤ ਸਾਰੇ ਪਹਿਲੂਆਂ 'ਤੇ ਉਚਿਤ ਮਿਹਨਤ ਕਰਨੀ ਚਾਹੀਦੀ ਹੈ। ਬੋਲੀਕਾਰ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸੁਰੱਖਿਅਤ ਸੰਪਤੀਆਂ ਨਾਲ ਸਬੰਧਤ ਹੋਰ ਵੇਰਵਿਆਂ ਦੇ ਸਿਰਲੇਖ ਅਤੇ ਸ਼ੁੱਧਤਾ ਨਾਲ ਸੰਤੁਸ਼ਟ ਹੋਣ, ਜਿਸ ਵਿੱਚ ਸਵਾਲ ਵਿੱਚ ਅਚੱਲ ਸੁਰੱਖਿਅਤ ਸੰਪਤੀ ਦਾ ਆਕਾਰ ਵੀ ਸ਼ਾਮਲ ਹੈ ਅਤੇ ਬੋਲੀ ਜਮਾ ਕਰਨ ਤੋਂ ਪਹਿਲਾਂ ਸਬੰਧਤ ਅਧਿਕਾਰੀਆਂ ਤੋਂ ਉਨ੍ਹਾਂ ਦੀ ਸੰਤੁਸ਼ਟੀ ਲਈ ਕਿਸੇ ਵੀ ਹੋਰ ਬਕਾਇਆ ਦੇਣਦਾਰੀਆਂ/ਬੋਝ ਦਾ ਪਤਾ ਲਗਾਉਣਾ ਵੀ ਸ਼ਾਮਲ ਹੈ। ਖਰੀਦਦਾਰ ਨੂੰ ਬਾਅਦ ਵਿੱਚ ਇਸ ਸਬੰਧ ਵਿੱਚ ਕੋਈ ਵੀ ਦਾਅਵਾ ਕਰਨ ਲਈ ਪ੍ਰਮਾਣਿਤ ਨਹੀਂ ਕੀਤਾ ਜਾਵੇਗਾ: ਅਧਿਕਾਰਤ ਅਧਿਕਾਰੀ/ਸੁਰੱਖਿਅਤ ਲੈਣਦਾਰਾਂ। B.) ਕਿਸੇ ਵੀ ਰਕਮ ਦੇ ਭੁਗਤਾਨ ਵਿੱਚ ਕਿਸੇ ਵੀ ਡਿਫਾਲਟ ਦੀ ਸਥਿਤੀ ਵਿੱਚ, ਜਾਂ ਜੇਕਰ ਖਰੀਦਦਾਰ ਬਾਇਓਫੰਡਰ ਵੱਲੋਂ ਉਪਰੋਕਤ ਆਈਐਮਆਈਟੀ ਦੇ ਅੰਦਰ ਡਿਫਾਲਟ ਦੇ ਕਾਰਨਾਂ ਕਰਕੇ ਵਿਕਰੀ ਪੂਰੀ ਨਹੀਂ ਹੁੰਦੀ ਹੈ, ਤਾਂ ਬੈਂਕ ਉਦੋਂ ਤੱਕ ਖਰੀਦਦਾਰ/ਬੋਲੀਦਾਰ ਦੁਆਰਾ ਅਦਾ ਕੀਤੇ ਗਏ ਸਾਰੇ ਪੈਸੇ ਜ਼ਬਤ ਕਰਨ ਅਤੇ ਸੁਰੱਖਿਅਤ ਸੰਪਤੀ(ਆਂ) ਨੂੰ ਦੁਬਾਰਾ ਵਿਕਰੀ ਲਈ ਰੱਖਣ ਦਾ ਹੱਕਦਾਰ ਹੋਵੇਗਾ, ਆਪਣੀ ਪੂਰੀ ਮਰਜ਼ੀ ਨਾਲ। C.) ਨਿਲਾਮੀ/ਬੋਲੀ ਸਿਰਫ "ਆਨਲਾਈਨ ਇਲੈਕਟਰਾਨਿਕ ਬੋਲੀ" ਵੈੱਬਸਾਈਟ https://baanknet.com ਰਾਹੀਂ ਹੋਵੇਗੀ। ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਈ-ਨਿਲਾਮੀ ਵਿਕਰੀ ਕਾਰਵਾਈ ਵਿੱਚ ਹਿੱਸਾ ਲੈਣ ਤੋਂ ਪਹਿਲਾਂ ਨਿਰਧਾਰਤ ਸ਼ਰਤਾਂ ਲਈ ਵੈੱਬਸਾਈਟ ਨੂੰ ਦੇਖਣ। D.) ਜਾਇਦਾਦ ਦਾ ਨਿਰੀਖਣ 26.02.2026 ਨੂੰ ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤੱਕ ਕੀਤਾ ਜਾ ਸਕਦਾ ਹੈ। E.) ਜਾਇਦਾਦ ਨੂੰ ਉਸ ਕੀਮਤ 'ਤੇ ਵੇਚਿਆ ਜਾਵੇਗਾ ਜੋ ਰਿਜ਼ਰਵ ਕੀਮਤ ਤੋਂ ਵੱਧ ਹੈ ਅਤੇ ਹਿੱਸਾ ਲੈਣ ਵਾਲੇ ਬੋਲੀਕਾਰ ਨਿਲਾਮੀ ਪ੍ਰਕਿਰਿਆ ਦੌਰਾਨ ਆਪਣੀ ਪੇਸ਼ਕਸ਼ ਨੂੰ ਹੋਰ ਬਿਹਤਰ ਬਣਾ ਸਕਦੇ ਹਨ। F.) ਰਾਖਵੀਂ ਕੀਮਤ ਦਾ 10% ਅੰਤਮ ਰਕਮ (M/S PSB Alliance Pvt. Ltd.) ਦੇ ਈ-ਵਾਲਿਟ ਵਿੱਚ ਜਮ੍ਹਾ ਕੀਤੀ ਜਾਣੀ ਹੈ, (ਸੰਪਰਕ ਨੰਬਰ 7046612345/6354910172l8291220220/9892219848/8160205051, ਈਮੇਲ: support.baanknet@psballiance.com/ ਪੋਰਟਲ 'ਤੇ ਸਿੱਧਾ ਜਾਂ ਉਸ ਵਿੱਚ ਚਲਾਨ ਤਿਆਰ ਕਰਕੇ ਉਕਤ ਚੈਲੇਂਜ ਵਿੱਚ ਦੱਸੇ ਗਏ ਖਾਤੇ ਦੇ ਵੇਰਵਿਆਂ ਵਿੱਚ RTGS NEFT ਰਾਹੀਂ ਬਿਆਨਾ ਰਕਮ ਜਮ੍ਹਾ ਕਰਵਾਓ। H.) ਬਿਆਨਾ ਰਕਮ ਦਾ ਭੁਗਤਾਨ ਕਰਨ ਤੋਂ ਬਾਅਦ, ਇੱਛਕ ਬੋਲੀਕਾਰਾਂ ਨੂੰ ਹੇਠ ਲਿਖੇ ਦਸਤਾਵੇਜ਼ਾਂ/ਵੇਰਵਿਆਂ ਦੀ ਇੱਕ ਕਾਪੀ 26.02.2026 ਨੂੰ ਸ਼ਾਮ 04.00 ਵਜੇ ਤੱਕ ਜਾਂ ਪਹਿਲਾਂ ਪੰਜਾਬ ਐਂਡ ਸਿੰਧ ਬੈਂਕ ਜ਼ੋਨਲ ਦਫਤਰ ਜਲੰਧਰ ਵਿਖੇ ਹੱਥੀਂ ਜਾਂ ਈਮੇਲ ਰਾਹੀਂ ਜਮ੍ਹਾਂ ਕਰਵਾਉਣੀ ਪਵੇਗੀ। ii) ਪੈਨ ਕਾਰਡ, ਆਈਡੀ ਪਰੂਫ ਅਤੇ ਪਤੇ ਦੇ ਸਬੂਤ ਦੀਆਂ ਫੋਟੋਕਾਪੀਆਂ। ਹਾਲਾਂਕਿ, ਸਫਲ ਬੋਲੀਕਾਰ ਨੂੰ ਬੋਲੀ ਦੀ ਰਕਮ ਦੇ 25% ਦੀ ਬਕਾਇਆ ਰਕਮ ਦਾ ਭੁਗਤਾਨ ਕਰਨ ਲਈ ਬਾਰਕ ਨੂੰ ਇਹ ਦਸਤਾਵੇਜ਼ ਅਸਲ ਵਿੱਚ ਪੇਸ਼ ਕਰਨੇ ਪੈਣਗੇ। iii) ਬੋਲੀਕਾਰ ਦਾ ਨਾਮ, 'ਸੰਪਰਕ ਨੰਬਰ' ਪਤਾ, ਈ-ਮੇਲ ਆਈ.ਡੀ. iv) ਈਐਮਡੀ ਦੇ ਔਨਲਾਈਨ ਰਿਫੰਡ ਲਈ ਬੋਲੀਕਾਰ ਦਾ ਐਲਸੀ ਡੀਲਿਸ। g) ਅਸਫਲ ਬੋਲੀਕਾਰ ਦੁਆਰਾ ਜਮ੍ਹਾ ਕੀਤੀ ਗਈ ਈਐਮਡੀ ਉਹਨਾਂ ਨੂੰ ਵਾਪਸ ਕੀਤੀ ਜਾਵੇਗੀ। ਬਿਆਨਾ ਰਕਮ 'ਤੇ ਕੋਈ ਵਿਆਜ ਨਹੀਂ ਹੋਵੇਗਾ। h) ਨਿਲਾਮੀ ਉੱਪਰ ਦੱਸੇ ਅਨੁਸਾਰ ਰਿਜ਼ਰਵ ਕੀਮਤ 'ਤੇ ਸ਼ੁਰੂ ਹੋਵੇਗੀ। ਬੋਲੀਕਾਰ ਉੱਪਰ ਦੱਸੇ ਅਨੁਸਾਰ ਆਪਣੀਆਂ ਪੇਸ਼ਕਸ਼ਾਂ ਨੂੰ ਗੁਣਾ ਰਕਮ ਵਿੱਚ ਸੁਧਾਰ ਕਰਨਗੇ। ਔਨਲਾਈਨ ਨਿਲਾਮੀ ਬੰਦ ਹੋਣ 'ਤੇ ਸਭ ਤੋਂ ਵੱਧ ਬੋਲੀ (ਰਿਜ਼ਰਵ ਉਰਿਸ ਤੋਂ ਉੱਪਰ) ਜਮਾਂ ਕਰਵਾਉਣ ਵਾਲੇ ਬੋਲੀਕਾਰ ਨੂੰ ਸਫਲ ਬੋਲੀਕਾਰ ਘੋਸ਼ਿਤ ਕੀਤਾ ਜਾਵੇਗਾ। ਵਿਕਰੀ ਸਫਲ ਬੋਲੀਕਾਰ ਦੇ ਹੱਕ ਵਿੱਚ ਪੁਸ਼ਟੀ ਕੀਤੀ ਜਾਵੇਗੀ, ਸੁਰੱਖਿਅਤ ਲੈਣਦਾਰ ਦੁਆਰਾ ਇਸਦੀ ਪੁਸ਼ਟੀ ਦੇ ਅਧੀਨ। i) ਸਫਲ ਬੋਲੀਕਾਰ ਸਫਲ ਬੋਲੀਕਾਰ ਵਜੋਂ ਉਸਨੂੰ ਘੋਸ਼ਿਤ ਕਰਨ ਦੇ ਅਗਲੇ ਕੰਮਕਾਜੀ ਦਿਨ ਤੱਕ ਵਿਕਰੀ ਕੀਮਤ ਦਾ 25% (ਪਹਿਲਾਂ ਹੀ ਭੁਗਤਾਨ ਕੀਤਾ ਗਿਆ ਈਐਮਡੀ ਸਮੇਤ) ਅਤੇ ਸੁਰੱਖਿਅਤ ਲੈਣਦਾਰ ਦੁਆਰਾ ਵਿਕਰੀ ਦੀ ਪੁਸ਼ਟੀ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਬਾਕੀ ਰਕਮ ਜਮਾਂ ਕਰੇਗਾ। ਜੇਕਰ ਸਫਲ ਬੋਲੀਕਾਰ ਵਿਕਰੀ ਮੁੱਲ ਦਾ ਭੁਗਤਾਨ ਕਰਨ ਵਿੱਚ ਅਸਫਲ ਰਹਿੰਦਾ ਹੈ। ਅਧਿਕਾਰਤ ਅਧਿਕਾਰੀ ਦੁਆਰਾ ਉਸ ਦੁਆਰਾ ਕੀਤੀ ਗਈ ਜਮਾਂ ਰਕਮ ਬਿਨਾਂ ਕਿਸੇ ਨੋਟਿਸ ਦੇ ਜ਼ਬਤ ਕਰ ਲਈ ਜਾਵੇਗੀ ਅਤੇ ਜਾਇਦਾਦ ਨੂੰ ਤੁਰੰਤ ਦੁਬਾਰਾ ਵਿਕਰੀ ਲਈ ਰੱਖਿਆ ਜਾਵੇਗਾ। j) 50.00 ਲੱਖ ਰੁਪਏ (ਮੁਫਤ ਲੱਖ ਰੁਪਏ) ਅਤੇ ਇਸ ਤੋਂ ਵੱਧ ਦੀ ਵਿਕਰੀ ਪ੍ਰਕਿਰਿਆ ਲਈ, ਸਫਲ ਬੋਲੀਕਾਰ ਨੂੰ ਵਿਕਰੀ ਆਮਦਨ 'ਤੇ 1% ਦੀ ਦਰ ਨਾਲ ਟੀਡੀਐਸ ਕੱਟਣਾ ਪਵੇਗਾ ਅਤੇ ਟੀਡੀਐਸ ਸਰਟੀਫਿਕੇਟ ਦੀ ਕਰਿਜਿਨਲ ਰਸੀਦ ਬੈਂਕ ਨੂੰ ਜਮਾਂ ਕਰਾਉਣੀ ਪਵੇਗੀ। k) ਕਨਵੇਂਸ ਲਈ ਏਆਈ ਖਰਚੇ, ਸਟੈਂਪ ਡਿਊਟੀ ਜੀਐਸਟੀ ਰਜਿਸਟ੍ਰੇਸ਼ਨ ਖਰਚੇ ਆਦਿ, ਜਿਵੇਂ ਕਿ ਲਾਗੂ ਹੁੰਦਾ ਹੈ, ਸਿਰਫ ਸਫਲ ਬੋਲੀਕਾਰ ਦੁਆਰਾ ਹੀ ਸਹਿਣ ਕੀਤੇ ਜਾਣਗੇ। l) ਅਧਿਕਾਰਤ ਅਧਿਕਾਰੀ ਬਿਨਾਂ ਕੋਈ ਕਾਰਨ ਦੱਸੇ ਈ-ਨਿਲਾਮੀ ਦੇ ਨਿਯਮਾਂ ਅਤੇ ਸ਼ਰਤਾਂ ਨੂੰ ਰੱਦ ਕਰਨ ਜਾਂ ਬਦਲਣ ਨੂੰ ਮੁਲਤਵੀ ਕਰਨ ਦਾ ਅਧਿਕਾਰ ਰਾਖਵਾਂ ਰੱਖਦਾ ਹੈ। ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ ਕਿਰਪਾ ਕਰਕੇ https://baanknet.com ਜਾਂ https://www.punjabandsindbank.co.in ਵੇਖੋ।

**ਸਰਫਾਇਸੀ ਐਕਟ, 2002 ਦੇ ਨਿਯਮ 8 (6) 6(2) 9 (1) ਦੇ ਤਹਿਤ 15/30 (ਜਿਵੇਂ ਲਾਗੂ ਹੋਵੇ) ਦਿਨਾਂ ਦੀ ਕਾਨੂੰਨੀ ਵਿਕਰੀ ਨੋਟਿਸ**
**ਅਧਿਕਾਰਤ ਅਧਿਕਾਰੀ ਦੀ ਜਾਣਕਾਰੀ ਅਨੁਸਾਰ ਕੋਈ ਦੇਣਦਾਰੀ ਨਹੀਂ।**

ਕਰਜ਼ਦਾਰਾਂ/ਜ਼ਾਮਨਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਈ-ਨਿਲਾਮੀ ਦੀ ਮਿਤੀ ਤੋਂ ਪਹਿਲਾਂ ਉਪਰੋਕਤ ਦੱਸੀ ਗਈ ਰਕਮ ਦੇ ਨਾਲ-ਨਾਲ ਵਿਆਜ ਅਤੇ ਸਹਾਇਕ ਖਰਚਿਆਂ ਦਾ ਭੁਗਤਾਨ ਕਰਨ, ਨਹੀਂ ਤਾਂ ਜਾਇਦਾਦ ਦੀ ਨਿਲਾਮੀ/ਵੇਚੀ ਜਾਵੇਗੀ ਅਤੇ ਬਾਕੀ ਬਕਾਇਆ, ਜੇਕਰ ਕੋਈ ਹੈ, ਵਿਆਜ ਅਤੇ ਲਾਗਤ ਸਮੇਤ ਵਸੂਲ ਕੀਤਾ ਜਾਵੇਗਾ।

ਮਿਤੀ : 24.01.2026 ਸਥਾਨ : ਜਲੰਧਰ ਅਧਿਕਾਰਤ ਅਧਿਕਾਰੀ



ੴ ਸ੍ਰੀ ਵਾਹਿਗੁਰੂ ਜੀ ਦੀ ਫ਼ਤਹਿ
ਪੰਜਾਬ ਐਂਡ ਸਿੰਧ ਬੈਂਕ
(ਭਾਰਤ ਸਰਕਾਰ ਦਾ ਅਦਾਰਾ)
ਜ਼ੋਨ : ਬਠਿੰਡਾ
100 ਫੁੱਟਾ ਰੋਡ, ਸਿਵਲ ਸਟੇਸ਼ਨ, ਬਠਿੰਡਾ-151001
ਫੋਨ : 0164-5082235/5082236
ਜਿੱਥੇ ਸੇਵਾ ਜੀਵਨ ਦਾ ਇੱਕ ਤਰੀਕਾ ਹੈ

**ਅਹਾਤਿਆਂ ਦੀ ਲੋੜ**

ਪੰਜਾਬ ਐਂਡ ਸਿੰਧ ਬੈਂਕ ਨੂੰ ਢੁਕਵੇਂ ਖੁੱਲ੍ਹੇ ਪਲਾਟ/ਅਰਧ-ਨਿਰਮਾਣ/ਤਿਆਰ-ਬਣਾਇਆ ਅਤੇ ਚੰਗੀ ਤਰ੍ਹਾਂ ਬਣਿਆ ਹਾਲ ਕਿਸਮ ਦੀ ਇਮਾਰਤ ਦੀ ਲੋੜ ਹੈ ਜਿਸ ਵਿੱਚ ਕਾਰਪੇਟ ਏਰੀਆ ਹੋਵੇ ਜਿਸ ਵਿਚ ਏਟੀਐਮ ਲਈ ਜਗ੍ਹਾ (800 ਵਰਗ ਫੁੱਟ ਤੱਕ) ਲੀਜ਼/ਰੈਂਟਲ ਦੇ ਆਧਾਰ 'ਤੇ ਹੋਵੇ। ਇਮਾਰਤ ਤਰਜੀਹੀ ਤੌਰ 'ਤੇ ਪਿੰਡ ਅਤੇ ਡਾਕਖਾਨਾ ਚਿਬਰਾਂਵਾਲੀ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ-152112 ਵਿਖੇ ਗਰਾਊਂਡ ਫਲੋਰ 'ਤੇ ਹੋਣੀ ਚਾਹੀਦੀ ਹੈ। ਪੇਸ਼ਕਸ਼ ਕੀਤੀਆਂ ਗਈਆਂ ਇਮਾਰਤਾਂ ਵਿੱਚ ਕਾਨੂੰਨੀ ਅਧਿਕਾਰੀਆਂ ਤੋਂ ਸਾਰੇ ਕਲੀਅਰੈਂਸ ਸਰਟੀਫਿਕੇਟ ਹੋਣੇ ਚਾਹੀਦੇ ਹਨ। ਇੱਛਤ ਇਲਾਕੇ ਵਿੱਚ ਅਜਿਹੇ ਅਹਾਤਿਆਂ ਦੇ ਦਿਲਚਸਪੀ ਰੱਖਣ ਵਾਲੇ ਮਾਲਕ/ਰਜਿਸਟਰਡ ਪਾਵਰ ਆਫ ਅਟਾਰਨੀ ਧਾਰਕ ਜੋ ਆਪਣੇ ਅਸਾਨੀ ਨਾਲ ਉਪਲਬਧ ਅਹਾਤੇ ਨੂੰ ਲੰਬੇ ਸਮੇਂ ਦੀ ਲੀਜ਼ ਦੇ ਆਧਾਰ 'ਤੇ ਤਰਜੀਹੀ ਤੌਰ 'ਤੇ 15 ਸਾਲਾਂ ਜਾਂ ਇਸ ਤੋਂ ਵੱਧ ਸਮੇਂ ਲਈ ਲੀਜ਼ 'ਤੇ ਦੇਣ ਲਈ ਤਿਆਰ ਹਨ, ਉਹ ਆਪਣੀਆਂ ਪੇਸ਼ਕਸ਼ਾਂ ਬੈਂਕ ਦੀ ਵੈੱਬਸਾਈਟ https://punjabandsindbank.co.in ਜਾਂ https://eprocure.gov.in/cppp 'ਤੇ ਉਪਲਬਧ ਨਿਰਧਾਰਤ ਫਾਰਮੈਟ ਵਿੱਚ ਭੇਜ ਸਕਦੇ ਹਨ ਜਾਂ ਦਫ਼ਤਰੀ ਸਮੇਂ ਦੌਰਾਨ ਉਪਰੋਕਤ ਪਤੇ ਤੋਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ। ਪੂਰੀ ਪੇਸ਼ਕਸ਼ ਸੀਲਬੰਦ ਅਤੇ ਦਸਤਖਤ ਕੀਤੀ ਗਈ ਹੈ ਅਤੇ 16.02.2026 ਨੂੰ ਜਾਂ ਇਸ ਤੋਂ ਪਹਿਲਾਂ ਲੈਟਰ ਹੋਲਡ ਵਿੱਚ ਦੱਸੇ ਗਏ ਪਤੇ 'ਤੇ 15.00 ਵਜੇ ਤੱਕ ਹੇਠਾਂ ਹਸਤਾਖਰ ਕਰਨ ਵਾਲੇ ਤੱਕ ਪਹੁੰਚ ਜਾਣੀ ਚਾਹੀਦੀ ਹੈ।
ਬੈਂਕ ਦੁਆਰਾ ਕੋਈ ਦਲਾਲੀ ਦਾ ਭੁਗਤਾਨ ਨਹੀਂ ਕੀਤਾ ਜਾਵੇਗਾ। ਬੈਂਕ ਬਿਨਾਂ ਕਿਸੇ ਕਾਰਨ ਦੱਸੇ ਆਪਣੇ ਵਿਵੇਕ ਅਨੁਸਾਰ ਕਿਸੇ ਵੀ ਜਾਂ ਸਾਰੀਆਂ ਪੇਸ਼ਕਸ਼ਾਂ ਨੂੰ ਸਵੀਕਾਰ ਜਾਂ ਰੱਦ ਕਰਨ ਦਾ ਅਧਿਕਾਰ ਰਾਖਵਾਂ ਰੱਖਦਾ ਹੈ।

ਮਿਤੀ : 24.01.2026 ਜ਼ੋਨਲ ਮੈਨੇਜਰ

# ਲੋਕ ਸਿਆਣਪ ਤੇ ਅਨੁਭਵ ਦਾ ਨਿਚੋੜ ਅਖਾਣ



**ਸ਼ਵਿੰਦਰ ਕੌਰ**

ਪੰਜਾਬੀ ਲੋਕ-ਸਾਹਿਤ ਜਾਂ ਲੋਕ-ਧਾਰਾ ਦੀਆਂ ਵੰਨਗੀਆਂ ਦੇ ਆਪਣੇ ਵੱਖਰੇ ਪ੍ਰਗਟਾਉ ਤੇ ਰੂਪ ਸਦਕਾ ਅਖਾਣ ਇਕ ਸੁਤੰਤਰ ਵਿਧਾ ਹੈ ਜੋ ਲੋਕਾਂ ਦੀ ਸਿਆਣਪ ਤੇ ਅਨੁਭਵ ਦਾ ਨਿਚੋੜ ਹੁੰਦੀਆਂ ਹਨ। ਲੋਕ ਜੀਵਨ ਦੇ ਲੰਬੇ ਤਜਰਬਿਆਂ ਅਤੇ ਅਨੁਭਵਾਂ ਨੂੰ ਲੋਕ ਬੋਲੀ ਦੁਆਰਾ ਬਹੁਤ ਹੀ ਸੰਖੇਪ ਪ੍ਰੰਤੂ ਢੁਕਵੀਂ ਸ਼ੈਲੀ ਰਾਹੀਂ ਵਾਕਾਂ, ਤੁਕਾਂ ਰਾਹੀਂ ਅਖਾਣ ਨੂੰ ਪ੍ਰਗਟਾਇਆ ਗਿਆ ਹੁੰਦਾ ਹੈ। ਪੰਜਾਬ 'ਚ ਇਸ ਲਈ ਅਖੌਤ, ਕਹਾਵਤ ਸ਼ਬਦ ਵਰਤੇ ਜਾਂਦੇ ਹਨ। ਲੋਕ ਜੀਵਨ ਨਾਲ ਹੰਢ ਕੇ ਪ੍ਰਵਾਨ ਹੋਏ ਅਖਾਣ ਸਾਡੇ ਜੀਵਨ ਦੀ ਕਈ ਪੱਖਾਂ ਤੋਂ ਅਗਵਾਈ ਕਰਦੇ ਹਨ। ਇਨ੍ਹਾਂ ਦੀ ਸੱਭਿਆਚਾਰਕ, ਸਾਹਿਤਕ ਤੇ ਭਾਸ਼ਾਈ ਮਹੱਤਤਾ ਇਸ ਦੀ ਜੀਵਨ 'ਚ ਨਿਤਾਪ੍ਰਤੀ ਵਰਤੋਂ ਤੇ ਅਮੁੱਲ ਭੰਡਾਰ 'ਚੋਂ ਸਹਿਜੇ ਹੀ ਪਛਾਣੀ ਜਾ ਸਕਦੀ ਹੈ। ਰਾਬਰਟ ਕਾਫਮੈਨ ਅਖਾਣਾਂ ਨੂੰ ਹੀ ਸਾਹਿਤ ਦਾ ਮੁੱਢ ਦੱਸਦਾ ਹੈ, ਉਸ ਦੇ ਖਿਆਲ ਅਨੁਸਾਰ ਦੁਨੀਆ ਦੀ ਪਹਿਲੀ ਕਵਿਤਾ ਅਖਾਣ ਸਨ। ਜਦੋਂ ਅਜੇ ਲਿਖਣ-ਪੜ੍ਹਨ ਦਾ ਰਿਵਾਜ ਚਾਲੂ ਨਹੀਂ ਸੀ ਹੋਇਆ ਤਾਂ ਲੋਕ ਬਹੁਤ ਕੁਝ ਜ਼ੁਬਾਨੀ ਯਾਦ ਰੱਖਦੇ ਸਨ। ਸੈਂਕੜੇ ਸਾਲਾਂ ਦੇ ਅਨੁਭਵ ਮਗਰੋਂ ਲੋਕਾਂ ਨੂੰ ਆਪਣੇ ਕਾਰ-ਵਿਹਾਰ, ਨਿਤਾਪ੍ਰਤੀ ਦੇ ਜੀਵਨ ਜਾਂ ਪ੍ਰਕਿਰਤੀ ਬਾਰੇ ਕੋਈ ਢੁੱਕਵੀਂ ਸਚਾਈ ਭਾਸਦੀ ਤਾਂ ਉਹ ਅਖਾਣ ਬਣ ਕੇ ਪ੍ਰਚੱਲਤ ਹੋ ਜਾਂਦੀ। ਲੋਕੀਂ ਉਸ ਨੂੰ ਤੁਕ-ਬੰਦੀ 'ਚ ਵੀ ਗੁੰਦ ਲੈਂਦੇ ਸਨ। ਪੰਜਾਬ ਦੇ ਅਖਾਣਾਂ 'ਚੋਂ ਖੇਤੀਬਾੜੀ, ਮੀਂਹ, ਸੂਰਜ, ਜਾਤੀਆਂ ਦੇ ਗੁਣ-ਔਗੁਣ, ਆਦਤਾਂ ਤੇ ਸੁਭਾਅ, ਰਿਸ਼ਤਿਆਂ ਪ੍ਰਤੀ ਸੂਝ, ਵਿਵਹਾਰਾਂ ਤੇ ਕੰਮਾਂ ਪ੍ਰਤੀ ਨਿਚੋੜ ਉਜਾਗਰ ਹੁੰਦਾ ਹੈ। ਪੰਜਾਬ ਖੇਤੀ ਪ੍ਰਧਾਨ ਰਾਜ ਰਿਹਾ ਹੈ। ਪੰਜਾਬੀਆਂ ਦੀ ਖੇਤਾਂ 'ਚ ਕੀਤੀ ਕਿਰਤ ਨੂੰ ਦੂਜੇ ਧੰਦਿਆਂ ਨਾਲੋਂ ਉੱਤਮ ਸਮਝਿਆ ਜਾਂਦਾ ਸੀ ਕਿਉਂਕਿ ਕਿਸਾਨ ਸਭ ਦੀਆਂ ਗਰਜਾਂ ਪੂਰੀਆਂ ਕਰਦਾ ਸੀ ਤੇ ਕਿਰਤੀ ਵਰਗ ਵੀ ਖੇਤੀ ਨਾਲ ਹੀ ਜੁੜੇ ਹੁੰਦੇ ਸਨ-

'ਉੱਤਮ ਖੇਤੀ, ਮੱਧਮ ਵਪਾਰ ਨਖਿੱਧ ਚਾਕਰੀ ਭੀਖ ਗਵਾਰ।' ਬਹੁਤ ਸਾਰੇ ਅਖਾਣਾਂ 'ਚ ਜੱਟ ਦੀ ਮੰਦਹਾਲੀ, ਗ਼ਰੀਬੀ ਸਖ਼ਤ ਮਿਹਨਤ ਤੇ ਇਸ ਤੋਂ ਉਤਪੰਨ ਹੋਣ ਵਾਲੀਆਂ ਹੋਰ ਮੁਸ਼ਕਲਾਂ ਦਾ ਵੀ ਭਰਪੂਰ ਵਰਨਣ ਹੋਇਆ ਹੈ। ਜਿਵੇਂ

'ਹਲ ਵਾਹ ਪੱਠਿਆਂ ਨੂੰ ਜਾਣਾ, ਜੱਟਾ ਤੇਰੀ ਜੂਨ ਬੁਰੀ।'

'ਕਲਰ ਖੇਤ, ਹਲ ਉਖੜੂ ਢੱਗੇ ਬਹਿ ਬਹਿ ਜਾਣ।

ਨਾਰ ਕੁਲਹਿਣੀ, ਕੌੜ ਗਾਂ, ਸਭ ਸ਼ੇਖੀਆਂ ਭੁੱਲ ਜਾਣ।'

ਪੰਜਾਬੀ ਸੱਭਿਆਚਾਰ 'ਚ ਮੰਗਣਾ ਮਰ ਜਾਣ ਦੇ ਬਰਾਬਰ ਸਮਝਿਆ ਜਾਂਦਾ ਹੈ। 'ਮੰਗਣ ਗਿਆ ਸੋ ਮਰ ਗਿਆ ਮੰਗਣ ਮੂਲ ਨਾ ਜਾ।'

ਪੰਜਾਬੀ ਸੱਭਿਆਚਾਰ 'ਚ ਕਿਰਤ ਦੀ ਹੀ ਵਡਿਆਈ ਹੋਈ ਹੈ ਤੇ ਕਿਰਤੀ ਦਾ ਲੋਕ ਮਨ 'ਚ ਸਤਿਕਾਰ ਤੇ ਸਨਮਾਨ ਹੈ ਜਿਵੇਂ :

'ਕਰ ਕਾਰ ਨਾ ਆਵੇ ਹਾਰ।'

'ਕਰ ਮਜੂਰੀ ਖਾਹ ਚੂਰੀ।'

ਅਖਾਣਾਂ ਦੇ ਸ਼ਬਦਾਂ 'ਚ ਸਦੀਵੀ ਸੱਚ ਹੁੰਦਾ ਹੈ ਜਿਹੜਾ ਕਿਸੇ ਤਰ੍ਹਾਂ ਵੀ ਝੁਠਲਾਇਆ ਨਹੀਂ ਜਾ ਸਕਦਾ ਜਿਵੇਂ -'ਗੱਲ ਕਹਿੰਦੀ ਤੂੰ ਮੈਨੂੰ ਮੂੰਹੋਂ ਕੱਢ, ਮੈਂ ਤੈਨੂੰ ਸ਼ਹਿਰੋਂ ਕੱਢਦੀ ਹਾਂ।'

'ਗੌਂ ਭੁਨਾਵੇਂ ਜੌਂ, ਭਾਵੇਂ ਗਿੱਲੇ ਹੀ ਹੋਣ।' ਘਰ ਉਹਲੇ ਪ੍ਰਦੇਸ ਵਰਗੀ ਗੱਲ ਸਹਿਜੇ ਹੀ ਅਖਾਣ ਦਾ ਰੂਪ ਧਾਰਨ ਕਰ ਲੈਂਦੀ ਹੈ। ਜੀਵਨ ਦੇ ਹਰ ਕੌੜੇ ਮਿੱਠੇ ਅਨੁਭਵ ਘੋਖ ਪੜਤਾਲ ਤੋਂ ਬਾਅਦ ਅਖਾਣਾਂ ਦਾ ਰੂਪ ਧਾਰਨ ਕਰ ਗਏ। ਜਿਵੇਂ :

'ਜਿਸ ਪਿੰਡ ਨਹੀਂ ਜਾਣਾ ਉਸ ਦਾ ਰਾਹ ਕਾਹਨੂੰ ਪੁੱਛਣਾ।'

'ਚੋਰਾਂ ਦੇ ਕੱਪੜੇ, ਡਾਂਗਾਂ ਦੇ ਗਜ਼।'

ਕਈ ਵਾਰ ਕੋਈ ਮਨੁੱਖ, ਕਿਸੇ ਹੋਰ ਮਨੁੱਖ ਦਾ ਵਿਵਹਾਰ, ਉਸ ਦੇ ਮਨ ਵਿਚਲੀਆਂ ਭਾਵਨਾਵਾਂ ਜਾਂ ਉਸ ਦੀਆਂ ਹਰਕਤਾਂ ਨੂੰ ਦੇਖਦਾ, ਪਰਖਦਾ ਹੈ। ਉਸ ਬਾਰੇ ਜੋ ਸਿੱਟਾ ਕੱਢ ਕੇ ਲਿਖਦਾ ਜਾਂ ਬੋਲਦਾ ਹੈ ਤਾਂ ਜਦੋਂ ਉਹਨਾਂ ਬੋਲਾਂ ਨੂੰ ਲੋਕਾਂ ਦੁਆਰਾ ਅਪਣਾ ਕੇ ਬਾਰ ਬਾਰ ਬੋਲਿਆ ਜਾਂਦਾ ਹੈ ਤਾਂ ਉਹ ਬੋਲ ਲੋਕਾਂ ਦੀ ਜ਼ੁਬਾਨ 'ਤੇ ਚੜ੍ਹ ਕੇ ਅਖਾਣ ਦਾ ਰੂਪ ਧਾਰਨ ਕਰ ਲੈਂਦੇ ਹਨ। ਅਖਾਣਾਂ ਵਿਚੋਂ ਲੋਕ ਸਿਆਣਪ ਦੀ ਝਲਕ ਦਿਖਾਈ ਦਿੰਦੀ ਹੈ।

'ਹੱਥ ਨਾ ਅੱਪੜੇ, ਥੂਹ ਕੌੜੀ।'

'ਉਠ ਨਾ ਸਕੇ ਫਿੱਟੇ ਮੂੰਹ ਗੋਡਿਆਂ ਦਾ'

ਕਾਰ ਜਾਂ ਕਿੱਤਾ ਮਨੁੱਖ ਦੇ ਜੀਵਨ ਦਾ ਮੁੱਖ ਹਿੱਸਾ ਹੈ ਕਿੱਤਾ ਦੀ ਸਫ਼ਲਤਾ ਹੀ ਆਰਥਿਕ ਮੁਕਤੀ ਦਾ ਪਿੜ ਬੰਨ੍ਹਦੀ। ਸਦੀਆਂ ਤੋਂ ਕਿੱਤੇ ਵਿਚ ਰੁੱਝਿਆ ਮਨੁੱਖ ਸਦਾਚਾਰ ਦੀ ਮੰਗ ਕਰਦਾ ਆਇਆ ਹੈ। ਔਰਤ ਦੇ ਸਤਿਕਾਰ ਤੋਂ ਬਿਨਾਂ ਕੋਈ ਸਮਾਜ ਤਰੱਕੀ ਨਹੀਂ ਕਰ ਸਕਦਾ :

'ਆਓ ਜਾਨੀ ਕੰਮ ਕਰੀਏ, ਨਾ ਕੰਮਾਂ ਬਾਝ ਮਜੂਰੀਆਂ।
ਖੰਡ ਬਾਝ ਨਾ ਸ਼ਰਬਤ ਮਿੱਠੇ, ਘਿਉ ਬਾਝ ਨਾ ਚੂਰੀਆਂ।
ਭਾਈਆਂ ਬਾਝ ਨਾ ਬਾਹਾਂ ਤੇ ਨਾ, ਰਿਜਕ ਬਾਝ ਮਗਰੂਰੀਆ।'

ਅਖਾਣ ਸ਼ਬਦਾਂ ਦਾ ਇਕ ਵਾਕ ਲਿਖ ਦੇਣ ਨਾਲ ਹੋਂਦ 'ਚ ਨਹੀਂ ਆਉਂਦੀ। ਇਸ 'ਚ ਮਨੁੱਖ ਦੇ ਨਾਲ ਹਜ਼ਾਰਾਂ ਵਰ੍ਹਿਆਂ ਦਾ ਅਨੁਭਵ ਉਸ ਦੇ ਅੰਗ-ਸੰਗ ਤੁਰ ਰਿਹਾ ਹੁੰਦਾ ਹੈ। ਇਹ ਮਨੁੱਖੀ ਦਿਲਾਂ 'ਚ ਵੱਸਦਾ ਅਤੇ ਜੀਵਨ ਦੀਆਂ ਹਕੀਕਤਾਂ ਰੂਪਮਾਨ ਕਰਦਾ ਹੈ :

'ਦੰਦਾਂ ਤੋਂ ਗਿਆ ਚਿੱਥਣੋਂ, ਗੋਡਿਆਂ ਤੋਂ ਗਿਆ ਉਠਣੋਂ'
ਅੱਖੀਆਂ ਤੋਂ ਗਿਆ ਦਿਸਣੋਂ, ਕੀ ਜੱਲਣਾ ਤੇਰਾ ਰੁੱਸਣੋਂ।'

ਅਨੇਕਾਂ ਅਖਾਣ ਤਜਰਬੇ ਤੋਂ ਨਿਕਲਣ ਵਾਲੇ ਸਿੱਟਿਆਂ 'ਤੇ ਆਧਾਰਿਤ ਵੀ ਵੇਖੇ ਜਾ ਸਕਦੇ ਹਨ। ਜਿਵੇਂ

'ਸਰਫ਼ਾ ਕਰ ਕੇ ਸੁੱਤੀ, ਆਟਾ ਖਾ ਗਈ ਕੁੱਤੀ।'

'ਸਖੀ ਨਾਲੋਂ ਸੂਮ ਭਲਾ,ਜਿਹੜਾ ਤੁਰਤ ਦੇਵੇ ਜਵਾਬ।'

ਦੁੱਖ ਸੁੱਖ ਦੀ ਟੱਕਰ ਨਾਲ ਵੀ ਅਖਾਣ ਦਾ ਜਨਮ ਹੁੰਦਾ ਹੈ। ਜਿਵੇਂ

'ਦਹੀਂ ਭੁਲਾਵੇਂ ਕਪਾਹ ਦੀ ਫੁੱਟੀ ਨਹੀਂ ਖਾਈਦੀ।'

'ਦੰਦਾਂ ਦਾ ਪੀਠਾ ਮੰਦਾ, ਚੱਕੀ ਦਾ ਪੀਠਾ ਚੰਗਾ।'

ਕਈ ਵਾਰ ਅਖਾਣਾਂ ਵਿਚਲੀ ਸੂਝ-ਬੂਝ ਚੜ੍ਹਦੀ ਕਲਾ ਵੱਲ ਲੈ ਜਾਣ ਲਈ ਹੰਭਲਾ ਮਾਰਦੀ ਹੈ। ਜਿਵੇਂ-

'ਜਿਹਾ ਮੂੰਹ ਤੇਹੀ ਚਪੇੜ।'

'ਢੱਗਿਆ ਤੈਨੂੰ ਚੋਰ ਲੈ ਜਾਣ ਯਾਰਾਂ ਪੱਠੇ ਹੀ ਖਾਣੇ ਨੇ।'

ਕੁਝ ਅਖਾਣ ਜੋ ਅੱਜ ਸਾਡੀ ਬੋਲ-ਚਾਲ ਦਾ ਹਿੱਸਾ ਹਨ, ਉਹ ਆਰੀਆ ਜਾਤੀ ਦੇ ਮੁੱਢਲੇ ਅਨੁਭਵ ਸਨ, ਜਿਵੇਂ-

'ਅੱਗ ਬਿਨ੍ਹਾਂ ਧੂੰਆਂ ਨਹੀਂ ਨਿਕਲਦਾ।'

'ਨਦੀ ਨਾਂਵ ਸੰਜੋਗੀ ਮੇਲੇ।'

ਕਿਸੇ ਵੀ ਭਾਸ਼ਾ ਨੂੰ ਬੋਲੇ ਜਾਣ ਵਾਲੇ ਮੁਹਾਵਰੇ ਤੇ ਅਖਾਣ ਅਮੀਰੀ ਬਖ਼ਸ਼ਦੇ ਹਨ। ਇਨ੍ਹਾਂ ਨਾਲ ਮਨੁੱਖ ਦੀ ਸਾਂਝ ਸਦੀਵੀ ਹੈ। ਜੇ ਪਿਆਰ ਤੇ ਮਿਠਾਸ ਦਾ ਸੰਗਮ ਵੇਖਣਾ ਹੋਵੇ ਤਾਂ ਪੰਜਾਬ ਦੇ ਇਹ ਅਖਾਣ ਮੂਹਰੇ ਰੱਖਣੇ ਪੈਣਗੇ।

ਲੋਕ ਜੀਵਨ ਦੇ ਲੰਬੇ ਤਜਰਬਿਆਂ ਅਤੇ ਅਨੁਭਵਾਂ ਨੂੰ ਲੋਕ ਬੋਲੀ ਦੁਆਰਾ ਬਹੁਤ ਹੀ ਸੰਖੇਪ ਪ੍ਰੰਤੂ ਢੁਕਵੀਂ ਸ਼ੈਲੀ ਰਾਹੀਂ ਵਾਕਾਂ, ਤੁਕਾਂ ਰਾਹੀਂ ਅਖਾਣ ਨੂੰ ਪ੍ਰਗਟਾਇਆ ਗਿਆ ਹੁੰਦਾ ਹੈ। ਪੰਜਾਬ 'ਚ ਇਸ ਲਈ ਅਖੌਤ, ਕਹਾਵਤ ਸ਼ਬਦ ਵਰਤੇ ਜਾਂਦੇ ਹਨ। ਲੋਕ ਜੀਵਨ ਨਾਲ ਹੰਢ ਕੇ ਪ੍ਰਵਾਨ ਹੋਏ ਅਖਾਣ ਸਾਡੇ ਜੀਵਨ ਦੀ ਕਈ ਪੱਖਾਂ ਤੋਂ ਅਗਵਾਈ ਕਰਦੇ ਹਨ। ਇਨ੍ਹਾਂ ਦੀ ਸੱਭਿਆਚਾਰਕ, ਸਾਹਿਤਕ ਤੇ ਭਾਸ਼ਾਈ ਮਹੱਤਤਾ ਇਸ ਦੀ ਜੀਵਨ 'ਚ ਨਿਤਾਪ੍ਰਤੀ ਵਰਤੋਂ ਤੇ ਅਮੁੱਲ ਭੰਡਾਰ 'ਚੋਂ ਸਹਿਜੇ ਹੀ ਪਛਾਣੀ ਜਾ ਸਕਦੀ ਹੈ।

# ਇਨਸਾਨੀ ਕਦਰਾਂ-ਕੀਮਤਾਂ



**ਸੁੰਦਰਪਾਲ 'ਪ੍ਰੇਮੀ'**

ਉਹ ਵਕਤ ਕਿੰਨਾ ਭਾਗਾਂ ਭਰਿਆ ਸੀ ਜਦੋਂ ਲੋਕਾਂ ਵਿਚ ਆਪਸੀ ਮਿਲਵਰਤਨ ਤੇ ਭਾਈਚਾਰਕ ਸਾਂਝ ਦੀ ਗੁੱਡੀ ਚੜ੍ਹੀ ਹੋਈ ਸੀ। ਇਕ-ਦੂਜੇ ਦੇ ਦੁਖ-ਸੁਖ ਵੰਡਾਉਣ ਵਿਚ ਮੋਹਰੀ ਰੋਲ ਨਿਭਾਇਆ ਜਾਂਦਾ ਸੀ। ਰਿਸ਼ਤੇ-ਨਾਤੇ ਕਰਾਉਣ ਵਿਚ ਖ਼ੁਸ਼ੀ ਦਾ ਅਹਿਸਾਸ ਕੀਤਾ ਜਾਂਦਾ ਸੀ। ਜ਼ਬਾਨ ਦਾ ਮੁੱਲ ਸੀ। ਆਪਸੀ ਵਿਸ਼ਵਾਸ ਦੀ ਤੰਦ ਮਜ਼ਬੂਤ ਸੀ। ਪਿੱਠ ਵਿਚ ਛੁਰੀ ਮਾਰਨ ਤੇ ਦੂਜੇ ਨੂੰ ਗੁਮਰਾਹ ਕਰਨ ਦਾ ਰੁਝਾਨ ਹਾਸ਼ੀਏ 'ਤੇ ਸੀ। ਪਰਿਵਾਰਕ, ਸਮਾਜਿਕ ਜੀਵਨ ਸੁਖਮਈ ਸੀ। ਜ਼ਮੀਨ-ਜਾਇਦਾਦ ਦੇ ਝਗੜੇ ਆਟੇ ਵਿਚ ਲੂਣ ਸਮਾਨ ਸਨ। ਸਾਂਝੇ ਪਰਿਵਾਰ ਵਾਲਾ, ਘਰੇਲੂ ਮਾਹੌਲ ਸੁਖਾਵਾਂ ਸੀ। ਨਗਰ ਦੀ ਧੀ-ਭੈਣ ਨੂੰ ਆਪਣੀ ਧੀ-ਭੈਣ ਸਮਝਿਆ ਜਾਂਦਾ ਸੀ। ਅਜੋਕੇ ਯੁੱਗ ਵਿਚ ਇਮਾਨਦਾਰੀ, ਸੱਚਾਈ ਤੇ ਪਰਿਵਾਰਕ ਪ੍ਰੇਮ ਦਾ ਸਮਾਜਿਕ ਤੌਰ 'ਤੇ ਕਾਬਲੇ-ਤਾਰੀਫ਼ ਵਰਤ-ਵਰਤਾਰਾ ਬੀਤੇ ਸਮੇਂ ਦੀ ਕਹਾਣੀ ਬਣ ਗਿਆ ਹੈ। ਇਨਸਾਨੀ ਰਿਸ਼ਤਿਆਂ ਨਾਲੋਂ ਪੈਸੇ ਨੂੰ ਪਹਿਲ ਦਿੱਤੀ ਜਾਂਦੀ ਹੈ। ਖ਼ੂਨ ਦੇ ਰਿਸ਼ਤਿਆਂ ਵਿਚ ਵੀ ਪਿਆਰ ਦੀ ਗੰਗਾ ਗੰਧਲੀ ਹੋ ਗਈ ਹੈ। ਵੰਡ-ਵੰਡਾਰੇ ਸਮੇਂ ਮਾਪੇ ਵੀ ਵੰਡੇ ਜਾਂਦੇ ਹਨ। ਬਜ਼ੁਰਗਾਂ ਦਾ ਮਾਣ-ਸਨਮਾਨ ਸੁਪਨਾ ਬਣ ਗਿਆ ਹੈ। ਘਰਾਂ ਵਿਚ ਇਨ੍ਹਾਂ ਦੀ ਕੋਈ ਅਹਿਮੀਅਤ ਪਛਾਣੀ ਨਹੀਂ ਜਾਂਦੀ। ਇਸੇ ਕਰਕੇ ਬਿਰਧ ਆਸ਼ਰਮਾਂ ਦਾ ਮੰਦਭਾਗਾ ਸੱਭਿਆਚਾਰ ਜੋਬਨ 'ਤੇ ਆ ਗਿਆ ਹੈ। ਬਜ਼ੁਰਗ ਆਪਣੇ ਧੀਆਂ-ਪੁੱਤਾਂ, ਪੋਤੇ-ਪੋਤੀਆਂ ਦੇ ਪਿਆਰ ਤੋਂ ਵਾਂਝੇ ਹੋ ਗਏ ਹਨ। ਆਮ ਤੌਰ 'ਤੇ ਘਰਾਂ ਵਿਚ ਬਜ਼ੁਰਗਾਂ ਦੀ ਹੋਣੀ ਫਟੇ ਹੋਏ ਦੁੱਧ ਵਰਗੀ ਨਜ਼ਰ ਆ ਰਹੀ ਹੈ। ਘਰੇਲੂ ਮਾਹੌਲ ਨੂੰ ਗ੍ਰਹਿਣ ਲੱਗਣ ਕਰਕੇ ਬਜ਼ੁਰਗਾਂ ਪ੍ਰਤੀ ਸਤਿਕਾਰ ਦੀ ਦ੍ਰਿਸ਼ਟੀ ਦੀ ਅਣਹੋਂਦ, ਇਨਸਾਨੀ ਕਦਰਾਂ-ਕਮੀਤਾਂ ਨੂੰ ਨਕਾਰਨ ਕਰਕੇ ਹੈ।

ਇਨਸਾਨੀ ਕਦਰਾਂ ਨੂੰ ਖੂੰਜੇ ਲਾਉਣ ਕਰਕੇ ਦਾਜ ਦੀ ਸਮਾਜਿਕ ਬੁਰਾਈ ਕਰਕੇ ਲੜਕੇ ਦਾ ਮੁੱਲ ਪਾਇਆ ਜਾਂਦਾ ਹੈ। ਫਿਰ ਵੀ ਸਹੁਰੇ ਘਰ ਨੂੰਹ ਦੇ ਰੂਪ ਵਿਚ ਬਣਦਾ ਮੋਹ-ਪਿਆਰ ਨਹੀਂ ਕੀਤਾ ਜਾਂਦਾ। ਤਿਉਹਾਰਾਂ ਵੇਲੇ ਵੀ ਸਹੁਰਿਆਂ ਦਾ ਲਾਲਚ ਸਿਖਰ 'ਤੇ ਹੁੰਦਾ ਹੈ। ਉਂਗਲਾਂ ਦੇ ਗਿਣੇ ਜਾਣ ਵਾਲੇ ਨੇਕ, ਸਾਊ ਸਹੁਰੇ ਕਿਸੇ ਕਿਸਮ ਦੇ ਲੋਭ ਤੋਂ ਕਿਨਾਰਾ ਕਰਕੇ ਨੂੰਹ ਨੂੰ ਧੀ ਵਾਂਗ ਸਮਝਦੇ ਹਨ। ਇਨਸਾਨੀਅਤ ਦਾ ਗਲਾ ਘੁੱਟਣ ਕਰਕੇ, ਨਿੱਤ ਕੋਈ ਨਾ ਕੋਈ ਨੂੰਹ ਦਾਜ ਦੀ ਬਲੀ ਚੜ੍ਹਦੀ ਹੈ। ਖਾਕੀ ਵਰਦੀ ਵੀ ਇਨਸਾਨੀ ਕਦਰਾਂ-ਕਮੀਤਾਂ ਨੂੰ ਟਿੱਚ ਜਾਣਦੀ ਹੋਈ ਪੀੜਤਾ ਨਾਲ ਇਨਸਾਫ ਨਹੀਂ ਕਰਦੀ। ਸਰਕਾਰਾਂ ਵੀ ਇਨਸਾਨੀਅਤ ਤੋਂ ਮੁਖ ਮੋੜ ਕੇ ਪੀੜਤਾਂ ਦਾ ਸਹਾਰਾ ਨਹੀਂ ਬਣਦੀਆਂ। ਇਸੇ ਰੋਸ ਵਜੋਂ ਧਰਨੇ ਮੁਜ਼ਾਹਰਿਆਂ ਲਈ ਪੀੜਤਾਂ ਨੂੰ ਮਜਬੂਰ ਹੋਣਾ ਪੈਂਦਾ ਹੈ। ਖਾਣ-ਪੀਣ ਦੀਆਂ ਚੀਜ਼ਾਂ ਵਿਚ ਮਿਲਾਵਟਖੋਰਾਂ ਦੇ ਗੋਰਖਧੰਦੇ ਨੇ ਇਨਸਾਨੀ ਜ਼ਿੰਦਗੀ ਨੂੰ ਕੱਖੋਂ ਹੌਲੀ ਕਰਕੇ ਬਿਮਾਰੀਆਂ ਦੇ ਵੱਸ ਪਾ ਦਿੱਤਾ ਹੈ। ਮਿਲਾਵਟਖੋਰੀ ਨੇ ਜਿੱਥੇ ਇਨਸਾਨੀ ਕਦਰਾਂ-ਕੀਮਤਾਂ ਨੂੰ ਠੁਕਰਾਇਆ ਹੈ, ਉੱਥੇ ਸ਼ੁੱਧ ਚੀਜ਼ਾਂ ਲਈ ਮਨੁੱਖ ਤਰਸ ਰਿਹਾ ਹੈ। ਅਨਮੋਲ ਜ਼ਿੰਦਗੀ ਨਾਲ ਖਿਲਵਾੜ ਕਰਨ ਵਾਲੇ ਮਿਲਾਵਟਖੋਰ ਬੇਸ਼ੱਕ ਪਾਪਾਂ ਦੇ ਭਾਗੀ ਬਣਦੇ ਹਨ, ਪਰ ਇਹ ਅੰਨ੍ਹੇ ਲੋਭ ਨੂੰ ਪਹਿਲ ਦਿੰਦੇ ਹਨ। ਨਕਲੀ ਖਾਦ, ਨਕਲੀ ਬੀਜ ਹੋਰ ਚੀਜ਼ਾਂ ਦੇ ਮਿਆਰ ਨਾਲ ਵਾਸਤਾ ਪਾਉਣ ਵਿਚ ਕੋਈ ਰੁਚੀ ਨਹੀਂ ਹੈ। ਕੀਟਨਾਸ਼ਕ ਦਵਾਈਆਂ ਵੀ ਇਨਸਾਨੀ ਕਦਰਾਂ ਕੀਮਤਾਂ ਦਾ ਗਲਾ ਘੁਟਦੀਆਂ ਹਨ। ਭ੍ਰਿਸ਼ਟਾਚਾਰ ਦਾ ਦੈਂਤ ਇਨਸਾਨੀ ਕਦਰਾਂ ਦਾ ਮੂੰਹ ਚਿੜਾਉਂਦਾ ਹੋਇਆ ਆਪਣੀ ਦਾਦਾਗਿਰੀ ਦਾ ਸਿੱਕਾ ਜਮਾ ਰਿਹਾ ਹੈ। ਜਾਇਜ਼/ਨਜਾਇਜ਼ ਕੰਮ ਚਾਂਦੀ ਦੀ ਜੁੱਤੀ ਮਾਰੇ ਬਿਨਾਂ ਸਿਰੇ ਨਹੀਂ ਚੜ੍ਹ ਸਕਦੇ। ਜ਼ਿਆਦਾਤਰ ਮਹਿਕਮਿਆਂ, ਅਦਾਰਿਆਂ ਨੇ ਇਨਸਾਨੀ ਕਦਰਾਂ-ਕੀਮਤਾਂ ਦਾ ਗਲਾ ਘੁੱਟ ਕੇ ਭ੍ਰਿਸ਼ਟਾਚਾਰ ਨੂੰ ਗਲ ਲਾਇਆ ਹੋਇਆ ਹੈ। ਬਿਨਾਂ ਮੱਥਾ ਡੰਮ੍ਹਿਆਂ, ਖੱਜਲ ਖੁਆਰੀ ਦਾ ਸੰਤਾਪ ਭੋਗਣਾ ਪੈਂਦਾ ਹੈ। ਨੈਤਿਕਤਾ ਦੇ ਸੁਨਹਿਰੀ ਅਸੂਲਾਂ ਨੂੰ ਅਪਨਾਏ ਬਿਨਾਂ ਮਨੁੱਖਤਾ ਦੀ ਭਲਾਈ ਨਹੀਂ ਹੋ ਸਕਦੀ। ਅਮਨ-ਅਮਾਨ ਦੇ ਫੁੱਲ ਨਹੀਂ ਖਿੜ ਸਕਦੇ। ਇਨਸਾਨੀ ਕਦਰਾਂ-ਕੀਮਤਾਂ ਵਿਚ ਖੇੜਾ ਹੈ। ਆਪਸੀ ਪਿਆਰ ਹੈ। ਧੋਖਾ, ਹੇਰਾਫੇਰੀ, ਬੇਈਮਾਨੀ ਨੂੰ ਠੋਕਰ ਮਾਰੀ ਜਾਂਦੀ ਹੈ। ਲੋਭ-ਲਾਲਚ ਨੂੰ ਕੋਈ ਸਥਾਨ ਦੇਣ ਦੀ ਬਜਾਏ ਇਨਸਾਨੀ ਰਿਸ਼ਤਿਆਂ ਨੂੰ ਪਹਿਲ ਦਿੱਤੀ ਜਾਂਦੀ ਹੈ। ਸਰਕਾਰਾਂ ਦਾ ਫ਼ਰਜ਼ ਬਣਦਾ ਹੈ ਕਿ ਉਹ ਇਨਸਾਨੀ ਕਦਰਾਂ-ਕੀਮਤਾਂ ਦਾ ਸਤਿਕਾਰ ਕਰਨ। ਆਪਣੀ ਜ਼ਿੰਦਗੀ ਵਿਚ ਇਨ੍ਹਾਂ ਨੂੰ ਅਹਿਮ ਸਥਾਨ ਦੇ ਕੇ ਲੋਕਾਂ ਦੀ ਭਲਾਈ ਕਰਨ ਵਿਚ ਮੋਹਰੀ ਯੋਗਦਾਨ ਪਾਉਣ। ਖ਼ੁਦ ਇਮਾਨਦਾਰੀ, ਇਨਸਾਫ਼ਪਸੰਦਗੀ, ਨਿਮਰਤਾ, ਸੱਚਾਈ ਦਾ ਮਾਡਲ ਬਣ ਕੇ ਲੋਕਾਂ ਪ੍ਰਤੀ ਆਪਣਾ ਨੈਤਿਕ ਧਰਮ ਨਿਭਾਉਣ। ਫਿਰ ਹੀ ਹੜਤਾਲਾਂ ਤੇ ਧਰਨੇ ਮੁਜ਼ਾਹਰਿਆਂ (ਅਰਥੀ -ਫੂਕ) ਤੋਂ ਛੁਟਕਾਰਾ ਮਿਲ ਸਕਦਾ ਹੈ। ਇਸ ਸਭ ਤੋਂ ਇਹ ਸਿੱਟਾ ਕੱਢਿਆ ਜਾ ਸਕਦਾ ਹੈ ਕਿ ਇਨਸਾਨੀ ਕਦਰਾਂ-ਕੀਮਤਾਂ ਦੇ ਆਸ਼ਕ ਬਣੇ ਬਿਨਾਂ ਸੁੱਖ-ਸ਼ਾਂਤੀ ਤੇ ਖੇੜਿਆਂ ਭਰਪੂਰ ਜੀਵਨ ਦਾ ਆਨੰਦ ਨਹੀਂ ਲਿਆ ਜਾ ਸਕਦਾ। ਆਪਸੀ ਪਿਆਰ, ਆਪਸੀ ਸਹਿਚਾਰ, ਮਿਲਵਰਤਨ ਦੇ ਫੁੱਲ ਇਨਸਾਨੀ ਕਦਰਾਂ ਦੇ ਬਗੀਚੇ ਵਿਚ ਖਿੜ ਸਕਦੇ ਹਨ। ਇਨਸਾਨੀ ਕਦਰਾਂ-ਕੀਮਤਾਂ ਦੀ ਚੜ੍ਹਤ ਜ਼ਿੰਦਗੀ ਨੂੰ ਵਰਦਾਨ ਬਣਾ ਸਕਦੀ ਹੈ, ਮੋਰਾਂ ਵਾਂਗ ਪੈਲਾਂ ਪੁਆ ਸਕਦੀ ਹੈ। ਇਨ੍ਹਾਂ ਕਦਰਾਂ ਨੂੰ ਅਪਣਾਏ ਬਿਨਾਂ ਸੱਭਿਆ ਸਮਾਜ ਦੀ ਆਸ ਨਹੀਂ ਕੀਤੀ ਜਾ ਸਕਦੀ। ਜ਼ਿੰਦਗੀ ਸਰਾਪ ਬਣ ਸਕਦੀ ਹੈ।

ਸੰਪਰਕ: 98140-51099

# ਛਿੱਲੜਾਂ ਨੂੰ ਸੁੱਟੋ ਨਾ, ਇਹ ਬਹੁਤ ਹੀ ਗੁਣਕਾਰੀ ਨੇ



**ਡਾ. ਅਮਰੀਕ ਸਿੰਘ ਕੰਡਾ**

ਸੰਤਰੇ ਦੇ ਛਿਲਕਿਆਂ ਨੂੰ ਛਾਂ ਵਿਚ ਸੁਕਾ ਕੇ ਉਸ ਨੂੰ ਪੀਹ ਲਓ, ਥੋੜ੍ਹੀ ਜਿਹੀ ਮਲਾਈ ਅਤੇ ਮੁਲਤਾਨੀ ਮਿੱਟੀ ਨਾਲ ਬਣਿਆ ਹੋਇਆ ਇਹ ਫੇਸ ਪੈਕ ਤੁਹਾਡੀ ਚਮੜੀ ਨੂੰ ਸਾਫ ਅਤੇ ਚਮਕਦਾਰ ਬਣਾ ਦਿੰਦਾ ਹੈ।

ਸੰਤਰੇ ਦੇ ਛਿਲਕਿਆਂ ਨੂੰ ਚਾਹ ਦੇ ਉੱਬਲਦੇ ਪਾਣੀ ਵਿਚ ਪਾ ਦਿਓ, ਇਸ ਨਾਲ ਚਾਹ ਖੁਸ਼ਬੂਦਾਰ ਅਤੇ ਸੁਆਦੀ ਬਣੇਗੀ।

ਤੋਰੀ ਦੇ ਛਿਲਕਿਆਂ ਨੂੰ ਬਾਰੀਕ-ਬਾਰੀਕ ਕੱਟੋ ਫਿਰ ਨਮਕ, ਮਿਰਚ ਅਤੇ ਹਿੰਗ ਦੇ ਨਾਲ ਥੋੜ੍ਹੇ ਜਿਹੇ ਤੇਲ ਵਿਚ ਪਾ ਕੇ ਉਸ ਦੀ ਸਬਜ਼ੀ ਬਣਾ ਲਓ। ਘੱਟ ਤੇਲ ਵਾਲੀ ਮਸਾਲੇ ਦੀ ਬਣੀ ਹੋਈ ਇਹ ਸਬਜ਼ੀ ਸੁਆਦ ਵਿਚ ਵਧੀਆ ਹੋਣ ਦੇ ਨਾਲ-ਨਾਲ ਪੌਸ਼ਟਿਕ ਵੀ ਬਣੇਗੀ।

ਤਾਜ਼ੇ ਹਰੇ ਮਟਰ ਦੇ ਸਾਫ ਛਿਲਕਿਆਂ ਨੂੰ ਧੋ ਕੇ ਉਨ੍ਹਾਂ ਦਾ ਪਾਣੀ ਸੁਕਾ ਲਓ, ਹੁਣ ਉਨ੍ਹਾਂ ਉਪਰ ਉੱਤਰਣ ਵਾਲੀ ਪਤਲੀ ਜਿਹੀ ਪਰਤ ਨੂੰ ਉਤਾਰ ਕੇ ਛਿਲਕਿਆਂ ਨੂੰ ਬਾਰੀਕ ਕੱਟ ਲਓ, ਥੋੜ੍ਹੇ ਜਿਹੇ ਮਸਾਲੇ ਵਿਚ ਅਤੇ ਹਲਕੀ ਜਿਹੀ ਖਟਿਆਈ ਦੇ ਨਾਲ ਬਣੀ ਖੱਟੀ-ਮਿੱਠੀ ਸਬਜ਼ੀ ਪਰੌਂਠਿਆਂ ਦੇ ਨਾਲ ਬਹੁਤ ਹੀ ਸੁਆਦ ਬਣੇਗੀ ਚਾਹੋ ਤਾਂ ਇਸ ਨੂੰ ਬਾਰੀਕ-ਬਾਰੀਕ ਕੱਟ ਕੇ ਆਲੂ ਵੀ ਪਾ ਸਕਦੇ ਹੋ।

ਕੇਲੇ ਦੇ ਛਿਲਕਿਆਂ ਦੇ ਅੰਦਰ ਵਾਲੇ ਮੁਲਾਇਮ ਹਿੱਸੇ ਨੂੰ ਚਮੜੇ ਦੀ ਕਿਸੇ ਚੀਜ਼, ਜਿਵੇਂ ਜੁੱਤੀ, ਸੈਂਡਲ, ਚੱਪਲ ਜਾਂ ਪਰਸ ਆਦਿ ਉੱਪਰ ਚੰਗੀ ਤਰ੍ਹਾਂ ਮਲੋ ਜਦੋਂ ਉਹ ਚੰਗੀ ਤਰ੍ਹਾਂ ਸੁੱਕ ਜਾਣ ਤਾਂ ਕੱਪੜੇ ਨਾਲ ਰਗੜ ਕੇ ਚੰਗੀ ਤਰ੍ਹਾਂ ਸਾਫ ਕਰ ਲਓ, ਚੀਜ਼ਾਂ ਚਮਕਣ ਲੱਗ ਪੈਣਗੀਆਂ।

ਨਿੰਬੂ ਦੇ ਛਿਲਕਿਆਂ ਨੂੰ ਚਿਹਰੇ ਅਤੇ ਕੂਹਣੀਆਂ 'ਤੇ ਮਲਣ 'ਤੇ ਉਸ ਜਗ੍ਹਾ ਦੀ ਚਮੜੀ ਸਾਫ਼ ਅਤੇ ਚਮਕ ਉੱਠੇਗੀ। ਚਾਹੋ ਤਾਂ ਛਿਲਕਿਆਂ ਨੂੰ ਗਲਿਸਰੀਨ ਵਿਚ ਭਿਉਂ ਕੇ ਵੀ ਕੰਮ ਵਿਚ ਲਿਆ ਸਕਦੇ ਹੋ। ਪਿਆਜ਼ ਅਤੇ ਆਂਡੇ ਦੇ ਛਿਲਕਿਆਂ ਨੂੰ ਉਸ ਜਗ੍ਹਾ 'ਤੇ ਰੱਖ ਦਿਓ ਜਿੱਥੇ ਛਿਪਕਲੀਆਂ ਜ਼ਿਆਦਾ ਹੋਣ, ਛੇਤੀ ਉਸ ਜਗ੍ਹਾ ਤੋਂ ਛਿਪਕਲੀਆ ਭੱਜ ਜਾਣਗੀਆਂ।

ਗੁਲਾਬ ਦੇ ਬੂਟਿਆਂ ਨੂੰ ਜੇਕਰ ਫੁੱਲ ਵਧੀਆ ਨਹੀਂ ਆਉਂਦੇ ਹਨ ਤਾਂ ਉਨ੍ਹਾਂ ਦੀਆਂ ਜੜ੍ਹਾਂ ਵਿਚ ਆਂਡਿਆਂ ਦੇ ਛਿਲਕਿਆਂ ਨੂੰ ਪਾ ਦਿਓ ਇਹ ਬਹੁਤ ਹੀ ਵਧੀਆ ਖਾਦ ਦਾ ਕੰਮ ਦਿੰਦੇ ਹਨ।

ਪਿੱਤਲ ਦੇ ਬਰਤਨ ਜਾਂ ਸ਼ੋਅ ਪੀਸ ਗੰਦੇ ਹੋ ਜਾਣ ਤਾਂ ਨਿੰਬੂ ਦੇ ਛਿਲਕਿਆਂ ਵਿਚ ਥੋੜ੍ਹਾ ਜਿਹਾ ਨਮਕ ਪਾ ਕੇ ਉਨ੍ਹਾਂ ਪਿੱਤਲ ਦੀ ਚੀਜ਼ਾਂ ਉੱਤੇ ਮਲੋ। ਉਹ ਚੀਜ਼ਾਂ ਚਮਕ ਪੈਣਗੀਆਂ।

ਹਰੀਆਂ ਸਬਜ਼ੀਆਂ ਦੇ ਛਿਲਕਿਆਂ ਨੂੰ ਅਤੇ ਪਾਲਕ, ਸਾਗ ਆਦਿ ਤੋਂ ਬਚੀਆਂ ਹੋਈਆਂ ਡੰਡੀਆਂ ਨੂੰ ਉਬਾਲ ਕੇ ਉਸ ਦੇ ਪਾਣੀ ਨਾਲ ਸਿਰ ਨਹਾਓ ਵਾਲ ਮਜ਼ਬੂਤ ਅਤੇ ਚਮਕਦਾਰ ਹੋਣ ਦੇ ਨਾਲ-ਨਾਲ ਤੇਜ਼ੀ ਨਾਲ ਵਧਣਗੇ।

ਸਿੰਘਾੜੇ ਦੇ ਛਿਲਕਿਆਂ ਨੂੰ ਸਾਫ਼ ਕਰ ਕੇ ਸਬਜ਼ੀ ਬਣਾਉਣ ਦੇ ਕੰਮ ਲਿਆਇਆ ਜਾ ਸਕਦਾ ਹੈ। ਸਿੰਘਾੜੇ ਦੇ ਛਿਲਕਿਆਂ ਦੀ ਬਣੀ ਹੋਈ ਸਬਜ਼ੀ ਬਹੁਤ ਹੀ ਸੁਆਦ ਅਤੇ ਪੌਸ਼ਟਿਕ ਹੁੰਦੀ ਹੈ।

ਜੇ ਪ੍ਰੈਸ਼ਰ ਕੁੱਕਰ ਅੰਦਰ ਤੋਂ ਬਹੁਤ ਹੀ ਗੰਦਾ ਹੋਇਆ ਹੋਵੇ ਤਾਂ ਉਸ ਵਿਚ ਥੋੜ੍ਹਾ ਜਿਹਾ ਪਾਣੀ ਪਾ ਕੇ ਨਿੰਬੂ ਦਾ ਛਿਲਕਾ ਪਾ ਦਿਓ ਕੁੱਕਰ ਚਮਕ ਉੱਠੇਗਾ।

ਬਦਾਮ ਦੇ ਛਿਲਕਿਆਂ ਨੂੰ ਸਾੜ ਕੇ ਉਸ ਵਿਚ ਨਮਕ, ਲੌਂਗ, ਫਟਕੜੀ ਅਤੇ ਵੱਡੀ ਇਲਾਇਚੀ ਨੂੰ ਪੀਸ ਕੇ ਮਿਲਾਓ ਫਿਰ ਕੱਪੜੇ ਨਾਲ ਛਾਣ ਕੇ ਰੱਖ ਲਓ। ਇਸ ਪਾਊਡਰ ਨਾਲ ਦਿਨ ਵਿਚ ਘੱਟ ਤੋਂ ਘੱਟ ਦੋ ਵਾਰ ਦੰਦ ਸਾਫ ਕਰਨ ਨਾਲ ਦੰਦ ਰੋਗ ਮੁਕਤ, ਮਜ਼ਬੂਤ ਅਤੇ ਚਮਕੀਲੇ ਹੋ ਜਾਣਗੇ।

ਕੇਲੇ ਦੇ ਸੁਕਾਏ ਹੋਏ ਛਿਲਕਿਆਂ ਨੂੰ ਸ਼ਾਮ ਨੂੰ ਜਲਾ ਕੇ ਰੱਖਣ ਨਾਲ ਕਮਰੇ ਦੀ ਦੁਰਗੰਧ ਦੂਰ ਹੋ ਜਾਵੇਗੀ ਅਤੇ ਵਾਤਾਵਰਨ ਸਾਫ ਹੋ ਜਾਵੇਗਾ।

ਨਿੰਬੂ ਅਤੇ ਸੰਤਰੇ ਦੇ ਸੁਕਾਏ ਹੋਏ ਛਿਲਕਿਆਂ ਨੂੰ ਪੀਹ ਲਓ ਫਿਰ ਇਸ ਨਾਲ ਦੰਦਾਂ ਨੂੰ ਸਾਫ ਕਰੋ ਦੰਦ ਸਾਫ ਅਤੇ ਮਜ਼ਬੂਤ ਹੋਣਗੇ ਤੇ ਮੂੰਹ ਵਿਚੋਂ ਬਦਬੂ ਨਹੀਂ ਆਵੇਗੀ। ਚਿਹਰੇ 'ਤੇ ਜੇਕਰ ਚੇਚਕ, ਖਸਰਾ ਜਾਂ ਫਿੰਨਸੀਆਂ ਦੇ ਦਾਗ਼ ਹੋਣ ਤਾਂ ਇਕ ਚਮਚਾ ਸੰਤਰੇ ਦੇ ਛਿਲਕਿਆਂ ਦਾ ਪਾਊਡਰ ਵਿਚ ਦੋ ਚਮਚੇ ਦੁੱਧ ਅਤੇ ਦੋ ਚਮਚੇ ਬਦਾਮ ਪੀਸ ਲਓ ਇਸ ਨੂੰ ਚਿਹਰੇ ਅਤੇ ਗਰਦਨ 'ਤੇ ਚੰਗੀ ਤਰ੍ਹਾਂ ਮਲਣ ਦੇ ਬਾਅਦ ਇਕ ਘੰਟੇ ਤੱਕ ਲੱਗਿਆ ਰਹਿਣ ਦਿਓ, ਫਿਰ ਠੰਢੇ ਪਾਣੀ ਨਾਲ ਧੋ ਦਿਓ ਲਗਾਤਾਰ ਪ੍ਰਯੋਗ ਕਰਨ 'ਤੇ ਦਾਗ਼-ਧੱਬੇ ਦੂਰ ਹੋ ਜਾਣਗੇ।

ਚਿਹਰੇ ਉੱਪਰ ਦਾਗ਼ ਧੱਬੇ ਦੂਰ ਕਰਨ ਨਿੰਬੂ ਦੇ ਛਿਲਕਿਆਂ ਨੂੰ ਪ੍ਰਯੋਗ ਕੀਤਾ ਜਾ ਸਕਦਾ ਹੈ, ਨਿੰਬੂ ਦੇ ਛਿਲਕਿਆਂ ਨੂੰ ਪੀਸ ਕੇ ਪਾਊਡਰ ਬਣਾ ਲਓ ਫਿਰ ਉਸ ਪਾਊਡਰ ਵਿਚ ਮੱਖਣ ਮਿਲਾ ਕੇ ਚਿਹਰੇ ਦੇ ਉਪਰ ਮਲਣ ਨਾਲ ਦਾਗ਼-ਧੱਬੇ ਦੂਰ ਹੋ ਜਾਣਗੇ।

ਜੇਕਰ ਅੱਧੇ ਸਿਰ ਦਾ ਦਰਦ ਪਰੇਸ਼ਾਨ ਕਰਦਾ ਹੋਵੇ ਤਾਂ ਨਿੰਬੂ ਦੇ ਛਿਲਕਿਆ ਨੂੰ ਪਾਣੀ ਦੇ ਨਾਲ ਪੀਹ ਕੇ ਉਸ ਦਾ ਲੇਪ ਕਰਨ ਨਾਲ ਅੱਧਾ ਸਿਰ ਦਰਦ ਛੇਤੀ ਹੀ ਠੀਕ ਹੋ ਜਾਵੇਗਾ।

ਮੋਬਾਈਲ : 98557-35666

# ਹਾਸਿਆਂ ਦਾ ਵਣਜਾਰਾ ਭਜਨਾ ਅਮਲੀ

**ਹਰਮੀਤ ਸਿਵੀਆਂ**

ਕਈ ਇਨਸਾਨ ਖ਼ੁਦ ਤਾਂ ਹਸਮੁੱਖ ਹੁੰਦੇ ਹੀ ਹਨ। ਉਹ ਦੂਜਿਆਂ ਨੂੰ ਵੀ ਹਾਸੇ ਵੰਡਦੇ ਹਨ। ਹਸਾਉਣਾ ਵੀ ਇਕ ਕਲਾ ਹੈ ਜੋ ਹਰੇਕ ਕੋਲ ਨਹੀਂ ਹੁੰਦੀ, ਇਸੇ ਲਈ ਤਾਂ ਅੱਜਕੱਲ੍ਹ ਖੁੰਭਾਂ ਵਾਂਗ ਉੱਗ ਰਹੇ ਗਾਇਕਾਂ ਦੇ ਮੁਕਾਬਲੇ ਕਾਮੇਡੀ ਕਲਾਕਾਰ ਗਿਣਤੀ ਦੇ ਹੀ ਹਨ। ਇਨ੍ਹਾਂ ਵਿਚੋਂ ਹੀ ਇਕ ਚਰਚਿਤ ਕਾਮੇਡੀ ਕਲਾਕਾਰ ਹੈ ਗੁਰਦੇਵ ਢਿੱਲੋਂ ਉਰਫ਼ ਭਜਨਾ ਅਮਲੀ।



ਕਾਮੇਡੀ ਖੇਤਰ ਦੀਆਂ ਮੂਹਰਲੀਆਂ ਸਫਾਂ 'ਤੇ ਨਜ਼ਰ ਮਾਰਿਆਂ ਸਾਡੇ ਸਾਹਮਣੇ ਭਜਨਾ ਅਮਲੀ ਨਾਮ ਉੱਭਰ ਕੇ ਸਾਹਮਣੇ ਆਉਂਦਾ ਹੈ। ਉਸ ਦਾ ਤੁਰਨ ਦਾ ਢੰਗ ਹੀ ਅਜਿਹਾ ਹੈ ਕਿ ਉਸ ਨੂੰ ਦੇਖਦਿਆਂ ਹੀ ਹਾਸੇ ਦੀਆਂ ਫੁਹਾਰਾਂ ਫੁੱਟ ਪੈਂਦੀਆਂ ਹਨ। ਜਗਰਾਉਂ ਤਹਿਸੀਲ ਦੇ ਪਿੰਡ ਲੰਮੇ ਦੇ ਕਰਤਾਰ ਸਿੰਘ ਢਿੱਲੋਂ ਅਤੇ ਮਾਤਾ ਹਰਨਾਮ ਕੌਰ ਦੇ ਗ੍ਰਹਿ ਵਿਖੇ ਜਨਮੇ ਗੁਰਦੇਵ ਨੂੰ ਬਚਪਨ ਵਿਚ ਗਾਇਕੀ ਦਾ ਜਨੂੰਨ ਸੀ। ਇਹ ਜਨੂੰਨ ਉਸ ਨੂੰ ਹੌਲੀ ਹੌਲੀ ਉਸ ਸਮੇਂ ਦੇ ਚਰਚਿਤ ਗਾਇਕ ਹਰਚਰਨ ਗਰੇਵਾਲ ਕੋਲ ਲੈ ਆਇਆ। ਫਿਰ ਉਨ੍ਹਾਂ ਕੋਲ ਕਾਫ਼ੀ ਸਮਾਂ ਰਿਹਾ, ਫਿਰ ਉਨ੍ਹਾਂ ਨਾਲ ਬਤੌਰ ਸਟੇਜ ਸਕੱਤਰ ਕੰਮ ਕੀਤਾ। ਉਸਤੋਂ ਬਾਅਦ ਉਸਦਾ ਮੇਲ ਗਾਇਕ ਅਤੇ ਕਾਮੇਡੀ ਕਲਾਕਾਰ ਜੋੜੀ ਕੇ ਦੀਪ- ਜਗਮੋਹਨ ਕੌਰ ਨਾਲ ਹੋਇਆ। ਉਸਤੋਂ ਬਾਅਦ ਉਸ ਦਾ ਰੁਝਾਨ ਕਾਮੇਡੀ ਵੱਲ ਹੋਇਆ ਤੇ ਉਸ ਦੀ ਕਾਮੇਡੀ ਨੂੰ ਲੋਕਾਂ ਨੇ ਭਰਵਾਂ ਹੁੰਗਾਰਾ ਦਿੱਤਾ।

ਕਾਮੇਡੀ ਵਿਚ ਆਉਣ ਤੋਂ ਪਹਿਲਾਂ ਗੁਰਦੇਵ ਢਿੱਲੋਂ ਨੇ ਗਾਇਕੀ ਵਿਚ ਵੀ ਆਪਣਾ ਨਾਮ ਬਣਾਇਆ ਸੀ। 1982 ਵਿਚ ਦਿੱਲੀ ਦੀ ਕੰਪਨੀ ਵੱਲੋਂ ਇਕ ਐੱਲਪੀ ਰਿਕਾਰਡ ਗੁਰਦੇਵ ਢਿੱਲੋਂ ਤੇ ਜਗਮੋਹਨ ਕੌਰ ਦੀ ਆਵਾਜ਼ ਵਿਚ ਆਇਆ ਸੀ ਜਿਸ ਦਾ ਨਾਂ ਸੀ 'ਤੇਰੇ ਨਾਂ 'ਤੇ ਬਿੱਲੋ ਆਉਂਦੇ ਸਾਲ ਨੂੰ ਤੀਆਂ ਲੱਗਣਗੀਆਂ।' ਇਸ ਤੋਂ ਇਲਾਵਾ ਪਰਮਿੰਦਰ ਸੰਧੂ, ਕੁਲਦੀਪ ਕੌਰ, ਸਨੇਹ ਲਤਾ, ਨੀਲਮ ਸ਼ਰਮਾ ਨਾਲ ਵੀ ਉਸ ਦੇ ਗੀਤ ਰਿਕਾਰਡ ਹੋਏ। ਗਾਇਕੀ ਦੇ ਨਾਲ ਨਾਲ ਉਹ ਕਾਮੇਡੀ ਵੀ ਕਰਦਾ ਰਿਹਾ, ਪਰ ਸਰੋਤਿਆਂ ਨੇ ਉਸ ਦੀ ਗਾਇਕੀ ਨਾਲੋਂ ਉਸ ਦੀ ਕਾਮੇਡੀ ਨੂੰ ਜ਼ਿਆਦਾ ਪਸੰਦ ਕੀਤਾ। ਜਿਸ ਕਰਕੇ ਉਸਨੇ ਕਾਮੇਡੀ ਨੂੰ ਹੀ ਅਪਣਾ ਲਿਆ ਅਤੇ ਸਾਡੇ ਸਮਾਜ ਦੇ ਇਕ ਪਾਤਰ ਅਮਲੀ ਦੇ ਕਿਰਦਾਰ ਵਿਚ ਭਜਨਾ ਅਮਲੀ ਦੇ ਨਾਂ ਨਾਲ ਚਰਚਿਤ ਹੋਇਆ। ਕਾਮੇਡੀ ਦੀਆਂ ਉਸ ਦੀਆਂ ਕਾਫ਼ੀ ਕੈਸਿਟਾਂ ਆਈਆਂ। ਜਿਨ੍ਹਾਂ ਵਿਚ 'ਤਾਰਾ ਡੁੱਬ ਗਿਆ', 'ਭਜਨਾ ਅਮਲੀ','ਮਹਿਫਲ ਅਮਲੀ ਦੀ','ਹੱਡਬੀਤੀ ਅਮਲੀ ਦੀ','ਭਜਨਾ ਅਮਲੀ ਸੁੰਦਰਤਾ ਮੁਕਾਬਲੇ ਵਿਚ', 'ਘਰ ਜਵਾਈ' ਅਤੇ 'ਅਮਲੀ ਖੋਤੇ ਤੇ' ਆਦਿ ਜ਼ਿਕਰਯੋਗ ਹਨ। ਅੱਜਕੱਲ੍ਹ ਉਸ ਨਾਲ ਸੰਤੀ ਸਹਿ ਕਲਾਕਾਰ ਵਜੋਂ ਕੰਮ ਕਰ ਰਹੀ ਹੈ। ਉਸਦੀ ਕਾਮੇਡੀ ਵਿਚ ਅਕਸਰ ਹੀ ਸਮਾਜ ਨੂੰ ਸੇਧ ਦੇਣ ਵਾਲੀ ਗੱਲ ਹੁੰਦੀ ਹੈ। ਉਹ ਨਸ਼ਿਆਂ ਦੀ ਲਾਹਣਤ ਨੂੰ ਸਿੱਧੇ ਅਸਿੱਧੇ ਢੰਗ ਨਾਲ ਇਕ ਅਮਲੀ ਦੇ ਦੁਖਾਂਤ ਰਾਹੀਂ ਪੇਸ਼ ਕਰਦਾ ਹੈ। ਆਪਣੀ ਇਸੇ ਕਲਾ ਕਰਕੇ ਉਹ ਕੈਨੇਡਾ, ਅਮਰੀਕਾ, ਇੰਗਲੈਂਡ, ਆਸਟਰੇਲੀਆ, ਜਰਮਨ, ਸਿੰਗਾਪੁਰ, ਦੁਬਈ, ਇਟਲੀ ਤੇ ਜਾਪਾਨ ਆਦਿ ਦੇ ਸ਼ੋਅ ਕਰ ਚੁੱਕਾ ਹੈ। ਗੁਰਦੇਵ ਢਿੱਲੋਂ ਅੱਜ ਕਾਮੇਡੀ ਖੇਤਰ ਦਾ ਚਰਚਿਤ ਹਸਤਾਖਰ ਹੈ ਅਤੇ ਆਪਣੀ ਪਤਨੀ ਦਲਜੀਤ ਕੌਰ, ਤਿੰਨ ਬੇਟੀਆਂ ਅਤੇ ਇਕ ਬੇਟੇ ਸਮੇਤ ਲੁਧਿਆਣਾ ਵਿਖੇ ਰਹਿ ਰਿਹਾ ਹੈ।

ਸੰਪਰਕ :80547-57806

# ਝੂਮਦੇ ਗਮਲਿਆਂ ਵਾਲੀ ਬਾਲਕੋਨੀ ਹਰੇਕ ਦਾ ਮਨ ਮੋਹ ਲਵੇਗੀ



**ਅਨੂ ਆਰ**

ਭਲਾ ਕਿਹੜੀ ਸੁਆਣੀ ਅਜਿਹੀ ਹੋਵੇਗੀ, ਜਿਸ ਦਾ ਇਹ ਸੁਪਨਾ ਨਾ ਹੋਵੇ ਕਿ ਉਸ ਕੋਲ ਇਕ ਹਰਿਆ-ਭਰਿਆ 'ਕਿਚਨ ਗਾਰਡਨ' ਹੋਵੇ। ਪਰ ਅੱਜ ਦੇ ਮਹਾਂਨਗਰੀ ਜੀਵਨ ਵਿਚ ਭਲਾ ਸਭ ਨੂੰ ਇਹ ਸਹੂਲਤ ਕਿਵੇਂ ਹਾਸਲ ਹੋ ਸਕਦੀ ਹੈ।

ਪਰ ਜਿਥੇ ਚਾਹ ਉਥੇ ਰਾਹ। ਜੇਕਰ ਵਾਕਈ ਤੁਹਾਨੂੰ ਬੂਟਿਆਂ ਨਾਲ ਪਿਆਰ ਹੈ, ਤੁਹਾਨੂੰ ਹਰਿਆਲੀ ਆਕਰਸ਼ਿਤ ਕਰਦੀ ਹੈ, ਖਿੜੇ ਹੋਏ ਫੁੱਲ, ਮਹਿਕਦੀਆਂ ਹੋਈਆਂ ਪੱਤੀਆਂ ਅਤੇ ਚਿੜੀਆਂ ਦੀ ਚਹਿ-ਚਹਾਟ ਦੀ ਆਵਾਜ਼ ਤੁਹਾਨੂੰ ਚੰਗੀ ਲਗਦੀ ਹੈ ਤਾਂ ਤੁਸੀਂ ਆਪਣੀ ਛੋਟੀ ਜਿਹੀ ਬਾਲਕੋਨੀ ਵਿਚ ਵੀ ਇਕ ਛੋਟਾ ਜਿਹਾ ਬਗ਼ੀਚਾ ਬਣਾ ਸਕਦੇ ਹੋ। ਜ਼ਮੀਨ ਵਿਚ ਨਹੀਂ ਝੂਮਦੇ ਹੋਏ ਗਮਲਿਆਂ ਦੀ ਬਾਲਕੋਨੀ 'ਚ ਅੱਜਕਲ੍ਹ ਇਹ ਰਿਵਾਜ ਵੀ ਹੈ। ਇਹ ਬਹੁਤ ਸਮਾਰਟ ਅਤੇ ਆਕਰਸ਼ਕ ਵੀ ਲਗਦਾ ਹੈ ਅਤੇ ਸਭ ਤੋਂ ਵੱਡੀ ਗੱਲ ਇਹ ਹੈ ਕਿ ਸਾਰਿਆਂ ਨੂੰ ਪਸੰਦ ਆਉਂਦਾ ਹੈ। ਤਾਂ ਆਓ ਜਾਣੀਏ ਕਿ ਤੁਸੀਂ ਇਸ ਛੋਟੀ ਜਿਹੀ ਬਾਲਕੋਨੀ ਵਿਚ ਕੀ ਤਕਰੀਬ ਅਪਣਾ ਕੇ ਉਸ ਨੂੰ ਹਰਿਆ ਭਰਿਆ ਅਤੇ ਸਭ ਦਾ ਮਨ ਮੋਹਣ ਵਾਲਾ ਬਣਾ ਸਕਦੇ ਹੋ।

...ਤੇ ਜਿਵੇਂ ਕਿ ਮੈਂ ਕਿਹਾ, ਤੁਸੀਂ ਆਪਣੀ ਛੋਟੀ ਜਿਹੀ ਬਾਲਕੋਨੀ ਦੇ ਅਪਰ ਸਪੇਸ ਉੱਪਰ ਵਾਲੀ ਥਾਂ ਨੂੰ ਥੋੜ੍ਹੀ ਰਚਨਾਤਮਿਕਤਾ ਨਾਲ ਬਹੁਤ ਸੁੰਦਰਤਾਪੂਰਨ ਵਰਤੋਂ ਕਰ ਸਕਦੇ ਹੋ। ਕਿਸੇ ਲੋਹੇ ਦੇ ਫਰਨੀਚਰ ਵਾਲੇ ਨੂੰ ਬੁਲਾਓ ਆਪਣੀ ਬਾਲਕੋਨੀ ਦਿਖਾਓ ਅਤੇ ਉਸ ਨੂੰ ਕਹੋ ਕਿ ਕਰੀਬ 8 ਫੁੱਟ ਉੱਪਰ ਤੋਂ ਹੇਠਾਂ ਵੱਲ ਨੂੰ ਲੋਹੇ ਦਾ ਢਾਂਚਾ ਬਣਾ ਦੇਵੇ, ਜਿਸ ਵਿਚ ਛੋਟੇ-ਛੋਟੇ ਗਮਲਿਆਂ ਵਾਲੇ ਬੂਟੇ ਲਗਾਏ ਜਾ ਸਕਣ। ਯਕੀਨ ਮੰਨੋ 8×10 ਜਾਂ 10×10 ਦੇ ਕਮਰੇ ਦੀ ਬਾਲਕੋਨੀ ਵਿਚ ਵੀ ਝੂਲਦੇ ਗਮਲਿਆਂ ਜ਼ਰੀਏ ਇਕ ਸੁੰਦਰ ਦ੍ਰਿਸ਼ ਪੈਦਾ ਕੀਤਾ ਜਾ ਸਕਦਾ ਹੈ। ਤੁਹਾਡੀ ਬਾਲਕੋਨੀ ਦਾ ਫਰਸ਼ ਖਾਲੀ ਰਹੇਗਾ ਅਤੇ ਤੁਹਾਡੇ ਸਿਰ ਤੋਂ ਦੋ ਇੰਚ ਉੱਪਰ ਚਾਰੇ ਪਾਸੇ ਫੁੱਲ ਅਤੇ ਹਰਿਆਲੀ ਲਟਕੇਗੀ। ਬਾਲਕੋਨੀ ਵਿਚ ਇਕ ਹੈਂਗਰ ਢਾਂਚਾ ਬਣਾ ਦੇਣ 'ਤੇ 20 ਤੋਂ 25 ਛੋਟੇ-ਛੋਟੇ ਗਮਲੇ ਇਸ ਵਿਚ ਆਰਾਮ ਨਾਲ ਲਟਕਾਏ ਜਾ ਸਕਦੇ ਹਨ। ਇਨ੍ਹਾਂ ਵਿਚ ਕਈ ਤਰ੍ਹਾਂ ਦੇ ਫੁੱਲਾਂ ਅਤੇ ਖੁਸ਼ਬੂਆਂ ਵਾਲੇ ਬੂਟੇ ਬਹੁਤ ਚੰਗੇ ਤਰੀਕੇ ਨਾਲ ਲਗਾਏ ਜਾ ਸਕਦੇ ਹਨ।

ਇਕ ਗ਼ਲਤੀ ਜੋ ਆਮ ਤੌਰ 'ਤੇ ਹੁੰਦੀ ਹੈ, ਉਹ ਇਹ ਕਿ ਲੋਕ ਇਹ ਨਹੀਂ ਜਾਣਦੇ ਕਿ ਬੂਟੇ ਦੇ ਵਿਕਾਸ ਲਈ ਵੱਖ-ਵੱਖ ਪੱਧਰ ਦੀ ਮਿੱਟੀ ਅਤੇ ਜ਼ਮੀਨ ਦੀ ਲੋੜ ਹੁੰਦੀ ਹੈ। ਜੇਕਰ ਬਾਲਕੋਨੀ ਵਿਚ ਤੁਸੀਂ ਆਪਣੀ ਬਗ਼ੀਚੀ ਬਣਾ ਰਹੇ ਹੋ ਤਾਂ ਛੋਟੇ-ਛੋਟੇ ਗਮਲੇ ਰੱਖੋ ਅਤੇ ਉਨ੍ਹਾਂ ਗਮਲਿਆਂ ਅਨੁਸਾਰ ਹੀ ਉਨ੍ਹਾਂ ਵਿਚ ਬੂਟੇ ਲਗਾਓ। ਜੇਕਰ ਇਸ ਗੱਲ ਨੂੰ ਧਿਆਨ ਵਿਚ ਰੱਖੇ ਬਿਨਾਂ ਤੁਸੀਂ ਕੋਈ ਇਸ ਤਰ੍ਹਾਂ ਦਾ ਬੂਟਾ ਲਗਾ ਦਿੱਤਾ, ਜਿਸ ਨੂੰ ਜ਼ਿਆਦਾ ਪਾਣੀ ਅਤੇ ਜ਼ਿਆਦਾ ਮਿੱਟੀ ਦੀ ਜ਼ਰੂਰਤ ਹੋਵੇਗੀ ਤਾਂ ਉਹ ਬੂਟਾ ਸੁੱਕ ਜਾਵੇਗਾ ਅਤੇ ਬਾਲਕੋਨੀ ਵਿਚ ਵੀ ਚੰਗਾ ਨਹੀਂ ਲੱਗੇਗਾ। ਸਹੀ ਗਮਲਿਆਂ ਨਾਲ ਉਨ੍ਹਾਂ ਅਨੁਸਾਰ ਛੋਟੇ ਅਤੇ ਵੇਲ ਜਾਤੀ ਦੇ ਬੂਟੇ ਚੁਣੋ ਜਿਨ੍ਹਾਂ ਨੂੰ ਕਿ ਉਨ੍ਹਾਂ ਗਮਲਿਆਂ ਵਿਚ ਲਗਾ ਕੇ ਹੇਠਾਂ ਵੱਲ ਲਟਕਾਇਆ ਜਾ ਸਕੇ। ਜੇਕਰ ਝੂਮਦੇ ਗਮਲਿਆਂ ਵਾਲੀ ਬਾਲਕੋਨੀ ਬਣਾਉਣਾ ਚਾਹੁੰਦੇ ਹੋ ਤਾਂ ਇਸ ਲਈ ਵੀ ਜ਼ਰੂਰੀ ਹੈ ਕਿ ਜੇਕਰ ਧੋਖੇ ਨਾਲ ਬਾਲਕੋਨੀ ਨਾਲ ਕੋਈ ਗਮਲਾ ਹੇਠਾਂ ਡਿੱਗ ਜਾਵੇ ਤਾਂ ਉਸ ਨਾਲ ਕਿਸੇ ਨੂੰ ਜ਼ਿਆਦਾ ਸਰੀਰਕ ਸੱਟ ਨਾ ਪਹੁੰਚੇ, ਨਾ ਹੀ ਕਿਸੇ ਕਾਰ ਦਾ ਸ਼ੀਸ਼ਾ ਟੁੱਟੇ।

ਲਟਕਦੇ ਗਮਲਿਆਂ ਵਾਲੀ ਬਾਲਕੋਨੀ ਦਾ ਜਦੋਂ ਮਨ ਬਣਾਓ ਤਾਂ ਗਮਲਿਆਂ ਵਿਚ ਪਾਣੀ ਪਾਉਂਦੇ ਸਮੇਂ ਇਹ ਵੀ ਧਿਆਨ ਰੱਖੋ ਕਿ ਉਨ੍ਹਾਂ ਨੂੰ ਬਹੁਤ ਜ਼ਿਆਦਾ ਪਾਣੀ ਨਾਲ ਨਾ ਭਰੋ ਕਿ ਉਹ ਟਪਕਦੇ ਰਹਿਣ ਅਤੇ ਬਾਲਕੋਨੀ ਨੂੰ ਗੰਦੇ ਕਰਦੇ ਰਹਿਣ।

ਪਾਣੀ ਰੋਜ਼ ਪਾਓ ਪਰ ਥੋੜ੍ਹਾ-ਥੋੜ੍ਹਾ ਪਾਓ ਜਿਸ ਨਾਲ ਕਿ ਉਹ ਜ਼ਮੀਨ 'ਤੇ ਨਾ ਟਪਕੇ। ਕਿਉਂਕਿ ਜ਼ਮੀਨ ਘੱਟ ਹੈ ਤਾਂ ਕੁਝ ਨਾ ਕੁਝ ਤਾਂ ਵਾਧੂ ਰੂਪ ਵਿਚ ਮਿਹਨਤ ਕਰਨੀ ਹੀ ਪਵੇਗੀ। ਜਦੋਂ ਬਾਲਕੋਨੀ ਵਿਚ ਛੋਟੇ ਗਮਲਿਆਂ ਵਿਚ ਬੂਟੇ ਲਗਾਓ ਤਾਂ ਧਿਆਨ ਨਾਲ ਇਸ ਤਰ੍ਹਾਂ ਦੇ ਬੂਟੇ ਚੁਣੋ ਜੋ ਸਿਹਤਮੰਦ ਰਹਿਣ ਅਤੇ ਜ਼ਿਆਦਾ ਹਰੇ ਭਰੇ ਦਿਸਣ। ਇਨ੍ਹਾਂ ਦੇ ਸਿਹਤਮੰਦ ਰਹਿਣ ਵਿਚ ਵੱਡੀ ਭੂਮਿਕਾ ਕੀਟਨਾਸ਼ਕਾਂ ਦੀ ਵੀ ਹੁੰਦੀ ਹੈ। ਇਸ ਲਈ ਝੂਮਦੇ ਗਮਲਿਆਂ ਦੇ ਬੂਟਿਆਂ ਵਿਚ ਖਾਦ ਅਤੇ ਕੀਟਨਾਸ਼ਕਾਂ ਦਾ ਵੀ ਧਿਆਨ ਰੱਖੋ। ਜੇਕਰ ਸਹੀ ਸਮੇਂ 'ਤੇ ਖਾਦ ਅਤੇ ਕੀਟਨਾਸ਼ਕ ਬੂਟੇ ਨੂੰ ਮਿਲਣਗੇ ਤਾਂ ਛੋਟਾ ਜਿਹਾ ਬੂਟਾ ਵੀ ਬਹੁਤ ਹਰਿਆ-ਭਰਿਆ ਤੇ ਸਿਹਤਮੰਦ ਦਿਸੇਗਾ। ਜ਼ਾਹਿਰ ਹੈ ਤੁਹਾਡੀ ਬਾਲਕੋਨੀ ਦੀ ਖ਼ੂਬਸੂਰਤੀ ਵੱਖਰੀ ਹੀ ਹੋਵੇਗੀ।



# ਵਿਧਾਇਕਾ ਅਨਮੋਲ ਗਗਨ ਮਾਨ ਮੰਚ ’ਤੇ ਹੋਈ ਭਾਵੁਕ

## ‘ਮੇਰਾ ਕੱਖ ਨਾ ਰਹੇ ਜੇ ਮੈਂ ਰਿਆਨੀ ਵੀ ਖਾਧੀ ਹੋਵੇ’

ਐਸ.ਏ.ਐਸ. ਨਗਰ, 23 ਜਨਵਰੀ (ਚ.ਨ.ਸ.): ਮੋਹਾਲੀ ਜ਼ਿਲ੍ਹੇ



ਦੇ ਖਰੜ ਤੋਂ ਆਮ ਆਦਮੀ ਪਾਰਟੀ (ਆਪ) ਦੀ ਵਿਧਾਇਕਾ ਅਨਮੋਲ ਗਗਨ ਮਾਨ ਨੇ ਇੱਕ ਵਾਰ ਫਿਰ ਆਪਣੀ ਇਮਾਨਦਾਰੀ ਦਾ ਦਾਅਵਾ ਠੋਕਿਆ। ਪਾਰਟੀ ਵਰਕਰਾਂ ਨਾਲ ਖਰੜ ਵਿੱਚ ਆਮ ਆਦਮੀ ਪਾਰਟੀ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਵਰਚੁਅਲ ਲਾਂਚ ਦੌਰਾਨ ਬੋਲਦਿਆਂ ਵਿਧਾਇਕਾ ਅਨਮੋਲ ਨੇ ਭਾਵੁਕ ਹੋ ਕੇ ਐਲਾਨ ਕੀਤਾ, ਮੈਂ ਰੱਬ ਨੂੰ, ਬਾਬੇ ਨਾਨਕ ਨੂੰ ਹਾਜ਼ਰ ਨਾਜ਼ਰ ਮੰਨ ਕੇ ਕਹਿ ਰਹੀ ਹਾਂ ਕਿ ਮੇਰਾ ਕੱਖ ਨਾ ਰਹੇ ਜੇ ਮੈਂ ਪਿੰਡ ਦੀਆਂ ਗ੍ਰਾਂਟਾਂ ਵਿਚੋਂ ਠਿਆਨੀ ਵੀ ਖਾਧੀ ਹੋਵੇ। ਵਿਧਾਇਕਾ ਅਨਮੋਲ ਗਗਨ ਮਾਨ ਨੇ ਕਿਹਾ ਕਿ ਮੈਂ ਕਦੇ ਵੀ ਕਿਸੇ ਸਰਪੰਚ, ਬੀ.ਡੀ.ਪੀ.ਓ. ਜਾਂ ਡੀ.ਸੀ. ਤੋਂ ਇੱਕ ਪੈਸਾ ਵੀ ਨਹੀਂ ਮੰਗਿਆ। ਸਾਡਾ ਇੱਕੋ ਇੱਕ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਪਿੰਡ ਵਿੱਚ ਚੰਗੀਆਂ ਸਹੂਲਤਾਂ ਅਤੇ ਤਰੱਕੀ ਹੋਵੇ। ਪਿੰਡਾਂ ਵਿਚ ਚੰਗਾ ਸਿਸਟਮ ਹੈ। ਲੋਕਾਂ ਨੇ ਸਾਨੂੰ ਜਿਸ ਸੋਚ ਨਾਲ ਵਿਧਾਇਆ ਬਣਾਇਆ ਸੀ ਅਸੀਂ ਉਸੇ ਸੋਚ ’ਤੇ ਕੰਮ ਕਰ ਰਹੇ ਹਾਂ। ਕੁਝ ਸਮਾਂ ਪਹਿਲਾਂ ਹੀ ਮੈਂ ਖਰੜ ਕਮੇਟੀ ਬਦਲੀ ਹੈ। ਖਰੜ ਵਿਚ ਆਮ ਆਦਮੀ ਪਾਰਟੀ ਦੇ ਪ੍ਰਧਾਨ ਲਾਏ ਹਨ। ਵਿਧਾਇਕਾ ਨੇ ਕਿਹਾ ਕਿ ਹਰ ਥਾਂ ਵਿਕਾਸ ਦਾ ਕੰਮ ਚੱਲ ਰਿਹਾ ਹੈ। ਅਸੀਂ ਇੱਥੇ ਵਿਹਲੇ ਬੈਠਣ ਲਈ ਨਹੀਂ ਆਏ ਹਾਂ। ਅਸੀਂ ਸਿਸਟਮ ਵਿੱਚ ਫਿੱਟ ਹੋਣ ਲਈ ਨਹੀਂ ਆਏ ਹਾਂ, ਸਗੋਂ ਇਸਨੂੰ ਬਦਲਣ ਲਈ ਆਏ ਹਾਂ, ਬੇਸ਼ੱਕ, ਸਮਾਂ ਲੱਗੇ। ਜਿਸ ਦਿਨ ਪੂਰੇ ਦੇਸ਼ ਦਾ ਸਿਸਟਮ ਬਦਲੇਗਾ, ਪੰਜਾਬ ਸਭ ਤੋਂ ਅੱਗੇ ਹੋਵੇਗਾ। ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ’ਤੇ ਬੁਰੀ ਨਜ਼ਰ ਰੱਖਣ ਵਾਲੇ ਕਿਸੇ ਵੀ ਵਿਅਕਤੀ ਨੂੰ ਮੂੰਹ-ਤੋੜ ਜਵਾਬ ਦੇਵਾਂਗੇ। ਅਸੀਂ ਪੁਰਾਣੇ, ਭ੍ਰਿਸ਼ਟ ਸਿਸਟਮ ਨੂੰ ਸੁਧਾਰਨ ਦੀ ਪੂਰੀ ਕੋਸ਼ਿਸ਼ ਕਰ ਰਹੇ ਹਾਂ। ਰਾਜਨੀਤੀ ਨੂੰ ਸਮਝਣ ਲਈ, ਇਸ ਚਿੱਕੜ ਵਿੱਚ ਉਤਰਨਾ ਪਵੇਗਾ। ਰਾਜਨੀਤੀ ਵਿੱਚ ਇਹ ਕੁਰਸੀ ਕੰਡਿਆਂ ਦੀ ਹੈ। ਇਸ ਰਾਜਨੀਤੀ ਵਿੱਚ ਇਮਾਨਦਾਰ ਲੋਕ ਕੱਟੇ ਜਾਂਦੇ ਹਨ। ਮੁੱਖ ਮੰਤਰੀ ਭਗਵੰਤ ਮਾਨ ਇਸ ਵਿਗੜੇ ਸਿਸਟਮ ਨੂੰ ਸੁਧਾਰਨ ਲਈ ਕੰਮ ਕਰ ਰਹੇ ਹਨ। ਸਾਡੀ ਸਰਕਾਰ ਨੌਜਵਾਨਾਂ ਨੂੰ ਬਿਨਾਂ ਕਿਸੇ ਸਿਫਾਰਸ਼ ਦੇ ਨੌਕਰੀਆਂ ਦੇ ਰਹੀ ਹੈ।

### ਪੱਛਮੀ ਬੰਗਾਲ ’ਚ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੇ ਤਣਾਅ ਕਾਰਨ ਰੋਜ਼ਾਨਾ 3-4 ਲੋਕ ਕਰ ਰਹੇ ਨੇ ਖੁਦਕੁਸ਼ੀ : ਮਮਤਾ

ਕੋਲਕਾਤਾ, 23 ਜਨਵਰੀ (ਚ.ਨ.ਸ.): ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਸ਼ੁੱਕਰਵਾਰ ਨੂੰ ਦਾਅਵਾ ਕੀਤਾ ਕਿ ਰਾਜ ਵਿੱਚ ਚੱਲ ਰਹੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (’ਸਰ’) ਅਭਿਆਸ ਦੀ ਚਿੰਤਾ ਕਾਰਨ ਹਰ ਰੋਜ਼ ਤਿੰਨ ਤੋਂ ਚਾਰ ਲੋਕ ਕਥਿਤ ਤੌਰ ’ਤੇ ਖੁਦਕੁਸ਼ੀ ਕਰ ਰਹੇ ਹਨ। ਸੁਭਾਸ਼ ਚੰਦਰ ਬੋਸ ਦੇ ਜਨਮ ਦਿਨ ਮੌਕੇ ਰੈੱਡ ਰੋਡ ’ਤੇ ਇੱਕ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਬੈਨਰਜੀ ਨੇ ਕਿਹਾ ਕਿ ਚੋਣ ਕਮਿਸ਼ਨ ਅਤੇ ਕੇਂਦਰ ਸਰਕਾਰ ਨੂੰ ਇਨ੍ਹਾਂ ਮੌਤਾਂ ਦੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ,’ਹੁਣ ਤੱਕ 110 ਤੋਂ ਵੱਧ ਲੋਕਾਂ ਦੀ ਮੌਤ ਹੋ ਚੁੱਕੀ ਹੈ। ਹਰ ਰੋਜ਼ ਤਿੰਨ ਤੋਂ ਚਾਰ ਲੋਕ ਐਸਆਈਆਰ ਵਜ੍ਹਾ ਕਰਕੇ ਜ਼ਿਆਦਾ ਚਿੰਤਾ ਹੋਣ ਕਾਰਨ ਖੁਦਕੁਸ਼ੀ ਕਰ ਰਹੇ ਹਨ।’ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਰਾਜ ਵਿੱਚ ਵੋਟਰ ਸੂਚੀਆਂ ਦੀ ’ਸਰ’ ਅਭਿਆਸ ਚੱਲ ਰਿਹਾ ਹੈ। ਬੈਨਰਜੀ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) ’ਤੇ ਪੱਛਮੀ ਬੰਗਾਲ ਵਿਰੁੱਧ ਸਾਜ਼ਿਸ਼ ਰਚਣ ਦਾ ਦੋਸ਼ ਵੀ ਲਗਾਇਆ ਅਤੇ ਦਾਅਵਾ ਕੀਤਾ ਕਿ ਮਹਾਤਮਾ ਗਾਂਧੀ, ਰਬਿੰਦਰਨਾਥ ਟੈਗੋਰ, ਨੇਤਾਜੀ ਸੁਭਾਸ਼ ਚੰਦਰ ਬੋਸ ਅਤੇ ਬੀਆਰ ਅੰਬੇਡਕਰ ਵਰਗੀਆਂ ਦੇਸ਼ ਦੀਆਂ ਮਹਾਨ ਸ਼ਖ਼ਸੀਅਤਾਂ ਦਾ ਅਪਮਾਨ ਕੀਤਾ ਜਾ ਰਿਹਾ ਹੈ।

# ਪੰਜਾਬ ਪੁਲਿਸ ਨੇ ਵਿਸ਼ੇਸ਼ ਕਾਰਵਾਈ ਦੌਰਾਨ 8328 ਕਿਰਾਏਦਾਰਾਂ ਦੀ ਕੀਤੀ ਜਾਂਚ; 132 ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ

ਚੰਡੀਗੜ੍ਹ, 23 ਜਨਵਰੀ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ ਮੁਹਿੰਮ ‘ਗੈਂਗਸਟਰਾਂ ’ਤੇ ਵਾਰ’ ਦੇ ਚੌਥੇ ਦਿਨ ਪੰਜਾਬ ਪੁਲਿਸ ਨੇ ਸ਼ੁੱਕਰਵਾਰ ਨੂੰ ਸੂਬੇ ਭਰ ਦੇ ਉਪ-ਸ਼ਹਿਰੀ ਖੇਤਰਾਂ ਅਤੇ ਸ਼ਹਿਰਾਂ ਅਤੇ ਕਸਬਿਆਂ ਦੇ ਬਾਹਰਵਾਰ ਸਥਾਪਿਤ ਕਲੋਨੀਆਂ ਵਿੱਚ ਰਹਿਣ ਵਾਲੇ ਕਿਰਾਏਦਾਰਾਂ ਦੀ ਪਛਾਣ ਕਰਨ ਅਤੇ ਪਿਛੋਕੜ ਦੀ ਪੁਸ਼ਟੀ ਕਰਨ ਲਈ ਸੂਬਾ ਪੱਧਰੀ ਮੁਹਿੰਮ ਚਲਾਈ।

ਇਹ ਕਾਰਵਾਈ 72 ਘੰਟਿਆਂ ਦੇ ‘ਆਪ੍ਰੇਸ਼ਨ ਪ੍ਰਹਾਰ’, ਜੋ ਮੰਗਲਵਾਰ ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ‘ਗੈਂਗਸਟਰਾਂ ’ਤੇ ਵਾਰ’ ਮੁਹਿੰਮ ਦੇ ਹਿੱਸੇ ਵਜੋਂ ਸ਼ੁਰੂ ਕੀਤਾ ਸੀ, ਦੇ ਮੁਕੰਮਲ ਹੋਣ ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ ਹੈ। ਆਪ੍ਰੇਸ਼ਨ ਪ੍ਰਹਾਰ ਤਹਿਤ 12,000 ਕਰਮਚਾਰੀਆਂ ਦੀ ਨਫ਼ਰੀ ਵਾਲੀਆਂ 2000 ਤੋਂ ਵੱਧ ਪੁਲਿਸ ਟੀਮਾਂ ਨੂੰ ਪੰਜਾਬ ਭਰ ਵਿੱਚ 60 ਵਿਦੇਸ਼ੀ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ ਟਿਕਾਣਿਆਂ ’ਤੇ ਛਾਪੇਮਾਰੀ ਕਰਨ ਲਈ ਸੂਬੇ ਭਰ ਵਿੱਚ ਤਾਇਨਾਤ ਕੀਤਾ ਗਿਆ ਸੀ।

ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਪੁਲਿਸ ਦੇ ਸਪੈਸ਼ਲ ਡਾਇਰੈਕਟਰ ਜਨਰਲ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਇਸ ਆਪ੍ਰੇਸ਼ਨ ਦਾ ਉਦੇਸ਼ ਆਮ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਅਤੇ ਸਮਾਜ ਵਿਰੋਧੀ ਅਨਸਰਾਂ ਵਿੱਚ ਖ਼ੌਫ ਪੈਦਾ ਕਰਨ ਲਈ ਖੇਤਰ ਵਿੱਚ ਪੁਲਿਸ ਫੋਰਸ ਦੀ ਮੌਜੂਦਗੀ ਨੂੰ ਵਧਾਉਣਾ ਸੀ।

ਇਹ ਕਾਰਵਾਈ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਈ ਗਈ ਅਤੇ ਸੀਪੀ/ ਐਸਐਸਪੀ ਨੂੰ ਪੁਲਿਸ ਫੋਰਸ ਦੀ ਭਾਰੀ ਤਾਇਨਾਤੀ ਦੇ ਨਾਲ ਇਸ ਕਾਰਵਾਈ ਦੀ ਯੋਜਨਾ ਉਲੀਕਣ ਦੇ ਨਿਰਦੇਸ਼ ਦਿੱਤੇ ਗਏ ਸਨ। ਐਸਪੀ/ ਡੀਐਸਪੀ ਰੈਂਕ ਦੇ ਅਧਿਕਾਰੀਆਂ ਦੀ ਅਗਵਾਈ ਹੇਠ 2500 ਪੁਲਿਸ ਕਰਮਚਾਰੀਆਂ ਦੀ ਨਫ਼ਰੀ ਵਾਲੀਆਂ 815 ਤੋਂ ਵੱਧ ਪੁਲਿਸ ਟੀਮਾਂ ਨੇ ਇਹ ਕਾਰਵਾਈ ਕੀਤੀ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਪੁਲਿਸ ਟੀਮਾਂ ਵੱਲੋਂ ਰਾਜ ਭਰ ਵਿੱਚ 1043 ਥਾਵਾਂ ਦੀ ਜਾਂਚ ਕੀਤੀ ਗਈ। ਇਸ ਕਾਰਵਾਈ ਦੌਰਾਨ 8328 ਕਿਰਾਏਦਾਰਾਂ ਦੀ ਚੈਕਿੰਗ ਕੀਤੀ ਗਈ ਅਤੇ 7815 ਵਿਅਕਤੀਆਂ ਦੀ ਪਛਾਣ ਦੀ ਪੁਸ਼ਟੀ ਕੀਤੀ ਗਈ।

ਉਨ੍ਹਾਂ ਕਿਹਾ ਕਿ ਇਸ ਦੌਰਾਨ 132 ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਲੈ ਕੇ ਕਈਆਂ ਦੇ ਕਬਜ਼ੇ ਵਿੱਚੋਂ ਅਪਰਾਧਕ ਸਮੱਗਰੀ ਜ਼ਬਤ ਕੀਤੀ ਗਈ, ਜਿਸਦੀ ਅਗਲੇਰੀ ਜਾਂਚ ਜਾਰੀ ਹੈ।

ਸਪੈਸ਼ਲ ਡੀਜੀਪੀ ਨੇ ਪੁਸ਼ਟੀ ਕੀਤੀ ਕਿ ’ਗੈਂਗਸਟਰਾਂ ’ਤੇ ਵਾਰ’ ਮੁਹਿੰਮ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਪੰਜਾਬ ਗੈਂਗਸਟਰਾਂ ਤੋਂ ਮੁਕਤ ਨਹੀਂ ਹੋ ਜਾਂਦਾ।

ਉਨ੍ਹਾਂ ਕਿਹਾ ਕਿ ਕੋਈ ਵੀ ਨਾਗਰਿਕ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ/ਗੈਂਗਸਟਰਾਂ ਬਾਰੇ ਐਂਟੀ-ਗੈਂਗਸਟਰ ਹੈਲਪਲਾਈਨ ਨੰਬਰ—93946-93946 ਰਾਹੀਂ ਰਿਪੋਰਟ ਕਰ ਸਕਦੇ ਹਨ ਅਤੇ ਕਿਸੇ ਵੀ ਤਰ੍ਹਾਂ ਦੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਦੇ ਸਕਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਵੱਲੋਂ ਦਿੱਤੀ ਗੈਂਗਸਟਰਾਂ ਦੀ ਜਾਣਕਾਰੀ ਦੇ ਅਧਾਰ ’ਤੇ ਜੇਕਰ ਕੋਈ ਗ੍ਰਿਫਤਾਰੀ ਹੁੰਦੀ ਹੈ ਤਾਂ 10 ਲੱਖ ਰੁਪਏ ਤੱਕ ਦਾ ਇਨਾਮ ਵੀ ਦਿੱਤਾ ਜਾਵੇਗਾ।

## ਈਰਾਨ ਵਿੱਚ ਇੰਟਰਨੈੱਟ ਪਾਬੰਦੀ ਦੌਰਾਨ 5,002 ਤੋਂ ਵੱਧ ਲੋਕਾਂ ਦੇ ਮਾਰੇ ਜਾਣ ਦਾ ਦਾਅਵਾ

ਦੁਬਈ, 23 ਜਨਵਰੀ (ਚ.ਨ.ਸ.): ਮਨੁੱਖੀ ਅਧਿਕਾਰ ਕਾਰਕੁਨਾਂ ਨੇ ਦਾਅਵਾ ਕੀਤਾ ਹੈ ਕਿ ਈਰਾਨ ਵੱਲੋਂ ਦੇਸ਼ ਵਿਆਪੀ ਵਿਰੋਧ ਪ੍ਰਦਰਸ਼ਨਾਂ ’ਤੇ ਕੀਤੀ ਗਈ ਕਾਰਵਾਈ ਵਿੱਚ ਸ਼ੁੱਕਰਵਾਰ ਤੱਕ ਘੱਟੋ-ਘੱਟ 5,002 ਲੋਕਾਂ ਦੀ ਮੌਤ ਹੋ ਗਈ ਹੈ। ਕਾਰਕੁੰਨਾਂ ਨੇ ਕਿਹਾ ਕਿ 8 ਜਨਵਰੀ ਤੋਂ ਦੇਸ਼ ਦੇ ਇਤਿਹਾਸ ਵਿੱਚ ਸਭ ਤੋਂ ਵੱਡਾ ਇੰਟਰਨੈੱਟ ਬੰਦ ਹੈ, ਅਤੇ ਮੌਤਾਂ ਦੀ ਗਿਣਤੀ ਵੱਧ ਸਕਦੀ ਹੈ। ਅਮਰੀਕਾ ਸਥਿਤ ਮਨੁੱਖੀ ਅਧਿਕਾਰ ਕਾਰਕੁੰਨਾਂ ਦੀ ਨਿਊਜ਼ ਏਜੰਸੀ ਦੇ ਅਨੁਸਾਰ, ਮ੍ਰਿਤਕਾਂ ਵਿੱਚ 4,716 ਪ੍ਰਦਰਸ਼ਨਕਾਰੀ, 203 ਸਰਕਾਰੀ ਕਰਮਚਾਰੀ, 43 ਬੱਚੇ ਅਤੇ 40 ਨਾਗਰਿਕ ਸ਼ਾਮਲ ਹਨ। ਏਜੰਸੀ ਨੇ ਇਹ ਵੀ ਕਿਹਾ ਕਿ 26,800 ਤੋਂ ਵੱਧ ਲੋਕਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਈਰਾਨੀ ਸਰਕਾਰ ਨੇ ਬੁੱਧਵਾਰ ਨੂੰ ਆਪਣੀ ਪਹਿਲੀ ਮੌਤ ਦੀ ਗਿਣਤੀ ਜਾਰੀ ਕੀਤੀ, ਜਿਸ ਵਿੱਚ ਕਿਹਾ ਗਿਆ ਕਿ ਹੁਣ ਤੱਕ 3,117 ਲੋਕ ਮਾਰੇ ਗਏ ਹਨ। ਇਸ ਵਿੱਚ ਕਿਹਾ ਗਿਆ ਹੈ ਕਿ 28 ਦਸੰਬਰ ਤੋਂ ਸ਼ੁਰੂ ਹੋਏ ਵਿਰੋਧ ਪ੍ਰਦਰਸ਼ਨਾਂ ਵਿੱਚ ਮਾਰੇ ਗਏ ਲੋਕਾਂ ਵਿੱਚੋਂ 2,427 ਆਮ ਨਾਗਰਿਕ ਅਤੇ ਸੁਰੱਖਿਆ ਬਲ ਸਨ, ਜਦੋਂ ਕਿ ਬਾਕੀਆਂ ਨੂੰ ’ਅੱਤਵਾਦੀ’ ਦੱਸਿਆ ਗਿਆ ਹੈ। ਇਸ ਦੌਰਾਨ, ਕਈ ਅਮਰੀਕੀ ਜਹਾਜ਼ ਵਾਹਕ ਪੱਛਮੀ ਏਸ਼ੀਆ ਵੱਲ ਜਾ ਰਹੇ ਹਨ, ਜਿਸ ਨਾਲ ਅਮਰੀਕਾ ਅਤੇ ਈਰਾਨ ਵਿਚਕਾਰ ਤਣਾਅ ਵੱਧ ਰਿਹਾ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵੀਰਵਾਰ ਦੇਰ ਰਾਤ ਪੱਤਰਕਾਰਾਂ ਨੂੰ ਦੱਸਿਆ ਕਿ ਇਹ ਫੋਰਸ ਇੱਕ ’ਆਰਮਾਡਾ’ ਵਰਗੀ ਹੈ। ਜਦੋਂ ਕਈ ਜੰਗੀ ਜਹਾਜ਼ ਇੱਕ ਮਿਸ਼ਨ ਜਾਂ ਯੁੱਧ ਲਈ ਇਕੱਠੇ ਰਵਾਨਾ ਹੁੰਦੇ ਹਨ, ਤਾਂ ਇਸਨੂੰ ’ਆਰਮਾਡਾ’ ਕਿਹਾ ਜਾਂਦਾ ਹੈ।

## ਅਪਾਹਜ ਕੋਟੇ ਰਾਹੀਂ ਐਮ.ਬੀ.ਬੀ.ਐਸ. ਵਿੱਚ ਦਾਖਲਾ ਪ੍ਰਾਪਤ ਕਰਨ ਲਈ ਵਿਦਿਆਰਥੀ ਨੇ ਵੱਢਿਆ ਆਪਣਾ ਪੈਰ ਦਾ ਅੰਗੂਠਾ



ਜੌਨਪੁਰ, 23 ਜਨਵਰੀ (ਚ.ਨ.ਸ.): ਜੌਨਪੁਰ ਜ਼ਿਲ੍ਹੇ ਦੇ ਇੱਕ ਵਿਦਿਆਰਥੀ ਨੇ ਰਾਸ਼ਟਰੀ ਯੋਗਤਾ ਕਮ ਪ੍ਰਵੇਸ਼ ਪ੍ਰੀਖਿਆ (ਨੀਟ) ਵਿੱਚ ਦੋ ਵਾਰ ਫੇਲ੍ਹ ਹੋਣ ਤੋਂ ਬਾਅਦ, ਐਮ.ਬੀ.ਬੀ.ਐਸ. ਵਿੱਚ ਦਾਖਲੇ ਲਈ ਅਪਾਹਜ ਕੋਟੇ ਨੂੰ ਪ੍ਰਾਪਤ ਕਰਨ ਲਈ ਕਥਿਤ ਤੌਰ ’ਤੇ ਆਪਣੀ ਲੱਤ ਵੱਢ ਦਿੱਤੀ। ਪੁਲਿਸ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਡੂੰਘਾਈ ਨਾਲ ਜਾਂਚ ਤੋਂ ਬਾਅਦ ਸਾਜ਼ਿਸ਼ ਦਾ ਪਰਦਾਫਾਸ਼ ਹੋਇਆ। ਵਧੀਕ ਪੁਲਿਸ ਸੁਪਰਡੈਂਟ (ਸ਼ਹਿਰ) ਆਯੁਸ਼ ਸ਼੍ਰੀਵਾਸਤਵ ਨੇ ਕਿਹਾ ਕਿ ਲਾਈਨ ਬਾਜ਼ਾਰ ਥਾਣਾ ਖੇਤਰ ਦੇ ਖਲੀਲਪੁਰ ਪਿੰਡ ਦੇ ਰਹਿਣ ਵਾਲੇ ਆਕਾਸ਼ ਭਾਸਕਰ ਨੇ 18 ਜਨਵਰੀ ਦੀ ਸਵੇਰ ਨੂੰ ਪੁਲਿਸ ਨੂੰ ਸੂਚਿਤ ਕੀਤਾ ਕਿ ਕੁਝ ਅਣਪਛਾਤੇ ਬਦਮਾਸ਼ 17 ਜਨਵਰੀ ਦੀ ਦੇਰ ਰਾਤ ਨੂੰ ਉਸ ਦੇ ਨਿਰਮਾਣ ਅਧੀਨ ਘਰ ਵਿੱਚ ਦਾਖਲ ਹੋਏ ਅਤੇ ਉਸ ਦੇ ਭਰਾ ਸੂਰਜ ਨੂੰ ਬੇਰਹਿਮੀ ਨਾਲ ਕੁੱਟਿਆ ਅਤੇ ਉਸ ਦਾ ਪੈਰ ਦਾ ਅੰਗੂਠਾ ਵੱਢ ਦਿੱਤਾ। ਉਨ੍ਹਾਂ ਕਿਹਾ ਕਿ ਇਸ ਸਨਸਨੀਖੇਜ਼ ਜਾਣਕਾਰੀ ਤੋਂ ਬਾਅਦ, ਪੁਲਿਸ ਨੇ ਤੁਰੰਤ ਮਾਮਲਾ ਦਰਜ ਕੀਤਾ ਅਤੇ ਜਾਂਚ ਸ਼ੁਰੂ ਕਰ ਦਿੱਤੀ। ਵਧੀਕ ਪੁਲਿਸ ਸੁਪਰਡੈਂਟ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਸ਼ਹਿਰ ਖੇਤਰ ਦੇ ਸਰਕਲ ਅਫਸਰ (ਸੀ.ਓ.) ਗੋਲਡੀ ਗੁਪਤਾ ਨੂੰ ਸੌਂਪ ਦਿੱਤੀ ਗਈ ਹੈ। ਜਾਂਚ ਦੌਰਾਨ ਪੁਲਿਸ ਨੂੰ ਸੂਰਜ ਦੀ ਕਹਾਣੀ ਵਿੱਚ ਕਈ ਵਿਰੋਧਾਭਾਸ ਮਿਲੇ। ਉਨ੍ਹਾਂ ਕਿਹਾ ਕਿ ਮੋਬਾਈਲ ਫੋਨ ਦੀ ਖੋਜ ਤੋਂ ਇੱਕ ਨੌਜਵਾਨ ਔਰਤ ਦਾ ਨੰਬਰ ਸਾਹਮਣੇ ਆਇਆ, ਜਿਸ ਨੇ ਸ਼ੱਕ ਨੂੰ ਹੋਰ ਵਧਾ ਦਿੱਤਾ। ਇਸ ਦੌਰਾਨ ਪੁਲਿਸ ਨੂੰ ਸੂਰਜ ਦੀ ਡਾਇਰੀ ਵੀ ਮਿਲੀ, ਜਿਸ ਵਿੱਚ ਉਸ ਨੇ ਲਿਖਿਆ ਸੀ, ’ਮੈਂ 2026 ਵਿੱਚ ਐਮ.ਬੀ.ਬੀ.ਐਸ. ਡਾਕਟਰ ਬਣਾਂਗਾ।

## ਚੰਡੀਗੜ੍ਹ ਸਥਿਤ GMCH-32 ਦੇ ਨਵੇਂ ਬਣੇ ਐਡਵਾਂਸਡ ਟਰਾਮਾ ਸੈਂਟਰ ’ਚ ਹਾਦਸਾ

### ਉਦਘਾਟਨ ਦੇ ਸਿਰਫ਼ ਚਾਰ ਮਹੀਨਿਆਂ ਬਾਅਦ ਹੀ ਡਿੱਗੀ ‘ਫਾਲਸ ਸੀਲਿੰਗ’



ਚੰਡੀਗੜ੍ਹ, 23 ਜਨਵਰੀ (ਚ.ਨ.ਸ.): ਖੇਤਰ ਦੇ ਸਭ ਤੋਂ ਵੱਡੇ ਅਤੇ ਅਤਿ-ਆਧੁਨਿਕ ਦੱਸੇ ਜਾਣ ਵਾਲੇ ਸੈਕਟਰ-32 ਸਥਿਤ ਗਵਰਨਮੈਂਟ ਮੈਡੀਕਲ ਕਾਲਜ ਐਂਡ ਹਸਪਤਾਲ (GMCH) ਦੇ ਐਡਵਾਂਸ ਟਰਾਮਾ ਸੈਂਟਰ ਵਿੱਚ ਅੱਜ ਸ਼ੁੱਕਰਵਾਰ ਨੂੰ ਇੱਕ ਵੱਡਾ ਹਾਦਸਾ ਵਾਪਰਿਆ। ਉਦਘਾਟਨ ਦੇ ਮਹਿਜ਼ ਚਾਰ ਮਹੀਨਿਆਂ ਬਾਅਦ ਹੀ ਇਸ ਸੈਂਟਰ ਦੀ ਸੀਲਿੰਗ (ਛੱਤ) ਅਚਾਨਕ ਹੇਠਾਂ ਡਿੱਗ ਗਈ, ਜਿਸ ਕਾਰਨ ਹਸਪਤਾਲ ਵਿੱਚ ਹੜਕੰਪ ਮਚ ਗਿਆ। ਸ਼ੁੱਕਰਵਾਰ ਨੂੰ ਜਦੋਂ ਟਰਾਮਾ ਸੈਂਟਰ ਵਿੱਚ ਮਰੀਜ਼ਾਂ ਦਾ ਇਲਾਜ ਚੱਲ ਰਿਹਾ ਸੀ, ਤਾਂ ਅਚਾਨਕ ਸੀਲਿੰਗ ਦਾ ਇੱਕ ਹਿੱਸਾ ਹੇਠਾਂ ਆ ਡਿੱਗਿਆ। ਤੇਜ ਮੀਂਹ ਅਤੇ ਹਵਾਵਾਂ ਦੇ ਚੱਲਦੇ ਇਹ ਘਟਨਾ ਵਾਪਰੀ। ਖੁਸ਼ਕਿਸਮਤੀ ਇਹ ਰਹੀ ਕਿ ਉਸ ਸਮੇਂ ਕੋਈ ਮਰੀਜ਼ ਜਾਂ ਸਿਹਤ ਕਰਮਚਾਰੀ ਉਸ ਦੇ ਹੇਠਾਂ ਨਹੀਂ ਸੀ, ਜਿਸ ਕਾਰਨ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਪਰ ਇਸ ਘਟਨਾ ਨੇ ਕਰੋੜਾਂ ਰੁਪਏ (52.77 ਕਰੋੜ ਰੁਪਏ) ਦੀ ਲਾਗਤ ਨਾਲ ਬਣੀ ਇਸ ਇਮਾਰਤ ਦੀ ਗੁਣਵੱਤਾ ’ਤੇ ਵੱਡੇ ਸਵਾਲੀਆ ਨਿਸ਼ਾਨ ਲਗਾ ਦਿੱਤੇ ਹਨ। ਇਹ ਪ੍ਰੋਜੈਕਟ ਆਪਣੇ ਨਿਰਧਾਰਿਤ ਸਮੇਂ ਤੋਂ 8 ਮਹੀਨੇ ਦੇਰੀ ਨਾਲ ਸ਼ੁਰੂ ਹੋਇਆ ਸੀ।

## ਰੀਲ ਬਣਾਉਣ ਦੇ ਸ਼ੌਕ ਨੇ ਲਈ 2 ਨੌਜਵਾਨਾਂ ਦੀ ਜਾਨ, ਟਰੇਨ ਦੀ ਲਪੇਟ ਚ ਆਉਣ ਕਾਰਨ ਹੋਈ ਦਰਦਨਾਕ ਮੌਤ

ਬੇਤੀਆ, 23 ਜਨਵਰੀ (ਚ.ਨ.ਸ.): ਬਿਹਾਰ ਦੇ ਪੱਛਮੀ ਚੰਪਾਰਨ ਜ਼ਿਲ੍ਹੇ ਤੋਂ ਇਕ ਬਹੁਤ ਹੀ ਮੰਦਭਾਗੀ ਅਤੇ ਦਰਦਨਾਕ ਖ਼ਬਰ ਸਾਹਮਣੇ ਆਈ ਹੈ, ਜਿੱਥੇ ਮੋਬਾਈਲ ’ਤੇ ਰੀਲ ਬਣਾਉਣ ਦੇ ਚੱਕਰ ਵਿਚ 2 ਨੌਜਵਾਨਾਂ ਦੀ ਟਰੇਨ ਦੀ ਲਪੇਟ ਵਿਚ ਆਉਣ ਨਾਲ ਮੌਤ ਹੋ ਗਈ। ਇਹ ਹਾਦਸਾ ਸ਼ੁੱਕਰਵਾਰ ਸਵੇਰੇ ਕਰੀਬ 8:40 ਵਜੇ ਮੁਜ਼ੱਫਰਪੁਰ-ਨਰਕਟੀਆਗੰਜ ਰੇਲ ਖੰਡ ’ਤੇ ਸਾਠੀ ਸਟੇਸ਼ਨ ਦੇ ਨੇੜੇ ਵਾਪਰਿਆ। ਪ੍ਰਾਪਤ ਜਾਣਕਾਰੀ ਅਨੁਸਾਰ, 2 ਅਣਪਛਾਤੇ ਨੌਜਵਾਨ ਰੇਲਵੇ ਪਿੱਲਰ ਨੰਬਰ 234/31 ਦੇ ਕੋਲ ਖੜ੍ਹੇ ਹੋ ਕੇ ਮੋਬਾਈਲ ਰਾਹੀਂ ਵੀਡੀਓ ਰੀਲ ਬਣਾ ਰਹੇ ਸਨ। ਉਸੇ ਸਮੇਂ ਮੁਜ਼ੱਫਰਪੁਰ ਤੋਂ ਨਰਕਟੀਆਗੰਜ ਵੱਲ ਜਾ ਰਹੀ ਅੰਮ੍ਰਿਤ ਭਾਰਤ ਐਕਸਪ੍ਰੈਸ ਉੱਥੋਂ ਲੰਘ ਰਹੀ ਸੀ। ਇਸੇ ਦੌਰਾਨ ਦੂਜੀ ਪਟਰੀ ’ਤੇ ਉਲਟ ਦਿਸ਼ਾ ਤੋਂ ਇਕ ਫੌਜੀ ਟਰੇਨ ਵੀ ਆ ਗਈ। ਦੋਵਾਂ ਪਾਸਿਆਂ ਤੋਂ ਟਰੇਨਾਂ ਆਉਂਦੀਆਂ ਦੇਖ ਨੌਜਵਾਨ ਬੁਰੀ ਤਰ੍ਹਾਂ ਘਬਰਾ ਗਏ ਅਤੇ ਖੁਦ ਨੂੰ ਸੰਭਾਲ ਨਾ ਸਕੇ। ਇਸ ਘਬਰਾਹਟ ਵਿਚ ਉਹ ਅੰਮ੍ਰਿਤ ਭਾਰਤ ਟਰੇਨ ਦੀ ਲਪੇਟ ਵਿਚ ਆ ਗਏ, ਜਿਸ ਕਾਰਨ ਉਨ੍ਹਾਂ ਦੀ ਮੌਕੇ ’ਤੇ ਹੀ ਮੌਤ ਹੋ ਗਈ। ਘਟਨਾ ਤੋਂ ਤੁਰੰਤ ਬਾਅਦ ਸਾਠੀ ਸਟੇਸ਼ਨ ਮਾਸਟਰ ਨੇ ਰੇਲ ਸੁਰੱਖਿਆ ਬਲ (ਜੀ.ਆਰ.ਪੀ.) ਬੇਤੀਆ ਨੂੰ ਸੂਚਿਤ ਕੀਤਾ। ਸਟੇਸ਼ਨ ਸੁਪਰਡੈਂਟ ਸੰਤੋਸ਼ ਕੁਮਾਰ ਨੇ ਦੱਸਿਆ ਕਿ ਸਬੰਧਤ ਵਿਭਾਗਾਂ ਨੂੰ ਸੂਚਨਾ ਦੇ ਦਿੱਤੀ ਗਈ ਹੈ ਅਤੇ ਕਾਨੂੰਨੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਜੀ.ਆਰ.ਪੀ. ਬੇਤੀਆ ਦੇ ਅਧਿਕਾਰੀਆਂ ਮੁਤਾਬਕ, ਮ੍ਰਿਤਕਾਂ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਹੈ। ਪੁਲਸ ਵੱਲੋਂ ਆਸ-ਪਾਸ ਦੇ ਇਲਾਕਿਆਂ ’ਚ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਨੌਜਵਾਨਾਂ ਦੀ ਸ਼ਨਾਖਤ ਹੋ ਸਕੇ। ਲਾਸ਼ਾਂ ਨੂੰ ਕਬਜ਼ੇ ’ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ।

---

### ਓੜੀਸ਼ਾ ਦੇ ਬਾਲਾਸੋਰ ’ਚ ਮਾਲਗੱਡੀ

ਰਵਾਨਾ ਹੋਈ ਸੀ, ਜਿਸ ਦੌਰਾਨ ਇਹ ਹਾਦਸਾ ਵਾਪਰਿਆ। ਡੱਬੇ ਪਟਰੀ ਤੋਂ ਉਤਰਨ ਕਾਰਨ ਜਲੇਸ਼ਵਰ ਨੇੜੇ ਸਥਿਤ ਰੂਪਸਾ ਸਟੇਸ਼ਨ ਤੋਂ ਲੰਘਣ ਵਾਲੀਆਂ ਰੇਲ ਸੇਵਾਵਾਂ ਪ੍ਰਭਾਵਿਤ ਹੋਈਆਂ। ਹਾਲਾਂਕਿ, ਰੇਲਵੇ ਵਿਭਾਗ ਵੱਲੋਂ ਕੀਤੇ ਗਏ ਤੁਰੰਤ ਮੁਰੰਮਤ ਕਾਰਜਾਂ ਤੋਂ ਬਾਅਦ ਪ੍ਰਭਾਵਿਤ ਡੱਬਿਆਂ ਨੂੰ ਮੁੜ ਪਟਰੀ ’ਤੇ ਲਿਆਂਦਾ ਗਿਆ ਅਤੇ ਰੇਲ ਆਵਾਜਾਈ ਮੁੜ ਬਹਾਲ ਕਰ ਦਿੱਤੀ ਗਈ ਹੈ। ਦੱਖਣ ਪੂਰਬੀ ਰੇਲਵੇ ਦੇ ਖੜਗਪੁਰ ਮੰਡਲ ਨੇ ਇਸ ਘਟਨਾ ਦੇ ਅਸਲ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

### ਕੇਰਲਾ ਦੇ ਵਿਕਾਸ ਲਈ ਕੇਂਦਰ ਦੇ ਯਤਨਾਂ

ਭਾਰਤ’ ਬਣਾਉਣ ਲਈ ਇਕੱਠੇ ਕੰਮ ਕਰ ਰਿਹਾ ਹੈ। ਕੇਰਲਾ ਦੇ ਮੁੱਖ ਮੰਤਰੀ ਪਿਨਾਰਾਈ ਵਿਜਯਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੁਆਰਾ ਸ਼ੁਰੂ ਕੀਤੇ ਗਏ ਪ੍ਰੋਜੈਕਟਾਂ ਦਾ ਰਾਜ ਦੇ ਵਿਕਾਸ ’ਤੇ ਦੂਰਗਾਮੀ ਪ੍ਰਭਾਵ ਪਵੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਕੇਰਲ ਲਈ ਬਹੁਤ ਮਹੱਤਵਪੂਰਨ ਹਨ। ਰਾਜ ਸਰਕਾਰ ਲੰਬੇ ਸਮੇਂ ਤੋਂ ਕੇਂਦਰ ਸਰਕਾਰ ਤੋਂ ਇਨ੍ਹਾਂ ਪ੍ਰੋਜੈਕਟਾਂ ਲਈ ਪ੍ਰਵਾਨਗੀ ਦੀ ਮੰਗ ਕਰ ਰਹੀ ਸੀ। ਮੁੱਖ ਮੰਤਰੀ ਨੇ ਉਮੀਦ ਪ੍ਰਗਟਾਈ ਕਿ ਕੇਰਲਾ ਪ੍ਰਤੀ ਇਹ ਸੰਵੇਦਨਸ਼ੀਲਤਾ ਅਤੇ ਸਦਭਾਵਨਾ ਭਵਿੱਖ ਵਿੱਚ ਵੀ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਸੂਬੇ ਨਾਲ ਸਬੰਧਤ ਹੋਰ ਖੇਤਰਾਂ ਦੀਆਂ ਜਾਇਜ਼ ਮੰਗਾਂ ਵੀ ਸਮੇਂ ਸਿਰ ਪੂਰੀਆਂ ਕੀਤੀਆਂ ਜਾਣਗੀਆਂ ਅਤੇ ਪ੍ਰਧਾਨ ਮੰਤਰੀ ਇਹ ਯਕੀਨੀ ਬਣਾਉਣਗੇ ਕਿ ਸਾਰੀਆਂ ਯੋਜਨਾਵਾਂ ਸਮੇਂ ਸਿਰ ਲਾਗੂ ਕੀਤੀਆਂ ਜਾਣ।

### ਡੀ.ਐਮ.ਕੇ. ਦੀ ਉ_ਲਟੀ

ਸਰਕਾਰ ਸਿਰਫ਼ ਇੱਕ ਪਰਿਵਾਰ ਦੀ ਸੇਵਾ ਕਰ ਰਹੀ ਹੈ। ਜੇਕਰ ਕੋਈ ਪਾਰਟੀ ਵਿੱਚ ਅੱਗੇ ਵਧਣਾ ਚਾਹੁੰਦਾ ਹੈ, ਤਾਂ ਉਸ ਕੋਲ ਸਿਰਫ਼ ਤਿੰਨ ਜਾਂ ਚਾਰ ਰਸਤੇ ਹਨ: ਵੰਸ਼ਵਾਦ, ਭ੍ਰਿਸ਼ਟਾਚਾਰ, ਔਰਤਾਂ ਦਾ ਅਪਮਾਨ, ਜਾਂ ਸਾਡੀ ਸੰਸਕ੍ਰਿਤੀ ਦਾ ਅਪਮਾਨ। ਭਾਜਪਾ ਨੇਤਾ ਨੇ ਕਿਹਾ ਕਿ ਕੇਂਦਰ ਦੀ ਐਨ.ਡੀ.ਏ. ਸਰਕਾਰ ਨੇ ਤਾਮਿਲਨਾਡੂ ਦੇ ਵਿਕਾਸ ਲਈ ਬੇਮਿਸਾਲ ਕੰਮ ਕੀਤਾ ਹੈ। ਉਨ੍ਹਾਂ ਦੱਸਿਆ ਕਿ ਕਾਂਗਰਸ ਅਤੇ ਡੀ.ਐਮ.ਕੇ. ਵੀ ਕੇਂਦਰ ਵਿੱਚ ਸੱਤਾ ਵਿੱਚ ਸਨ, ਅਤੇ ਉਨ੍ਹਾਂ ਦੀ ਸਰਕਾਰ ਨੇ ਉਨ੍ਹਾਂ ਨਾਲੋਂ ਤਿੰਨ ਗੁਣਾ ਜ਼ਿਆਦਾ ਪੈਸਾ ਅਲਾਟ ਕੀਤਾ ਹੈ। ਉਨ੍ਹਾਂ ਦੋਸ਼ ਲਾਇਆ,’ਐਸ.ਸੀ./ਐਸ.ਟੀ. ਅਤੇ ਹੋਰ ਪਛੜੇ ਸਮੂਹਾਂ ਦੀ ਭਲਾਈ ਦੇ ਨਾਮ ’ਤੇ, ਉਨ੍ਹਾਂ ਦੀ ਸਰਕਾਰ ਨੇ ਸਿਰਫ਼ ਭ੍ਰਿਸ਼ਟਾਚਾਰ ਵਿੱਚ ਹੀ ਉਲਝਿਆ ਹੋਇਆ ਹੈ।’

### ਭਗਵੰਤ ਮਾਨ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ

ਜੇਬ ਵਿੱਚੋਂ ਇੱਕ ਵੀ ਪੈਸਾ ਖ਼ਰਚ ਨਾ ਕਰਨਾ ਪਵੇ। ਯੋਜਨਾ ਤਹਿਤ ਯੋਗਤਾ ਇਹ ਯੋਜਨਾ ਪੰਜਾਬ ਦੇ ਸਾਰੇ ਮੂਲ ਨਿਵਾਸੀਆਂ ’ਤੇ ਲਾਗੂ ਹੁੰਦੀ ਹੈ ਅਤੇ ਇਸ ਵਿੱਚ ਆਮਦਨ ਅਤੇ ਸ਼੍ਰੇਣੀ-ਅਧਾਰਤ ਆਦਿ ਸਾਰੀਆਂ ਪਾਬੰਦੀਆਂ ਨੂੰ ਹਟਾ ਕੇ ਇਸਨੂੰ ਪੂਰੀ ਤਰ੍ਹਾਂ ਸਰਵ ਵਿਆਪਕ ਬਣਾਇਆ ਗਿਆ ਹੈ। ਪੰਜਾਬ ਦੀ ਵੈਧ ਵੋਟਰ ਆਈਡੀ ਵਾਲੇ ਪਰਿਵਾਰ ਇਸ ਯੋਜਨਾ ਅਧੀਨ ਰਜਿਸਟਰੇਸ਼ਨ ਲਈ ਯੋਗ ਹਨ, ਜਦੋਂ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਆਪਣੇ ਮਾਤਾ-ਪਿਤਾ ਜਾਂ ਦੇਖਰੇਖ ਕਰਨ ਵਾਲੇ ਵਿਅਕਤੀ (ਗਾਰਡੀਅਨ) ਦੀ ਵੋਟਰ ਆਈਡੀ ਰਾਹੀਂ ਕਵਰ ਕਰਨ ਦਾ ਉਪਬੰਧ ਹੈ। ਸਾਰੇ ਸਰਕਾਰੀ ਕਰਮਚਾਰੀ, ਪੈਨਸ਼ਨਰ, ਅਤੇ ਪੰਜਾਬ ਸਰਕਾਰ ਦੇ ਵਿਭਾਗਾਂ, ਕਾਰਪੋਰੇਸ਼ਨਾਂ, ਟਰੱਸਟਾਂ ਅਤੇ ਸੁਸਾਇਟੀਆਂ ਅਧੀਨ ਠੇਕੇ, ਆਊਟਸੋਰਸਿੰਗ ਜਾਂ ਕੰਸਲਟੈਂਸਿੰਗ ਆਧਾਰ ’ਤੇ ਲੱਗੇ ਵਿਅਕਤੀ ਵੀ ਇਸ ਯੋਜਨਾ ਅਧੀਨ ਯੋਗ ਹਨ। ਇਸ ਯੋਜਨਾ ਵਿੱਚ ਕੋਈ ਆਮਦਨ ਸੀਮਾ ਨਹੀਂ ਹੈ।

ਕਵਰੇਜ ਅਤੇ ਲਾਭਪਾਤਰੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲੱਗਭੱਗ 65 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾਣਗੇ, ਜੋ ਕਿ ਪੰਜਾਬ ਭਰ ਦੇ ਲੱਗਭੱਗ ਤਿੰਨ ਕਰੋੜ ਨਾਗਰਿਕਾਂ ਨੂੰ ਕਵਰ ਕਰਦੇ ਹਨ। ਹਰੇਕ ਯੋਗ ਪਰਿਵਾਰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਡਾਕਟਰੀ ਇਲਾਜ ਦਾ ਹੱਕਦਾਰ ਹੈ। ਇਸ ਯੋਜਨਾ ਅਧੀਨ ਪਹਿਲਾਂ ਵਾਲੇ 5 ਲੱਖ ਰੁਪਏ ਦੀ ਕਵਰੇਜ ਸੀਮਾ ਨੂੰ ਦੁੱਗਣਾ ਕਰ ਦਿੱਤਾ ਗਿਆ ਹੈ, ਜਿਸ ਨਾਲ ਯੋਜਨਾ ਅਧੀਨ ਕਵਰ ਪਰਿਵਾਰਾਂ ਲਈ ਸਿਹਤ ਸੁਰੱਖਿਆ ਅਤੇ ਵਿੱਤੀ ਸੁਰੱਖਿਆ ਨੂੰ ਵੱਡੀ ਮਜ਼ਬੂਤੀ ਮਿਲੀ ਹੈ।

ਸਿਹਤ ਕਾਰਡ ਜਾਰੀ ਕਰਨਾ

ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਿਹਤ ਕਾਰਡ ਨਕਦੀ ਰਹਿਤ ਇਲਾਜ ਪ੍ਰਾਪਤ ਕਰਨ ਲਈ ਮੁੱਖ ਪਹੁੰਚ ਦਸਤਾਵੇਜ਼ ਵਜੋਂ ਕੰਮ ਕਰਦੇ ਹਨ। ਇਹ ਕਾਰਡ ਸੁਵਿਧਾ ਕੇਂਦਰਾਂ, ਕਾਮਨ ਸਰਵਿਸ ਸੈਂਟਰਾਂ ਜਾਂ ਆਧਾਰ ਕਾਰਡ ਅਤੇ ਪੰਜਾਬ ਦੀ ਵੋਟਰ ਆਈਡੀ ਦੀ ਵਰਤੋਂ ਕਰਕੇ ਔਨਲਾਈਨ ਰਜਿਸਟਰੇਸ਼ਨ ਰਾਹੀਂ ਪ੍ਰਾਪਤ ਕੀਤੇ ਜਾ ਸਕਦੇ ਹਨ। ਇਸ ਯੋਜਨਾ ਅਧੀਨ ਵੱਧ ਤੋਂ ਵੱਧ ਲੋਕਾਂ ਦੀ ਰਜਿਸਟਰੇਸ਼ਨ ਨੂੰ ਯਕੀਨੀ ਬਣਾਉਣ ਲਈ ਯੁਵਾ ਕਲੱਬ ਦੇ ਸਿਖਲਾਈ ਪ੍ਰਾਪਤ ਮੈਂਬਰ ਰਾਜ ਭਰ ਵਿੱਚ ਘਰ-ਘਰ ਪਹੁੰਚ ਕੇ ਵੀ ਪਰਿਵਾਰਾਂ ਦੀ ਸਹਾਇਤਾ ਕਰਨਗੇ।

ਡਾਕਟਰੀ ਇਲਾਜ ਅਤੇ ਕਵਰ ਕੀਤੀਆਂ ਸੇਵਾਵਾਂ

ਮੁੱਖ ਮੰਤਰੀ ਸਿਹਤ ਯੋਜਨਾ ਅਧੀਨ 2,300 ਤੋਂ ਵੱਧ ਇਲਾਜ ਪੈਕੇਜ ਸ਼ਾਮਲ ਕੀਤੇ ਗਏ ਹਨ, ਜਿਸ ਵਿੱਚ ਆਰਥੋਪੈਡਿਕਸ, ਜਨਰਲ ਮੈਡੀਸਨ, ਕਾਰਡੀਓਲੋਜੀ, ਨਿਊਰੋਲੋਜੀ, ਨੈਫਰੋਲੋਜੀ, ਯੂਰੋਲੋਜੀ ਅਤੇ ਓਨਕੋਲੋਜੀ ਵਰਗੀਆਂ ਡਾਕਟਰੀ ਵਿਸ਼ੇਸ਼ਤਾਵਾਂ ਦੀ ਵਿਸ਼ਾਲ ਸ਼?ਰੇਣੀ ਤਹਿਤ ਸੈਕੰਡਰੀ ਅਤੇ ਟਰਸ਼ਰੀ ਪੱਧਰ ਦੀਆਂ ਸਿਹਤ ਸੰਭਾਲ ਸੇਵਾਵਾਂ ਦਿੱਤੀਆਂ ਜਾਂਦੀਆਂ ਹਨ। ਇਸ ਯੋਜਨਾ ਵਿੱਚ ਦਿਲ ਦਾ ਆਪ੍ਰੇਸ਼ਨ, ਕੈਂਸਰ ਦਾ ਇਲਾਜ, ਗੁਰਦੇ ਦਾ ਡਾਇਲਿਸਿਸ ਅਤੇ ਟਰਾਂਸਪਲਾਂਟ, ਦਿਮਾਗ ਅਤੇ ਰੀੜ੍ਹ ਦੀ ਹੱਡੀ ਦੀ ਸਰਜਰੀ, ਗੋਡੇ ਅਤੇ ਚੂਲ੍ਹਾ ਬਦਲਣਾ, ਮੋਤੀਏ ਸਬੰਧੀ ਸਰਜਰੀ, ਜਣੇਪਾ ਅਤੇ ਨਵਜੰਮੇ ਬੱਚੇ ਦੀ ਦੇਖਭਾਲ, ਦੁਰਘਟਨਾ ਅਤੇ ਐਮਰਜੈਂਸੀ ਸੇਵਾਵਾਂ, ਆਈ.ਸੀ.ਯੂ. ਦੇਖਭਾਲ ਅਤੇ ਨਾਲ ਹੀ ਹਸਪਤਾਲ ਵਿੱਚ ਭਰਤੀ ਹੋਣ ਤੋਂ ਪਹਿਲਾਂ ਅਤੇ ਬਾਅਦ ਦਿੱਤੀਆਂ ਜਾਣ ਵਾਲੀਆਂ ਸੇਵਾਵਾਂ ਵਰਗੇ ਪ੍ਰਮੁੱਖ ਇਲਾਜ ਸ਼ਾਮਲ ਹਨ। ਇਲਾਜ ਨਾਲ ਸਬੰਧਤ ਡਾਇਗਨੌਸਟਿਕ ਸੇਵਾਵਾਂ ਵੀ ਕਵਰ ਕੀਤੀਆਂ ਜਾਂਦੀਆਂ ਹਨ।

ਸਕੀਮ ਅਧੀਨ ਸੂਚੀਬੱਧ ਹਸਪਤਾਲ

ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਾਭਪਾਤਰੀਆਂ ਨੂੰ ਸੂਚੀਬੱਧ ਕੀਤੇ ਹਸਪਤਾਲਾਂ ਜਿਨ੍ਹਾਂ ਵਿੱਚ ਸਰਕਾਰੀ ਸੰਸਥਾਵਾਂ, ਨਿੱਜੀ ਹਸਪਤਾਲਾਂ, ਜਨਤਕ-ਨਿੱਜੀ ਭਾਈਵਾਲੀ ਵਾਲੇ ਹਸਪਤਾਲਾਂ ਅਤੇ ਪੰਜਾਬ ਦੇ ਸਾਰੇ ਮੈਡੀਕਲ ਕਾਲਜ ਸ਼ਾਮਲ ਹਨ, ਦੇ ਮਜ਼ਬੂਤ ਅਤੇ ਵਿਆਪਕ ਨੈੱਟਵਰਕ ਰਾਹੀਂ ਨਕਦੀ ਰਹਿਤ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਹੁਣ ਤੱਕ ਇਸ ਸਕੀਮ ਅਧੀਨ ਕੁੱਲ 823 ਹਸਪਤਾਲਾਂ ਨੂੰ ਸੂਚੀਬੱਧ ਕੀਤਾ ਗਿਆ ਹੈ ਤਾਂ ਜੋ ਪੂਰੇ ਸੂਬੇ ਵਿੱਚ ਵਿਆਪਕ ਕਵਰੇਜ ਦੇ ਨਾਲ-ਨਾਲ ਮੈਡੀਕਲ ਕਾਲਜ-ਪੱਧਰੀ ਦੇਖਭਾਲ ਤੱਕ ਆਸਾਨ ਪਹੁੰਚ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਨੈੱਟਵਰਕ ਵਿੱਚ ਚਾਰ ਸਰਕਾਰੀ ਮੈਡੀਕਲ ਕਾਲਜ, ਚਾਰ ਨਿੱਜੀ ਮੈਡੀਕਲ ਕਾਲਜ ਅਤੇ ਜਨਤਕ-ਨਿੱਜੀ ਭਾਈਵਾਲੀ ਤਹਿਤ ਕੰਮ ਕਰ ਰਿਹਾ ਇੱਕ ਮੈਡੀਕਲ ਕਾਲਜ ਸ਼ਾਮਲ ਹੈ। ਇਸ ਤੋਂ ਇਲਾਵਾ, 23 ਜ਼ਿਲ੍ਹਾ ਹਸਪਤਾਲ, 41 ਸਬ-ਡਿਵੀਜ਼ਨਲ ਹਸਪਤਾਲ, ਅਤੇ 151 ਕਮਿਊਨਿਟੀ ਸਿਹਤ ਕੇਂਦਰ ਇਸ ਸਕੀਮ ਅਧੀਨ ਲਿਆਂਦੇ ਗਏ ਹਨ, ਜਿਸ ਨਾਲ ਜ਼ਿਲ੍ਹਾ ਅਤੇ ਉਪ-ਜ਼ਿਲ੍ਹਾ ਪੱਧਰ ’ਤੇ ਸਿਹਤ ਸੰਭਾਲ ਤੱਕ ਪਹੁੰਚ ਹੋਰ ਬਿਹਤਰ ਹੋਈ ਹੈ।

ਐਮ.ਐਮ.ਐਸ.ਵਾਈ. ਤਹਿਤ ਸੂਚੀਬੱਧ ਕੀਤੇ 559 ਨਿੱਜੀ ਹਸਪਤਾਲ ਨਾਲ ਪ੍ਰਾਈਵੇਟ ਸੈਕਟਰ ਨੈੱਟਵਰਕ ਦਾ ਯੋਗਦਾਨ ਵੀ ਮਹੱਤਵਪੂਰਨ ਹੈ। ਇਸ ਸਕੀਮ ਅਧੀਨ ਸ਼ਾਮਲ ਪ੍ਰਮੁੱਖ ਨਿੱਜੀ ਹਸਪਤਾਲ ਪੀਆਈਐਮਐਸ ਮੈਡੀਕਲ ਐਂਡ ਐਜੂਕੇਸ਼ਨ ਚੈਰੀਟੇਬਲ ਸੋਸਾਇਟੀ ਜਲੰਧਰ, ਆਦੇਸ਼ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਰਿਸਰਚ ਬਠਿੰਡਾ, ਚਿੰਤਪੂਰਨੀ ਮੈਡੀਕਲ ਕਾਲਜ ਅਤੇ ਹਸਪਤਾਲ ਪਠਾਨਕੋਟ, ਰਿਮਟ ਮੈਡੀਕਲ ਕਾਲਜ ਅਤੇ ਹਸਪਤਾਲ ਫਤਿਹਗੜ੍ਹ ਸਾਹਿਬ, ਗਿਆਨ ਸਾਗਰ ਮੈਡੀਕਲ ਕਾਲਜ ਪਟਿਆਲਾ ਨੀਲਮ ਹਸਪਤਾਲ ਪਟਿਆਲਾ, ਸ਼੍ਰੀ ਗੁਰੂ ਰਾਮ ਦਾਸ ਚੈਰੀਟੇਬਲ ਹਸਪਤਾਲ ਅੰਮ੍ਰਿਤਸਰ, ਕੈਪੀਟਲ ਹਸਪਤਾਲ ਜਲੰਧਰ, ਸੋਹਾਣਾ ਹਸਪਤਾਲ ਐਸਏਐਸ ਨਗਰ ਅਤੇ ਅਮਰ ਹਸਪਤਾਲ ਐਸਏਐਸ ਨਗਰ ਸ਼ਾਮਲ ਹਨ। ਪੰਜਾਬ ਸਰਕਾਰ ਰਾਜ ਭਰ ਵਿੱਚ ਨਕਦੀ ਰਹਿਤ ਇਲਾਜ ਤੱਕ ਪਹੁੰਚ ਨੂੰ ਹੋਰ ਮਜ਼ਬੂਤ ਕਰਨ ਲਈ ਸੂਚੀਬੱਧ ਹਸਪਤਾਲਾਂ ਦੇ ਨੈੱਟਵਰਕ ਦਾ ਵਿਸਥਾਰ ਕਰਨਾ ਜਾਰੀ ਰੱਖੇਗੀ।

ਜਿੱਥੇ ਇਲਾਜ ਉਪਲੱਬਧ ਕਰਵਾਇਆ ਜਾ ਸਕਦਾ ਹੈ

ਲਾਭਪਾਤਰੀ ਪੰਜਾਬ ਭਰ ਵਿੱਚ ਕਿਸੇ ਵੀ ਸੂਚੀਬੱਧ ਸਰਕਾਰੀ ਜਾਂ ਨਿੱਜੀ ਹਸਪਤਾਲ ਵਿੱਚ ਨਕਦੀ ਰਹਿਤ ਇਲਾਜ ਪ੍ਰਾਪਤ ਕਰ ਸਕਦੇ ਹਨ। ਚੰਡੀਗੜ੍ਹ ਵਿੱਚ ਸਥਿਤ ਸੂਚੀਬੱਧ

# ਪਹਿਲੇ ਸਫ਼ੇ ਦੀ ਬਾਕੀ

ਹਸਪਤਾਲ ਵੀ ਸ਼ਾਮਲ ਹਨ, ਜਿਸ ਨਾਲ ਲਾਭਪਾਤਰੀਆਂ ਨੂੰ ਲੋੜ ਪੈਣ ’ਤੇ ਰਾਜ ਤੋਂ ਬਾਹਰ ਇਲਾਜ ਦੀ ਸਹੂਲਤ ਮਿਲਦੀ ਹੈ।

ਨਕਦੀ ਰਹਿਤ ਇਲਾਜ ਕਿਵੇਂ ਮਿਲੇਗਾ

ਇਲਾਜ ਪ੍ਰਾਪਤ ਕਰਨ ਲਈ ਲਾਭਪਾਤਰੀਆਂ ਨੂੰ ਸੂਚੀਬੱਧ ਹਸਪਤਾਲ ਵਿੱਚ ਆਪਣਾ ਮੁੱਖ ਮੰਤਰੀ ਸਿਹਤ ਯੋਜਨਾ ਸਿਹਤ ਕਾਰਡ ਦੇਣਾ ਹੋਵੇਗਾ। ਮਰੀਜ਼ ਨੂੰ ਬਿਨਾਂ ਕਿਸੇ ਭੁਗਤਾਨ ਦੇ ਇਲਾਜ ਪ੍ਰਦਾਨ ਕੀਤਾ ਜਾਂਦਾ ਹੈ। ਇਲਾਜ ਪੂਰਾ ਹੋਣ ਤੋਂ ਬਾਅਦ ਹਸਪਤਾਲ ਅਦਾਇਗੀ ਲਈ ਕਲੇਮ ਪੇਸ਼ ਕਰਦਾ ਹੈ , ਜਿਸਦਾ ਭੁਗਤਾਨ ਪੰਦਰਾਂ ਦਿਨਾਂ ਦੇ ਅੰਦਰ ਜਾਰੀ ਕਰ ਦਿੱਤਾ ਜਾਂਦਾ ਹੈ। ਪੰਜਾਬ ਸਰਕਾਰ ਨੇ ਨਿਰਵਿਘਨ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਪਹਿਲਾਂ ਹੀ ਬੀਮਾ ਕੰਪਨੀ ਨੂੰ ਐਡਵਾਂਸ ਪ੍ਰੀਮੀਅਮ ਦਾ ਭੁਗਤਾਨ ਕਰ ਦਿੱਤਾ ਹੈ।

ਲਾਗੂ ਕਰਨ ਅਤੇ ਵਿੱਤੀ ਪ੍ਰਬੰਧ

ਇਹ ਯੋਜਨਾ ਇੱਕ ਹਾਈਬ੍ਰਿਡ ਮਾਡਲ ਰਾਹੀਂ ਲਾਗੂ ਕੀਤੀ ਜਾ ਰਹੀ ਹੈ, ਜਿਸ ਤਹਿਤ ਪ੍ਰਤੀ ਪਰਿਵਾਰ 1 ਲੱਖ ਰੁਪਏ ਦਾ ਬੀਮਾ ਕਵਰੇਜ ਯੂਨਾਈਟਿਡ ਇੰਡੀਆ ਬੀਮਾ ਕੰਪਨੀ ਦੁਆਰਾ ਪ੍ਰਦਾਨ ਕੀਤਾ ਜਾਂਦਾ ਹੈ, ਜਦੋਂ ਕਿ 10 ਲੱਖ ਰੁਪਏ ਤੱਕ ਦਾ ਬਾਕੀ ਕਵਰੇਜ ਪੰਜਾਬ ਸਰਕਾਰ ਦੁਆਰਾ ਰਾਜ ਸਿਹਤ ਏਜੰਸੀ ਰਾਹੀਂ ਸਹਿਣ ਕੀਤਾ ਜਾਂਦਾ ਹੈ। ਇਸਦੇ ਸੁਚਾਰੂ ਅਤੇ ਨਿਰੰਤਰ ਲਾਗੂਕਰਨ ਨੂੰ ਯਕੀਨੀ ਬਣਾਉਣ ਲਈ 1,200 ਕਰੋੜ ਰੁਪਏ ਦਾ ਬਜਟ ਪ੍ਰਬੰਧ ਕੀਤਾ ਗਿਆ ਹੈ।

ਮੁੱਖ ਮੰਤਰੀ ਸਿਹਤ ਯੋਜਨਾ ਦਾ ਉਦੇਸ਼ ਭਗਵੰਤ ਸਿੰਘ ਮਾਨ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਇਹ ਯਕੀਨੀ ਬਣਾਉਣ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ ਕਿ ਪੰਜਾਬ ਦਾ ਕੋਈ ਵੀ ਨਾਗਰਿਕ ਵਿੱਤੀ ਰੁਕਾਵਟਾਂ ਕਰਕੇ ਡਾਕਟਰੀ ਇਲਾਜ ਤੋਂ ਵਾਂਝਾ ਨਾ ਰਹੇ। ਇਹ ਯੋਜਨਾ ਬਿਨਾਂ ਕਿਸੇ ਭੇਦਭਾਵ ਦੇ ਯੂਨੀਵਰਸਲ, ਨਕਦੀ ਰਹਿਤ ਸਿਹਤ ਸੰਭਾਲ ਦੀ ਪੇਸ਼ਕਸ਼ ਕਰਕੇ ਪੰਜਾਬ ਨੂੰ ਜਨਤਕ ਸਿਹਤ ਸੰਭਾਲ ਸੁਧਾਰਾਂ ਵਿੱਚ ਰਾਸ਼ਟਰੀ ਪੱਧਰ ’ਤੇ ਮੋਹਰੀ ਬਣਾਉਂਦੀ ਹੈ।

ਹੋਰ ਜਾਣਕਾਰੀ ਅਤੇ ਯੋਜਨਾ ਅਧੀਨ ਰਜਿਸਟਰੇਸ਼ਨ ਸਹਾਇਤਾ ਲਈ, ਨਾਗਰਿਕ ਆਪਣੇ ਨਜ਼ਦੀਕੀ ਕਾਮਨ ਸਰਵਿਸ ਸੈਂਟਰ ਜਾਂ ਸਰਕਾਰੀ ਸਿਹਤ ਸਹੂਲਤ ਨਾਲ ਸੰਪਰਕ ਕਰ ਸਕਦੇ ਹਨ।

### ਪੰਜਾਬ ’ਚ ਮੀਂਹ ਅਤੇ ਗੜ੍ਹੇਮਾਰੀ

ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਲੁਧਿਆਣਾ, ਫਤਿਹਗੜ੍ਹ ਸਾਹਿਬ, ਰੂਪਨਗਰ, ਪਟਿਆਲਾ ਅਤੇ ਐਸਏਐਸ ਨਗਰ (ਮੋਹਾਲੀ) ਦੇ ਕੁਝ ਇਲਾਕਿਆਂ ਵਿੱਚ ਗਰਜ ਅਤੇ ਬਿਜਲੀ ਦੇ ਨਾਲ ਗੜ੍ਹੇਮਾਰੀ ਹੋ ਸਕਦੀ ਹੈ।

ਇਸ ਦੌਰਾਨ, ਫਿਰੋਜ਼ਪੁਰ, ਫਾਜ਼ਿਲਕਾ, ਫ਼ਰੀਦਕੋਟ, ਮੁਕਤਸਰ ਸਾਹਿਬ, ਮੋਗਾ, ਬਠਿੰਡਾ, ਬਰਨਾਲਾ, ਮਾਨਸਾ, ਸੰਗਰੂਰ ਅਤੇ ਮਲੇਰਕੋਟਲਾ ਦੇ ਕੁਝ ਇਲਾਕਿਆਂ ਵਿੱਚ ਗਰਜ ਅਤੇ ਬਿਜਲੀ ਡਿੱਗਣ ਦੀ ਸੰਭਾਵਨਾ ਹੈ। ਇਨ੍ਹਾਂ ਇਲਾਕਿਆਂ ਵਿਚ ਤੇਜ਼ ਹਵਾਵਾਂ ਵੀ ਚੱਲ ਸਕਦੀਆਂ ਹਨ। ਇਸ ਤੋਂ ਇਲਾਵਾ ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਦੇ ਕੁਝ ਇਲਾਕਿਆਂ ਵਿੱਚ ਭਾਰੀ ਮੀਂਹ ਪੈ ਸਕਦਾ ਹੈ।

ਮੌਸਮ ਵਿਭਾਗ ਦੇ ਡਾਇਰੈਕਟਰ ਸੁਰੇਂਦਰ ਪਾਲ ਸਿੰਘ ਨੇ ਕਿਹਾ ਕਿ 23 ਜਨਵਰੀ ਨੂੰ ਜ਼ਿਆਦਾਤਰ ਇਲਾਕਿਆਂ ਵਿੱਚ ਮੀਂਹ ਪੈਣ ਦੀ ਸੰਭਾਵਨਾ ਹੈ। ਇਸ ਤੋਂ ਬਾਅਦ, 27 ਅਤੇ 28 ਜਨਵਰੀ ਨੂੰ ਕੁਝ ਇਲਾਕਿਆਂ ਵਿੱਚ ਮੀਂਹ ਪੈਣ ਦੀ ਸੰਭਾਵਨਾ ਹੈ, ਜਦੋਂ ਕਿ 24 ਅਤੇ 26 ਜਨਵਰੀ ਨੂੰ ਇੱਕ-ਦੋ ਥਾਵਾਂ ’ਤੇ ਮੀਂਹ ਪੈਣ ਦੀ ਸੰਭਾਵਨਾ ਹੈ।

ਅਗਲੇ 48 ਘੰਟਿਆਂ ਦੌਰਾਨ ਘੱਟੋ-ਘੱਟ ਤਾਪਮਾਨ 2 ਤੋਂ 4 ਡਿਗਰੀ ਸੈਲਸੀਅਸ ਵਧਣ ਦੀ ਉਮੀਦ ਹੈ। ਅਗਲੇ 48 ਘੰਟਿਆਂ ਦੌਰਾਨ ਇਸ ਵਿੱਚ 2 ਤੋਂ 4 ਡਿਗਰੀ ਸੈਲਸੀਅਸ ਦੀ ਗਿਰਾਵਟ ਆਉਣ ਦੀ ਉਮੀਦ ਹੈ। ਇਸ ਤੋਂ ਬਾਅਦ, ਤਾਪਮਾਨ ਫਿਰ ਵਧਣ ਦੀ ਉਮੀਦ ਹੈ।

### ਗਣਤੰਤਰ ਦਿਵਸ ਤੋਂ ਪਹਿਲਾਂ ਦਿੱਲੀ ’ਚ ਗੁਰਪਤਵੰਤ ਪੰਨੂ

ਪਾਉਣ ਅਤੇ ਅਪਰਾਧਕ ਸਾਜ਼ਿਸ਼ ਨਾਲ ਸੰਬੰਧਤ ਹਨ। ਪੁਲਸ ਨੇ ਦੱਸਿਆ ਕਿ ਇਹ ਕਾਰਵਾਈ ਪੰਨੂ ਵਲੋਂ ਸੋਸ਼ਲ ਮੀਡੀਆ ’ਤੇ ਇਕ ਵੀਡੀਓ ਸੰਦੇਸ਼ ਜਾਰੀ ਕਰਨ ਤੋਂ ਬਾਅਦ ਸ਼ੁਰੂ ਕੀਤੀ, ਜਿਸ ’ਚ ਉਸ ਨੇ 26 ਜਨਵਰੀ ਨੂੰ ਗਣਤੰਤਰ ਦਿਵਸ ਸਮਾਰੋਹ ਤੋਂ ਪਹਿਲਾਂ ਦਿੱਲੀ ’ਚ ਸ਼ਾਂਤੀ ਅਤੇ ਕਾਨੂੰਨ ਵਿਵਸਥਾ ਵਿਗਾੜਨ ਦੀ ਧਮਕੀ ਦਿੱਤੀ ਸੀ। ਵੀਡੀਓ ’ਚ ਪੰਨੂ ਨੇ ਦਾਅਵਾ ਕੀਤਾ ਕਿ ਉਸ ਦੇ ’ਸਲੀਪਰ ਸੈੱਲ’ ਨੇ ਅਸ਼ਾਂਤੀ ਫੈਲਾਉਣ ਦੀ ਸਾਜਿਸ਼ ਦੇ ਅਧੀਨ ਸ਼ਹਿਰ ਦੇ ਕੁਝ ਹਿੱਸਿਆਂ, ਜਿਨ੍ਹਾਂ ’ਚ ਉੱਤਰ-ਪੱਛਮੀ ਦਿੱਲੀ ਦਾ ਰੋਹਿਣੀ ਅਤੇ ਦੱਖਣ-ਪੱਛਮ ਦਿੱਲੀ ਦਾ ਡਾਬਰੀ ਸ਼ਾਮਲ ਹੈ, ’ਚ ਖਾਲਿਸਤਾਨ ਸਮਰਥਕ ਪੋਸਟਰ ਚਿਪਕਾਏ ਹਨ। ਸੀਨੀਅਰ ਪੁਲਸ ਅਧਿਕਾਰੀਆਂ ਨੇ ਕਿਹਾ ਕਿ ਵੀਡੀਓ ਸੋਸ਼ਲ ਮੀਡੀਆ ’ਤੇ ਵਿਆਪਕ ਰੂਪ ਨਾਲ ਪ੍ਰਸਾਰਿਤ ਹੋਇਆ ਅਤੇ ਇਸ ਦਾ ਮਕਸਦ ਲੋਕਾਂ ’ਚ ਡਰ ਫੈਲਾਉਣਾ ਅਤੇ ਮਤਭੇਦ ਪੈਦਾ ਕਰਨਾ ਸੀ।

### ਸੋਨੇ-ਚਾਂਦੀ ਦੀਆਂ ਕੀਮਤਾਂ ਨੇ

ਰੁਝਾਨ ਸੁਰੱਖਿਅਤ ਨਿਵੇਸ਼ ਵੱਲ ਵਧਿਆ ਹੈ, ਜਿਸ ਨੇ ਕੀਮਤਾਂ ਨੂੰ ਇਹ ਵੱਡਾ ਹੁਲਾਰਾ ਦਿੱਤਾ ਹੈ। ਕੌਮੀ ਬਾਜ਼ਾਰਾਂ ਵਿੱਚ ਵੀ ਸਥਿਤੀ ਅਜਿਹੀ ਹੀ ਰਹੀ, ਜਿੱਥੇ ਚਾਂਦੀ ਪਹਿਲੀ ਵਾਰ 99 ਡਾਲਰ ਪ੍ਰਤੀ ਔਂਸ ਦੇ ਅੰਕੜੇ ਨੂੰ ਪਾਰ ਕਰ ਗਈ ਅਤੇ ਸੋਨਾ 5,000 ਡਾਲਰ ਦੇ ਇਤਿਹਾਸਕ ਪੱਧਰ ਦੇ ਬਿਲਕੁਲ ਕਰੀਬ ਪਹੁੰਚ ਗਿਆ। ਕੌਮਾਂਤਰੀ ਪੱਧਰ ’ਤੇ ਸੋਨੇ ਦੀ ਕੀਮਤ 4,970 ਡਾਲਰ ਪ੍ਰਤੀ ਔਂਸ ਦਰਜ ਕੀਤੀ ਗਈ। ਬਾਜ਼ਾਰ ਵਿਸ਼ਲੇਸ਼ਕਾਂ ਦਾ ਕਹਿਣਾ ਹੈ ਕਿ ਯੂਰਪ ਵਿੱਚ ਰਾਜਨੀਤਿਕ ਘਟਨਾਕ੍ਰਮ ਅਤੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਨਵੇਂ ਫੈਡਰਲ ਰਿਜ਼ਰਵ ਚੇਅਰਮੈਨ ਦੀ ਨਿਯੁਕਤੀ ਅਤੇ ਟੈਰਿਫ ਸਬੰਧੀ ਬਿਆਨਾਂ ਨੇ ਬਾਜ਼ਾਰ ਦੀ ਧਾਰਨਾ ਨੂੰ ਪ੍ਰਭਾਵਿਤ ਕੀਤਾ ਹੈ। ਇਸ ਤੋਂ ਇਲਾਵਾ, ਚੀਨ ਵੱਲੋਂ ਨਿਰਯਾਤ ’ਤੇ ਲਗਾਈਆਂ ਗਈਆਂ ਸਖ਼ਤ ਪਾਬੰਦੀਆਂ ਕਾਰਨ ਸਪਲਾਈ ਦੀ ਕਮੀ ਦੇ ਡਰ ਨੇ ਚਾਂਦੀ ਦੀਆਂ ਕੀਮਤਾਂ ਵਿੱਚ ਅਚਾਨਕ ਤੇਜ਼ੀ ਲਿਆ ਦਿੱਤੀ ਹੈ, ਜੋ ਮਾਰਚ 2020 ਤੋਂ ਬਾਅਦ ਸਭ ਤੋਂ ਮਜ਼ਬੂਤ ਹਫ਼ਤਾਵਾਰੀ ਪ੍ਰਦਰਸ਼ਨ ਹੈ।

### 77ਵੇਂ ਗਣਤੰਤਰ ਦਿਵਸ

ਵੱਧ ਫੌਜੀ ਕਰਮਚਾਰੀ ਹਿੱਸਾ ਲੈਣਗੇ। ਇਸ ਮਾਰਚ ਦੀ ਅਗਵਾਈ ਚੌਥੀ ਵਾਰ ਲੈਫਟੀਨੈਂਟ ਜਨਰਲ ਭਵਨੀਸ਼ ਕੁਮਾਰ (ਜੀਓਸੀ, ਦਿੱਲੀ ਏਰੀਆ) ਕਰਨਗੇ। ਇਸ ਵਾਰ ਭੈਰਵ ਬਟਾਲੀਅਨ ਅਤੇ ਸ਼ਕਤੀਬਾਨ ਰੈਜੀਮੈਂਟ ਪਹਿਲੀ ਵਾਰ ਇਸ ਸ਼ਾਨਦਾਰ ਸਮਾਰੋਹ ਦਾ ਹਿੱਸਾ ਬਣਨਗੀਆਂ। ਇਸ ਤੋਂ ਇਲਾਵਾ, ਲੱਦਾਖ ਸਕਾਊਟਸ ਦੇ ਨਾਲ-ਨਾਲ ਪਹਿਲੀ ਵਾਰ ਪਤੰਗਾਂ, ਜ਼ਾਂਸਕਰ ਪੋਨੀ ਅਤੇ ਬੈਕਟਰੀਅਨ ਊਠ ਵੀ ਪਰੇਡ ਦੀ ਸ਼ਾਨ ਵਧਾਉਣਗੇ। ਇਸ ਸਾਲ ਦੀਆਂ ਝਾਕੀਆਂ ਦੇ ਮੁੱਖ ਥੀਮ ’ਸੁਤੰਤਰਤਾ ਕਾ ਮੰਤਰ: ਵੰਦੇ ਮਾਤਰਮ’ ਅਤੇ ’ਸਮ੍ਰਿਧੀ ਕਾ ਮੰਤਰ: ਆਤਮ-ਨਿਰਭਰ ਭਾਰਤ’ ਰੱਖੇ ਗਏ ਹਨ। ਪਰੇਡ ਦੌਰਾਨ ਕੁੱਲ 30 ਝਾਕੀਆਂ ਕਰਤੱਵ ਪੱਥ ਤੋਂ ਗੁਜ਼ਰਨਗੀਆਂ, ਜਿਨ੍ਹਾਂ ਵਿੱਚੋਂ 17 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ ਹੋਣਗੀਆਂ ਅਤੇ 13 ਵੱਖ-ਵੱਖ ਮੰਤਰਾਲਿਆਂ ਅਤੇ ਵਿਭਾਗਾਂ ਦੀਆਂ ਹੋਣਗੀਆਂ। ਇਹ ਝਾਕੀਆਂ ਰਾਸ਼ਟਰੀ ਗੀਤ ’ਵੰਦੇ ਮਾਤਰਮ’ ਦੇ 150 ਸਾਲਾਂ ਦੇ ਸਫ਼ਰ ਅਤੇ ਦੇਸ਼ ਦੀ ਵੱਧ ਰਹੀ ਆਤਮ-ਨਿਰਭਰਤਾ ਤੇ ਸੱਭਿਆਚਾਰਕ ਵਿਭਿੰਨਤਾ ਨੂੰ ਦਰਸਾਉਣਗੀਆਂ। ਭੂਮਿਕਾ ਰੱਖਿਆ ਖੋਜ ਅਤੇ ਵਿਕਾਸ ਸੰਗਠਨ (ਡੀ.ਆਰ.ਡੀ.ਓ.) ਵੱਲੋਂ ਰਾਸ਼ਟਰੀ ਸੁਰੱਖਿਆ ਦੇ ਖੇਤਰ ਵਿੱਚ ਕੀਤੀਆਂ ਗਈਆਂ ਨਵੀਆਂ ਕਾਢਾਂ ਦਾ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਵਿੱਚ ਲੌਂਗ ਰੇਂਜ ਐਂਟੀ-ਸ਼ਿਪ ਹਾਈਪਰਸੋਨਿਕ ਮਿਜ਼ਾਈਲ ਮੁੱਖ ਖਿੱਚ ਦਾ ਕੇਂਦਰ ਹੋਵੇਗੀ। ਇਸ ਦੇ ਨਾਲ ਹੀ ’ਲੜਾਕੂ ਪਣਡੁੱਬੀਆਂ ਲਈ ਜਲ ਸੈਨਾ ਤਕਨੀਕਾਂ’ ਦੀ ਝਾਕੀ ਵੀ ਪੇਸ਼ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਇਸ ਸਾਲ ਗਣਤੰਤਰ ਦਿਵਸ ਦੇ ਸਾਰੇ ਰਸਮੀ ਸਮਾਗਮਾਂ ਦੀ ਅਗਵਾਈ ਭਾਰਤੀ ਹਵਾਈ ਫੌਜ ਵੱਲੋਂ ਕੀਤੀ ਜਾ ਰਹੀ ਹੈ।

### ਕਠੂਆ ਮੁਕਾਬਲੇ ’ਚ ਜੈਸ਼-ਏ-ਮੁਹੰਮਦ ਦਾ ਖ਼ਤਰਨਾਕ

ਮਾਰੇ ਜਾਣ ਨਾਲ ਇਲਾਕੇ ਵਿੱਚ ਜੈਸ਼ ਦੇ ਨੈੱਟਵਰਕ ਨੂੰ ਵੱਡਾ ਝਟਕਾ ਲੱਗਾ ਹੈ। ਪੁਲੀਸ ਮੁਤਾਬਕ ਖੇਤਰ ਵਿੱਚ ਅਜੇ ਵੀ ਤਲਾਸ਼ੀ ਮੁਹਿੰਮ ਜਾਰੀ ਹੈ ਤਾਂ ਜੋ ਕਿਸੇ ਵੀ ਹੋਰ ਲੁਕੇ ਹੋਏ ਅੱਤਵਾਦੀ ਦਾ ਸਫਾਇਆ ਕੀਤਾ ਜਾ ਸਕੇ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀਰਵਾਰ ਨੂੰ ਕਿਸ਼ਤਵਾੜ ਜ਼ਿਲ੍ਹੇ ਦੇ ਚਤਰੂ ਇਲਾਕੇ ਵਿੱਚ ਵੀ ਜੈਸ਼ ਦੇ ਅੱਤਵਾਦੀਆਂ ਨਾਲ ਸੁਰੱਖਿਆ ਬਲਾਂ ਦਾ ਮੁਕਾਬਲਾ ਹੋਇਆ ਸੀ। ਉਸ ਗੋਲੀਬਾਰੀ ਦੌਰਾਨ ਫੌਜ ਦਾ ਇੱਕ ਜਵਾਨ ਜ਼ਖ਼ਮੀ ਹੋ ਗਿਆ ਸੀ, ਜਿਸ ਨੂੰ ਤੁਰੰਤ ਏਅਰਲਿਫਟ ਕਰ ਕੇ ਊਧਮਪੁਰ ਦੇ ਕਮਾਂਡ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਗਣਤੰਤਰ ਦਿਵਸ ਤੋਂ ਪਹਿਲਾਂ ਸੂਬੇ ਵਿੱਚ ਸੁਰੱਖਿਆ ਬਲ ਪੂਰੀ ਤਰ੍ਹਾਂ ਮੁਸਤੈਦ ਹਨ।

### ਲਖਨਊ ਵਿਖੇ ਹੋਈ ਆਲ ਇੰਡੀਆ

’ਤਕਨਾਲੋਜੀ’ ਦੀ ਵੱਧ ਰਹੀ ਵਰਤੋਂ ’ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਅੱਗੇ ਕਿਹਾ ਕਿ ਇਹ ਵਿਚਾਰ-ਵਟਾਂਦਰੇ ਅੱਜ ਦੇ ਡਿਜੀਟਲ ਯੁੱਗ ਵਿੱਚ ਲੋਕਤੰਤਰ ਨੂੰ ਵਧੇਰੇ ਪਾਰਦਰਸ਼ੀ ਅਤੇ ਜਵਾਬਦੇਹ ਬਣਾਉਣ ਲਈ ਬਹੁਤ ਲਾਹੇਵੰਦ ਸਾਬਤ ਹੋਣਗੇ। ਸਪੀਕਰ ਨੇ ਉੱਤਰ ਪ੍ਰਦੇਸ਼ ਸਰਕਾਰ ਦੇ ਖੇਤੀਬਾੜੀ ਸਿੱਖਿਆ ਅਤੇ ਰਿਸਰਚ ਮੰਤਰੀ ਬਲਦੇਵ ਸਿੰਘ ਔਲਖ ਨਾਲ ਵੀ ਇੱਕ ਸਕਾਰਾਤਮਕ ਅਤੇ ਰਚਨਾਤਮਕ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਖੇਤੀ ਜਗਤ ਦੀਆਂ ਮੌਜੂਦਾ ਚੁਣੌਤੀਆਂ ਅਤੇ ਕਿਸਾਨਾਂ ਦੀ ਭਲਾਈ ਲਈ ਕੀਤੇ ਜਾ ਰਹੇ ਯਤਨਾਂ ’ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਸਪੀਕਰ, ਉਨ੍ਹਾਂ ਦੀ ਸਾਦਗੀ, ਦੂਰਦਰਸ਼ੀ ਸੋਚ ਅਤੇ ਖੇਤੀ ਮੁੱਦਿਆਂ ਪ੍ਰਤੀ ਗੰਭੀਰਤਾ ਤੋਂ ਬਹੁਤ ਪ੍ਰਭਾਵਿਤ ਹੋਏ। ਸਪੀਕਰ ਨੇ ਖੇਤੀਬਾੜੀ ਮੰਤਰੀ ਪ੍ਰਤੀ ਆਪਣਾ ਧੰਨਵਾਦ ਅਤੇ ਨਿੱਘਾ ਸਤਿਕਾਰ ਪ੍ਰਗਟ ਕੀਤਾ।

### ਕਿਲ੍ਹਾ ਰਾਏਪੁਰ ’ਚ 11 ਸਾਲਾਂ ਮਗਰੋਂ ਪੇਂਡੂ

ਤੈਅ ਹਨ। ਅੱਜ ਇੱਕ ਪ੍ਰੈਸ ਕਾਨਫਰੰਸ ਵਿੱਚ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਦੱਸਿਆ ਕਿ ਬੈਲ ਗੱਡੀਆਂ ਦੀਆਂ ਦੌੜਾਂ ਨਿਯਮਾਂ ਅਤੇ ਕਾਨੂੰਨ ਅਨੁਸਾਰ ਕਰਵਾਈਆਂ ਜਾਣਗੀਆਂ। ਸੁਪਰੀਮ ਕੋਰਟ ਦੇ ਹੁਕਮਾਂ ਤੋਂ ਬਾਅਦ 2014 ਵਿੱਚ ਕਿਲ੍ਹਾ ਰਾਏਪੁਰ ਖੇਡਾਂ ਵਿੱਚ ਬੈਲ ਗੱਡੀਆਂ ਦੀਆਂ ਦੌੜਾਂ ਬੰਦ ਕਰ ਦਿੱਤੀਆਂ ਗਈਆਂ ਸਨ। ਪੰਜਾਬ ਸਰਕਾਰ ਨੇ 11 ਜੁਲਾਈ ਨੂੰ ਵਿਧਾਨ ਸਭਾ ਵਿੱਚ ਇੱਕ ਬਿੱਲ ਪਾਸ ਕੀਤਾ, ਜਿਸ ਨਾਲ ਬੈਲ ਗੱਡੀਆਂ ਦੀਆਂ ਦੌੜਾਂ ਮੁੜ ਸ਼ੁਰੂ ਕਰਨ ਦਾ ਰਾਹ ਪੱਧਰਾ ਕੀਤਾ। ਇਸ ਫੈਸਲੇ ਨਾਲ ਬੈਲ ਗੱਡੀਆਂ ਦੀਆਂ ਦੌੜਾਂ ਮੁੜ ਸ਼ੁਰੂ ਕਰਵਾਈਆਂ ਜਾ ਰਹੀਆਂ ਹਨ। ਪੰਜਾਬ ਸਰਕਾਰ ਪਿਛਲੇ ਕੁਝ ਸਾਲਾਂ ਤੋਂ ਇਨ੍ਹਾਂ ਖੇਡਾਂ ਦਾ ਆਯੋਜਨ ਕਰ ਰਹੀ ਹੈ। ਦੱਸ ਦੇਈਏ ਕਿ ਕਿਲ੍ਹਾ ਰਾਏਪੁਰ ਖੇਡਾਂ ਦੀ ਸ਼ੁਰੂਆਤ ਤੋਂ ਹੀ ਬੈਲ ਗੱਡੀਆਂ ਦੀਆਂ ਦੌੜਾਂ ਇੱਕ ਵੱਡਾ ਆਕਰਸ਼ਣ ਰਹੀਆਂ ਹਨ। ਜਦੋਂ ਕਿਲ੍ਹਾ ਰਾਏਪੁਰ ਵਿੱਚ ਬੈਲ ਗੱਡੀਆਂ ਦੀਆਂ ਦੌੜਾਂ ’ਤੇ ਪਾਬੰਦੀ ਲਗਾਈ ਗਈ ਤਾਂ ਖੇਡਾਂ ਨੇ ਆਪਣਾ ਆਕਰਸ਼ਣ ਗੁਆ ਦਿੱਤਾ। ਭਾਰਤ ਅਤੇ ਵਿਦੇਸ਼ਾਂ ਤੋਂ ਸੈਲਾਨੀਆਂ ਨੇ ਆਉਣਾ ਬੰਦ ਕਰ ਦਿੱਤਾ।

### ਪਾਕਿ ’ਚ ਫਸੀ ਸਰਬਜੀਤ ਕੌਰ

ਪਹੁੰਚੀ ਸੀ। ਉਹ ਵੀਜ਼ਾ ਸ਼ਰਤਾਂ ਦੀ ਉਲੰਘਣਾ ਕਰਦੇ ਹੋਏ ਆਪਣੇ ਵੀਜ਼ੇ ਦੀ ਮਿਆਦ ਪੁੱਗਣ ਤੋਂ ਬਾਅਦ ਵੀ ਉੱਥੇ ਰਹੀ। ਇਹ ਵੀ ਸ਼ੱਕ ਹੈ ਕਿ ਇਕ ਭਾਰਤੀ ਖੁਫੀਆ ਏਜੰਸੀ ਨੇ ਸਰਬਜੀਤ ਕੌਰ ਨੂੰ ਜਾਸੂਸੀ ਲਈ ਪਾਕਿਸਤਾਨ ਭੇਜਿਆ ਸੀ। ਇਕ ਨਵੀਂ ਐੱਫ.ਆਈ.ਆਰ. ਦਰਜ ਕੀਤੀ ਜਾਣੀ ਚਾਹੀਦੀ ਹੈ ਅਤੇ ਜਾਂਚ ਕੀਤੀ ਜਾਣੀ ਚਾਹੀਦੀ ਹੈ।

### ਉੱਜੈਨ ਦੇ ਤਰਾਨਾ ’ਚ ਫਿਰ

ਅਮਨ-ਕਾਨੂੰਨ ਦੀ ਸਥਿਤੀ ਬਣਾਏ ਰੱਖਣ ਲਈ 300 ਪੁਲਿਸ ਜਵਾਨਾਂ ਦੀ ਤਾਇਨਾਤੀ ਕੀਤੀ ਗਈ ਹੈ। ਇਸ ਤੋਂ ਇਲਾਵਾ, ਪੂਰੇ ਕਸਬੇ ਦੀ ਨਿਗਰਾਨੀ ਡਰੋਨ ਰਾਹੀਂ ਕੀਤੀ ਜਾ ਰਹੀ ਹੈ ਤਾਂ ਜੋ ਕੋਈ ਹੋਰ ਅਣਸੁਖਾਵੀਂ ਘਟਨਾ ਨਾ ਵਾਪਰੇ। ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਸ਼ਾਂਤੀ ਬਣਾਏ ਰੱਖਣ ਦੀ ਅਪੀਲ ਕੀਤੀ ਜਾ ਰਹੀ ਹੈ ਅਤੇ ਸ਼ਰਾਰਤੀ ਅਨਸਰਾਂ ’ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ।

### ਸਤਿਗੁਰੂ ਰਾਮ ਸਿੰਘ ਜੀ ਨੇ ਭਾਰਤ

ਸਾਹਮਣੇ ਖੜ੍ਹੇ ਹੋ ਕੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ। ਉਹਨਾਂ ਕਿਹਾ ਕਿ ਮਲੇਰਕੋਟਲਾ ਵਿਖੇ 66 ਨਾਮਧਾਰੀ ਸਿੰਘਾਂ ਨੂੰ ਅੰਗਰੇਜ਼ਾਂ ਨੇ ਤੋਪਾਂ ਨਾਲ ਉਡਾਇਆਂ ਅਤੇ ਲੁਧਿਆਣਾ, ਰਾਏਕੋਟ ਅਤੇ ਅੰਮ੍ਰਿਤਸਰ ਵਿਖੇ ਕਈ ਨਾਮਧਾਰੀ ਸਿੰਘਾਂ ਨੂੰ ਸ਼ਰੇਆਮ ਫਾਂਸੀ ਵੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਅਜ਼ਾਦੀ ਦੀ ਲੜਾਈ ਦੌਰਾਨ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਅਤੇ ਆਜ਼ਾਦੀ ਦੀ ਲੜਾਈ ਦੌਰਾਨ ਨਾਮਧਾਰੀ ਸਿੰਘਾਂ ਨੇ ਵੀ ਬਹੁਤ ਕੁਰਬਾਨੀਆਂ ਦਿੱਤੀਆਂ, ਜਿਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀ ਜਾ ਸਕਦਾ। ਉਨ੍ਹਾਂ ਕਿਹਾ ਕਿ ਇਹ ਨਾਮਧਾਰੀ ਸਤਿਗੁਰੂ ਰਾਮ ਸਿੰਘ ਜੀ ਹੀ ਸਨ, ਜਿਨ੍ਹਾਂ ਗੁਰੂਆਂ ਵੱਲੋਂ ਦਰਸਾਏ ਹੋਏ ਅਹਿੰਸਾ ਦੇ ਰਸਤੇ ’ਤੇ ਚੱਲਦਿਆਂ ਅੰਗਰੇਜ਼ਾਂ ਦਾ ਅਤੇ ਉਨ੍ਹਾਂ ਵੱਲੋਂ ਦਿੱਤੀਆਂ ਜਾਂਦੀਆਂ ਸੁੱਖ ਸਹੂਲਤਾਂ ਦਾ ਮੁਕੰਮਲ ਬਾਈਕਾਟ ਕੀਤਾ। ਨਾਮਧਾਰੀ ਸਤਿਗੁਰੂ ਰਾਮ ਸਿੰਘ ਜੀ ਵੱਲੋਂ ਸ਼ੁਰੂ ਕੀਤੇ ਗਏ ਨਾ ਮਿਲਵਰਤਨ ਅੰਦੋਲਨ ਅਤੇ ਨਾ ਫੁਰਮਾਨੀ ਅੰਦੋਲਨ ਨੂੰ ਬਾਅਦ ਵਿੱਚ ਮਹਾਤਮਾ ਗਾਂਧੀ ਵਰਗੇ ਆਗੂਆਂ ਨੇ ਅਪਣਾਉਣ ਨੂੰ ਪਹਿਲ ਦਿੱਤੀ। ਇਤਿਹਾਸ ਗਵਾਹ ਹੈ ਦੇਸ਼ ਦੀ ਅਜ਼ਾਦੀ ਦਾ ਅਸਲ ਮੁੱਢ ਕੂਕਿਆਂ ਵੱਲੋਂ ਮਲੇਰਕੋਟਲਾ ਦੀ ਪਵਿੱਤਰ ਧਰਤੀ ਤੋਂ ਬੱਝਿਆ ਗਿਆ ਸੀ। ਉਨ੍ਹਾਂ ਕਿਹਾ ਕਿ 66 ਨਾਮਧਾਰੀ ਸ਼ਹੀਦ ਸਿੰਘਾਂ ਦੀ ਕੁਰਬਾਨੀ ਸਿਰਫ਼ ਇੱਕ ਧਾਰਮਿਕ ਸੰਪਰਦਾ ਦੀ ਨਹੀਂ, ਸਗੋਂ ਪੂਰੇ ਦੇਸ਼ ਦੀ ਆਜ਼ਾਦੀ ਦੀ ਲੜਾਈ ਦੀ ਬੁਨਿਆਦ ਹੈ। ਅੱਜ ਦੀ ਪੀੜ੍ਹੀ ਲਈ ਇਹ ਬਲਿਦਾਨ ਪ੍ਰੇਰਣਾ ਸਰੋਤ ਹਨ ਕਿ ਅਸੀਂ ਸੱਚ, ਇਮਾਨਦਾਰੀ ਅਤੇ ਦੇਸ਼ ਸੇਵਾ ਦੇ ਰਸਤੇ ’ਤੇ ਅੱਗੇ ਵਧੀਏ। ਇਸ ਮੌਕੇ ਸਤਿਗੁਰੂ ਉਦੈ ਸਿੰਘ ਨੇ ਰਾਜ ਪੱਧਰੀ ਸਮਾਗਮ ਦੌਰਾਨ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਪ੍ਰਮੁੱਖ ਵਿਅਕਤੀਆਂ ਵਿੱਚ ਵਿਧਾਨ ਸਭਾ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਉਪ ਮੰਡਲ ਮੈਜਿਸਟਰੇਟ (ਲੁਧਿਆਣਾ ਪੂਰਬੀ) ਜਸਲੀਨ ਕੌਰ ਭੁੱਲਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨਾਮਧਾਰੀ ਸੰਗਤ ਹਾਜ਼ਰ ਸੀ।

ਰੋਜ਼ਾਨਾ ਚੜ੍ਹਦੀਕਲਾ
# ਸਿਹਤ ਖ਼ਬਰਨਾਮਾ

## ਸੇਬ ਦਾ ਮੁਰੱਬਾ ਖਾਣ ਨਾਲ ਸਿਹਤ ਨੂੰ ਮਿਲਦੇ ਨੇ ਕਈ ਫ਼ਾਇਦੇ

ਸੇਬ ਦਾ ਸੇਵਨ ਸਿਹਤ ਲਈ ਬਹੁਤ ਫ਼ਾਇਦੇਮੰਦ ਹੁੰਦਾ ਹੈ। ਇਸ ਵਿਚ ਬੀਮਾਰੀਆਂ ਨਾਲ ਲੜਨ ਲਈ ਕਈ ਜ਼ਰੂਰੀ ਤੱਤ ਮਿਲ ਜਾਂਦੇ ਹਨ ਪਰ ਕੀ ਤੁਸੀਂ ਜਾਣਦੇ ਹੋ ਕਿ ਸੇਬ ਦਾ ਮੁਰੱਬਾ ਖਾਣ ਨਾਲ ਵੀ ਕਈ ਫ਼ਾਇਦੇ ਹੁੰਦੇ ਹਨ। ਇਸ ਦਾ ਸੇਵਨ ਸਿਹਤ ਅਤੇ ਸਵਾਦ ਲਈ ਵੀ ਬਹੁਤ ਚੰਗਾ ਹੁੰਦਾ ਹੈ। ਸੇਬ ਦਾ ਮੁਰੱਬਾ



ਖਾਣ ਨਾਲ ਹੱਡੀਆਂ ਦੀ ਸੋਜ, ਗਠੀਆ, ਦਿਮਾਗ਼ ਅਤੇ ਦਿਲ ਦੀਆਂ ਬੀਮਾਰੀਆਂ ਦੀ ਸਮੱਸਿਆ ਵਿਚ ਵੀ ਬਹੁਤ ਰਾਹਤ ਮਿਲਦੀ ਹੈ। ਇਸ ਨਾਲ ਹੀ ਇਹ ਤਣਾਅ ਅਤੇ ਚਿੰਤਾ ਤੋਂ ਵੀ ਰਾਹਤ ਦਿਵਾਉਂਦਾ ਹੈ।

**ਕੈਲੇਸਟਰੋਲ ਨੂੰ ਘੱਟ ਕਰਨ ਵਿਚ ਮਦਦ ;** ਸੇਬ ਦਾ ਮੁਰੱਬਾ ਖਾਣ ਨਾਲ ਕੈਲੇਸਟਰੋਲ ਨੂੰ ਘੱਟ ਕਰਨ ਵਿਚ ਮਦਦ ਮਿਲਦੀ ਹੈ। ਜੇਕਰ ਤੁਹਾਨੂੰ ਹਾਈ ਕੈਲੇਸਟਰੋਲ ਦੀ ਸਮੱਸਿਆ ਹੈ ਤਾਂ ਤੁਹਾਨੂੰ ਸੇਬ ਦੇ ਮੁਰੱਬੇ ਤੋਂ ਫ਼ਾਇਦੇ ਮਿਲ ਸਕਦੇ ਹਨ। ਇਸ ਨਾਲ ਹੀ ਜਦੋਂ ਤੁਹਾਨੂੰ ਘਬਰਾਹਟ, ਕਮਜ਼ੋਰੀ ਅਤੇ ਬੇਚੈਨੀ ਮਹਿਸੂਸ ਹੋਵੇ ਤਾਂ ਇਸ ਦਾ ਸੇਵਨ ਬਹੁਤ ਫ਼ਾਇਦੇਮੰਦ ਹੁੰਦਾ ਹੈ।

**ਦਿਲ ਦੀਆਂ ਮਾਸ਼ਪੇਸੀਆਂ ਨੂੰ ਮਜ਼ਬੂਤ ਬਣਾਉਂਦਾ ;** ਸੇਬ ਦਾ ਮੁਰੱਬਾ ਹਾਈ ਬਲੱਡ ਪ੍ਰੈਸ਼ਰ ਵਰਗੀਆਂ ਬੀਮਾਰੀਆਂ ਵਿਚ ਵੀ ਬਹੁਤ ਫ਼ਾਇਦੇਮੰਦ ਮੰਨਿਆ ਜਾਂਦਾ ਹੈ। ਦਰਅਸਲ ਸੇਬ ਦਾ ਮੁਰੱਬਾ ਦਿਲ ਦੀਆਂ ਮਾਸ਼ਪੇਸੀਆਂ ਨੂੰ ਮਜ਼ਬੂਤ ਬਣਾਉਂਦਾ ਹੈ ਜੋ ਬਲੱਡ ਪ੍ਰੈਸ਼ਰ ਦੇ ਲੱਛਣਾਂ ਨੂੰ ਘੱਟ ਕਰਨ ਵਿਚ ਮਦਦ ਕਰਦਾ ਹੈ। ਇਸ ਤੋਂ ਇਲਾਵਾ ਸੇਬ ਦੇ ਮੁਰੱਬੇ ਵਿਚ ਪੋਟਾਸ਼ੀਅਮ ਵੀ ਭਰਪੂਰ ਮਾਤਰਾ ਵਿਚ ਮਿਲ ਜਾਂਦਾ ਹੈ, ਜੋ ਹਾਈ ਬਲੱਡ ਪ੍ਰੈਸ਼ਰ ਨੂੰ ਘੱਟ ਕਰਨ ਵਿਚ ਮਦਦਗਾਰ ਹੁੰਦਾ ਹੈ।

**ਚਮੜੀ ਦੀਆਂ ਸਮੱਸਿਆਵਾਂ ਵਿਚ ਫ਼ਾਇਦੇਮੰਦ ;** ਸੇਬ ਦਾ ਮੁਰੱਬਾ ਚਮੜੀ ਦੀਆਂ ਸਮੱਸਿਆਵਾਂ ਵਿਚ ਵੀ ਬਹੁਤ ਫ਼ਾਇਦੇਮੰਦ ਹੁੰਦਾ ਹੈ। ਇਹ ਦਾਗ਼-ਧੱਬੇ ਅਤੇ ਝੁਰੜੀਆਂ ਨੂੰ ਘੱਟ ਕਰਨ 'ਚ ਮਦਦ ਕਰਦਾ ਹੈ। ਇਸ ਵਿਚ ਐਂਟੀਆਕਸੀਡੈਂਟ ਅਤੇ ਪ੍ਰੋਟੀਨ ਹੁੰਦੇ ਹਨ ਜੋ ਕੋਲੇਜਨ ਦੇ ਉਤਪਾਦਨ 'ਚ ਬਹੁਤ ਵਧੀਆ ਮੰਨੇ ਜਾਂਦੇ ਹਨ। ਇਸ ਦੀ ਮਦਦ ਨਾਲ ਚਮੜੀ ਦੀ ਰੰਗਤ ਵਿਚ ਵੀ ਨਿਖ਼ਾਰ ਆਉਂਦਾ ਹੈ।

**ਤਣਾਅ ਘਟਾਉਣ ਵਿਚ ਮਦਦ ;** ਜੇਕਰ ਤੁਸੀਂ ਰੋਜ਼ਾਨਾ ਦੇ ਕੰਮ ਜਾਂ ਕਿਸੇ ਮਾਨਸਕ ਸਮੱਸਿਆ ਕਾਰਨ ਬਹੁਤ ਪ੍ਰੇਸ਼ਾਨ ਅਤੇ ਤਣਾਅ ਵਿਚ ਰਹਿੰਦੇ ਹੋ ਤਾਂ ਤੁਹਾਨੂੰ ਸੇਬ ਦੇ ਮੁਰੱਬੇ ਦਾ ਸੇਵਨ ਜ਼ਰੂਰ ਕਰਨਾ ਚਾਹੀਦਾ ਹੈ। ਇਸ ਨਾਲ ਤੁਹਾਨੂੰ ਤਣਾਅ ਘਟਾਉਣ ਵਿਚ ਮਦਦ ਮਿਲਦੀ ਹੈ। ਇਹ ਮਨ ਨੂੰ ਸ਼ਾਂਤ ਕਰਨ ਅਤੇ ਚੰਗੀ ਨੀਂਦ ਲਿਆਉਣ ਵਿਚ ਵੀ ਮਦਦਗਾਰ ਮੰਨਿਆ ਜਾਂਦਾ ਹੈ। ਇਹ ਬਹੁਤ ਹੀ ਸਿਹਤਮੰਦ ਅਤੇ ਨਰਮ ਹੁੰਦਾ ਹੈ।

*ਕੀ ਇੱਕ ਹੋਰ ਜੰਗ ਹੋਵੇਗੀ ਖ਼ਤਮ ?*

## ਯੂ.ਏ.ਈ. 'ਚ ਰੂਸ, ਯੂਕ੍ਰੇਨ ਤੇ ਅਮਰੀਕਾ 'ਚ ਹੋ ਰਹੀ ਤਿਕੋਣੀ ਮੀਟਿੰਗ

ਆਬੂਧਾਬੀ, 23 ਜਨਵਰੀ (ਚ.ਨ.ਸ.): ਯੂਕਰੇਨ ਯੁੱਧ ਨੂੰ ਖਤਮ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਯੂਕਰੇਨ, ਅਮਰੀਕਾ ਅਤੇ ਰੂਸ ਵਿਚਕਾਰ ਇੱਕ ਤਿਕੋਣੀ ਮੀਟਿੰਗ ਪਹਿਲੀ ਵਾਰ ਹੋਣ ਵਾਲੀ ਹੈ। ਇਹ ਮੀਟਿੰਗ ਤਕਨੀਕੀ ਪੱਧਰ 'ਤੇ ਹੋਵੇਗੀ ਅਤੇ 23 ਅਤੇ 24 ਜਨਵਰੀ ਨੂੰ ਸੰਯੁਕਤ ਅਰਬ ਅਮੀਰਾਤ (ਯੂਏਈ) ਵਿੱਚ ਹੋਵੇਗੀ, ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਦੇ ਅਨੁਸਾਰ।ਯੂਕਰੇਨ ਦੇ ਰਾਸ਼ਟਰਪਤੀ ਜ਼ੇਲੇਂਸਕੀ ਨੇ ਇਹ ਐਲਾਨ ਸਵਿਟਜ਼ਰਲੈਂਡ ਦੇ ਦਾਵੋਸ ਵਿੱਚ ਚੱਲ ਰਹੇ ਵਿਸ਼ਵ ਆਰਥਿਕ ਫੋਰਮ ਵਿੱਚ ਇੱਕ ਪੈਨਲ ਚਰਚਾ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਤਿੰਨੇ ਦੇਸ਼ ਗੱਲਬਾਤ ਲਈ ਇਕੱਠੇ ਬੈਠਣਗੇ। ਜ਼ੇਲੇਂਸਕੀ ਨੇ ਉਮੀਦ ਜਤਾਈ ਕਿ ਇਹ ਮੀਟਿੰਗ ਯੁੱਧ ਨੂੰ ਖਤਮ ਕਰਨ ਵੱਲ ਇੱਕ ਰਸਤਾ ਲੈ ਸਕਦੀ ਹੈ। ਉਨ੍ਹਾਂ ਕਿਹਾ, ਕੱਲ੍ਹ ਅਤੇ ਉਸ ਤੋਂ ਪਰਸ ਇੱਕ ਤਿਕੋਣੀ ਮੀਟਿੰਗ ਹੋਵੇਗੀ। ਗੱਲਬਾਤ ਨਾ ਕਰਨ ਨਾਲੋਂ ਬਿਹਤਰ ਹੈ।÷ਇਹ ਬਿਆਨ ਜ਼ੇਲੇਂਸਕੀ ਦੀ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਲਗਭਗ ਇੱਕ ਘੰਟੇ ਤੱਕ ਮੁਲਾਕਾਤ ਤੋਂ ਬਾਅਦ ਆਇਆ ਹੈ। ਟਰੰਪ ਨੇ ਗੱਲਬਾਤ ਨੂੰ ਵਧੀਆ



ਦੱਸਿਆ। ਜ਼ੇਲੇਂਸਕੀ ਨੇ ਕਿਹਾ ਕਿ ਯੂਕਰੇਨੀ ਵਫ਼ਦ ਨੇ ਵੀਰਵਾਰ ਨੂੰ ਅਮਰੀਕੀ ਟੀਮ ਨਾਲ ਮੁਲਾਕਾਤ ਕੀਤੀ। ਉਸ ਤੋਂ ਬਾਅਦ, ਅਮਰੀਕੀ ਟੀਮ ਰੂਸ ਦੀ ਯਾਤਰਾ ਕਰੇਗੀ।ਉਸਨੇ ਮਜ਼ਾਕ ਵਿੱਚ ਕਿਹਾ, ਸਾਡੇ ਲੋਕ ਅੱਜ ਅਮਰੀਕੀਆਂ ਨਾਲ ਮੁਲਾਕਾਤ ਕਰ ਰਹੇ ਹਨ, ਫਿਰ ਅਮਰੀਕੀ ਰੂਸੀਆਂ ਨਾਲ ਮੁਲਾਕਾਤ ਕਰਨਗੇ। ਮੈਨੂੰ ਨਹੀਂ ਪਤਾ ਕਿ ਕਦੋਂ ਜਾਂ ਕਿਵੇਂ। ਹੋ ਸਕਦਾ ਹੈ ਕਿ ਪੁਤਿਨ ਸੌਂ ਰਹੇ ਹੋਣ। ਤੁਸੀਂ ਕਹਿ ਰਹੇ ਸੀ ਕਿ ਕੋਈ ਨਹੀਂ ਜਾਣਦਾ ਕਿ ਉਸਦੇ ਮਨ ਵਿੱਚ ਕੀ ਚੱਲ ਰਿਹਾ ਹੈ।

## ਜਾਪਾਨ ਦੀ ਪ੍ਰਧਾਨ ਮੰਤਰੀ ਤਾਕਾਇਚੀ ਵੱਲੋਂ ਸੰਸਦ ਭੰਗ, 8 ਫਰਵਰੀ ਨੂੰ ਚੋਣਾਂ ਲਈ ਰਾਹ ਪੱਧਰਾ

ਟੋਕੀਓ, 23 ਜਨਵਰੀ (ਚ.ਨ.ਸ.): ਜਾਪਾਨ ਦੀ ਪ੍ਰਧਾਨ ਮੰਤਰੀ Sanae Takaichi ਨੇ ਸ਼ੁੱਕਰਵਾਰ ਨੂੰ ਸੰਸਦ ਦੇ ਹੇਠਲੇ ਸਦਨ ਨੂੰ ਭੰਗ ਕਰ ਦਿੱਤਾ, ਜਿਸ ਨਾਲ 8 ਫਰਵਰੀ ਨੂੰ ਚੋਣਾਂ ਲਈ ਰਾਹ ਪੱਧਰਾ ਹੋ ਗਿਆ। ਤਾਕਾਇਚੀ ਦੀ ਇਹ ਪੇਸ਼ਕਦਮੀ ਆਪਣੀ ਹਰਮਨਪਿਆਰਤਾ ਦਾ ਲਾਹਾ ਲੈ ਕੇ ਸੱਤਾਧਾਰੀ ਪਾਰਟੀ ਨੂੰ ਹਾਲੀਆ ਸਾਲਾਂ ਦੌਰਾਨ ਹੋਏ ਵੱਡੇ ਨੁਕਸਾਨ ਤੋਂ ਬਾਅਦ ਮੁੜ ਤੋਂ ਮਜ਼ਬੂਤ ਬਣਾਉਣ ਦੀ ਕੋਸ਼ਿਸ਼ ਹੈ। ਹਾਲਾਂਕਿ ਇਸ ਫੈਸਲੇ ਨਾਲ ਉਸ ਬਜਟ 'ਤੇ ਵੋਟਿੰਗ ਵਿਚ ਦੇਰੀ ਹੋਵੇਗੀ ਜਿਸ ਦਾ ਮਕਸਦ ਸੰਘਰਸ਼ਸ਼ੀਲ ਅਰਥਚਾਰੇ ਨੂੰ ਹੁਲਾਰਾ ਦੇਣਾ ਅਤੇ ਵਧਦੀਆਂ ਕੀਮਤਾਂ ਨੂੰ ਕਾਬੂ ਹੇਠ ਲਿਆਉਣਾ ਹੈ।ਅਕਤੂਬਰ ਵਿੱਚ ਜਾਪਾਨ ਦੀ ਪਹਿਲੀ ਮਹਿਲਾ ਪ੍ਰਧਾਨ ਮੰਤਰੀ ਬਣੀ ਤਾਕਾਇਚੀ ਨੂੰ ਅਜੇ ਸਿਰਫ ਤਿੰਨ ਮਹੀਨੇ ਹੋਏ ਹਨ, ਪਰ ਉਨ੍ਹਾਂ ਨੂੰ ਲਗਪਗ 70 ਫੀਸਦ ਦੀ ਮਜ਼ਬੂਤ ਪ੍ਰਵਾਨਗੀ ਰੇਟਿੰਗ ਮਿਲੀ ਹੈ। 465 ਮੈਂਬਰੀ ਹੇਠਲੇ ਸਦਨ ਦੇ ਭੰਗ ਹੋਣ ਨਾਲ 12 ਦਿਨਾਂ ਦੀ ਮੁਹਿੰਮ ਦਾ ਰਾਹ ਪੱਧਰਾ ਹੋ ਗਿਆ ਹੈ, ਜੋ ਮੰਗਲਵਾਰ ਨੂੰ ਅਧਿਕਾਰਤ ਤੌਰ 'ਤੇ ਸ਼ੁਰੂ ਹੋਵੇਗੀ।ਤਾਕਾਇਚੀ ਨੇ ਤਾਇਵਾਨ ਦੀ ਹਮਾਇਤ ਵਿਚ ਬਿਆਨ ਦੇ ਕੇ ਚੀਨ ਨਾਲ ਦੁਸ਼ਮਣੀ ਵੀ ਸਹੇੜੀ ਹੈ।



## ਦੋ-ਦਿਨਾਂ ਚਿੰਤਨ ਕੈਂਪ ਲਗਾਇਆ

ਨਵੀਂ ਦਿੱਲੀ, 23 ਜਨਵਰੀ (ਚ.ਨ.ਸ.) : ਪਰਵਾਣੂ ਵਿੱਚ ਦੋ-ਦਿਨਾਂ ਚਿੰਤਨ ਸ਼ਿਵਿਰ ਊਰਜਾ ਖੇਤਰ ਨਾਲ ਸਬੰਧਤ ਮਹੱਤਵਪੂਰਨ ਨੀਤੀ ਸੁਧਾਰਾਂ ਅਤੇ ਲੰਬੇ ਸਮੇਂ ਦੀਆਂ ਰਣਨੀਤੀਆਂ 'ਤੇ ਡੂੰਘਾਈ ਨਾਲ ਵਿਚਾਰ-ਵਟਾਂਦਰੇ ਲਈ ਇੱਕ ਪ੍ਰਭਾਵਸ਼ਾਲੀ ਪਲੇਟਫਾਰਮ ਸਾਬਤ ਹੋਇਆ। ਇਸ ਸਮੇਂ ਦੌਰਾਨ, ਅਸੀਂ ਬਿਜਲੀ (ਸੋਧ) ਬਿੱਲ 2026, ਰਾਸ਼ਟਰੀ ਬਿਜਲੀ ਨੀਤੀ 2026, ਪ੍ਰਮਾਣੂ-ਅਧਾਰਤ ਬਿਜਲੀ ਪਲਾਂਟਾਂ ਨੂੰ ਮਜ਼ਬੂਤਕਰਨ, ਕੁਸ਼ਲਤਾ ਵਿੱਚ ਸੁਧਾਰ, ਟ੍ਰਾਂਸਮਿਸ਼ਨ ਪ੍ਰਣਾਲੀ ਨੂੰ ਮਜ਼ਬੂਤਕਰਨ, ਵੰਡ ਖੇਤਰ ਨੂੰ ਵਿੱਤੀ ਤੌਰ 'ਤੇ ਵਧੇਰੇ ਵਿਵਹਾਰਕ ਬਣਾਉਣ, ਵੰਡੇ ਗਏ ਊਰਜਾ ਸਰੋਤਾਂ, 2030 ਤੱਕ



300 GWh ਊਰਜਾ ਸਟੋਰੇਜ ਸਮਰੱਥਾ ਦੇ ਟੀਚੇ ਨੂੰ ਪ੍ਰਾਪਤ ਕਰਨ, ਮੁਕੱਦਮੇਬਾਜ਼ੀ ਨੂੰ ਘਟਾਉਣ, ਅਤੇ ਨਿਯਮਾਂ ਦੇ ਸਰਲੀਕਰਨ ਅਤੇ ਉਦਾਰੀਕਰਨ 'ਤੇ ਕੇਂਦ੍ਰਿਤ ਇੱਕ ਕਾਰਜ ਯੋਜਨਾ 'ਤੇ ਊਰਜਾ ਖੇਤਰ ਦੇ ਵੱਖ-ਵੱਖ ਹਿੱਸੇਦਾਰਾਂ ਨਾਲ ਵਿਸਤ੍ਰਿਤ ਅਤੇ ਵਿਆਪਕ ਵਿਚਾਰ-ਵਟਾਂਦਰੇ ਕੀਤੇ। ਅੱਜ, ਸਤਿਕਾਰਯੋਗ ਪ੍ਰਧਾਨ ਮੰਤਰੀ ਦੀ ਅਗਵਾਈ ਅਤੇ ਯੋਗ ਅਗਵਾਈ ਹੇਠ, ਭਾਰਤ ਸੁਧਾਰ ਐਕਸਪ੍ਰੈਸ ਟਰੈਕ 'ਤੇ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ, ਅਤੇ ਊਰਜਾ ਖੇਤਰ ਇਸ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਹੁਣ ਜਨਤਾ ਦੀ ਆਵਾਜ਼ ਸਿੱਧੀ ਪਹੁੰਚੇਗੀ ਸੰਸਦ 'ਚ 19 ਸਮਰੱਥ ਵੈਬ ਪੋਰਟਲ ਕਰੇਗਾ ਮਦਦ: ਸਤਨਾਮ ਸਿੰਘ ਸੰਧੂ

ਚੰਡੀਗੜ੍ਹ, 23 ਜਨਵਰੀ (ਹਰਦੀਪ ਕੌਰ) : ਹੁਣ ਜਨਤਾ ਦੀ ਆਵਾਜ਼ ਸਿੱਧੀ ਸੰਸਦ ਤਕ ਪਹੁੰਚੇਗੀ। ਇਹ ਸਭ ਇੱਕ ਵੈੱਬ ਪੋਰਟਲ ਰਾਹੀਂ ਸੰਭਵ ਹੋਵੇਗਾ। ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ (Satnam Singh Sandhu) ਨੇ ਨਾਗਰਿਕਾਂ ਦੀ ਭਾਗੀਦਾਰੀ ਨੂੰ ਮਜ਼ਬੂਤ ਕਰਨ ਲਈ 19-ਸਮਰੱਥ ਵੈੱਬ ਪੋਰਟਲ https://satnamsandhu.in/ ਲਾਂਚ ਕੀਤਾ ਹੈ। ਇਹ ਪੋਰਟਲ 12 ਭਾਰਤੀ ਭਾਸ਼ਾਵਾਂ ਵਿੱਚ 24ਗ7 ਸਹਾਇਤਾ ਪ੍ਰਦਾਨ ਕਰੇਗਾ।ਪੋਰਟਲ ਨੂੰ ਲਾਂਚ ਕਰਦੇ ਸਮੇਂ ਸ਼ੁੱਕਰਵਾਰ ਨੂੰ ਸੰਸਦ ਮੈਂਬਰ ਸੰਧੂ ਨੇ ਕਿਹਾ ਕਿ ਵੈੱਬਸਾਈਟ ਜਨਤਾ ਨਾਲ ਸਿੱਧੇ ਜੁੜਨ ਦਾ ਇਕ ਸਾਧਨ ਹੈ। ਇਸ ਦਾ 19 (ਆਰਟੀਫੀਸ਼ੀਅਲ ਇੰਟੈਲੀਜੈਂਸ) ਫੀਚਰ ਨਾਗਰਿਕਾਂ ਦੀ ਰਾਏ, ਸੁਝਾਅ ਅਤੇ ਸ਼ਿਕਾਇਤਾਂ ਨੂੰ ਇਕੱਠਾ ਕਰਕੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਕਿਸੇ ਵੀ ਮੁੱਦੇ ਜਾਂ ਸਮੱਸਿਆ ਦੇ ਪ੍ਰਭਾਵ ਦਾ ਵਿਸ਼ਲੇਸ਼ਣ ਕਰੇਗਾ।ਇਹ ਪੋਰਟਲ ਸੰਸਦ ਦੀ ਕਾਰਵਾਈ, ਲੋਕ ਨੁਮਾਇੰਦਿਆਂ ਦੀ ਭੂਮਿਕਾ, ਸਰਕਾਰੀ ਨੀਤੀਆਂ ਦੇ ਪ੍ਰਭਾਵ ਅਤੇ ਜਨਤਕ ਸ਼ਿਕਾਇਤਾਂ ਦੇ ਨਿਪਟਾਰੇ ਲਈ ਉਪਲਬਧ ਪਲੇਟਫਾਰਮਾਂ ਬਾਰੇ ਜਾਗਰੂਕਤਾ ਵੀ ਪੈਦਾ ਕਰੇਗਾ। ਇਸ ਦਾ 19 ਫੀਚਰ ਇਮੋਸ਼ਨ ਡਿਟੈਕਸ਼ਨ (ਭਾਵਨਾਵਾਂ ਦੀ ਪਛਾਣ) ਰਾਹੀਂ ਗੁੱਸਾ, ਪਰੇਸ਼ਾਨੀ, ਕਾਹਲੀ ਜਾਂ ਪੀੜਾ ਵਰਗੀਆਂ ਭਾਵਨਾਵਾਂ ਦੇ ਆਧਾਰ 'ਤੇ ਕਿਸੇ ਮੁੱਦੇ ਦੀ ਗੰਭੀਰਤਾ ਦੀ ਪਛਾਣ ਕਰੇਗਾ।ਪੋਰਟਲ ਵਿੱਚ ਉਪਲਬਧ ਪਰਫਾਰਮੈਂਸ ਡੈਸ਼ਬੋਰਡ ਰਾਹੀਂ



ਲੋਕ ਸੰਸਦ ਵਿੱਚ ਸੰਸਦ ਮੈਂਬਰ ਸੰਧੂ ਦੀਆਂ ਗਤੀਵਿਧੀਆਂ ਦੇਖ ਸਕਣਗੇ ਅਤੇ ਇਹ ਜਾਣ ਸਕਣਗੇ ਕਿ ਉਨ੍ਹਾਂ ਨੇ ਕਿਹੜੇ-ਕਿਹੜੇ ਸਵਾਲ ਉਠਾਏ ਅਤੇ ਬਹਿਸ ਵਿੱਚ ਕਿਵੇਂ ਹਿੱਸਾ ਲਿਆ। ਪੋਰਟਲ ਦੀ ਸ਼ੁਰੂਆਤ ਨਾਗਰਿਕਾਂ ਵੱਲੋਂ ਕੇਂਦਰੀ ਬਜਟ 2026-27 ਲਈ ਆਪਣੇ ਵਿਚਾਰ ਅਤੇ ਸੁਝਾਅ ਦੇਣ ਨਾਲ ਕੀਤੀ ਗਈ ਹੈ। ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਪੋਰਟਲ ਲਾਂਚ ਕਰਨ ਦੇ ਨਾਲ-ਨਾਲ ਆਪਣੇ ਦੋ ਸਾਲਾਂ ਦਾ ਲੇਖਾ-ਜੋਖਾ ਵੀ ਸਾਂਝਾ ਕੀਤਾ। ਜਨਵਰੀ 2024 ਵਿੱਚ ਰਾਜ ਸਭਾ ਮੈਂਬਰ ਨਾਮਜ਼ਦ ਕੀਤੇ ਜਾਣ ਤੋਂ ਬਾਅਦ ਚਾਰ ਸੰਸਦ ਸੈਸ਼ਨਾਂ ਵਿੱਚ 100 ਫੀਸਦੀ ਹਾਜ਼ਰੀ ਦਰਜ ਕਰਵਾਈ। ਇਸ ਦੌਰਾਨ 150 ਸਵਾਲ ਪੁੱਛੇ, 35 ਬਹਿਸਾਂ ਵਿੱਚ ਹਿੱਸਾ ਲਿਆ, 10 ਵਿਸ਼ੇਸ਼ ਜ਼ਿਕਰ ਕੀਤੇ ਅਤੇ ਚਾਰ ਨਿੱਜੀ ਮੈਂਬਰ ਬਿੱਲ (Private Member Bills) ਪੇਸ਼ ਕੀਤੇ।ਉਨ੍ਹਾਂ ਵੱਲੋਂ ਪੇਸ਼ ਕੀਤੇ ਗਏ ਚਾਰ ਨਿੱਜੀ ਮੈਂਬਰ ਬਿੱਲਾਂ ਨਦੀਆਂ ਨੂੰ ਕਾਨੂੰਨੀ ਵਿਅਕਤੀ ਦਾ ਦਰਜਾ ਦੇਣ, ਕਿਸਾਨਾਂ ਲਈ ਲਾਜ਼ਮੀ ਬੀਮਾ, ਉੱਚ ਵਿੱਦਿਅਕ ਸੰਸਥਾਵਾਂ ਦੀ ਰੈਂਕਿੰਗ, ਪ੍ਰਵਾਸੀ ਭਾਰਤੀਆਂ (NRIs) ਦੀ ਪ੍ਰਤਿਭਾ ਨੂੰ ਦੇਸ਼ ਦੇ ਵਿਕਾਸ ਲਈ ਵਰਤਣਾ ਆਦਿ ਸ਼ਾਮਲ ਹਨ।

## ਭਾਰਤ ਦੀਆਂ ਸ਼ਾਸਤਰੀ ਭਾਸ਼ਾਵਾਂ ਦੇ ਗ੍ਰੰਥ ਕੁਟੀਰ ਦੇ ਉਦਘਾਟਨ ਮੌਕੇ ਰਾਸ਼ਟਰਪਤੀ ਨੇ ਕੀਤੀ ਸ਼ਿਰਕਤ



ਨਵੀਂ ਦਿੱਲੀ, 23 ਜਨਵਰੀ (ਚ.ਨ.ਸ.) : ਸਭ ਤੋਂ ਪਹਿਲਾਂ, ਮੈਂ ਤੁਹਾਨੂੰ ਸਾਰਿਆਂ ਨੂੰ ਬਸੰਤ ਦੇ ਆਗਮਨ ਅਤੇ ਬਸੰਤ ਪੰਚਮੀ ਦੇ ਸ਼ੁਭ ਦਿਨ 'ਤੇ ਆਪਣੀਆਂ ਸ਼ੁਭਕਾਮਨਾਵਾਂ ਦਿੰਦੀ ਹਾਂ। ਅੱਜ, ਸਾਰੇ ਦੇਸ਼ ਵਾਸੀ ਸਿੱਖਿਆ ਦੀ ਦੇਵੀ, ਦੇਵੀ ਸਰਸਵਤੀ ਦੀ ਪੂਜਾ ਕਰਦੇ ਹਨ। ਮੈਂ ਮਾਂ ਸ਼ਾਰਦਾ ਨੂੰ ਆਪਣਾ ਸਤਿਕਾਰ ਸਹਿਤ ਪ੍ਰਣਾਮ ਕਰਦੀ ਹਾਂ। ਅੱਜ, ਦੇਵੀ ਸਰਸਵਤੀ ਦੀ ਪੂਜਾ ਦੇ ਪਵਿੱਤਰ ਦਿਨ 'ਤੇ, ਮੈਨੂੰ ਰਾਸ਼ਟਰਪਤੀ ਭਵਨ ਵਿਖੇ ਭਾਰਤ ਦੀਆਂ ਸ਼ਾਸਤਰੀ ਭਾਸ਼ਾਵਾਂ ਦੇ ਗ੍ਰੰਥ ਕੁਟੀਰ ਦੇ ਉਦਘਾਟਨ ਸਮਾਰੋਹ ਵਿੱਚ ਤੁਹਾਡੇ ਵਿਚਕਾਰ ਮੌਜੂਦ ਹੋ ਕੇ ਬਹੁਤ ਖੁਸ਼ੀ ਹੋ ਰਹੀ ਹੈ। ਇਹ ਕੁਟੀਰ ਭਾਰਤ ਦੀਆਂ ਸ਼ਾਸਤਰੀ ਭਾਸ਼ਾਵਾਂ ਦੀ ਸੰਭਾਲ ਅਤੇ ਪ੍ਰਚਾਰ ਲਈ ਰਾਸ਼ਟਰਪਤੀ ਭਵਨ ਦੁਆਰਾ ਇੱਕ ਸਮੂਹਿਕ ਯਤਨ ਹੈ। ਮੈਂ ਰਾਸ਼ਟਰਪਤੀ ਭਵਨ ਦੇ ਸਾਰੇ ਵਿਅਕਤੀਆਂ, ਸੰਸਥਾਵਾਂ, ਯੂਨੀਵਰਸਿਟੀਆਂ, ਖੋਜ ਕੇਂਦਰਾਂ, ਰਾਜ ਸਰਕਾਰਾਂ ਅਤੇ ਅਧਿਕਾਰੀਆਂ ਦੀ ਪ੍ਰਸ਼ੰਸਾ ਕਰਦਾ ਹਾਂ ਜਿਨ੍ਹਾਂ ਨੇ ਇਸ ਗ੍ਰੰਥ ਕੁਟੀਰ ਦੀ ਸਿਰਜਣਾ ਵਿੱਚ ਯੋਗਦਾਨ ਪਾਇਆ।

ਮੇਰਾ ਮੰਨਣਾ ਹੈ ਕਿ ਰਾਸ਼ਟਰਪਤੀ ਭਵਨ ਪੂਰੇ ਦੇਸ਼ ਦੀ ਇਮਾਰਤ ਹੈ। ਇਸ ਇਮਾਰਤ ਵਿੱਚ ਭਾਰਤੀਅਤਾ ਦੀ ਭਾਵਨਾ ਨੂੰ ਪ੍ਰਗਟ ਕਰਨ ਲਈ ਬਹੁਤ ਸਾਰੇ ਯਤਨ ਕੀਤੇ ਗਏ ਹਨ। ਕੁਝ ਅਜਿਹੇ ਯਤਨ ਸਾਡੀ ਦੇਸ਼ ਭਗਤੀ ਦੀ ਭਾਵਨਾ ਵਿੱਚ ਜੜ੍ਹੇ ਹੋਏ ਹਨ। ਪਰਮਵੀਰ ਗੈਲਰੀ ਹੁਣ ਰਾਸ਼ਟਰਪਤੀ ਭਵਨ ਨੂੰ ਸ਼ਿੰਗਾਰਦੀ ਹੈ, ਜੋ ਕਿ ਭਾਰਤ ਮਾਤਾ ਦੇ ਬਹਾਦਰ ਪੁੱਤਰਾਂ ਦਾ ਸਨਮਾਨ ਕਰਦੀ ਹੈ। ਇਸ ਗ੍ਰੰਥ ਕੁਟੀਰ ਦਾ ਨਿਰਮਾਣ ਰਾਸ਼ਟਰਪਤੀ ਭਵਨ ਨੂੰ ਭਾਰਤੀ ਸੱਭਿਆਚਾਰ ਦੀ ਵਿਰਾਸਤ ਅਤੇ ਜੀਵੰਤ ਪਰੰਪਰਾਵਾਂ ਨਾਲ ਜੋੜਨ ਦਾ ਵੀ ਇੱਕ ਯਤਨ ਹੈ। ਮੈਨੂੰ ਵਿਸ਼ਵਾਸ ਹੈ ਕਿ ਅਜਿਹੇ ਯਤਨਾਂ ਰਾਹੀਂ, ਆਮ ਜਨਤਾ ਨਾ ਸਿਰਫ਼ ਰਾਸ਼ਟਰਪਤੀ ਭਵਨ ਨਾਲ ਵੱਡਾ ਸਬੰਧ ਮਹਿਸੂਸ ਕਰੇਗੀ, ਸਗੋਂ ਸਾਡੀ ਮਹਾਨ ਸੱਭਿਅਤਾ ਅਤੇ ਸੱਭਿਆਚਾਰ ਬਾਰੇ ਉਨ੍ਹਾਂ ਦੇ ਗਿਆਨ ਵਿੱਚ ਵੀ ਵਾਧਾ ਕਰੇਗੀ।

ਮੈਨੂੰ ਵਿਸ਼ਵਾਸ ਹੈ ਕਿ ਰਾਸ਼ਟਰਪਤੀ ਭਵਨ ਵਿਖੇ ਇਸ ਗ੍ਰੰਥ ਕੁਟੀਰ ਵਿੱਚ ਸ਼ਾਸਤਰੀ ਭਾਸ਼ਾਵਾਂ ਨਾਲ ਸਬੰਧਤ ਸਮੱਗਰੀ ਦਾ ਸੰਗ੍ਰਹਿ ਵਧਦਾ ਰਹੇਗਾ। ਮੈਂ ਕਾਮਨਾ ਕਰਦੀ ਹਾਂ ਕਿ ਇਹ ਗ੍ਰੰਥ ਕੁਟੀਰ ਸਾਰੇ ਦਰਸ਼ਕਾਂ, ਖਾਸ ਕਰਕੇ ਨੌਜਵਾਨਾਂ ਨੂੰ ਸ਼ਾਸਤਰੀ ਭਾਸ਼ਾਵਾਂ ਸਿੱਖਣ ਅਤੇ ਸਮਝਣ ਲਈ ਪ੍ਰੇਰਿਤ ਕਰੇ। ਮੈਂ ਇਸ ਸ਼ਲਾਘਾਯੋਗ ਯਤਨ ਵਿੱਚ ਸ਼ਾਮਲ ਹਰੇਕ ਨੂੰ ਦਿਲੋਂ ਵਧਾਈ ਦਿੰਦੀ ਹਾਂ।

## ਸਾਂਸਦਾਂ ਨੇ ਨੇਤਾ ਜੀ ਸੁਭਾਸ਼ ਚੰਦਰ ਬੋਸ ਨੂੰ ਸ਼ਰਧਾ ਦੇ ਫੁੱਲ ਕੀਤੇ ਭੇਟ



ਨਵੀਂ ਦਿੱਲੀ, 23 ਜਨਵਰੀ (ਚ.ਨ.ਸ.) : ਸੰਸਦੀ ਮਾਮਲਿਆਂ ਅਤੇ ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਸ਼੍ਰੀ ਕਿਰੇਨ ਰਿਜੀਜੂ; ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਸ਼੍ਰੀ ਮਲਿਕਾਰਜੁਨ ਖੜਗੇ; ਸੰਸਦ ਮੈਂਬਰਾਂ, ਸਾਬਕਾ ਮੈਂਬਰਾਂ ਅਤੇ ਹੋਰ ਪਤਵੰਤਿਆਂ ਨੇ ਅੱਜ ਸੰਵਿਧਾਨ ਭਵਨ ਦੇ ਕੇਂਦਰੀ ਹਾਲ ਵਿੱਚ ਨੇਤਾਜੀ ਸੁਭਾਸ਼ ਚੰਦਰ ਬੋਸ ਦੀ ਜਨਮ ਵਰ੍ਹੇਗੰਢ ਦੇ ਮੌਕੇ 'ਤੇ ਉਨ੍ਹਾਂ ਦੀ ਤਸਵੀਰ 'ਤੇ ਫੁੱਲ ਭੇਟ ਕੀਤੇ।ਲੋਕ ਸਭਾ ਦੇ ਸਕੱਤਰ ਜਨਰਲ ਸ਼੍ਰੀ ਉਤਪਲ ਕੁਮਾਰ ਸਿੰਘ ਅਤੇ ਰਾਜ ਸਭਾ ਦੇ ਸਕੱਤਰ ਜਨਰਲ ਸ਼੍ਰੀ ਪੀ.ਸੀ. ਮੋਦੀ ਨੇ ਵੀ ਇਸ ਮੌਕੇ 'ਤੇ ਨੇਤਾਜੀ ਸੁਭਾਸ਼ ਚੰਦਰ ਬੋਸ ਨੂੰ ਸ਼ਰਧਾਂਜਲੀ ਭੇਟ ਕੀਤੀ।ਲੋਕ ਸਭਾ ਸਕੱਤਰੇਤ ਦੁਆਰਾ ਹਿੰਦੀ ਅਤੇ ਅੰਗਰੇਜ਼ੀ ਵਿੱਚ ਪ੍ਰਕਾਸ਼ਿਤ ਨੇਤਾਜੀ ਸੁਭਾਸ਼ ਚੰਦਰ ਬੋਸ ਦੇ ਜੀਵਨ ਪ੍ਰੋਫਾਈਲ 'ਤੇ ਇੱਕ ਕਿਤਾਬਚਾ ਵੀ ਪਤਵੰਤਿਆਂ ਨੂੰ ਭੇਟ ਕੀਤਾ ਗਿਆ।

## ਯੂ.ਏ.ਈ. ਵੱਲੋਂ 900 ਤੋਂ ਵੱਧ ਭਾਰਤੀ ਕੈਦੀਆਂ ਦੀਆਂ ਸਜ਼ਾਵਾਂ 'ਤੇ ਜੁਰਮਾਨਾ ਮੁਆਫ਼ ਕਰਨ ਦਾ ਐਲਾਨ

ਨਵੀਂ ਦਿੱਲੀ, 23 ਜਨਵਰੀ (ਚ.ਨ.ਸ.) ਭਾਰਤ ਅਤੇ ਸੰਯੁਕਤ ਅਰਬ ਅਮੀਰਾਤ ਦੇ ਸਬੰਧਾਂ ਵਿੱਚ ਇੱਕ ਹੋਰ ਸੁਖਦ ਮੋੜ ਆਇਆ ਹੈ। ਯੂ.ਏ.ਈ. ਸਰਕਾਰ ਨੇ ਆਪਣੇ ਨੈਸ਼ਨਲ ਡੇਅ ਤੋਂ ਪਹਿਲਾਂ 900 ਤੋਂ ਵੱਧ ਭਾਰਤੀ ਕੈਦੀਆਂ ਨੂੰ ਰਿਹਾਅ ਕਰਨ ਦਾ ਫੈਸਲਾ ਕੀਤਾ ਹੈ। ਇਸ ਸਬੰਧੀ ਅਬੂ ਧਾਬੀ ਸਥਿਤ ਭਾਰਤੀ ਦੂਤਾਵਾਸ ਨੂੰ ਰਿਹਾਅ ਕੀਤੇ ਜਾਣ ਵਾਲੇ ਕੈਦੀਆਂ ਦੀ ਸੂਚੀ ਸੌਂਪ ਦਿੱਤੀ ਗਈ ਹੈ।ਦਰਅਸਲ, ਯੂ.ਏ.ਈ. ਸਰਕਾਰ ਨੇ ਜੇਲ੍ਹਾਂ ਵਿੱਚ ਬੰਦ ਇਨ੍ਹਾਂ 900 ਤੋਂ ਵੱਧ ਭਾਰਤੀ ਨਾਗਰਿਕਾਂ ਨੂੰ ਰਿਹਾਅ ਕਰਨ ਦਾ ਫੈਸਲਾ ਆਪਣੇ ਨੈਸ਼ਨਲ ਡੇਅ (ਈਦ ਅਲ ਇਤਿਹਾਦ) ਦੇ ਮੌਕੇ 'ਤੇ ਮਾਨਵਤਾ ਦੇ ਆਧਾਰ 'ਤੇ ਲਿਆ ਹੈ।ਈਦ ਅਲ ਇਤਿਹਾਦ ਯੂ.ਏ.ਈ. ਦਾ ਰਾਸ਼ਟਰੀ ਜਸ਼ਨ ਹੈ ਜੋ ਹਰ ਸਾਲ 2 ਦਸੰਬਰ ਨੂੰ ਮਨਾਇਆ ਜਾਂਦਾ ਹੈ। ਇਹ ਦਿਨ 1971 ਵਿੱਚ ਸੱਤ ਅਮੀਰਾਤਾਂ ਦੇ ਏਕੀਕਰਨ ਦੀ ਯਾਦ ਦਿਵਾਉਂਦਾ ਹੈ। ਜ਼ਿਕਰਯੋਗ ਹੈ ਕਿ ਪਿਛਲੇ ਸਾਲ ਵੀ ਯੂ.ਏ.ਈ. ਦੇ ਰਾਸ਼ਟਰਪਤੀ ਨੇ 2,937 ਕੈਦੀਆਂ ਨੂੰ ਇਸ ਮੌਕੇ ਰਿਹਾਅ ਕਰਨ ਦਾ ਹੁਕਮ ਦਿੱਤਾ ਸੀ।ਸਭ ਤੋਂ ਅਹਿਮ ਗੱਲ ਇਹ ਹੈ ਕਿ ਯੂ.ਏ.ਈ.ਦੇ ਰਾਸ਼ਟਰਪਤੀ ਮਹਾਮਹਿਮ ਸ਼ੇਖ ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ ਨੇ ਕੈਦੀਆਂ ਦੀ ਸਜ਼ਾ ਦੇ ਹਿੱਸੇ ਵਜੋਂ ਲਗਾਏ ਗਏ ਵਿੱਤੀ ਜੁਰਮਾਨੇ ਨੂੰ ਵੀ ਮਾਫ਼ ਕਰਨ ਦਾ ਵਾਅਦਾ ਕੀਤਾ ਹੈ। ਇਸ ਨਾਲ ਕੈਦੀਆਂ ਦੇ ਪਰਿਵਾਰਾਂ 'ਤੇ ਆਰਥਿਕ ਬੋਝ ਨਹੀਂ ਪਵੇਗਾ ਅਤੇ ਉਹ ਆਪਣੇ ਪਿਆਰਿਆਂ ਦੇ ਮੁੜ ਵਸੇਬੇ ਵਿੱਚ ਮਦਦ ਕਰ ਸਕਣਗੇ।



## ਫੁੱਟਬਾਲ ਇੱਕ ਵਿਲੱਖਣ ਜਾਦੂਈ ਯੰਤਰ ਹੈ ਜੋ ਸਰਹੱਦਾਂ ਦੇ ਪਾਰ ਲੋਕਾਂ ਨੂੰ ਜੋੜਦੈ : ਇਨਫੈਂਟੀਨੋ

ਦਾਵੋਸ, 23 ਜਨਵਰੀ (ਚ.ਨ.ਸ.) : ਫੀਫਾ ਦੇ ਪ੍ਰਧਾਨ ਗਿਆਨੀ ਇਨਫੈਂਟੀਨੋ ਨੇ ਕਿਹਾ ਕਿ ਫੁੱਟਬਾਲ ਸਿਰਫ਼ ਇਕ ਖੇਡ ਤੋਂ ਵੱਧ ਹੈ ਅਤੇ ਇਕ ਜਾਦੂਈ ਯੰਤਰ ਹੈ ਜੋ ਲੋਕਾਂ ਨੂੰ ਇਕੱਠੇ ਕਰਦਾ ਹੈ। ਦਾਵੋਸ ਵਿਚ ਵਿਸ਼ਵ ਆਰਥਿਕ ਫੋਰਮ ਦੀ ਸਾਲਾਨਾ ਮੀਟਿੰਗ 2026 ਵਿਚ ਬੋਲਦੇ ਹੋਏ, ਇਨਫੈਂਟੀਨੋ ਨੇ ਅਲੇਸੈਂਡਰੋ ਡੇਲ ਪਿਏਰੋ ਅਤੇ ਅਰਸੇਨ ਵੈਂਗਰ ਦੇ ਨਾਲ, ਖੇਡ ਦੇ ਵਿਸ਼ਵਵਿਆਪੀ ਪ੍ਰਭਾਵ ਬਾਰੇ ਗੱਲ ਕੀਤੀ। ਫੀਫਾ ਦੇ ਪ੍ਰਧਾਨ ਗਿਆਨੀ ਇਨਫੈਂਟੀਨੋ, ਸਾਬਕਾ ਇਤਾਲਵੀ ਖਿਡਾਰੀ ਅਲੇਸੈਂਡਰੋ ਡੇਲ ਪਿਏਰੋ, ਅਤੇ ਸਾਬਕਾ ਆਰਸੇਨਲ ਮੈਨੇਜਰ ਅਰਸੇਨ ਵੈਂਗਰ, ਜੋ ਹੁਣ ਫੀਫਾ ਵਿਚ ਗਲੋਬਲ ਫੁੱਟਬਾਲ ਵਿਕਾਸ ਦੇ ਮੁਖੀ ਹਨ, ਨੇ ਦਾਵੋਸ ਵਿਚ ਨੇਤਾਵਾਂ ਨਾਲ ਮਿਲ ਕੇ



ਫੁੱਟਬਾਲ ਨੂੰ ਇੰਨਾ ਖਾਸ ਕੀ ਬਣਾਉਂਦਾ ਹੈ ਅਤੇ 2026 ਦੇ ਟੂਰਨਾਮੈਂਟ ਤੋਂ ਕੀ ਉਮੀਦ ਕੀਤੀ ਜਾ ਸਕਦੀ ਹੈ, ਇਸ ਬਾਰੇ ਚਰਚਾ ਕੀਤੀ।ਇਨਫੈਂਟੀਨੋ ਨੇ ਕਿਹਾ ਕਿ ਫੁੱਟਬਾਲ ਇਕ ਵਿਲੱਖਣ ਜਾਦੂਈ ਯੰਤਰ ਹੈ ਜੋ ਸਰਹੱਦਾਂ ਦੇ ਪਾਰ ਲੋਕਾਂ ਨੂੰ ਇਕਜੁੱਟ ਕਰਦਾ ਹੈ, ਬੱਚਿਆਂ ਅਤੇ ਬਾਲਗਾਂ ਦੋਵਾਂ ਲਈ ਖੁਸ਼ੀ ਲਿਆਉਂਦਾ ਹੈ। ਉਸਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਕਿਵੇਂ ਅਮਰੀਕਾ, ਮੈਕਸੀਕੋ ਅਤੇ ਕੈਨੇਡਾ ਦੁਆਰਾ ਸੰਯੁਕਤ ਵਿਸ਼ਵ ਕੱਪ ਦੀ ਬੋਲੀ ਸਹਿਯੋਗ ਦਾ ਪ੍ਰਤੀਕ ਸੀ ਜਦੋਂ ਅਮਰੀਕਾ ਅਤੇ ਮੈਕਸੀਕੋ ਵਿਚਕਾਰ ਕੰਧ ਬਣਾਉਣ ਦੀ ਗੱਲਬਾਤ ਹੋ ਰਹੀ ਸੀ।

## ਜਨਮ ਦਿਨ ਮੁਬਾਰਕ



ਖੁਸ਼ਪ੍ਰੀਤ ਕੌਰ



ਦਿਲਜੀਤ ਸਿੰਘ



ਖੁਸ਼ੀ ਮਿੱਤਲ



ਰਵਿੰਦਰ ਸਿੰਘ ਤੇ ਮਨਪ੍ਰੀਤ ਕੌਰ ਨੂੰ ਵਿਆਹ ਦੀ ਵਰ੍ਹੇਗੰਢ ਮੁਬਾਰਕ

## ਮਾਤਾ ਰਛਪਾਲ ਕੌਰ ਨਿਮਿੱਤ ਸਹਿਜ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 27 ਜਨਵਰੀ ਨੂੰ

ਮੋਗਾ/ਧੂੜਕੋਟ ਕਲਾਂ, 23 ਜਨਵਰੀ (ਚ.ਨ.ਸ.) : ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਮਾਤਾ (ਬੀਬੀ) ਰਛਪਾਲ ਕੌਰ ਜੀ, ਸੁਪਤਨੀ ਗੁਰਪੁਰਵਾਸੀ ਸਰਦਾਰ ਗੁਰਜੀਤ ਸਿੰਘ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ। ਉਹਨਾਂ ਦੇ ਅਕਾਲ ਚਲਾਣੇ ਨਾਲ ਇਲਾਕੇ ਦੀਆਂ ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਨੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਪਰਿਵਾਰ ਵੱਲੋਂ ਮਿਲੀ ਜਾਣਕਾਰੀ ਅਨੁਸਾਰ, ਮਾਤਾ ਜੀ ਦੀ ਨਿੱਘੀ ਯਾਦ ਵਿੱਚ ਰੱਖੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦਾ ਭੋਗ ਮਿਤੀ 27 ਜਨਵਰੀ 2026, ਦਿਨ ਮੰਗਲਵਾਰ ਨੂੰ ਪਾਇਆ ਜਾਵੇਗਾ। ਪਾਵਨ ਗੁਰਬਾਣੀ ਦੇ ਸ਼ਬਦ ਕੀਰਤਨ ਅਤੇ ਅੰਤਿਮ ਅਰਦਾਸ ਦੁਪਹਿਰ 1:00 ਵਜੇ ਗੁਰਦੁਆਰਾ ਸਾਹਿਬ, ਪਿੰਡ ਧੂੜਕੋਟ ਕਲਾਂ (ਮੋਗਾ) ਵਿਖੇ ਹੋਵੇਗੀ। ਸਮੂਹ ਪਰਿਵਾਰ ਅਤੇ ਰਿਸ਼ਤੇਦਾਰਾਂ ਵੱਲੋਂ ਸਮੂਹ ਸੰਗਤਾਂ ਅਤੇ ਸਨੇਹੀਆਂ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਬੇਨਤੀ ਕੀਤੀ ਗਈ ਹੈ।



## ਅਮਰੀਕੀ ਅਧਿਕਾਰੀਆਂ ਨੇ 5 ਸਾਲਾ ਬੱਚਾ ਲਿਆ ਹਿਰਾਸਤ 'ਚ, ਕਮਲਾ ਹੈਰਿਸ ਬੋਲੀ 'ਉਹ ਸਿਰਫ਼ ਇੱਕ ਮਾਸੂਮ ਬੱਚਾ ਹੈ'

ਵਾਸ਼ਿੰਗਟਨ, 23 ਜਨਵਰੀ (ਚ.ਨ.ਸ.) : ਅਮਰੀਕਾ ਵਿੱਚ ਫੈਡਰਲ ਏਜੰਟਾਂ ਵੱਲੋਂ ਇੱਕ ਪੰਜ ਸਾਲ ਦੇ ਲੜਕੇ ਨੂੰ ਉਸਦੇ ਪਿਤਾ ਸਮੇਤ ਹਿਰਾਸਤ ਕੇਂਦਰ (ਡਿਟੈਂਸ਼ਨ ਸੈਂਟਰ) ਭੇਜਣ ਦਾ ਮਾਮਲਾ ਸਾਹਮਣੇ ਆਇਆ ਹੈ। ਸਕੂਲ ਅਧਿਕਾਰੀਆਂ ਅਨੁਸਾਰ, ਇਹ ਪਹਿਲੀ ਵਾਰ ਨਹੀਂ ਹੈ ਜਦੋਂ ਇਮੀਗ੍ਰੇਸ਼ਨ ਏਜੰਟਾਂ ਨੇ ਕਿਸੇ ਬੱਚੇ ਨੂੰ ਹਿਰਾਸਤ ਵਿੱਚ ਲਿਆ ਹੋਵੇ; ਇਹ ਬੱਚਾ ਮਿਨੀਆਪੋਲਿਸ ਦੇ ਆਪਣੇ ਇਲਾਕੇ ਦਾ ਚੌਥਾ ਅਜਿਹਾ ਵਿਦਿਆਰਥੀ ਬਣ ਗਿਆ ਹੈ, ਜਿਸ ਨੂੰ ਹਾਲ ਹੀ ਦੇ ਹਫ਼ਤਿਆਂ ਵਿੱਚ ਹਿਰਾਸਤ ਵਿੱਚ ਲਿਆ ਗਿਆ ਹੈ।ਅਮਰੀਕਾ ਦੀ ਸਾਬਕਾ ਉਪ-ਰਾਸ਼ਟਰਪਤੀ ਕਮਲਾ ਹੈਰਿਸ ਨੇ ਇਸ ਕਾਰਵਾਈ 'ਤੇ ਸਖ਼ਤ ਇਤਰਾਜ਼ ਜਤਾਇਆ ਹੈ।

ਉਨ੍ਹਾਂ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਲਿਖਿਆ, 'ਲਿਆਮ ਰਾਮੋਸ ਤਾਂ ਸਿਰਫ਼ ਇੱਕ ਬੱਚਾ ਹੈ। ਉਸਨੂੰ ਆਪਣੇ ਪਰਿਵਾਰ ਨਾਲ ਘਰ ਹੋਣਾ ਚਾਹੀਦਾ ਹੈ, ਨਾ ਕਿ 935 (ਇਮੀਗ੍ਰੇਸ਼ਨ ਵਿਭਾਗ) ਵੱਲੋਂ ਵਰਤਿਆ ਜਾਣਾ ਚਾਹੀਦਾ ਹੈ ਅਤੇ ਟੈਕਸਾਸ ਦੇ ਡਿਟੈਂਸ਼ਨ ਸੈਂਟਰ ਵਿੱਚ ਰੱਖਿਆ ਜਾਣਾ ਚਾਹੀਦਾ ਹੈ। ਮੈਂ ਬਹੁਤ ਗੁੱਸੇ ਵਿੱਚ ਹਾਂ ਅਤੇ ਤੁਹਾਨੂੰ ਸਭ ਨੂੰ ਵੀ ਹੋਣਾ ਚਾਹੀਦਾ ਹੈ।ਕੋਲੰਬੀਆ ਹਾਈਟਸ ਪਬਲਿਕ ਸਕੂਲ ਦੀ ਸੁਪਰਡੈਂਟ



ਜੈਨਾ ਸਟੇਨਵਿਕ ਨੇ ਦੱਸਿਆ ਕਿ ਫੈਡਰਲ ਏਜੰਟ ਮੰਗਲਵਾਰ ਦੁਪਹਿਰ ਨੂੰ ਲਿਆਮ ਕੋਨੇਜੋ ਰਾਮੋਸ ਨੂੰ ਉਸਦੇ ਪਰਿਵਾਰ ਦੀ ਕਾਰ ਵਿੱਚੋਂ ਲੈ ਗਏ। ਉਨ੍ਹਾਂ ਦੋਸ਼ ਲਾਇਆ ਕਿ ਏਜੰਟਾਂ ਨੇ ਬੱਚੇ ਨੂੰ ਘਰ ਦਾ ਦਰਵਾਜ਼ਾ ਖੜਕਾਉਣ ਲਈ ਵਰਤਿਆ ਤਾਂ ਜੋ ਪਤਾ ਲੱਗ ਸਕੇ ਕਿ ਅੰਦਰ ਹੋਰ ਕੌਣ ਹੈ। ਅਸਲ ਵਿੱਚ ਇੱਕ 5 ਸਾਲ ਦੇ ਬੱਚੇ ਨੂੰ ਸਿਰਫ਼ ਜਾਲ ਵਿਛਾਉਣ ਲਈ ਵਰਤਿਆ ਗਿਆ।ਪਰਿਵਾਰ ਦੇ ਵਕੀਲ ਮਾਰਕ ਪ੍ਰੋਕੋਸ਼ ਅਨੁਸਾਰ, ਲਿਆਮ ਅਤੇ ਉਸਦੇ ਪਿਤਾ ਨੂੰ ਟੈਕਸਾਸ ਦੇ ਇੱਕ ਇਮੀਗ੍ਰੇਸ਼ਨ ਲਾਕਅਪ ਵਿੱਚ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਬੱਚੇ ਨੂੰ ਕਾਨੂੰਨੀ ਤਰੀਕੇ ਨਾਲ ਜਾਂ ਨੈਤਿਕ ਦਬਾਅ ਰਾਹੀਂ ਆਜ਼ਾਦ ਕਰਵਾਉਣ ਦੀ ਕੋਸ਼ਿਸ਼ ਕਰ ਰਹੇ ਹਨ।

## ਭਾਈ ਗੁਰਚਰਨ ਸਿੰਘ ਰਸੀਆ ਦੀ ਯਾਦ 'ਚ ਪਹਿਲਾ ਬਰਸੀ ਸਮਾਗਮ 4 ਫਰਵਰੀ ਨੂੰ

ਲੁਧਿਆਣਾ, 23 ਜਨਵਰੀ (ਚ.ਨ.ਸ.) : ਪੰਥ ਦੇ ਪ੍ਰਸਿੱਧ ਕੀਰਤਨੀਏ ਅਤੇ ਮਿੱਠੀ ਆਵਾਜ਼ ਦੇ ਮਾਲਕ ਭਾਈ ਗੁਰਚਰਨ ਸਿੰਘ ਜੀ ਰਸੀਆ (ਲੁਧਿਆਣਾ ਵਾਲੇ), ਜੋ ਕਿ ਧੰਨ ਧੰਨ ਬਾਬਾ ਨੰਦ ਸਿੰਘ ਜੀ ਅਤੇ ਧੰਨ ਧੰਨ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀਆਂ ਬਖਸ਼ਿਸ਼ਾਂ ਦੇ ਪਾਤਰ ਸਨ, ਨਿਮਿੱਤ ਪਹਿਲਾ ਬਰਸੀ ਸਮਾਗਮ 4 ਫਰਵਰੀ 2026 ਨੂੰ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।

ਇਹ ਵਿਸ਼ੇਸ਼ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਮਾਡਲ ਟਾਊਨ ਐਕਸਟੈਂਸ਼ਨ, ਲੁਧਿਆਣਾ ਵਿਖੇ ਆਯੋਜਿਤ ਕੀਤਾ ਜਾਵੇਗਾ। ਸਮਾਗਮ ਦਾ ਸਮਾਂ ਸ਼ਾਮ 7 ਵਜੇ ਤੋਂ ਰਾਤ 11 ਵਜੇ ਤੱਕ ਨਿਰਧਾਰਿਤ ਕੀਤਾ ਗਿਆ ਹੈ। ਇਸ ਬਰਸੀ ਸਮਾਗਮ ਵਿੱਚ ਪੰਥ ਦੀਆਂ ਕਈ ਨਾਮਵਰ ਸ਼ਖ਼ਸੀਅਤਾਂ, ਸੰਤ ਮਹਾਂਪੁਰਸ਼ ਅਤੇ ਰਾਗੀ ਜਥੇ ਹਾਜ਼ਰੀ ਭਰਨਗੇ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਸ਼ਾਮਲ ਹਨ ਸੰਤ ਬਾਬਾ ਸੁਖਦੇਵ ਸਿੰਘ ਜੀ (ਭੁੱਚੋ ਮੰਡੀ), ਸੰਤ ਬਾਬਾ ਘਾਲਾ ਸਿੰਘ ਜੀ (ਨਾਨਕਸਰ ਕਲੇਰਾਂ), ਅਤੇ ਸੰਤ ਬਾਬਾ ਲੱਖਾ ਸਿੰਘ ਜੀ (ਨਾਨਕਸਰ ਕਲੇਰਾਂ)। ਪ੍ਰਸਿੱਧ ਰਾਗੀ ਜਥੇ ਭਾਈ ਚਮਨਜੀਤ ਸਿੰਘ ਲਾਲ (ਦਿੱਲੀ ਵਾਲੇ), ਭਾਈ ਲਖਵਿੰਦਰ ਸਿੰਘ (ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ), ਅਤੇ ਭਾਈ ਗੁਰਪ੍ਰੀਤ ਸਿੰਘ (ਸ਼ਿਮਲੇ ਵਾਲੇ)।ਪ੍ਰਚਾਰਕ ਅਤੇ ਵਿਦਵਾਨ ਗਿਆਨੀ ਗੁਰਮੀਤ ਸਿੰਘ ਜੀ ਜਲੰਧਰ ਵਾਲੇ (ਸਟੇਜ ਸਕੱਤਰ) ਅਤੇ ਹੋਰ ਕਈ ਪੰਥਕ ਬੁਲਾਰੇ। ਭਾਈ ਗੁਰਚਰਨ ਸਿੰਘ ਰਸੀਆ ਜੀ ਦੇ ਪਰਿਵਾਰਕ ਮੈਂਬਰ ਜਗਮਨ ਸਿੰਘ ਰਸੀਆ, ਗੁਰਫ਼ਤਿਹ ਸਿੰਘ ਰਸੀਆ, ਅਤੇ ਹਰਮਨ ਸਿੰਘ ਰਸੀਆ (ਪੋਤਰੇ) ਵੱਲੋਂ ਸਮੂਹ ਸੰਗਤਾਂ ਨੂੰ ਨਿਮਰਤਾ ਸਹਿਤ ਬੇਨਤੀ ਕੀਤੀ ਗਈ ਹੈ ਕਿ ਇਸ ਸਮਾਗਮ ਵਿੱਚ ਹੁੰਮ-ਹੁਮਾ ਕੇ ਪਹੁੰਚੋ ਅਤੇ ਗੁਰੂ ਜਸ ਸਰਵਣ ਕਰਕੇ ਜੀਵਨ ਸਫਲਾ ਕਰੋ। ਭਾਈ ਰਸੀਆ ਜੀ ਨੇ ਆਪਣੀ ਸਾਰੀ ਉਮਰ ਗੁਰਬਾਣੀ ਕੀਰਤਨ ਰਾਹੀਂ ਸਿੱਖੀ ਦਾ ਪ੍ਰਚਾਰ ਕਰਦਿਆਂ ਗੁਜ਼ਾਰੀ। ਉਨ੍ਹਾਂ ਦੀ ਪਹਿਲੀ ਬਰਸੀ 'ਤੇ ਕਰਵਾਇਆ ਜਾ ਰਿਹਾ ਇਹ ਸਮਾਗਮ ਉਨ੍ਹਾਂ ਦੀਆਂ ਯਾਦਾਂ ਅਤੇ ਪੰਥਕ ਸੇਵਾਵਾਂ ਨੂੰ ਸਮਰਪਿਤ ਹੋਵੇਗਾ।

## ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ ਪਾਬੰਦੀ ਸ਼ੁਦਾ ਚਾਈਨਾ ਡੋਰ ਦੀ ਰੋਕਥਾਮ ਲਈ ਛਾਪੇ

ਪਟਿਆਲਾ, 23 ਜਨਵਰੀ (ਚ.ਨ.ਸ.) : ਬਸੰਤ ਪੰਚਮੀ/ ਮੱਕਰ ਸੰਕ੍ਰਾਂਤੀ/ਮਾਘੀ ਦੇ ਤਿਉਹਾਰਾਂ ਸਮੇਂ ਹੋਣ ਵਾਲੀ ਪਤੰਗਬਾਜ਼ੀ ਨੂੰ ਧਿਆਨ ਵਿੱਚ ਰੱਖਦੇ ਹੋਏ ਸਰਕਾਰ ਦੀ ਹਦਾਇਤਾਂ ਅਨੁਸਾਰ ਪਾਬੰਦੀ ਸ਼ੁਦਾ ਚਾਈਨਾ ਡੋਰ ਦੀ ਰੋਕਥਾਮ ਲਈ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਨੇ ਪੰਜਾਬ ਭਰ ਵਿੱਚ ਆਪਣੇ ਖੇਤਰੀ ਦਫਤਰਾਂ ਅਧੀਨ ਪੈਂਦੇ ਲੋਕਲ ਏਰੀਏ ਵਿੱਚ ਸਥਾਨਕ ਪ੍ਰਸ਼ਾਸਨ ਨੂੰ ਨਾਲ ਲੈ ਕੇ ਸਰਚ ਅਭਿਆਨ ਵਿਢਿਆ ਹੋਇਆ ਹੈ ਤਾਂ ਜੋ ਪਾਬੰਦੀਸ਼ੁਦਾ ਚਾਈਨਾ ਡੋਰ ਦੀ ਵਿਕਰੀ/ਵਰਤੋਂ ਨਾ ਹੋ ਸਕੇ। ਪੀਪੀਸੀਬੀ ਖੇਤਰੀ ਦਫਤਰ, ਪਟਿਆਲਾ ਅਤੇ ਫਤਿਹਗੜ੍ਹ ਸਾਹਿਬ ਅਧੀਨ ਪੈਂਦੇ



ਬਾਜ਼ਾਰਾਂ ਦੀਆਂ ਦੁਕਾਨਾਂ ਤੇ ਅਧਿਕਾਰੀਆਂ ਨੇ ਪਾਬੰਦੀ ਸ਼ੁਦਾ ਚਾਈਨਾ ਡੋਰ ਸਬੰਧੀ ਛਾਣਬੀਣ ਕੀਤੀ । ਅਧਿਕਾਰੀਆਂ ਨੇ ਇਸ ਸਬੰਧੀ ਦੁਕਾਨਦਾਰਾਂ ਤੇ ਆਮ ਜਨਤਾ ਨੂੰ ਚਾਈਨਾ ਡੋਰ ਦੀ ਵਰਤੋਂ ਨਾਲ ਹੋਣ ਵਾਲੇ ਹਾਦਸਿਆਂ ਅਤੇ ਹੋਰ ਜਾਨੀ-ਮਾਲੀ ਨੁਕਸਾਨ ਬਾਰੇ ਦੱਸ ਕੇ ਜਾਗਰੂਕ ਕੀਤਾ ।

ਇਸ ਦੀ ਵਰਤੋਂ ਜਾਂ ਵਿਕਰੀ ਸਬੰਧੀ ਕਾਨੂੰਨਨ ਸਜ਼ਾ ਬਾਰੇ ਜਾਣਕਾਰੀ ਦਿੱਤੀ ਅਤੇ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਲਈ ਬੋਰਡ ਤੇ ਸਰਕਾਰ ਦਾ ਸੁਨੇਹਾ ਵੀ ਦਿੱਤਾ।

# ਮਾਝਾ-ਦੁਆਬਾ

ਆਸ ਪਾਸ

## ਡਾ. ਇੰਦਰਬੀਰ ਸਿੰਘ ਨਿੱ$ਰ ਦੀ ਅਗਵਾਈ ਹੇਠ ਚੀਫ਼ ਖ਼ਾਲਸਾ ਦੀਵਾਨ ਸਿੱਖਿਆ, ਸੇਵਾ ਤੇ ਨਵੀਨਤਾ ਦੇ ਨਵੇਂ ਸਿਖਰਾਂ ਵੱਲ



ਅੰਮ੍ਰਿਤਸਰ, 23 ਜਨਵਰੀ, (ਬਬਲੂ ਮਹਾਜਨ): ਪੁਰਾਤਨ ਵਿੱਦਿਅਕ ਸਿੱਖ ਸੰਸਥਾ ਚੀਫ ਖਾਲਸਾ ਦੀਵਾਨ ਦੀ ਵਾਗਡੋਰ ਜਦੋਂ ਦੀ ਡਾ. ਇੰਦਰਬੀਰ ਸਿੰਘ ਨਿੱਜਰ ਤੇ ਉਨ੍ਹਾਂ ਦੀ ਟੀਮ ਦੇ ਹੱਥ ਆਈ ਹੈ, ਇਹ ਸੰਸਥਾ ਦਿਨ ਦੁੱਗਣੀ ਤੇ ਰਾਤ ਚੌਗੁਣੀ ਤਰੱਕੀ ਕਰ ਰਹੀ ਹੈ। ਦੀਵਾਨ ਪੰਥਕ ਮਾਮਲਿਆਂ ਵਿੱਚ ਜਿੱਥੇ ਸਮੇਂ-ਸਮੇਂ 'ਤੇ ਆਪਣੀ ਰਾਏ ਦਿੰਦਾ ਹੈ ਉੱਥੇ ਵਿੱਦਿਆ ਦੇ ਖੇਤਰ ਵਿਚ ਦੀਵਾਨ ਦੇ ਸਕੂਲਾਂ ਨੇ ਨਿਵੇਕਲੀਆਂ ਮੱਲਾਂ ਮਾਰੀਆਂ ਹਨ। ਚੀਫ ਖਾਲਸਾ ਦੀਵਾਨ ਦੇ ਸਕੂਲ ਹਰ ਖੇਤਰ ਵਿਚ ਨਵੀਆਂ ਬੁਲੰਦੀਆਂ ਨੂੰ ਛੂਹ ਰਹੇ ਹਨ। ਕਦੀ 5 ਵਿਦਿਆਰਥੀਆਂ ਤੋਂ ਆਰੰਭ ਹੋਈ ਸੰਸਥਾ ਅਧੀਨ ਅੱਜ 48 ਸਕੂਲ, 2 ਮੈਨੇਜਮੈਂਟ ਕਾਲਜ ਅਤੇ 1 ਨਰਸਿੰਗ ਕਾਲਜ ਸ਼ਾਮਲ ਹੈ, ਜਿਨ੍ਹਾਂ ਵਿਚ 45 ਹਜ਼ਾਰ ਵਿਦਿਆਰਥੀ ਸਿੱਖਿਆ ਪ੍ਰਾਪਤ ਕਰ ਰਹੇ ਹਨ। ਸਾਲ 2027 ਵਿਚ ਇਹ ਟੀਚਾ 50 ਹਜਾਰ ਵਿਦਿਆਰਥੀਆਂ ਤੱਕ ਪਹੁੰਚਣ ਦੀ ਉਮੀਦ ਹੈ।ਟੀਮ ਡਾ ਨਿੱਜਰ ਸਰਹੱਦੀ ਖੇਤਰਾਂ ਵਿਚ ਵੀ ਸਕੂਲ ਖੋਲ੍ਹ ਕੇ ਇਨ੍ਹਾਂ ਇਲਾਕਿਆਂ ਵਿਚ ਪਰਉਪਕਾਰੀ ਵਿੱਦਿਆ ਦੀ ਅਲਖ ਜਗਾਉਣ ਜਾ ਰਹੇ ਹਨ। ਦੀਵਾਨ ਦੇ ਪ੍ਰਧਾਨ ਡਾ ਇੰਦਰਬੀਰ ਸਿੰਘ ਨਿੱਜਰ ਅਤੇ ਜਰਨਲ ਸਕੱਤਰ ਸ੍ਰ ਰਮਣੀਕ ਸਿੰਘ ਨੇ ਵਿਸ਼ੇਸ਼ ਗੱਲਬਾਤ ਕਰਦਿਆਂ ਕਿਹਾ ਕਿ ਅਸੀਂ ਅੱਜ ਵੀ 1902 ਵਾਲਾ ਜਜ਼ਬਾ ਤੇ ਜਜ਼ਬਾਤ ਲੈ ਕੇ ਤਕਰੀਬਨ 450 ਮੈਂਬਰਾਂ, 4 ਹਜ਼ਾਰ ਦੇ ਸਕੂਲੀ ਤੇ ਪ੍ਰਬੰਧਕੀ ਸਟਾਫ ਦੇ ਨਾਲ ਮਿਲ ਕੇ ਇਕ ਪਰਿਵਾਰ ਵਾਂਗ ਸੇਵਾ ਕਰਕੇ ਇਸ ਪੁਰਾਤਨ ਸਿੱਖ ਸੰਸਥਾ ਦਾ ਨਾਮ ਦੁਨੀਆਂ ਵਿਚ ਰੋਸ਼ਨ ਕਰ ਰਹੇ ਹਾਂ। ਸਕੂਲਾਂ ਵਿਚ ਵਿਦਿਆਰਥੀਆਂ ਨੂੰ ਜਿੱਥੇ ਵਿੱਦਿਅਕ ਖੇਤਰ ਵਿਚ ਸਮੇਂ ਦਾ ਹਾਣੀ ਬਣਾਇਆ ਜਾ ਰਿਹਾ ਹੈ ਉੱਥੇ ਧਰਮ ਪ੍ਰਚਾਰ ਦੇ ਖੇਤਰ ਵਿਚ ਵੀ ਲਗਾਤਾਰ ਕੰਮ ਕਰ ਰਿਹਾ ਹੈ। ਦੀਵਾਨ ਦੇ ਸਕੂਲਾਂ ਵਿਚ ਹਰ ਦਿਨ ਦੀ ਅਰੰਭਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਹੁਕਮਨਾਮੇ ਨਾਲ ਹੁੰਦੀ ਹੈ। ਇਸ ਤੋਂ ਇਲਾਵਾ ਹਰ ਸਾਲ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ, ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਦਿਆਰਥੀਆਂ ਤੇ ਸਟਾਫ ਨਾਲ ਮਿਲ ਕੇ ਮੈਨੇਜਮੈਂਟ ਵੱਲੋਂ ਨਗਰ ਕੀਰਤਨ ਸਜਾਇਆ ਜਾਂਦਾ ਹੈ। ਵੱਖ ਵੱਖ ਸਮੇਂ 'ਤੇ ਅੰਮ੍ਰਿਤ ਸੰਚਾਰ ਦੇ ਸਮਾਗਮ ਕਰਵਾਏ ਜਾ ਜਾਂਦੇ ਹਨ ਤਾਂ ਕਿ ਵਿਦਿਆਰਥੀਆਂ ਨੂੰ ਧਰਮ ਦੇ ਮੁਢਲੇ ਅਸੂਲਾਂ ਨਾਲ ਬਚਪਣ ਤੋਂ ਹੀ ਜ਼ੋੜਿਆ ਜਾ ਸਕੇ। ਸਕੂਲ ਅੰਦਰ ਮੌਜੂਦ ਗੁਰਦੁਆਰਾ ਸਾਹਿਬ ਵਿਚ ਵਿਦਿਆਰਥੀਆਂ ਵੱਲੋਂ ਸਹਿਜ ਪਾਠ ਕੀਤੇ ਜਾਂਦੇ ਸਨ, ਜਿਨ੍ਹਾਂ ਦੇ ਭੋਗ ਹਰ ਸੰਗਰਾਂਦ ਮੌਕੇ ਪਾਏ ਜਾਂਦੇ ਹਨ, ਸਮਾਗਮਾਂ ਵਿਚ ਵਿਦਿਆਰਥੀ ਹੀ ਕੀਰਤਨ ਦੀ ਹਾਜ਼ਰੀ ਭਰਦੇ ਹਨ। ਅਗਲੇ ਵਰ੍ਹੇ 125 ਸਾਲਾ ਜਸ਼ਨ ਮਨਾਉਂਣ ਮੌਕੇ ਸੰਸਥਾ ਵਿਚ 50 ਹਜਾਰ ਵਿਦਿਆਰਥੀਆਂ ਦਾ ਟੀਚਾ ਮਿੱਥਿਆ ਹੈ। ਸਿੱਖਾਂ ਦੀ ਸਿਰਮੌਰ ਸੰਸਥਾ ਦੇ 125 ਵਰ੍ਹਿਆਂ ਦੀਆਂ ਆਪਣੀਆਂ ਉਪਲੱਬਧੀਆਂ ਦਾ ਸਫਰ ਹੈ। ਉਨ੍ਹਾਂ ਦੱਸਿਆ ਕਿ ਅਸੀਂ ਲੋਕ ਭਲਾਈ ਲਈ ਭਾਈ ਵੀਰ ਸਿੰਘ ਜੀ ਬਿਰਧ ਘਰ ਤਰਨ ਤਾਰਨ, ਸ੍ਰੀ ਗੁਰੂ ਅਮਰਦਾਸ ਬਿਰਧ ਘਰ ਰਾਮ ਤੀਰਥ ਰੋਡ ਅੰਮ੍ਰਿਤਸਰ, ਸੈਂਟਰਲ ਖਾਲਸਾ ਯਤੀਮਖਾਨਾ ਜਿਸ ਵਿਚ ਸੂਰਮਾ ਸਿੰਘ ਆਸ਼ਰਮ, ਨੇਤਰਹੀਨ ਬੱਚਿਆਂ ਲਈ ਸਕੂਲ, ਭਾਈ ਵੀਰ ਸਿੰਘ ਜੀ ਗੁਰਮਤਿ ਕਾਲਜ, ਸ਼ਹੀਦ ਊਧਮ ਸਿੰਘ ਸਕੂਲ, ਸ਼ਹੀਦ ਊਧਮ ਸਿੰਘ ਲਾਈਬਰੇਰੀ, ਤੰਤੀ ਸਾਜ ਮਿਊਜ਼ੀਅਮ ਅਤੇ ਪੁਰਾਤਨ ਸ਼ਸਤਰਾਂ ਵੀ ਵਿਰਸੇ ਦੀ ਸੰਭਾਲ ਕਰ ਰਹੇ ਹਾਂ।ਇਸ ਦੇ ਨਾਲ ਹੀ ਚੀਫ ਖਾਲਸਾ ਦੀਵਾਨ ਚੈਰੀਟੇਬਲ ਹਸਪਤਾਲ ਅੰਮ੍ਰਿਤਸਰ, ਸੈਂਟਰਲ ਖਾਲਸਾ ਹਸਪਤਾਲ ਤਰਨ ਤਾਰਨ ਇਸ ਤੋਂ ਇਲਾਵਾ ਚੀਫ ਖਾਲਸਾ ਦੀਵਾਨ ਵੱਲੋਂ ਭਾਈ ਵੀਰ ਸਿੰਘ ਜੀ ਦੁਆਰਾ ਸ਼ੁਰੂ ਕੀਤਾ ਪ੍ਰਤੀਨਿਧ ਪੱਤਰ ਖਾਲਸਾ ਐਡਵੋਕੇਟ ਅਤੇ ਨਿਰਗੁਣਿਆਰਾ ਅੱਜ ਵੀ ਪ੍ਰਕਾਸ਼ਿਤ ਕੀਤਾ ਜਾ ਰਿਹਾ ਹੈ। ਇਹ ਵਿਆਪਕ ਪਹਿਲਕਦਮੀਆਂ ਚੀਫ ਖਾਲਸਾ ਦੀਵਾਨ ਦੀ ਗੁਣਵੱਤਾ ਸਿੱਖਿਆ, ਤਕਨੀਕੀ ਤਰੱਕੀ, ਨੈਤਿਕ ਕਦਰਾਂ-ਕੀਮਤਾਂ, ਨਵੀਨਤਾ ਅਤੇ ਸੰਪੂਰਨ ਵਿਦਿਆਰਥੀ ਵਿਕਾਸ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਉਜਾਗਰ ਕਰਦੀਆਂ ਹਨ। ਦੀਵਾਨ ਦੇ ਹਰੇਕ ਕੰਮ ਦਾ ਫੈਂਸਲਾ ਮੈਂਬਰਾਂ ਦੀਆਂ ਬਣਾਈਆਂ ਵਿਭਾਗੀ ਕਮੇਟੀਆਂ ਵੱਲੋਂ ਲਿਆ ਜਾਂਦਾ ਹੈ। ਡਾ ਨਿੱਜਰ ਨੇ ਦੱਸਿਆ ਕਿ ਪਟਨਾ ਸਾਹਿਬ ਬੋਰਡ ਦੇ ਵਿਧਾਨ ਮੁਤਾਬਿਕ ਦੀਵਾਨ ਵੱਲੋਂ ਇਕ ਮੈਂਬਰ ਪਟਨਾ ਸਾਹਿਬ ਬੋਰਡ ਵੱਲੋਂ ਨਾਮਜ਼ਦ ਕੀਤਾ ਜਾਂਦਾ ਹੈ। ਇਸ ਵਾਰ ਇਹ ਸੇਵਾ ਸ਼੍ਰੋਮਣੀ ਕਮੇਟੀ, ਚੀਫ ਖ਼ਾਲਸਾ ਦੀਵਾਨ ਤੇ ਤਖ਼ਤ ਹਜ਼ੂਰ ਸਾਹਿਬ ਬੋਰਡ ਦੇ ਮੈਂਬਰ ਬਾਵਾ ਗੁਰਿੰਦਰ ਸਿੰਘ ਦੀ ਝੋਲੀ ਦੀਵਾਨ ਨੇ ਸਰਬਸੰਮਤੀ ਨਾਲ ਪਾਈ ਹੈ।

## ਆਵਾਰਾ ਕੁੱਤਿਆਂ ਲਈ ਨਿਰਧਾਰਤ ਫੀਡਿੰਗ ਪੌਇੰਟਸ ਸਬੰਧੀ ਵਧੀਕ ਕਮਿਸ਼ਨਰ ਦੀ ਅਗਵਾਈ ਹੇਠ ਸਮੀਖਿਆ ਮੀਟਿੰਗ



ਅੰਮ੍ਰਿਤਸਰ, 23 ਜਨਵਰੀ, (ਬਬਲੂ ਮਹਾਜਨ) : ਮਾਨਯੋਗ ਸਰਬਉੱਚ ਕੋਰਟ ਦੇ ਨਿਰਦੇਸ਼ਾਂ ਦੀ ਪਾਲਣਾ ਅਧੀਨ, ਆਵਾਰਾ ਕੁੱਤਿਆਂ ਲਈ ਨਿਰਧਾਰਤ ਫੀਡਿੰਗ ਪੌਇੰਟਸ/ ਜ਼ੋਨਜ਼ ਦੀ ਪਛਾਣ ਸਬੰਧੀ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਕੀਤੀ ਜਾ ਰਹੀ ਕਾਰਵਾਈ ਦੀ ਸਮੀਖਿਆ ਲਈ ਅੱਜ ਐਡੀਸ਼ਨਲ ਕਮਿਸ਼ਨਰ, ਨਗਰ ਨਿਗਮ ਅੰਮ੍ਰਿਤਸਰ, ਸੁਰਿੰਦਰ ਸਿੰਘ, ਪੀ.ਸੀ.ਐੱਸ. ਦੀ ਅਧਯਕਸ਼ਤਾ ਹੇਠ ਇਕ ਅਨੁਸਰਣ ਮੀਟਿੰਗ ਅਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਇਹ ਮੀਟਿੰਗ 19 ਜਨਵਰੀ 2026 ਨੂੰ ਹੋਈ ਮੀਟਿੰਗ ਦੇ ਸੰਦਰਭ ਵਿੱਚ ਆਯੋਜਿਤ ਕੀਤੀ ਗਈ, ਜਿਸ ਵਿੱਚ ਮਾਨਯੋਗ ਸਰਵੋਚ ਨਿਆਂਲਏ ਵੱਲੋਂ Suo Motu Writ Petition (Civil) No. 5/ 2025 - "In Re: City Hounded by Strays, Kids Pay Price" ਦੇ ਤਹਿਤ ਸ਼ਹਿਰੀ ਸਥਾਨਕ ਨਿਗਮਾਂ ਨੂੰ ਜਾਰੀ ਨਿਰਦੇਸ਼ਾਂ ਦੇ ਪ੍ਰਭਾਵਸ਼ਾਲੀ ਲਾਗੂ ਕਰਨ ਬਾਰੇ ਵਿਚਾਰ ਕੀਤਾ ਗਿਆ ਸੀ।

ਇਸ ਮੀਟਿੰਗ ਦੌਰਾਨ ਐਡੀਸ਼ਨਲ ਕਮਿਸ਼ਨਰ ਵੱਲੋਂ ਡਾਗ ਲਵਰਜ਼, ਪਸ਼ੂ ਪ੍ਰੇਮੀ ਅਤੇ ਸਮਾਜਿਕ ਕਾਰਕੁਨਾਂ ਨਾਲ ਵੀ ਵਿਚਾਰ-ਵਟਾਂਦਰਾ ਕੀਤਾ ਗਿਆ, ਜਿਸ ਵਿੱਚ ਆਵਾਰਾ ਕੁੱਤਿਆਂ ਦੀ ਭਲਾਈ ਅਤੇ ਜਨਤਾ ਦੀ ਸੁਰੱਖਿਆ ਵਿਚਕਾਰ ਸੰਤੁਲਨ ਬਣਾਈ ਰੱਖਣ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਇਹ ਵੀ ਦੱਸਿਆ ਗਿਆ ਕਿ ਆਮ ਲੋਕਾਂ ਦੀ ਸਹੂਲਤ ਲਈ ਆਵਾਰਾ ਕੁੱਤਿਆਂ ਨਾਲ ਸਬੰਧਿਤ ਸ਼ਿਕਾਇਤਾਂ ਅਤੇ ਜਾਣਕਾਰੀ ਲਈ ਇੱਕ ਟੋਲ-ਫ਼ਰੀ ਹੈਲਪਲਾਈਨ ਨੰਬਰ ਬਹੁਤ ਜਲਦੀ ਜਾਰੀ ਕੀਤਾ ਜਾਵੇਗਾ, ਜਿਸ ਦਾ ਵਿਆਪਕ ਪ੍ਰਚਾਰ ਕੀਤਾ ਜਾਵੇਗਾ।

ਮੀਟਿੰਗ ਵਿੱਚ ਐਸਐਮਓ-ਕਮ-ਨੋਡਲ ਅਫ਼ਸਰ, ਕੈਟਲ ਪਾਉਂਡ, ਡਾ. ਗੀਤਾ ਸਰੀਨ, ਸਫ਼ਾਈ ਇੰਸਪੈਕਟਰ ਸ਼੍ਰੀ ਸੁਖਵਿੰਦਰ ਪਾਲ ਸਿੰਘ, ਅਤੇ ਸਮਾਜਿਕ ਕਾਰਕੁਨ ਸ਼੍ਰੀਮਤੀ ਮੀਨਲ ਅਰੋੜਾ, ਹਰਕੀਰਤ ਕੌਰ, ਸ਼੍ਰੀ ਵਰਣੀਤ ਰੰਧਾਵਾ, ਸ਼੍ਰੀ ਰੁਪਿੰਦਰ ਪਾਲ ਅਤੇ ਸ਼੍ਰੀ ਅਗਮਦੀਪ ਸਿੰਘ ਹਾਜ਼ਰ ਰਹੇ।

ਐਡੀਸ਼ਨਲ ਕਮਿਸ਼ਨਰ ਨੇ ਦੁਬਾਰਾ ਸਪੱਸ਼ਟ ਕੀਤਾ ਕਿ ਨਗਰ ਨਿਗਮ ਅੰਮ੍ਰਿਤਸਰ ਮਨੁੱਖੀ ਦ੍ਰਿਸ਼ਟੀਕੋਣ ਅਪਣਾਉਂਦਿਆਂ, ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ, ਪਸ਼ੂ ਕਲਿਆਣ ਅਤੇ ਜਨ ਹਿਤ ਦੋਵਾਂ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਸਾਰੇ ਸੰਬੰਧਿਤ ਅਧਿਕਾਰੀਆਂ ਨੂੰ ਸਮੇਂ-ਸਿਰ ਅਤੇ ਪ੍ਰਭਾਵਸ਼ਾਲੀ ਕਾਰਵਾਈ ਕਰਨ ਦੇ ਹੁਕਮ ਦਿੱਤੇ।

## ਬੇਅਦਬੀ ਦੀਆਂ ਵੱਧ ਰਹੀਆਂ ਘਟਨਾਵਾਂ ਨਿੰਦਣਯੋਗ : ਇੰਦਰਜੀਤ ਸਿੰਘ ਪੰਡੋਰੀ



ਅੰਮ੍ਰਿਤਸਰ, 23 ਜਨਵਰੀ, (ਬਬਲੂ ਮਹਾਜਨ) : ਸੀਨੀਅਰ ਅਕਾਲੀ ਆਗੂ ਅਤੇ ਵਾਰਡ ਨੰਬਰ 43 ਤੋਂ ਕੌਂਸਲਰ ਇੰਦਰਜੀਤ ਸਿੰਘ ਪੰਡੋਰੀ ਨੇ ਚੜਦੀ ਕਲਾ ਟਾਈਮ ਟੀਵੀ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਵਿੱਚ ਲਗਾਤਾਰ ਵੱਧ ਰਹੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਬਹੁਤ ਹੀ ਨਿੰਦਣਯੋਗ ਅਤੇ ਦੁਖਦਾਈ ਹਨ। ਉਨ੍ਹਾਂ ਕਿਹਾ ਕਿ ਇਹ ਘਟਨਾਵਾਂ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਉਂਦੀਆਂ ਹਨ ਅਤੇ ਸਮਾਜ ਵਿੱਚ ਅਸ਼ਾਂਤੀ ਪੈਦਾ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੇਅਦਬੀ ਦੇ ਮਾਮਲਿਆਂ ਲਈ ਸਖ਼ਤ ਕਾਨੂੰਨ ਬਣਾਉਣ ਅਤੇ ਜਾਂਚ ਲਈ ਕਮੇਟੀਆਂ ਬਣਾਉਣ ਦੇ ਦਾਅਵੇ ਕੀਤੇ ਗਏ ਹਨ, ਪਰ ਇਸ ਦੇ ਬਾਵਜੂਦ ਬੇਅਦਬੀ ਦੀਆਂ ਘਟਨਾਵਾਂ ਦਾ ਲਗਾਤਾਰ ਵੱਧਣਾ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਸਿਰਫ਼ ਕਾਨੂੰਨ ਬਣਾਉਣ ਨਾਲ ਨਹੀਂ, ਸਗੋਂ ਇਮਾਨਦਾਰ ਅਮਲ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਨਾਲ ਹੀ ਇਨ੍ਹਾਂ ਘਟਨਾਵਾਂ 'ਤੇ ਰੋਕ ਲੱਗ ਸਕਦੀ ਹੈ।

ਇੰਦਰਜੀਤ ਸਿੰਘ ਪੰਡੋਰੀ ਨੇ ਸਮੂਹ ਸਿੱਖ ਸੰਗਤ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਬੇਅਦਬੀ ਵਰਗੇ ਸੰਵੇਦਨਸ਼ੀਲ ਮਸਲੇ 'ਤੇ ਸਾਰੇ ਸਿੱਖ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪਰਸਤੀ ਹੇਠ ਇਕੱਠੇ ਹੋਣ ਅਤੇ ਇਕਜੁੱਟ ਹੋ ਕੇ ਪੰਥਕ ਫੈਸਲੇ ਲਏ ਜਾਣ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ।

## ਡਾ. ਇਕਬਾਲ ਸਿੰਘ ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਅਜਨਾਲਾ ਦੇ ਪ੍ਰਧਾਨ ਨਿਯੁਕਤ



ਅਜਨਾਲਾ, 23 ਜਨਵਰੀ, (ਸੁਖਦੇਵ ਸਿੰਘ ਖਾਲਸਾ) : ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ (ਰਜਿ) ਦੀ ਮਹੀਨਾ ਵਾਰ ਮੀਟਿੰਗ ਕਰਕੇ ਹਰ ਸਾਲ ਦੀ ਤਰ੍ਹਾਂ ਯੂਨੀਅਨ ਦੀ ਚੋਣ ਕੀਤੀ ਗਈ, ਜਿਸ ਵਿੱਚ ਡਾ ਮਹਿੰਦਰ ਸਿੰਘ ਸੋਹਲ ਐਕਟਿੰਗ ਪ੍ਰਧਾਨ ਪੰਜਾਬ ਅਤੇ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਦੀ ਅਗਵਾਈ ਚ ਡਾ ਇਕਬਾਲ ਸਿੰਘ ਚੇਤਨਪੁਰਾ ਨੂੰ ਦੂਜੀ ਵਾਰ ਬਲਾਕ ਪ੍ਰਧਾਨ,ਜੋਗਿੰਦਰ ਮਸੀਹ ਜਨਰਲ ਸੈਕਟਰੀ,ਸੀਨੀਅਰ ਮੀਤ ਪ੍ਰਧਾਨ ਡਾ ਪ੍ਰਿਥੀਪਾਲ ਸਿੰਘ ਚਮਿਆਰੀ, ਖਜਾਨਚੀ ਡਾ ਦਵਿੰਦਰ ਸਿੰਘ ਸਰਾਏ ਸਹਾਇਕ ਖਜਾਨਚੀ ਦਾ ਥਾਪਿਆ ਗਿਆ ਡਾ ਜਸਵਿੰਦਰ ਸਿੰਘ, ਡਾ ਲਖਬੀਰ ਸਿੰਘ ਅਦਲੀਵਾਲਾ, ਡਾ ਨਿਬਨ ਮਸੀਹ ਅਜਨਾਲਾ, ਡਾ ਗੁਰਵਿੰਦਰ ਸਿੰਘ ਖਤਰਾਏ ਕਲਾਂ, ਡਾ ਲਵਪ੍ਰੀਤ ਸਿੰਘ, ਗੁਰਭੇਜ ਸਿੰਘ ਬਾਠ, ਜੰਗ ਬਹਾਦਰ ਮੋਹਣ ਭੰਡਾਰੀਆਂ, ਪ੍ਰਿੰਸਦੀਪ ਸਿੰਘ ਮੋਹਣ ਭੰਡਾਰੀਆਂ, ਹੀਰਾ ਮਸੀਹ ਰਾਜਾ ਸਾਂਸੀ ਨੂੰ ਮੈਂਬਰ ਚੁਣਿਆ ਗਿਆ ਇਸਤਰੀ ਲਿੰਗ ਯੂਨਿਟ ਦੀ ਚੋਣ ਵਿੱਚ ਪ੍ਰਧਾਨ ਡਾ ਅਮਨਦੀਪ ਕੌਰ ਈਸਾਪੁਰ ਪ੍ਰਧਾਨ, ਸੁਖਜਿੰਦਰ ਕੌਰ ਗੱਗੋਮਾਹਲ ਜਨਰਲ ਸੈਕਟਰੀ ਨਯੁਕਤ ਕੀਤਾ ਗਿਆ। ਇਸ ਮੌਕੇ ਸੋਹਲ ਨੇ ਸੰਬੋਧਨ ਕਰਦਿਆਂ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਤਾੜਨਾ ਕੀਤੀ ਕਿ ਜੋ ਵੀ ਡਾਕਟਰ ਨਸ਼ਾ ਵੇਚਦਾ ਜਾਂ ਸੇਵਨ ਕਰਦਾ ਪਾਇਆ ਗਿਆ ਉਸ ਉੱਪਰ ਐਸੋਸੀਏਸ਼ਨ ਦੀਆਂ ਆਪਣੀਆਂ ਅਧਿਕਾਰਾਂ ਦਾ ਇਸਤੇਮਾਲ ਕਰਕੇ ਕਾਨੂੰਨੀ ਕਾਰਵਾਈ ਕਰਵਾਈ ਗਈ ਇਸ ਮੌਕੇ ਅੰਸ਼ਪ੍ਰੀਤ ਸਿੰਘ ਬਲਵੰਤ ਸਿੰਘ ਮਨਜੀਤ ਸਿੰਘ ਪ੍ਰੀਤ ਸਿੰਘ ਗੁਰਪ੍ਰੀਤ ਸਿੰਘ ਕੰਦੋਵਾਲੀ ਹਾਜ਼ਰ ਸਨ।

## ਸਰਬੱਤ ਦਾ ਭਲਾ ਟਰੱਸਟ ਦਾ ਵੱਡਾ ਉਪਰਾਲਾ

### 'ਹੜ੍ਹ ਪ੍ਰਭਾਵਿਤ ਵਿਆਹ ਯੋਜਨਾ' ਤਹਿਤ 300 ਧੀਆਂ ਦੇ ਵਿਆਹਾਂ ਦੀ ਜ਼ਿੰਮੇਵਾਰੀ ਸਾਡੀ : ਡਾ. ਉਬਰਾਏ



ਅਜਨਾਲਾ, 23 ਜਨਵਰੀ, (ਸੁਖਦੇਵ ਸਿੰਘ): ਆਪਣੀ ਵਿਲੱਖਣ ਸੇਵਾ ਕਾਰਜ ਸ਼ੈਲੀ ਤੋਂ ਖੁੱਲ੍ਹ ਦਿਲੀ ਕਾਰਨ ਪੂਰੀ ਦੁਨੀਆਂ ਅੰਦਰ ਆਪਣੀ ਨਿਵੇਕਲੀ ਪਛਾਣ ਬਣਾ ਚੁੱਕੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ.ਐਸ.ਪੀ.ਸਿੰਘ ਉਬਰਾਏ ਦੀ ਸਰਪ੍ਰਸਤੀ ਹੇਠ ਟਰੱਸਟ ਵੱਲੋਂ ਸ਼ੁਰੂ ਕੀਤੀ ਗਈ ਹੜ੍ਹ ਪ੍ਰਭਾਵਿਤ ਵਿਆਹ ਯੋਜਨਾ ਤਹਿਤ ਅੱਜ ਅੰਮ੍ਰਿਤਸਰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਖੇਤਰ ਨਾਲ ਸਬੰਧਿਤ ਵੱਖ-ਵੱਖ ਪਰਿਵਾਰਾਂ ਦੀਆਂ 8 ਹੋਰਨਾਂ ਧੀਆਂ ਦੇ ਵਿਆਹਾਂ ਲਈ ਸਹਾਇਤਾ ਦੇ ਰੂਪ 'ਚ ਇੱਕ-ਇੱਕ ਲੱਖ ਰੁਪਏ ਦੇ ਚੈੱਕ ਸ਼ਗਨ ਵਜੋਂ ਦਿੱਤੇ ਗਏ।

ਇਸ ਸੇਵਾ ਕਾਰਜ ਨੂੰ ਨੇਪਰੇ ਚੜ੍ਹਾਉਣ ਲਈ ਉਚੇਚੇ ਤੌਰ 'ਤੇ ਸਰਹੱਦੀ ਖੇਤਰ 'ਚ ਪਹੁੰਚੇ ਡਾ.ਐਸ.ਪੀ. ਸਿੰਘ ਉਬਰਾਏ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਟਰੱਸਟ ਵੱਲੋਂ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਕਰਨ ਦੇ ਫ਼ੈਸਲੇ ਤਹਿਤ ਅੱਜ ਜ਼ਿਲ੍ਹਾ ਅੰਮ੍ਰਿਤਸਰ ਦੀਆਂ 8, ਤਰਨਤਾਰਨ ਦੀਆਂ 27 ਅਤੇ ਫ਼ਿਰੋਜ਼ਪੁਰ ਦੀਆਂ 21 ਧੀਆਂ ਦੇ ਪਰਿਵਾਰਾਂ ਨੂੰ ਵਿਆਹਾਂ ਵਾਸਤੇ ਇੱਕ-ਇੱਕ ਲੱਖ ਰੁਪਏ ਦੇਣ ਉਪਰੰਤ ਹੁਣ ਤੱਕ ਟਰੱਸਟ ਵੱਲੋਂ ਕੁਲ 92 ਧੀਆਂ ਦੇ ਵਿਆਹ ਮੁਕੰਮਲ ਹੋ ਜਾਣਗੇ। ਜਦ ਕਿ 28 ਜਨਵਰੀ ਨੂੰ ਫ਼ਾਜ਼ਿਲਕਾ ਖੇਤਰ ਦੀਆਂ 24 ਹੋਰਨਾਂ ਧੀਆਂ ਦੇ ਵਿਆਹਾਂ ਦਾ ਖਰਚ ਵੀ ਉਨ੍ਹਾਂ ਦੇ ਮਾਪਿਆਂ ਨੂੰ ਦੇ ਦਿੱਤਾ ਜਾਵੇਗਾ। ਡਾ. ਉਬਰਾਏ ਨੇ ਇਹ ਵੀ ਦੱਸਿਆ ਕਿ ਟਰੱਸਟ ਵੱਲੋਂ ਹੜ੍ਹ ਪ੍ਰਭਾਵਿਤ ਖੇਤਰ ਦੀਆਂ ਧੀਆਂ ਦੇ ਵਿਆਹਾਂ ਵਾਸਤੇ 3 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਹੈ, ਜਿਸ ਸਦਕਾ ਟਰੱਸਟ 300 ਧੀਆਂ ਦੇ ਵਿਆਹਾਂ 'ਤੇ ਇੱਕ-ਇੱਕ ਲੱਖ ਰੁਪਏ ਸ਼ਗਨ ਵਜੋਂ ਦੇ ਕੇ ਆਪਣੀ ਜ਼ਿੰਮੇਵਾਰੀ ਨਿਭਾਵੇਗਾ।

ਇਸ ਮੌਕੇ ਟਰੱਸਟ ਦੀ ਸਿਆਟਲ ਇਕਾਈ ਦੇ ਪ੍ਰਧਾਨ ਦਵਿੰਦਰਬੀਰ ਸਿੰਘ ਪਿੰਟੂ ਬਾਠ, ਗੁਰਦੀਪ ਸਿੰਘ ਸਿੱਧੂ, ਹਰਦੀਪ ਸਿੰਘ ਸਿੱਧੂ(ਯੂ.ਐਸ.ਏ.), ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਜ਼ਿਲ੍ਹਾ ਪ੍ਰਧਾਨ ਸ਼ਿਸ਼ਪਾਲ ਸਿੰਘ ਲਾਡੀ, ਜਨਰਲ ਸਕੱਤਰ ਮਨਪ੍ਰੀਤ ਸੰਧੂ ਚਮਿਆਰੀ, ਵਿੱਤ ਸਕੱਤਰ ਨਵਜੀਤ ਸਿੰਘ ਘਈ, ਜਗਦੇਵ ਸਿੰਘ ਛੀਨਾ ਤੋਂ ਇਲਾਵਾ ਬਲਜਿੰਦਰ ਸਿੰਘ ਅਵਾਣ, ਮਾਸਟਰ ਲਿਵਤਾਰ ਸਿੰਘ, ਸਾਬਕਾ ਸਰਪੰਚ ਬਲਵਿੰਦਰ ਸਿੰਘ ਹਰੜ੍ਹ, ਕ੍ਰਿਪਾਲ ਸਿੰਘ, ਬਲਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਜਿੰਦਰ ਮਸੀਹ ਸਮੇਤ ਇਲਾਕੇ ਦੇ ਮੋਤਬਰ ਵਿਅਕਤੀ ਮੌਜੂਦ ਸਨ।

## ਡੀ. ਏ. ਵੀ. ਸਕੂਲ ਅਵਾਂਖਾ 'ਚ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ



ਦੀਨਾਨਗਰ, 23 ਜਨਵਰੀ (ਡਾ ਰਮੇਸ਼ ਸਰੰਗਲ): ਐੱਸ. ਐੱਸ. ਡੀ. ਏ. ਵੀ. ਸੀ. ਸੈਕੰ. ਸਕੂਲ ਦੀਨਾਨਗਰ ਦੇ ਪ੍ਰਧਾਨ ਅਰਵਿੰਦ ਮਹਿਤਾ ਦੀ ਪ੍ਰਧਾਨਗੀ ਹੇਠ ਬਸੰਤ ਪੰਚਮੀ ਦਾ ਪਵਿੱਤਰ ਤਿਉਹਾਰ ਅਤੇ ਮਹਾਨ ਸੁਤੰਤਰਤਾ ਸੇਨਾਨੀ ਸੁਭਾਸ਼ ਚੰਦਰ ਬੋਸ ਦੀ ਜੈਯੰਤੀ ਉਤਸ਼ਾਹ ਦੇ ਨਾਲ਼ ਮਨਾਈ ਗਈ। ਇਸ ਅਵਸਰ 'ਤੇ ਵਿੱਦਿਆ ਦੀ ਦੇਵੀ ਮਾਂ ਸਰਸਵਤੀ ਦੀ ਵਿਧੀ ਪੂਰਵਕ ਪੂਜਾ ਅਰਚਨਾ ਕੀਤੀ ਗਈ ਅਤੇ ਨੇਤਾ ਜੀ ਸੁਭਾਸ਼ ਚੰਦਰ ਬੋਸ ਦੀ ਫੋਟੋ 'ਤੇ ਫੁੱਲ ਅਰਪਿਤ ਕਰਕੇ ਉਹਨਾਂ ਨੂੰ ਨਮਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸਰਸਵਤੀ ਵੰਦਨਾਂ ਦੇ ਨਾਲ਼ ਕੀਤੀ ਗਈ। ਇਸ ਤੋ ਬਾਅਦ ਬੱਚਿਆਂ ਨੇ ਭਾਸ਼ਣ, ਕਵਿਤਾ, ਦੇਸ਼ ਭਗਤੀ ਦੇ ਗੀਤ ਅਤੇ ਨ੍ਰਿਤ ਆਦਿ ਪੇਸ਼ ਕੀਤੇ। ਬੱਚਿਆਂ ਨੇ ਬਸੰਤ ਰੁੱਤ ਦਾ ਮਹੱਤਵ ਅਤੇ ਨੇਤਾ ਜੀ ਦੇ ਜੀਵਨ, ਅਤੇ ਉਹਨਾਂ ਦੇ ਸੰਘਰਸ਼ ਅਤੇ ਦੇਸ਼ ਭਗਤੀ ਨਾਲ ਜੁੜੇ ਵਿਚਾਰ ਪੇਸ਼ ਕੀਤੇ। ਪ੍ਰਿੰਸੀਪਲ ਰਚਨਾ ਸੈਣੀ ਨੇ ਬੱਚਿਆਂ ਨੂੰ ਬਸੰਤ ਰੁੱਤ ਦੇ ਮਹੱਤਵ ਅਤੇ ਨੇਤਾ ਦੇ ਆਦਰਸ਼ਾਂ ਨੂੰ ਅਪਣੀ ਜ਼ਿੰਦਗੀ ਵਿੱਚ ਆਪਣਾਉਣ ਲਈ ਸਿੱਖਿਆ ਦਿੱਤੀ। ਉਹਨਾਂ ਨੇ ਕਿਹਾ ਕਿ ਨੇਤਾ ਜੀ ਦਾ ਜੀਵਨ ਸਾਨੂੰ ਸਾਹਸ, ਅਨੁਸਾਸ਼ਨ ਅਤੇ ਦੇਸ਼ ਸੇਵਾ ਦੀ ਪ੍ਰੇਰਨਾ ਦਿੰਦਾ ਹੈ। ਪ੍ਰੋਗਰਾਮ ਦੀ ਸਮਾਪਤੀ ਪ੍ਰਸ਼ਾਦ ਵੰਡ ਕੇ ਅਤੇ ਰਾਸ਼ਟਰੀ ਗਾਣ ਦੇ ਨਾਲ ਕੀਤੀ ਗਈ। ਇਸ ਮੌਕੇ 'ਤੇ ਸਮੂਹ ਸਟਾਫ ਹਾਜ਼ਰ ਸੀ।

## ਕਿੱਡਜ ਕੇਅਰ ਇੰਟਰਨੈਸ਼ਨਲ ਸਕੂਲ 'ਚ ਮਨਾਇਆ ਬਸੰਤ ਪੰਚਮੀ ਦਾ ਤਿਉਹਾਰ



ਦੀਨਾਨਗਰ, 23 ਜਨਵਰੀ (ਡਾ ਰਮੇਸ਼ ਸਰੰਗਲ): ਅੱਜ ਦਿਨ ਸ਼ੁੱਕਰਵਾਰ ਨੂੰ ਕਿਡਜ਼ ਕੇਅਰ ਇੰਟਰਨੈਸ਼ਨਲ ਸਕੂਲ ਅਵਾਖਾਂ ਦੀਨਾਨਗਰ ਦੇ ਵਿਹੜੇ ਵਿੱਚ ਸਕੂਲ ਦੇ ਪ੍ਰਧਾਨ ਅਰਵਿੰਦ ਮਹਿਤਾ ਦੀ ਪ੍ਰਧਾਨਗੀ ਹੇਠ ਬਸੰਤ ਪੰਚਮੀ ਦਾ ਤਿਉਹਾਰ ਬੜੇ ਹੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਬੱਚਿਆਂ ਵੱਲੋਂ ਭਾਸ਼ਣ ਅਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਪ੍ਰਿੰਸੀਪਲ ਪ੍ਰੋਮਿਲਾ ਮਨਹਾਸ ਨੇ ਦੱਸਿਆ ਕਿ ਇਸ ਦਿਨ ਗਿਆਨ ਅਤੇ ਸੰਗੀਤ ਦੀ ਦੇਵੀ ਮਾਂ ਸਰਸਵਤੀ ਦੀ ਪੂਜਾ ਨਾਲ ਅਸ਼ੀਰਵਾਦ ਪ੍ਰਾਪਤ ਕੀਤਾ ਜਾਂਦਾ ਹੈ।

ਪ੍ਰਿੰਸੀਪਲ ਪ੍ਰੋਮਿਲਾ ਮਨਹਾਸ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਅੱਜ ਦੇਸ਼ ਭਰ ਵਿੱਚ ਸੁਭਾਸ਼ ਚੰਦਰ ਬੋਸ ਜੀ ਦੀ ਜੈਯੰਤੀ ਜਿਸ ਨੂੰ ਪਰਾਕਰਮ ਦਿਵਸ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ। ਕਿਡਜ਼ ਕੇਅਰ ਇੰਟਰਨੈਸ਼ਨਲ ਸਕੂਲ ਦੀ ਸਦਾ ਏਹ ਰੀਤ ਰਹੀ ਹੈ ਕਿ ਉਹ ਹਮੇਸ਼ਾ ਵਿਦਿਆਰਥੀਆਂ ਨੂੰ ਦੇਸ਼ ਦੇ ਸੱਭਿਆਚਾਰ ਅਤੇ ਇਤਿਹਾਸ ਨਾਲ ਜੋੜ ਕੇ ਰੱਖਦਾ ਹੈ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਇਸ ਮਹਾਨ ਸੁਤੰਤਰਤਾ ਸੇਨਾਨੀ ਨੂੰ ਸ਼ਤ ਸ਼ਤ ਨਮਨ ਕੀਤਾ। ਇਸ ਮੌਕੇ 'ਤੇ ਪੀ. ਆਰ. ਓ. ਸੰਦੀਪ ਠਾਕੁਰ, ਵਿੰਗ ਇੰਚਾਰਜ ਪਾਇਲ ਸ਼ਰਮਾ, ਭਾਰਤੀ ਸ਼ਰਮਾ, ਪੂਜਾ ਵਰਮਾ ਅਤੇ ਸਮੂਹ ਸਟਾਫ ਹਾਜ਼ਰ ਸੀ।

## ਚੇਤਨਪੁਰਾ ਵਿਖੇ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ 'ਤੇ ਸਮਾਗਮ ਭਲਕੇ

ਚੇਤਨਪੁਰਾ/ਅਜਨਾਲਾ, 23 ਜਨਵਰੀ (ਸੁਖਦੇਵ ਸਿੰਘ ਖਾਲਸਾ): ਧੰਨ-ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਗੁਰਮਿਤ ਸਮਾਗਮ 25 ਜਨਵਰੀ ਨੂੰ ਸਥਾਨਕ ਨਗਰ ਚੇਤਨਪੁਰਾ ਦੇ ਐਲੀਮੈਂਟਰੀ ਸਕੂਲ ਦੀ ਗਰਾਊਂਡ ਵਿਖੇ ਖੁਲ੍ਹੇ ਪੰਡਾਲ ਅੰਦਰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਮਰਜੀਤ ਸਿੰਘ ਗੋਪੀ ਅਤੇ ਨਗਰ ਚੇਤਨਪੁਰਾ ਦੀ ਸਮੂਹ ਸੰਗਤ ਵਲੋਂ ਕਰਵਾਇਆ ਜਾ ਰਿਹਾ ਹੈ। ਸਮਾਗਮ ਪ੍ਰਬੰਧਕਾਂ ਵੱਲੋਂ ਇਸ ਬਾਰੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਮਾਗਮ ਵਿੱਚ ਪੰਥ ਦੇ ਮਹਾਨ ਢਾਡੀ, ਰਾਗੀ ਅਤੇ ਕਥਾ ਵਾਚਕ ਇਸ ਸਮਾਗਮ ਵਿੱਚ ਹਾਜਰੀ ਭਰਕੇ ਸੰਗਤਾਂ ਨੂੰ ਨਿਹਾਲ ਕਰਨਗੇ, ਜਿਸ ਵਿਚ ਭਾਈ ਗੁਰਪ੍ਰੀਤ ਸਿੰਘ ਚੇਤਨਪੁਰਾ(ਮਹਿਲ ਜੰਡਿਆਲਾ) ਵਾਲਿਆ ਦਾ ਕੀਰਤਨੀ ਜਥਾ,ਪੰਥ ਪ੍ਰਸਿੱਧ ਢਾਡੀ ਜਥਾ ਗਿਆਨੀ ਗੁਰਪ੍ਰਤਾਪ ਸਿੰਘ ਪਦਮ,ਭਾਈ ਜਤਿੰਦਰ ਸਿੰਘ ਜੀ ਚੋਹਲਾ ਸਾਹਿਬ ਵਾਲੇ,ਭਾਈ ਗੁਰਭੇਜ ਸਿੰਘ ਚੇਤਨਪੁਰਾ ਵਾਲਿਆਂ ਵਲੋਂ ਕਥਾ ਕੀਰਤਨ ਰਹੀ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਗੁਰੂ ਕਾ ਲੰਗਰ ਅਟੁੱਟ ਵਰਤੇਗਾ।

## ਗੁਰਜੀਤ ਸਿੰਘ ਔਜਲਾ ਨੇ ਗ੍ਰਾਂਟਾਂ ਰੋਕਣ 'ਤੇ ਸਖ਼ਤ ਰੁਖ਼ ਅਪਣਾਇਆ, ਹਾਈ ਕੋਰਟ ਜਾਣ ਦੀ ਦਿੱਤੀ ਚੇਤਾਵਨੀ



ਅੰਮ੍ਰਿਤਸਰ, 23 ਜਨਵਰੀ, (ਗੁਰਦਿਆਲ ਸਿੰਘ): ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਪੰਜਾਬ ਦੀ ਆਪ ਸਰਕਾਰ 'ਤੇ ਤਿੱਖਾ ਹਮਲਾ ਬੋਲਦਿਆਂ ਸੱਤਾ ਦੀ ਦੁਰਵਰਤੋਂ ਦਾ ਦੋਸ਼ ਲਗਾਇਆ। ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਅੰਮ੍ਰਿਤਸਰ ਦੇ ਵੱਖ-ਵੱਖ ਇਲਾਕਿਆਂ ਦੇ ਕਈ ਸਰਪੰਚਾਂ ਨੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਸੂਬਾ ਸਰਕਾਰ ਜਾਣਬੁੱਝ ਕੇ ਵਿੱਤ ਕਮਿਸ਼ਨ ਅਧੀਨ ਕੇਂਦਰ ਸਰਕਾਰ ਤੋਂ ਪ੍ਰਾਪਤ ਵਿਕਾਸ ਗ੍ਰਾਂਟਾਂ ਨੂੰ ਰੋਕ ਰਹੀ ਹੈ। ਉਨ੍ਹਾਂ ਇਸ ਨੂੰ ਲੋਕਤੰਤਰ ਲਈ ਬਹੁਤ ਮੰਦਭਾਗਾ ਦੱਸਿਆ, ਕਿਹਾ ਕਿ ਵਿੱਤ ਕਮਿਸ਼ਨ ਦੀਆਂ ਗ੍ਰਾਂਟਾਂ ਕਿਸੇ ਪਾਰਟੀ, ਧੜੇ ਜਾਂ ਖਾਸ ਵਿਚਾਰਧਾਰਾ 'ਤੇ ਅਧਾਰਤ ਨਹੀਂ ਹਨ, ਸਗੋਂ ਇਹ ਲੋਕਾਂ ਦੁਆਰਾ ਚੁਣੇ ਗਏ ਹਰ ਸਰਪੰਚ ਦਾ ਕਾਨੂੰਨੀ ਅਤੇ ਸੰਵਿਧਾਨਕ ਅਧਿਕਾਰ ਹਨ।

ਸੰਸਦ ਮੈਂਬਰ ਨੇ ਦੋਸ਼ ਲਗਾਇਆ ਕਿ ਸੱਤਾਧਾਰੀ ਪਾਰਟੀ ਵਿਰੋਧੀ ਪਾਰਟੀਆਂ ਦੇ ਸਰਪੰਚਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਲਈ ਦਬਾਅ ਪਾਉਣ ਲਈ ਨਿਸ਼ਾਨਾ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਕੁਝ ਥਾਵਾਂ 'ਤੇ ਸਰਪੰਚਾਂ ਨੂੰ ਬੇਲੋੜਾ ਤੰਗ ਕੀਤਾ ਜਾ ਰਿਹਾ ਹੈ, ਜਦੋਂ ਕਿ ਕੁਝ ਥਾਵਾਂ 'ਤੇ ਵਿਕਾਸ ਫ਼ੰਡ ਰੋਕੇ ਜਾ ਰਹੇ ਹਨ, ਜਿਸ ਨਾਲ ਪਿੰਡਾਂ ਦੀ ਤਰੱਕੀ ਵਿੱਚ ਰੁਕਾਵਟ ਆ ਰਹੀ ਹੈ, ਜੋ ਕਿ ਨਿਰੋਲ ਤਾਨਾਸ਼ਾਹੀ ਹੈ।

ਇਸ ਗੰਭੀਰ ਮਾਮਲੇ 'ਤੇ ਸਖ਼ਤ ਰੁਖ਼ ਅਪਣਾਉਂਦੇ ਹੋਏ, ਗੁਰਜੀਤ ਸਿੰਘ ਔਜਲਾ ਨੇ ਡਿਪਟੀ ਕਮਿਸ਼ਨਰ, ਵਧੀਕ ਡਿਪਟੀ ਕਮਿਸ਼ਨਰ ਅਤੇ ਡੀਡੀਪੀਓ ਨੂੰ ਸਪੱਸ਼ਟ ਚੇਤਾਵਨੀ ਦਿੱਤੀ। ਉਨ੍ਹਾਂ ਕਿਹਾ ਕਿ ਜੇਕਰ ਇਸ ਗੈਰ-ਕਾਨੂੰਨੀ ਅਤੇ ਪੱਖਪਾਤੀ ਕਾਰਵਾਈ ਨੂੰ ਤੁਰੰਤ ਨਾ ਰੋਕਿਆ ਗਿਆ ਤਾਂ ਉਹ ਇਸ ਮਾਮਲੇ ਨੂੰ ਸੰਸਦ ਦੀ ਵਿਸ਼ੇਸ਼ ਅਧਿਕਾਰ ਕਮੇਟੀ ਅਤੇ ਮਾਣਯੋਗ ਹਾਈ ਕੋਰਟ ਵਿੱਚ ਲੈ ਜਾਣਗੇ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਪੱਖਪਾਤੀ ਰਾਜਨੀਤੀ ਵਿੱਚ ਹਿੱਸਾ ਲੈਣ ਵਾਲੇ ਅਧਿਕਾਰੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਸੰਸਦ ਮੈਂਬਰ ਨੇ ਦੁਹਰਾਇਆ ਕਿ ਸਰਪੰਚਾਂ ਦੇ ਅਧਿਕਾਰਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਦਖਲਅੰਦਾਜ਼ੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਉਹ ਪਿੰਡਾਂ ਦੇ ਵਿਕਾਸ ਅਤੇ ਸੰਵਿਧਾਨ ਦੀ ਰੱਖਿਆ ਲਈ ਹਰ ਪਲੇਟਫਾਰਮ 'ਤੇ ਜ਼ੋਰਦਾਰ ਢੰਗ ਨਾਲ ਲੜਨਗੇ।

## ਸੀ-ਪਾਈਟ ਕੈਂਪ ਰਣੀਕੇ ਵਿਖੇ ਸੁਕਿਊਰਿਟੀ ਸਪਰਵਾਈਜ਼ਰ ਦਾ ਮੁਫ਼ਤ ਕੋਰਸ 10 ਤੋਂ ਸ਼ੁਰੂ

ਅੰਮ੍ਰਿਤਸਰ, 23 ਜਨਵਰੀ, (ਗੁਰਦਿਆਲ ਸਿੰਘ) : ਸੀ-ਪਾਈਟ ਕੈਂਪ ਰਣੀਕੇ,ਅੰਮ੍ਰਿਤਸਰ ਦੇ ਅਧਿਕਾਰੀ ਕੈਪਟਨ ਅਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਦੇ ਯੁਵਕਾਂ ਲਈ ਸੀ-ਪਾਈਟ ਕੈਂਪ ਰਣੀਕੇ ਵਿਖੇ ਸੁਕਿਊਰਟੀ ਸੁਪਰਵਾਈਜਰ ਦਾ ਕੋਰਸ 10 ਫਰਵਰੀ 2026 ਤੋਂ ਸ਼ੁਰੂ ਹੋਣ ਜਾ ਰਿਹਾ ਹੈ। ਇਹ ਪੰਜਾਬ ਦੇ ਯੁਵਕਾਂ ਦੇ ਲਈ ਰੋਜ਼ਗਾਰ ਹਾਸਲ ਕਰਨ ਦਾ ਸੁਨਹਿਰੀ ਮੌਕਾ ਹੈ। ਪੰਜਾਬ ਦੇ ਚਾਹਵਾਨ ਯੁਵਕ ਜਲਦੀ ਤੋਂ ਜਲਦੀ ਸੀ-ਪਾਈਟ ਰਣੀਕੇ, ਅੰਮ੍ਰਿਤਸਰ ਵਿਖੇ ਕੈਂਪ ਵਿੱਚ ਆ ਕੇ ਆਪਣਾ ਰਜਿਸਟਰੇਸ਼ਨ ਕਰਵਾ ਸਕਦੇ ਹਨ।

ਕੈਪਟਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦਸੰਬਰ 2025 ਵਿੱਚ ਸੀ-ਪਾਈਟ ਕੈਂਪ ਰਾਣੀਕੇ,ਅੰਮ੍ਰਿਤਸਰ ਵੱਲੋਂ ਜੇਲ੍ਹ ਵਾਰਡਨ ਵਿੱਚ 100 ਯੁਵਕਾਂ ਨੂੰ ਭਰਤੀ ਕਰਵਾਇਆ ਗਿਆ ਹੈ ਅਤੇ ਇਸ ਤੋਂ ਇਲਾਵਾ ਸਿਵਲ ਵਿੱਚ ਹੋਰ ਵੀ ਰੋਜ਼ਗਾਰ ਮੁਹੱਈਆ ਕਰਵਾਇਆ ਗਿਆ ਹੈ ।

ਉਨ੍ਹਾਂ ਦੱਸਿਆ ਕਿ ਪੰਜਾਬ ਪੁਲਿਸ, ਸੀ.ਆਰ.ਪੀ. ਐਫ, ਬੀ.ਐਸ.ਐਫ, ਆਈ.ਟੀ.ਬੀ.ਪੀ ਵਿੱਚ ਨੌਜਵਾਨਾਂ ਦੇ ਭਰਤੀ ਹੋਣ ਵਧੀਆ ਟਾਰਗੇਟ ਰਿਹਾ ਹੈ। ਐਸ.ਐਸ.ਸੀ ਅਤੇ ਆਰਮੀ ਭਰਤੀ ਜ਼ਿਲ੍ਹਾ ਅੰਮ੍ਰਿਤਸਰ ਅਤੇ ਗੁਰਦਾਸਪੁਰ ਦੀ ਟਰੇਨਿੰਗ ਚੱਲ ਰਹੀ ਹੈ।

## ਸਿਹਤ ਬੀਮਾ ਯੋਜਨਾ ਲਈ ਜ਼ਿਲ੍ਹੇ ਦੇ 89 ਨਾਮੀ ਗ੍ਰਾਮੀ ਹਸਪਤਾਲ ਸੂਚੀਬੱਧ : ਡਿਪਟੀ ਕਮਿਸ਼ਨਰ



ਅੰਮ੍ਰਿਤਸਰ, 23 ਜਨਵਰੀ, (ਬਬਲੂ ਮਹਾਜਨ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦ ਅਗਾਜ਼ ਕਰ ਦਿੱਤਾ ਗਿਆ ਹੈ, ਜਿਸ ਵਿੱਚ ਪੰਜਾਬ ਦੇ ਹਰ ਇੱਕ ਨਾਗਰਿਕ ਨੂੰ ਸਿਹਤ ਬੀਮਾ ਕਾਰਡ ਦਿੱਤਾ ਜਾਣਾ ਹੈ। ਜਿਸ ਨਾਲ 10 ਲੱਖ ਰੁਪਏ ਦਾ ਬੀਮਾ ਕਵਰ ਹੋਵੇਗਾ।

ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਇਸ ਯੋਜਨਾ ਦੇ ਸ਼ੁਰੂ ਹੋਣ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਦਾ ਮੁਫ਼ਤ ਇਲਾਜ ਮਿਲੇਗਾ। ਉਨ੍ਹਾਂ ਦੱਸਿਆ ਕਿ ਯੋਜਨਾ ਲਾਗੂ ਹੋਣ ਦੇ ਨਾਲ ਅਮੀਰਾਂ ਦੇ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ 89 ਨਾਮੀ ਗ੍ਰਾਮੀ ਹਸਪਤਾਲ ਮੁਫ਼ਤ ਇਲਾਜ ਲਈ ਸੂਚੀਬੱਧ ਕੀਤੇ ਗਏ ਹਨ।ਇਨ੍ਹਾਂ ਸੂਚੀਬੱਧ ਸੰਸਥਾਵਾਂ ਵਿਚੋਂ ਕਿਸੇ ਵੀ ਸੰਸਥਾਨ ਵਿੱਚੋਂ ਲਾਭਪਾਤਰੀ ਆਪਣਾ ਮੁਫ਼ਤ ਇਲਾਜ ਕਰਵਾ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਲੋਕਾਂ ਦੇ ਘਰਾਂ ਵਿੱਚ ਪਰਚੀਆਂ ਭੇਜੀਆਂ ਜਾਣਗੀਆਂ, ਜਿਸ ਵਿੱਚ ਇਹਨਾਂ ਦਾ ਸੀ.ਐੱਸ ਸੀ ਸੈਂਟਰ ਦਾ ਨਾਮ, ਦਿਨ, ਤਰੀਕ ਸਭ ਲਿਖਿਆ ਹੋਵੇਗਾ। ਕਿ ਕਦੋਂ ਜਾ ਕੇ ਤੁਸੀ ਇਸ ਕਾਰਡ ਬਣਾ ਸਕਦੇ ਹੋ। ਇਸ ਮੰਤਵ ਲਈ 617 ਸੈਂਟਰ ਪੂਰੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਬਣਾਏ ਗਏ ਹਨ। ਜਿਨ੍ਹਾਂ ਵਿੱਚੋਂ ਪਹਿਲੇ ਫੇਜ਼ ਵਿੱਚੋਂ 254 ਕਾਮਨ ਸਰਵਿਸ ਸੈਂਟਰਾਂ ਵਿੱਚ ਕੰਮ ਹੋਵੇਗਾ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਐਮਰਜੈਂਸੀ ਹੋਣ 'ਤੇ ਗੁਰੂ ਨਾਨਕ ਦੇਵ, ਸਿਵਲ ਹਸਪਤਾਲ, ਮੈਡੀਕਲ ਕਾਲਜ, ਸਬ ਡਵੀਜ਼ਨ ਹਸਪਤਾਲ ਬਾਬਾ ਬਕਾਲਾ ਅਤੇ ਅਜਨਾਲਾ ਵਿੱਚ ਦਾਖਲ ਹੋਣਾ ਪੈ ਜਾਂਦਾ ਹੈ ਤਾਂ ਉਸੇ ਸਮੇਂ ਹੀ ਮੈਡੀਕਲ ਅਫ਼ਸਰ ਦੀ ਆਥੋਰਾਈਜੇਸ਼ਨ ਤੇ ਉਸਦਾ ਸਿਹਤ ਬੀਮਾ ਕਾਰਡ ਬਣਾ ਦਿੱਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਰਿਵਾਰ ਦੇ ਘੱਟੋ ਘੱਟ ਦੋ ਮੈਂਬਰਾਂ ਦਾ ਇਕੱਠੇ ਜਾਣਾ ਜ਼ਰੂਰੀ ਹੈ, ਜਿਹੜਾ ਮੈਂਬਰ 18 ਸਾਲ ਤੋਂ ਘੱਟ ਹੈ, ਉਸ ਨੂੰ ਆਪਣਾ ਜਨਮ ਸਰਟੀਫਿਕੇਟ, ਆਧਾਰ ਕਾਰਡ ਨਾਲ ਲੈ ਕੇ ਜਾਣਾ ਜ਼ਰੂਰੀ ਹੈ ਅਤੇ ਜਿਹੜਾ ਮੈਂਬਰ 18 ਸਾਲ ਤੋਂ ਉੱਤੇ ਹੈ ਉਸ ਨੂੰ ਆਪਣਾ ਵੋਟਰ ਕਾਰਡ ਅਤੇ ਆਧਾਰ ਕਾਰਡ ਲੈ ਕੇ ਜਾਣਾ ਜ਼ਰੂਰੀ ਹੈ। ਉਹਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਿਹਤ ਬੀਮਾ ਯੋਜਨਾ ਦਾ ਕਾਰਡ ਜ਼ਰੂਰ ਬਣਾਉਣ ਤਾਂ ਜੋ ਕਿਸੇ ਮੁਸ਼ਕਿਲ ਵੇਲੇ ਉਹਨਾਂ ਦੇ ਕੰਮ ਆ ਸਕੇ। ਉਹਨਾਂ ਕਿਹਾ ਕਿ ਸਰਕਾਰ ਨੇ ਪੰਜਾਬ ਵਿੱਚ ਸਿਹਤ ਕ੍ਰਾਂਤੀ ਲਿਆ ਦਿੱਤੀ ਹੈ, ਜਿਸ ਨਾਲ ਲੋਕ ਹੁਣ ਆਪਣਾ ਸਾਰਾ ਇਲਾਜ ਮੁਫ਼ਤ ਕਰਾ ਸਕਣਗੇ।

## ਪੰਜਾਬ ਦੀ 'ਆਪ' ਸਰਕਾਰ ਵਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਵੱਡਾ ਇਤਿਹਾਸਿਕ ਫ਼ੈਸਲਾ : ਈ.ਟੀ.ਓ.



ਅੰਮ੍ਰਿਤਸਰ, 23 ਜਨਵਰੀ, (ਬਬਲੂ ਮਹਾਜਨ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਇਕ ਵੱਡਾ ਇਤਿਹਾਸਿਕ ਫੈਸਲਾ ਹੈ, ਜਿਸ ਨਾਲ ਸੂਬੇ ਵਿੱਚ ਰਹਿ ਰਹੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਆਪਣਾ ਮੁਫ਼ਤ ਇਲਾਜ ਕਿਸੇ ਵੀ ਸਰਕਾਰੀ ਜਾਂ ਪ੍ਰਾਈਵੇਟ ਹਸਪਤਾਲ ਤੋਂ ਕਰਵਾ ਸਕਦੇ ਹਨ।

ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਰਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਨਾ ਤਾਂ ਸਿੱਖਿਆ ਅਤੇ ਨਾਂ ਹੀ ਸਿਹਤ ਸੰਸਥਾਵਾਂ ਵੱਲ ਕੋਈ ਧਿਆਨ ਦਿੱਤਾ ਅਤੇ ਸੂਬਾ ਵਾਸੀਆਂ ਨੂੰ ਸਿਹਤ ਅਤੇ ਸਿੱਖਿਆ ਦੇਣ ਵਿੱਚ ਅਸਫ਼ਲ ਰਹੀਆਂ। ਉਨਾਂ ਕਿਹਾ ਕਿ ਮਾਨ ਸਰਕਾਰ ਦਾ ਇਹ ਫੈਸਲਾ ਪੰਜਾਬ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਲੈ ਕੇ ਆਇਆ ਹੈ ਅਤੇ ਲੋਕ ਸਰਕਾਰ ਦੇ ਇਸ ਫੈਸਲੇ ਦਾ ਭਰਵਾਂ ਸਵਾਗਤ ਕਰ ਰਹੇ ਹਨ।

ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਜੰਡਿਆਲਾ ਗੁਰੂ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸ਼ੁਰੂ ਕੀਤੀ ਗਈ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਾਲੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ ਆਪਣੇ ਹਲਕੇ ਦੇ ਸਰਪੰਚਾਂ ਨੂੰ ਪੋਰਟੇਬਲ ਪ੍ਰਿੰਟਰ ਵੰਡੇ ਅਤੇ ਉਸਦੀ ਵਰਤੋਂ ਕਰਨ ਸਬੰਧੀ ਟ੍ਰੇਨਿੰਗ ਦਿੱਤੀ। ਕੈਬਨਿਟ ਮੰਤਰੀ ਈ. ਟੀ. ਓ ਨੇ ਘਰ ਘਰ ਜਾ ਕੇ ਲਾਭਪਾਤਰੀਆਂ ਦੇ ਕਾਰਡ ਬਣਾਏ। ਉਹਨਾਂ ਦੱਸਿਆ, ਇਸ ਕਾਰਡ ਦਾ ਲਾਭ ਹਰ ਵਰਗ ਦੇ ਲੋਕਾਂ ਨੂੰ ਮਿਲੇਗਾ। ਇਸ ਯੋਜਨਾ ਦਾ ਲਾਭ ਲੈਣ ਲਈ ਨਾ ਤਾਂ ਕੋਈ ਆਮਦਨ ਦਾ ਚੱਕਰ ਹੈ ਤੇ ਨਾ ਹੀ ਕੋਈ ਉਮਰ ਸੀਮਾ। ਪੰਜਾਬ ਦਾ ਕੋਈ ਵੀ ਵਿਅਕਤੀ ਜਿਸ ਕੋਲ ਆਧਾਰ ਜਾਂ ਵੋਟਰ ਕਾਰਡ ਹੈ, ਉਹ ਇਸ ਸਕੀਮ ਦਾ ਫਾਇਦਾ ਲੈ ਸਕਦਾ ਹੈ। ਸ਼ਰਤ ਇਹ ਹੈ ਕਿ ਆਧਾਰ ਜਾਂ ਵੋਟਰ ਕਾਰਡ ਪੰਜਾਬ ਦਾ ਹੋਣਾ ਚਾਹੀਦਾ ਹੈ।

ਉਨਾਂ ਕਿਹਾ ਕਿ ਲਾਭਪਾਤਰੀ ਬਿਨਾਂ ਕਿਸੇ ਪੈਸੇ ਤੋਂ ਪੰਜਾਬ ਦੇ ਕਿਸੇ ਵੀ ਪ੍ਰਾਈਵੇਟ ਅਤੇ ਸਰਕਾਰੀ ਹਸਪਤਾਲ ਵਿੱਚ ਆਪਣਾ ਮੁਫ਼ਤ ਇਲਾਜ ਕਰਵਾ ਸਕਣਗੇ। ਇਸ ਸਿਹਤ ਯੋਜਨਾ ਵਿੱਚ ਕੀਮੋਥੈਰੇਪੀ, ਡਿਲਿਵਰੀ, ਦਿਲ ਦਾ ਇਲਾਜ਼, ਡਾਇਲਿਸਿਸ, ਹੱਡੀਆਂ ਦਾ ਇਲਾਜ਼, ਜੱਚਾ-ਬੱਚਾ ਅਤੇ ਸਾਰੀਆਂ ਕਿਸਮਾਂ ਦੀਆਂ ਸਰਜਰੀਆਂ ਵੀ ਸ਼ਾਮਲ ਹਨ। ਇਹ ਯੋਜਨਾ ਸਾਰੇ ਟੈਸਟਾਂ, ਦਵਾਈਆਂ ਅਤੇ ਸਰਜਰੀਆਂ ਦੀ ਪੂਰੀ ਲਾਗਤ ਨੂੰ ਕਵਰ ਕਰਦੀ ਹੈ। ਇਸ ਸਕੀਮ 'ਚ ਸਰਕਾਰੀ ਮੁਲਾਜ਼ਮ, ਪੈਨਸ਼ਨਰ ਵੀ ਸ਼ਾਮਿਲ ਹੋਣਗੇ।

## ਹਲਕਾ ਇੰਚਾਰਜ ਮਾਹਲ ਨੇ ਨਵ ਨਿਯੁਕਤ ਹਰਜੀਤ ਸਿੰਘ ਪ੍ਰਧਾਨ ਕਿਸਾਨ ਮੋਰਚਾ ਨੂੰ ਕੀਤਾ ਸਨਮਾਨਤ



ਚੋਗਾਵਾਂ, 23 ਜਨਵਰੀ (ਸੁਬੇਗ ਸਿੰਘ ਸੋਨਾ): ਵਿਧਾਨ ਸਭਾ ਹਲਕਾ ਰਾਜਾ ਸਾਂਸੀ ਦੇ ਭਾਜਪਾ ਦੇ ਮਿਹਨਤੀ ਅਤੇ ਜੁਝਾਰੂ ਆਗੂ ਹਰਜੀਤ ਸਿੰਘ ਸਾਬਕਾ ਬਲਾਕ ਸੰਮਤੀ ਮੈਂਬਰ ਵੱਲੋਂ ਭਾਜਪਾ ਪਾਰਟੀ ਵਿੱਚ ਨਿਭਾਈਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਪ੍ਰਧਾਨ ਕਿਸਾਨ ਮੋਰਚਾ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ 1 ਨਿਯੁਕਤ ਕੀਤਾ ਗਿਆ ਸੀ। ਇਸ ਸਬੰਧੀ ਅੱਜ ਪਿੰਡ ਕੜਿਆਲ ਵਿਖੇ ਹਰਜੀਤ ਸਿੰਘ ਪ੍ਰਧਾਨ ਕਿਸਾਨ ਮੋਰਚਾ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ 1 ਨੂੰ ਸਨਮਾਨਿਤ ਕਰਨ ਲਈ ਸਨਮਾਨ ਸਮਾਰੋਹ ਕਰਵਾਇਆ ਗਿਆ। ਜਿਸ ਵਿੱਚ ਮੁਖਵਿੰਦਰ ਸਿੰਘ ਮਾਹਲ ਇੰਚਾਰਜ ਹਲਕਾ ਰਾਜਾਸਾਂਸੀ ਉਚੇਚੇ ਤੌਰ 'ਤੇ ਪਹੁੰਚੇ। ਉਹਨਾਂ ਵੱਲੋਂ ਨਵ ਨਿਯੁਕਤ ਪ੍ਰਧਾਨ ਹਰਜੀਤ ਸਿੰਘ ਨੂੰ ਸਨਮਾਨਿਤ ਕੀਤਾ ਗਿਆ। ਉਹਨਾਂ ਕਹਾ ਕਿ ਭਾਜਪਾ ਪਾਰਟੀ ਨੇ ਹਮੇਸ਼ਾ ਮਿਹਨਤੀ ਤੇ ਜੁਝਾਰੂ ਵਰਕਰਾਂ ਨੂੰ ਅਹੁਦੇ ਦੇ ਕੇ ਨਿਵਾਜਿਆ ਹੈ। ਤੇ ਉਨਾਂ ਮੋਦੀ ਸਰਕਾਰ ਵੱਲੋਂ ਚਲਾਈਆਂ ਲੋਕ ਭਲਾਈ ਸਕੀਮਾਂ ਤੋਂ ਵੀ ਜਾਣੂ ਕਰਵਾਇਆ ਤੇ ਕਿਹਾ 2027 ਵਿੱਚ ਭਾਜਪਾ ਦੀ ਸਰਕਾਰ ਬਣਨੀ ਤੈਅ ਹੈ। ਇਸ ਮੌਕੇ ਜੋਗਾ ਸਿੰਘ ਜਸਰਾਊਰ ਉਪ ਪ੍ਰਧਾਨ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ 1, ਜਸਬੀਰ ਸਿੰਘ ਗਿੱਲ ਸਿਆਸੀ ਸਕੱਤਰ ਸ ਮਾਹਲ ਸਾਬ, ਮਨਦੀਪ ਸਿੰਘ ਸੰਧੂ ਉਪ ਪ੍ਰਧਾਨ ਸਰਕਲ ਹਰਸ਼ਾ ਛੀਨਾ, ਪ੍ਰਧਾਨ ਰਤਨ ਸਿੰਘ ਸੌੜੀਆਂ, ਤਰਸੇਮ ਸਿੰਘ, ਲੱਖਾ ਕੜਿਆਲ, ਇੰਦਰਜੀਤ ਸਿੰਘ, ਮਲਕੀਤ ਸਿੰਘ ਮਮੰਦ, ਬਲਵਿੰਦਰ ਸਿੰਘ ਅਵਾਨ ਲੱਖਾ ਸਿੰਘ, ਬਖਸ਼ੀਸ਼ ਸਿੰਘ, ਮਲੂਕ ਸਿੰਘ, ਸਕੱਤਰ ਸਿੰਘ ਆਦਿ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਹਾਜ਼ਰ ਸਨ।

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਵੱਡਾ ਇਤਿਹਾਸਕ ਫੈਸਲਾ: ਗੈਰੀ ਬੜਿੰਗ

*☛10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਹਰ ਵਰਗ ਲਈ ਲਾਹੇਵੰਦ ਸਾਬਤ ਹੋਵੇਗੀ*

ਅਮਲੋਹ, 23 ਜਨਵਰੀ (ਜਸਵੰਤ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪੰਜਾਬ ਵਾਸੀਆਂ ਲਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਜੋ ਕਿ ਸੂਬੇ ਦੇ ਇਤਿਹਾਸ ਵਿੱਚ ਇੱਕ ਅਹਿਮ ਅਤੇ ਇਤਿਹਾਸਕ ਕਦਮ ਮੰਨਿਆ ਜਾ ਰਿਹਾ ਹੈ ਅਤੇ ਪੰਜਾਬ ਦੇ ਲੋਕ ਹੁਣ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਕਰਵਾ ਸਕਣਗੇ। ਇਸ ਯੋਜਨਾ ਨਾਲ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਮਹਿੰਗੇ ਇਲਾਜ ਦੇ ਬੋਝ ਤੋਂ ਛੁਟਕਾਰਾ ਮਿਲੇਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕੀਤਾ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਵਿੱਚ ਅਸਫਲ ਰਹੀਆਂ ਪਰ ਮਾਨ ਸਰਕਾਰ ਨੇ ਜੋ ਕਰਕੇ ਦਿਖਾਇਆ ਹੈ, ਉਹ ਕਾਬਿਲ-ਏ-ਤਾਰੀਫ਼ ਹੈ। ਉਨ੍ਹਾਂ ਦੱਸਿਆ ਕਿ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਪੰਜਾਬ ਦੇ ਹਰ ਵਰਗ ਲਈ ਲਾਹੇਵੰਦ ਸਾਬਤ ਹੋਵੇਗੀ। ਵਿਧਾਇਕ ਬੜਿੰਗ ਨੇ ਅੱਗੇ ਕਿਹਾ ਕਿ ਇਸ ਯੋਜਨਾ ਦੇ ਲਾਗੂ ਹੋਣ ਤੋਂ ਬਾਅਦ ਪੰਜਾਬ ਦੇ ਲੋਕਾਂ ਵਿੱਚ ਖ਼ੁਸ਼ੀ ਹੈ ਅਤੇ ਲੋਕ ਸਰਕਾਰ ਦੇ ਇਸ ਫੈਸਲੇ ਦਾ ਸਵਾਗਤ ਕਰ ਰਹੇ ਹਨ। ਉਨ੍ਹਾਂ ਇਹ ਵੀ ਦੁਹਰਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਲੜੀਵਾਰ ਪੂਰੇ ਕਰ ਰਹੀ ਹੈ ਅਤੇ ਲੋਕਾਂ ਦੀਆਂ ਆਸਾਂ ਉਮੀਦਾਂ 'ਤੇ ਖਰਾ ਉਤਰ ਰਹੀ ਹੈ। ਇਸ ਮੌਕੇ ਜ਼ਿਲ੍ਹਾ ਪਰਿਸ਼ਦ ਮੈਂਬਰ ਸ਼ਿੰਗਾਰਾ ਸਿੰਘ ਸਲਾਣਾ, ਕੌਂਸਲ ਦੇ ਐਕਟਿੰਗ ਪ੍ਰਧਾਨ ਵਿੱਕੀ ਮਿੱਤਲ, ਸਾਬਕਾ ਕੌਂਸਲਰ ਕੁਲਦੀਪ ਦੀਪਾ ਤੇ ਪਾਲੀ ਅਰੋੜਾ ਹਾਜ਼ਰ ਸਨ।

# ਸਕੂਲ ਦੀ ਰੱਖੀ ਥਾਂ 'ਚ ਰਿਹਾਇਸ਼ੀ ਫਲੈਟ ਬਣਾਉਣ ਦੀ ਤਿਆਰੀ

**☛ਲੁਧਿਆਣਾ ਨਗਰ ਸੁਧਾਰ ਟਰੱਸਟ ਨੇ ਜਾਰੀ ਕੀਤਾ ਪਬਲਿਕ ਨੋਟਿਸ**

ਲੁਧਿਆਣਾ, 23 ਜਨਵਰੀ (ਚ.ਨ.ਸ): ਸ਼ਹਿਰ ਦੇ ਪੌਸ਼ ਰਿਹਾਇਸ਼ੀ ਇਲਾਕੇ ਰਾਜਗੁਰੂ ਨਗਰ ਵਿੱਚ ਪ੍ਰਾਇਮਰੀ ਸਕੂਲ ਲਈ ਰਾਖਵੀਂ ਰੱਖੀ 1.05 ਏਕੜ ਜ਼ਮੀਨ ਦਾ ਮੰਤਵ ਬਦਲ ਕੇ ਨਗਰ ਸੁਧਾਰ ਟਰੱਸਟ ਲੁਧਿਆਣਾ ਉੱਥੇ ਰਿਹਾਇਸ਼ੀ ਹਾਊਸਿੰਗ ਪ੍ਰਾਜੈਕਟ ਬਣਾਉਣ ਦੀ ਤਿਆਰੀ ਕਰ ਰਿਹਾ ਹੈ। ਸੂਤਰਾਂ ਮੁਤਾਬਕ ਇਸ ਜ਼ਮੀਨ ਨੂੰ ਮੋਟੀ ਕੀਮਤ 'ਤੇ ਵੇਚਣ ਦੀ ਤਿਆਰੀ ਹੈ। ਨਗਰ ਸੁਧਾਰ ਟਰੱਸਟ ਨੇ ਪਿਛਲੇ ਹਫ਼ਤੇ ਪਬਲਿਕ ਨੋਟਿਸ ਜਾਰੀ ਕਰਕੇ 30 ਦਿਨਾਂ ਵਿੱਚ ਇਤਰਾਜ਼ ਮੰਗੇ ਹਨ। ਪਬਲਿਕ ਐਕਸ਼ਨ ਕਮੇਟੀ ਨੇ ਇਸ ਮੁੱਦੇ 'ਤੇ ਆਪਣਾ ਇਤਰਾਜ਼ ਦਿੱਤਾ ਹੈ। ਕਮੇਟੀ ਦੇ ਮੈਂਬਰਾਂ ਨੇ ਕਿਹਾ ਕਿ ਬੱਚਿਆਂ ਦੇ ਭਵਿੱਖ ਨੂੰ ਸੁਧਾਰਨ ਲਈ ਪ੍ਰਾਇਮਰੀ ਸਕੂਲ ਲਈ ਜ਼ਮੀਨ ਰਾਖਵੀਂ ਰੱਖੀ ਗਈ ਸੀ ਅਤੇ ਉਸ ਨੂੰ ਕਿਸੇ ਵੀ ਹਾਲ ਵਿੱਚ ਬਦਲਿਆ ਨਹੀਂ ਜਾ ਸਕਦਾ। ਕਮੇਟੀ




ਮੈਂਬਰ ਕੁਲਦੀਪ ਖਹਿਰਾ ਤੇ ਕਪਿਲ ਅਰੋੜਾ ਨੇ ਕਿਹਾ ਕਿ ਕੋਈ ਸਰਕਾਰੀ ਏਜੰਸੀ ਬਿਲਡਿੰਗ ਬਾਇਲਾਜ਼ ਅਤੇ ਕਲੋਨੀ ਜਾਂ ਫਿਰ ਪ੍ਰਾਜੈਕਟ ਲਈ ਬਣਾਏ ਗਏ ਨਿਯਮਾਂ ਨੂੰ ਕਿਵੇਂ ਤੋੜ ਸਕਦੀ ਹੈ? ਉਨ੍ਹਾਂ ਦੋਸ਼ ਲਾਇਆ ਕਿ ਇਸ ਮਾਮਲੇ 'ਚ ਕਿਸੇ ਪ੍ਰਾਈਵੇਟ ਬਿਲਡਰ ਦੀ ਮਿਲੀਭੁਗਤ ਲੱਗਦੀ ਹੈ। ਉਨ੍ਹਾਂ ਕਿਹਾ ਕਿ ਉਹ ਅਦਾਲਤ ਦਾ ਰੁਖ਼ ਕਰ ਸਕਦੇ ਹਨ। ਉਧਰ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਤਰਸੇਮ ਸਿੰਘ ਭਿੰਡਰ ਨੇ ਕਿਹਾ ਕਿ ਇਲਾਕੇ ਦੇ ਲੋਕ ਸਕੂਲ ਖੋਲ੍ਹਣ 'ਤੇ ਇਤਰਾਜ਼ ਜਤਾ ਰਹੇ ਸਨ। ਸਰਕਾਰ ਦੀ ਪ੍ਰਵਾਨਗੀ ਮਗਰੋਂ ਹੀ ਸੀ ਐੱਲ ਯੂ ਬਦਲਣ ਲਈ ਪਬਲਿਕ ਨੋਟਿਸ ਰਾਹੀਂ ਇਤਰਾਜ਼ ਮੰਗੇ ਗਏ ਹਨ। ਇਤਰਾਜ਼ ਮਿਲਣ ਮਗਰੋਂ ਹੀ ਦੇਖਿਆ ਜਾਵੇਗਾ ਕਿ ਜ਼ਮੀਨ ਨੂੰ ਪ੍ਰਾਇਮਰੀ ਸਕੂਲ ਲਈ ਰਾਖਵਾਂ ਰੱਖਣਾ ਹੈ ਜਾਂ ਫਿਰ ਉਸ ਦਾ ਸੀ ਐੱਲ ਯੂ ਬਦਲਣਾ ਹੈ।

# ਹੈਰਾਨੀਜਨਕ: ਬਾਂਦਰ ਨੇ ਮਾਂ ਦੀ ਗੋਦ 'ਚੋਂ ਖੋਹ ਕੇ ਖੂਹ 'ਚ ਸੁੱਟਿਆ ਨਵਜੰਮਿਆ ਬੱਚਾ

*☛ਪਿੰਡ ਵਾਸੀਆਂ ਤੇ ਨਰਸ ਨੇ ਬਚਾਈ ਜਾਨ*

ਜਾਂਜਗੀਰ ਚਾਂਪਾ, 23 ਜਨਵਰੀ (ਚ.ਨ.ਸ): ਛੱਤੀਸਗੜ੍ਹ ਦੇ ਜਾਂਜਗੀਰ ਚਾਂਪਾ ਜ਼ਿਲ੍ਹੇ ਦੇ ਸਿਵਨੀ ਨੈਲਾ ਪਿੰਡ 'ਚ ਮੰਗਲਵਾਰ ਦੁਪਹਿਰ ਨੂੰ ਇਕ ਹੈਰਾਨ ਕਰਨ ਵਾਲੀ ਘਟਨਾ ਵਾਪਰੀ, ਜਦ ਇਕ ਬਾਂਦਰ ਨੇ 15 ਦਿਨ ਦੀ ਨਵਜਾਤ ਬੱਚੀ ਨੂੰ ਮਾਂ ਦੀ ਗੋਦ ਤੋਂ ਖੋਹ ਲਿਆ। ਦੌੜਦੇ ਬੰਦਰ ਦੀ ਪਕੜ ਤੋਂ ਬੱਚੀ ਛੁੱਟੀ ਅਤੇ ਖੂਹ 'ਚ ਡਿੱਗ ਗਈ। ਬੱਚੀ ਨੇ ਡਾਇਪਰ ਪਾਇਆ ਹੋਇਆ ਸੀ, ਜਿਸ ਕਾਰਨ ਉਹ ਤੁਰੰਤ ਪਾਣੀ 'ਚ ਨਹੀਂ ਡੁੱਬੀ। ਇਸ ਦੌਰਾਨ ਗ੍ਰਾਮੀਣਾਂ ਨੇ ਬਾਲਟੀ ਅਤੇ ਰੱਸੀ ਦੀ ਮਦਦ ਨਾਲ ਉਸਨੂੰ ਬਾਹਰ ਕੱਢਿਆ, ਜਿਸ ਨਾਲ ਉਸਦੀ ਜ਼ਿੰਦਗੀ ਬਚ ਗਈ। ਅਰਵਿੰਦ ਰਾਠੌਰ ਦੀ ਪਤਨੀ ਆਪਣੇ ਵਿਹੜੇ 'ਚ ਧੀ ਨੂੰ ਲੈ ਕੇ ਬੈਠੀ ਸੀ। ਉਸ ਵੇਲੇ ਇਕ ਬਾਂਦਰ ਆਇਆ ਅਤੇ ਬੱਚੀ ਨੂੰ ਖੋਹ ਕੇ ਦੌੜ ਗਿਆ। ਮਾਂ ਦੀਆਂ ਚੀਕਾਂ ਨਾਲ ਘਰ ਦੇ ਮੈਂਬਰ ਅਤੇ ਆਲੇ-ਦੁਆਲੇ ਦੇ ਲੋਕ ਮੌਕੇ 'ਤੇ ਪਹੁੰਚੇ ਅਤੇ



ਬਾਂਦਰ ਦਾ ਪਿੱਛਾ ਕੀਤਾ। ਜਦੋਂ ਬਾਂਦਰ ਨੇੜਲੇ ਲੱਗੇ ਦਰੱਖਤ 'ਤੇ ਚੜ੍ਹਿਆ, ਤਾਂ ਕੁੜੀ ਉਸਦੇ ਹੱਥ ਤੋਂ ਤਿਲਕ ਕੇ ਨੇੜਲੇ ਖੂਹ 'ਚ ਡਿੱਗ ਪਈ। ਡਾਇਪਰ ਪਾਏ ਹੋਣ ਕਾਰਨ ਕੁੜੀ ਤੁਰੰਤ ਪਾਣੀ 'ਚ ਨਹੀਂ ਡੁਬੀ। ਇਸ ਦਰਮਿਆਨ ਪਿੰਡ ਵਾਸੀਆਂ ਨੇ ਤੁਰੰਤ ਕਾਰਵਾਈ ਕਰਦੇ ਹੋਏ ਬਾਲਟੀ ਅਤੇ ਰੱਸੀ ਦੀ ਮੱਦਦ ਨਾਲ ਕੁੜੀ ਨੂੰ ਖੂਹ 'ਚੋਂ ਬਾਹਰ ਕੱਢਿਆ। ਬਾਹਰ ਕੱਢਣ 'ਤੇ ਕੁੜੀ ਦੀ ਸਾਹ ਨਹੀਂ ਚੱਲ ਰਹੇ ਸਨ। ਇਸ ਦਰਮਿਆਨ ਪਿੰਡ 'ਚ ਭਗਵਤ ਸੁਣਨ ਆਈ ਇਕ ਨਰਸ ਨੇ ਤੁਰੰਤ ਕੁੜੀ ਨੂੰ ਸੀਪੀਆਰ ਦੇਣਾ ਸ਼ੁਰੂ ਕੀਤਾ। ਨਰਸ ਦੀ ਸਮਝਦਾਰੀ ਅਤੇ ਪਿੰਡ ਵਾਸੀਆਂ ਦੀ ਤੁਰੰਤ ਕਾਰਵਾਈ ਨਾਲ ਕੁਝ ਹੀ ਸਮੇਂ 'ਚ ਕੁੜੀ ਦੇ ਸਾਹ ਵਾਪਸ ਆ ਗਏ। ਪਰਿਵਾਰ ਕੁੜੀ ਨੂੰ ਤੁਰੰਤ ਹਸਪਤਾਲ ਲੈ ਕੇ ਗਿਆ। ਹਸਪਤਾਲ ਪ੍ਰਬੰਧਨ ਦੇ ਮੁਤਾਬਕ ਕੁੜੀ ਦੀ ਹਾਲਤ ਹੁਣ ਸਥਿਰ ਹੈ ਅਤੇ ਉਹ ਖ਼ਤਰੇ ਤੋਂ ਬਾਹਰ ਹੈ। ਘਟਨਾ ਦੇ ਬਾਅਦ ਕੁੜੀ ਦੇ ਪਿਤਾ ਅਰਵਿੰਦ ਰਾਠੌਰ ਨੇ ਕਿਹਾ ਕਿ ਪਿੰਡ 'ਚ ਬਾਂਦਰ ਅਕਸਰ ਦਿੱਸਦੇ ਹਨ, ਪਰ ਐਸੀ ਖਤਰਨਾਕ ਘਟਨਾ ਪਹਿਲਾਂ ਕਦੇ ਨਹੀਂ ਹੋਈ।

# '84 ਸਿੱਖ ਦੰਗਿਆਂ ਦੇ ਮਾਮਲੇ 'ਚ ਸੱਜਣ ਕੁਮਾਰ ਦਾ ਬਰੀ ਹੋਣਾ ਜ਼ਖ਼ਮਾਂ 'ਤੇ ਲੂਣ ਛਿੜਕਣ ਬਰਾਬਰ: ਜਥੇਦਾਰ ਰਿਆ

ਸ੍ਰੀ ਫਤਹਿਗੜ੍ਹ ਸਾਹਿਬ, 23 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਅਵਤਾਰ ਸਿੰਘ ਰਿਆ ਨੇ 1984 ਦੇ ਸਿੱਖ ਵਿਰੋਧੀ ਦੰਗਿਆਂ ਨਾਲ ਸਬੰਧਤ ਦਿੱਲੀ ਦੇ ਜਨਕਪੁਰੀ ਅਤੇ ਵਿਕਾਸਪੁਰੀ ਹਿੰਸਾ ਮਾਮਲੇ ਵਿੱਚ ਕਾਂਗਰਸੀ ਨੇਤਾ ਸੱਜਣ ਕੁਮਾਰ ਨੂੰ ਦਿੱਲੀ ਦੀ ਇਕ ਅਦਾਲਤ ਵੱਲੋਂ ਬਰੀ ਕਰਨ ਦੇ ਫੈਸਲੇ ਨੇ ਜਿਥੇ ਸਿੱਖ ਭਾਈਚਾਰੇ ਵਿੱਚ ਗਹਿਰਾ ਰੋਸ ਪੈਦਾ ਕਰ ਦਿੱਤਾ ਹੈ, ਉੱਥੇ ਹੀ ਇਹ ਕਾਰਵਾਈ ਜ਼ਖ਼ਮਾਂ ਤੇ ਲੂਣ ਛਿੜਕਣ ਦੇ ਬਰਾਬਰ ਹੈ। ਉਨ੍ਹਾਂ ਕਿਹਾ ਕਿ ਇਹ ਫੈਸਲਾ 1984 ਦੇ ਦੰਗਿਆਂ ਦੇ ਪੀੜਤਾਂ ਨਾਲ ਇਨਸਾਫ਼ ਦੇ ਨਾਲ ਵੱਡਾ ਧੋਖਾ ਹੈ। ਉਨ੍ਹਾਂ ਕਿਹਾ ਕਿ 1984 ਦੇ ਦੰਗਿਆਂ ਦੇ ਦੋਸ਼ੀਆਂ ਨੂੰ ਅਜੇ ਤੱਕ ਪੂਰੀ ਤਰ੍ਹਾਂ ਸਜ਼ਾ ਨਾ ਮਿਲਣਾ ਭਾਰਤੀ ਨਿਆਂ ਪ੍ਰਣਾਲੀ 'ਤੇ ਸਵਾਲ ਖੜ੍ਹੇ ਕਰਦਾ ਹੈ। ਸੱਜਣ ਕੁਮਾਰ ਦੀ ਬਰੀ ਇਹ ਦਰਸਾਉਂਦੀ ਹੈ ਕਿ ਪੀੜਤ ਪਰਿਵਾਰਾਂ ਨੂੰ ਅਜੇ ਵੀ ਇਨਸਾਫ਼ ਲਈ ਲੰਬੀ ਲੜਾਈ ਲੜਨੀ ਪਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਮਾਮਲੇ ਨੂੰ ਉੱਚ ਅਦਾਲਤ ਤੱਕ ਲੈ ਕੇ ਜਾਣ ਦੀ ਮੰਗ ਕਰੇਗੀ ਅਤੇ ਕੇਂਦਰ ਸਰਕਾਰ ਨੂੰ ਅਪੀਲ ਕਰੇਗੀ ਕਿ 1984 ਦੇ ਸਾਰੇ ਮਾਮਲਿਆਂ ਦੀ ਨਿਰਪੱਖ ਅਤੇ ਤੇਜ਼ ਸੁਣਵਾਈ ਯਕੀਨੀ ਬਣਾਈ ਜਾਵੇ। ਉਨ੍ਹਾਂ ਇਹ ਵੀ ਦੱਸਿਆ ਕਿ ਸਿੱਖ ਕੌਮ ਕਦੇ ਵੀ 1984 ਦੇ ਜ਼ਖ਼ਮ ਨਹੀਂ ਭੁੱਲ ਸਕਦੀ ਤੇ ਜਦ ਤੱਕ ਦੋਸ਼ੀਆਂ ਨੂੰ ਸਜ਼ਾ ਨਹੀਂ ਮਿਲਦੀ, ਤਦ ਤੱਕ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਸੱਜਣ ਕੁਮਾਰ ਪਹਿਲਾਂ ਹੀ ਹੋਰ ਦੰਗਾ ਮਾਮਲਿਆਂ 'ਚ ਦੋਸ਼ੀ ਕਰਾਰ ਦਿੱਤਾ ਜਾ ਚੁੱਕਾ ਹੈ, ਇਸ ਦੇ ਬਾਵਜੂਦ ਇਸ ਕੇਸ 'ਚ ਬਰੀ ਹੋਣਾ ਹੈਰਾਨੀਜਨਕ ਅਤੇ ਨਿਰਾਸ਼ਾਜਨਕ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਗਵਾਹਾਂ 'ਤੇ ਦਬਾਅ, ਸਬੂਤਾਂ ਦੀ ਕਮੀ ਅਤੇ ਸਰਕਾਰੀ ਬੇਰੁਖ਼ੀ ਕਾਰਨ ਪੀੜਤਾਂ ਨੂੰ ਇਨਸਾਫ਼ ਨਹੀਂ ਮਿਲ ਰਿਹਾ। ਜਥੇਦਾਰ ਰਿਆ ਨੇ ਕੇਂਦਰ ਸਰਕਾਰ ਅਤੇ ਕਾਨੂੰਨੀ ਏਜੰਸੀਆਂ ਨੂੰ ਅਪੀਲ ਕੀਤੀ ਕਿ ਇਸ ਫੈਸਲੇ ਖ਼ਿਲਾਫ਼ ਤੁਰੰਤ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਜਾਵੇ ਅਤੇ 1984 ਨਾਲ ਜੁੜੇ ਸਾਰੇ ਬਾਕੀ ਮਾਮਲਿਆਂ ਦੀ ਫਾਸਟ ਟਰੈਕ ਅਦਾਲਤਾਂ ਵਿੱਚ ਸੁਣਵਾਈ ਕਰਵਾਈ ਜਾਵੇ। ਇਸ ਫੈਸਲੇ ਤੋਂ ਬਾਅਦ ਵੱਖ-ਵੱਖ ਸਿੱਖ ਸੰਸਥਾਵਾਂ ਵੱਲੋਂ ਵੀ ਰੋਸ ਜਤਾਇਆ ਜਾ ਰਿਹਾ ਹੈ।



# ਸਰਹਿੰਦ ਦੇ ਵਾਰਡ ਇੱਕ ਵਿਖੇ ਵਿਕਾਸ ਕਾਰਜ ਸ਼ੁਰੂ ਕਰਵਾਇਆ

ਸ੍ਰੀ ਫਤਹਿਗੜ੍ਹ ਸਾਹਿਬ, 23 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਨਗਰ ਕੌਂਸਲ ਸਰਹਿੰਦ ਦੇ ਅਧੀਨ ਆਉਂਦੇ ਵਾਰਡ ਨੰਬਰ ਇੱਕ ਵਿਖੇ ਐਡਵੋਕੇਟ ਕੰਵਰਵੀਰ ਸਿੰਘ ਰਾਏ ਵੱਲੋਂ ਵਿਕਾਸ ਕਾਰਜ ਦਾ ਕੰਮ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਐਡਵੋਕੇਟ ਕੰਵਰਵੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਅੰਦਰ ਬਿਨਾਂ ਪੱਖਪਾਤ ਤੋਂ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਜਿਸ ਦੀ ਬਦੌਲਤ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਲੋਕਾਂ ਦੇ ਹਰਮਨ ਪਿਆਰੇ ਮੁੱਖ ਮੰਤਰੀ ਬਣ ਗਏ ਹਨ। ਉਹਨਾਂ ਕਿਹਾ ਕਿ ਜਿੱਥੇ ਵਿਕਾਸ ਕਾਰਜ ਨਿਰੰਤਰ ਜਾਰੀ ਹਨ, ਉੱਥੇ ਹੀ ਆਮ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇ ਨਾਲ ਲੈਸ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਕਦਮ ਪੁੱਟੇ ਗਏ ਹਨ। ਸਰਕਾਰ ਦੀ ਮਿਹਨਤ ਸਦਕਾ ਪੰਜਾਬ ਨੇ ਦੇਸ਼ ਭਰ ਦੇ ਵਿੱਚੋਂ ਸਿੱਖਿਆ ਪੱਖੋਂ ਪਹਿਲਾ ਸਥਾਨ ਹਾਸਲ ਕੀਤਾ ਹੈ। ਸਿਹਤ ਸਹੂਲਤਾਂ ਮੁਹੱਈਆ ਕਰਾਉਣ ਦੇ ਵਿੱਚ ਵੀ ਪੰਜਾਬ ਸਰਕਾਰ ਵੱਲੋਂ ਵੱਡਮੁੱਲਾ ਯੋਗਦਾਨ ਪਾਇਆ ਗਿਆ ਹੈ। ਪਹਿਲਾਂ ਆਮ ਲੋਕਾਂ ਨੂੰ ਆਮ ਆਦਮੀ ਕਲੀਨਿਕ ਖੋਲ੍ਹ ਕੇ ਮੁਫਤ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ, ਹੁਣ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਸ਼ੁਰੂ ਕਰਕੇ ਪੰਜਾਬ ਦੇ 65 ਲੱਖ ਪਰਿਵਾਰਾਂ ਨੂੰ ਵੱਡੀ ਸਹੂਲਤ ਦਿੱਤੀ ਗਈ ਹੈ। ਉਹਨਾਂ ਕਿਹਾ ਕਿ ਮਾਨਯੋਗ ਭਗਵੰਤ ਮਾਨ ਸਰਕਾਰ ਸੂਬੇ ਦੀ ਉਹ ਪਹਿਲੀ ਸਰਕਾਰ ਹੈ, ਜਿਸਨੇ ਲੋਕਾਂ ਨਾਲ ਕੀਤੇ ਵਾਅਦੇ ਇੱਕ ਇੱਕ ਕਰਕੇ ਪੂਰੇ ਕੀਤੇ ਹਨ। ਇਸ ਮੌਕੇ ਇਲਾਕਾ ਨਿਵਾਸੀਆਂ ਦੇ ਵੱਲੋਂ ਗੁਰਮੀਤ ਸਿੰਘ ਬਾਜਵਾ ਦੀ ਅਗਵਾਈ ਦੇ ਵਿੱਚ ਐਡਵੋਕੇਟ ਕੰਵਰਵੀਰ ਸਿੰਘ ਰਾਏ ਨੂੰ ਸਿਰੋਪਾਓ ਦੇ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਮੀਤ ਸਿੰਘ ਬਾਜਵਾ ਸੰਗਠਨ ਇੰਚਾਰਜ ਫਤਿਹਗੜ੍ਹ ਸਾਹਿਬ, ਗੁਰਬਚਨ ਕੌਰ, ਗੁਰਮੁਖ ਸਿੰਘ, ਸੁਖਵਿੰਦਰ ਸਿੰਘ, ਰੀਨਾ ਰਾਣੀ, ਨੀਲਮ, ਜੋਗਿੰਦਰ ਸਿੰਘ, ਜਸਪਿੰਦਰ ਸਿੰਘ, ਜਗਦੀਪ ਸਿੰਘ ਗੁਰਾਇਆ, ਸਤੀਸ਼ ਲਟੌਰ, ਪ੍ਰਿਤਪਾਲ ਸਿੰਘ ਜੱਸੀ, ਅਸੀਸ ਅੱਤਰੀ, ਸਤਨਾਮ ਸਿੰਘ ਚੀਮਾ ਹਾਜ਼ਰ ਸਨ।



# ਰਿਹਾਇਸ਼ੀ ਇਮਾਰਤ 'ਚ ਦਾਖ਼ਲ ਹੋਇਆ ਤੇਂਦੂਆ, ਸੀ.ਸੀ.ਟੀ.ਵੀ. 'ਚ ਕੈਦ ਹੋਈਆਂ ਦਹਿਸ਼ਤ ਭਰੀਆਂ ਤਸਵੀਰਾਂ

ਸ਼ਿਮਲਾ, 23 ਜਨਵਰੀ (ਚ.ਨ.ਸ): ਹਿਮਾਚਲ ਪ੍ਰਦੇਸ਼ ਦੀ ਰਾਜਧਾਨੀ ਸ਼ਿਮਲਾ ਦੇ ਪਾਸ਼ ਇਲਾਕੇ 'ਨਵਬਹਾਰ' ਵਿੱਚ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਇੱਕ ਤੇਂਦੂਆ ਇੱਕ ਬਹੁ-ਮੰਜ਼ਿਲਾ ਰਿਹਾਇਸ਼ੀ ਇਮਾਰਤ ਦੇ ਅੰਦਰ ਤੱਕ ਪਹੁੰਚ ਗਿਆ। ਇਹ ਸਾਰੀ ਘਟਨਾ ਉੱਥੇ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ। ਇਹ ਸਥਾਨ ਰਾਜ ਸਚਿਵਾਲੇ ਤੋਂ ਮਹਿਜ਼ 2 ਕਿਲੋਮੀਟਰ ਦੀ ਦੂਰੀ 'ਤੇ ਸਥਿਤ ਹੈ ਅਤੇ ਸੰਘਣੇ ਜੰਗਲਾਂ ਨਾਲ ਘਿਰਿਆ ਹੋਇਆ ਹੈ। ਸੀਸੀਟੀਵੀ ਫੁਟੇਜ ਅਨੁਸਾਰ, ਇਹ ਤੇਂਦੂਆ 21 ਜਨਵਰੀ ਦੀ ਰਾਤ ਨੂੰ ਕਰੀਬ 11:23 ਵਜੇ ਬੜੀ ਸਹਿਜਤਾ ਨਾਲ ਨੰਦਿਨੀ ਪਠਾਨੀਆ ਦੇ ਘਰ ਵਿੱਚ ਦਾਖ਼ਲ ਹੋਇਆ। ਤੇਂਦੂਆ ਪੌੜੀਆਂ ਰਾਹੀਂ ਦੂਜੀ ਮੰਜ਼ਿਲ ਤੱਕ ਜਾ ਪਹੁੰਚਿਆ। ਖੁਸ਼ਕਿਸਮਤੀ ਇਹ ਰਹੀ ਕਿ ਉਸ ਵੇਲੇ ਪਰਿਵਾਰਕ ਮੈਂਬਰ ਕਮਰਿਆਂ ਦੇ ਅੰਦਰ ਸਨ, ਜਿਸ ਕਾਰਨ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਕੋਈ ਸ਼ਿਕਾਰ ਨਾ ਮਿਲਣ ਕਾਰਨ ਤੇਂਦੂਆ ਕੁਝ ਦੇਰ ਬਾਅਦ ਚੁੱਪਚਾਪ ਇਮਾਰਤ ਤੋਂ ਬਾਹਰ ਨਿਕਲ ਗਿਆ। ਇਸ ਇਲਾਕੇ ਦੇ ਵਸਨੀਕਾਂ ਦਾ ਕਹਿਣਾ ਹੈ ਕਿ ਨਵਬਹਾਰ ਵਿੱਚ ਤੇਂਦੂਏ ਅਕਸਰ ਦੇਖੇ ਜਾਂਦੇ ਹਨ ਅਤੇ ਪਹਿਲਾਂ ਵੀ ਕਈ ਪਾਲਤੂ ਜਾਨਵਰਾਂ ਨੂੰ ਸ਼ਿਕਾਰ ਬਣਾ ਚੁੱਕੇ ਹਨ। ਪਰ ਕਿਸੇ ਇਮਾਰਤ ਦੇ ਅੰਦਰ ਦਾਖ਼ਲ ਹੋਣ ਦੀ ਇਹ ਪਹਿਲੀ ਵੀਡੀਓ ਸਾਹਮਣੇ ਆਈ ਹੈ, ਜਿਸ ਨੇ ਲੋਕਾਂ ਦੀ ਨੀਂਦ ਉਡਾ ਦਿੱਤੀ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਵਣ ਵਿਭਾਗ ਹਰਕਤ ਵਿੱਚ ਆ ਗਿਆ ਹੈ। ਵਿਭਾਗ ਦੇ ਅਧਿਕਾਰੀਆਂ ਨੇ ਇਲਾਕੇ ਵਿੱਚ ਰਾਤਰੀ ਗਸ਼ਤ ਵਧਾਉਣ ਅਤੇ ਤੇਂਦੂਏ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣ ਲਈ ਟੀਮਾਂ ਤਾਇਨਾਤ ਕਰਨ ਦਾ ਭਰੋਸਾ ਦਿੱਤਾ ਹੈ। ਪ੍ਰਸ਼ਾਸਨ ਨੇ ਲੋਕਾਂ ਨੂੰ ਰਾਤ ਦੇ ਸਮੇਂ ਸੁਚੇਤ ਰਹਿਣ ਦੀ ਅਪੀਲ ਕੀਤੀ ਹੈ।



# ਕਿਸਾਨ-ਮਜ਼ਦੂਰ ਮੋਰਚੇ ਦੇ ਸੱਦੇ 'ਤੇ ਐਸਡੀਓ ਪਾਵਰਕਾਮ ਦਫ਼ਤਰ ਮੱਲਾਂ ਵਾਲੇ ਕਿਸਾਨਾਂ ਮਜ਼ਦੂਰਾਂ ਨੇ ਸਮਾਰਟ ਮੀਟਰ ਪੁੱਟ ਕੇ ਕਰਵਾਏ ਜਮ੍ਹਾਂ

ਮੱਲਾਂ ਵਾਲਾ, 23 ਜਨਵਰੀ (ਹਰਪਾਲ ਸਿੰਘ ਖਾਲਸਾ): ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਫਿਰੋਜ਼ਪੁਰ ਦੇ ਜ਼ੋਨ ਮੱਲਾਂ ਵਾਲਾ ਦੇ ਪਿੰਡਾਂ ਦੇ ਖਪਤਕਾਰਾਂ ਨੇ ਅੱਜ ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ 'ਤੇ ਐਸ ਡੀ ਓ ਪਾਵਰਕੌਮ ਦਫ਼ਤਰ ਮੱਲਾਂ ਵਾਲਾ ਸਮਾਰਟ ਮੀਟਰ ਉਤਾਰ ਕੇ ਜ਼ੋਨ ਆਗੂ ਮੱਸਾ ਸਿੰਘ ਆਸਫ਼ ਵਾਲਾ, ਗੁਰਮੁੱਖ ਸਿੰਘ ਕਾਮਲ ਵਾਲਾ ਦੀ ਅਗਵਾਈ ਵਿੱਚ ਜਮਾਂ ਕਰਵਾਏ। ਇਸ ਮੌਕੇ ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਜ਼ਿਲ੍ਹਾ ਸਕੱਤਰ ਡਾ. ਗੁਰਮੇਲ ਸਿੰਘ ਫੱਤੇਵਾਲਾ ਨੇ ਦੱਸਿਆ ਕਿ ਜੋ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਅੱਜ ਦੂਜੀ ਵਾਰ ਸੱਦਾ ਦਿੱਤਾ ਗਿਆ ਸੀ ਕਿ ਪੂਰੇ ਪੰਜਾਬ ਦੇ ਵਿੱਚ ਜਿੰਨੇ ਵੀ ਸਮਾਰਟ ਮੀਟਰ ਖਪਤਕਾਰਾਂ ਦੇ ਘਰਾਂ ਦੇ ਵਿੱਚ ਲਾਏ ਗਏ ਹਨ, ਉਹ ਖਪਤਕਾਰ ਵੱਧ ਤੋਂ ਵੱਧ ਆਪੋ ਆਪਣੇ ਮੀਟਰ ਉਤਾਰ ਕੇ ਉਹ ਬਿਜਲੀ ਘਰਾਂ ਦੇ ਵਿੱਚ ਜਮਾ ਕਰਾਉਣ, ਉਸ ਤਹਿਤ ਜਿੱਥੇ ਪੂਰੇ ਪੰਜਾਬ ਦੇ ਵਿੱਚ ਇਹ ਮੁਹਿੰਮ ਚੱਲ ਰਹੀ ਹੈ। ਉੱਥੇ ਹੀ ਅੱਜ ਐਸ ਡੀ ਓ ਪਾਵਰਕੌਮ ਮੱਲਾਂ ਵਾਲਾ ਦੀ ਗੈਰ ਮੌਜੂਦਗੀ ਵਿੱਚ ਦਫ਼ਤਰ ਕਲਰਕ ਸਿਮਰਨਜੀਤ ਸਿੰਘ ਨੂੰ ਖਪਤਕਾਰਾਂ ਵੱਲੋਂ ਸਮਾਰਟ ਮੀਟਰ ਜਮ੍ਹਾ ਕਰਵਾਏ ਗਏ ਹਨ ਤੇ ਜੋ ਬਿਜਲੀ ਸੋਧ ਬਿਲ 2025 ਕੇਂਦਰ ਸਰਕਾਰ ਵੱਲੋਂ ਲਿਆਂਦਾ ਜਾ ਰਿਹਾ ਹੈ, ਉਸ ਦਾ ਵਿਰੋਧ ਕੀਤਾ ਗਿਆ ਹੈ।



ਆਗੂਆਂ ਨੇ ਕਿਹਾ ਕਿ ਨਿੱਜੀਕਰਨ ਦੀਆਂ ਨੀਤੀਆਂ ਤਹਿਤ ਸਮਾਰਟ ਮੀਟਰ ਲਾਏ ਜਾ ਰਹੇ ਹਨ, ਇਹ ਸਾਨੂੰ ਮਨਜ਼ੂਰ ਨਹੀਂ ਜੋ ਪਹਿਲਾਂ ਗਰਾਰੀ ਵਾਲੇ ਕਾਲੇ ਮੀਟਰ ਲਾਏ ਜਾਂਦੇ ਸਨ, ਉਹ ਮੀਟਰ ਹੀ ਲਾਏ ਜਾਣ, ਬਿਜਲੀ ਸੋਧ ਬਿੱਲ ਨੂੰ ਰੱਦ ਕੀਤਾ ਜਾਵੇ। ਆਗੂਆਂ ਨੇ ਕਿਹਾ ਕਿ ਜੇਕਰ ਬਿਜਲੀ ਸੋਧ ਬਿੱਲ ਲਾਗੂ ਹੁੰਦਾ ਹੈ ਤਾਂ ਖਪਤਕਾਰਾਂ ਦੀ ਜੇਬ ਦੇ ਉੱਤੇ ਬਹੁਤ ਵੱਡਾ ਡਾਕਾ ਵੱਜੇਗਾ, ਕਿਉਂਕਿ ਜਿੱਥੇ ਬਿਜਲੀ ਪੈਦਾ ਕਰਨ ਦੇ ਅਧਿਕਾਰ ਨਿੱਜੀ ਕੰਪਨੀਆਂ ਕੋਲ ਪਿਛਲੀਆਂ ਸਰਕਾਰਾਂ ਨੇ ਦਿੱਤੇ ਹਨ ਉੱਥੇ ਹੀ ਬਿਜਲੀ ਵੇਚਣ ਦੇ ਅਧਿਕਾਰ ਇਸ ਬਿੱਲ ਦੇ ਰਾਹੀਂ ਪੂਰਨ ਤੌਰ 'ਤੇ ਪ੍ਰਾਈਵੇਟ ਘਰਾਣਿਆਂ ਕੋਲ ਚਲੇ ਜਾਣਗੇ, ਉਹ ਮਨ ਮਰਜ਼ੀ ਦੇ ਰੇਟਾਂ 'ਤੇ ਬਿਜਲੀ ਮੁਹੱਈਆ ਕਰਾਉਣਗੇ ਤੇ ਸਮਾਰਟ ਮੀਟਰਾਂ ਵਿੱਚ ਸਿਮ ਹੋਣ ਕਰਕੇ, ਉਹਨਾਂ ਵਿੱਚ ਖਪਤਕਾਰਾਂ ਨੂੰ ਪਹਿਲਾਂ ਰੀਚਾਰਜ ਕਰਾਉਣਾ ਪਵੇਗਾ ਫੇਰ ਬਿਜਲੀ ਚੱਲੇਗੀ। 5 ਫਰਵਰੀ ਨੂੰ ਹਲਕਾ ਵਿਧਾਇਕ ਤੇ ਮੰਤਰੀਆਂ ਦੇ ਘਰਾਂ ਅੱਗੇ ਕਿਸਾਨ ਮਜ਼ਦੂਰ ਮੋਰਚੇ ਵਿਚ ਸ਼ਾਮਲ ਜਥੇਬੰਦੀਆਂ ਵੱਲੋਂ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈਕੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਇਸ ਮੌਕੇ ਮੱਸਾ ਸਿੰਘ ਆਸਫ਼ ਵਾਲਾ, ਟਹਿਲ ਸਿੰਘ ਕਾਮਲ, ਮੇਹਰ ਸਿੰਘ ਸੁਨਾਵਾਂ, ਗੁਰਪ੍ਰੀਤ ਸਿੰਘ ਗੁਰਦਿੱਤੀ ਵਾਲਾ, ਮਾਨ ਸਿੰਘ ਆਦਿ ਆਗੂ ਤੇ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਹਾਜ਼ਰ ਸਨ।

# ਨੈਸ਼ਨਲ ਹਾਈਵੇ ਦੇ ਖ਼ਿਲਾਫ਼ ਦਿੱਤਾ ਇਲਾਕਾ ਨਿਵਾਸੀਆਂ ਨੇ ਰੋਸ ਧਰਨਾ

**☛ਇਲਾਕਾ ਨਿਵਾਸੀਆਂ ਦੀ ਜਾਇਜ਼ ਮੰਗ ਲਈ ਹਰ ਸੰਘਰਸ਼ ਕਰਨ ਨੂੰ ਤਿਆਰ: ਵਿਧਾਇਕ ਰਾਏ**

ਸ੍ਰੀ ਫਤਹਿਗੜ੍ਹ ਸਾਹਿਬ, 23 ਜਨਵਰੀ (ਨਰਿੰਦਰ ਸਿੰਘ): ਪਿੰਡ ਰਾਮਪੁਰ ਵਿਖੇ ਇਲਾਕਾ ਨਿਵਾਸੀਆਂ ਦੇ ਵੱਲੋਂ ਨਵੇਂ ਨੈਸ਼ਨਲ ਹਾਈਵੇ 205-ਏ ਦੇ ਉੱਤੇ ਲਗਾਏ ਗਏ ਰੋਸ ਧਰਨੇ ਦੇ ਸਮਰਥਨ ਵਿੱਚ ਵਿਧਾਇਕ ਲਖਬੀਰ ਸਿੰਘ ਰਾਏ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਲਾਕਾ ਨਿਵਾਸੀਆਂ ਦੀ ਜਾਇਜ਼ ਮੰਗ ਨੂੰ ਨੈਸ਼ਨਲ ਹਾਈਵੇ ਵੱਲੋਂ ਪੂਰਾ ਕੀਤਾ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਡਿਪਟੀ ਕਮਿਸ਼ਨਰ ਫਤਿਹਗੜ੍ਹ ਸਾਹਿਬ ਵੱਲੋਂ ਸਬੰਧਤ ਵਿਭਾਗ ਨੂੰ ਲਿਖਿਆ ਜਾ ਚੁੱਕਿਆ ਹੈ, ਪ੍ਰੰਤੂ ਨੈਸ਼ਨਲ ਹਾਈਵੇ ਵੱਲੋਂ ਹਾਲੇ ਵੀ ਟਾਲ ਮਟੋਲ ਦੀ ਨੀਤੀ ਅਪਣਾਈ ਜਾ ਰਹੀ ਹੈ, ਜਿਸ ਕਾਰਨ ਰਾਮਪੁਰ ਵਿਖੇ ਇਲਾਕਾ ਨਿਵਾਸੀਆਂ ਦੇ ਵੱਲੋਂ ਪਿਛਲੇ ਕਈ ਦਿਨਾਂ ਤੋਂ ਰੋਸ ਧਰਨਾ ਦਿੱਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਹਨਾਂ ਦੀ ਜਾਇਜ਼ ਮੰਗ ਨੂੰ ਪ੍ਰਵਾਨ ਕੀਤਾ ਜਾਣਾ ਚਾਹੀਦਾ ਹੈ। ਜੇਕਰ ਨੈਸ਼ਨਲ ਹਾਈਵੇ ਵੱਲੋਂ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਉਹ ਇਲਾਕਾ ਨਿਵਾਸੀਆਂ ਦੇ ਹੱਕ ਵਿੱਚ ਹਰ ਤਰ੍ਹਾਂ ਦਾ ਸੰਘਰਸ਼ ਕਰਨ ਨੂੰ ਤਿਆਰ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਤਰ੍ਹਾਂ ਦੇ ਇੱਕ ਦੋ ਮਸਲੇ ਹੋਰ ਵੀ ਨੈਸ਼ਨਲ ਹਾਈਵੇ ਵੱਲੋਂ ਹੱਲ ਕੀਤੇ ਜਾ ਚੁੱਕੇ ਹਨ, ਇਸ ਲਈ ਉਨ੍ਹਾਂ ਨੂੰ ਉਕਤ ਮਸਲੇ ਨੂੰ ਹੱਲ ਕਰਨ ਦੇ ਲਈ ਇਲਾਕਾ ਨਿਵਾਸੀਆਂ ਨੂੰ ਭਰੋਸੇ ਵਿੱਚ ਲੈਣਾ ਚਾਹੀਦਾ ਹੈ ਅਤੇ ਉਨ੍ਹਾਂ ਦੀ ਜਾਇਜ਼ ਮੰਗ ਨੂੰ ਪ੍ਰਵਾਨ ਕਰਨਾ ਚਾਹੀਦਾ ਹੈ। ਵਿਧਾਇਕ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦਾ ਪੰਜਾਬ ਪ੍ਰਤੀ ਰਵੱਈਆ ਸਕਾਰਾਤਮਿਕ ਨਹੀਂ ਹੈ, ਹਮੇਸ਼ਾ ਹੀ ਪੰਜਾਬ ਦੇ ਲੋਕਾਂ ਨੂੰ ਆਪਣੀਆਂ ਮੰਗਾਂ ਮੰਗਵਾਉਣ ਲਈ ਸੰਘਰਸ਼ ਦਾ ਰਾਹ ਅਪਣਾਉਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਲੰਮੇ ਅਰਸੇ ਤੋਂ ਅਜਿਹਾ ਦੌਰ ਚੱਲਿਆ ਆ ਰਿਹਾ ਹੈ, ਇਸ ਲਈ ਪੰਜਾਬ ਦੇ ਲੋਕਾਂ ਨੂੰ ਸਮਝ ਜਾਣਾ ਚਾਹੀਦਾ ਹੈ ਕਿ ਕੇਂਦਰ ਦੇ ਵਿੱਚ ਬੈਠੀ ਭਾਰਤੀ ਜਨਤਾ ਪਾਰਟੀ ਦੀ ਨਰਿੰਦਰ ਮੋਦੀ ਸਰਕਾਰ ਪੰਜਾਬ ਹਿਤੈਸ਼ੀ ਨਹੀਂ ਹੋ ਸਕਦੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰਿੰਦਰ ਸਿੰਘ ਮੰਡੋਫਲ ਮੈਂਬਰ ਜ਼ਿਲ੍ਹਾ ਪਰਿਸ਼ਦ, ਰਮੇਸ਼ ਕੁਮਾਰ ਸੋਨੂੰ, ਐਡਵੋਕੇਟ ਰਾਹੁਲ ਸ਼ਰਮਾ, ਬਿੱਕਰ ਸਿੰਘ ਰਜਿੰਦਰਗੜ੍ਹ, ਸਰਪੰਚ ਦਵਿੰਦਰ ਸਿੰਘ ਨੰਬਰਦਾਰ, ਕਰਮ ਸਿੰਘ, ਗੁਰਜੀਤ ਸਿੰਘ, ਜਗਨਨਾਥ, ਪਰਮਜੀਤ ਕੌਰ, ਸੁਖਜੀਤ ਕੌਰ, ਗੁਰਪ੍ਰੀਤ ਸਿੰਘ ਲਾਡੀ, ਸੁਖਵਿੰਦਰ ਸਿੰਘ ਵਿੱਕੀ (ਸਾਰੇ ਪੰਚ), ਜਸਵਿੰਦਰ ਸਿੰਘ, ਗੁਰਪਿੰਦਰ ਸਿੰਘ, ਪਰਮਿੰਦਰ ਸਿੰਘ, ਸਤਵਿੰਦਰ ਸਿੰਘ, ਸਤਵਿੰਦਰ ਸਿੰਘ ਸੱਤੀ, ਸੁਖਵਿੰਦਰ ਸਿੰਘ ਸੁੱਖਾ, ਗਗਨਦੀਪ ਸਿੰਘ ਗੋਰਖਾ, ਕੁਲਦੀਪ ਸਿੰਘ, ਕੁਲਵੀਰ ਸਿੰਘ ਹਾਜ਼ਰ ਸਨ।



# ਵਿਧਾਇਕ ਭੁੱਲਰ ਨੇ ਕੀਤਾ ਪ੍ਰਾਇਮਰੀ ਸਕੂਲ ਸ਼ਾਹਦੀਨ ਵਾਲਾ ਵਿਖੇ ਆਡੀਟੋਰੀਅਮ ਹਾਲ ਦਾ ਉਦਘਾਟਨ



ਫ਼ਿਰੋਜ਼ਪੁਰ, 23 ਜਨਵਰੀ (ਤਿਵਾੜੀ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਪੰਜਾਬ ਸਰਕਾਰ ਸਿਹਤ ਤੇ ਸਿੱਖਿਆ ਨੂੰ ਲੈ ਕੇ ਬਹੁਤ ਸੰਜੀਦਗੀ ਨਾਲ ਕੰਮ ਕਰ ਰਹੀ ਹੈ। ਸਰਕਾਰੀ ਸਕੂਲਾਂ ਨੂੰ ਲੱਖਾਂ ਰੁਪਏ ਦੀਆਂ ਗ੍ਰਾਂਟਾਂ ਜਾਰੀ ਕਰ ਸਕੂਲਾਂ ਦੀ ਨੁਹਾਰ ਬਦਲ ਦਿੱਤੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਪਿੰਡ ਸ਼ਾਹਦੀਨ ਵਾਲਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਜ਼ਿਲ੍ਹੇ ਦੇ ਪਹਿਲੇ ਨਵੇਂ ਬਣੇ ਆਡੀਟੋਰੀਅਮ ਹਾਲ ਦਾ ਉਦਘਾਟਨ ਕਰਨ ਮੌਕੇ ਸੰਬੋਧਨ ਕਰਦਿਆਂ ਕਹੇ। ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਹਰ ਸਕੂਲ ਨੂੰ ਜ਼ਰੂਰੀ ਬੁਨਿਆਦੀ ਸਹੂਲਤਾਂ ਨਾਲ ਲੈਸ ਕੀਤਾ ਹੈ ਤੇ ਹੁਣ ਸਿਹਤ ਦੇ ਖੇਤਰ 'ਚ ਨਵਾਂ ਕੀਰਤੀਮਾਨ ਸਥਾਪਤ ਕਰਦਿਆਂ ਹਰ ਵਿਅਕਤੀ ਦਾ 10 ਲੱਖ ਦਾ ਸਿਹਤ ਬੀਮਾ ਕਰਨ ਦੀ ਸ਼ੁਰੂਆਤ ਕੀਤੀ ਹੈ। ਇਸ ਤੋਂ ਪਹਿਲਾਂ ਸਕੂਲ ਮੁਖੀ ਸੁਖਵਿੰਦਰ ਕੌਰ ਨੇ ਵਿਧਾਇਕ ਭੁੱਲਰ ਨੂੰ ਜੀ ਆਇਆਂ ਕਹਿੰਦਿਆਂ ਸਕੂਲ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ। ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸਤੀਏ ਵਾਲਾ ਦਲਜੀਤ ਕੌਰ ਨੇ ਸੂਬਾ ਸਰਕਾਰ ਤੇ ਵਿਧਾਇਕ ਭੁੱਲਰ ਵੱਲੋਂ ਸਕੂਲਾਂ ਦੀ ਬਿਹਤਰੀ ਲਈ ਕੀਤੇ ਜਾ ਰਹੇ ਯਤਨਾਂ ਦੀ ਸਰਾਹਨਾ ਕੀਤੀ। ਮਾਸਟਰ ਸੁਰਿੰਦਰ ਸਿੰਘ ਗਿੱਲ ਵੱਲੋਂ ਵਿਧਾਇਕ ਭੁੱਲਰ ਤੇ ਸਮੂਹ ਹਾਜ਼ਰੀਨ ਦਾ ਸਕੂਲ ਪਹੁੰਚਣ 'ਤੇ ਧੰਨਵਾਦ ਕੀਤਾ ਤੇ ਸਕੂਲ ਸਟਾਫ਼ ਵੱਲੋਂ ਵਿਧਾਇਕ ਭੁੱਲਰ ਦੇ ਨਾਲ਼ ਪ੍ਰਿੰਸੀਪਲ ਸਸਸਸ ਲੂੰਬੜੀ ਵਾਲਾ ਨੀਲਮ ਧਵਨ, ਬਲਾਕ ਦੇ ਸਮੂਹ ਸੈਂਟਰ ਹੈੱਡ ਟੀਚਰਜ਼ ਨੂੰ ਸਨਮਾਨ ਚਿੰਨ ਦੇ ਸਨਮਾਨਿਤ ਕੀਤਾ। ਇਸ ਮੌਕੇ ਸੈਂਟਰ ਹੈੱਡ ਟੀਚਰ ਹਰਬੰਸ ਕੌਰ, ਸਟੇਟ ਰਿਸੋਰਸ ਪਰਸਨ ਮਹਿੰਦਰ ਸਿੰਘ ਸ਼ੈਲੀ, ਜ਼ਿਲ੍ਹਾ ਕੋਆਰਡੀਨੇਟਰ ਸੁਭਾਸ਼, ਜ਼ਿਲ੍ਹਾ ਕੋਆਰਡੀਨੇਟਰ ਸਮਾਰਟ ਸਕੂਲ ਜਸਵੰਤ ਸਿੰਘ ਸੈਣੀ ਅਤੇ ਤਲਵਿੰਦਰ ਸਿੰਘ ਖਾਲਸਾ, ਬਲਾਕ ਰਿਸੋਰਸ ਪਰਸਨ ਹਰੀਸ਼ ਕੁਮਾਰ ਬਾਂਸਲ, ਸ਼ਾਮ ਸੁੰਦਰ, ਜਸਵਿੰਦਰ ਕੌਰ, ਇੰਦਰਜੀਤ ਸਿੰਘ ਖਾਲਸਾ, ਸਕੂਲ ਮੁਖੀ ਸੁਖਵਿੰਦਰ ਕੌਰ, ਪੂਨਮ ਜੋਸ਼ਨ, ਮਨਪ੍ਰੀਤ ਕੌਰ, ਰਣਜੀਤ ਕੌਰ, ਗੁਰਮੀਤ ਕੌਰ ਤੇ ਗ੍ਰਾਮ ਪੰਚਾਇਤ ਸ਼ਾਹਦੀਨ ਵਾਲਾ ਤੇ ਨਗਰ ਦੇ ਪਤਵੰਤੇ ਹਾਜ਼ਰ ਸਨ।

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਨਾਲ ਪੰਜਾਬ ਦੇ ਹਰ ਪਰਿਵਾਰ ਨੂੰ ਮਿਲੇਗਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ: ਰਣਬੀਰ ਸਿੰਘ ਭੁੱਲਰ



ਫ਼ਿਰੋਜ਼ਪੁਰ, 23 ਜਨਵਰੀ (ਤਿਵਾੜੀ): ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਦੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਸਿਹਤ ਖੇਤਰ 'ਚ ਵੱਡੀ ਯੋਜਨਾ 'ਮੁੱਖ ਮੰਤਰੀ ਸਿਹਤ ਯੋਜਨਾ' ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਸ. ਰਣਬੀਰ ਸਿੰਘ ਭੁੱਲਰ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਾਂਚ ਕੀਤੀ ਗਈ ਹੈ, ਜਿਸ ਅਧੀਨ ਰਾਜ ਦੇ ਹਰ ਪਰਿਵਾਰ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਜਾਵੇਗਾ। ਇਸ ਯੋਜਨਾ ਵਿੱਚ ਕਿਸੇ ਵੀ ਤਰ੍ਹਾਂ ਦੀ ਆਮਦਨ ਜਾਂ ਉਮਰ ਦੀ ਕੋਈ ਸ਼ਰਤ ਨਹੀਂ ਰੱਖੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦੀ ਰਸਮੀ ਸ਼ੁਰੂਆਤ ਫ਼ਿਰੋਜ਼ਪੁਰ ਤੋਂ ਵੀ ਕਰ ਦਿੱਤੀ ਗਈ ਹੈ। ਸ. ਭੁੱਲਰ ਨੇ ਕਿਹਾ ਕਿ ਇਸ ਯੋਜਨਾ ਤਹਿਤ ਕ੍ਰਿਟੀਕਲ ਕੇਅਰ, ਕੀਮੋਥੈਰੇਪੀ, ਡਲਿਵਰੀ, ਐਡਵਾਂਸ ਸਰਜਰੀਆਂ ਸਮੇਤ ਸਾਰੇ ਟੈਸਟ, ਦਵਾਈਆਂ ਅਤੇ ਸਰਜਰੀਆਂ ਦਾ ਪੂਰਾ ਖਰਚ ਸਰਕਾਰ ਵੱਲੋਂ ਉਠਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਅਧੀਨ ਪੂਰਾ ਪਰਿਵਾਰ ਕਵਰ ਕੀਤਾ ਜਾਵੇਗਾ। ਵਿਧਾਇਕ ਨੇ ਦੱਸਿਆ ਕਿ ਯੋਜਨਾ ਅਧੀਨ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ਦੇ ਨਾਲ-ਨਾਲ 600 ਤੋਂ ਵੱਧ ਪ੍ਰਾਈਵੇਟ ਹਸਪਤਾਲ ਵੀ ਸ਼ਾਮਲ ਕੀਤੇ ਗਏ ਹਨ ਅਤੇ ਚੰਡੀਗੜ੍ਹ ਦੇ ਹਸਪਤਾਲਾਂ ਵਿੱਚ ਵੀ ਇਸ ਸਕੀਮ ਦਾ ਲਾਭ ਮਿਲੇਗਾ। ਹਸਪਤਾਲਾਂ ਨੂੰ 15 ਦਿਨਾਂ ਦੇ ਅੰਦਰ ਭੁਗਤਾਨ ਕਰਨ ਦੀ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਰਜਿਸਟ੍ਰੇਸ਼ਨ ਲਈ ਪੰਜਾਬ ਦਾ ਆਧਾਰ ਕਾਰਡ ਅਤੇ ਵੋਟਰ ਕਾਰਡ ਲਾਜ਼ਮੀ ਹੋਵੇਗਾ ਅਤੇ ਰਾਜ ਭਰ ਵਿੱਚ 9 ਹਜ਼ਾਰ ਤੋਂ ਵੱਧ ਸੇਵਾ ਕੇਂਦਰਾਂ 'ਤੇ ਕਾਰਡ ਬਣਾਏ ਜਾਣਗੇ। ਯੂਥ ਕਲੱਬਾਂ ਦੇ ਮੈਂਬਰ ਘਰ-ਘਰ ਜਾ ਕੇ ਲੋਕਾਂ ਨੂੰ ਇਸ ਯੋਜਨਾ ਬਾਰੇ ਜਾਗਰੂਕ ਕਰਨਗੇ। ਸ. ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਪੰਜਾਬ ਸਰਕਾਰ ਦਾ ਇਤਿਹਾਸਕ ਕਦਮ ਹੈ, ਜਿਸ ਨਾਲ ਕੋਈ ਵੀ ਪੰਜਾਬੀ ਇਲਾਜ ਦੀ ਕਮੀ ਕਾਰਨ ਆਪਣੀ ਜਾਨ ਨਹੀਂ ਗੁਆਏਗਾ।

# 2025 ਦੌਰਾਨ ਸੀ-ਪਾਈਟ ਕੈਂਪ ਦਾ ਨੌਜਵਾਨਾਂ ਨੂੰ ਰੁਜ਼ਗਾਰ ਦੇਣ 'ਚ ਰਿਹਾ ਅਹਿਮ ਯੋਗਦਾਨ: ਡੀ.ਸੀ.

ਫਿਰੋਜ਼ਪੁਰ, 23 ਜਨਵਰੀ (ਤਿਵਾੜੀ): ਸਿਖਲਾਈ ਤੇ ਰੁਜ਼ਗਾਰ ਕੇਂਦਰ ਸੀ-ਪਾਈਟ ਹਰ ਸਮੇਂ ਨੌਜਵਾਨਾਂ ਦੇ ਭਵਿੱਖ ਲਈ ਅੱਗੇ ਵੱਧ ਕੇ ਕੰਮ ਕਰ ਰਿਹਾ ਹੈ। ਇਹ ਅਦਾਰਾ ਸੂਬਾ ਸਰਕਾਰ ਦੇ ਉਪਰਾਲੇ ਨਾਲ ਪੰਜਾਬ ਦੇ ਨੌਜਵਾਨਾਂ ਨੂੰ ਰੋਜ਼ਗਾਰ ਤੇ ਸਵੈ ਰੁਜ਼ਗਾਰ ਦੇ ਕਾਬਿਲ ਬਣਾਉਣ ਲਈ ਜਿੱਥੇ ਮੋਹਰੀ ਬਣ ਕੇ ਕੰਮ ਕਰ ਰਿਹਾ ਹੈ ਉਥੇ ਹੀ ਜ਼ਿਲ੍ਹੇ ਅਧੀਨ ਪੈਂਦੇ ਪਿੰਡ ਹਕੂਮਤ ਸਿੰਘ ਵਾਲਾ ਵਿਖੇ ਚੱਲ ਰਿਹਾ ਸਿਖਲਾਈ ਤੇ ਰੁਜ਼ਗਾਰ ਕੇਂਦਰ ਜ਼ਿਲ੍ਹੇ ਦੇ ਨੌਜਵਾਨ ਲਈ ਵਰਦਾਨ ਸਾਬਿਤ ਹੋ ਰਿਹਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਦੀਪਸਿਖਾ ਸ਼ਰਮਾ ਨੇ ਦਿੱਤੀ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਕੈਂਪ ਟ੍ਰੇਨਿੰਗ ਅਫਸਰ ਕੈਪਟਨ ਗੁਰਦਰਸ਼ਨ ਸਿੰਘ ਨੇ ਦੱਸਿਆ ਕਿ ਸਾਲ 2025-26 ਦੌਰਾਨ 1110 ਨੌਜਵਾਨਾਂ ਨੂੰ ਇਥੇ ਸਿਖਲਾਈ ਦਿੱਤੀ ਗਈ। ਜਿਸ ਵਿੱਚ 438 ਨੌਜਵਾਨਾਂ ਨੂੰ ਰੁਜ਼ਗਾਰ ਪ੍ਰਾਪਤ ਹੋਇਆ ਹੈ। ਜਿਹਨਾਂ ਵਿੱਚ 223 ਆਰਮੀ ਅਗਨੀਵੀਰ ਭਰਤੀ, ਪੰਜਾਬ ਪੁਲਿਸ ਵਿੱਚ 6, ਪੈਰਾ ਮਿਲਟਰੀ ਫੋਰਸ ਵਿੱਚ 9, ਸਰਕਾਰੀ ਨੌਕਰੀ ਦੇ ਵਿੱਚ 04, ਪ੍ਰਾਈਵੇਟ ਨੌਕਰੀਆਂ ਦੇ ਵਿੱਚ 37 ਅਤੇ ਸਵੈ ਰੁਜ਼ਗਾਰ 08 ਸ਼ਾਮਿਲ ਹਨ। ਇਸ ਤੋਂ ਇਲਾਵਾ 150 ਯੁਵਕਾਂ ਨੂੰ ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ ਅਧੀਨ ਪੰਜਾਬ ਸਰਕਾਰ ਵੱਲੋਂ ਪਰੋਟਾ ਟੈਕ ਕੰਪਨੀ ਪ੍ਰਾਈਵੇਟ ਲਿਮਟਿਡ ਨਾਲ ਤਾਲਮੇਲ ਕਰਕੇ ਪੰਜਾਬ ਦੇ ਨੌਜਵਾਨਾਂ ਨੂੰ ਸਿਕਿਉਰਟੀ ਗਾਰਡ ਦਾ ਕੋਰਸ ਕਰਵਾਇਆ ਗਿਆ, ਜਿਸ ਵਿੱਚ ਵਧੇਰੇ ਨੌਜਵਾਨਾਂ ਨੂੰ ਪੈਸਕੋ ਅਤੇ ਪੰਜਾਬ ਦੇ ਵੱਖ-ਵੱਖ ਅਦਾਰਿਆਂ ਵਿੱਚ ਰੁਜ਼ਗਾਰ ਮਿਲਿਆ। ਇਸ ਤੋਂ ਇਲਾਵਾ ਨੌਜਵਾਨਾਂ ਦੇ ਸੈਲਫ ਡਿਸਿਪਲਨ, ਪਰਸਨੈਲਟੀ ਡਿਵੈਲਪਮੈਂਟ ਤੇ ਕਮਨੀਕੇਸ਼ਨ ਸਕਿੱਲ ਵਿੱਚ ਵੀ ਵਾਧਾ ਕੀਤਾ ਜਾਂਦਾ ਹੈ।



# ਵਿਧਾਇਕ ਟੌਂਗ ਦੇ ਖ਼ਾਸਮ-ਖਾਸ ਅਕਾਲੀ ਦਲ ਵਾਰਿਸ ਪੰਜਾਬ 'ਚ ਸ਼ਾਮਲ

ਰਈਆ, 23 ਜਨਵਰੀ (ਰਾਕੇਸ਼ ਸਲਵਾਨ): ਹਲਕਾ ਬਾਬਾ ਬਕਾਲਾ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਿਆ, ਜਦੋਂ ਬਾਬਾ ਬਕਾਲਾ ਤੋਂ ਵਿਧਾਇਕ ਦਲਬੀਰ ਸਿੰਘ ਟੌਂਗ ਦੇ ਖ਼ਾਸਮ-ਖਾਸ ਅਤੇ ਪ੍ਰਮੁੱਖ ਆਗੂ ਭਾਈ ਅਮਰਜੀਤ ਸਿੰਘ ਕਾਲੇਕੇ ਆਪਣੇ ਸੈਂਕੜੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਦੀਆਂ ਲੋਕ ਵਿਰੋਧੀ, ਝੂਠੇ ਵਾਅਦਿਆਂ ਅਤੇ ਪੰਜਾਬ ਤੇ ਪੰਥ ਵਿਰੋਧੀ ਨੀਤੀਆਂ ਤੋਂ ਤੰਗ ਆ ਕੇ ਮੁੱਖ ਦਫ਼ਤਰ ਵਿਖੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਪਿਤਾ ਬਾਪੂ ਤਰਸੇਮ ਸਿੰਘ ਜੀ ਅਤੇ ਬਾਬਾ ਬਕਾਲਾ ਤੋਂ ਹਲਕਾ ਇੰਚਾਰਜ ਭਾਈ ਸਰਬਜੀਤ ਸਿੰਘ ਖ਼ਾਨਪੁਰ ਦੀ ਅਗਵਾਈ ਵਿੱਚ ਭਾਈ ਸਰਬਜੀਤ ਸਿੰਘ ਖ਼ਡੂਰ ਸਾਹਿਬ, ਬਾਪੂ ਜਗੀਰ ਸਿੰਘ ਜੀ ਸੰਗਰਕੋਟ ਅਤੇ ਭਾਈ ਰਜਿੰਦਰ ਸਿੰਘ ਜੀ ਹੀਰਾ ਖ਼ਡੂਰ ਸਾਹਿਬ ਦੀ ਪ੍ਰੇਰਨਾ ਸਦਕਾ



ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋ ਗਏ। ਇਸ ਸਮੇਂ ਅਕਾਲੀ ਦਲ ਦਲ ਵਾਰਿਸ ਪੰਜਾਬ ਦੇ ਮੁੱਖ ਆਗੂਆਂ ਵਿੱਚੋਂ ਚਾਚਾ ਪ੍ਰਗਟ ਸਿੰਘ ਜੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਨਵਤੇਜ ਸਿੰਘ ਛੱਜਲਵੱਡੀ, ਭਾਈ ਪਵਿੱਤਰਜੀਤ ਸਿੰਘ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਜੋਧਬੀਰ ਸਿੰਘ ਜੱਲੂਪੁਰ, ਜਗਦੀਪ ਸਿੰਘ ਨਾਗੋਕੇ, ਭਾਈ ਦਲਜੀਤ ਸਿੰਘ ਮਿਆਦੀਆਂ, ਜਰਮਨਜੀਤ ਸਿੰਘ ਸਰਾਂ, ਗੁਰਜੀਤ ਸਿੰਘ ਭਲੋਜਲਾ, ਸੂਬੇਦਾਰ ਬਲਕਾਰ ਸਿੰਘ, ਪਲਵਿੰਦਰ ਸਿੰਘ ਸੱਕਿਆਂਵਾਲੀ, ਕੈਪਟਨ ਗੁਰਮੁੱਖ ਸਿੰਘ ਸੁਧਾਰ, ਸੁਖਵੰਤ ਸਿੰਘ ਜਲਾਲਾਬਾਦ, ਭਾਈ ਸਤਨਾਮ ਸਿੰਘ ਮੀਆਂਵਿੰਡ, ਭਾਈ ਸਤਨਾਮ ਸਿੰਘ ਜੱਲੂਪੁਰ, ਭਾਈ ਦਯਾ ਸਿੰਘ ਜੀ, ਭਾਈ ਗੁਰਦਰਸ਼ਨ ਸਿੰਘ, ਮਹਿੰਦਰਪਾਲ ਸਿੰਘ ਤੁੰਗ ਅਤੇ ਬਾਬਾ ਹਰਜੀਤ ਸਿੰਘ ਅਲੋਵਾਲ ਮੌਜੂਦ ਸਨ। ਇਸ ਮੌਕੇ ਭਾਈ ਅਮਰਜੀਤ ਸਿੰਘ ਕਾਲੇਕੇ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੀ ਜਨਤਾ ਨੂੰ ਸਿਰਫ਼ ਝੂਠੇ ਸੁਪਨੇ ਵਿਖਾਏ ਹਨ ਅਤੇ ਪੰਥ ਤੇ ਪੰਜਾਬ ਪ੍ਰਤੀ ਬਣਦੇ ਸਾਰੇ ਫ਼ਰਜ਼ਾਂ ਨੂੰ ਦਰਕਿਨਾਰ ਕੀਤਾ ਹੈ, ਜਦਕਿ ਜ਼ਮੀਨੀ ਹਕੀਕਤ ਵਿੱਚ ਲੋਕ ਮਹਿੰਗਾਈ, ਬੇਰੁਜ਼ਗਾਰੀ, ਨਸ਼ਿਆਂ ਅਤੇ ਬੇਇਨਸਾਫ਼ੀ ਨਾਲ ਜੂਝ ਰਹੇ ਹਨ। ਇਸ ਸਮੇਂ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋਏ ਆਮ ਆਦਮੀ ਪਾਰਟੀ ਦੇ ਪ੍ਰਮੁੱਖ ਆਗੂਆਂ ਤੇ ਵਰਕਰਾਂ ਵਿੱਚ ਮੁੱਖ ਤੌਰ 'ਤੇ ਸ੍ਰ. ਹਰਦੇਵ ਸਿੰਘ ਕਾਲੇਕੇ, ਹਰਦੀਪ ਸਿੰਘ ਖਾਲਸਾ, ਸਤਨਾਮ ਸਿੰਘ, ਗੁਰਪਾਲ ਸਿੰਘ, ਪ੍ਰਭਜੋਤ ਸਿੰਘ, ਭੁਪਿੰਦਰ ਸਿੰਘ ਧਾਮੀ, ਅਕਾਸ਼ਦੀਪ ਸਿੰਘ, ਡਾ. ਸੁਖਦੇਵ ਸਿੰਘ ਸੋਨੂੰ, ਭਗਵਾਨ ਸਿੰਘ, ਰਣਜੀਤ ਸਿੰਘ, ਕੁਲਦੀਪ ਸਿੰਘ, ਭੁਪਿੰਦਰ ਸਿੰਘ ਪੱਡੇ, ਨਵਦੀਪ ਸਿੰਘ, ਤੇਜਪਾਲ ਸਿੰਘ, ਮਨਪ੍ਰੀਤ ਸਿੰਘ ਤੇ ਅੰਮ੍ਰਿਪਾਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹੋਰ ਵੀ ਵਰਕਰ ਸ਼ਾਮਲ ਸਨ।

# ਰੂਲਰ ਅਬਜੈਕਟਿਵ ਕਮੇਟੀ ਨੇ ਸੌਂਟੀ 'ਚ ਜਾਗਰੂਕਤਾ ਪ੍ਰੋਗਰਾਮ ਕਰਵਾਇਆ

ਅਮਲੋਹ, 23 ਜਨਵਰੀ (ਜਸਵੰਤ ਸਿੰਘ): ਪੰਜਾਬ ਦੇ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕੇਂਦਰ ਦੀ ਸਰਕਾਰ ਦੁਆਰਾ ਮਨਰੇਗਾ ਮਜ਼ਦੂਰਾਂ ਦੇ ਹੱਕਾਂ ਉੱਪਰ ਮਾਰੇ ਜਾ ਰਹੇ ਕਥਿਤ ਡਾਕੇ ਦੇ ਵਿਰੋਧ ਵਿੱਚ ਬਲਾਕ ਅਮਲੋਹ ਦੀ ਰੂਲਰ ਅਬਜੈਕਟਿਵ ਕਮੇਟੀ ਵੱਲੋਂ ਪਿੰਡ ਸੌਂਟੀ ਵਿਖੇ 'ਮਨਰੇਗਾ ਮਜ਼ਦੂਰ ਜਾਗਰੂਕਤਾ ਸੈਮੀਨਾਰ' ਕਰਵਾਇਆ ਗਿਆ। ਜਿਸ ਵਿੱਚ ਬੁਲਾਰਿਆਂ ਨੇ ਮਨਰੇਗਾ ਵਰਕਰਾਂ ਨੂੰ ਜਾਣੂੰ ਕਰਵਾਇਆ ਕਿ ਮਨਰੇਗਾ ਸਕੀਮ ਕਾਂਗਰਸ ਪਾਰਟੀ ਦੇ ਮਰਹੂਮ ਪ੍ਰਧਾਨ ਮੰਤਰੀ ਡਾਕਟਰ ਮਨਮੋਹਨ ਸਿੰਘ ਨੇ ਲਿਆਂਦੀ ਸੀ, ਜਿਸ ਦਾ ਨਾਮ ਮਹਾਤਮਾ ਗਾਂਧੀ ਮਨਰੇਗਾ ਯੋਜਨਾ ਰੱਖਿਆ ਗਿਆ। ਇਸ ਵਿੱਚ ਮਨਰੇਗਾ ਮਜ਼ਦੂਰਾਂ ਨੂੰ 100 ਦਿਨਾਂ ਦੇ ਰੁਜ਼ਗਾਰ ਦੀ ਕਾਨੂੰਨੀ ਗਰੰਟੀ ਸੀ ਪ੍ਰੰਤੂ ਕੇਂਦਰ ਦੀ ਸਰਕਾਰ ਨੇ ਵਿਰੋਧੀ ਧਿਰ ਦੀ ਸਲਾਹ ਤੋਂ ਬਗੈਰ ਧੱਕੇ ਨਾਲ ਬਿਲ ਪਾਸ ਕਰਕੇ ਮਨਰੇਗਾ ਦਾ ਸਰੂਪ ਹੀ ਬਦਲ ਦਿੱਤਾ। ਉਨ੍ਹਾਂ ਮਨਰੇਗਾ ਵਰਕਰਾਂ ਨੂੰ ਤਕੜੇ ਹੋ ਕੇ ਕਾਂਗਰਸ ਪਾਰਟੀ ਦਾ ਸਾਥ ਦੇਣ ਦੀ ਅਪੀਲ ਕੀਤੀ। ਇਸ ਮੌਕੇ ਬਲਾਕ ਪ੍ਰਧਾਨ ਜਗਵੀਰ ਸਿੰਘ ਸਲਾਣਾ, ਗੁਰਪ੍ਰੀਤ ਸਿੰਘ ਗਰੇਵਾਲ, ਹਰਪ੍ਰੀਤ ਸਿੰਘ ਗੁਰਧਨਪੁਰ, ਜਗਵਿੰਦਰ ਸਿੰਘ ਰਹਿਲ, ਹਰਜਿੰਦਰ ਸਿੰਘ ਟਿੰਕਾ, ਗੁਰਮੀਤ ਸਿੰਘ ਟਿੱਬੀ, ਗੁਰਚਰਨ ਸਿੰਘ, ਜਗਜੀਤ ਸਿੰਘ, ਹਰਦੀਪ ਸਿੰਘ, ਜੱਗੀ ਵੜੈਚਾਂ, ਸੁਰਿੰਦਰ ਸਿੰਘ ਸੌਂਟੀ, ਜੱਗਾ ਸਿੰਘ ਸਮਸ਼ਪੁਰ, ਜਗਤਾਰ ਸਿੰਘ, ਗੁਰਮੁਖ ਸਿੰਘ ਨਰੈਣਗੜ੍ਹ, ਬਲਵਿੰਦਰ ਸਿੰਘ, ਸ਼ਿਵ ਕੁਮਾਰ ਗਰਗ, ਰਾਕੇਸ਼ ਕੁਮਾਰ ਗੋਗੀ, ਲਾਲ ਚੰਦ ਕਾਲਾ ਤੇ ਮਨਪ੍ਰੀਤ ਸਿੰਘ ਮਿੰਟਾ ਨੇ ਸੰਬੋਧਨ ਕੀਤਾ।



## ਵਿਦਿਆਰਥਣਾਂ ਨੂੰ ਸਰਵ ਪਿੱਤਰੀ ਮੁਕਤੀ ਤੇ ਮਾਨਵ ਕਲਿਆਣ ਸੰਸਥਾ ਵੱਲੋਂ ਆਰਥਿਕ ਸਹਾਇਤਾ



ਮੁਕੇਰੀਆਂ, 23 ਜਨਵਰੀ (ਧਰਮ ਚੰਦ): ਸਰਵ ਪਿੱਤਰੀ ਮੁਕਤੀ ਅਤੇ ਮਾਨਵ ਕਲਿਆਣ ਸੰਸਥਾ (ਰਜਿ.), ਮੁਕੇਰੀਆਂ ਦੇ ਸੰਸਥਾਪਕ ਕੁਮਾਰ ਪੇਂਟਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਇੱਕ ਸਰਾਹੁਣਯੋਗ ਪਹਿਲ ਕਰਦੇ ਹੋਏ ਲੋੜਵੰਦ ਵਿਦਿਆਰਥਣਾਂ ਨੂੰ ਆਰਥਿਕ ਸਹਾਇਤਾ ਪ੍ਰਦਾਨ ਕੀਤੀ ਗਈ। ਇਸ ਮੌਕੇ 'ਤੇ ਜੱਥੇਦਾਰ ਭਾਈ ਕੁਲਦੀਪ ਸਿੰਘ ਚੱਕ ਮੈਮੋਰੀਅਲ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਮੁਕੇਰੀਆਂ ਦੀ ਵਿਦਿਆਰਥਣ ਰਮਨਦੀਪ ਕੌਰ (+1 ਕਾਮਰਸ) ਨੂੰ 15,500 ਤੇ ਦਸਮੇਸ਼ ਗਰਲਜ਼ ਕਾਲਜ, ਚੱਕ ਅੱਲ੍ਹਾ ਬਖ਼ਸ਼, ਮੁਕੇਰੀਆਂ ਦੀ ਵਿਦਿਆਰਥਣ ਅਮਰਜੋਤ (ਬੀ.ਐੱਸਸੀ. ਨਾਨ-ਮੈਡੀਕਲ) ਨੂੰ ਕੁੱਲ 17,020/- ਦੀ ਵਿੱਤੀ ਰਕਮ ਦੇ ਕੇ ਉਸ ਦੀ ਪੜ੍ਹਾਈ ਵਿੱਚ ਸਹਿਯੋਗ ਦਿੱਤਾ ਗਿਆ।ਇਸ ਨੇਕ ਕਾਰਜ ਲਈ ਸ੍ਰੀ ਗੁਰੂ ਗੋਬਿੰਦ ਸਿੰਘ ਐਜੂਕੇਸ਼ਨਲ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਰਵਿੰਦਰ ਸਿੰਘ ਚੱਕ ਅਤੇ ਟਰੱਸਟ ਦੇ ਸਾਰੇ ਕਮੇਟੀ ਮੈਂਬਰਾਂ ਅਤੇ ਪ੍ਰਿੰਸੀਪਲ ਡਾ. ਕਰਮਜੀਤ ਕੌਰ ਨੇ ਸੰਸਥਾ ਦੇ ਸੰਸਥਾਪਕ ਕੁਮਾਰ ਪੇਂਟਰ ਦਾ ਦਿਲੋਂ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਵੀ ਅਜਿਹੇ ਸਮਾਜਸੇਵੀ ਕਾਰਜਾਂ ਦੀ ਸਰਾਹਨਾ ਕੀਤੀ।

## ਪਾਕਿਸਤਾਨ ਤੋਂ ਮੰਗਵਾਈ 2 ਕਿੱਲੋ 537 ਗ੍ਰਾਮ ਹੈਰੋਇਨ ਬ੍ਰਾਮਦ

ਮੱਖੂ, 23 ਜਨਵਰੀ (ਦੀਪਕ ਭਾਰਗੋ): ਨਸ਼ਿਆਂ ਖ਼ਿਲਾਫ਼ ਚੱਲ ਰਹੀ ਸੂਬਾ ਸਰਕਾਰ ਦੀ ਮੁਹਿੰਮ ਤਹਿਤ ਥਾਣਾ ਮੱਖੂ ਪੁਲਿਸ ਨੇ ਇਕ ਵੱਡੀ ਸਫਲਤਾ ਹਾਸਲ ਕਰਦਿਆਂ ਅੰਤਰਰਾਸ਼ਟਰੀ ਨਸ਼ਾ ਤਸਕਰੀ ਦੇ ਜਾਲ ਨੂੰ ਕਰਾਰਾ ਝਟਕਾ ਦਿੱਤਾ ਹੈ। ਪੁਲਿਸ ਵੱਲੋਂ ਕੀਤੀ ਗਈ ਇਸ ਕਾਰਵਾਈ ਦੌਰਾਨ ਹੈਰੋਇਨ ਦੀ ਵੱਡੀ ਖੇਪ ਬਰਾਮਦ ਕਰਕੇ ਦੋ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਥਾਣਾ ਮੱਖੂ ਪੁਲਿਸ ਤੋਂ ਮਿਲੀ ਜਾਣਕਾਰੀ ਅਨੁਸਾਰ ਸਰਦਾਰ ਭੁਪਿੰਦਰ ਸਿੰਘ ਸਿੱਧੂ ਐਸ ਐਸ ਪੀ ਫਿਰੋਜ਼ਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜਸਪਾਲ ਸਿੰਘ ਢਿੱਲੋਂ ਡੀਐਸਪੀ ਸਬ ਡਵੀਜ਼ਨ ਜ਼ੀਰਾ ਦੀਆਂ ਹਦਾਇਤਾਂ ਅਨੁਸਾਰ ਇੰਸਪੈਕਟਰ ਗੁਰਮੀਤ ਸਿੰਘ ਮੁੱਖ ਅਫਸਰ ਥਾਣਾ ਮੱਖੂ ਦੀ ਅਗਵਾਈ ਹੇਠ ਏ ਐਸ ਆਈ ਜਗਦੀਪ ਸਿੰਘ ਥਾਣਾ ਮੱਖੂ ਵੱਲੋਂ ਗੁਪਤ ਸੂਚਨਾ ਦੇ ਆਧਾਰ 'ਤੇ ਪਿੰਡ ਪੱਧਰੀ ਦੇ ਨੇੜੇ ਦੋ ਦੋਸ਼ੀਆਂ ਨੂੰ ਸ਼ੱਕ ਦੇ ਅਧਾਰ 'ਤੇ ਬਿਨਾਂ ਨੰਬਰੀ ਮੋਟਰਸਾਈਕਲ ਸਮੇਤ ਕਾਬੂ ਕੀਤਾ ਗਿਆ। ਕਾਬੂ ਕੀਤੇ ਇਹਨਾਂ ਦੋਸ਼ੀਆਂ ਦੀ ਪਹਿਚਾਣ ਪ੍ਰਭਸਿਮਰਨ ਸਿੰਘ ਪੁੱਤਰ ਸੁਖਵਿੰਦਰ ਸਿੰਘ ਅਤੇ ਸੁਖਵਿੰਦਰ ਸਿੰਘ ਉਰਫ਼ ਚੰਨਣ ਪੁੱਤਰ ਦੀਦਾਰ ਸਿੰਘ,ਦੋਵੇਂ ਵਾਸੀ ਪਿੰਡ ਲਾਲਚੀਆਂ ਉਰਫ਼ ਚੱਕ ਮੋਬੀਆ ਹਰਦੋ ਢੰਢੀ, ਥਾਣਾ ਲੱਖੋ ਕੇ ਬਹਿਰਾਮ, ਜ਼ਿਲ੍ਹਾ ਫ਼ਿਰੋਜ਼ਪੁਰ ਵਜੋਂ ਹੋਈ ਹੈ । ਡੀਐਸਪੀ ਜਸਪਾਲ ਸਿੰਘ ਢਿੱਲੋਂ ਦੀ ਨਿਗਰਾਨੀ ਹੇਠ ਇਹਨਾਂ ਕਾਬੂ ਕੀਤੇ ਵਿਅਕਤੀਆਂ ਦੀ ਤਲਾਸ਼ੀ ਲੈਣ 'ਤੇ ਇਹਨਾਂ ਦੇ ਕਬਜ਼ੇ ਵਿੱਚੋਂ 01 ਕਿਲੋ 500 ਗ੍ਰਾਮ ਹੈਰੋਇਨ ਬਰਾਮਦ ਹੋਈ। ਜਿਸ 'ਤੇ ਉਕਤ ਦੋਸ਼ੀਆਂ ਖਿਲਾਫ ਮੁਕੱਦਮਾ ਨੰਬਰ 16 ਮਿਤੀ 19-01-2026, ਧਾਰਾ 21 (ਸੀ), 61, 85 ਐਨ. ਡੀ.ਪੀ.ਐਸ. ਐਕਟ ਅਧੀਨ ਥਾਣਾ ਮੱਖੂ ਵਿਖੇ ਏਐਸਆਈ ਜਗਦੀਪ ਸਿੰਘ ਵੱਲੋਂ ਦਰਜ ਕੀਤਾ ਗਿਆ।ਦੋਵੇਂ ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੇ ਅਦਾਲਤ ਵੱਲੋਂ ਪੁਲਿਸ ਨੂੰ ਦੋਸ਼ੀਆਂ ਦਾ ਚਾਰ ਦਿਨ ਦਾ ਪੁਲਿਸ ਰਿਮਾਂਡ ਦਿੱਤਾ ਗਿਆ ਹੈ। ਪੁਲਿਸ ਅਧਿਕਾਰੀਆਂ ਅਨੁਸਾਰ ਰਿਮਾਂਡ ਦੌਰਾਨ ਹੋਰ ਪੁੱਛਗਿੱਛ ਕੀਤੀ ਜਾਵੇਗੀ, ਜਿਸ ਨਾਲ ਹੋਰ ਬਰਾਮਦਗੀ ਸਮੇਤ ਨਸ਼ਾ ਤਸਕਰੀ ਨਾਲ ਜੁੜੇ ਹੋਰ ਲੋਕਾਂ ਤੇ ਨੈੱਟਵਰਕ ਬਾਰੇ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।




## ਡੀ.ਸੀ. ਡਾ. ਥਿੰਦ ਨੇ 'ਸਖੀ ਸ਼ਕਤੀ ਮੇਲੇ' ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ

### ☛ ਆਮ ਖ਼ਾਸ ਬਾਗ ਵਿਖੇ ਲੱਗੇਗਾ ਮੇਲਾ



ਸ੍ਰੀ ਫ਼ਤਹਿਗੜ੍ਹ ਸਾਹਿਬ, 23 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਮਹਿਲਾ ਸਸ਼ਕਤੀਕਰਨ ਅਤੇ ਸਵੈ-ਸਹਾਇਤਾ ਸਮੂਹਾਂ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਏ ਜਾ ਰਹੇ 'ਸਖੀ ਸ਼ਕਤੀ ਮੇਲੇ' ਦੀਆਂ ਤਿਆਰੀਆਂ ਸਬੰਧੀ ਅੱਜ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਹ ਮੇਲਾ ਆਮ ਖਾਸ ਬਾਗ ਵਿਖੇ 27 ਤੋਂ 30 ਜਨਵਰੀ ਤੱਕ ਲਗਾਇਆ ਜਾ ਰਿਹਾ ਹੈ।ਡੀ.ਸੀ. ਨੇ ਕਿਹਾ ਕਿ ਇਹ ਮੇਲਾ ਮਹਿਲਾਵਾਂ ਦੇ ਹੁਨਰ ਨੂੰ ਪ੍ਰਦਰਸ਼ਿਤ ਕਰਨ ਅਤੇ ਉਨ੍ਹਾਂ ਦੇ ਉਤਪਾਦਾਂ ਲਈ ਮੰਡੀਕਰਨ ਦੇ ਮੌਕੇ ਪ੍ਰਦਾਨ ਕਰਨ ਲਈ ਇੱਕ ਮਿਆਰੀ ਮੰਚ ਸਾਬਤ ਹੋਵੇਗਾ । ਮੇਲੇ ਵਿੱਚ ਵੱਖ-ਵੱਖ ਸਵੈ-ਸਹਾਇਤਾ ਸਮੂਹਾਂ ਵੱਲੋਂ ਤਿਆਰ ਵਸਤਾਂ ਦੇ ਸਟਾਲ ਲਗਾਏ ਜਾਣਗੇ । ਮੀਟਿੰਗ ਦੌਰਾਨ ਡਾ. ਸੋਨਾ ਥਿੰਦ ਨੇ ਕਿਹਾ ਕਿ ਇਸ ਮੇਲੇ ਦਾ ਮੁੱਖ ਮਕਸਦ ਔਰਤਾਂ ਨੂੰ ਆਤਮ-ਨਿਰਭਰ ਬਣਾਉਣਾ ਹੈ। ਉਨ੍ਹਾਂ ਨੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਮੇਲੇ ਵਾਲੀ ਥਾਂ 'ਤੇ ਸਾਫ਼-ਸਫਾਈ, ਪੀਣ ਵਾਲੇ ਪਾਣੀ ਅਤੇ ਬਿਜਲੀ ਦੇ ਪੁਖ਼ਤਾ ਇੰਤਜ਼ਾਮ ਕੀਤੇ ਜਾਣ। ਸੁਰੱਖਿਆ ਦੇ ਲਿਹਾਜ਼ ਨਾਲ ਪੁਲਿਸ ਵਿਭਾਗ ਵੱਲੋਂ ਉਚਿਤ ਪ੍ਰਬੰਧ ਯਕੀਨੀ ਬਣਾਏ ਜਾਣ। ਸਟਾਲਾਂ ਦੀ ਅਲਾਟਮੈਂਟ ਪਾਰਦਰਸ਼ੀ ਤਰੀਕੇ ਨਾਲ ਕੀਤੀ ਜਾਵੇ ਤਾਂ ਜੋ ਵੱਧ ਤੋਂ ਵੱਧ ਮਹਿਲਾਵਾਂ ਨੂੰ ਫਾਇਦਾ ਮਿਲ ਸਕੇ।ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਨੇ ਵੀ ਵੱਖ-ਵੱਖ ਵਿਭਾਗਾਂ ਦੇ ਕੰਮਾਂ ਦੀ ਸਮੀਖਿਆ ਕੀਤੀ । ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸਾਰੇ ਪ੍ਰਬੰਧ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕਰ ਲਏ ਜਾਣ ਤਾਂ ਜੋ ਮੇਲੇ ਵਿੱਚ ਆਉਣ ਵਾਲੇ ਲੋਕਾਂ ਅਤੇ ਪ੍ਰਦਰਸ਼ਨੀ ਲਗਾਉਣ ਵਾਲੀਆਂ ਮਹਿਲਾਵਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

## 10 ਲੱਖ ਤੱਕ ਦਾ ਸਿਹਤ ਬੀਮਾ ਕਾਰਡ ਲੋਕਾਂ ਲਈ ਵੱਡੀ ਰਾਹਤ ਦੇਵੇਗਾ: ਵਿਧਾਇਕ ਰਾਏ

### ☛ ਪੰਜਾਬ ਸਰਕਾਰ ਦਾ ਸਿੱਖਿਆ ਦੇ ਖੇਤਰ 'ਚ ਕ੍ਰਾਂਤੀਕਾਰੀ ਕਦਮ



ਸ੍ਰੀ ਫਤਹਿਗੜ੍ਹ ਸਾਹਿਬ, 23 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਪੰਜਾਬ ਸਰਕਾਰ ਵੱਲੋਂ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਕਾਰਡ ਸ਼ੁਰੂ ਕਰਕੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਕਦਮ ਪੁੱਟਿਆ ਗਿਆ ਹੈ। 10 ਲੱਖ ਤੱਕ ਦਾ ਸਿਹਤ ਬੀਮਾ ਕਾਰਡ ਬਣਨ ਦਾ ਕਾਰਜ ਅੱਜ ਤੋਂ ਹੀ ਸ਼ੁਰੂ ਹੋ ਜਾਵੇਗਾ। ਇਹ ਪ੍ਰਗਟਾਵਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਕੀਤਾ । ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਜਦੋਂ ਸੱਤਾ ਦੇ ਵਿੱਚ ਆਈ ਸੀ, ਉਦੋਂ ਤੋਂ ਹੀ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਵੱਡੇ ਵੱਡੇ ਕਦਮ ਪੁੱਟਦੀ ਜਾ ਰਹੀ ਹੈ, ਜਿਸ ਦੇ ਤਹਿਤ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਚੰਗੇ ਬਦਲਾਓ ਆਏ ਹਨ। ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਰਕਾਰ ਬਣਦੇ ਹੀ ਆਮ ਆਦਮੀ ਕਲੀਨਿਕ ਖੋਲ ਕੇ ਜਿੱਥੇ ਆਮ ਲੋਕਾਂ ਨੂੰ ਮੁਫਤ ਇਲਾਜ ਵਰਗੀਆਂ ਸੁਵਿਧਾਵਾਂ ਮੁਹੱਈਆ ਕਰਵਾਈਆਂ, ਉੱਥੇ ਹੀ ਸਿਹਤ ਨਾਲ ਸਬੰਧਤ ਟੈਸਟ ਵੀ ਮੁਫਤ ਕੀਤੇ ਗਏ। ਇੱਥੇ ਹੀ ਬੱਸ ਨਹੀਂ ਹਾਲ ਹੀ ਦੇ ਵਿੱਚ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਯੋਜਨਾ ਕਾਰਡ ਬਣਾਇਆ ਜਾ ਰਿਹਾ ਹੈ, ਜਿਸ ਨਾਲ ਇੱਕ ਪਰਿਵਾਰ ਸਾਲਾਨਾ 10 ਲੱਖ ਰੁਪਏ ਤੱਕ ਦਾ ਸਿਹਤ ਇਲਾਜ ਪ੍ਰਾਪਤ ਕਰ ਸਕੇਗਾ । ਉਹਨਾਂ ਇਹ ਵੀ ਦੱਸਿਆ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸਰਕਾਰ ਵੱਲੋਂ ਸਿਹਤ ਦੇ ਲਈ ਇੰਨਾ ਵੱਡਾ ਬਜਟ ਰੱਖਿਆ ਗਿਆ ਹੋਵੇ, ਇਸ ਤੋਂ ਪਹਿਲਾਂ ਸਿਹਤ ਸਹੂਲਤਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾਂਦਾ ਸੀ, ਜਿਸ ਕਾਰਨ ਆਮ ਲੋਕਾਂ ਨੂੰ ਸਿਹਤ ਸਹੂਲਤਾਂ ਦੇ ਲਈ ਖੱਜਲ ਖੁਆਰ ਹੋਣਾ ਪੈਂਦਾ ਸੀ।

## ਖੂਈਖੇੜਾ ਬਲਾਕ ਦੇ ਪਿੰਡ ਦਾਨੇਵਾਲਾ ਸਤਕੋਸੀ 'ਚ ਆਯੂਸ਼ ਸਿਹਤ ਕੈਂਪ ਲਗਾਇਆ




ਫਾਜ਼ਿਲਕਾ, 23 ਜਨਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਸਰਕਾਰ ਦੇ ਆਯੂਸ਼ ਵਿਭਾਗ ਦੇ ਆਦੇਸ਼ਾਂ ਅਨੁਸਾਰ ਤੇ ਹੋਮਿਓਪੈਥੀ, ਪੰਜਾਬ ਦੇ ਡਾਇਰੈਕਟਰ ਡਾ. ਹਰਿੰਦਰਪਾਲ ਸਿੰਘ ਤੇ ਆਯੂਰਵੇਦ, ਪੰਜਾਬ ਦੇ ਡਾਇਰੈਕਟਰ ਡਾ. ਰਮਨ ਖੰਨਾ ਦੀ ਅਗਵਾਈ ਹੇਠ, ਜ਼ਿਲ੍ਹਾ ਹੋਮਿਓਪੈਥੀ ਅਫ਼ਸਰ ਡਾ. ਰਾਜੀਵ ਕੁਮਾਰ ਜਿੰਦੀਆ ਤੇ ਜ਼ਿਲ੍ਹਾ ਆਯੂਰਵੈਦਿਕ ਤੇ ਯੂਨਾਨੀ ਅਫ਼ਸਰ ਡਾ. ਰਵੀ ਕਾਂਤ ਮਦਾਨ ਦੀ ਅਗਵਾਈ ਹੇਠ ਦਾਨੇਵਾਲਾ ਸਤਕੋਸੀ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਇੱਕ ਵੱਡਾ ਆਯੂਸ਼ ਸਿਹਤ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਦਾਨੇਵਾਲਾ ਸਤਕੋਸੀ ਪਿੰਡ ਦੇ ਸਰਪੰਚ ਰਾਜਾ ਪਾਲ ਸਿੰਘ ਨੇ ਕੀਤਾ।ਆਯੂਸ਼ ਵਿਭਾਗ ਦੀ ਤਜਰਬੇਕਾਰ ਮੈਡੀਕਲ ਟੀਮ ਨੇ ਕੈਂਪ ਵਿੱਚ ਸੇਵਾਵਾਂ ਪ੍ਰਦਾਨ ਕੀਤੀਆਂ, ਜਿਸਦਾ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਆਨੰਦ ਮਾਣਿਆ।ਕੈਂਪ ਦੌਰਾਨ, ਹੋਮਿਓਪੈਥਿਕ ਡਾਕਟਰਾਂ ਤੇ ਆਯੂਸ਼ ਕੈਂਪਾਂ ਦੇ ਨੋਡਲ ਅਫਸਰ, ਡਾ. ਗੁਰਮੀਤ ਸਿੰਘ ਰਾਏ ਤੇ ਡਾ. ਅਮਨਾ ਕੰਬੋਜ ਨੇ 430 ਮਰੀਜ਼ਾਂ ਦੀ ਸਿਹਤ ਜਾਂਚ ਕੀਤੀ ਤੇ ਮੁਫਤ ਹੋਮਿਓਪੈਥਿਕ ਦਵਾਈਆਂ ਵੰਡੀਆਂ। ਆਯੁਰਵੈਦਿਕ ਡਾਕਟਰਾਂ ਵਿਨੋਦ ਕੁਮਾਰ ਵਰਮਾ ਤੇ ਡਾ. ਸੁਨੀਤਾ ਵਰਮਾ ਨੇ 460 ਮਰੀਜ਼ਾਂ ਦੀ ਜਾਂਚ ਕੀਤੀ ਤੇ ਉਨ੍ਹਾਂ ਨੂੰ ਮੁਫਤ ਆਯੁਰਵੈਦਿਕ ਦਵਾਈਆਂ ਦਿੱਤੀਆਂ। ਕੈਂਪ ਤੋਂ ਕੁੱਲ 890 ਮਰੀਜ਼ਾਂ ਨੇ ਲਾਭ ਉਠਾਇਆ।ਇਹ ਸਮਾਗਮ ਡਾ. ਕਵਿਤਾ ਸਿੰਘ, ਸਿਵਲ ਸਰਜਨ, ਫਾਜ਼ਿਲਕਾ ਦੀ ਅਗਵਾਈ ਅਤੇ ਡਾ. ਉਪਿੰਦਰ ਸਿੰਘ, ਐਸਐਮਓ, ਖੁਈਖੇੜਾ ਸੀਐਚਸੀ ਦੀ ਨਿਗਰਾਨੀ ਹੇਠ ਸਫਲਤਾਪੂਰਵਕ ਕਰਵਾਇਆ ਗਿਆ। ਕੈਂਪ ਨੇ ਪਿੰਡ ਵਾਸੀਆਂ ਨੂੰ ਆਯੂਸ਼ ਅਭਿਆਸਾਂ-ਹੋਮਿਓਪੈਥੀ, ਆਯੁਰਵੇਦ ਤੇ ਯੋਗਾ-ਬਾਰੇ ਜਾਗਰੂਕ ਕੀਤਾ ਅਤੇ ਉਨ੍ਹਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਉਤਸ਼ਾਹਿਤ ਕੀਤਾ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਹਾਇਤਾ ਭੈਣ ਯੋਜਨਾ ਤਹਿਤ ਟ੍ਰੇਨਿੰਗ ਪ੍ਰੋਗਰਾਮ



ਫਿਰੋਜ਼ਪੁਰ, 23 ਜਨਵਰੀ (ਤਿਵਾੜੀ): ਮਾਨਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ ਮੋਹਾਲੀ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਸੁਮੀਤ ਮਲਹੋਤਰਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫ਼ਿਰੋਜ਼ਪੁਰ ਦੀ ਰਹਿਨੁਮਾਈ ਹੇਠ ਮਿਸ ਅਨੁਰਾਧਾ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਸਹਿਤ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫ਼ਿਰੋਜ਼ਪੁਰ ਜੀ ਵੱਲੋਂ ਅੱਜ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫ਼ਿਰੋਜ਼ਪੁਰ ਦੇ ਕਾਨਫਰੰਸ ਹਾਲ ਵਿੱਚ ਸਹਾਇਤਾ ਭੈਣ ਯੋਜਨਾ ਤਹਿਤ ਟ੍ਰੇਨਿੰਗ ਪ੍ਰੋਗਰਾਮ ਕੀਤਾ ਗਿਆ । ਇਸ ਟ੍ਰੇਨਿੰਗ ਪ੍ਰੋਗਰਾਮ ਵਿੱਚ ਜਨਾਨਾ ਪੈਰਾ ਲੀਗਲ ਵਲੰਟੀਅਰਾਂ ਨੂੰ ਸਹਾਇਤਾ ਭੈਣ ਯੋਜਨਾ ਬਾਰੇ ਜਾਣੂ ਕਰਵਾਇਆ ਗਿਆ ਤੇ ਉਹਨਾਂ ਵੱਲੋਂ ਸਕੀਮ ਤਹਿਤ ਕੀਤੀ ਜਾਣ ਵਾਲੀ ਕਾਰਗੁਜ਼ਾਰੀ ਬਾਰੇ ਜਾਣਕਾਰੀ ਦਿੱਤੀ ਗਈ। ਇਸ ਟ੍ਰੇਨਿੰਗ ਪ੍ਰੋਗਰਾਮ ਵਿੱਚ ਮੈਡਮ ਅਨੁਰਾਧਾ, ਚੀਫ ਜੁਡਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ ਤੇ ਨੇਹਾ, ਪੈਨਲ ਐਡਵੋਕੇਟ ਨੇ ਬਤੌਰ ਰਿਸੋਰਸ ਪਰਸਨ ਭਰਪੂਰ ਜਾਣਕਾਰੀ ਦਿੱਤੀ।

## ਕਰਨ ਗਿਲੋਤਰਾ ਨੇ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨਾਲ ਕੀਤੀ ਸ਼ਿਸ਼ਟਾਚਾਰ ਭੇਂਟ



ਫਾਜ਼ਿਲਕਾ, 23 ਜਨਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਫਿਲੰਥਰੋਪਿਸਟ ਤੇ ਪੀਐਚਡੀ ਚੈਂਬਰ ਪੰਜਾਬ ਦੇ ਚੇਅਰਮੈਨ ਕਰਨ ਗਿਲੋਤਰਾ ਨੇ ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਮਾਣਯੋਗ ਨਿਤਿਨ ਨਬੀਨ ਨਾਲ ਸ਼ਿਸ਼ਟਾਚਾਰ ਭੇਟ ਕੀਤੀ । ਇਸ ਮੌਕੇ ਕਰਨ ਗਿਲੋਤਰਾ ਨੇ ਉਨ੍ਹਾਂ ਨੂੰ ਰਾਸ਼ਟਰੀ ਪ੍ਰਧਾਨ ਦੇ ਤੌਰ 'ਤੇ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਦਿਲੋਂ ਵਧਾਈਆਂ ਤੇ ਸ਼ੁਭਕਾਮਨਾਵਾਂ ਭੇਟ ਕੀਤੀਆਂ।ਭੇਟ ਦੌਰਾਨ ਕਰਨ ਗਿਲੋਤਰਾ ਨੇ ਕਿਹਾ ਕਿ ਸ਼੍ਰੀ ਨਿਤਿਨ ਨਬੀਨ ਦਾ ਰਾਜਨੀਤਿਕ ਤਜਰਬਾ, ਸੰਗਠਨਾਤਮਕ ਸਮਝ ਤੇ ਦੂਰਦਰਸ਼ੀ ਸੋਚ ਪਾਰਟੀ ਨੂੰ ਨਵੀਂ ਦਿਸ਼ਾ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਉਨ੍ਹਾਂ ਨੇ ਵਿਸ਼ਵਾਸ ਜਤਾਇਆ ਕਿ ਉਨ੍ਹਾਂ ਦੇ ਸਮਰੱਥ ਨੇਤ੍ਰਤਵ ਹੇਠ ਭਾਰਤੀ ਜਨਤਾ ਪਾਰਟੀ ਨਾ ਕੇਵਲ ਸੰਗਠਨਾਤਮਕ ਤੌਰ 'ਤੇ ਹੋਰ ਮਜ਼ਬੂਤ ਹੋਵੇਗੀ, ਸਗੋਂ ਦੇਸ਼ ਭਰ ਵਿੱਚ ਲੋਕ-ਕਲਿਆਣ, ਵਿਕਾਸ ਤੇ ਸੁਸ਼ਾਸਨ ਦੇ ਨਵੇਂ ਮੀਲ ਪੱਥਰ ਵੀ ਸਥਾਪਿਤ ਕਰੇਗੀ।ਉਨ੍ਹਾਂ ਨੇ ਇਹ ਵੀ ਕਿਹਾ ਕਿ ਨਿਤਿਨ ਨਬੀਨ ਦਾ ਨੇਤ੍ਰਤਵ ਨੌਜਵਾਨਾਂ, ਉਦਯੋਗਪਤੀਆਂ ਤੇ ਸਮਾਜਿਕ ਸੰਸਥਾਵਾਂ ਨੂੰ ਸਕਾਰਾਤਮਕ ਤੌਰ 'ਤੇ ਜੋੜਨ ਵਿੱਚ ਸਹਾਇਕ ਸਾਬਤ ਹੋਵੇਗਾ, ਜਿਸ ਨਾਲ ਰਾਸ਼ਟਰ ਨਿਰਮਾਣ ਦੀ ਪ੍ਰਕਿਰਿਆ ਹੋਰ ਮਜ਼ਬੂਤ ਹੋਵੇਗੀ। ਇਹ ਸ਼ਿਸ਼ਟਾਚਾਰ ਭੇਟ ਸੁਹਿਰਦਪੂਰਨ ਤੇ ਸਕਾਰਾਤਮਕ ਵਾਤਾਵਰਣ ਵਿੱਚ ਸੰਪੰਨ ਹੋਈ। ਇਸ ਦੌਰਾਨ ਸਮਾਜਿਕ ਸਰੋਕਾਰਾਂ, ਉਦਯੋਗ-ਵਪਾਰ, ਲੋਕ ਸੇਵਾ ਤੇ ਰਾਸ਼ਟਰ ਨਿਰਮਾਣ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਵੀ ਸੰਖੇਪ ਵਿਚਾਰ-ਵਟਾਂਦਰਾ ਕੀਤਾ ਗਿਆ।

## ਨਿਸ਼ਕਾਮ ਕੀਰਤਨ ਸੇਵਾ ਸੁਸਾਇਟੀ ਦੇ ਮੀਤ ਪ੍ਰਧਾਨ ਰਵਿੰਦਰ ਸਿੰਘ ਰਵੀ ਨੇ ਕੀਤੇ ਪਲੇਟਲੈੱਟ ਸੈੱਲ ਦਾਨ



ਮੰਡੀ ਗੋਬਿੰਦਗੜ੍ਹ, 23 ਜਨਵਰੀ (ਸੂਦ): ਪ੍ਰਸਿੱਧ ਸਮਾਜ ਸੇਵੀ ਸੰਸਥਾ ਨਿਸ਼ਕਾਮ ਕੀਰਤਨ ਸੇਵਾ ਸੁਸਾਇਟੀ ਦੇ ਮੀਤ ਪ੍ਰਧਾਨ ਰਵਿੰਦਰ ਸਿੰਘ ਰਵੀ ਨੇ ਖੰਨਾ ਦੇ ਹਸਪਤਾਲ ਵਿੱਚ ਜਾ ਕੇ ਇੱਕ ਲੋੜਵੰਦ ਮਰੀਜ਼ ਨੂੰ ਪਲੇਟਲੈੱਟ ਸੈੱਲ ਦਾਨ ਕੀਤੇ।ਉਸ ਨੇ ਦੱਸਿਆ ਕਿ ਕੱਲ ਰਾਤ ਨੂੰ ਕਿਸੇ ਨੇ ਫੋਨ ਕਰਕੇ ਦੱਸਿਆ ਕਿ ਉਨ੍ਹਾਂ ਦਾ ਮਰੀਜ਼ ਖੰਨੇ ਹਸਪਤਾਲ ਵਿੱਚ ਦਾਖਲ ਹੈ, ਜਿਸ ਦੇ ਪਲੇਟਲੈੱਟ ਸੈੱਲ ਬਹੁਤ ਘੱਟ ਚੁੱਕੇ ਹਨ ਤਾਂ ਉਨ੍ਹਾਂ ਉਸੇ ਸਮੇਂ ਰਾਤ ਨੂੰ ਖੁਦ ਹਸਪਤਾਲ ਵਿੱਚ ਜਾ ਕੇ ਪਲੇਟਲੈੱਟ ਸੈੱਲ ਦਾਨ ਕੀਤੇ ਤਾਂ ਜੋ ਮਰੀਜ਼ ਦੀ ਜਾਨ ਨੂੰ ਬਚਾਇਆ ਜਾ ਸਕੇ। ਸ੍ਰੀ ਰਵੀ ਨੇ ਕਿਹਾ ਕਿ ਨਰ ਸੇਵਾ ਹੀ ਨਰਾਇਣ ਦੀ ਸੱਚੀ ਸੇਵਾ ਹੈ। ਉਸ ਨੇ ਕਿਹਾ ਕਿ 18 ਤੋਂ 65 ਸਾਲ ਤੱਕ ਉਮਰ ਦਾ ਕੋਈ ਵੀ ਤੰਦਰੁਸਤ ਵਿਅਕਤੀ, ਜਿਸ ਦਾ ਵਜ਼ਨ 50 ਕਿੱਲੋ ਜਾਂ ਵੱਧ ਹੈ, ਉਹ ਖ਼ੂਨ ਦਾਨ ਕਰ ਸਕਦਾ ਹੈ। ਉਸ ਨੇ ਕਿਹਾ ਕਿ ਖ਼ੂਨ ਦਾਨ ਬਾਰੇ ਲੋਕਾਂ ਵਿੱਚ ਕਈ ਤਰ੍ਹਾਂ ਦੇ ਭੁਲੇਖੇ ਹਨ ਕਿ ਇਸ ਨਾਲ ਸਰੀਰ ਨੂੰ ਨੁਕਸਾਨ ਹੁੰਦਾ ਹੈ ਪਰ ਖ਼ੂਨ ਦਾਨ ਕਰਨ ਨਾਲ ਦਿਲ ਦੀ ਸਿਹਤ ਵਿੱਚ ਸੁਧਾਰ ਅਤੇ ਆਇਰਨ ਸਹੀ ਰਹਿਣ ਨਾਲ ਦਿਲ ਦੀਆਂ ਬਿਮਾਰੀਆਂ ਦਾ ਖ਼ਤਰਾ ਘੱਟ ਜਾਂਦਾ ਹੈ। ਖ਼ੂਨ ਦਾਨ ਨਾਲ ਮੋਟਾਪਾ ਘੱਟਦਾ ਹੈ ਅਤੇ ਨਵੇਂ ਲਾਲ ਸੈੱਲ ਬਣਦੇ ਹਨ, ਜਿਸ ਨਾਲ ਖ਼ੂਨ ਦਾ ਵਹਾਅ ਸਹੀ ਚਲਦਾ ਹੈ। ਉਸ ਨੂੰ ਆਤਮਿਕ ਸ਼ਾਂਤੀ ਮਿਲਦੀ ਹੈ ਤੇ ਮਾਨਸਿਕ ਤਣਾਅ ਘੱਟਦਾ ਹੈ ਇਸ ਲਈ ਸਾਨੂੰ ਖ਼ੂਨ ਦਾਨ ਜ਼ਰੂਰ ਕਰਨਾ ਚਾਹੀਦਾ ਹੈ। ਸ੍ਰੀ ਰਵੀ ਨੇ ਕਿਹਾ ਕਿ ਇਲਾਕੇ ਵਿਚੋਂ ਜਦੋਂ ਵੀ ਕੋਈ ਲੋੜਵੰਦ ਮਰੀਜ਼ ਖ਼ੂਨ ਦਾਨ ਜਾ ਪਲੇਟਲੈੱਟ ਸੈੱਲਾਂ ਲਈ ਸੁਸਾਇਟੀ ਨਾਲ ਸੰਪਰਕ ਕਰਦਾ ਹੈ ਤਾਂ ਸੁਸਾਇਟੀ ਮੈਂਬਰ ਖ਼ੂਨ ਦੇ ਗਰੁੱਪ ਮੁਤਾਬਕ ਖੁਦ ਹਸਪਤਾਲ ਜਾ ਕੇ ਖ਼ੂਨ ਦਾਨ ਅਤੇ ਪਲੇਟਲੈਟ ਸੈੱਲ ਦਾਨ ਕਰਦੇ ਹਨ। ਸੁਸਾਇਟੀ ਵੱਲੋਂ ਖ਼ੂਨ ਦਾਨ ਤੇ ਪਲੇਟਲੈਟ ਸੈੱਲ ਦਾਨ ਕਰਕੇ ਸੈਂਕੜੇ ਲੋਕਾਂ ਦੀਆਂ ਕੀਮਤੀ ਜ਼ਿੰਦਗੀਆਂ ਨੂੰ ਬਚਾਇਆ ਜਾ ਚੁੱਕਿਆ ਹੈ। ਜ਼ਿਕਰਯੋਗ ਹੈ ਕਿ ਸੁਸਾਇਟੀ ਮੀਤ ਪ੍ਰਧਾਨ ਰਵਿੰਦਰ ਸਿੰਘ ਰਵੀ 45 ਵਾਰ ਖ਼ੂਨ ਦਾਨ ਤੇ 9 ਵਾਰ ਪਲੇਟਲੈਟ ਸੈੱਲ ਦਾਨ ਕਰ ਚੁਕਿਆ ਹੈ।

## ਬਾਬਾ ਬਾਲਕ ਨਾਥ ਦੀ 14ਵੀਂ ਪਵਿੱਤਰ ਝੰਡੇ ਦੀ ਯਾਤਰਾ ਸ਼ਰਧਾ ਤੇ ਧੂਮ-ਧਾਮ ਨਾਲ ਕੱਢੀ



ਮੰਡੀ ਗੋਬਿੰਦਗੜ੍ਹ, 23 ਜਨਵਰੀ (ਸੂਦ): ਭਗਤ ਤਰਸੇਮ ਲਾਲ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਬਾਲਕ ਨਾਥ ਜੀ ਦੀ 14ਵੀਂ ਪਵਿੱਤਰ ਝੰਡੇ ਦੀ ਯਾਤਰਾ ਸ਼੍ਰੀ ਸਿੱਧ ਬਾਬਾ ਬਾਲਕ ਨਾਥ ਦੇ ਮੰਦਰ ਅਤੇ ਦੁਰਗਾ ਮਾਤਾ ਐਰੀ ਮਿੱਲ ਰੋਡ ਸੰਗਤਪੁਰਾ ਚੌਕ ਤੋਂ ਢੋਲ ਅਤੇ ਬੈਂਡ ਸੰਗੀਤ ਨਾਲ ਸ਼ਹਿਰ ਵਿੱਚ ਕੱਢੀ ਗਈ। ਸਤਿਗੁਰੂ ਸੰਜੀਵ ਕੁਮਾਰ ਮਹਾਰਾਜ ਨੇ ਸ਼ਰਧਾਲੂਆਂ ਨੂੰ ਅਸ਼ੀਰਵਾਦ ਦਿੱਤਾ ਅਤੇ ਬਾਬਾ ਜੀ ਦੀ ਝੰਡੇ ਦੀ ਯਾਤਰਾ ਨੂੰ ਰਵਾਨਾ ਕੀਤਾ। ਬਾਬਾ ਜੀ ਦੇ ਝੰਡੇ ਦੇ ਨਾਲ ਭਜਨ ਮੰਡਲੀ ਨੇ ਬਾਬਾ ਜੀ ਦੇ ਭਜਨ ਗਾਏ। ਇਹ ਯਾਤਰਾ ਸੰਗਤਪੁਰਾ, ਐਰੀ ਮਿੱਲ ਰੋਡ, ਚੌੜਾ ਬਾਜ਼ਾਰ, ਮਾਸਟਰ ਕਲੋਨੀ ਰੋਡ, ਮਹਾਰਾਜਾ ਅਗਰਸੇਨ ਪਾਰਕ ਰੋਡ, ਨਗਰ ਕੌਂਸਲ ਰੋਡ, ਸਬਜ਼ੀ ਮੰਡੀ, ਆਰੀਆ ਸਕੂਲ, ਕ੍ਰਿਸ਼ਨਾ ਮੰਦਰ ਆਦਿ ਵਿੱਚੋਂ ਲੰਘਦੀ ਹੋਈ ਗੋਲ ਮਾਰਕੀਟ ਪਹੁੰਚੀ। ਗੋਲ ਮਾਰਕੀਟ ਵਿਚ ਸ਼ਾਪ ਕੀਪਰਜ਼ ਐਸੋਸੀਏਸ਼ਨ ਦੇ ਚੇਅਰਮੈਨ ਪਵਨ ਸ਼ਰਮਾ, ਜਨਰਲ ਸਕੱਤਰ ਡਾ. ਅਮਿਤ ਸੰਦਲ, ਖਜ਼ਾਨਚੀ ਕਮਲ ਨੇਤਰਾ ਸ਼ਰਮਾ, ਨਮਨ ਭਾਟੀਆ, ਵਿਪਨ ਗੁੰਬਰ, ਗੁਰਦੇਵ ਸਿੰਘ, ਮੁਰਾਰੀ ਜਿੰਦਲ, ਪ੍ਰਮੋਦ ਗੁਪਤਾ ਲਵਲੀ, ਅਮਨ ਸ਼ਰਮਾ ਅਤੇ ਦੀਪਕ ਖੋਸਲਾ ਨੇ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਜਦੋਂ ਕਿ ਨਮਨ ਭਾਟੀਆ ਨੇ ਲੱਡੂ, ਬਰਫੀ, ਸੁੱਕੇ ਮੇਵੇ ਅਤੇ ਰੋਟੀਆਂ ਦਾ ਪ੍ਰਸ਼ਾਦ ਵੰਡਿਆ। ਇਸ ਮੌਕੇ ਔਰਤਾਂ ਨੇ ਵੀ ਬਾਬਾ ਜੀ ਦਾ ਗੁਣਗਾਨ ਕੀਤਾ। ਇਹ ਯਾਤਰਾ ਮੇਨ ਬਾਜ਼ਾਰ, ਰੇਲਵੇ ਰੋਡ, ਗੁਰੂ ਨਾਨਕ ਕਲੋਨੀ, ਸ਼ਾਸਤਰੀ ਨਗਰ, ਜੀ.ਟੀ. ਰੋਡ, ਪ੍ਰੀਤ ਨਗਰ, ਸੁਭਾਸ਼ ਨਗਰ, ਗਾਂਧੀ ਨਗਰ, ਦਸਮੇਸ਼ ਕਲੋਨੀ ਤੋਂ ਐਰੀ ਮਿੱਲ ਰੋਡ ਰਾਹੀਂ ਵਾਪਸ ਮੰਦਰ ਪਹੁੰਚੀ, ਜਿਥੇ ਮਹਾਰਾਜ ਨੇ ਸਤਿਸੰਗ ਦੇ ਨਾਲ-ਨਾਲ ਪ੍ਰਵਚਨ ਕੀਤਾ। ਇਸ ਮੌਕੇ ਮਨੋਜ ਜਸਵਾਲ, ਮਾਧਵ ਸ਼ਰਮਾ, ਰੋਹਿਤ ਬਾਂਸਲ, ਯੁਗਲ ਕਿਸ਼ੋਰ, ਜਿੰਮੀ ਖੁਰਾਣਾ, ਰਿੰਕੂ, ਰਾਜੀਵ ਸਲੋਦੀਆ, ਗੁਰੂ ਦੱਤ ਮਹਿਰਾ, ਸ਼ੈਂਕੀ ਅਗਰਵਾਲ, ਗੋਲਡੀ ਬੰਗਾ, ਦਰਸ਼ਨ ਕੁਮਾਰ, ਪਰਸ਼ੋਤਮ ਲਾਲ, ਬਲਵਿੰਦਰ ਵਰਮਾ, ਭੁਪਿੰਦਰ ਪਾਲ, ਸੰਦੀਪ ਸ਼ਰਮਾ, ਅਨਿਲ ਸ਼ਰਮਾ, ਸੰਜੀਵ ਵਰਮਾ, ਦੀਪਿਕਾ ਖੋਸਲਾ, ਵਰਿੰਦਰ ਰਿਸ਼ੀ, ਕਾਰਤਿਕ ਭਾਟੀਆ ਤੇ ਕਮਲ ਕੁਮਾਰ ਹਾਜ਼ਰ ਸਨ।

## ਸਕੂਲ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤੀ ਨਾਲ ਲਾਗੂ ਕਰਨ ਲਈ ਕੀਤੀ ਮੀਟਿੰਗ

### ☛ 31 ਤਰ੍ਹਾਂ ਦੀਆਂ ਗੰਭੀਰ ਬਿਮਾਰੀਆਂ ਦਾ ਸਰਕਾਰ ਵੱਲੋਂ ਕਰਵਾਇਆ ਜਾਂਦੈ ਬਿਲਕੁੱਲ ਮੁਫ਼ਤ ਇਲਾਜ: ਡਾ. ਰਾਜੀਵ ਪਰਾਸ਼ਰ



ਫਿਰੋਜ਼ਪੁਰ, 23 ਜਨਵਰੀ (ਤਿਵਾੜੀ): ਸਿਵਲ ਸਰਜਨ ਫਿਰੋਜ਼ਪੁਰ ਡਾ. ਰਾਜੀਵ ਪਰਾਸ਼ਰ ਵੱਲੋਂ ਰਾਸ਼ਟਰੀ ਬਾਲ ਸਵੱਸਥ ਕਾਰਿਆਕ੍ਰਮ ਹੇਠ ਕੰਮ ਕਰਦੇ ਸਕੂਲ ਹੈਲਥ ਮੈਡੀਕਲ ਅਫਸਰਾਂ ਅਤੇ ਆਯੁਰਵੈਦਿਕ ਮੈਡੀਕਲ ਅਫਸਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਮਿਨਾਕਸ਼ੀ ਢੀਂਗਰਾ, ਜ਼ਿਲ੍ਹਾ ਸਕੂਲ਼ ਹੈਲਥ ਨੋਡਲ ਮੈਡੀਕਲ ਅਫ਼ਸਰ ਡਾ. ਹਰਪ੍ਰੀਤ ਕੌਰ ਤੇ ਡਾ. ਮਨਮੀਤ ਸਿੰਘ ਵੀ ਮੌਜੂਦ ਸਨ। ਇਸ ਮੀਟਿੰਗ ਕਰਨ ਦਾ ਮੁੱਖ ਮੰਤਵ ਸਕੂਲ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤੀ ਨਾਲ ਲਾਗੂ ਕਰਨਾ ਅਤੇ ਸਕੂਲੀ ਵਿਦਿਆਰਥੀਆਂ ਅਤੇ ਆਂਗਣਵਾੜੀ ਸੈਂਟਰਾਂ ਵਿੱਚ ਆਉਂਦੇ ਬੱਚਿਆਂ ਲਈ ਸਿਹਤ ਸੇਵਾਵਾਂ ਦੀਆਂ ਨਵੀਨਤਮ ਹਦਾਇਤਾਂ, ਵਿਦਿਆਰਥੀਆਂ ਦੀ ਸਿਹਤ ਜਾਂਚ ਦੀ ਸਮੀਖਿਆ ਕਰਨਾ ਸੀ, ਜਿਸ ਵਿੱਚ ਮੁੱਖ ਤੌਰ 'ਤੇ ਸਕੂਲਾਂ ਵਿੱਚ ਸਿਹਤ ਜਾਂਚ ਕੈਂਪਾਂ, ਨਿੱਜੀ ਸਾਫ਼ ਸਫਾਈ ਅਤੇ ਬਿਮਾਰੀਆਂ ਦੀ ਰੋਕਥਾਮ ਤੇ ਜਾਗਰੂਕਤਾ ਫੈਲਾਉਣ ਬਾਰੇ ਚਰਚਾ ਕੀਤੀ ਗਈ। ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਵੱਲੋਂ ਇਸ ਮੀਟਿੰਗ ਵਿੱਚ ਹਾਜ਼ਰ ਆਯੁਰਵੈਦਿਕ ਮੈਡੀਕਲ ਅਫਸਰਾਂ ਨੂੰ ਆਪਣੀਆਂ ਡਿਊਟੀਆਂ ਪੂਰੀ ਤਨਦੇਹੀ ਨਾਲ ਕਰਨ ਅਤੇ ਸਕੂਲੀ ਵਿਦਿਆਰਥੀਆਂ ਅਤੇ ਆਂਗਣਵਾੜੀ ਸੈਂਟਰਾਂ ਵਿਖੇ ਆਉਂਦੇ ਬੱਚਿਆਂ ਦੀ ਸਿਹਤ ਜਾਂਚ ਕਰਕੇ 31 ਤਰ੍ਹਾਂ ਦੀਆਂ ਬਿਮਾਰੀਆਂ ਦੀ ਜਾਂਚ ਕਰਕੇ ਉਸਦਾ ਬਿਲਕੁੱਲ ਮੁਫ਼ਤ ਇਲਾਜ ਕਰਵਾਉਣਾ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਸਿਹਤ ਜਾਂਚ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕਰਨ ਲਈ ਕਿਹਾ। ਸਕੂਲਾਂ ਵਿੱਚ ਵਿਦਿਆਰਥੀਆਂ ਦੀ ਸਿਹਤ ਜਾਂਚ ਲਈ ਜਾਂਚ ਕੈਂਪਾਂ ਵੇਲੇ ਮੌਸਮੀ ਬਿਮਾਰੀਆਂ ਦੇ ਨਾਲ ਖਾਸ ਕਰਕੇ ਅੱਖਾਂ, ਦੰਦਾਂ ਦੀ ਵੀ ਜਾਂਚ ਕੀਤੀ ਜਾਵੇ।ਡਾ. ਰਾਜੀਵ ਪਰਾਸ਼ਰ ਵੱਲੋਂ ਸਕੂਲ਼ ਹੈਲਥ ਮੈਡੀਕਲ ਅਫਸਰਾਂ ਤੇ ਆਯੁਰਵੈਦਿਕ ਮੈਡੀਕਲ ਅਫਸਰਾਂ ਨੂੰ ਡਿਊਟੀ ਦੌਰਾਨ ਪੇਸ਼ ਆਉਂਦੀਆਂ ਮੁਸ਼ਕਲਾਂ ਬਾਰੇ ਵੀ ਗੱਲਬਾਤ ਕੀਤੀ ਤੇ ਇਸਦਾ ਹੱਲ ਕਰਨ ਦਾ ਭਰੋਸਾ ਵੀ ਦਿਵਾਇਆ।

## ਭੋਗਪੁਰ 'ਚ ਦੁਕਾਨਦਾਰਾਂ ਦੇ ਕੱਟੇ ਚਲਾਨ



ਭੋਗਪੁਰ, 23 ਜਨਵਰੀ (ਜੰਡੀਰ ਸੈਣੀ): ਨਗਰ ਕੌਂਸਲ ਭੋਗਪੁਰ ਕਾਰਜ ਸਾਧਕ ਅਫਸਰ ਸ੍ਰੀ ਰਾਜੀਵ ਕੁਮਾਰ ਓਬਰਾਏ ਵੱਲੋਂ ਅੱਜ ਭੋਗਪੁਰ ਵਿਖੇ 50 ਦੁਕਾਨਾਂ ਵਾਲਿਆਂ ਦੇ ਪਲਾਸਟਿਕ ਲਿਫਾਫਿਆਂ ਦੀ ਵਰਤੋਂ ਕਰਨ ਕਰਕੇ ਚਲਾਨ ਕੱਟੇ ਗਏ ਹਨ, ਦੁਕਾਨਦਾਰਾਂ ਕੋਲੋਂ 10 ਕਿਲੋ ਵਾਲੇ ਪਲਾਸਟਿਕ ਦੇ ਲਿਫਾਫੇ ਫੜੇ ਗਏ ਸਨ, ਜਿਨ੍ਹਾਂ 'ਤੇ ਕਾਨੂੰਨੀ ਕਾਰਵਾਈ ਕੀਤੀ ਗਈ ਹੈ। ਇਸ ਮੌਕੇ 'ਤੇ ਕਾਰਜ ਸਾਧਕ ਅਫਸਰ ਰਜੀਵ ਕੁਮਾਰ ਉਬਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਲਾਸਟਿਕ ਲਿਫਾਫਿਆਂ ਦੀ ਮੁਕੰਮਲ ਤੌਰ 'ਤੇ ਪਾਬੰਦੀ ਲਗਾਈ ਗਈ ਹੈ। ਉਹਨਾਂ ਕਿਹਾ ਭੋਗਪੁਰ ਸ਼ਹਿਰ ਵਿੱਚ ਕੋਈ ਵੀ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਕਰਦਾ ਫੜ੍ਹਿਆ ਗਿਆ ਤਾਂ ਉਸ 'ਤੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਚਲਾਨ ਕੱਟ ਕੇ ਉਸ ਨੂੰ ਕੋਰਟ ਭੇਜਿਆ ਜਾਵੇਗਾ ਅਤੇ ਨਾਲ ਹੀ ਚਾਈਨਾ ਡੋਰ ਅਤੇ ਪਤੰਗਾਂ ਵਾਲੀਆਂ ਦੁਕਾਨਾਂ ਦੀ ਵੀ ਚੈਕਿੰਗ ਕੀਤੀ ਗਈ, ਅੱਗੇ ਤੋਂ ਦੁਕਾਨਦਾਰਾਂ ਨੂੰ ਜਾਗਰੂਕ ਕੀਤਾ ਗਿਆ। ਕਾਰਜ ਸਾਧਕ ਅਫਸਰ ਰਜੀਵ ਕੁਮਾਰ ਨੇ ਕਿਹਾ ਕਿ ਕਿਸੇ ਵੀ ਦੁਕਾਨਦਾਰ ਕੋਲੋਂ ਚਾਈਨਾ ਵਾਲੀ ਡੋਰ ਫੜ੍ਹੀ ਗਈ ਤਾਂ ਉਹਨਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ 'ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਯੂਨੀਅਨ ਵਾਤਾਵਰਨ ਇੰਜੀਨੀਅਰ ਸ੍ਰੀ ਮੋਹਿਤ ਕੁਮਾਰ, ਸ੍ਰੀ ਹਰਪ੍ਰੀਤ ਸਿੰਘ, ਨਗਰ ਕੌਂਸਲ ਸ੍ਰੀਮਤੀ ਸਨੀਤਾ ਰਾਣੀ ਸੀਐਫ, ਪੈਸਕੋ ਸੁਪਰਵਾਈਜ਼ਰ ਅਵਤਾਰ ਤੇ ਅਸ਼ੋਕ ਕੁਮਾਰ ਤੇ ਮੋਟੀਵੇਟਰ ਹਾਜ਼ਰ ਸਨ।

## ਅੱਖਾਂ ਦਾ ਮੁਫ਼ਤ ਲੈਨਜ਼ ਕੈਂਪ 1 ਫਰਵਰੀ ਨੂੰ ਜੈਤੋਂ ਵਿਖੇ ਲੱਗੇਗਾ



ਜੈਤੋ, 23 ਜਨਵਰੀ (ਸੰਜੀਵ ਗੋਇਲ ਸੰਜੂ): ਪ੍ਰਸਿੱਧ ਸਮਾਜ ਸੇਵੀ ਸੰਸਥਾ ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੁਸਾਇਟੀ ਜੈਤੋ (ਸੰਤ ਜਲਾਲ ਵਾਲਿਆਂ ਦਾ ਅੱਖਾਂ ਦਾ ਹਸਪਤਾਲ ਜੈਤੋ) ਵਿਖੇ ਸੰਸਥਾ ਦੇ ਮੁੱਖ ਸੰਸਥਾਪਕ ਬ੍ਰਹਮਲੀਨ ਸੰਤ ਕਰਨੈਲ ਦਾਸ ਜੀ ਜਲਾਲ ਵਾਲਿਆਂ ਦੀ ਯਾਦ ਵਿਚ ਪੁੰਨਿਆ ਦੇ ਸ਼ੁੱਭ ਦਿਹਾੜੇ 'ਤੇ ਚੀਫ਼ ਪੈਟਰਨ ਸਵਾਮੀ ਬ੍ਰਹਮ ਮੁਨੀ ਸ਼ਾਸਤਰੀ ਜੀ ਦੀ ਅਗਵਾਈ ਹੇਠ 1 ਫ਼ਰਵਰੀ ਦਿਨ ਐਤਵਾਰ ਨੂੰ ਸਥਾਨਕ ਹਸਪਤਾਲ ਚੈਨਾ ਰੋਡ ਵਿਖੇ ਮੁਫ਼ਤ ਲੈਂਜ਼ ਕੈਂਪ ਲੱਗੇਗਾ। ਇਸ ਕੈਂਪ ਵਿੱਚ ਮਰੀਜ਼ਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਕਰਕੇ ਮੁਫ਼ਤ ਲੈਂਜ਼ ਪਾਏ ਜਾਣਗੇ। ਸੰਤ ਰਿਸ਼ੀ ਰਾਮ ਜੀ ਪ੍ਰਧਾਨ ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੋਸਾਇਟੀ ਜੈਤੋ ਨੇ ਦੱਸਿਆ ਕਿ ਕੈਂਪ 'ਚ ਅੱਖਾਂ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਦੀਪਕ ਅਰੋੜਾ, ਡਾ. ਮੋਨਿਕਾ ਬਲਿਆਨ ਅਤੇ ਡਾ. ਭੁਪਿੰਦਰ ਪਾਲ ਕੌਰ ਵਲੋਂ ਮਰੀਜ਼ਾਂ ਦੀ ਜਾਂਚ ਕੀਤੀ ਜਾਵੇਗੀ। ਸੰਤ ਜੀ ਨੇ ਦੱਸਿਆ ਕਿ ਮਰੀਜ਼ਾਂ ਨੂੰ ਸੰਸਥਾ ਵਲੋਂ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ ਅਤੇ ਕੈਂਪ ਦੌਰਾਨ ਮਰੀਜ਼ਾਂ ਲਈ ਰਹਿਣ ਸਹਿਣ ਅਤੇ ਲੰਗਰ ਦਾ ਪ੍ਰਬੰਧ ਮੁਫ਼ਤ ਕੀਤਾ ਜਾਵੇਗਾ। ਆਪ੍ਰੇਸ਼ਨ ਵਾਲੇ ਮਰੀਜ਼ ਆਪਣੇ ਆਧਾਰ ਕਾਰਡ ਦੀ ਦੋ ਫੋਟੋ ਕਾਪੀ ਨਾਲ ਲੈ ਕੇ ਆਉਣ। ਇਸ ਮੌਕੇ ਇਸ ਮੌਕੇ ਮਾਤਾ ਰਜਨੀ ਦੇਵੀ ਵਿਵੇਕ ਆਸ਼ਰਮ ਜੈਤੋ, ਮੇਜਰ ਸਿੰਘ ਗੋਂਦਾਰਾ, ਜਸਵਿੰਦਰ ਸਿੰਘ ਪਟਵਾਰੀ, ਸੁਰਜੀਤ ਸਿੰਘ ਅਰੋੜਾ ਰੋੜੀ ਕਪੂਰਾ, ਸਤਵਿੰਦਰ ਪਾਲ ਸਿੰਘ ਅੰਗਰੋਈਆ ਹਾਜ਼ਰ ਸਨ।

## ਰੂਲਰ ਅਬਜੈਕਟਿਵ ਕਮੇਟੀ ਵੱਲੋਂ ਗੁਰਧਨਪੁਰ ਵਿਖੇ ਮਨਰੇਗਾ ਮਜ਼ਦੂਰ ਜਾਗਰੂਕਤਾ ਸੈਮੀਨਾਰ



ਅਮਲੋਹ, 23 ਜਨਵਰੀ (ਜਸਵੰਤ ਸਿੰਘ): ਸਾਬਕਾ ਕੈਬਨਿਟ ਮੰਤਰੀ ਰਣਦੀਪ ਸਿੰਘ ਨਾਭਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕੇਂਦਰ ਦੀ ਸਰਕਾਰ ਦੁਆਰਾ ਮਨਰੇਗਾ ਮਜ਼ਦੂਰਾਂ ਦੇ ਹੱਕਾਂ ਉਪਰ ਮਾਰੇ ਜਾ ਰਹੇ ਕਥਿਤ ਡਾਕੇ ਦੇ ਵਿਰੋਧ ਵਿੱਚ ਬਲਾਕ ਅਮਲੋਹ ਦੀ ਰੂਲਰ ਅਬਜੈਕਟਿਵ ਕਮੇਟੀ ਵੱਲੋਂ ਪਿੰਡ ਗੁਰਧਨਪੁਰ ਵਿਖੇ ਮਨਰੇਗਾ ਮਜ਼ਦੂਰ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਬੁਲਾਰਿਆਂ ਨੇ ਭਰਵੇਂ ਇਕੱਠ ਨੂੰ ਸੰਬੋਧਨ ਕਰਦੇ ਹੋਏ ਮਨਰੇਗਾ ਵਰਕਰਾਂ ਨੂੰ ਜਾਣੂ ਕਰਵਾਇਆ ਕਿ ਮਨਰੇਗਾ ਸਕੀਮ ਕਾਂਗਰਸ ਪਾਰਟੀ ਦੇ ਮਰਹੂਮ ਪ੍ਰਧਾਨ ਮੰਤਰੀ ਡਾਕਟਰ ਮਨਮੋਹਨ ਸਿੰਘ ਦੀ ਲਿਆਂਦੀ ਹੋਈ ਹੈ, ਜਿਸ ਦਾ ਨਾਮ ਮਹਾਤਮਾ ਗਾਂਧੀ ਮਨਰੇਗਾ ਯੋਜਨਾ ਰੱਖਿਆ ਗਿਆ। ਇਸ ਵਿੱਚ ਮਨਰੇਗਾ ਮਜ਼ਦੂਰਾਂ ਨੂੰ 100 ਦਿਨਾਂ ਦੇ ਰੁਜ਼ਗਾਰ ਦੀ ਕਾਨੂੰਨੀ ਗਰੰਟੀ ਸੀ ਪ੍ਰੰਤ ਕੇਂਦਰ ਦੀ ਸਰਕਾਰ ਨੇ ਵਿਰੋਧੀ ਧਿਰ ਦੀ ਕੋਈ ਰਾਏ ਸਲਾਹ ਲਏ ਬਿਨਾਂ ਹੀ ਧੱਕੇ ਨਾਲ ਬਿਲ ਪਾਸ ਕਰਕੇ ਮਨਰੇਗਾ ਦਾ ਸਰੂਪ ਹੀ ਬਦਲ ਦਿੱਤਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਇਸ ਕਾਲੇ ਬਿਲ ਦੇ ਨੁਕਸਾਨ ਤੋਂ ਲੋਕਾਂ ਨੂੰ ਜਾਣੂ ਕਰਵਾਉਂਦੀ ਹੋਈ ਮਨਰੇਗਾ ਬਚਾਓ ਸੰਗਰਾਮ ਤਹਿਤ ਗਰੀਬਾਂ ਦੀ ਲੜਾਈ ਅੱਗੇ ਹੋ ਕੇ ਲੜ ਰਹੀ ਹੈ। ਉਨ੍ਹਾਂ ਸਮੂਹ ਮਨਰੇਗਾ ਵਰਕਰਾਂ ਨੂੰ ਤਕੜੇ ਹੋ ਕੇ ਕਾਂਗਰਸ ਪਾਰਟੀ ਦਾ ਸਾਥ ਦੇਣ ਦੀ ਅਪੀਲ ਕੀਤੀ। ਇਸ ਮੌਕੇ ਬਲਾਕ ਪ੍ਰਧਾਨ ਜਗਵੀਰ ਸਿੰਘ ਸਲਾਣਾ, ਗੁਰਪ੍ਰੀਤ ਸਿੰਘ ਗਰੇਵਾਲ, ਜਗਦੀਸ਼ ਸਿੰਘ ਦੀਸ਼ਾ ਸੌਂਟੀ, ਗੁਰਚਰਨ ਸਿੰਘ, ਜਗਜੀਤ ਸਿੰਘ, ਹਰਦੀਪ ਸਿੰਘ, ਸੁਖਾ ਖੁੰਮਣਾ, ਜੱਗੀ ਵੜੈਚਾਂ, ਜੱਗਾ ਸਿੰਘ ਸਮਸ਼ਪੁਰ, ਜਗਤਾਰ ਸਿੰਘ, ਬਲਵਿੰਦਰ ਸਿੰਘ, ਰਾਕੇਸ਼ ਕੁਮਾਰ ਗੋਗੀ ਤੇ ਮਨਪ੍ਰੀਤ ਸਿੰਘ ਮਿੰਟਾ ਹਾਜ਼ਰ ਸਨ।

## ਅੱਖਾਂ ਦਾ ਫ੍ਰੀ ਮੈਡੀਕਲ ਕੈਂਪ 25 ਨੂੰ



ਭੋਗਪੁਰ, 23 ਜਨਵਰੀ (ਜੰਡੀਰ ਸੈਣੀ): ਭੋਗਪੁਰ ਨਜ਼ਦੀਕ ਪਿੰਡ ਚੌਲਾਂਗ ਟੋਲਪਲਾਜ਼ਾ ਅੱਡਾ 'ਤੇ 25 ਜਨਵਰੀ ਨੂੰ ਅੱਖਾਂ ਦਾ ਫ੍ਰੀ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਅੱਖਾਂ ਦੇ ਫ੍ਰੀ ਚੈੱਕਅਪ ਕੀਤੇ ਜਾਣਗੇ ਅਤੇ ਫ੍ਰੀ ਇਲਾਜ ਵੀ ਕੀਤਾ ਜਾਵੇਗਾ। ਜਾਣਕਾਰੀ ਦਿੰਦੇ ਹੋਏ ਪਟਿਆਲਾ ਦੇ ਗੁਰੂ ਕੇ ਵਜ਼ੀਰ ਗ੍ਰੰਥੀ ਸਾਹਿਬ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 25 ਜਨਵਰੀ ਨੂੰ ਟੋਲਪਲਾਜ਼ਾ ਚੌਲਾਂਗ ਅੱਡੇ ਵਿੱਚ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ ਅਤੇ ਲੋੜ ਮੁਤਾਬਕ ਅੱਖਾਂ ਵਿੱਚ ਲੈਂਜ਼ ਵੀ ਲਗਾਏ ਜਾਣਗੇ। ਉਹਨਾਂ ਨੇ ਜ਼ਰੂਰਤਮੰਦ ਲੋਕਾਂ ਨੂੰ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ ਹੈ।

## ਵੱਖ-ਵੱਖ ਰੋਗਾਂ ਤੋਂ ਛੁਟਕਾਰਾ ਪਾਉਣ ਲਈ ਨਾਗਰਿਕ ਕਰ ਰਹੇ ਨੇ ਯੋਗ



ਸ੍ਰੀ ਫਤਹਿਗੜ੍ਹ ਸਾਹਿਬ, 23 ਜਨਵਰੀ (ਨਰਿੰਦਰ ਸਿੰਘ): ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਸੀ ਐਮ ਦੀ ਯੋਗਸ਼ਾਲਾ ਤਹਿਤ ਲੋਕਾਂ ਬਹੁਤ ਸਾਰੀਆਂ ਬਿਮਾਰੀਆਂ ਤੋਂ ਰਾਹਤ ਪਾ ਰਹੇ ਹਨ। ਸ਼੍ਰੀ ਰਾਮ ਮੰਦਰ ਅਮਲੋਹ ਵਿਖੇ ਯੋਗਸ਼ਾਲਾ ਸੈਸ਼ਨ ਸਮਾਂ ਸ਼ਾਮ 4:05 ਤੋਂ 5:50 ਦੇ ਟ੍ਰੇਨਰ ਹਰਜੋਤ ਸਿੰਘ ਵੱਲੋਂ ਪ੍ਰਾਣਾਯਾਮ ਤੇ ਯੋਗ ਆਸਣਾਂ ਦੀ ਸਿਖਲਾਈ ਦਿੱਤੀ ਜਾਂਦੀ ਹੈ। ਯੋਗਾ ਟ੍ਰੇਨਰ ਨੇ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਲੋਕਾਂ ਵਿਚ ਗੋਡਿਆਂ ਦਾ ਦਰਦ, ਸਰਵਾਈਕਲ, ਡਿਪਰੈਸ਼ਨ ਵਰਗੀਆਂ ਸਮੱਸਿਆਵਾਂ ਆਮ ਹੋ ਰਹੀਆਂ ਹਨ। ਯੋਗ ਸੈਸ਼ਨ ਵਿੱਚ ਸ਼ਾਮਿਲ ਹੋਣ ਨਾਲ ਇਹਨਾਂ ਸਮੱਸਿਆਂਵਾਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। ਯੋਗ ਸੈਸ਼ਨ ਵਿੱਚ ਸ਼ਾਮਿਲ ਮੈਂਬਰ ਅਮਨਦੀਪ ਕੌਰ ਨੇ ਦੱਸਿਆ ਕਿ ਯੋਗ ਸੈਸ਼ਨ ਵਿੱਚ ਸ਼ਾਮਿਲ ਹੋਣ ਨਾਲ ਮਾਨਸਿਕ ਤੌਰ 'ਤੇ ਸ਼ਾਂਤੀ ਮਿਲਦੀ ਹੈ। ਸਰੀਰ ਵਿੱਚ ਲਚਕੀਲਾਪਣ ਆਉਂਦਾ ਹੈ। ਯੋਗ ਸੈਸ਼ਨ ਦੇ ਇੱਕ ਹੋਰ ਮੈਂਬਰ ਦਿਕਸ਼ਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਹ ਬਹੁਤ ਵਧੀਆ ਉਪਰਾਲਾ ਹੈ, ਜਿਸ ਨਾਲ ਸਾਹ ਦੀਆਂ ਬਿਮਾਰੀਆਂ ਤੋਂ ਛੁਟਕਾਰਾ ਮਿਲਦਾ ਹੈ। ਸਰੀਰ ਨੂੰ ਬਿਮਾਰੀਆਂ ਨਾਲ ਲੜਨ ਦੀ ਸ਼ਕਤੀ ਮਿਲਦੀ ਹੈ । ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਸੀ ਐਮ ਦੀ ਯੋਗਸ਼ਾਲਾ ਲੋਕਾਂ ਨੂੰ ਸਿਹਤਯਾਬ ਬਣਾਉਣ, ਮਾਨਸਿਕ ਤਣਾਓ ਨੂੰ ਦੂਰ ਕਰਨ ਦਾ ਬਹੁਤ ਵਧੀਆ ਉਪਰਾਲਾ ਹੈ। ਉਹਨਾਂ ਨੇ ਆਪਣੇ ਯੋਗ ਟ੍ਰੇਨਰ ਹਰਜੋਤ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਨੇ ਬਹੁਤ ਘੱਟ ਉਮਰ ਵਿੱਚ ਆਪਣੇ ਅਨੁਭਵ ਅਤੇ ਸਿੱਖਿਆ ਰਾਹੀਂ ਯੋਗ ਸੈਸ਼ਨ ਵਿੱਚ ਆਪਣਾ ਅਹਿਮ ਰੋਲ ਅਦਾ ਕੀਤਾ ਹੈ। ਉਹ ਬਹੁਤ ਪਿਆਰ ਅਤੇ ਸਤਿਕਾਰ ਨਾਲ ਯੋਗ ਕਰਵਾਉਂਦੇ ਹਨ। ਇਸ ਮੌਕੇ ਸੀ ਐਮ ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੋਆਰਡੀਨੇਟਰ ਰਮਨਜੀਤ ਕੌਰ ਵੀ ਹਾਜ਼ਰ ਸਨ।

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਪੰਜਾਬੀਆਂ ਲਈ ਵਰਦਾਨ ਸਾਬਤ ਹੋਵੇਗੀ: ਡਾ. ਕੇ.ਜੇ. ਸਿੰਘ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 23 ਜਨਵਰੀ (ਡਾ.ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸਿਹਤ ਮੰਤਰੀ ਬਲਬੀਰ ਸਿੰਘ ਵੱਲੋਂ ਇਤਿਹਾਸਕ ਪਹਿਲਕਦਮੀ ਕਰਦਿਆਂ ਸਿਹਤ ਖੇਤਰ ਵਿੱਚ ਵੱਡਾ ਇਤਿਹਾਸਕ ਫੈਸਲਾ ਲਿਆ ਗਿਆ। ਪੰਜਾਬ ਸਰਕਾਰ ਵੱਲੋਂ ਮੋਹਾਲੀ ਵਿੱਚ ਸ਼ੁਰੂ ਕੀਤੀ 10 ਲੱਖ ਰੁਪਏ ਦੇ ਕੈਸ਼ਲੈਸ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਹਰੇਕ ਪੰਜਾਬੀ ਲਈ ਲਾਹੇਵੰਦ ਤੇ ਵਰਦਾਨ ਸਾਬਿਤ ਹੋਵੇਗੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਕਮਲਜੀਤ ਸਿੰਘ ਕੇਜੇ ਸਾਬਕਾ ਆਬਜ਼ਰਵਰ ਤੇ ਸੀਨੀਅਰ ਆਗੂ ਆਮ ਆਦਮੀ ਪਾਰਟੀ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਨੇ ਕਿਹਾ ਕਿ ਇਹ ਸਕੀਮ ਨਾਲ ਸੂਬੇ ਦੇ ਹਰੇਕ ਵਰਗ ਲਈ ਰਾਹਤ ਸਾਬਿਤ ਹੋਵੇਗੀ ਕਿਉਂਕਿ ਅਕਸਰ ਦੇਖਣ ਵਿੱਚ ਆਉਂਦਾ ਹੈ ਕਿ ਗਰੀਬ ਤੇ ਲੋੜਵੰਦ ਪਰਿਵਾਰ ਮਹਿੰਗੇ ਇਲਾਜ ਕਰਕੇ ਆਰਥਿਕ ਤੰਗੀ ਦਾ ਸ਼ਿਕਾਰ ਹੋ ਜਾਂਦੇ ਹਨ, ਨਾਲ ਹੀ ਡਾ. ਕੇਜੇ ਸਿੰਘ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸਰਕਾਰੀ ਤੇ ਗੈਰ-ਸਰਕਾਰੀ ਵਿੱਚ ਬਿਨਾਂ ਕਿਸੇ ਨਕਦੀ ਰਕਮ ਦੇ ਇਲਾਜ ਮੁਹੱਈਆ ਕਰਵਾਇਆ ਜਾਵੇਗਾ ਨਾਲ ਇਸ ਯੋਜਨਾ ਦੀ ਸ਼ੁਰੂਆਤ ਭਗਵੰਤ ਸਿੰਘ ਮਾਨ ਦੀ ਪੰਜਾਬ ਪੱਖੀ ਸੋਚ ਦੀ ਨੂੰ ਦਰਸਾਉਂਦਾ।



# ਸ੍ਰੀ ਗੁਰੂ ਰਵਿਦਾਸ ਜੀ ਦੀ 650 ਸਾਲਾ ਅਰਧ ਸ਼ਤਾਬਦੀ ਮਨਾਉਣ ਲਈ ਹੁਣੇ ਤੋਂ ਪ੍ਰਬੰਧ ਕਰੇ ਸਰਕਾਰ: ਨਿਮਿਸ਼ਾ ਮਹਿਤਾ

## ☛ਭਾਜਪਾ ਆਗੂ ਨਿਮਿਸ਼ਾ ਮਹਿਤਾ ਨੇ ਮੁੱਖ ਮੰਤਰੀ ਨੂੰ ਲਿਖੀ ਚਿੱਠੀ

ਗੜ੍ਹਸ਼ੰਕਰ, 23 ਜਨਵਰੀ (ਅਜਮੇਰ ਸਿੰਘ ਭਨੋਟ): ਭਾਜਪਾ ਦੀ ਗੜ੍ਹਸ਼ੰਕਰ ਹਲਕਾ ਇੰਚਾਰਜ ਨਿਮਿਸ਼ਾ ਮਹਿਤਾ ਨੇ 2027 ਵਿੱਚ ਆਉਣ ਵਾਲੀ ਸ੍ਰੀ ਗੁਰੂ ਰਵਿਦਾਸ ਜੀ ਦੀ 650ਵੀਂ ਜੈਯੰਤੀ ਸਬੰਧੀ ਮੁੱਖ ਮੰਤਰੀ ਭਗਵੰਤ ਮਾਨ ਨੂੰ ਚਿੱਠੀ ਲਿਖ ਕੇ ਇਸ ਜੈਯੰਤੀ ਸਮਾਰੋਹ ਨੂੰ ਯਾਦਗਾਰੀ ਤੇ ਖ਼ਾਸ, ਵਿਸ਼ੇਸ਼ ਪ੍ਰਬੰਧ ਤੇ ਲੜੀਵਾਰ ਸਮਾਗਮ ਕਰਵਾਏ ਜਾਣ ਦੀ ਮੰਗੀ ਕੀਤੀ ਹੈ।ਇਸ ਦੇ ਨਾਲ ਹੀ ਨਿਮਿਸ਼ਾ ਮਹਿਤਾ ਨੇ ਗੜ੍ਹਸ਼ੰਕਰ ਹਲਕਾ ਵਿੱਚ ਸਥਿਤ ਗੁਰੂ ਰਵਿਦਾਸ ਜੀ ਦੇ ਤਪ ਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਨੂੰ ਜਾਣ ਵਾਲੀ ਸੜਕ ਨੂੰ ਜਲਦੀ ਤੋਂ ਜਲਦੀ ਚਹੁੰ-ਮਾਰਗੀ ਬਣਾਉਣ ਦੀ ਮੰਗ ਵੀ ਰੱਖੀ ਹੈ।ਉਨ੍ਹਾਂ ਕਿਹਾ ਕਿ ਇਸ ਤੀਰਥ ਨੂੰ ਜਾਣ ਵਾਲਾ ਰਸਤਾ ਬੇਹੱਦ ਤੰਗ ਤੇ ਅਸੁਰੱਖਿਅਤ ਹੋਣ ਕਰਕੇ ਹਰ ਸਾਲ ਭਿਆਨਕ ਸੜਕ ਹਾਦਸੇ ਇਸ ਰਸਤੇ ਵਿੱਚ ਹੁੰਦੇ ਹਨ ਤੇ ਸਾਲ 2022 ਤੋਂ ਲੈ ਕੇ ਹੁਣ ਤੱਕ ਇਨ੍ਹਾਂ ਸੜਕ ਹਾਦਸਿਆਂ ਵਿੱਚ 14 ਤੋਂ ਵਧੇਰੇ ਲੋਕ ਆਪਣੀ ਜਾਨ ਵੀ ਗੁਆ ਚੁੱਕੇ ਹਨ।ਉਨ੍ਹਾਂ ਕਿਹਾ ਕਿ ਸ੍ਰੀ ਖੁਰਾਲਗੜ੍ਹ ਸਾਹਿਬ ਮੱਥਾ ਟੇਕਣ ਲਈ ਪੰਜਾਬ ਹੀ ਨਹੀਂ ਸਗੋਂ ਬਾਹਰੀ ਸੂਬਿਆਂ ਤੋਂ ਵੀ ਲੋਕ ਆਉਂਦੇ ਹਨ ਤੇ ਉਨ੍ਹਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਇਹ ਜ਼ਰੂਰੀ ਹੈ ਕਿ ਇਸ ਤੀਰਥ ਨੂੰ ਜਾਣ ਵਾਲੇ ਰਾਹ ਨੂੰ ਚਹੁੰ-ਮਾਰਗੀ, ਸੁਰੱਖਿਅਤ ਤੇ ਬਕਾਇਕਾ ਸੋਲਰ ਲਾਈਟਾਂ ਨਾਲ ਲੈਸ ਰਸਤਾ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਦੇ 650ਵੇਂ ਸਾਲ ਦੀ ਸ਼ੁਰੂਆਤ ਫਰਵਰੀ 2026 ਤੋਂ ਹੋ ਜਾਵੇਗੀ ਤੇ ਪੰਜਾਬ ਸਰਕਾਰ ਲੋਕਾਂ ਦੀ ਸ਼ਰਧਾ ਭਾਵਨਾ ਨੂੰ ਮੁੱਖ ਰੱਖਦਿਆਂ ਇਸ ਅਰਧ ਸ਼ਤਾਬਦੀ ਨੂੰ ਮਨਾਉਣ ਲਈ ਸਾਲ ਭਰ ਲਈ ਵੱਖ-ਵੱਖ ਸਰਕਾਰੀ ਸਮਾਗਮਾਂ ਦਾ ਪ੍ਰਬੰਧ ਕਰੇ।ਨਿਮਿਸ਼ਾ ਮਹਿਤਾ ਨੇ ਆਪਣੇ ਪੱਤਰ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਿਹਾ ਕਿ ਗੁਰੂਆਂ ਦੀ ਸ਼ਤਾਬਦੀ ਜਾਂ ਅਰਧ ਸ਼ਤਾਬਦੀ ਭਾਗਾਂ ਵਾਲਿਆਂ ਨੂੰ ਹੀ ਮਨਾਉਣ ਦਾ ਮੌਕਾ ਜੀਵਨ ਵਿੱਚ ਮਿਲਦਾ ਹੈ।



# ਭਗਵੰਤ ਮਾਨ ਸਰਕਾਰ ਨੇ ਹਮੇਸ਼ਾ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਨੂੰ ਤਰਜੀਹ ਦਿੱਤੀ: ਵਿਧਾਇਕ ਕਲਸੀ

## ☛ਕਿਸਾਨਾਂ ਲਈ ਸਿੰਚਾਈ ਸਹੂਲਤਾਂ, ਬਿਜਲੀ ਬਿੱਲ ਤੇ ਫਸਲਾਂ ਲਈ ਵਧੀਆ ਭਾਅ ਦੇਣ ਸਮੇਤ ਵੱਖ-ਵੱਖ ਕਿਸਾਨ ਪੱਖੀ ਕਦਮ ਉਠਾਏ: ਮਿੱਤਰਪਾਲ ਸਿੰਘ

ਬਟਾਲਾ, 23 ਜਨਵਰੀ (ਬਲਵਿੰਦਰ ਸਿੰਘ ਪੰਜਗਰਾਈਂ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਿੱਤਰ ਪਾਲ ਸਿੰਘ ਦੌਲਤਪੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹਮੇਸ਼ਾ ਕਿਸਾਨੀ ਹਿੱਤਾਂ ਨੂੰ ਤਰਜੀਹ ਦਿੱਤੀ ਹੈ ਤੇ ਕਿਸਾਨ ਪੱਖੀ ਕਦਮ ਉਠਾਏ ਹਨ। ਉਹ ਚਾਹੇ ਕਿਸਾਨਾਂ ਦੀ ਕਰਜ਼ ਮੁਆਫੀ ਹੋਵੇ, ਫਸਲਾਂ ਲਈ ਵਧੀਆ ਭਾਅ ਦੀ ਲੜਾਈ ਹੋਵੇ, ਨਹਿਰੀ ਪਾਣੀ ਨੂੰ ਕਿਸਾਨਾਂ ਦੇ ਖੇਤਾਂ ਤੱਕ ਪਹੁੰਚਦਾ ਕਰਨਾ ਹੋਵੇ, (ਮਤਲਬ ਸਿੰਚਾਈ ਸਹੂਲਤਾਂ ਦਾ ਵਾਧਾ) ਜਾਂ ਫਿਰ ਬਿਜਲੀ ਬਿੱਲਾਂ ਵਿੱਚ ਰਾਹਤ, ਗੱਲ ਕੀ ਹਰ ਕਦਮ ਕਿਸਾਨਾਂ ਦੀ ਭਲਾਈ ਲਈ ਹੀ ਚੁੱਕਿਆ ਗਿਆ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਸੇ ਸੋਚ ਦੇ ਤਹਿਤ ਲੈਂਡ ਪੂਲਿੰਗ ਨੀਤੀ 2025 ਵੀ ਬਣਾਈ ਗਈ ਸੀ, ਜਿਸ ਦਾ ਮਕਸਦ ਕਿਸਾਨਾਂ ਨੂੰ ਵਿਕਾਸ ਵਿੱਚ ਸਿੱਧਾ ਹਿੱਸੇਦਾਰ ਬਣਾਉਣਾ, ਉਨ੍ਹਾਂ ਦੀ ਜ਼ਮੀਨ ਦੀ ਕੀਮਤ ਕਈ ਗੁਣਾ ਵਧਾਉਣਾ ਤੇ ਉਨ੍ਹਾਂ ਨੂੰ ਆਧੁਨਿਕ ਸਹੂਲਤਾਂ ਨਾਲ ਜੋੜਨਾ ਸੀ, ਪਰ ਕਿਸਾਨ ਇਸ ਨੀਤੀ ਤੋਂ ਅਸੰਤੁਸ਼ਟ ਸਨ, ਜਿਸ ਕਾਰਨ ਨੀਤੀ ਨੂੰ ਲਾਗੂ ਕਰਨਾ ਜਨਹਿੱਤ ਤੇ ਲੋਕਤੰਤਰਕ ਸਿਧਾਂਤਾਂ ਦੇ ਖਿਲਾਫ਼ ਲੱਗਿਆ।ਸਰਕਾਰ ਨੇ ਕਿਸਾਨਾਂ ਦੀ ਰਾਇ ਨੂੰ ਸਰਵੋਤਮ ਮੰਨਦਿਆਂ ਲੈਂਡ ਪੂਲਿੰਗ ਨੀਤੀ ਵਾਪਸ ਲੈਣ ਦਾ ਵੱਡਾ ਤੇ ਇਤਿਹਾਸਕ ਫ਼ੈਸਲਾ ਕੀਤਾ।ਉਨ੍ਹਾਂ ਨੇ ਅੱਗੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਪੰਜਾਬੀਅਤ ਦੀ ਅਸਲੀ ਪਛਾਣ ਮਿੱਟੀ, ਮਿਹਨਤ ਤੇ ਪੰਜਾਬ ਦੇ ਮਾਣ ਨੂੰ ਬਚਾਉਣ ਵਿੱਚ ਹੈ।ਕਿਸਾਨਾਂ ਦੀ ਖੁਸ਼ਹਾਲੀ ਹੀ ਪੰਜਾਬ ਦੀ ਖੁਸ਼ਹਾਲੀ ਹੈ ਤੇ ਇਹੀ ਸੂਬਾ ਸਰਕਾਰ ਦਾ ਸਭ ਤੋਂ ਵੱਡਾ ਟੀਚਾ ਹੈ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਿੱਤਰ ਪਾਲ ਸਿੰਘ ਦੌਲਤਪੁਰ ਤੇ ਉਨ੍ਹਾਂ ਦੇ ਨਾਲ ਹੋਰ ਵੀ ਬਹੁਤ ਸਾਰੇ ਵਰਕਰ ਮੌਜੂਦ ਸਨ।



# ਗਰੀਬ ਤੇ ਮੱਧ ਵਰਗ ਪਰਿਵਾਰਾਂ ਲਈ ਰੱਖਿਆ ਕਵਚ ਸਾਬਿਤ ਹੋਵੇਗੀ ਬੀਮਾ ਯੋਜਨਾ: ਚੇਅਰਮੈਨ ਚਾਹਲ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 23 ਜਨਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ 10 ਲੱਖ ਰੁਪਏ ਦੀ ਇਲਾਜ ਬੀਮਾ ਯੋਜਨਾ ਦੀ ਵਿਧਾਨ ਸਭਾ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਅਧੀਨ ਆਉਂਦੇ ਪਿੰਡਾਂ ਵਿੱਚ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।ਇਸ ਸਬੰਧੀ ਚੇਅਰਮੈਨ ਚਾਹਲ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਯੋਜਨਾ ਗਰੀਬ, ਮੱਧਵਰਗੀ ਤੇ ਮਜ਼ਦੂਰ ਵਰਗ ਦੇ ਪਰਿਵਾਰਾਂ ਲਈ ਕਿਸੇ ਵੱਡੇ ਤੋਹਫ਼ੇ ਤੋਂ ਘੱਟ ਨਹੀਂ। ਚੇਅਰਮੈਨ ਚਾਹਲ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਮਹਿੰਗਾ ਇਲਾਜ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੋ ਚੁੱਕਾ ਹੈ।ਕਈ ਵਾਰ ਘਰ ਦੇ ਇੱਕ ਮੈਂਬਰ ਦੀ ਬਿਮਾਰੀ ਪੂਰੇ ਪਰਿਵਾਰ ਨੂੰ ਕਰਜ਼ੇ ਹੇਠ ਦਬਾ ਦਿੰਦੀ ਹੈ, ਪਰ ਪੰਜਾਬ ਸਰਕਾਰ ਵੱਲੋਂ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਦੇਣਾ ਇੱਕ ਇਤਿਹਾਸਕ ਤੇ ਲੋਕ-ਹਿਤੈਸ਼ੀ ਕਦਮ ਹੈ।ਉਨ੍ਹਾਂ ਕਿਹਾ ਕਿ ਇਹ ਯੋਜਨਾ ਆਮ ਆਦਮੀ ਨੂੰ ਵੱਡੀਆਂ ਬਿਮਾਰੀਆਂ ਦੇ ਇਲਾਜ ਦੌਰਾਨ ਆਰਥਿਕ ਤੌਰ 'ਤੇ ਮਜ਼ਬੂਤ ਬਣਾਏਗੀ।ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਸਰਕਾਰੀ ਹੀ ਨਹੀਂ ਸਗੋਂ ਐਂਪੈਨਲ ਕੀਤੇ ਨਿੱਜੀ ਹਸਪਤਾਲਾਂ ਵਿੱਚ ਵੀ ਕੈਸ਼ਲੈਸ ਇਲਾਜ ਦੀ ਸਹੂਲਤ ਮਿਲੇਗੀ, ਜਿਸ ਨਾਲ ਲੋਕਾਂ ਨੂੰ ਵੱਡੇ ਸ਼ਹਿਰਾਂ ਵੱਲ ਭਟਕਣਾ ਨਹੀਂ ਪਵੇਗਾ। ਪਿੰਡਾਂ ਵਿੱਚ ਰਹਿੰਦੇ ਲੋਕ ਵੀ ਹੁਣ ਵਧੀਆ ਤੇ ਸਮੇਂ-ਸਿਰ ਇਲਾਜ ਦਾ ਲਾਭ ਉਠਾ ਸਕਣਗੇ।ਇਹ ਯੋਜਨਾ ਖ਼ਾਸ ਕਰਕੇ ਕਿਸਾਨਾਂ, ਮਜ਼ਦੂਰਾਂ, ਦਿਹਾੜੀਦਾਰਾਂ ਤੇ ਛੋਟੇ ਕਾਰੋਬਾਰੀਆਂ ਲਈ ਵੱਡਾ ਸਹਾਰਾ ਸਾਬਿਤ ਹੋਵੇਗੀ।



# ਅਣਪਛਾਤੇ ਵਿਅਕਤੀ ਨੇ ਗੁੱਜਰਾਂ ਦੇ ਸੁੱਤੇ ਪਏ ਪਰਿਵਾਰ 'ਤੇ ਤੇਜ਼ਾਬ ਸੁੱਟਿਆ

## ☛ਤੇਜ਼ਾਬ ਨਾਲ ਮਾਂ ਤੇ ਉਸ ਦਾ 7 ਮਹੀਨੇ ਦਾ ਪੁੱਤਰ ਜ਼ਖ਼ਮੀ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 23 ਜਨਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਕਸਬਾ ਘੁਮਾਣ ਦੇ ਨਜ਼ਦੀਕ ਪੈਂਦੇ ਪਿੰਡ ਚੋਲ ਚੱਕ ਵਿਖੇ ਗੁੱਜਰਾਂ ਦੇ ਡੇਰੇ 'ਤੇ ਰਹਿੰਦੇ ਪਰਿਵਾਰ 'ਤੇ ਰਾਤ ਨੂੰ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਤੇਜ਼ਾਬ ਨਾਲ ਹਮਲਾ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਤੇ ਇਸ ਹਮਲੇ ਨਾਲ ਇੱਕ ਲੜਕੀ ਤੇ ਉਸਦੇ ਛੇ ਮਹੀਨੇ ਦਾ ਬੱਚਾ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਅਲੀ ਤੇ ਹੋਰ ਪਰਿਵਾਰਕ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਬਸ਼ੀਰ ਖਾਨ ਆਪਣੇ ਪਰਿਵਾਰ ਦੇ ਕਰੀਬ 9 ਮੈਂਬਰ ਜਿਸ ਵਿੱਚ ਚਾਂਦੀ ਉਸਦੀ ਪਤਨੀ ਗੱਗੂ ਛੋਟਾ ਬੱਚਾ ਫਰਿਆਦ ਅਲੀ, ਬਿੱਲਾ, ਸਾਬੀ, ਜਾਕਰ, ਮਸਕੀਨ, ਸ਼ਰੀਫ, ਸ਼ੀਨਾ, ਰੇਸ਼ਮਾ, ਰਾਜੂ ਆਦਿ ਆਪਣੇ ਅਸਥਾਈ ਤੌਰ 'ਤੇ ਬਣਾਏ (ਕੁੱਲ) ਘਰ 'ਤੇ ਸੁੱਤੇ ਪਏ ਸਨ ਕਿ ਤਕਰੀਬਨ ਰਾਤ ਦੇ 12 ਵਜੇ ਦੇ ਕਰੀਬ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਸਾਰੇ ਸੁੱਤੇ ਪਏ ਪਰਿਵਾਰ 'ਤੇ ਤੇਜ਼ਾਬ ਸੁੱਟ ਦਿੱਤਾ ਗਿਆ, ਜਿਸ ਨਾਲ ਚਾਂਦੀ ਦੀ ਪਤਨੀ ਗੱਗੂ ਤੇ ਉਸਦਾ 7 ਮਹੀਨੇ ਦਾ ਬੱਚਾ ਫਰਿਆਦ ਅਲੀ ਗੰਭੀਰ ਜ਼ਖ਼ਮੀ ਹੋ ਗਿਆ।ਉਨ੍ਹਾਂ ਦੱਸਿਆ ਕਿ ਜਦੋਂ ਗੱਗੂ ਆਪਣੇ ਬੱਚੇ ਨੂੰ ਉਸ ਵਕਤ ਦੁੱਧ ਪਿਆ ਰਹੀ ਸੀ ਤੇ ਬਾਕੀ ਪਰਿਵਾਰ ਠੰਡ ਹੋਣ ਕਾਰਨ ਮੋਟੇ ਕੰਬਲ ਲੈ ਕੇ ਸੁੱਤੇ ਪਏ ਸਨ, ਗੱਗੂ ਦੇ ਰੋਲਾ ਪਾਉਣ 'ਤੇ ਨਕਾਬਪੋਸ਼ ਨੌਜਵਾਨ ਭੱਜ ਗਿਆ ਤੇ ਜਦਕਿ ਬਾਹਰ ਜਾ ਕੇ ਵੇਖਿਆ ਤਾਂ 5 ਤੋਂ 6 ਨੌਜਵਾਨ ਹਨੇਰੇ ਦਾ ਫਾਇਦਾ ਉਠਾ ਕੇ ਫ਼ਰਾਰ ਹੋ ਗਏ।ਉਨ੍ਹਾਂ ਦੱਸਿਆ ਕਿ ਬਾਕੀ ਪਰਿਵਾਰ ਦਾ ਬਚਾਅ ਹੋ ਗਿਆ, ਜਦਕਿ ਕੰਬਲ ਤੇਜ਼ਾਬ ਕਾਰਨ ਬੁਰੀ ਤਰ੍ਹਾਂ ਸੜ ਗਏ। ਉਨ੍ਹਾਂ ਦੱਸਿਆ ਗੱਗੂ ਨੂੰ ਇਲਾਜ ਲਈ ਕਸਬਾ ਘੁਮਾਣ ਪ੍ਰਾਈਵੇਟ ਹਸਪਤਾਲ ਵਿੱਚ ਦਾਖਲ ਕਰਵਾ ਦਿੱਤਾ ਗਿਆ ਹੈ। ਉਨ੍ਹਾਂ ਆਖਿਆ ਕਿ ਪੁਲਿਸ ਥਾਣਾ ਘੁਮਾਣ ਨੂੰ ਲਿਖਤੀ ਦਰਖਾਸਤ ਦੇ ਦਿੱਤੀ ਗਈ ਹੈ।ਪੀੜਤ ਪਰਿਵਾਰ ਨੇ ਪੁਲਿਸ ਪ੍ਰਸ਼ਾਸਨ ਕੋਲੋਂ ਇਨਸਾਫ਼ ਦੀ ਮੰਗ ਕਰਦਿਆਂ ਸ਼ਰਾਰਤੀ ਅਨਸਰਾਂ ਨੂੰ ਜਲਦੀ ਗ੍ਰਿਫ਼ਤਾਰ ਕਰਨ ਮੰਗ ਕੀਤੀ ਹੈ। ਰਾਤ ਸਮੇਂ ਹੋਏ ਤੇਜ਼ਾਬ ਨਾਲ ਹਮਲੇ ਨਾਲ ਗੁੱਜਰ ਪਰਿਵਾਰ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।ਇਸ ਮੌਕੇ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਤੋਂ ਸੀਨੀਅਰ ਆਗੂ ਤੇ ਯੁੱਧ ਨਸ਼ਿਆਂ ਵਿਰੁੱਧ ਦੇ ਹਲਕਾ ਕੋਆਰਡੀਨੇਟਰ ਰਾਜਵਿੰਦਰ ਸਿੰਘ ਬਬਲੂ ਟੀਵੀ ਐਸ ਘੁਮਾਣ ਵੱਲੋਂ ਹਸਪਤਾਲ ਵਿੱਚ ਪਹੁੰਚ ਕੇ ਤੇਜ਼ਾਬ ਨਾਲ ਜ਼ਖ਼ਮੀ ਹੋਏ ਮਾਂ ਤੇ ਉਸ ਦੇ ਪੁੱਤ ਦਾ ਹਾਲ ਚਾਲ ਪੁੱਛਿਆ ਤੇ ਪੀੜਤ ਪਰਿਵਾਰ ਨੂੰ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ।ਇਸ ਸਬੰਧੀ ਥਾਣਾ ਘੁਮਾਣ ਦੇ ਮੁਖੀ ਐਸਐਚਓ ਗਗਨਦੀਪ ਸਿੰਘ ਢੀਂਡਸਾ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।ਉਨ੍ਹਾਂ ਕਿਹਾ ਕਿ ਸ਼ਰਾਰਤੀ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਤੇ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।



# ਪਾਸਪੋਰਟ ਸੇਵਾ ਆਰਪੀਓ ਮੋਬਾਈਲ ਵੈਨ 28 ਤੋਂ 30 ਤੱਕ ਤਾਇਨਾਤ

## ☛ਜੋ ਲੋਕ ਪਾਸਪੋਰਟ ਲਈ ਅਰਜ਼ੀ ਦੇਣਾ ਚਾਹੁੰਦੇ ਹਨ, ਉਹ ਆਨਲਾਈਨ ਅਰਜ਼ੀ ਫਾਰਮ ਭਰਨ

ਬਟਾਲਾ/ਸ੍ਰੀ ਹਰਿਗੋਬਿੰਦਪੁਰ ਸਾਹਿਬ, 23 ਜਨਵਰੀ (ਡਾ. ਨਰਿੰਦਰ ਸਿੰਘ ਘੁਮਾਣ/ਸੁਖਅੰਮ੍ਰਿਤ ਸਿੰਘ ਸੋਨੂੰ): ਖੇਤਰੀ ਪਾਸਪੋਰਟ ਦਫ਼ਤਰ ਜਲੰਧਰ ਨੇ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਤੇ ਨੇੜਲੇ ਖੇਤਰ ਦੇ ਨਾਗਰਿਕਾਂ ਨੂੰ ਆਪਣੀਆਂ ਪਾਸਪੋਰਟ ਅਰਜ਼ੀਆਂ ਜਮ੍ਹਾਂ ਕਰਵਾਉਣ ਵਿੱਚ ਸਹੂਲਤ ਦੇਣ ਲਈ ਆਪਣੀ ਪਾਸਪੋਰਟ ਸੇਵਾ ਆਰਪੀਓ ਮੋਬਾਈਲ ਵੈਨ ਤਹਿਸੀਲ ਕੰਪਲੈਕਸ, ਬਟਾਲਾ ਜ਼ਿਲ੍ਹਾ ਗੁਰਦਾਸਪੁਰ ਵਿਖੇ ਤਾਇਨਾਤ ਕੀਤੀ ਹੈ।ਖੇਤਰੀ ਪਾਸਪੋਰਟ ਦਫ਼ਤਰ ਜਲੰਧਰ ਦੇ ਅਧਿਕਾਰੀ ਨੇ ਦੱਸਿਆ ਕਿ ਇਹ ਪਾਸਪੋਰਟ ਸੇਵਾ ਆਰਪੀਓ ਮੋਬਾਈਲ ਵੈਨ 28 ਤੋਂ 30 ਜਨਵਰੀ 2026 ਤੱਕ ਤਹਿਸੀਲ ਕੰਪਲੈਕਸ, ਬਟਾਲਾ ਜ਼ਿਲ੍ਹਾ ਗੁਰਦਾਸਪੁਰ ਵਿਖੇ ਉਪਲਬਧ ਰਹੇਗੀ। ਉਨ੍ਹਾਂ ਕਿਹਾ ਕਿ ਜੋ ਲੋਕ ਪਾਸਪੋਰਟ ਲਈ ਅਰਜ਼ੀ ਦੇਣਾ ਚਾਹੁੰਦੇ ਹਨ, ਉਹ ਆਨਲਾਈਨ ਅਰਜ਼ੀ ਫਾਰਮ ਭਰ ਕੇ ਤੇ ਅਧਿਕਾਰਤ ਪੋਰਟਲ www. passportindia.gov.in ਤੋਂ ਮੁਲਾਕਾਤਾਂ ਬੁੱਕ ਕਰਕੇ ਇਸ ਸਹੂਲਤ ਦਾ ਲਾਭ ਉਠਾ ਸਕਦੇ ਹਨ।




# ਮਾਨ ਸਰਕਾਰ ਤਿਆਰ ਕਰ ਰਹੀ ਹੈ 3100 ਖੇਡ ਦੇ ਮੈਦਾਨ: ਰਾਜੀਵ ਸ਼ਰਮਾ

ਫਤਹਿਗੜ੍ਹ ਚੂੜੀਆਂ, 23 ਜਨਵਰੀ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦੇ ਵਸਨੀਕ ਤੇ ਗੁਰਦਾਸਪੁਰ ਲੋਕ ਸਭਾ ਇੰਚਾਰਜ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਚੜ੍ਹਦੀਕਲਾ ਅਖਬਾਰ ਦੇ ਪੱਤਰਕਾਰ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਆਪ ਸਰਕਾਰ ਤਿਆਰ ਕਰ ਰਹੀ ਹੈ 3100 ਖੇਡ ਦੇ ਮੈਦਾਨ ਜਿਸ ਦਾ ਮੇਨ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਵੱਲ ਉਤਸ਼ਾਹਿਤ ਕਰਨਾ, ਮਾਨ ਸਰਕਾਰ ਦਾ ਇੱਕ ਅਹਿਮ ਮਕਸਦ ਹੈ। ਚੇਅਰਮੈਨ ਰਾਜੀਵ ਸ਼ਰਮਾ ਨੇ ਦੱਸਿਆ ਕਿ ਪ੍ਰੋਜੈਕਟ ਦੀ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਨੇ ਤਿੰਨ ਵਿਸ਼ੇਸ਼ ਫਲਾਇੰਗ ਸਕੁਆਇਡ ਤਾਇਨਾਤ ਕੀਤੇ ਗਏ ਹਨ ਤੇ ਇਹ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਜ਼ਮੀਨੀ ਪੱਧਰ ਉਪਰ ਜਾਂਚ ਕਰਨਗੇ। ਰਾਜੀਵ ਸ਼ਰਮਾ ਨੇ ਇਹ ਵੀ ਕਿਹਾ ਕਿ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਦੇ ਲਈ ਪੰਜਾਬ ਸਰਕਾਰ ਦਾ ਇਹ ਇੱਕ ਉਪਰਾਲਾ ਸ਼ਲਾਘਾਯੋਗ ਕਦਮ ਹੈ।ਇਸ ਉਪਰਾਲੇ ਦੇ ਲਈ ਰਾਜੀਵ ਸ਼ਰਮਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕੀਤਾ।



# ਰੂਪਤਜਿੰਦਰ ਸਿੰਘ ਨਿੱਕੋਸਰਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਹੇਠ 'ਆਪ' 'ਚ ਸ਼ਾਮਲ

ਡੇਰਾ ਬਾਬਾ ਨਾਨਕ, 23 ਜਨਵਰੀ (ਹੈਪੀ ਕੋਟਲੀ): ਵਿਧਾਨ ਸਭਾ 2027 ਦੀਆਂ ਚੋਣਾਂ ਲੈ ਕੇ ਜਿੱਥੇ ਸੂਬੇ ਭਰ 'ਚ ਮਾਹੌਲ ਪੂਰੀ ਤਰ੍ਹਾਂ ਗਰਮਾਇਆ ਹੋਇਆ ਹੈ, ਉਥੇ ਸਰਹੱਦੀ ਹਲਕਾ ਡੇਰਾ ਬਾਬਾ ਨਾਨਕ 'ਚ ਆਮ ਆਦਮੀ ਪਾਰਟੀ ਨੇ ਵੀ ਤਿਆਰੀਆਂ ਆਰੰਭ ਲਈਆਂ ਹਨ। ਇਸੇ ਤਹਿਤ ਹੀ ਅੱਜ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਨਿੱਕੋਸਰਾ ਦੇ ਮਿਹਨਤੀ ਤੇ ਸੀਨੀਅਰ ਨੌਜਵਾਨ ਆਗੂ ਰੂਪਤਜਿੰਦਰ ਸਿੰਘ ਨਿੱਕੋਸਰਾ ਆਮ ਆਦਮੀ ਪਾਰਟੀ ਦੇ ਸੀਨੀਅਰ ਐਸਸੀ ਆਗੂ ਤੇ ਮੈਂਬਰ ਦਲਿਤ ਵਿਕਾਸ ਬੋਰਡ ਪੰਜਾਬ ਜਸਵੰਤ ਰਾਏ ਦੀ ਪ੍ਰੇਰਨਾ ਸਦਕਾ ਆਪ ਵਿੱਚ ਸ਼ਾਮਲ ਹੋਏ।ਇਸ ਮੌਕੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਰੂਪਤਜਿੰਦਰ ਸਿੰਘ ਨਿੱਕੋਸਰਾ ਦਾ ਆਪ 'ਚ ਸ਼ਾਮਲ ਹੋਣ 'ਤੇ ਸਵਾਗਤ ਕੀਤਾ ਗਿਆ।ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਨੌਜਵਾਨ ਰੂਪਤਜਿੰਦਰ ਸਿੰਘ ਨਿੱਕੋਸਰਾ ਮੇਰਾ ਪੁਰਾਣਾ ਮਿਹਨਤੀ ਸਾਥੀ ਹੈ ਤੇ ਕੁਝ ਕਾਰਨਾਂ ਕਰਕੇ ਕਿਸੇ ਹੋਰ ਪਾਸੇ ਚਲਾ ਗਿਆ ਸੀ ਤੇ ਅੱਜ ਫਿਰ ਉਹ ਆਪ 'ਚ ਸ਼ਾਮਲ ਹੋਏ ਮੈਂ ਇਸ ਵਧਾਈ ਦਿੰਦੀ ਹਾਂ।ਇਸ ਮੌਕੇ ਗੱਲਬਾਤ ਕਰਦਿਆਂ ਰੂਪਤਜਿੰਦਰ ਸਿੰਘ ਨਿੱਕੋਸਰਾ ਨੇ ਕਿਹਾ ਕਿ ਪਿਛਲੇ ਦਿਨੀਂ ਹੋਈਆਂ ਬਲਾਕ ਸੰਮਤੀ ਜ਼ਿਲ੍ਹਾ ਪ੍ਰੀਸ਼ਦ ਤੇ ਇਤਿਹਾਸਕ ਕਸਬਾ ਕਲਾਨੌਰ 13 ਸਾਲਾਂ ਬਾਅਦ ਹੋਈ ਪੰਚਾਇਤੀ ਚੋਣ ਤੋਂ ਪ੍ਰਭਾਵਿਤ ਹੋ ਪਾਰਟੀ ਵਿੱਚ ਸ਼ਾਮਲ ਹੋਏ ਹਨ। ਇਸ ਮੌਕੇ ਰੂਪਤਜਿੰਦਰ ਸਿੰਘ ਨਿੱਕੋਸਰਾ ਨੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੂੰ ਵਿਸ਼ਵਾਸ ਦਿਵਾਇਆ ਕਿ ਉਹ 2027 ਦੀਆਂ ਦਿਨ ਰਾਤ ਆਪ ਲਈ ਮਿਹਨਤ ਕਰਕੇ ਪਾਰਟੀ ਦਾ ਝੰਡਾ ਬੁਲੰਦ ਕਰਨਗੇ।ਇਸ ਮੌਕੇ ਪਿੰਦਰਪਾਲ ਸਿੰਘ ਰਾਜੂ ਹਲਕਾ ਇੰਚਾਰਜ ਦੀਨਾਨਗਰ ਰਾਜਪੂਤ ਕਲਿਆਣ ਬੋਰਡ ਪੰਜਾਬ, ਲਖਵਿੰਦਰ ਸਿੰਘ ਜਕੜੀਆ ਡਾਇਰੈਕਟਰ ਸਲਾਰੀਆ ਫਾਊਂਡੇਸ਼ਨ, ਸਰਪੰਚ ਅੰਗਰੇਜ ਸਿੰਘ ਕਠਿਆਲਾ, ਰਜੇਸ਼ ਕੁਮਾਰ ਬਿੱਟਾ ਪ੍ਰਧਾਨ ਨਗਰ ਕੌਂਸਲ ਡੇਰਾ ਬਾਬਾ ਨਾਨਕ, ਸਤਪਾਲ ਸੌਂਕੀ, ਅਸ਼ਵਨੀ ਮਾਹਲਾ ਕਲਾਨੌਰ, ਲਵਪ੍ਰੀਤ ਸਿੰਘ ਪੀਏ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਦਲਬੀਰ ਸਿੰਘ ਸਰਪੰਚ ਰਾਜੇਕੇ, ਸਤਨਾਮ ਸਿੰਘ ਸਰਪੰਚ ਟਰਪੱਲਾ ਹਾਜ਼ਰ ਸਨ।



# 'ਰੰਗਲਾ ਪੰਜਾਬ' ਸਕੀਮ ਅਧੀਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ: ਰਮਨ ਬਹਿਲ

ਗੁਰਦਾਸਪੁਰ, 23 ਜਨਵਰੀ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਅੱਜ 'ਰੰਗਲਾ ਪੰਜਾਬ ਸਕੀਮ' ਅਧੀਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਵੱਲੋਂ ਜ਼ਿਲ੍ਹਾ ਬਾਰ ਐਸੋਸੀਏਸ਼ਨ ਗੁਰਦਾਸਪੁਰ ਦੀ ਸਮੁੱਚੀ ਟੀਮ ਦੀ ਮੌਜੂਦਗੀ ਵਿੱਚ ਰੱਖਿਆ ਗਿਆ।ਇਸ ਮੌਕੇ ਰਮਨ ਬਹਿਲ ਨੇ ਦੱਸਿਆ ਕਿ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਵੱਲੋਂ 19 ਲੱਖ 44 ਹਜ਼ਾਰ ਰੁਪਏ ਦੀ ਰਾਸ਼ੀ ਅਲਾਟ ਕੀਤੀ ਗਈ ਹੈ, ਜਿਸ ਨਾਲ ਬਾਰ ਐਸੋਸੀਏਸ਼ਨ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।ਰਮਨ ਬਹਿਲ ਵੱਲੋਂ ਇਸ ਵਿਕਾਸ ਕਾਰਜ ਲਈ ਮਾਣਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਦਿਲੋਂ ਧੰਨਵਾਦ ਕੀਤਾ ਗਿਆ ਤੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਲਗਾਤਾਰ ਤਰੱਕੀ ਦੇ ਰਾਹ 'ਤੇ ਅੱਗੇ ਵੱਧ ਰਿਹਾ ਹੈ।ਇਸ ਮੌਕੇ ਰਾਜਪਾਲ ਸਿੰਘ ਪ੍ਰਧਾਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਗੁਰਦਾਸਪੁਰ, ਐਡਵੋਕੇਟ ਸੁੱਚਾ ਸਿੰਘ ਮੁਲਤਾਨੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪ੍ਰਦੀਪ ਕੁਮਾਰ, ਜਗਮੋਹਨ ਸਿੰਘ, ਐਕਸੀਅਨ ਲੋਕ ਨਿਰਮਾਣ ਵਿਭਾਗ ਜਸਪ੍ਰੀਤ ਸਿੰਘ, ਐਸ.ਡੀ.ਓ. ਲਵਜੀਤ ਸਿੰਘ, ਕਬੀਰ ਬਹਿਲ ਤੇ ਸਮੂਹ ਮੈਂਬਰ ਜ਼ਿਲ੍ਹਾ ਬਾਰ ਐਸੋਸੀਏਸ਼ਨ ਗੁਰਦਾਸਪੁਰ ਸਮੇਤ ਵੱਖ ਵੱਖ ਸ਼ਖ਼ਸੀਅਤਾਂ ਮੌਜੂਦ ਸਨ।



# ਲਾਲਾ ਜਗਤ ਨਾਰਾਇਣ ਡੀਏਵੀ ਪਬਲਿਕ ਸਕੂਲ ਵਿਖੇ ਬਸੰਤ ਪੰਚਮੀ ਮਨਾਈ



ਗੜ੍ਹਦੀਵਾਲਾ, 23 ਜਨਵਰੀ (ਗੌਰਵ): ਲਾਲਾ ਜਗਤ ਨਾਰਾਇਣ ਡੀਏਵੀ ਪਬਲਿਕ ਸਕੂਲ ਗੜ੍ਹਦੀਵਾਲਾ ਵਿਖੇ ਪ੍ਰਿੰਸੀਪਲ ਸੇਖਰ ਮੋਦਗਿੱਲ ਦੀ ਅਗਵਾਈ ਹੇਠ ਬਸੰਤ ਪੰਚਮੀ ਦਾ ਪਾਵਨ ਤਿਉਹਾਰ ਸ਼ਰਧਾ, ਉਤਸ਼ਾਹ ਤੇ ਖੁਸ਼ੀਆਂ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰਾਗਣ ਨੂੰ ਪੀਲੇ ਰੰਗ ਦੇ ਫੁੱਲਾਂ, ਗੁਬਾਰਿਆਂ ਤੇ ਰੰਗ-ਬਿਰੰਗੇ ਪੋਸਟਰਾਂ ਨਾਲ ਸੁਹਾਵਣੇ ਢੰਗ ਨਾਲ ਸਜਾਇਆ ਗਿਆ। ਵਿਦਿਆਰਥੀਆਂ ਤੇ ਅਧਿਆਪਕਾਂ ਨੇ ਪੀਲੇ ਰੰਗ ਦੇ ਕੱਪੜੇ ਪਹਿਨ ਕੇ ਤਿਉਹਾਰ ਦੀ ਰੌਣਕ ਨੂੰ ਹੋਰ ਵੀ ਵਧਾਇਆ। ਜਮਾਤ ਨਰਸਰੀ ਤੋਂ ਲੈ ਕੇ ਜਮਾਤ ਦੂਸਰੀ ਤੱਕ ਦੇ ਵਿਦਿਆਰਥੀ ਵੀ ਪੀਲੇ ਰੰਗ ਦੇ ਹੀ ਵਸਤਰ ਪਹਿਨ ਕੇ ਆਏ ਹੋਏ ਸਨ। ਸਮਾਰੋਹ ਦੀ ਸ਼ੁਰੂਆਤ ਸਵੇਰ ਦੀ ਸਭਾ ਦੌਰਾਨ ਮਾਂ ਸਰਸਵਤੀ ਦੀ ਵੰਦਨਾ ਨਾਲ ਹੋਈ। ਵਿਦਿਆਰਥੀਆਂ ਨੇ ਭਜਨ, ਕਵਿਤਾਵਾਂ ਤੇ ਨ੍ਰਿਤ ਪੇਸ਼ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ। ਬੱਚਿਆਂ ਨੇ ਆਪਣੇ ਭਾਸ਼ਣਾ ਰਾਹੀਂ ਬਸੰਤ ਪੰਚਮੀ ਦੇ ਧਾਰਮਿਕ ਤੇ ਸੰਸਕ੍ਰਿਤਿਕ ਮਹੱਤਵ ਬਾਰੇ ਜਾਣਕਾਰੀ ਦਿੱਤੀ ਤੇ ਇਸ ਦਿਨ ਨੂੰ ਵਿਦਿਆ, ਬੁੱਧੀ ਤੇ ਗਿਆਨ ਦੀ ਦੇਵੀ ਮਾਂ ਸਰਸਵਤੀ ਨਾਲ ਜੋੜਿਆ।ਇਸ ਮੌਕੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਸਿੱਖਿਆ ਦੀ ਮਹੱਤਤਾ ਬਾਰੇ ਸਮਝਾਇਆ ਤੇ ਕਿਹਾ ਕਿ ਬਸੰਤ ਪੰਚਮੀ ਨਵੀਂ ਸ਼ੁਰੂਆਤ, ਉਤਸ਼ਾਹ ਤੇ ਸਕਾਰਾਤਮਕ ਸੋਚ ਦਾ ਪ੍ਰਤੀਕ ਹੈ।ਪ੍ਰਿੰਸੀਪਲ ਨੇ ਆਪਣੇ ਸੰਬੋਧਨ ਵਿੱਚ ਬੱਚਿਆਂ ਨੂੰ ਮਿਹਨਤ, ਅਨੁਸ਼ਾਸਨ ਤੇ ਸੱਭਿਆਚਾਰਕ ਮੁੱਲਾਂ ਨੂੰ ਅਪਨਾਉਣ ਲਈ ਪ੍ਰੇਰਿਤ ਕੀਤਾ।

# ਮਾਸਟਰ ਕੇਡਰ ਯੂਨੀਅਨ ਵੱਲੋਂ ਵਿੱਤੀ ਮੰਗਾਂ 'ਤੇ ਸੰਘਰਸ਼ ਕਰਨ ਦਾ ਫੈਸਲਾ



ਫਤਹਿਗੜ੍ਹ ਚੂੜੀਆਂ, 23 ਜਨਵਰੀ (ਰਾਜਨ ਸ਼ਰਮਾ): ਮਿਤੀ 20/01/2026 ਨੂੰ ਮਾਸਟਰ ਕੇਡਰ ਯੂਨੀਅਨ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਅਮਰਬੀਰ ਸਿੰਘ ਰੰਧਾਵਾ ਮੁਰੀਦਕੇ ਤੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਇੰਦਰਪਾਲ ਸਿੰਘ ਘਈ ਨੇ ਸਾਂਝੇ ਤੌਰ 'ਤੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਮੁਲਾਜ਼ਮਾਂ ਨਾਲ ਆਰਥਿਕ ਮੁੱਦਿਆਂ 'ਤੇ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾ ਰਿਹਾ ਹੈ। ਮਾਸਟਰ ਕੇਡਰ ਯੂਨੀਅਨ ਗੁਰਦਾਸਪੁਰ ਦੇ ਆਗੂ ਵਿੱਤ ਸਕੱਤਰ ਜਤਿੰਦਰ ਸਿੰਘ ਵਿਰਦੀ, ਮੀਤ ਪ੍ਰਧਾਨ ਕਮਰਜੀਤ ਵਾਸਦੇਵ, ਸ਼ਮਸ਼ੇਰ ਸਿੰਘ ਰੰਧਾਵਾ, ਵਿਕਰਮ ਬਾਠ, ਨਵਜੋਤ ਸਿੰਘ ਕਾਲਾ ਅਫਗਾਨਾਂ, ਸੁਖਦੇਵ ਸਿੰਘ ਡੀਪੀ, ਤਰਲੋਚਨ ਪਾਠਕ, ਪਰਵਿੰਦਰ ਸਿੰਘ ਬਲਾਕ ਪ੍ਰਧਾਨ ਆਦਿ ਨੇ ਹੋਰ ਵਿਸਥਾਰ ਪੂਰਵਕ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿਛਲੇ ਸਾਲ 2025 ਦੌਰਾਨ ਲੁਧਿਆਣੇ ਦੀ ਜ਼ਿਮਨੀ ਚੋਣਾਂ ਤੋਂ ਪਹਿਲਾਂ ਜੂਨ ਮਹੀਨੇ ਵਿੱਚ ਤੇ 26 ਅਕਤੂਬਰ ਨੂੰ ਮਹਾਂ ਰੋਸ ਰੈਲੀ ਤਰਨ ਤਾਰਨ ਕੀਤੀ ਗਈ ਸੀ।ਉਸ ਤੋਂ ਬਾਅਦ 29 ਅਕਤੂਬਰ ਨੂੰ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨਾਲ ਵਿੱਤੀ ਮੰਗਾਂ ਜਿਵੇਂ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਦੇਣ ਸਬੰਧੀ, ਪੇਂਡੂ ਭੱਤਾ, ਬਾਰਡਰ ਅਲਾਊਂਸ ਬਹਾਲ ਕਰਵਾਉਣ ਸਬੰਧੀ, ਏ.ਸੀ.ਪੀ ਜਾਰੀ ਕਰਨ ਸਬੰਧੀ ਤੇ ਪੁਰਾਣੀ ਪੈਨਸ਼ਨ ਬਹਾਲੀ ਸਬੰਧੀ ਇੱਕ ਅਹਿਮ ਮੀਟਿੰਗ ਕੀਤੀ ਗਈ ਸੀ।ਜਿਸ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਇਨ੍ਹਾਂ ਮੰਗਾਂ ਨੂੰ ਤਰਨ ਤਾਰਨ ਜ਼ਿਮਨੀ ਚੋਣ ਤੋਂ ਬਾਅਦ ਤੁਰੰਤ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਸੀ। ਲੇਕਿਨ ਕਾਫੀ ਸਮਾਂ ਬੀਤ ਜਾਣ ਦੇ ਬਾਵਜੂਦ ਸਰਕਾਰ ਵੱਲੋਂ ਮੰਗਾਂ ਨੂੰ ਹਲ ਨਹੀਂ ਕੀਤਾ ਗਿਆ ਤੇ ਸਰਕਾਰੀ ਮੁਲਾਜ਼ਮਾਂ ਨਾਲ ਮਤਰਈ ਮਾਂ ਬੜਾ ਸਲੂਕ ਕੀਤਾ ਜਾ ਰਿਹਾ ਹੈ ਤੇ ਇਨ੍ਹਾਂ ਮੰਗਾਂ ਨੂੰ ਅੱਖੋਂ ਪਰੋਖੇ ਕੀਤਾ ਗਿਆ ਹੈ।ਜਿਸ ਦੇ ਵਿਰੋਧ ਵਿੱਚ ਮਾਸਟਰ ਕੇਡਰ ਯੂਨੀਅਨ ਵੱਲੋਂ ਜਲਦੀ ਹੀ ਭਰਾਤਰੀ ਜਥੇਬੰਦੀਆਂ ਨਾਲ ਮਿਲ ਕੇ ਪੰਜਾਬ ਸਰਕਾਰ ਖ਼ਿਲਾਫ਼ ਸੰਘਰਸ਼ ਵਿੱਢਣ ਦਾ ਫੈਸਲਾ ਕੀਤਾ ਹੈ।

# ਆਪ੍ਰੇਸ਼ਨ ਪ੍ਰਹਾਰ ਤਹਿਤ ਗੈਂਗਸਟਰਾਂ ਖ਼ਿਲਾਫ਼ 72 ਘੰਟਿਆਂ 'ਚ ਹੋਵੇਗੀ ਕਾਰਵਾਈ: ਲਾਲਜੀਤ ਸਿੰਘ ਭੁੱਲਰ



ਟਾਂਡਾ ਉੜਮੁੜ, 23 ਜਨਵਰੀ (ਅਰਜੁਨ ਜੈਨ): ਪੰਜਾਬ ਪੁਲਿਸ ਵੱਲੋਂ ਹੁਣ ਸੂਬੇ ਭਰ 'ਚ ਗੈਂਗਸਟਰਾਂ ਖ਼ਿਲਾਫ 72 ਘੰਟੇ ਦਾ ਆਪ੍ਰੇਸ਼ਨ ਪ੍ਰਹਾਰ ਸ਼ੁਰੂ ਕੀਤਾ ਗਿਆ ਹੈ ਤਾਂ ਜੋ ਪੰਜਾਬ ਵਿੱਚ ਦਿਨੋਂ ਦਿਨ ਵੱਧ ਰਹੇ ਗੈਂਗਸਟਰਬਾਦ ਨੂੰ ਠੱਲ੍ਹ ਪਾਈ ਜਾ ਸਕੇ, ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਟਾਂਡਾ ਦੇ ਕਸਬਾ ਮਿਆਣੀ ਵਿਖੇ ਬੀਤੇ ਦਿਨੀਂ ਗੈਂਗਸਟਰਾਂ ਵੱਲੋਂ ਕਤਲ ਕੀਤੇ ਸੀਨੀਅਰ ਆਪ ਵਰਕਰ ਬਲਵਿੰਦਰ ਸਿੰਘ ਦੇ ਸਸਕਾਰ ਮੌਕੇ ਪਹੁੰਚਣ 'ਤੇ ਗੱਲਬਾਤ ਕਰਦਿਆਂ ਕੀਤਾ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ, ਹਲਕਾ ਵਿਧਾਇਕ ਦਸੂਹਾ ਕਰਮਵੀਰ ਸਿੰਘ ਘੁੰਮਣ, ਚੇਅਰਮੈਨ ਮਾਰਕੀਟਿੰਗ ਸੁਸਾਇਟੀ ਟਾਂਡਾ ਜਸਵੰਤ ਸਿੰਘ ਬਿੱਟੂ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਲਖਵਿੰਦਰ ਸਿੰਘ ਲੱਖੀ, ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ, ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ, ਜ਼ਿਲ੍ਹਾ ਪ੍ਰੀਸ਼ਦ ਆਪ ਮਿਆਣੀ ਰਜਿੰਦਰ ਮਾਰਸ਼ਲ, ਆਪ ਦੇ ਹਲਕਾ ਇੰਚਾਰਜ ਮੁਕੇਰੀਆਂ ਧਿਆਨ ਸਿੰਘ ਮੁਲਤਾਨੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਮਾਜ ਸੇਵੀ ਸੰਸਥਾਵਾਂ ਦੇ ਆਗੂ ਵੀ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਮੰਤਰੀ ਲਾਲਜੀਤ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਸਖ਼ਤ ਨਿਰਦੇਸ਼ਾਂ ਤੋਂ ਬਾਅਦ ਡੀਜੀਪੀ ਪੰਜਾਬ ਪੁਲਿਸ ਗੌਰਵ ਯਾਦਵ ਸੂਬੇ ਅੰਦਰ ਹਜ਼ਾਰਾਂ ਦੀ ਤਾਦਾਦ ਵਿੱਚ ਪੁਲਿਸ ਕਰਮਚਾਰੀ ਤਾਇਨਾਤ ਕੀਤੇ ਗਏ ਹਨ, ਜੋ ਸੂਬੇ ਭਰ ਵਿੱਚ ਗੈਂਗਸਟਰਾਂ, ਉਨ੍ਹਾਂ ਦੇ ਸਾਥੀਆਂ ਤੇ ਉਨ੍ਹਾਂ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਪਰਿਵਾਰਕ ਮੈਂਬਰਾਂ ਦੀ ਜਾਂਚ ਪੜਤਾਲ ਕਰਨਗੇ ਤੇ ਕਨੂੰਨੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਜੇਕਰ ਕੋਈ ਵੀ ਵਿਅਕਤੀ ਗੈਂਗਸਟਰਾਂ ਨਾਲ ਜੁੜੀ ਜਾਣਕਾਰੀ ਦੇਵੇਗਾ ਤਾਂ ਉਸ ਦੀ ਪਛਾਣ ਵੀ ਗੁਪਤ ਰੱਖੀ ਜਾਵੇਗੀ।

# ਗੁਲਪ੍ਰੀਤ ਸਿੰਘ ਔਲਖ ਨੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

ਨਵਾਂਸ਼ਹਿਰ, 23 ਜਨਵਰੀ (ਸੁਖਦੇਵ ਸਿੰਘ ਉੜਾਪੜ): 2015 ਬੈਚ ਦੇ ਆਈ.ਏ.ਐਸ. ਅਫ਼ਸਰ ਗੁਲਪ੍ਰੀਤ ਸਿੰਘ ਔਲਖ ਨੇ ਅੱਜ ਸ਼ਹੀਦ ਭਗਤ ਸਿੰਘ ਨਗਰ ਵਿਖੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ।ਇਸ ਤੋਂ ਪਹਿਲਾਂ ਉਹ ਵਿਸ਼ੇਸ਼ ਸਕੱਤਰ ਮਾਲ ਤੇ ਪੁਨਰਵਾਸ ਵਿਭਾਗ ਵਜੋਂ ਸੇਵਾਵਾਂ ਨਿਭਾਅ ਰਹੇ ਸਨ।ਇਸ ਤੋਂ ਇਲਾਵਾ ਉਹ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ, ਐਡੀਸ਼ਨਲ ਰਜਿਸਟਰਾਰ ਸਹਿਕਾਰਤਾ ਵਿਭਾਗ, ਐਮ.ਡੀ. ਪੰਜਾਬ ਸਟੇਟ ਸਹਿਕਾਰੀ ਬੈਂਕ ਤੇ ਕਮਿਸ਼ਨਰ ਮਿਊਂਸੀਪਲ ਕਾਰਪੋਰੇਸ਼ਨ ਅੰਮ੍ਰਿਤਸਰ ਵਜੋਂ ਵੀ ਬਿਹਤਰੀਨ ਸੇਵਾਵਾਂ ਨਿਭਾਅ ਚੁੱਕੇ ਹਨ।ਗੁਲਪ੍ਰੀਤ ਸਿੰਘ ਔਲਖ ਨੇ ਅਹੁਦਾ ਸੰਭਾਲਣ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਨਾਲ ਜੁੜੇ ਇਸ ਜ਼ਿਲ੍ਹੇ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਨੂੰ ਇੱਕ ਟੀਮ ਦੀ ਤਰ੍ਹਾਂ ਰਲ-ਮਿਲ ਕੇ ਹੱਲ ਕਰਨਾ, ਪਾਰਦਰਸ਼ੀ ਪ੍ਰਸ਼ਾਸਨ ਮੁਹੱਈਆ ਕਰਵਾਉਣਾ, ਸਰਕਾਰੀ ਸਕੀਮਾਂ ਦਾ ਲਾਭ ਉਨ੍ਹਾਂ ਤੱਕ ਪਹੁੰਚਾਉਣਾ ਤੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹ ਕੇ ਜ਼ਿਲ੍ਹੇ ਨੂੰ ਹਰੇਕ ਖੇਤਰ ਵਿਚ ਬੁਲੰਦੀਆਂ 'ਤੇ ਪਹੁੰਚਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਉਨ੍ਹਾਂ ਦੇ ਘਰ ਤੱਕ ਸਰਲ ਤਰੀਕੇ ਨਾਲ ਪੁੱਜਦਾ ਕਰਨ 'ਤੇ ਧਿਆਨ ਕੇਂਦਰਿਤ ਹੋਵੇਗਾ।



# ਸੇਫ ਸਕੂਲ ਵਾਹਨ ਪਾਲਿਸੀ ਤਹਿਤ 81 ਬੱਸਾਂ ਦੀ ਚੈਕਿੰਗ, 13 ਦੇ ਕੱਟੇ ਚਲਾਨ

ਹੁਸ਼ਿਆਰਪੁਰ, 23 ਜਨਵਰੀ (ਦੀਪਕ ਅਗਨੀਹੋਤਰੀ): ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਸਕੂਲ ਮੁਖੀ ਵੱਲੋਂ ਬੱਸਾਂ ਵਿੱਚ ਸਾਰੇ ਨਿਯਮਾਂ ਤੇ ਸ਼ਰਤਾਂ ਦੀ ਪਾਲਣਾ ਕਰਨੀ ਅਤਿ ਜ਼ਰੂਰੀ ਹੈ। ਇਸ ਸਬੰਧੀ ਜ਼ਿਲ੍ਹਾ ਹੁਸ਼ਿਆਰਪੁਰ ਦੇ ਬਲਾਕ ਮੁਕੇਰੀਆਂ ਵਿੱਚ ਮਾਣਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਤੇ ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਹੁਕਮਾਂ ਅਨੁਸਾਰ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸੇਂਟ ਜੋਸਫ ਕਾਨਵੈਂਟ ਸਕੂਲ, ਐਸ.ਪੀ.ਐਨ.ਐਸ.ਐਸ.ਕੇ ਪਬਲਿਕ ਹਾਈ ਸਕੂਲ, ਵੁਡਬੇਰੀ ਵਰਲਡ ਸਕੂਲ ਤੇ ਕੈਂਬਰਿਜ ਓਵਰਸੀਜ਼ ਸਕੂਲਾਂ ਦੀਆਂ ਬੱਸਾਂ ਦੀ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਜਿਨ੍ਹਾਂ ਸਕੂਲੀ ਬੱਸਾਂ ਵਿੱਚ ਮਿਆਦ ਖ਼ਤਮ ਹੋ ਚੁੱਕੀਆਂ ਫਸਟਏਡ ਕਿੱਟਾਂ, ਫਾਗ ਲਾਈਟਸ, ਬਿਨਾਂ ਲੇਡੀ ਅਟੈਂਡੈਂਟ, ਬਿਨਾਂ ਪਾਸਿੰਗ, ਸਪੀਡ ਗਵਰਨਰ ਦਾ ਨਾ ਹੋਣਾ, ਬੱਸ ਵਿੱਚ ਐਮਰਜੈਂਸੀ ਐਗਜ਼ਿਟ ਦਾ ਨਾ ਹੋਣਾ, ਬਿਨਾਂ ਅੱਗ ਬੁਝਾਊ ਯੰਤਰ, ਬਿਨਾਂ ਸੀ.ਸੀ.ਟੀ.ਵੀ ਕੈਮਰਾ, ਬੱਸ ਵਿੱਚ ਸਿਟਿੰਗ ਕਪੈਸਿਟੀ ਦਾ ਵੱਧ ਹੋਣਾ ਆਦਿ ਕਮੀਆਂ ਪਾਈਆਂ ਗਈਆਂ। ਇਸ ਦੌਰਾਨ ਕੁੱਲ 81 ਬੱਸਾਂ ਚੈਕ ਕੀਤੀਆਂ ਗਈਆਂ ਤੇ 13 ਬੱਸਾਂ ਦੇ ਚਲਾਨ ਕੱਟੇ ਗਏ।ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਰਣਜੀਤ ਕੌਰ, ਜਸਵਿੰਦਰ ਸਿੰਘ, ਏ.ਐਸ.ਆਈ. ਰਕੇਸ਼ ਕੁਮਾਰ, ਏ.ਐਸ.ਆਈ. ਗੁਰਨਾਮ ਸਿੰਘ, ਸਿੱਖਿਆ ਵਿਭਾਗ ਤੋਂ ਸੁਰਜੀਤ ਸਿੰਘ ਤੇ ਸਮੂਹ ਟੀਮ ਹਾਜ਼ਰ ਸੀ।ਇਸ ਮੌਕੇ ਟਾਸਕ ਫੋਰਸ ਵੱਲੋਂ ਦੱਸਿਆ ਗਿਆ ਕਿ ਇਸ ਮੁਹਿੰਮ ਨੂੰ ਪੂਰੇ ਜ਼ਿਲ੍ਹੇ ਵਿੱਚ ਲਗਾਤਾਰ ਚਲਾਇਆ ਜਾਵੇਗਾ। ਟਾਸਕ ਫੋਰਸ ਵੱਲੋਂ ਸਾਰੇ ਸਕੂਲਾਂ ਨੂੰ ਹਦਾਇਤ ਕੀਤੀ ਗਈ ਕਿ ਸਾਰੇ ਡਰਾਈਵਰਾਂ ਦਾ ਸਮੇਂ ਸਿਰ ਮੈਡੀਕਲ ਚੈਕਅੱਪ ਕਰਵਾਇਆ ਜਾਵੇ, ਸਾਰੀਆਂ ਬੱਸਾਂ ਦੇ ਡਰਾਈਵਰ ਤੇ ਅਟੈਂਡੈਂਟ ਆਪਣੀ ਯੂਨੀਫਾਰਮ ਜ਼ਰੂਰ ਪਾਉਣ।




# ਅੰਤਿਮ ਪੜਾਅ ਵੱਲ ਏਕ ਨੂਰ ਸਵੈ-ਸੇਵੀ ਸੰਸਥਾ ਪਠਲਾਵਾ ਦਾ 28ਵਾਂ ਸਾਲਾਨਾ ਸਹਾਇਤਾ ਵੰਡ ਸਮਾਗਮ ਤੇ ਸਨਮਾਨ ਸਮਾਰੋਹ

ਬੰਗਾ, 23 ਜਨਵਰੀ (ਪ੍ਰਭਜੋਤ ਸਿੰਘ): ਪੌਣੇ ਤਿੰਨ ਦਹਾਕਿਆਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਨਿਵੇਕਲੀਆਂ ਪੈੜਾਂ ਨੂੰ ਕਾਮਯਾਬੀ ਨਾਲ ਅੰਜਾਮ ਦੇਣ ਵਾਲੀ ਪੰਜਾਬ ਦੀ ਮਾਣਮੱਤੀ ਸੰਸਥਾ, ਏਕ ਨੂਰ ਸਵੈਸੇਵੀ ਸੰਸਥਾ ਪਠਲਾਵਾ ਵੱਲੋਂ ਆਪਣੇ 28ਵੇਂ ਸਾਲਾਨਾ ਸਹਾਇਤਾ ਵੰਡ ਸਮਾਗਮ ਤੇ ਸਨਮਾਨ ਸਮਾਰੋਹ ਦੀਆਂ ਤਿਆਰੀਆਂ ਨੂੰ ਅੰਤਿਮ ਪੜਾਵਾਂ ਵੱਲ ਲਿਜਾਣ ਲਈ ਬੜੀ ਸਰਗਰਮੀ ਨਾਲ ਕੰਮ ਕਰ ਰਹੀ ਹੈ। ਸੰਸਥਾ ਦੇ ਇਸ ਸਮਾਗਮ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੰਸਥਾ ਦੇ ਚੇਅਰਮੈਨ ਇੰਦਰਜੀਤ ਸਿੰਘ ਵਾਰੀਆ, ਪ੍ਰਧਾਨ ਪਰਮਜੀਤ ਸਿੰਘ ਸੂਰਾਪੁਰ, ਸਰਪ੍ਰਸਤ ਬਲਵੀਰ ਸਿੰਘ ਐਕਸ ਆਰਮੀ ਸਾਹਿਬ, ਧਾਰਮਿਕ ਵਿੰਗ ਦੇ ਮੁਖੀ ਜਥੇਦਾਰ ਸਵਰਨਜੀਤ ਸਿੰਘ, ਕਾਰਜਕਾਰੀ ਪ੍ਰਧਾਨ ਬਲਵੀਰ ਸਿੰਘ ਯੂਕੇ, ਸੰਦੀਪ ਗੌੜ, ਜਨਰਲ ਸਕੱਤਰ ਮਾ. ਤਰਲੋਚਨ ਸਿੰਘ ਪਠਲਾਵਾ, ਡਾ. ਪਰਮਿੰਦਰ ਸਿੰਘ ਵਾਰੀਆ ਤੇ ਸੰਸਥਾ ਦੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ ਨੇ ਇੱਕ ਆਵਾਜ਼ ਵਿੱਚ ਆਖਿਆ ਕਿ ਇਹ ਸਮਾਗਮ ਨੌਵੇਂ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 11 ਫਰਵਰੀ ਨੂੰ ਤਹਿਸੀਲ ਗੜ੍ਹਸ਼ੰਕਰ ਦੇ ਪਿੰਡ ਐਮਾਂ ਜੱਟਾਂ ਵਿਖੇ ਮਿਡਲ ਸਕੂਲ ਦੀ ਗਰਾਊਂਡ ਵਿੱਚ ਵਗਦੀ ਬਿਸਤ ਦੁਆਬ ਨਹਿਰ ਦੇ ਨਾਲ ਹੋਵੇਗਾ। ਸਮਾਗਮ ਦਾ ਉਦਘਾਟਨ ਸ੍ਰੀ ਮਾਨ 108 ਬ੍ਰਹਮ ਗਿਆਨੀ ਸੰਤ ਬਾਬਾ ਘਨੱਈਆ ਜੀ ਗੁਰਦੁਆਰਾ ਨਿਰਮਲ ਬੁੰਗਾ ਪਠਲਾਵਾ ਦੇ ਅਸਥਾਨੀ ਮਹਾਂ ਪੁਰਸ਼, ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ ਤੇ ਯੋਗੀ ਦੇਵੀ ਨਾਥ ਐਮਾਂ ਜੱਟਾਂ ਵੱਲੋਂ ਕੀਤਾ ਜਾਵੇਗਾ।ਇਸ ਸਮਾਗਮ ਦੇ ਮੁੱਖ ਮਹਿਮਾਨ ਜਗਤਾਰ ਸਿੰਘ, ਸਟੇਟ ਟੈਕਸ ਅਫਸਰ ਹੁਸ਼ਿਆਰਪੁਰ ਹੋਣਗੇ।ਸਿੱਖ ਵਿਦਵਾਨ ਗਿਆਨੀ ਬਲਕਾਰ ਸਿੰਘ, ਦਮਦਮੀ ਟਕਸਾਲ ਵਾਲੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਉਨ੍ਹਾਂ ਦੁਆਰਾ ਰਚੀ ਗੁਰਬਾਣੀ ਤੇ ਸ਼ਹੀਦੀ ਦੇ ਕਾਰਨਾਂ ਦੀ ਸਾਂਝ ਵਿਸਥਾਰ ਸਹਿਤ ਸੰਗਤਾਂ ਨਾਲ ਸਾਂਝੀ ਕਰਨਗੇ।



# ਡਾ. ਬਲਜੀਤ ਕੌਰ ਵੱਲੋਂ ਖਾਲੇ ਵਾਲੀ ਗਲੀ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ

ਮਲੋਟ, 23 ਜਨਵਰੀ (ਅਮਨਦੀਪ ਸਿੰਘ ਮਹਿਰਾ): ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਅਹਿਮ ਕਦਮ ਚੁੱਕੇ ਜਾ ਰਹੇ ਹਨ। ਇਸ ਕੜੀ ਤਹਿਤ ਅੱਜ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਵੱਲੋਂ ਮਲੋਟ ਸ਼ਹਿਰ ਦੀ ਸਰਦਾਰਾ ਮਾਰਕੀਟ ਤੇ ਖਾਲੇ ਵਾਲੀ ਗਲੀ ਦੇ ਨਿਰਮਾਣ ਕਾਰਜਾਂ ਦੀ ਕਈ ਦਾ ਟੱਕ ਲਾ ਕੇ ਸ਼ੁਰੂਆਤ ਕੀਤੀ ਗਈ। ਇਸ ਮੌਕੇ ਸਥਾਨਕ ਆਗੂ ਜੋਨੀ ਗਰਗ ਨੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਲਈ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਇਹ ਕੰਮ ਸ਼ਹਿਰ ਵਾਸੀਆਂ ਦੀ ਲੰਮੇ ਸਮੇਂ ਤੋਂ ਮੰਗ ਸੀ, ਜਿਸਨੂੰ ਪੰਜਾਬ ਸਰਕਾਰ ਵੱਲੋਂ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਨਿਰਮਾਣ ਕਾਰਜਾਂ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।



ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਮ ਆਦਮੀ ਦੀ ਆਪਣੀ ਸਰਕਾਰ ਹੈ, ਜੋ ਸੂਬੇ ਦੇ ਹਰ ਖੇਤਰ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਰ ਰਹੀ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਕੰਮ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਹੋਵੇਗਾ। ਉਨ੍ਹਾਂ ਸਮੁੱਚੇ ਮਲੋਟ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਸ਼ਹਿਰ ਨੂੰ ਵਿਕਾਸ ਦੇ ਰਾਹ 'ਤੇ ਅੱਗੇ ਵਧਾਇਆ ਜਾ ਸਕਦਾ ਹੈ। ਇਸ ਮੌਕੇ ਐਡਵੰਜ ਗੰਜ ਸੰਸਥਾ ਦੀ ਚੇਅਰਮੈਨ ਸਾਰਿਕਾ ਗਰਗ, ਜੋਨੀ ਗਰਗ ਨੇ ਦੁਬਾਰਾ ਕੈਬਨਿਟ ਮੰਤਰੀ ਦਾ ਧੰਨਵਾਦ ਕਰਦਿਆਂ ਭਰੋਸਾ ਜਤਾਇਆ ਕਿ ਇਹ ਨਿਰਮਾਣ ਕਾਰਜ ਨਿਰਧਾਰਿਤ ਸਮੇਂ ਅੰਦਰ ਪੂਰੇ ਕੀਤੇ ਜਾਣਗੇ ਤੇ ਸ਼ਹਿਰ ਦੇ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ।

# ਚਾਈਨਾ ਡੋਰ ਦੀ ਵਰਤੋਂ ਰੋਕਣ ਲਈ ਪੁਲਿਸ ਨੇ ਡਰੋਨ ਤੇ ਦੂਰਬੀਨ ਦੀ ਲਈ ਸਹਾਇਤਾ



ਤਲਵੰਡੀ ਸਾਬੋ, 23 ਜਨਵਰੀ (ਸੰਦੀਪ ਜੋਸ਼ੀ): ਬਸੰਤ ਪੰਚਮੀ ਦੇ ਤਿਉਹਾਰ ਜਿੱਥੇ ਦੇਸ਼ ਦੁਨੀਆਂ ਵਿੱਚ ਧੂਮ ਧਾਮ ਨਾਲ ਮਨਾਇਆ ਜਾਂਦਾ ਹੈ ਉੱਥੇ ਹੀ ਲੋਕਾਂ ਵੱਲੋਂ ਇਸ ਦਿਨ ਰੰਗ ਬਿਰੰਗੇ ਪਤੰਗ ਉਡਾ ਕੇ ਇਸ ਤਿਹਾਰ ਨੂੰ ਮਨਾਇਆ ਜਾਂਦਾ ਹੈ ਉੱਥੇ ਹੀ ਕੀ ਲੋਕਾਂ ਵੱਲੋਂ ਚਾਈਨਾ ਡੋਰ ਦੀ ਵਰਤੋਂ ਕੀਤੀ ਜਾਂਦੀ ਹੈ ਪਰ ਇਸ ਵਾਰ ਬਠਿੰਡਾ ਪੁਲਿਸ ਵੱਲੋਂ ਚਾਈਨਾ ਡੋਰ ਦੀ ਵਰਤੋਂ ਰੋਕਣ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ ਅਤੇ ਉਹਨਾਂ ਵੱਲੋਂ ਸ਼ਹਿਰ ਵਿੱਚ ਜਗ੍ਹਾ ਜਗ੍ਹਾ ਜਿੱਥੇ ਪੈਟਰੋਲਿੰਗ ਕੀਤੀ ਗਈ ਉੱਥੇ ਹੀ ਉੱਚੀਆਂ ਥਾਵਾਂ ਤੇ ਖੜ ਕੇ ਦੂਰਬੀਨ ਅਤੇ ਡਰਾਉਣ ਰਾਹੀਂ ਚਾਈਨਾ ਡੋਰ ਦੀ ਵਰਤੋਂ ਕਰਨ ਵਾਲੇ ਲੋਕਾਂ ਦੀ ਪਹਿਚਾਣ ਕੀਤੀ ਅਤੇ ਉਹਨਾਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਗਈ ਜਾਣਕਾਰੀ ਦਿੰਦੇ ਹੋਏ ਐਸਪੀ ਸਿਟ ਨਰਿੰਦਰ ਸਿੰਘ ਨੇ ਦੱਸਿਆ ਕਿ ਬਸੰਤ ਪੰਚਮੀ ਦੇ ਤਿਉਹਰ ਨੂੰ ਵੇਖਦੇ ਹੋਏ ਪੁਲਿਸ ਵੱਲੋਂ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਸ਼ਹਿਰ ਵਿੱਚ ਜਗ੍ਹਾ ਜਗ੍ਹਾ ਤੇ ਪੀਸੀਆਰ ਦੀਆਂ ਟੀਮਾਂ ਰਾਊਂਡ ਲਗਾ ਰਹੀਆਂ ਹਨ। ਇਸ ਤੋਂ ਇਲਾਵਾ ਚਾਈਨਾ ਡੋਰ ਦੀ ਵਰਤੋਂ ਕਰਨ ਵਾਲਿਆਂ ਖਿਲਾਫ ਸਖਤ ਕਦਮ ਚੁੱਕੇ ਜਾ ਰਹੇ ਹਨ। ਸ਼ਹਿਰ ਦੀਆਂ ਉੱਚੀਆਂ ਥਾਵਾਂ ਤੇ ਖੜ ਕੇ ਦੂਰਬੀਨ ਰਾਹੀਂ ਪੁਲਿਸ ਵੱਲੋਂ ਚਾਈਨਾ ਡੋਰ ਦੀ ਵਰਤੋਂ ਕਰਨ ਵਾਲਿਆਂ ਦੀ ਪਹਿਚਾਣ ਕੀਤੀ ਜਾ ਰਹੀ ਹੈ ਇਸ ਤੋਂ ਇਲਾਵਾ ਡਰੋਨ ਰਾਹੀਂ ਵੀ ਨਿਗਰਾਨੀ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਹੁਣ ਤੱਕ ਚਾਈਨਾ ਡੋਰ ਦੀ ਵਰਤੋਂ ਕਰਨ ਵਾਲਿਆਂ ਚਾਰ ਲੋਕਾਂ ਖਿਲਾਫ ਪੁਲਿਸ ਵੱਲੋਂ ਮਾਮਲਾ ਦਰਜ ਕੀਤਾ ਗਿਆ ਇਸ ਤੋਂ ਇਲਾਵਾ ਬਠਿੰਡਾ ਜਿਲ੍ਹਾ ਦੇ ਕਸਬਾ ਰਾਮਪੁਰਾ ਫੂਲ ਤਲਵੰਡੀ ਸਾਬੋ ਤੇ ਭਗਤਾ ਭਾਈ ਕਾ ਵਿਖੇ ਦੀ ਵਿਸ਼ੇਸ਼ ਤੌਰ ਤੇ ਪੁਲਿਸ ਵੱਲੋਂ ਪ੍ਰਬੰਧ ਕੀਤੇ ਗਏ ਉਹਨਾਂ ਲੋਕਾਂ ਨੂੰ ਤਾਕੀਦ ਕੀਤੀ ਕਿ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਜੇ ਕੋਈ ਚਾਈਨਾ ਡੋਰ ਦੀ ਵਰਤੋਂ ਕਰਦਾ ਹੈ ਪਾਇਆ ਗਿਆ ਤਾਂ ਉਸ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਨੁੱਖਤਾ ਦੇ ਚਮਕਦੇ ਸੂਰਮੇ ਸਨਮਾਨਤ

ਬਠਿੰਡਾ, 23 ਜਨਵਰੀ (ਜਗਸੀਰ ਭੁੱਲਰ): ਸ਼ਹੀਦ ਭਗਤ ਸਿੰਘ ਬਹੁ ਮੰਤਵੀ ਖੇਡ ਸਟੇਡੀਅਮ ਮਨੁੱਖਤਾ ਦੇ ਇਕ ਵਿਸ਼ਾਲ ਤੇ ਸਰਾਹਣਯੋਗ ਉਪਰਾਲੇ ਦਾ ਗਵਾਹ ਬਣਿਆ। ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਨੇ ਭਾਰਤੀ ਰੈਡ ਕ੍ਰਾਸ ਸੋਸਾਇਟੀ ਦੇ ਸਹਿਯੋਗ ਨਾਲ "ਨਵੀਂ ਉਡਾਣ" ਪਹਲ ਤਹਿਤ 50 ਅਖ਼ਬਾਰ ਹਾਕਰਾਂ ਨੂੰ ਸਾਈਕਲਾਂ ਅਤੇ ਜੈਕਟਾਂ ਵੰਡੀਆਂ। ਇਸ ਸਮਾਗਮ ਵਿੱਚ ਐੱਸਐੱਸਪੀ ਡਾ. ਜਯੋਤੀ ਯਾਦਵ ਬੈਂਸ ਅਤੇ ਮੇਅਰ ਪਦਮਜੀਤ ਸਿੰਘ ਮਹਿਤਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਅਖ਼ਬਾਰ ਹਾਕਰਾਂ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੀ ਪ੍ਰਸ਼ੰਸਾ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਮਾਜ ਦਾ ਇਹ ਵਰਗ ਤਿੱਖੀ ਠੰਢ, ਮੀਂਹ ਆਦਿ ਮੌਸਮੀ ਮੁਸ਼ਕਲਾਂ ਦੇ ਬਾਵਜੂਦ ਸਵੇਰੇ 4-5 ਵਜੇ ਉੱਠ ਕੇ ਘਰ-ਘਰ ਅਖ਼ਬਾਰ ਪਹੁੰਚਾਉਂਦਾ ਹੈ। ਇਹ ਲੋਕ ਅੰਸ਼ਕਾਲੀ ਕੰਮ ਕਰਦੇ ਹਨ ਅਤੇ ਸਾਈਕਲਾਂ 'ਤੇ ਅਖ਼ਬਾਰ ਵੰਡਣ ਤੋਂ ਬਾਅਦ ਆਪਣੀ ਅਗਲੀ ਰੋਜ਼ਗਾਰ ਗਤੀਵਿਧੀ ਵੱਲ ਰੁਖ ਕਰਦੇ ਹਨ। ਵਿਡੰਬਨਾ ਇਹ ਹੈ ਕਿ ਅਕਸਰ ਉਨ੍ਹਾਂ ਦੀਆਂ ਸਾਈਕਲਾਂ ਪੁਰਾਣੀਆਂ ਅਤੇ ਖ਼ਰਾਬ ਹੁੰਦੀਆਂ ਹਨ, ਜਿਸ ਕਾਰਨ ਅਖ਼ਬਾਰ ਵੰਡਣ ਵਿੱਚ ਦੇਰੀ ਹੁੰਦੀ ਹੈ ਤੇ ਅਗਲੇ ਕੰਮ ਤੱਕ ਸਮੇਂ ਸਿਰ ਪਹੁੰਚਣਾ ਮੁਸ਼ਕਲ ਹੋ ਜਾਂਦਾ ਹੈ।



ਅਖ਼ਬਾਰ ਹਾਕਰਾਂ ਦੀਆਂ ਇਨ੍ਹਾਂ ਕਠਿਨ ਪਰਿਸਥਿਤੀਆਂ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਨੂੰ ਨਵੀਆਂ ਸਾਈਕਲਾਂ ਮੁਫ਼ਤ ਮੁਹੱਈਆ ਕਰਵਾਈਆਂ ਗਈਆਂ ਹਨ, ਉਨ੍ਹਾਂ ਕਿਹਾ ਕਿ ਇਸ ਨਵੀਂ ਅਤੇ ਨੇਕ ਪਹਲ ਦਾ ਮੁੱਖ ਉਦੇਸ਼ ਅਖ਼ਬਾਰ ਹਾਕਰਾਂ ਦੀ ਰੋਜ਼ਾਨਾ ਜ਼ਿੰਦਗੀ ਨੂੰ ਆਸਾਨ ਬਣਾਉਣਾ ਅਤੇ ਉਨ੍ਹਾਂ ਦੀ ਸਖ਼ਤ ਮਿਹਨਤ ਦਾ ਸਨਮਾਨ ਕਰਨਾ ਹੈ। ਹੋਰ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਖ਼ਬਾਰ ਇੱਕ ਪਾਸੇ ਲੋਕਤੰਤਰਕ ਢਾਂਚੇ ਦੀ ਮਜ਼ਬੂਤ ਨੀਂਹ ਹਨ ਤੇ ਦੂਜੇ ਪਾਸੇ ਜਾਣਕਾਰੀ ਦੇ ਪ੍ਰਸਾਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਆਸ ਜਤਾਈ ਕਿ ਇਹ ਕਦਮ ਸਮਾਜ ਦੇ ਇਸ ਅਹਿਮ ਵਰਗ ਨੂੰ ਹੋਰ ਉਤਸ਼ਾਹ ਨਾਲ ਆਪਣਾ ਫ਼ਰਜ਼ ਨਿਭਾਉਣ ਵਿੱਚ ਸਹਾਇਕ ਸਾਬਤ ਹੋਵੇਗਾ।

ਡਿਪਟੀ ਕਮਿਸ਼ਨਰ ਨੇ ਅੰਤ ਵਿੱਚ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸਮਾਜ ਦੇ ਹਰ ਵਰਗ ਦੀ ਭਲਾਈ ਅਤੇ ਉੱਨਤੀ ਲਈ ਹਰ ਸੰਭਵ ਯਤਨ ਕਰਦਾ ਆ ਰਿਹਾ ਹੈ ਤੇ ਭਵਿੱਖ ਵਿੱਚ ਵੀ ਇਹ ਯਕੀਨੀ ਬਣਾਇਆ ਜਾਵੇਗਾ ਕਿ ਕੋਈ ਵੀ ਲੋੜਵੰਦ ਬੁਨਿਆਦੀ ਸਹੂਲਤਾਂ ਤੋਂ ਵਾਂਝਾ ਨਾ ਰਹੇ। ਅਜਿਹੀਆਂ ਪਹਿਲਕਦਮੀਆਂ ਸਮਾਜ ਦੇ ਇਸ ਮਿਹਨਤੀ ਵਰਗ ਦਾ ਆਤਮ-ਵਿਸ਼ਵਾਸ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

# ਸ਼ਹਿਰ 'ਚ ਅਵਾਰਾ ਪਸ਼ੂਆਂ ਦੀ ਭਰਮਾਰ



ਮਾਨਸਾ, 23 ਜਨਵਰੀ (ਗੀਤਵਾਲ): ਸਥਾਨਕ ਸ਼ਹਿਰ ਅੰਦਰ ਅਵਾਰਾ ਪਸ਼ੂਆਂ ਦੀ ਸਮੱਸਿਆ ਲਗਾਤਾਰ ਗੰਭੀਰ ਬਣੀ ਹੋਈ ਹੈ। ਇਨ੍ਹਾਂ ਪਸ਼ੂਆਂ ਕਾਰਨ ਜਿੱਥੇ ਆਮ ਲੋਕਾਂ ਨੂੰ ਹੋਰ ਵੱਖ-ਵੱਖ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਉੱਥੇ ਇਨ੍ਹਾਂ ਕਾਰਨ ਲਗਾਤਾਰ ਹਾਦਸੇ ਵੀ ਵਾਪਰ ਰਹੇ ਹਨ। ਸ਼ਹਿਰ ਦੇ ਵੱਖ ਵੱਖ ਮੁਹੱਲਿਆਂ ਅਤੇ ਬੱਤੀਆਂ ਵਾਲੇ ਚੌਕ ਦੇ ਆਲੇ-ਦੁਆਲੇ ਤਾਂ ਇਹ ਪਸ਼ੂ ਘੁੰਮਦੇ ਰਹਿੰਦੇ ਹਨ। ਢਿੱਡ ਦੀ ਭੁੱਖ ਨੂੰ ਮਿਟਾਉਣ ਲਈ ਇਹ ਸਾਰਾ ਦਿਨ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿਚ ਪਏ ਕੂੜੇ ਦੇ ਢੇਰਾਂ 'ਚ ਮੂੰਹ ਮਾਰਦੇ ਰਹਿੰਦੇ ਹਨ, ਜਿਸ ਕਾਰਨ ਜਿੱਥੇ ਇਹ ਖੁਦ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਨ ਉੱਥੇ ਗੰਦਗੀ ਦੇ ਢੇਰਾਂ ਦੇ ਖਿਲਰਨ ਕਾਰਨ ਆਲੇ-ਦੁਆਲੇ ਬਦਬੂ ਤੋਂ ਇਲਾਵਾ ਮੱਖੀਆਂ-ਮੱਛਰਾਂ ਦੀ ਵੀ ਭਰਮਾਰ ਹੋ ਜਾਂਦੀ ਹੈ। ਆਪਣੀ ਭੁੱਖ ਮਟਾਉਣ ਲਈ ਇਹ ਅਕਸਰ ਹੀ ਹਿੰਸਕ ਵੀ ਹੋ ਜਾਂਦੇ ਹਨ।ਇਸ ਦੌਰਾਨ ਇਹ ਗਲੀਆਂ ਬਾਜ਼ਾਰਾਂ ਵਿਚੋਂ ਲੰਘ ਰਹੇ ਲੋਕਾਂ ਤੋਂ ਕੋਈ ਖਾਣ-ਪੀਣ ਵਾਲੀ ਵਸਤੂ ਖੋਹਣ ਲਈ ਉਨ੍ਹਾਂ 'ਤੇ ਹਮਲਾ ਵੀ ਕਰ ਦਿੰਦੇ ਹਨ। ਇਸ ਤੋਂ ਇਲਾਵਾ ਇਹ ਪਸ਼ੂ ਅਕਸਰ ਹੀ ਆਪਸ ਵਿਚ ਵੀ ਲੜ ਪੈਂਦੇ ਹਨ, ਜਿਸ ਕਾਰਨ ਅਕਸਰ ਹੀ ਲੋਕਾਂ ਨੂੰ ਜਾਨੀ-ਮਾਲੀ ਨੁਕਸਾਨ ਝੱਲਣਾ ਪੈਂਦਾ ਹੈ।ਇਸ ਦੌਰਾਨ ਸਮਾਜ ਸੇਵੀ ਲੋਕਾਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਸ਼ਹਿਰ ਵਾਸੀਆਂ ਨੂੰ ਦਰਪੇਸ਼ ਇਸ ਸਮੱਸਿਆ ਤੋਂ ਪਹਿਲ ਦੇ ਆਧਾਰ 'ਤੇ ਨਿਜ਼ਾਤ ਦਿਵਾਈ ਜਾਵੇ।

# ਬਸੰਤ ਪੰਚਮੀ ਮੌਕੇ ਵਿਅਕਤੀ ਚਾਈਨਾ ਡੋਰ ਨਾਲ ਜ਼ਖ਼ਮੀ

ਸੁਨਾਮ ਊਧਮ ਸਿੰਘ ਵਾਲਾ, 23 ਜਨਵਰੀ (ਮੋਹਣ ਸ਼ਰਮਾ/ਰਾਉਵਰਿੰਦਰ ਮਠਾੜੂ): ਬਸੰਤ ਪੰਚਮੀ ਦਾ ਤਿਉਹਾਰ ਪੂਰੇ ਪੰਜਾਬ ਵਿੱਚ ਬਹੁਤ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਲੋਕ ਇਸ ਦਿਨ ਪਤੰਗ ਉਡਾਉਂਦੇ ਹਨ, ਪਰ ਸਿੰਪਲ ਡੋਰ ਦੀ ਬਜਾਏ, ਪਤੰਗ ਉਡਾਉਣ ਲਈ ਚਾਇਨਾ ਡੋਰ ਦੀ ਵਰਤੋਂ ਕਰਦੇ ਹਨ, ਜੋ ਕਿ ਰਾਹਗੀਰਾਂ ਲਈ ਜਿੰਦਰਦੀ ਬਣੀ ਹੋਈ ਹੈ ਸਥਾਨਕ ਸਰਕਾਰੀ ਹਸਪਤਾਲ ਦੇ ਕੋਲ ਇੱਕ ਵਿਅਕਤੀ ਗਗਨਦੀਪ ਸਿੰਘ ਪੁੱਤਰ ਰਾਮ ਸਿੰਘ ਜੋ ਕਿ ਆਪਣੇ ਕੰਮ ਤੋ ਵਾਪਸ ਘਰ ਆ ਰਿਹਾ ਸੀ ਕਿ ਅਚਾਨਕ ਉਸਦੇ ਗਲੇ ਅਤੇ ਹੱਥ ਤੇ ਕੱਟ ਲੱਗ ਗਿਆ। ਉਸਨੂੰ ਇਲਾਜ ਲਈ ਸੁਨਾਮ ਦੇ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਡਾਕਟਰਾਂ ਨੇ ਦੱਸਿਆ ਕਿ ਉਹ ਹੁਣ ਠੀਕ ਠਾਕ ਹੈ



# ਸ਼ਿਵ ਸ਼ਕਤੀ ਵੂਮੈਨ ਕਲੱਬ ਵਿਖੇ ਮਨਾਇਆ ਬਸੰਤ ਪੰਚਮੀ ਦਾ ਤਿਉਹਾਰ



ਸੁਨਾਮ ਊਧਮ ਸਿੰਘ ਵਾਲਾ, 23 ਜਨਵਰੀ (ਮੋਹਣ ਸ਼ਰਮਾ/ਰਾਉਵਰਿੰਦਰ ਮਠਾੜੂ): ਸ਼ਿਵ ਸ਼ਕਤੀ ਵੂਮੈਨ ਕਲੱਬ ਵੱਲੋਂ ਪ੍ਰਾਚੀਨ ਸ੍ਰੀ ਵਿਸ਼ਵਨਾਥ ਸ਼ਿਵ ਮੰਦਿਰ ਚ ਨੈਨਾ ਚਾਵਲਾ ਦੀ ਅਗਵਾਈ ਦੇ ਵਿੱਚ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਸਾਬਕਾ ਨਗਰ ਕੌਂਸਲਰ ਅਤੇ ਸਮਾਜ ਸੇਵੀ ਮੈਡਮ ਕਾਂਤਾ ਪੱਪਾ ਪੁੱਜੀ ਅਤੇ ਇਸ ਮੌਕੇ ਪੀਲੇ ਪਤੰਗਾਂ, ਪੀਲੇ ਫੁੱਲਾਂ ਅਤੇ ਪੀਲੇ ਲੱਡੂਆਂ ਦੇ ਨਾਲ ਇਹ ਤਿਉਹਾਰ ਮਨਾਇਆ ਗਿਆ ਇਸ ਮੌਕੇ ਔਰਤਾਂ ਵੱਲੋਂ ਭਜਨ ਵੀ ਗਾਏ ਗਏ ਅਤੇ ਖੂਬ ਆਨੰਦ ਮੰਨਿਆ ਗਿਆ।

ਇਹ ਤਿਉਹਾਰ ਬੜੇ ਧਾਰਮਿਕ ਤਰੀਕੇ ਨਾਲ ਸ਼ਿਵ ਸ਼ਕਤੀ ਵੂਮੈਨ ਕਲੱਬ ਵੱਲੋਂ ਮਨਾਇਆ ਗਿਆ ਇਸ ਮੌਕੇ ਪ੍ਰੀਆ ਮਦਾਨ, ਮਾਹੀ ਮਦਾਨ, ਲਲਿਤਾ, ਨੈਨਾ, ਸੋਨੀਆ, ਗੀਤਾ, ਧੀਰਜਾ, ਸੰਦੀਪ, ਮਹਿਕ, ਤਮੰਨਾ, ਸੁਮਨ ਸਸੀ, ਰੰਜਨਾ, ਰਾਜ, ਮੀਨਾ, ਸ਼ਕੁੰਤਲਾ ਮੌਜੂਦ ਸੀ।

# 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਸਰਕਾਰੀ ਤੇ ਨਿੱਜੀ ਹਸਪਤਾਲਾਂ 'ਚ ਮਿਲੇਗੀ ਕੈਸ਼ਲੈੱਸ ਸਹੂਲਤ : ਚੇਅਰਮੈਨ ਜਵੰਧਾ

ਸੰਗਰੂਰ, 23 ਜਨਵਰੀ (ਹਰਕੰਵਲ ਸਿੰਘ ਹੈਪੀ) ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਬਿਹਤਰ ਅਤੇ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ 'ਮੁੱਖ ਮੰਤਰੀ ਸਿਹਤ ਯੋਜਨਾ' ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਦੱਸਿਆ ਕਿ ਇਸ ਅਹਿਮ ਯੋਜਨਾ ਲਈ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਹੁਣ ਸ਼ੁਰੂ ਹੋ ਚੁੱਕੀ ਹੈ। ਡਾ. ਜਵੰਧਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਨਾਗਰਿਕ ਪੈਸੇ ਦੀ ਘਾਟ ਕਾਰਨ ਇਲਾਜ ਤੋਂ ਵਾਂਝਾ ਨਾ ਰਹੇ। ਇਸ ਯੋਜਨਾ ਤਹਿਤ ਹਰ ਪੰਜਾਬ ਵਾਸੀ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਮੁਫ਼ਤ ਅਤੇ ਕੈਸ਼ਲੈੱਸ ਇਲਾਜ ਮਿਲੇਗਾ। ਖਾਸ ਗੱਲ ਇਹ ਹੈ ਕਿ ਇਹ ਸਹੂਲਤ ਸਿਰਫ਼ ਸਰਕਾਰੀ ਹਸਪਤਾਲਾਂ ਤੱਕ ਸੀਮਤ ਨਹੀਂ ਹੋਵੇਗੀ, ਸਗੋਂ ਸੂਚੀਬੱਧ ਨਿੱਜੀ (ਪ੍ਰਾਈਵੇਟ) ਹਸਪਤਾਲਾਂ ਵਿੱਚ ਵੀ ਮਰੀਜ਼ ਆਪਣਾ ਮੁਫ਼ਤ ਇਲਾਜ ਕਰਵਾ ਸਕਣਗੇ।



ਇਸ ਯੋਜਨਾ ਦੇ ਦਾਇਰੇ ਵਿੱਚ 2000 ਤੋਂ ਵੱਧ ਸਿਹਤ ਸੇਵਾਵਾਂ ਨੂੰ ਸ਼ਾਮਲ ਕੀਤਾ ਗਿਆ ਹੈ, ਜਿਸ ਵਿੱਚ ਛੋਟੀਆਂ ਬਿਮਾਰੀਆਂ ਤੋਂ ਲੈ ਕੇ ਵੱਡੇ ਆਪ੍ਰੇਸ਼ਨ (ਸਰਜਰੀ) ਵੀ ਕਵਰ ਕੀਤੇ ਜਾਣਗੇ। ਡਾ. ਜਵੰਧਾ ਨੇ ਸਪੱਸ਼ਟ ਕੀਤਾ ਕਿ ਇਸ ਸਕੀਮ ਦਾ ਲਾਭ ਆਮ ਜਨਤਾ ਦੇ ਨਾਲ-ਨਾਲ ਸਰਕਾਰੀ ਕਰਮਚਾਰੀਆਂ, ਆਂਗਣਵਾੜੀ ਵਰਕਰਾਂ ਤੇ ਆਸ਼ਾ ਵਰਕਰਾਂ ਨੂੰ ਵੀ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਕਦਮ ਪੰਜਾਬ ਦੇ ਸਿਹਤ ਢਾਂਚੇ ਵਿੱਚ ਇੱਕ ਵੱਡੀ ਕ੍ਰਾਂਤੀ ਸਾਬਤ ਹੋਵੇਗਾ। ਚੇਅਰਮੈਨ ਨੇ ਸੂਬਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਜਲਦੀ ਤੋਂ ਜਲਦੀ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਤਾਂ ਜੋ ਲੋੜ ਪੈਣ 'ਤੇ ਉਹ ਇਨ੍ਹਾਂ ਨਕਦ-ਰਹਿਤ ਸਿਹਤ ਸੇਵਾਵਾਂ ਦਾ ਲਾਭ ਉਠਾ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ 'ਰੰਗਲਾ ਪੰਜਾਬ' ਬਣਾਉਣ ਦੇ ਨਾਲ-ਨਾਲ 'ਸਿਹਤਮੰਦ ਪੰਜਾਬ' ਬਣਾਉਣ ਲਈ ਵੀ ਵਚਨਬੱਧ ਹੈ। ਰਜਿਸਟ੍ਰੇਸ਼ਨ ਸਬੰਧੀ ਵਧੇਰੇ ਜਾਣਕਾਰੀ ਨੇੜਲੇ ਸਿਹਤ ਕੇਂਦਰਾਂ ਜਾਂ ਸਰਕਾਰੀ ਪੋਰਟਲ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ।

# ਸ੍ਰੀ ਸੱਤਿਆ ਸਾਈ ਬੀ.ਐੱਡ ਕਾਲਜ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ



ਮਲੋਟ, 23 ਜਨਵਰੀ (ਅਮਨਦੀਪ ਸਿੰਘ ਮਹਿਰਾ): ਸ੍ਰੀ ਸੱਤਿਆ ਸਾਈ ਬੀ.ਐੱਡ ਕਾਲਜ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਖੁਸ਼ੀਆਂ ਭਰੇ ਮਾਹੌਲ ਵਿੱਚ ਮਨਾਇਆ ਗਿਆ। ਇਸ ਮੌਕੇ ਗਤੀਵਿਧੀ ਇੰਚਾਰਜ ਸਹਾਇਕ ਪ੍ਰੋਫੈਸਰ ਮਦਨ ਲਾਲ ਤੇ ਪ੍ਰੋਫੈਸਰ ਡਾ. ਸਤਿੰਦਰ ਪਾਲ ਕੌਰ ਦੀ ਅਗਵਾਈ ਹੇਠ ਵਿਦਿਆਰਥੀਆਂ ਲਈ ਪਤੰਗ ਬਣਾਉਣ ਦੇ ਮੁਕਾਬਲੇ ਕਰਵਾਏ। ਪਤੰਗ ਬਣਾਉਣ ਦੇ ਮੁਕਾਬਲੇ ਵਿੱਚ ਨੇਹਾ ਨੇ ਪਹਿਲਾ, ਦਿਵਯਾ ਨੇ ਦੂਜਾ ਤੇ ਵੀਰਪਾਲ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਤੋਂ ਬਾਅਦ ਪਤੰਗ ਉਡਾਉਣ ਦੀ ਪ੍ਰਤੀਯੋਗਤਾ ਕਰਵਾਈ ਗਈ, ਜਿਸ ਦੌਰਾਨ ਵਿਦਿਆਰਥੀਆਂ ਨੇ ਪੂਰੇ ਜੋਸ਼ ਨਾਲ ਭਾਗ ਲੈ ਕੇ ਖੂਬ ਮਨੋਰੰਜਨ ਕੀਤਾ।

ਇਸ ਮੌਕੇ ਪ੍ਰੋਫੈਸਰ ਸ਼ਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਚਾਈਨਾ ਡੋਰ ਦੇ ਹਾਨੀਕਾਰਕ ਪ੍ਰਭਾਵਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਾਨੂੰ ਕਦੇ ਵੀ ਚਾਈਨਾ ਡੋਰ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਕਾਲਜ ਦੇ ਪ੍ਰਿੰਸੀਪਲ ਡਾ. ਪ੍ਰਦੀਪ ਠਕਰਾਲ ਜੀ ਨੇ ਬਸੰਤ ਪੰਚਮੀ ਦੇ ਇਤਿਹਾਸ 'ਤੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਇਸ ਦਿਨ ਵਿਦਿਆ ਦੀ ਦੇਵੀ ਮਾਤਾ ਸਰਸਵਤੀ ਦੀ ਪੂਜਾ ਕੀਤੀ ਜਾਂਦੀ ਹੈ। ਉਨ੍ਹਾਂ ਨੇ ਨਾਲ ਹੀ ਵੀਰ ਹਕੀਕਤ ਰਾਏ ਵੱਲੋਂ ਧਰਮ ਦੀ ਰੱਖਿਆ ਲਈ ਦਿੱਤੇ ਗਏ ਬਲਿਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਨਮਨ ਕੀਤਾ। ਇਸ ਸਫਲ ਆਯੋਜਨ ਲਈ ਕਾਲਜ ਦੇ ਚੇਅਰਮੈਨ ਅਰਵਿੰਦ ਜੈਨ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਦੀ ਭਰਪੂਰ ਸ਼ਲਾਂਘਾ ਕੀਤੀ।

# ਪੰਜਵੀਂ ਵਰ੍ਹੇਗੰਢ ਮਨਾਉਣ ਲਈ 2 ਥਾਵਾਂ ਤੋਂ ਸ਼ੁਰੂ ਹੋਣਗੇ ਟਰੈਕਟਰ ਮਾਰਚ

ਭਵਾਨੀਗੜ੍ਹ, 23 ਜਨਵਰੀ (ਅਮਨਦੀਪ ਸਿੰਘ ਮਾਝਾ): ਸੰਯੁਕਤ



ਕਿਸਾਨ ਮੋਰਚੇ ਦੇ ਸੱਦੇ ਤੇ ਸੰਯੁਕਤ ਕਿਸਾਨ ਮੋਰਚੇ ਦੇ ਬਲਾਕ ਭਵਾਨੀਗੜ੍ਹ ਦੀ ਮੀਟਿੰਗ ਬਾਬਾ ਆਤਮਾ ਨੰਦ ਜੀ ਪੋਥੀ ਵਾਲਾ ਦੇ ਸਥਾਨ ਵਿਖੇ ਹੋਈ ਜਿਸ ਮੌਕੇ ਵੱਖ ਵੱਖ ਜਥੇਬੰਦੀਆਂ ਦੇ ਆਗੂ ਬੀਕੇਯੂ ਡਕੌਂਦਾ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ, ਬੀਕੇਯੂ ਉਗਰਾਹਾਂ ਬਲਾਕ ਦੇ ਜਰਨਲ ਸਕੱਤਰ ਜਸਵੀਰ ਸਿੰਘ ਗੱਗੜਪੁਰ, ਬਲਾਕ ਖਜਾਨਚੀ ਬਲਵਿੰਦਰ ਸਿੰਘ ਘਨੌੜ, ਬੀਕੇਯੂ ਡਕੌਂਦਾ ਦੇ ਬਲਾਕ ਪ੍ਰਧਾਨ ਚਮਕੌਰ ਸਿੰਘ ਭੱਟੀਵਾਲ, ਬਲਾਕ ਆਗੂ ਸੁਖਬੀਰ ਸਿੰਘ, ਗੁਰਧਿਆਨ ਬੀਕੇਯੂ ਰਾਜੇਵਾਲ ਦੇ ਗਿਆਨ ਸਿੰਘ ਭਵਾਨੀਗੜ੍ਹ, ਜਸਪਾਲ ਸਿੰਘ ਘਰਾਚੋਂ ਜਮਹੂਰੀ ਕਿਸਾਨ ਸਭਾ ਦੇ ਮਹਿੰਦਰ ਸਿੰਘ ਘਰਾਚੋਂ ਤੇ ਬੇਅੰਤ ਸਿੰਘ ਘਰਾਚੋਂ ਸ਼ਾਮਲ ਹੋਏ। ਇਸ ਮੌਕੇ ਆਗੂਆਂ ਨੇ ਦੱਸਿਆ ਕਿ ਕੇਂਦਰ ਸਰਕਾਰ ਦੇ ਤਿੰਨ ਕਾਲੇ ਕਾਨੂੰਨ ਪਿਛਲੇ ਸਮੇਂ ਦੌਰਾਨ 26 ਜਨਵਰੀ ਨੂੰ ਦਿੱਲੀ ਵਿੱਚ ਕੀਤੇ ਟਰੈਕਟਰ ਮਾਰਚ ਦੀ ਪੰਜਵੀਂ ਵਰੇਗੰਢ ਮਨਾਉਣ ਲਈ ਬਲਾਕ ਭਵਾਨੀਗੜ੍ਹ ਤੋਂ ਦੋ ਥਾਵਾਂ ਤੋਂ ਟਰੈਕਟਰ ਮਾਰਚ ਸ਼ੁਰੂ ਕੀਤੇ ਜਾਣਗੇ। ਜਿਸ ਵਿੱਚ ਇੱਕ ਮਾਰਚ ਘਰਾਚੋਂ ਤੋਂ ਨਦਾਮਪੁਰ ਤੋਂ ਸ਼ੁਰੂ ਕਰਕੇ ਰੋਡ ਰੋਡ ਹੁੰਦਾ ਹੋਇਆ ਭਵਾਨੀਗੜ੍ਹ ਅਨਾਜ ਮੰਡੀ ਵਿਖੇ ਸੰਘਰਸ਼ੀ ਨਾਅਰਿਆਂ ਨਾਲ ਸਮਾਪਤ ਕੀਤਾ ਜਾਵੇਗਾ। ਆਗੂ ਨੇ ਕਿਹਾ ਕਿ ਦਿੱਲੀ ਅੰਦੋਲਨ ਦੌਰਾਨ ਰਹਿੰਦੀਆਂ ਮੰਗਾਂ ਨੂੰ ਲੈਕੇ ਤੇ ਜੋ ਕੇਂਦਰ ਸਰਕਾਰ ਬਿਜਲੀ ਸੋਧ ਬਿਲ 2025, ਬੀਜ ਬਿਲ 2025 ਤੇ ਚਾਰ ਕਿਰਤ ਕੋਡ ਲੈਕੇ ਆਈ ਹੈ ਤੇ ਨਰੇਗਾ ਸਕੀਮ ਖਤਮ ਕੀਤੀ ਹੈ ਉਸ ਦੇ ਵਿਰੋਧ ਵਿੱਚ ਮਾਰਚ ਕੀਤੇ ਜਾਣਗੇ। ਆਗੂਆਂ ਨੇ ਕਿਹਾ ਕਿ ਜਿੱਥੇ ਹਾਕਮ ਪਾਰਟੀਆਂ ਗਣਤੰਤਰਤ ਦਿਵਸ ਮਨਾਉਣ ਲੱਗੀਆਂ ਹਨ ਦੂਜੇ ਪਾਸੇ ਕਾਰਪੋਰੇਟ ਘਰਾਣਿਆਂ ਨਾਲ ਮਿਲ ਕੇ ਲੋਕਾਂ ਦੀ ਸੰਘੀ ਘੁੱਟ ਰਹੇ ਹਨ।

ਇਸ ਲਈ ਅੱਜ ਕੁੱਲ ਕਿਰਤੀ ਲੋਕ ਇਕੱਠੇ ਹੋਕੇ ਇਸ ਜਾਲਮ ਹਕੂਮਤਾਂ ਦਾ ਵਿਰੋਧ ਕਰ ਰਹੇ ਹਨ ਜਿਸ ਲਈ 26 ਜਨਵਰੀ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਪੂਰੇ ਭਾਰਤ ਵਿੱਚ ਬਲਾਕ ਅਤੇ ਤਹਿਸੀਲ ਪੱਧਰੇ ਟਰੈਕਟਰ ਮਾਰਚ ਕੀਤੇ ਜਾਣਗੇ ਜਿਸ ਵਿੱਚ ਆਗੂਆ ਵੱਲੋ ਸਮੂਹ ਕਿਸਾਨਾਂ ਮਜਦੂਰਾਂ ਨੂੰ ਟਰੈਕਟਰਾਂ ਤੇ ਝੰਡੇ ਬੰਨਕੇ ਮਾਰਚ ਵਿੱਚ ਸ਼ਾਮਲ ਹੋਣ ਲਈ ਹੋਕਾ ਦਿੱਤਾ।

# ਸਰਵ ਭਾਰਤੀਆਂ ਸੇਵਾ ਸੰਮਤੀ ਦੇ ਲੰਗਰ ਹਾਲ ਦਾ ਪ੍ਰੋ. ਉਂਕਾਰ ਸਿੰਘ ਸਿੱਧੂ ਵੱਲੋਂ ਦੌਰਾ



ਧੂਰੀ, 23 ਜਨਵਰੀ (ਰਾਜੇਸ਼ਵਰ ਪਿੰਟੂ): ਮੁੱਖ ਮੰਤਰੀ ਦੇ ਸਾਬਕਾ ਓ.ਐੱਸ.ਡੀ. ਅਤੇ ਹਾਲ ਹੀ ਵਿੱਚ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ ਸੀਨੀਅਰ ਆਗੂ ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਨੇ ਅੱਜ ਆਪਣੀ ਟੀਮ ਦੇ ਨਾਲ ਸਥਾਨਕ ਸਿਵਲ ਹਸਪਤਾਲ ਵਿਖੇ ਸਰਵ ਭਾਰਤੀਆ ਸੇਵਾ ਸੰਮਤੀ ਵੱਲੋਂ ਚਲਾਏ ਜਾ ਰਹੇ ਲੰਗਰ ਹਾਲ ਦਾ ਦੌਰਾ ਕੀਤਾ।

ਲੰਗਰ ਹਾਲ ਦੀ ਵਿਵਸਥਾ ਨੂੰ ਵੇਖਦਿਆਂ ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਸਰਵ ਭਾਰਤੀਆ ਸੇਵਾ ਸੰਮਤੀ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤਾ ਜਾ ਰਿਹਾ ਇਹ ਉਪਰਾਲਾ ਬੇਹੱਦ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਹਸਪਤਾਲਾਂ ਵਿੱਚ ਆਉਣ ਵਾਲੇ ਲੋੜਵੰਦ ਮਰੀਜ਼ਾਂ ਅਤੇ ਉਨ੍ਹਾਂ ਦੇ ਵਾਰਸਾਂ ਲਈ ਮੁਫ਼ਤ ਲੰਗਰ ਦੀ ਸੇਵਾ ਪ੍ਰਦਾਨ ਕਰਨਾ ਸਭ ਤੋਂ ਵੱਡੀ ਇਨਸਾਨੀਅਤ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਸੰਸਥਾਵਾਂ ਸਮਾਜ ਲਈ ਇੱਕ ਪ੍ਰੇਰਨਾ ਸਰੋਤ ਹਨ ਜੋ ਨਿਰਸਵਾਰਥ ਭਾਵਨਾ ਨਾਲ ਲੋਕਾਂ ਦੀ ਸੇਵਾ ਵਿੱਚ ਜੁਟੀਆਂ ਹੋਈਆਂ ਹਨ।

ਇਸ ਮੌਕੇ ਸਰਵ ਭਾਰਤੀਆ ਸੇਵਾ ਸੰਮਤੀ ਦੇ ਪ੍ਰਬੰਧਕਾਂ ਅਤੇ ਮੈਂਬਰਾਂ ਵੱਲੋਂ ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਦਾ ਉਚੇਚੇ ਤੌਰ 'ਤੇ ਸਨਮਾਨ ਵੀ ਕੀਤਾ ਗਿਆ। ਸੰਸਥਾ ਦੇ ਆਗੂਆਂ ਨੇ ਉਨ੍ਹਾਂ ਨੂੰ ਸੰਮਤੀ ਦੀਆਂ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਇਹ ਸੇਵਾਵਾਂ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਲਗਾਤਾਰ ਜਾਰੀ ਹਨ।

ਪ੍ਰੋਫੈਸਰ ਸਿੱਧੂ ਨੇ ਭਰੋਸਾ ਦਿਵਾਇਆ ਕਿ ਉਹ ਭਵਿੱਖ ਵਿੱਚ ਵੀ ਸਮਾਜ ਸੇਵੀ ਕਾਰਜਾਂ ਵਿੱਚ ਹਰ ਸੰਭਵ ਸਹਿਯੋਗ ਦਿੰਦੇ ਰਹਿਣਗੇ।

# ਅਯੁੱਧਿਆ 'ਚ ਸ੍ਰੀ ਰਾਮ ਮੰਦਿਰ ਬਣਨ ਦੀ ਖੁਸ਼ੀ ਵਿੱਚ ਧਾਰਮਿਕ ਪ੍ਰੋਗਰਾਮ ਕਰਵਾਇਆ

ਮੂਨਕ, 23 ਜਨਵਰੀ (ਸਮਸ਼ੇਰ ਸਿੰਘ ਭੁਟਾਲ): ਅਯੁੱਧਿਆ ਵਿਚ ਸ੍ਰੀ ਰਾਮ ਮੰਦਿਰ ਬਣਨ ਦੀ ਖੁਸ਼ੀ ਵਿੱਚ ਸਥਾਨਕ ਸ੍ਰੀ ਰਾਮ ਮੰਦਿਰ ਵਿੱਚ ਧਾਰਮਿਕ ਪ੍ਰੋਗਰਾਮ ਕਰਵਾਇਆ ਗਿਆ। ਰਾਮ ਭਗਤਾਂ ਨੇ ਮੰਦਿਰ ਵਿੱਚ ਮੱਥਾ ਟੇਕਿਆ ਅਤੇ ਸ੍ਰੀ ਰਾਮ ਭਗਵਾਨ ਦੇ ਦਰਸ਼ਨ ਕੀਤੇ ਅਤੇ ਰਾਮ ਨਾਮ ਦਾ ਗੁਣਗਾਨ ਕੀਤਾ। ਪੰਡਤ ਮਿੱਠੂ ਸ਼ਰਮਾ ਨੇ ਪੂਜਾ ਕਰਵਾਈ ਇਸ ਉਪਰੰਤ ਸੇਵਾਦਾਰਾਂ ਵਲੋਂ ਤਿਆਰ ਕੜਾਹ ਪਰਸ਼ਾਦ ਦਾ ਭੋਗ ਲਗਾਇਆ ਗਿਆ ਤੇ ਸੰਗਤ ਵਿੱਚ ਵਰਤਾਇਆ ਗਿਆ। ਇਸ ਦੌਰਾਨ ਭਾਜਪਾ ਦੇ ਸੀਨੀਅਰ ਆਗੂ ਗਿਆਨ ਚੰਦ ਸੈਣੀ, ਸ੍ਰੀ ਰਾਮ ਲੀਲਾ ਕਮੇਟੀ ਦੇ ਨਿਰਦੇਸ਼ਕ ਐਡਵੋਕੇਟ ਜਸਬੀਰ ਸੈਣੀ, ਐਡਵੋਕੇਟ ਵਿਕਾਸ ਕੁਮਾਰ ਮੁਕੇਸ਼ ਗਰਗ ਸਾਊਂਡ ਵਾਲੇ, ਮਦਨ ਲਾਲ ਮੱਦੀ ਸ਼ਾਹ, ਤੇ ਹੋਰ ਕਮੇਟੀ ਮੈਂਬਰਾਂ ਨੇ ਸਮੂਹ ਨਗਰ ਨਿਵਾਸੀਆਂ ਨੂੰ ਅੱਜ ਦੇ ਅਯੁੱਧਿਆ ਵਿੱਚ ਰਾਮ ਮੰਦਿਰ ਬਣਨ ਦੀ ਵਧਾਈ ਦਿੱਤੀ। ਦੇਸ਼ ਵਿੱਚ ਸੁਖ ਸ਼ਾਤੀ ਦੀ ਕਾਮਨਾ ਕੀਤੀ। ਸ਼ਾਮ ਦੇ ਸਮੇ ਰਾਮ ਭਗਤਾਂ ਨੇ ਮੰਦਿਰ ਅਤੇ ਘਰਾਂ ਵਿੱਚ ਦੀਵੇ ਤੇ ਮੋਮਬੱਤੀਆਂ ਜਗਾ ਕੇ ਖੁਸ਼ੀ ਮਨਾਈ।




# ਬਾਬਾ ਬੰਸਰੀ ਵਾਲਾ ਮੰਦਰ ਵਿਖੇ ਬਸੰਤ ਪੰਚਮੀ ਦਾ ਮੇਲਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



ਧੂਰੀ, 23 ਜਨਵਰੀ (ਰਾਜੇਸ਼ਵਰ ਪਿੰਟੂ): ਸਥਾਨਕ ਸ਼ਹਿਰ ਦੀ ਦੌਲਤਪੁਰ ਰੋਡ 'ਤੇ ਸਥਿਤ ਇਲਾਕੇ ਦੇ ਪ੍ਰਸਿੱਧ ਧਾਰਮਿਕ ਅਸਥਾਨ ਬਾਬਾ ਬੰਸਰੀ ਵਾਲਾ, ਬਾਬਾ ਗੋਦੜੀ ਵਾਲਾ ਸ਼ਿਵ ਮੰਦਿਰ ਵਿਖੇ ਅੱਜ ਬਸੰਤ ਪੰਚਮੀ ਦਾ ਤਿਉਹਾਰ ਬੜੀ ਧੂਮ-ਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਨਤਮਸਤਕ ਹੋ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਸ਼ੁਕਰਾਨਾ ਕੀਤਾ। ਇਸ ਪਵਿੱਤਰ ਅਸਥਾਨ ਬਾਰੇ ਇਲਾਕੇ ਦੇ ਲੋਕਾਂ ਵਿੱਚ ਅਟੁੱਟ ਸ਼ਰਧਾ ਤੇ ਮੰਨਤਾ ਹੈ। ਕਿਹਾ ਜਾਂਦਾ ਹੈ ਕਿ ਜੋ ਵੀ ਭਗਤ ਇੱਥੇ ਸੱਚੇ ਮਨ ਨਾਲ ਸੁੱਖਣਾ ਸੁੱਖਦਾ ਹੈ, ਬਾਬਾ ਜੀ ਉਸ ਦੀ ਹਰ ਮੁਰਾਦ ਪੂਰੀ ਕਰਦੇ ਹਨ। ਸੰਗਤਾਂ ਨੇ ਬਾਬਾ ਜੀ ਦੇ ਚਰਨਾਂ ਵਿੱਚ ਬੰਸਰੀਆਂ ਤੇ ਮਿਠਾਈਆਂ ਭੇਟ ਕੀਤੀਆਂ। ਪੀਲੇ ਰੰਗ ਦੇ ਪਹਿਰਾਵੇ ਅਤੇ ਪੀਲੇ ਪਕਵਾਨਾਂ ਨਾਲ ਪੂਰਾ ਮੰਦਰ ਕੰਪਲੈਕਸ ਬਸੰਤੀ ਰੰਗ ਵਿੱਚ ਰੰਗਿਆ ਨਜ਼ਰ ਆਇਆ।

ਮੇਲੇ ਦੇ ਦੌਰਾਨ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਇਸ ਮੌਕੇ ਸ਼ਹਿਰ ਦੀਆਂ ਵੱਖ-ਵੱਖ ਪ੍ਰਮੁੱਖ ਸ਼ਖਸੀਅਤਾਂ ਤੇ ਮੋਹਤਬਰਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਨੂੰ ਕਮੇਟੀ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਸੰਗਤਾਂ ਲਈ ਅਤੁੱਟ ਭੰਡਾਰਾ ਵਰਤਾਇਆ ਗਿਆ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਪ੍ਰਸ਼ਾਦ ਛਕਿਆ।

# ਸ਼ਮਸੇਰ ਸਿੰਘ ਗੁਲਾੜੀ ਦੀ ਬੇਵਕਤੀ ਮੌਤ ਕਾਰਨ ਮੁਆਲ ਪਰਿਵਾਰਕ 'ਚ ਸੋਗ ਦੀ ਲਹਿਰ

ਖਨੌਰੀ, 23 ਜਨਵਰੀ (ਓਮਪ੍ਰਕਾਸ਼ ਮੁਆਲ): ਨਜ਼ਦੀਕੀ ਪਿੰਡ ਗੁਲਾੜੀ 'ਚ ਰਹਿੰਦੇ ਮੁਆਲ ਪਰਿਵਾਰਕ ਮੈਂਬਰ ਸ਼ਮਸੇਰ ਸਿੰਘ (60 ਸਾਲ) ਦੀ ਮੌਤ ਕੈਂਸਰ ਦੀ ਬਿਮਾਰੀ ਕਾਰਨ ਹੋਣ ਬਾਰੇ ਦੁੱਖ ਦਾਇਕ ਜਾਣਕਾਰੀ ਪ੍ਰਾਪਤ ਹੋਈ ਹੈ। ਉਸ ਦੇ ਲੜਕੇ ਉਦੇ ਚੰਦ ਨੇ ਦੱਸਿਆ ਕਿ ਕਰੀਬ ਇੱਕ ਸਾਲ ਤੋਂ ਸੰਗਰੂਰ ਦੇ ਕੈਂਸਰ ਹਸਪਤਾਲ ਤੋਂ ਮੇਰੇ ਪਿਤਾ ਜੀ ਦਾ ਇਲਾਜ ਚੱਲ ਰਿਹਾ ਸੀ। ਬੀਤੀ ਰਾਤ ਦੇ ਕਰੀਬ ਦੋ ਵਜੇ ਇਸ ਬਿਮਾਰੀ ਦੇ ਚਲਦਿਆਂ ਉਨ੍ਹਾਂ ਦੀ ਮੌਤ ਹੋ ਗਈ।ਜਿਸ ਕਾਰਨ ਮੁਆਲ ਪਰਿਵਾਰਕ ਮੈਂਬਰਾਂ ਨੂੰ ਭਾਰੀ ਸਦਮਾ ਲੱਗਿਆ।ਜਿਸ ਦੀ ਜਾਣਕਾਰੀ ਮਿਲਣ ਤੇ ਪਿੰਡ ਗੁਲਾੜੀ ਤੇ ਨਾਲ ਲਗਦੇ ਪਿੰਡਾਂ ਦੇ ਲੋਕਾਂ ਵਿੱਚ ਸ਼ੋਕ ਦੀ ਲਹਿਰ ਦੌੜ ਗਈ। ਪਿੰਡ ਗੁਲਾੜੀ ਦੇ ਸ਼ਮਸ਼ਾਨ ਘਾਟ ਵਿੱਚ ਸ਼ਮਸੇਰ ਸਿੰਘ ਦਾ ਅੰਤਿਮ ਸਸਕਾਰ ਕੀਤਾ ਗਿਆ। ਜਿਥੇ ਪਰਿਵਾਰਕ ਮੈਂਬਰਾਂ ਨਾਲ ਰਿਸ਼ਤੇਦਾਰਾਂ ਤੇ ਦੋਸਤ ਮਿੱਤਰਾਂ ਨੇ ਨਮ ਅੱਖਾਂ ਨਾਲ ਉਸ ਨੂੰ ਵਿਦਾਈ ਦਿੱਤੀ। ਉਹ ਪਰਿਵਾਰਕ ਮੈਂਬਰਾਂ ਨਾਲ ਤਿੰਨ ਪੁੱਤਰਾਂ, ਇੱਕ ਲੜਕੀ ਤੇ ਪਤਨੀ ਨੂੰ ਰੋਂਦਿਆਂ ਕੁਰਲਾਉਂਦਿਆਂ ਪਿਛੇ ਛੱਡ ਗਿਆ ਹੈ।ਅਚਾਨਕ ਵਾਪਰੀ ਇਸ ਘਟਨਾ ਕਾਰਨ ਪਿੰਡ ਤੇ ਇਲਾਕੇ ਦੇ ਲੋਕਾਂ ਵਿੱਚ ਭਾਰੀ ਸ਼ੋਕ ਦੀ ਲਹਿਰ ਹੈ ਪਾਈ ਜਾ ਰਹੀ ਹੈ।



# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮਹੀਨਾ ਵਾਰ ਮੀਟਿੰਗ



ਬਾਜਾਖਾਨਾ 23 ਜਨਵਰੀ (ਅਵਤਾਰ ਸਿੰਘ ਮੱਲਾ): ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਬਾਜਾਖਾਨਾ ਦੀ ਮਹੀਨਾ ਵਾਰ ਮੀਟਿੰਗ ਫੌਜੀ ਦੇ ਢਾਬੇ ਉਪਰ ਪ੍ਰਧਾਨ ਡਾ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਅਹਿਮ ਮੁਦੇ ਵਿਚਾਰੇ ਗਏ। ਡਾ. ਜਰਨੈਲ ਸਿੰਘ ਡੋਡ ਸੂਬਾ ਆਗੂ ਨੇ ਸੂਬੇ ਅਤੇ ਜ਼ਿਲ੍ਹੇ ਦੀਆਂ ਗਤੀਵਿਧੀਆਂ ਬਾਰੇ ਸਾਥੀਆਂ ਨੂੰ ਜਾਣਕਾਰੀ ਦਿਤੀ ਅਤੇ ਸਾਥੀਆਂ ਨੂੰ ਵੱਧ ਤੋਂ ਵੱਧ ਮੀਟਿੰਗ ਵਿਚ ਹਾਜ਼ਰੀ ਲਗਵਾਉਣ ਦੀ ਬੇਨਤੀ ਕੀਤੀ। ਡਾ. ਜਸਵਿੰਦਰ ਸਿੰਘ ਨੇ ਸਾਥੀਆਂ ਨੂੰ ਸਾਫਸੁਥਰੀ ਪ੍ਰੈਕਟਿਸ ਕਰਨ ਅਤੇ ਪਿਛਲੇ ਫੰਡ ਬਕਾਏ ਕਲੀਅਰ ਕਰਨ ਦੀ ਅਪੀਲ ਕੀਤੀ। ਸ੍ਰੀ ਬਾਲਾ ਜੀ ਕੈਂਸਰ ਮਲਟੀਸਪੈਸਲਿਟੀ ਹਸਪਤਾਲ ਬਠਿੰਡਾ ਤੋਂ ਡਾ. ਦੀਪਸਿੱਖਾ ਮੱਕੜ bds ਦੰਦਾਂ ਦੇ ਮਾਹਿਰ ਪਹੁੰਚੇ। ਓਹਨਾ ਨੇ ਦੰਦਾਂ ਦੀਆਂ ਬਿਮਾਰੀਆਂ ਬਾਰੇ ਵਿਸਥਾਰ ਪੁਰਵਿਕ ਜਾਣਕਾਰੀ ਦਿਤੀ ਅਤੇ ਆਪਣੇ ਹਸਪਤਾਲ ਦੀਆਂ ਵਿਸ਼ੇਸਤਾਵਾ ਬਾਰੇ ਦੱਸਿਆ। ਮੀਟਿੰਗ ਦੇ ਆਖਿਰ ਵਿਚ ਆਏ ਹੋਏ ਮਹਿਮਾਨਾ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਡਾ. ਜਸਵਿੰਦਰ ਸਿੰਘ ਦੀ ਅਗਵਾਹੀ ਹੇਠ ਨਵੇਂ ਸਾਲ ਦਾ ਕੈਲੈਂਡਰ ਰਲੀਜ ਕੀਤਾ ਗਿਆ। ਇਸ ਮੌਕੇ ਡਾ ਅਮਰਜੀਤ ਸਿੰਘ ਜਿਲ੍ਹਾ ਮੀਤ ਪ੍ਰਧਾਨ ਡਾ ਸੁਖਪਾਲ ਸਿੰਘ ਬਲਾਕ ਸੀਨੀਅਰ ਮੀਤ ਪ੍ਰਧਾਨ ਡਾ ਸੁਖਦੇਵ ਸਿੰਘ ਚੇਅਰਮੈਨ ਡਾ ਵਰਿੰਦਰ ਸਿੰਘ ਜਿਲ੍ਹਾ ਪ੍ਰੈਸ ਸਕੱਤਰ ਡਾ ਮਹਿੰਦਰ ਸਿੰਘ ਬਲਾਕ ਖਜਾਨਚੀ ਡਾ ਸ਼ਾਮ ਸਿੰਘ ਸਰਪ੍ਰਸਤ ਡਾ ਗੁਲਸ਼ਨ ਕੁਮਾਰ ਡਾ ਜਸਪਾਲ ਸਿੰਘ ਡਾ ਬਲਵੀਰ ਸਿੰਘ ਗੋਰਾ ਡਾ ਕੁਲਦੀਪ ਸਿੰਘ ਡਾ ਭਗਵਾਨ ਸਿੰਘ ਡਾ ਨਿਰਮਲ ਕੁਮਾਰ ਡਾ ਭੋਲਾ ਸਿੰਘ ਡਾ ਗੁਰਦੀਪ ਸਿੰਘ ਡਾ ਹਿੰਦਪਾਲ ਸਿੰਘ ਡਾ ਭੁਪਿੰਦਰ ਸਿੰਘ ਡਾ ਗੁਰਪ੍ਰੀਤ ਸਿੰਘ ਡਾ ਪਵਿੱਤਰ ਸਿੰਘ ਡਾ ਅਮਨਦੀਪ ਕੌਰ ਜਿਲ੍ਹਾ ਕੁਆਰਡੀਨੈਂਟਰ ਡਾ ਜਗਸੀਰ ਸਿੰਘ ਡਾ ਜਗਸੀਰ ਸਿੰਘ ਲੰਭਵਾਲੀ ਡਾ ਸਤਵਿੰਦਰ ਸਿੰਘ ਬੱਬਲਾ ਆਦਿ ਸਾਥੀ ਹਾਜ਼ਰ ਸਨ।

# ਰਾਤ ਦੇ ਹਨੇਰੇ 'ਚ ਪਿਆਰ ਦਾ ਇਜ਼ਹਾਰ ਕਰਕੇ ਲੁੱਟਣ ਵਾਲੀਆਂ ਔਰਤਾਂ ਦਾ ਗਿਰੋਹ ਬੇਪਰਦ

ਬਠਿੰਡਾ, 23 ਜਨਵਰੀ (ਦੀਪਕ ਸ਼ਰਮਾ): ਸ਼ਹਿਰ ਦੀ ਚਕਾਚੌਂਧ ਤੇ ਰਾਤ ਦੇ ਸੁੰਨਸਾਨ ਰਾਹਾਂ 'ਤੇ ਜੇਕਰ ਕੋਈ ਅਣਜਾਣ ਹਸੀਨਾ ਤੁਹਾਨੂੰ ਰੋਕ ਕੇ ਪਿਆਰ ਦਾ ਇਜ਼ਹਾਰ ਕਰੇ, ਤਾਂ ਸਾਵਧਾਨ ਹੋ ਜਾਵੋ। ਬਠਿੰਡਾ ਦੀ ਕੋਤਵਾਲੀ ਪੁਲਿਸ ਨੇ ਇੱਕ ਅਜਿਹੇ ਖ਼ਤਰਨਾਕ ਗਿਰੋਹ ਦਾ ਪਰਦਾਫਾਸ਼ ਕੀਤਾ ਹੈ, ਜੋ ਔਰਤਾਂ ਨੂੰ "ਹਥਿਆਰ" ਵਜੋਂ ਵਰਤ ਕੇ ਲੋਕਾਂ ਨੂੰ ਆਪਣੇ ਜਾਲ ਵਿੱਚ ਫਸਾਉਂਦਾ ਸੀ ਅਤੇ ਫਿਰ ਹਥਿਆਰਾਂ ਦੀ ਨੋਕ 'ਤੇ ਉਨ੍ਹਾਂ ਨੂੰ ਕੰਗਾਲ ਕਰ ਦਿੰਦਾ ਸੀ। ਪੁਲਿਸ ਨੇ ਇਸ ਮਾਮਲੇ ਵਿੱਚ 5 ਔਰਤਾਂ ਸਮੇਤ ਕੁੱਲ 8 ਜਣਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

ਜ਼ਿਕਰਯੋਗ ਹੈ ਕਿ ਪੁਲਿਸ ਕੋਲ ਪਹੁੰਚੇ ਸ਼ਿਕਾਇਤਕਰਤਾਵਾਂ ਦੀ ਹੱਡਬੀਤੀ ਕਿਸੇ ਫ਼ਿਲਮੀ ਡਰਾਮੇ ਤੋਂ ਘੱਟ ਨਹੀਂ ਹੈ। ਥਾਣਾ ਕੋਤਵਾਲੀ ਵਿਖੇ ਦਰਜ ਕਰਵਾਈ ਸ਼ਿਕਾਇਤ ਵਿੱਚ ਸ਼ਹਿਰ ਦੇ ਇੱਕ ਵਸਨੀਕ ਨੇ ਦੱਸਿਆ ਕਿ ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਉਹ ਰਾਤ ਵੇਲੇ ਆਪਣੇ ਕੰਮ ਤੋਂ ਘਰ ਪਰਤ ਰਿਹਾ ਸੀ। ਰਸਤੇ ਵਿੱਚ ਇੱਕ ਇਕਾਂਤ ਜਗ੍ਹਾ 'ਤੇ ਉਸ ਨੂੰ ਕੁਝ ਔਰਤਾਂ ਮਿਲੀਆਂ। ਇਨ੍ਹਾਂ ਔਰਤਾਂ ਨੇ ਪਹਿਲਾਂ ਉਸ ਨਾਲ ਜਾਣ ਪਛਾਣ ਵਧਾਉਣ ਲਈ ਆਮ ਵਰਤੋਂ ਵਿੱਚ ਆਉਣ ਵਾਲੀ ਗੱਲਬਾਤ ਤੋਂ ਸ਼ੁਰੂ ਕੀਤੀ। ਥੋੜ੍ਹੀ ਜਿਹੀ ਜਾਣ ਪਛਾਣ ਵਧਾ ਕੇ, ਉਸ ਨਾਲ ਹੋਰ ਨੇੜਤਾ ਕਰ ਲਈ ਅਤੇ ਪਿਆਰ ਦਾ ਝਾਂਸਾ ਦੇ ਕੇ ਉਸ ਨੂੰ ਇੱਕ ਸੁੰਨਸਾਨ ਥਾਂ 'ਤੇ ਲੈ ਗਈਆਂ।

ਪੀੜਤ ਮੁਤਾਬਕ, ਜਿਵੇਂ ਹੀ ਉਹ ਔਰਤਾਂ ਦੇ ਮਗਰ ਗਿਆ, ਤਾਂ ਉੱਥੇ ਪਹਿਲਾਂ ਹੀ ਘਾਤ ਲਗਾ ਕੇ ਬੈਠੇ 3-4 ਨੌਜਵਾਨਾਂ ਨੇ ਉਸ ਨੂੰ ਘੇਰ ਲਿਆ। ਉਨ੍ਹਾਂ ਦੇ ਹੱਥਾਂ ਵਿੱਚ ਤੇਜ਼ਧਾਰ ਹਥਿਆਰ ਸਨ। ਕੁਝ ਹੀ ਪਲਾਂ ਵਿੱਚ ਮਿੱਠੀਆਂ ਗੱਲਾਂ ਕਰਨ ਵਾਲੀਆਂ ਉਕਤ ਔਰਤਾ ਨੇ ਆਪਣਾ ਰੰਗ ਢੰਗ ਬਦਲ ਲਿਆ।ਉਨ੍ਹਾਂ ਨੇ ਹਥਿਆਰ ਦੀ ਨੋਕ 'ਤੇ ਪੀੜਤ ਦਾ ਮੋਬਾਈਲ, ਨਗਦੀ ਅਤੇ ਕੀਮਤੀ ਸਾਮਾਨ ਖੋਹ ਲਿਆ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਫਰਾਰ ਹੋ ਗਏ।ਥਾਣਾ ਕੋਤਵਾਲੀ ਦੇ ਇੰਸਪੈਕਟਰ ਪਰਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਸ਼ਹਿਰ ਵਿੱਚ ਵਿਸ਼ਾਲ ਕੁਮਾਰ, ਰਣਜੀਤ ਸਿੰਘ, ਸ਼ਿਵਾ ਸਮੇਤ ਕਿਰਨਾ ਰਾਣੀ, ਨੀਤੂ, ਸੁਖਦੀਪ ਕੌਰ, ਮਨਪ੍ਰੀਤ ਕੌਰ ਤੇ ਕਮਲ ਨਾਮ ਦੀਆਂ ਔਰਤਾਂ ਨੇ ਮਿਲ ਕੇ ਇੱਕ ਗੈਂਗ ਬਣਾਇਆ ਹੋਇਆ ਹੈ। ਇਹ ਗਿਰੋਹ ਖਾਸ ਕਰਕੇ ਰਾਤ ਸਮੇਂ ਇਕੱਲੇ ਜਾ ਰਹੇ ਵਿਅਕਤੀ ਨੂੰ ਆਪਣਾ ਨਿਸ਼ਾਨਾ ਬਣਾਉਂਦਾ ਸੀ।

ਇੰਸਪੈਕਟਰ ਨੇ ਦੱਸਿਆ ਕਿ ਮੁਲਜ਼ਮਾਂ ਖ਼ਿਲਾਫ਼ ਧਾਰਾ 384, 379-B ਤੇ ਹੋਰ ਸਖ਼ਤ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ। ਪੁਲਿਸ ਦੀਆਂ ਵੱਖ-ਵੱਖ ਟੀਮਾਂ ਇਨ੍ਹਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕਰ ਰਹੀਆਂ ਹਨ। ਪੁਲਿਸ ਅਨੁਸਾਰ ਇਸ ਗੈਂਗ ਦੇ ਫੜੇ ਜਾਣ ਤੋਂ ਬਾਅਦ ਲੁੱਟ-ਖੋਹ ਦੀਆਂ ਕਈ ਹੋਰ ਵਾਰਦਾਤਾਂ ਦੇ ਸੁਲਝਣ ਦੀ ਉਮੀਦ ਹੈ। ਪੁਲਿਸ ਨੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਰਾਤ ਵੇਲੇ ਕਿਸੇ ਵੀ ਅਣਜਾਣ ਵਿਅਕਤੀ ਜਾਂ ਔਰਤ ਦੇ ਝਾਂਸੇ ਵਿੱਚ ਆਉਣ ਤੋਂ ਬਚਣ।

# ਗਣਤੰਤਰ ਦਿਵਸ ਸਬੰਧੀ ਪੁਲਿਸ ਵੱਲੋਂ ਫਲੈਗ ਮਾਰਚ

ਬਠਿੰਡਾ, 23 ਜਨਵਰੀ (ਦੀਪਕ ਸ਼ਰਮਾ): ਗਣਤੰਤਰ ਦਿਵਸ ਦੇ ਸ਼ੁਭ ਦਿਹਾੜੇ ਨੂੰ ਮੁੱਖ ਰੱਖਦਿਆਂ ਸ਼ਹਿਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਤੇ ਸੁਰੱਖਿਆ ਪ੍ਰਬੰਧਾਂ ਨੂੰ ਪੁਖ਼ਤਾ ਬਣਾਉਣ ਦੇ ਮਕਸਦ ਨਾਲ ਐੱਸ.ਐੱਸ.ਪੀ. ਬਠਿੰਡਾ ਡਾ. ਜਯੋਤੀ ਯਾਦਵ ਦੀ ਅਗਵਾਈ ਹੇਠ ਸ਼ਹਿਰ ਭਰ ਵਿੱਚ ਪ੍ਰਭਾਵਸ਼ਾਲੀ ਫਲੈਗ ਮਾਰਚ ਕੱਢਿਆ ਗਿਆ।ਇਸ ਮਾਰਚ ਵਿੱਚ ਪੁਲਿਸ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਸਮੇਤ ਵੱਖ-ਵੱਖ ਥਾਣਿਆਂ ਦੀ ਫੋਰਸ, ਪੀ.ਏ.ਪੀ. ਦੇ ਜਵਾਨ ਅਤੇ ਹੋਰ ਸੁਰੱਖਿਆ ਏਜੰਸੀਆਂ ਦੇ ਕਰਮਚਾਰੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਇਸ ਮਾਰਚ ਦਾ ਮੁੱਖ ਉਦੇਸ਼ ਆਮ ਜਨਤਾ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਇਹ ਸਪੱਸ਼ਟ ਸੁਨੇਹਾ ਦੇਣਾ ਸੀ ਕਿ ਕਾਨੂੰਨ ਵਿਵਸਥਾ ਨਾਲ ਖਿਲਵਾੜ ਕਰਨ ਵਾਲੇ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

ਇਹ ਫਲੈਗ ਮਾਰਚ ਸ਼ਹਿਰ ਦੇ ਮੁੱਖ ਬਾਜ਼ਾਰਾਂ, ਸੰਵੇਦਨਸ਼ੀਲ ਮੁਹੱਲਿਆਂ ਅਤੇ ਭੀੜ-ਭੜੱਕੇ ਵਾਲੇ ਇਲਾਕਿਆਂ ਵਿੱਚੋਂ ਗੁਜ਼ਰਿਆ।ਪੈਦਲ ਮਾਰਚ ਦੌਰਾਨ ਪੁਲਿਸ ਫੋਰਸ ਨੇ ਲੋਕਾਂ ਨੂੰ ਸ਼ਾਂਤੀ ਅਤੇ ਆਪਸੀ ਭਾਈਚਾਰਾ ਬਣਾਈ ਰੱਖਣ ਦੀ ਅਪੀਲ ਕੀਤੀ।ਇਸ ਮੌਕੇ ਐੱਸ.ਐੱਸ.ਪੀ. ਡਾ. ਜਯੋਤੀ ਯਾਦਵ ਨੇ ਖੁਦ ਦੁਕਾਨਦਾਰਾਂ, ਸਥਾਨਕ ਨਾਗਰਿਕਾਂ ਤੇ ਸਮਾਜਿਕ ਜਥੇਬੰਦੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਤੋਂ ਸਹਿਯੋਗ ਦੀ ਮੰਗ ਕੀਤੀ।

ਮੀਡੀਆ ਨਾਲ ਗੱਲਬਾਤ ਕਰਦਿਆਂ ਐੱਸ.ਐੱਸ.ਪੀ. ਡਾ. ਜਯੋਤੀ ਯਾਦਵ ਨੇ ਕਿਹਾ ਕਿ ਗਣਤੰਤਰ ਦਿਵਸ ਸਾਡਾ ਕੌਮੀ ਤਿਉਹਾਰ ਹੈ, ਜਿਸ ਨੂੰ ਸਾਨੂੰ ਸਭ ਨੂੰ ਮਿਲ-ਜੁਲ ਕੇ ਅਮਨ-ਅਮਾਨ ਨਾਲ ਮਨਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਸੁਰੱਖਿਆ ਦੇ ਸਖ਼ਤ ਇੰਤਜ਼ਾਮ ਕੀਤੇ ਗਏ ਹਨ। ਖਾਸ ਤੌਰ 'ਤੇ ਸੰਵੇਦਨਸ਼ੀਲ ਥਾਵਾਂ 'ਤੇ ਵਾਧੂ ਫੋਰਸ ਤਾਇਨਾਤ ਕੀਤੀ ਗਈ ਹੈ ਤੇ ਸੀ.ਸੀ.ਟੀ.ਵੀ. ਕੈਮਰਿਆਂ ਰਾਹੀਂ ਸ਼ਹਿਰ ਦੇ ਕੋਨੇ-ਕੋਨੇ 'ਤੇ ਨਜ਼ਰ ਰੱਖੀ ਜਾ ਰਹੀ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਗਤੀਵਿਧੀ 'ਤੇ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।ਐੱਸ.ਐੱਸ.ਪੀ. ਨੇ ਜਨਤਾ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਕੋਈ ਸ਼ੱਕੀ ਵਿਅਕਤੀ ਜਾਂ ਵਸਤੂ ਦਿਖਾਈ ਦੇਵੇ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ।

ਫਲੈਗ ਮਾਰਚ ਦੌਰਾਨ ਪੁਲਿਸ ਜਵਾਨ ਪੂਰੀ ਤਰ੍ਹਾਂ ਮੁਸਤੈਦ ਅਤੇ ਅਨੁਸ਼ਾਸਨ ਵਿੱਚ ਨਜ਼ਰ ਆਏ।ਸ਼ਹਿਰ ਵਾਸੀਆਂ ਨੇ ਪੁਲਿਸ ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕਦਮਾਂ ਨਾਲ ਆਮ ਲੋਕਾਂ ਵਿੱਚ ਸੁਰੱਖਿਆ ਦਾ ਅਹਿਸਾਸ ਵਧਦਾ ਹੈ।ਪੁਲਿਸ ਪ੍ਰਸ਼ਾਸਨ ਨੇ ਦੁਹਰਾਇਆ ਕਿ ਗਣਤੰਤਰ ਦਿਵਸ ਮੌਕੇ ਸ਼ਾਂਤੀ ਬਣਾਈ ਰੱਖਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ।

# ਬਸੰਤ ਪੰਚਮੀ ਨਾਲ ਜੁੜੀਆਂ ਸ਼ਖ਼ਸੀਅਤਾਂ ਦੀਆਂ ਯਾਦਾਂ ਅਤੇ ਬਸੰਤ ਰੁੱਤ ਦਾ ਮਹੱਤਵ

ਬਰਨਾਲਾ, 23 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਸਾਲ ਦੀਆਂ ਛੇ ਰੁੱਤਾਂ 'ਚੋਂ ਸਭ ਤੋਂ ਪਿਆਰੀ ਰੁੱਤ ਬਸੰਤ ਨੂੰ ਮੰਨਿਆ ਗਿਆ ਹੈ। ਇਸੇ ਕਾਰਨ ਹੀ ਇਸਨੂੰ ਰੁੱਤਾਂ ਦਾ ਰਾਜਾ ਬਸੰਤ ਕਿਹਾ ਗਿਆ ਹੈ। ਇਸ ਸੰਬੰਧੀ ਬੋਲਦਿਆਂ ਆਸਥਾ ਇਨਕਲੇਵ ਦੇ ਐਮ ਡੀ ਦੀਪਕ ਸੋਨੀ ਬਾਂਸਲ ਨੇ ਕਿਹਾ ਕਿ ਬਸੰਤ ਮੌਕੇ ਕੜਾਕੇ ਦੀ ਪੈ ਰਹੀ ਠੰਡ ਦਾ ਦਬਾਓ ਘੱਟ ਜਾਂਦਾ ਹੈ ਅਤੇ ਦਰੱਖਤਾਂ ਅਤੇ ਪੌਦਿਆਂ ਦੇ ਪੱਤੇ ਅਤੇ ਫੁੱਲ ਫਿਰ ਤੋਂ ਨਵੇਂ ਰੂਪ ਵਿੱਚ ਖਿੜ ਉੱਠਦੇ ਹਨ ਅਤੇ ਸਭਨਾਂ ਵਿੱਚ ਇਕ ਨਵੀਂ ਸ਼ਕਤੀ ਦਿਖਾਈ ਦੇਣ ਲੱਗਦੀ ਹੈ । ਬਸੰਤ ਰੁੱਤ ਦੀ ਆਮਦ ਸਰਦ ਰੁੱਤ ਦੇ ਖਤਮ ਹੋਣ ਦੀ ਸੂਚਕ ਵੀ ਮੰਨੀ ਜਾਂਦੀ ਹੈ, ਇਸੇ ਲਈ ਕਿਹਾ ਜਾਂਦਾ ਹੈ-ਆਈ ਬਸੰਤ, ਪਾਲਾ ਉਡੰਤ।ਸਮਾਜ ਸੇਵੀ ਅਤੇ ਵਾਤਾਵਰਣ ਪ੍ਰੇਮੀ ਘਨਸ਼ਿਆਮ ਦਾਸ ਬਾਂਸਲ ਨੇ ਕਿਹਾ ਕਿ ਬਸੰਤ ਰੁੱਤ ਦਾ ਅਸਲੀ ਮਹੀਨਾ ਭਾਵੇਂ ਚੇਤ ਤੇ ਵਿਸਾਖ ਮੰਨਿਆ ਗਿਆ ਹੈ, ਕਿਉਂਕਿ ਛੇ ਰੁੱਤਾਂ ਸਾਲ ਵਿਚ ਆਉਣ ਸਦਕਾ ਹਰੇਕ ਦੇ ਹਿੱਸੇ ਵੀ 2 ਮਹੀਨੇ ਹੀ ਆਉਂਦੇ ਹਨ ਅਤੇ ਚੇਤ ਮਹੀਨੇ ਵਿਚ ਹੀ ਇਸ ਰੁੱਤ ਦਾ ਅਸਲੀ ਆਗਮਨ ਹੁੰਦਾ ਹੈ ਪਰ ਇਸ ਰੁੱਤ ਦਾ ਪ੍ਰਭਾਵ ਫੱਗਣ ਮਹੀਨੇ ਵਿਚ ਹੀ ਦਿਖਾਈ ਦੇਣ ਲੱਗਦਾ ਹੈ। ਕੋਲੋਨਾਈਜਰ ਅਤੇ ਸਮਾਜ ਸੇਵੀ ਸ਼ਸ਼ੀਕਾਂਤ ਚੋਪੜਾ ਨੇ ਕਿਹਾ ਕਿ ਇਸ ਰੁੱਤ ਦੀ ਆਮਦ ਦੀ ਖੁਸ਼ੀ ਦਾ ਤਿਉਹਾਰ ਬਸੰਤ ਪੰਚਮੀ ਮਾਘ ਦੇ ਮਹੀਨੇ ਦੇ ਸ਼ੁਕਲ ਪੱਖ ਦੀ ਪੰਜਵੀਂ ਤਿਥੀ ਨੂੰ ਮਨਾਇਆ ਜਾਂਦਾ ਹੈ । ਇਸ ਲਈ ਇਸ ਨੂੰ ਬਸੰਤ ਪੰਚਮੀ ਕਿਹਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਬਸੰਤ ਪੰਚਮੀ ਵਾਲੇ ਦਿਨ ਬਾਬਾ ਰਾਮ ਸਿੰਘ ਨਾਮਧਾਰੀ ਦਾ ਜਨਮ ਦਿਹਾੜਾ ਵੀ ਮਨਾਇਆ ਜਾਂਦਾ ਹੈ, ਜਿਨ੍ਹਾਂ ਦਾ ਦੇਸ਼ ਦੀ ਆਜ਼ਾਦੀ ਚ ਬਹੁਤ ਵੱਡਾ ਯੋਗਦਾਨ ਹੈ ਅਤੇ ਉਹ ਸਵਦੇਸ਼ੀ ਲਹਿਰ ਦੇ ਜਨਮ ਦਾਤਾ ਮੰਨੇ ਜਾਂਦੇ ਹਨ। ਵਾਤਾਵਰਣ ਪ੍ਰੇਮੀ ਕਾਂਤੀ ਸਵਰੂਪ ਸ਼ਰਮਾ ਨੇ ਬੋਲਦਿਆਂ ਕਿਹਾ ਕਿ ਇਸ ਰੁੱਤ ਦੇ 2 ਮਹੀਨੇ ਦੇ ਹੋਣ ਤੋਂ ਪਹਿਲਾਂ ਹੀ 40 ਦਿਨ ਮਾਘ ਵਿਚ ਸ਼ੁਰੂ ਹੋਣ ਸੰਬੰਧੀ ਇਕ ਬੜੀ ਰੌਚਕ ਜਾਣਕਾਰੀ ਮਿਲਦੀ ਹੈ, ਜਿਸ ਅਨੁਸਾਰ ਕਿਹਾ ਜਾਂਦਾ ਹੈ ਕਿ ਇਕ ਸਮੇਂ ਬਸੰਤ ਤੋਂ ਇਲਾਵਾ ਬਾਕੀ ਦੀਆਂ ਪੰਜ ਰੁੱਤਾਂ ਨੇ ਇਕੱਠੇ ਹੋ ਕੇ ਬਸੰਤ ਨੂੰ ਆਪਣਾ ਰਾਜਾ ਮੰਨਿਆ ਅਤੇ ਆਪਣੇ ਦੋ-ਦੋ ਮਹੀਨਿਆਂ 'ਚੋਂ 8-8 ਦਿਨ ਬਸੰਤ ਨੂੰ ਦਿੱਤੇ, ਜਿਸ ਸਦਕਾ ਬਸੰਤ ਰੁੱਤ ਕੋਲ 40 ਦਿਨ ਵਧ ਜਾਣ ਕਾਰਨ ਬਸੰਤ ਰੁੱਤ ਸਭ ਤੋਂ ਵੱਡੀ ਹੋ ਗਈ। ਜਿੰਦਲ ਸਟੀਲ ਇੰਡਸਟਰੀਜ਼ ਬਰਨਾਲਾ ਦੇ ਐਮ ਡੀ ਰਾਕੇਸ਼ ਜਿੰਦਲ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਕਲਾ ਦੀ ਦੇਵੀ ਸਰਸਵਤੀ ਦਾ ਜਨਮ ਦਿਨ ਵੀ ਬਸੰਤ ਪੰਚਮੀ ਨੂੰ ਹੀ ਮਨਾਇਆ ਜਾਂਦਾ ਹੈ। ਬਸੰਤ ਪੰਚਮੀ ਦੇ ਦਿਨ ਨੂੰ ਸਰਸਵਤੀ ਦਿਵਸ ਦੇ ਰੂਪ ਵਿਚ ਵੀ ਮਨਾਇਆ ਜਾਂਦਾ ਹੈ। ਇਸ ਦਿਨ ਬਸੰਤ ਪੰਚਮੀ ਨੂੰ ਮੌਸਮੀ ਤਿਉਹਾਰ ਦੇ ਰੂਪ ਵਿਚ ਵਧੇਰੇ ਮਨਾਇਆ ਜਾਂਦਾ ਹੈ। ਬਸੰਤ ਪੰਚਮੀ ਵਾਲੇ ਦਿਨ ਪਤੰਗ ਉਡਾਉਣ ਦਾ ਵੀ ਰਿਵਾਜ ਹੈ । ਹਰ ਥਾਂ 'ਤੇ ਭਾਰੀ ਗਿਣਤੀ ਵਿਚ ਨੌਜਵਾਨ ਅਤੇ ਬੱਚੇ ਪਤੰਗ ਉਡਾਉਂਦੇ ਹਨ।ਸਮਾਜ ਸੇਵੀ ਪਟਵਾਰੀ ਤੇਜ ਕੁਮਾਰ ਤੇਜ਼ੀ ਨੇ ਕਿਹਾ ਕਿ ਵੀਰ ਹਕੀਕਤ ਰਾਏ ਦਾ ਬਲਿਦਾਨ ਦਿਵਸ ਵੀ ਬਸੰਤ ਪੰਚਮੀ ਵਾਲੇ ਦਿਨ ਹੀ ਮਨਾਇਆ ਜਾਂਦਾ ਹੈ, ਜਿਹੜੇ ਕਿ ਹਿੰਦੂ ਧਰਮ ਦੀ ਰੱਖਿਆ ਅਤੇ ਧਰਮ ਪਰਿਵਰਤਨ ਦੇ ਖ਼ਿਲਾਫ਼ ਸ਼ਹੀਦ ਹੋਏ ਸਨ।



# ਪਿੰਡ ਠੀਕਰੀਵਾਲ ਵਿਖੇ ਹੋਈ ਬੇਅਦਬੀ ਦਾ ਮਾਮਲਾ ਸੁਲਝਿਆ ਚਾਚਾ ਭਤੀਜੇ ਸਮੇਤ ਰਿਸ਼ਤੇਦਾਰ ਗ੍ਰਿਫ਼ਤਾਰ

ਬਰਨਾਲਾ, 23 ਜਨਵਰੀ (ਚਮਕੌਰ ਸਿੰਘ ਗੱਗੀ ) : ਇਤਿਹਾਸਿਕ ਪਿੰਡ ਠੀਕਰੀਵਾਲਾ 'ਚ ਅਮਰ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਦੀ ਸਲਾਨਾ ਬਰਸੀ 'ਤੇ ਹੋਏ ਧਾਰਮਿਕ ਸਮਾਗਮ ਦੇ ਤਿੰਨੇ ਦਿਨ ਹੋਈ ਬੇਅਦਬੀ ਤਹਿਤ ਪਿੰਡ ਵਾਸੀਆਂ ਤੇ ਪੰਥਕ ਧਿਰਾਂ 'ਚ ਕਾਫ਼ੀ ਰੋਸ ਸੀ, ਜਿਸ 'ਤੇ ਬਰਨਾਲਾ ਪੁਲਿਸ ਨੇ ਆਪਣੀ ਤਕਨੀਕ ਤੇ ਇੰਟੈਂਲੀਜੈਂਸੀ ਦੀਆਂ ਟੀਮਾਂ ਦੀ ਮੱਦਦ ਨਾਲ ਇਸ ਘਟਨਾ ਨੂੰ ਅੰਜਾਮ ਦੇਣ ਵਾਲੇ ਚਾਚਾ ਭਤੀਜੇ ਤੇ ਉਨ੍ਹਾਂ ਦੇ ਰਿਸ਼ਤੇਦਾਰ ਸਣੇ ਤਿੰਨ ਜਣਿਆਂ ਨੂੰ ਕਾਬੂ ਕਰਨ 'ਚ ਸਫ਼ਲਤਾ ਹਾਸਲ ਕੀਤੀ ਹੈ। ਪਿੰਡ 'ਚ ਲੱਗੇ ਸੀਸੀਟੀਵੀ ਕੈਮਰੇ 'ਤੇ ਪਿੰਡ ਦੇ ਸੂਝਵਾਨ ਲੋਕਾਂ ਦੀ ਸੁਚੱਜੀ ਅਗਵਾਈ ਨੇ ਬਰਨਾਲਾ ਪੁਲਿਸ ਦੇ ਜ਼ਿਲ੍ਹਾ ਪੁਲਿਸ ਮੁਖੀ ਮੁਹੰਮਦ ਸਰਫ਼ਰਾਜ ਆਲਮ ਵੱਲੋਂ ਵਿਸ਼ੇਸ਼ ਟੀਮ ਤਿਆਰ ਕਰਦਿਆਂ ਉੱਪ ਕਪਤਾਨ ਪੁਲਿਸ ਸਤਵੀਰ ਸਿੰਘ ਬੈਂਸ, ਸੀਆਈਏ ਇੰਚਾਰਜ ਇੰਸਪੈਕਟਰ ਬਲਜੀਤ ਸਿੰਘ, ਥਾਣਾ ਸਦਰ ਦੇ ਮੁਖੀ ਇੰਸਪੈਕਟਰ ਜਗਜੀਤ ਸਿੰਘ ਵਲੋਂ ਇਸ ਪੂਰੇ ਘਟਨਾਕ੍ਰਮ ਦੀ ਘੋਖ ਪੜਤਾਲ ਤੇ ਜਾਂਚ ਕਰਦਿਆਂ ਇਸ ਘਟਨਾ ਨੂੰ ਅੰਜਾਮ ਦੇਣ ਤੇ ਸਾਜਿਸ ਕਰਤਾ ਨੂੰ ਬੇਨਕਾਬ ਕਰਦਿਆਂ ਤਿੰਨ ਜਣਿਆਂ ਨੂੰ ਗ੍ਰਿਫਤਾਰ ਕਰਕੇ ਸ਼ੁੱਕਰਵਾਰ ਨੂੰ ਮਾਨਯੋਗ ਅਦਾਲਤ 'ਚ ਪੇਸ ਕੀਤਾ ਗਿਆ। ਸ਼ੁੱਕਰਵਾਰ ਬਾਅਦ ਦੁਪਹਿਰ ਪ੍ਰੈੱਸ ਕਾਨਫ਼ਰੰਸ ਰਾਹੀਂ ਜਾਣਕਾਰੀ ਸਾਂਝੀ ਕਰਦਿਆਂ ਡੀਐਸਪੀ ਸਤਵੀਰ ਸਿੰਘ ਬੈਂਸ ਨੇ ਦੱਸਿਆ ਕਿ ਉਨ੍ਹਾਂ ਨੂੰ 21 ਜਨਵਰੀ ਨੂੰ ਇਤਲਾਹ ਮਿਲੀ ਸੀ ਕਿ ਪਿੰਡ ਠੀਕਰੀਵਾਲਾ ਵਿਖੇ ਸਹੀਦ ਸੇਵਾ ਸਿੰਘ ਠੀਕਰੀਵਾਲ ਦੀ 18,19 ਤੇ 20 ਜਨਵਰੀ 2026 ਦੀ ਬਰਸੀ ਸੀ ਤੇ 19 ਜਨਵਰੀ ਨੂੰ ਜਗਵੀਰ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਠੀਕਰੀਵਾਲ ਜੋ ਗੂੰਗਾ ਬੋਲਾ ਹੈ ਤੇ ਇਸਦਾ ਰਿਸਤੇਦਾਰ ਰਣਦੀਪ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਸੁਲਤਾਨਪੁਰ ਜ਼ਿਲ੍ਹਾ ਸੰਗਰੂਰ ਵੀ ਇਸ ਕੋਲ ਆਇਆ ਹੋਇਆ ਸੀ। ਇਨ੍ਹਾਂ ਦੋਵਾਂ ਕੋਲ ਗੁਟਕਾ ਸਾਹਿਬ ਦੇ ਅੰਗ ਸਨ। ਜਿਨ੍ਹਾਂ ਨੇ 19 ਜਨਵਰੀ ਦੀ ਰਾਤ ਨੂੰ ਵਕਤ ਕਰੀਬ 10.30 ਵਜੇ ਜਗਵੀਰ ਸਿੰਘ ਤੇ ਰਣਦੀਪ ਸਿੰਘ ਉਕਤਾਨ ਨੇ ਗੁਟਕਾ ਸਾਹਿਬ ਦੇ ਅੰਗ ਪਿੰਡ ਠੀਕਰੀਵਾਲ ਦੀਆਂ ਗਲੀਆਂ 'ਚ ਖਿਲਾਰ ਦਿੱਤੇ ਸਨ। ਇਨ੍ਹਾਂ ਨੇ ਪਿੰਡ ਦੇ ਵੱਖ ਵੱਖ ਬੰਦਿਆਂ ਨੂੰ ਵੀ ਗੁਟਕਾ ਸਾਹਿਬ ਦੇ ਅੰਗ ਫੜਾਏ ਸਨ ਤਾਂ ਕਿ ਉਸ ਦਿਨ ਬਰਸੀ ਪਰ ਆਏ ਲੋਕਾਂ ਦਾ ਗੁੱਸਾ ਭੜਕ ਜਾਵੇ ਤੇ ਪਿੰਡ ਦਾ ਮਹੌਲ ਖਰਾਬ ਹੋ ਜਾਵੇ, ਜਿਸ ਨਾਲ ਸਿੱਖ ਧਰਮ ਨੂੰ ਮੰਨਣ ਵਾਲੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ, ਜਿਸ 'ਤੇ ਇੰਸਪੈਕਟਰ ਜਗਜੀਤ ਸਿੰਘ ਮੁੱਖ ਅਫਸਰ ਥਾਣਾ ਬਰਨਾਲਾ ਨੇ ਮੌਕੇ ਦੀ ਨਜ਼ਾਕਤ ਨੂੰ ਦੇਖਦੇ ਹੋਏ ਤੁਰੰਤ ਥਾਣਾ ਬਰਨਾਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਦੌਰਾਨੇ ਤਫਤੀਸ਼ ਤੇ ਸੀ.ਸੀ.ਟੀ.ਵੀ ਕੈਮਰਿਆ ਨੂੰ ਚੈੱਕ ਕਰਨ ਤੇ ਇਹ ਗੱਲ ਸਾਹਮਣੇ ਆਈ ਜਗਵੀਰ ਸਿੰਘ ਤੇ ਰਣਦੀਪ ਸਿੰਘ ਨੇ ਪਿੰਡ ਠੀਕਰੀਵਾਲ ਦੀਆਂ ਗਲੀਆਂ 'ਚ ਗੁਟਕਾ ਸਾਹਿਬ ਦੇ ਅੰਗ ਖਿਲਾਰੇ ਹਨ। ਦੋਸ਼ੀਆਨ ਰਣਦੀਪ ਸਿੰਘ ਤੇ ਜਗਵੀਰ ਸਿੰਘ ਉਕਤਾਨ ਨੂੰ ਗ੍ਰਿਫਤਾਰ ਕੀਤਾ ਗਿਆ ਹੈ। 23 ਜਨਵਰੀ ਨੂੰ ਪੁੱਛ ਗਿੱਛ ਦੋਸੀਆਨ ਤੋਂ ਮੁਕੱਦਮਾਂ 'ਚ ਕੁਲਦੀਪ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਠੀਕਰੀਵਾਲ ਦੋਸ਼ੀ ਨਾਮਜਦ ਕਰਕੇ ਗ੍ਰਿਫਤਾਰ ਕੀਤਾ ਗਿਆ ਹੈ। ਦੌਰਾਨੇ ਤਫਤੀਸ ਇਹ ਗੱਲ ਵੀ ਸਾਹਮਣੇ ਆਈ ਹੈ ਕਿ ਕੁਲਦੀਪ ਸਿੰਘ ਉਕਤ ਦੀ ਪਿੰਡ ਦੀ ਗੁਰਦੁਆਰਾ ਕਮੇਟੀ ਨਾਲ ਪਹਿਲਾ ਤੋਂ ਤਕਰਾਰ ਬਾਜੀ ਚਲਦੀ ਸੀ ਜਿਸ 'ਤੇ ਕੁਲਦੀਪ ਸਿੰਘ ਨੇ ਆਪਣੇ ਰਿਸਤੇਦਾਰ ਰਣਦੀਪ ਸਿੰਘ ਵਾਸੀ ਸੁਲਤਾਨਪੁਰ ਨੂੰ ਬਰਸੀ ਵਾਲੇ ਦਿਨ ਆਪਣੇ ਕੋਲ ਬੁਲਾਇਆ ਸੀ ਫਿਰ ਕੁਲਦੀਪ ਸਿੰਘ ਨੇ ਜਗਵੀਰ ਸਿੰਘ ਜੋ ਗੂੰਗਾ ਬੋਲਾ ਹੈ, ਜੋ ਕੁਲਦੀਪ ਸਿੰਘ ਦੀ ਭਾਸ਼ਾ ਸਮਝਦਾ ਹੈ। ਰਣਦੀਪ ਸਿੰਘ ਦੀ ਹਾਜ਼ਰੀ 'ਚ ਜਗਵੀਰ ਸਿੰਘ ਨੂੰ ਪੂਰੀ ਟ੍ਰੇਨਿੰਗ ਦੇ ਕੇ ਇਨ੍ਹਾਂ ਦੋਵਾਂ ਨੂੰ ਗੁਟਕਾ ਸਾਹਿਬ ਦੇ ਅੰਗ ਦੇ ਕੇ ਪਿੰਡ ਠੀਕਰੀਵਾਲ ਦੀਆਂ ਗਲੀਆਂ 'ਚ ਖਿਲਾਰਨ ਲਈ ਭੇਜਿਆ ਸੀ ਤਾਂ ਜੋ ਗੁਰਦੁਆਰਾ ਕਮੇਟੀ ਦੀ ਬਦਨਾਮੀ ਹੋਏ ਤੇ ਪਿੰਡ ਦਾ ਮਹੌਲ ਖਰਾਬ ਹੋ ਜਾਵੇ। ਤਿੰਨਾਂ ਵਿਅਕਤੀਆਂ ਨੂੰ ਮਾਨਯੋਗ ਅਦਾਲਤ 'ਚ ਪੇਸ਼ ਕਰਕੇ ਰਿਮਾਂਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁੱਛ ਗਿੱਛ ਕੀਤੀ ਜਾਵੇਗੀ।



# 2019 ਬੈਚ ਦੇ ਆਈ.ਏ.ਐਸ. ਅਧਿਕਾਰੀ ਹਰਪ੍ਰੀਤ ਸਿੰਘ ਨੇ ਬਰਨਾਲਾ ਦੇ ਡੀ.ਸੀ ਵਜੋਂ ਅਹੁਦਾ ਸੰਭਾਲਿਆ

ਬਰਨਾਲਾ, 23 ਜਨਵਰੀ (ਬਘੇਲ ਸਿੰਘ ਧਾਲੀਵਾਲ): 2019 ਬੈਚ ਦੇ ਆਈ.ਏ.ਐਸ. ਅਧਿਕਾਰੀ ਸ੍ਰੀ ਹਰਪ੍ਰੀਤ ਸਿੰਘ ਨੇ ਅੱਜ ਬਰਨਾਲਾ ਦੇ ਨਵੇਂ ਡਿਪਟੀ ਕਮਿਸ਼ਨਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਉਨ੍ਹਾਂ ਨੇ ਸ੍ਰੀ ਟੀ ਬੈਨਿਥ ਦੀ ਥਾਂ ਇਹ ਅਹੁਦਾ ਸੰਭਾਲਿਆ ਹੈ, ਜਿਨ੍ਹਾਂ ਦੀ ਬਦਲੀ ਵਧੀਕ ਸਕੱਤਰ ਮਾਲ ਅਤੇ ਪੁਨਰਵਾਸ ਵਜੋਂ ਹੋਈ ਹੈ। ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੁੱਜਣ 'ਤੇ ਬਰਨਾਲਾ ਪੁਲਿਸ ਦੀ ਟੁਕੜੀ ਨੇ 'ਗਾਰਡ ਆਫ਼ ਆਨਰ' ਪੇਸ਼ ਕਰਕੇ ਸਲਾਮੀ ਦਿੱਤੀ।ਸ੍ਰੀ ਹਰਪ੍ਰੀਤ ਸਿੰਘ ਨੇ ਆਪਣਾ ਅਹੁਦਾ ਸੰਭਾਲਣ ਮੌਕੇ ਦੱਸਿਆ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਲੋਕ ਪੱਖੀ ਕੰਮਾਂ ਨੂੰ ਸੁਚੱਜੇ ਅਤੇ ਸਮੇਂ ਸਿਰ ਨੇਪਰੇ ਚਾੜ੍ਹਨ ਨੂੰ ਤਰਜੀਹ ਦਿੱਤੀ ਜਾਵੇਗੀ। ਜਿਕਰਯੋਗ ਹੈ ਕਿ 2019 ਬੈਚ ਦੇ ਆਈ.ਏ.ਐਸ. ਅਧਿਕਾਰੀ ਸ੍ਰੀ ਹਰਪ੍ਰੀਤ ਸਿੰਘ ਨੇ ਥਾਪਰ ਯੂਨੀਵਰਸਿਟੀ ਤੋਂ ਬੀ ਈ ਕੀਤੀ ਅਤੇ ਫੇਰ ਐਮ ਏ ਅਤੇ ਐਲ ਐਲ ਐਮ ਪੜ੍ਹੇ ਨੇ । ਅੱਜ ਅਹੁਦਾ ਸੰਭਾਲਣ ਸਮੇਂ ਉਨ੍ਹਾਂ ਦੇ ਨਾਲ ਉਨ੍ਹਾਂ ਦੇ ਸੁਪਤਨੀ ਡਾ. ਹਰਨੂਰ ਕੌਰ ਢਿੱਲੋਂ ਪੀ ਸੀ ਐੱਸ, ਸਪੁੱਤਰ ਅਤੇ ਹੋਰ ਪਰਿਵਾਰਿਕ ਮੈਂਬਰ ਵੀ ਮੌਜੂਦ ਸਨ। ਇਸ ਮੌਕੇ ਏ.ਡੀ.ਸੀ ਅਮਿਤ ਬੈਂਬੀ, ਉੱਪ ਮੰਡਲ ਮਜਿਸਟ੍ਰੇਟ ਤਪਾ ਆਯੁਸ਼ ਗੋਇਲ, ਉੱਪ ਮੰਡਲ ਮਜਿਸਟ੍ਰੇਟ ਬਰਨਾਲਾ ਡਾ ਅਜੀਤ ਪਾਲ ਸਿੰਘ, ਉੱਪ ਮੰਡਲ ਮਜਿਸਟ੍ਰੇਟ ਮਹਿਲ ਕਲਾਂ ਬੇਅੰਤ ਸਿੰਘ, ਐੱਸ ਪੀ ਨੇ ਨਵੇਂ ਡਿਪਟੀ ਕਮਿਸ਼ਨਰ ਦਾ ਫੁੱਲਾਂ ਦੇ ਗੁਲਦਸਤਿਆਂ ਨਾਲ ਨਿੱਘਾ ਸਵਾਗਤ ਕੀਤਾ।



# ਅਦਾਰਾ ਤਾਸਮਨ ਨੇ ਸਨਮਾਨ ਸਮਾਰੋਹ ਕਰਵਾਇਆ



ਬਰਨਾਲਾ, 23 ਜਨਵਰੀ ( ਸੁਖਵਿੰਦਰ ਸਿੰਘ ਭੰਡਾਰੀ): ਬੀਤੇ ਦਿਨੀਂ ਤਿਮਾਹੀ ਮੈਗਜ਼ੀਨ 'ਅਦਾਰਾ ਤਾਸਮਨ' ਵੱਲੋਂ ਐਸ ਐਸ ਡੀ ਕਾਲਜ ਬਰਨਾਲਾ ਵਿਖੇ ਤਾਸਮਨ ਸਮਾਰੋਹ ਕਰਵਾਇਆ ਗਿਆ । ਸਮਾਗਮ ਦੀ ਪ੍ਰਧਾਨਗੀ ਪ੍ਰਸਿੱਧ ਆਲੋਚਕ ਡਾ. ਜੋਗਿੰਦਰ ਸਿੰਘ ਨਿਰਾਲਾ, ਬੂਟਾ ਸਿੰਘ ਚੌਹਾਨ, ਤੇਜਾ ਸਿੰਘ ਤਿਲਕ, ਪ੍ਰਿੰ. ਰਾਕੇਸ਼ ਜਿੰਦਲ, ਮੋਹਨ ਲਾਲ ਸ਼ਰਮਾ, ਹਰਮਨਦੀਪ ਗਿੱਲ ਦੁਆਰਾ ਕੀਤੀ ਗਈ। ਸਵਾਗਤੀ ਸ਼ਬਦ ਤਾਸਮਨ ਦੇ ਸੰਪਾਦਕ ਸਤਪਾਲ ਭੀਖੀ ਨੇ ਕਹੇ। ਇਸ ਮੌਕੇ ਤਾਸਮਨ ਯਾਦਗਾਰੀ ਸਨਮਾਨ ਦਿੱਤੇ ਗਏ ਜਿਸ ਵਿੱਚ ਮਾਤਾ ਕੌਸ਼ਲਿਆ ਦੇਵੀ ਯਾਦਗਾਰੀ 'ਸਿਰਜਣਾ ਤੇ ਅਨੁਵਾਦ' ਪੁਰਸਕਾਰ ਪ੍ਰਸਿੱਧ ਲੇਖਕ ਜੰਗ ਬਹਾਦਰ ਗੋਇਲ ਜੀ ਨੂੰ ਦਿੱਤਾ ਗਿਆ । ਹੁਕਮ ਚੰਦ ਜਿੰਦਲ 'ਸ਼ਬਦ ਪ੍ਰਵਾਹ' ਪੁਰਸਕਾਰ ਸਥਾਪਿਤ ਸ਼ਾਇਰ ਲਿਪੀ ਦ ਮਹਾਂਦੇਵ ਨੂੰ ਦਿੱਤਾ ਗਿਆ ਅਤੇ ਪ੍ਰਦੀਪ ਚੜਿੱਕ ਯਾਦਗਾਰੀ ਯੁਵਾ ਪੁਰਸਕਾਰ ਕਹਾਣੀਕਾਰ ਵਿਪਨ ਕੁਮਾਰ ਨੂੰ ਦਿੱਤਾ ਗਿਆ। ਸਨਮਾਨ ਵਿੱਚ ਸਨਮਾਨ ਚਿੰਨ੍ਹ ,ਲੋਈ ਅਤੇ ਕ੍ਰਮਵਾਰ 11000 ਰੁਪਏ, 5100 ਰੁਪਏ,5100 ਰੁਪਏ ਸ਼ਾਮਿਲ ਸਨ। ਜੰਗ ਬਹਾਦਰ ਗੋਇਲ ਹੋਰਾਂ ਦੀ ਸਿਰਜਣਾ ਬਾਰੇ ਬੋਲਦਿਆਂ ਡਾ ਹਰੀਸ਼ ਨੇ ਕਿਹਾ ਕਿ ਸ੍ਰੀ ਗੋਇਲ ਨੇ ਪੰਜਾਬੀ ਸਾਹਿਤ ਨੂੰ ਵਿਲੱਖਣ ਰਚਨਾਵਾਂ ਦੇ ਕੇ ਪੰਜਾਬੀ ਪਾਠਕਾਂ ਵਿੱਚ ਵਾਧਾ ਕੀਤਾ ਹੈ। ਤੇਜਾ ਸਿੰਘ ਤਿਲਕ ਹੋਰਾਂ ਨੇ ਵਿਪਨ ਕੁਮਾਰ ਦੀ ਕਹਾਣੀ ਬਾਰੇ ਬੋਲਦਿਆਂ ਕਿਹਾ ਕਿ ਯੁਵਾ ਕਹਾਣੀਕਾਰ ਆਧੁਨਿਕ ਸਮੱਸਿਆਵਾਂ ਨੂੰ ਸਮਝਦੇ ਹਨ, ਉਸ ਦੀਆਂ ਬਾਰੀਕੀਆਂ ਨੂੰ ਫੜਦੇ ਹਨ ਤੇ ਦਬੀਆਂ ਭਾਵਨਾਵਾਂ ਨੂੰ ਬੇਹਤਰੀਨ ਢੰਗ ਨਾਲ ਪੇਸ਼ ਕਰਦੇ ਹਨ। ਤਾਸਮਨ ਦੇ ਮੁੱਖ ਸੰਪਾਦਕ ਹਰਮਨਦੀਪ ਗਿੱਲ ਹੋਰਾਂ ਨੇ ਤਾਸਮਨ ਦੇ ਸਰੋਕਾਰਾਂ ਅਤੇ ਇਸ ਦੇ ਭਵਿੱਖੀ ਕਾਰਜਾਂ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਮੋਹਨ ਲਾਲ ਸ਼ਰਮਾ ਨੇਆਪਣੀ ਟਿੱਪਣੀ ਅਤੇ ਕਵਿਤਾ ਸਾਂਝੀਕੀਤੀ। ਕਹਾਣੀਕਾਰ ਪਵਨ ਪਰਿੰਦਾ, ਡਾ ਹਰਭਗਵਾਨ ਸ਼ਰਮਾ, ਡਾ ਭੁਪਿੰਦਰ ਬੇਦੀ, ਡਾ ਤਰਸਪਾਲ ਕੌਰ ਤੇ ਤੇਜਿੰਦਰ ਚੰਡਿਹੋਕ ਨੇ ਆਪਣੇ ਵਿਚਾਰ ਪੇਸ਼ ਕੀਤੇ । ਪ੍ਰਧਾਨਗੀ ਮੰਡਲ 'ਚੋਂ ਆਪਣੀ ਗੱਲ ਰੱਖਦਿਆਂ ਡਾ ਜੋਗਿੰਦਰ ਨਿਰਾਲਾ ਨੇ ਪੰਜਾਬੀ ਪਰਚਿਆਂ , ਪੰਜਾਬੀ ਸਾਹਿਤਕ ਖੇਤਰ ਚ ਦਿੱਤੇ ਜਾਂਦੇ ਇਨਾਮਾਂ ਅਤੇ ਸਾਹਿਤ ਤੇ ਪਾਠਕ ਦੇ ਆਪਸੇ ਰਿਸ਼ਤਿਆਂ ਬਾਰੇ ਟਿੱਪਣੀਆਂ ਕੀਤੀਆਂ। ਬੂਟਾ ਸਿੰਘ ਚੌਹਾਨ ਨੇ ਕਿਹਾ ਕਿ ਪਾਠਕ ਨੂੰ ਸ਼ਬਦਾਂ ਤੱਕ ਲੈ ਕੇ ਜਾਣਾ ਅਤੇ ਸਾਹਿਤਕਾਰਾਂ ਦੇ ਸ਼ਬਦਾਂ ਨੂੰ ਮਾਣ ਦੇਣਾ ਬਹੁਤ ਵੱਡੀ ਗੱਲ ਹੈ। ਸਾਹਿਤਕਾਰ ਸ਼ਬਦ ਸਾਧਕ ਹੁੰਦੇ ਹਨ ਉਹਨਾਂ ਨੇ ਸਮਾਜ ਦੀਆਂ ਕਮੀਆਂ ਖੂਬੀਆਂ ਨੂੰ ਲੋਕਾਂ ਸਾਹਮਣੇ ਪੇਸ਼ ਕਰਨਾ ਹੁੰਦਾ ਹੈ। ਪ੍ਰਿੰ ਰਕੇਸ਼ ਜਿੰਦਲ ਹੋਰਾਂ ਪਹੁੰਚੇ ਹੋਏ ਸਭ ਲੇਖਕਾ ਵਿਦਵਾਨਾਂ ਦਾ ਧੰਨਵਾਦ ਕੀਤਾ। ਸਮਾਗਮ ਦਾ ਮੰਚ ਸੰਚਾਲਨ ਪ੍ਰੋਗਰਾਮ ਕਨਵੀਨਰ ਸ਼ਾਇਰ ਤਰਸੇਮ ਹੋਰਾਂ ਨੇ ਬਾਖੂਬੀ ਕੀਤਾ ।

# ਪ੍ਰਕ੍ਰਿਤੀ ਨੇ ਸਾਨੂੰ ਜੋ ਕੁਝ ਵੀ ਦਿੱਤੈ, ਉਸ ਦੀ ਰੱਖਿਆ ਕਰਨਾ ਸਾਡਾ ਨੈਤਿਕ ਫ਼ਰਜ਼ : ਸ਼ਿਵ ਸਿੰਗਲਾ

ਬਰਨਾਲਾ, 23 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ ) : ਟੰਡਨ ਇੰਟਰਨੈਸ਼ਨਲ ਸਕੂਲ, ਬਰਨਾਲਾ ਵਿਖੇ ਪ੍ਰਕ੍ਰਿਤੀ ਅਤੇ ਵਾਤਾਵਰਣ ਸੁਰੱਖਿਆ ਨੂੰ ਸਮਰਪਿਤ ਡਾਕੂਮੈਂਟਰੀ ਦ ਬਰਡਸਾਂਗ ਨੂੰ ਰਿਲੀਜ਼ ਕੀਤਾ ਗਿਆ। ਡਾਕੂਮੈਂਟਰੀ ਦਾ ਕੇਂਦਰੀ ਵਿਸ਼ਾ ਸੰਦੀਪ ਧੌਲਾ ਵੱਲੋਂ ਪਿਛਲੇ 20 ਸਾਲਾਂ ਤੋਂ ਵਾਤਾਵਰਣ ਬਚਾਉਣ ਲਈ ਕੀਤੀ ਜਾ ਰਹੀ ਅਥਾਹ ਮਿਹਨਤ ਹੈ। ਇਹ ਪੂਰੀ ਫ਼ਿਲਮ ਸੰਦੀਪ ਧੌਲਾ ਦੇ ਕੰਮ 'ਤੇ ਆਧਾਰਿਤ ਹੈ। ਸਕੂਲ ਦੀ ਪ੍ਰਿਸੀਪਲ ਸ਼ਾਲਿਨੀ ਕੌਸ਼ਲ ਅਤੇ ਸਕੂਲ ਦੇ ਸਟਾਫ ਅਤੇ ਵਿਦਿਆਰਥੀਆਂ ਨੇ ਸੰਦੀਪ ਧੌਲਾ ਉਹਨਾਂ ਦੀ ਕ੍ਰੀਏਟਿਵ ਟੀਮ ਅਤੇ ਫ਼ਿਲਮਕਾਰ ਸੁਚੇਤਾ ਫੂਲੇ ਅਤੇ ਪ੍ਰਸਿੱਧ ਗੀਤਕਾਰ ਅਤੇ ਏਗਜ਼ਿਕਿਊਟਿਵ ਪ੍ਰੋਡਿਊਸਰ ਸ਼ੈਲੀ ਜੀ ਦਾ ਵਿਸ਼ੇਸ ਤੌਰ ਤੇ ਸਵਾਗਤ ਕੀਤਾ। ਸੰਦੀਪ ਧੌਲਾ ਵੱਲੋਂ ਹੁਣ ਤੱਕ ਲਗਭਗ 1.5 ਲੱਖ ਆਲ੍ਹਣੇ (ਨੇਸਟ) ਪੰਛੀਆਂ ਲਈ ਲਗਾਏ ਜਾ ਚੁੱਕੇ ਹਨ ਅਤੇ ਹਜ਼ਾਰਾਂ ਦਰੱਖ਼ਤ ਲਗਾ ਕੇ ਵਾਤਾਵਰਣ ਸੰਰੱਖਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਗਿਆ ਹੈ। ਹਾਲ ਹੀ ਵਿੱਚ ਇਸ ਕ੍ਰੀਏਟਿਵ ਟੀਮ ਵੱਲੋਂ ਮਾਲਵਾ ਖੇਤਰ, ਖ਼ਾਸ ਕਰਕੇ ਬਰਨਾਲਾ ਅਤੇ ਮੋਗਾ ਜ਼ਿਲ੍ਹਿਆਂ, ਵਿੱਚ ਪ੍ਰਕ੍ਰਿਤੀ ਅਤੇ ਪੰਛੀਆਂ ਦੇ ਸੰਰੱਖਣ ਲਈ ਕੀਤੇ ਜਾ ਰਹੇ ਉਪਰਾਲਿਆਂ 'ਤੇ ਆਧਾਰਿਤ ਇਹ ਡਾਕੂਮੈਂਟਰੀ ਤਿਆਰ ਕੀਤੀ ਗਈ ਹੈ, ਜੋ ਵਾਤਾਵਰਣ ਪ੍ਰਤੀ ਸੰਵੇਦਨਸ਼ੀਲਤਾ ਅਤੇ ਜਾਗਰੂਕਤਾ ਦਾ ਮਜ਼ਬੂਤ ਸੰਦੇਸ਼ ਦਿੰਦੀ ਹੈ। ਡਾਕੂਮੈਂਟਰੀ ਦੀ ਰਿਲੀਜ਼ ਲਈ ਟੰਡਨ ਇੰਟਰਨੈਸ਼ਨਲ ਸਕੂਲ, ਬਰਨਾਲਾ ਨੂੰ ਖ਼ਾਸ ਤੌਰ 'ਤੇ ਇਸ ਕਰਕੇ ਚੁਣਿਆ ਗਿਆ ਹੈ, ਕਿਉਂਕਿ ਇਹ ਸੰਸਥਾ ਗੁਣਵੱਤਾਪੂਰਨ ਸਿੱਖਿਆ ਦੇ ਨਾਲ-ਨਾਲ ਵਾਤਾਵਰਣ ਸੰਰੱਖਣ ਅਤੇ ਜਾਗਰੂਕਤਾ ਦੇ ਖੇਤਰ ਵਿੱਚ ਵੀ ਲਗਾਤਾਰ ਪ੍ਰਸ਼ੰਸਨੀਆ ਕੰਮ ਕਰ ਰਹੀ ਹੈ। ਸਕੂਲ ਦੇ ਐਮ ਡੀ ਸ਼ਿਵ ਸਿੰਗਲਾ ਜੀ ਨੇ ਪੰਛੀਆਂ ਦੀ ਸੁਰੱਖਿਆ ਨੂੰ ਦਰਸਾਉਂਦੀ ਡਾਕੂਮੈਂਟਰੀ ਦੀ ਖੁੱਲ੍ਹ ਕੇ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਕੁਦਰਤ ਦਾ ਹਰ ਇੱਕ ਜੀਵ ਸਾਡੇ ਲਈ ਅਮੋਲਕ ਧਰੋਹਰ ਹੈ। ਐਮ ਡੀ ਸ਼ਿਵ ਸਿੰਗਲਾ ਨੇ ਜ਼ੋਰ ਦੇ ਕੇ ਆਖਿਆ ਕਿ ਅੱਜ ਦੇ ਯੁੱਗ ਵਿੱਚ ਜਿੱਥੇ ਮਨੁੱਖੀ ਲਾਪਰਵਾਹੀ ਕਾਰਨ ਪੰਛੀਆਂ ਦੀ ਗਿਣਤੀ ਘਟ ਰਹੀ ਹੈ, ਉੱਥੇ ਸੰਦੀਪ ਧੌਲਾ ਵੱਲੋਂ ਪੰਛੀਆਂ ਨੂੰ ਬਚਾਉਣ ਅਤੇ ਉਨ੍ਹਾਂ ਲਈ ਘੋਸਲੇ ਤਿਆਰ ਕਰਕੇ ਲਗਾਉਣ ਵਰਗੇ ਉਪਰਾਲੇ ਬੇਹੱਦ ਸਰਾਹਣਯੋਗ ਹਨ। ਇਹ ਸੇਵਾ ਸਿਰਫ਼ ਪੰਛੀਆਂ ਦੀ ਰੱਖਿਆ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸੁਹਣਾ ਸੁਨੇਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਕਾਰਜ ਸਮਾਜ ਨੂੰ ਕੁਦਰਤ ਨਾਲ ਜੁੜਨ ਦੀ ਪ੍ਰੇਰਨਾ ਦਿੰਦੇ ਹਨ ਅਤੇ ਬੱਚਿਆਂ ਵਿੱਚ ਦਇਆ, ਸੰਵੇਦਨਸ਼ੀਲਤਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੇ ਹਨ। ਸਕੂਲ ਵਿੱਚ ਆ ਕੇ ਸੰਦੀਪ ਧੌਲਾ ਵੱਲੋਂ ਦਿੱਤਾ ਗਿਆ ਇਹ ਸਨੇਹਾ ਬੱਚਿਆਂ ਦੇ ਮਨਾਂ 'ਤੇ ਡੂੰਘਾ ਪ੍ਰਭਾਵ ਛੱਡਣ ਵਾਲਾ ਹੈ।



# ਨੇਤਾ ਜੀ ਸੁਭਾਸ਼ ਚੰਦਰ ਬੋਸ ਦੇ ਜਨਮ ਦਿਨ 'ਤੇ ਹੋਈ ਵਿਚਾਰ ਗੋਸ਼ਟੀ

ਬਰਨਾਲਾ, 23 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਮਹਾਨ ਦੇਸ਼ ਭਗਤ ਅਤੇ ਭਾਰਤ ਦੀ ਆਜ਼ਾਦੀ ਦੇ ਮਹਾਨ ਨੇਤਾ ਸੁਭਾਸ਼ ਚੰਦਰ ਬੋਸ ਦੀ ਜੈਯੰਤੀ ਮੌਕੇ ਬੋਲਦਿਆਂ ਸਟੇਟ ਐਵਾਰਡੀ ਭੋਲਾ ਸਿੰਘ ਵਿਰਕ ਨੇ ਕਿਹਾ ਕਿ ਨੇਤਾ ਜੀ ਸੁਭਾਸ਼ ਚੰਦਰ ਬੋਸ 1921 ਵਿਚ ਬਰਤਾਨੀਆ ਵਿਖੇ ਸਿਵਲ ਸਰਵਿਸ ਦੀ ਨੌਕਰੀ ਛੱਡ ਕੇ ਬਗ਼ੈਰ ਵਕਤ ਗਵਾਏ ਆਜ਼ਾਦੀ ਦੇ ਘੋਲ ਵਿਚ ਕੁੱਦ ਪਏ। ਸੁਤੰਤਰਤਾ ਦੇ ਘੋਲ ਵਿਚ ਤਨ ਮਨ ਅਰਪਣ ਕਰਨ ਵਾਲੇ ਨੇਤਾ ਜੀ ਨੂੰ ਆਪਣੇ ਪਹਿਲੇ ਸਾਲ 1921 ਦੇ ਅੰਤ ਵਿਚ ਹੀ ਦੇਸ਼ ਭਗਤੀ ਦੇ ਜੁਰਮ ਹੇਠ ਸਰਕਾਰ ਨੇ ਅੱਠ ਮਹੀਨਿਆਂ ਦੀ ਜੇਲ੍ਹ ਦੀ ਸਜ਼ਾ ਸੁਣਾਈ। ਕੋਪਲ ਕੰਪਨੀ ਦੇ ਐੱਮ ਡੀ ਸੰਜੀਵ ਬਾਂਸਲ ਸੂਲਰ ਘਰਾਟ ਵਾਲਿਆਂ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਨੇਤਾ ਜੀ 1941 ਦੇ ਪਹਿਲੇ ਮਹੀਨੇ ਭਾਰਤ ਤੋਂ ਅਫ਼ਗ਼ਾਨਿਸਤਾਨ ਅਤੇ ਰੂਸ ਹੁੰਦੇ ਹੋਏ ਇਕ ਕਠੋਰ ਯਾਤਰਾ ਕਰਕੇ ਅਪ੍ਰੈਲ ਵਿਚ ਜਰਮਨੀ ਪੁੱਜੇ। ਫਰਵਰੀ 1943 ਵਿਚ ਨੇਤਾ ਜੀ ਪਣਡੁੱਬੀ 16 ਰਾਹੀਂ ਜਰਮਨੀ ਤੋਂ ਜਾਪਾਨ ਆ ਗਏ। ਜਾਪਾਨ ਦੇ ਪ੍ਰਧਾਨ ਮੰਤਰੀ ਨੇ ਨੇਤਾ ਜੀ ਦਾ ਸੰਸਦ ਵਿਚ ਜੀ ਆਇਆ ਕੀਤਾ ਅਤੇ ਭਾਰਤ ਨੂੰ ਆਜ਼ਾਦ ਦੇਸ਼ ਵਜੋਂ ਮਾਨਤਾ ਦਿੱਤੀ । ਇਸ ਦੌਰਾਨ ਆਪਣੇ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸਮਾਜ ਸੇਵੀ ਅਤੇ ਸੀਨੀਅਰ ਐਡਵੋਕੇਟ ਰਾਜੀਵ ਮਿੱਤਲ ਨੇ ਕਿਹਾ ਕਿ ਨੇਤਾ ਜੀ ਦੀ ਕਮਾਨ ਹੇਠ ਆਜ਼ਾਦ ਹਿੰਦ ਫ਼ੌਜ ਨੇ ਭਾਰਤ ਵੱਲ ਪੁਲਾਂਘਾਂ ਪੁੱਟੀਆਂ। ਇਹ ਫ਼ੌਜਾਂ ਭਾਰਤ ਵਿਚ ਇੰਫਾਲ ਤੱਕ ਪਹੁੰਚ ਗਈਆਂ। ਇਸ ਮੌਕੇ ਬੋਲਦਿਆਂ ਡਾਕਟਰ ਰਾਹੁਲ ਰੁਪਾਲ ਨੇ ਕਿਹਾ ਕਿ ਸਾਲ 1945 ਵਿਚ ਬਰਤਾਨੀਆ ਸਰਕਾਰ ਦੀ ਬਰਮਾ ਉੱਪਰ ਹਵਾਈ ਚੜ੍ਹਤ ਅਤੇ ਮੌਸਮੀ ਮੀਹਾਂ ਨੇ ਆਜ਼ਾਦ ਹਿੰਦ ਫ਼ੌਜ ਦੀਆਂ ਰਸਦਾਂ ਕੱਟ ਦਿੱਤੀਆਂ। ਜਾਪਾਨ ਨੂੰ ਅਮਰੀਕੀ ਹਮਲੇ ਨੇ ਹੱਥਿਆਰ ਸੁੱਟਣ ਲਈ ਮਜ਼ਬੂਰ ਹੋਣਾ ਪਿਆ । ਗੀਤ ਭਵਨ ਬਰਨਾਲਾ ਦੇ ਚੇਅਰਮੈਨ ਬਸੰਤ ਕੁਮਾਰ ਗੋਇਲ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਆਜ਼ਾਦ ਹਿੰਦ ਫ਼ੌਜ ਨੂੰ ਭਾਰੀ ਜਾਨੀ ਅਤੇ ਮਾਲੀ ਨੁਕਸਾਨ ਹੋਇਆ। ਨੇਤਾ ਜੀ ਬਾਰੇ 23 ਅਗਸਤ 1945 ਨੂੰ ਖ਼ਬਰ ਆਈ ਕਿ ਉਹ 18 ਅਗਸਤ 1945 ਹਵਾਈ ਹਾਦਸੇ ਦਾ ਸ਼ਿਕਾਰ ਹੋ ਗਏ। ਕੀ ਨੇਤਾ ਜੀ ਦੀ ਮੌਤ ਬਾਰੇ ਇਹ ਗੱਲ ਸੱਚ ਹੈ, ਇਸ ਬਾਰੇ ਅੱਜ ਵੀ ਵਿਵਾਦ ਚੱਲ ਰਿਹਾ ਹੈ। ਸਮਾਜ ਸੇਵੀ ਡਾਕਟਰ ਰਾਜੀਵ ਸ਼ਰਮਾ ਨੇ ਨੇਤਾ ਜੀ ਪ੍ਰਤੀ ਸਤਿਕਾਰ ਪ੍ਰਗਟ ਕਰਦਿਆਂ ਕਿਹਾ ਕਿ ਆਦਰਸ਼ਾਂ ਲਈ ਜਿਊਣ ਵਾਲੇ ਨੇਤਾ ਜੀ ਦੀ ਜੀਵਨੀ ਇਕ ਬੇਮਿਸਾਲ ਦੇਸ਼ ਭਗਤ ਦੇ ਉੱਚੇ-ਸੁੱਚੇ ਜੀਵਨ ਦੀ ਕਥਾ ਹੈ।



# ਭਦੌੜ ਪੁਲਿਸ ਵੱਲੋਂ 281 ਗੋਲ਼ੀਆਂ ਸਮੇਤ ਚਾਰ ਵਿਅਕਤੀ ਕਾਬੂ, ਮੁਕੱਦਮਾ ਦਰਜ

ਭਦੌੜ, 23 ਜਨਵਰੀ (ਸੁਖਵਿੰਦਰ ਪਲਾਹਾ) : ਪੰਜਾਬ ਪੁਲਿਸ ਵੱਲੋਂ ਨਸ਼ਾ ਤਸਕਰਾਂ ਖਿਲਾਫ਼ ਵਿੱਢੀ ਮੁਹਿੰਮ ਦੇ ਤਹਿਤ ਐਸ ਐਸ ਪੀ ਬਰਨਾਲਾ ਸਰਫ਼ਰਾਜ਼ ਆਲਮ ਅਤੇ ਡੀ ਐਸਪੀ ਤਪਾ ਗੁਰਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤੇ ਚਲਦਿਆਂ ਥਾਣਾ ਭਦੌੜ ਵੱਲੋਂ ਥਾਣਾ ਮੁਖੀ ਹਰਸਿਮਰਨਜੀਤ ਸਿੰਘ ਦੀ ਯੋਗ ਅਗਵਾਈ ਹੇਠ ਭਦੌੜ ਪੁਲਿਸ ਨੇ ਸਮਾਜ ਵਿਰੋਧੀ ਅਤੇ ਨਸ਼ਾ ਸੰਬੰਧੀ ਗਤੀਵਿਧੀਆਂ ਖ਼ਿਲਾਫ਼ ਵੱਡੀ ਕਾਰਵਾਈ ਕਰਦੇ ਹੋਏ ਵੱਖ-ਵੱਖ ਥਾਵਾਂ ਤੋਂ ਕੁੱਲ 281 ਗੋਲ਼ੀਆਂ ਸਮੇਤ ਚਾਰ ਵਿਅਕਤੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਥਾਣਾ ਭਦੌੜ ਵਿੱਚ ਚਾਰ ਕਥਿੱਤ ਮੁਲਜ਼ਮਾਂ ਖ਼ਿਲਾਫ਼ ਮੁਕੱਦਮਾ ਦਰਜ ਕਰਕੇ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸ ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਭਦੌੜ ਦੇ ਐਸਐਚਓ ਇੰਸਪੈਕਟਰ ਹਰਸਿਮਰਨਜੀਤ ਸਿੰਘ ਨੇ ਦੱਸਿਆ ਕਿ ਭਦੌੜ ਪੁਲਿਸ ਟੀਮ ਸਰਕਾਰੀ ਗੱਡੀ ਰਾਹੀਂ ਸ਼ੱਕੀ ਥਾਵਾਂ 'ਤੇ ਗਸ਼ਤ ਅਤੇ ਚੈਕਿੰਗ ਕਰ ਰਹੀ ਸੀ ਤਾਂ ਜਦੋਂ ਪੁਲਿਸ ਪਾਰਟੀ ਸ਼ਿਵ ਮੰਦਿਰ ਪੱਥਰਾਂਵਾਲੀ ਰੋਡ ਵੱਲ ਜਾ ਰਹੀ ਸੀ ਤਾਂ ਵਿਧਾਤਾ ਰੋਡ ਸਥਿਤ ਸ਼ਮਸ਼ਾਨ ਘਾਟ ਨੇੜੇ ਇੱਕ ਵਿਅਕਤੀ ਸ਼ੱਕੀ ਹਾਲਤ ਵਿੱਚ ਨਜ਼ਰ ਆਇਆ। ਪੁਲਿਸ ਵੱਲੋਂ ਉਸਨੂੰ ਕਾਬੂ ਕਰਕੇ ਨਾਮ-ਪਤਾ ਪੁੱਛਿਆ ਗਿਆ ਤਾਂ ਉਸਨੇ ਆਪਣਾ ਨਾਮ ਗੁਰਪ੍ਰੀਤ ਸਿੰਘ ਉਰਫ਼ ਬੱਬੂ ਵਾਸੀ ਬਾਜਾਖਾਨਾ ਰੋਡ, ਭਦੌੜ ਦੱਸਿਆ। ਤਲਾਸ਼ੀ ਦੌਰਾਨ ਉਸ ਵਿਅਕਤੀ ਕੋਲੋਂ ਇੱਕ ਪਾਰਦਰਸ਼ੀ ਲਿਫਾਫਾ ਬਰਾਮਦ ਹੋਇਆ, ਜਿਸ ਵਿੱਚ ਬਾਵਾ ਰੰਗ ਦੀਆਂ ਖੁੱਲੀਆਂ ਨਸ਼ੀਲੀਆਂ ਗੋਲੀਆਂ ਮਿਲੀਆਂ। ਪੁੱਛਗਿੱਛ ਕਰਨ 'ਤੇ ਉਕਤ ਨੌਜਵਾਨ ਕੋਈ ਵੀ ਤਸੱਲੀਬਖ਼ਸ਼ ਜਵਾਬ ਨਾ ਦੇ ਸਕਿਆ, ਜਿਸ ਤੋਂ ਬਾਅਦ ਉਸਨੂੰ ਗ੍ਰਿਫਤਾਰ ਕਰਕੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਇਸੇ ਤਰ੍ਹਾਂ ਦੂਜੇ ਮਾਮਲੇ ਵਿੱਚ ਏ ਐਸ ਆਈ ਬਲਦੇਵ ਸਿੰਘ ਵੱਲੋਂ ਤਿੰਨ ਨੌਜਵਾਨਾਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਗਿਆ। ਪੁੱਛਗਿੱਛ ਦੌਰਾਨ ਉਨ੍ਹਾਂ ਨੇ ਆਪਣੇ ਨਾਮ ਜੀਵਨ ਸਿੰਘ ਵਾਸੀ ਮੱਝੂਕੇ, ਜੱਗਾ ਸਿੰਘ ਵਾਸੀ ਪੱਤੀ ਮੋਹਰ ਸਿੰਘ ਅਤੇ ਅਵਤਾਰ ਸਿੰਘ ਵਾਸੀ ਨੈਣੇਵਾਲ ਦੱਸੇ। ਪੁਲਿਸ ਵੱਲੋਂ ਕੀਤੀ ਗਈ ਤਲਾਸ਼ੀ ਦੌਰਾਨ ਉਨ੍ਹਾਂ ਕੋਲੋਂ ਇੱਕ ਪਾਰਦਰਸ਼ੀ ਲਿਫਾਫਾ ਬਰਾਮਦ ਹੋਇਆ, ਜਿਸ ਵਿੱਚੋਂ ਸੰਤਰੀ ਰੰਗ ਦੀਆਂ 41 ਨਸ਼ੀਲੀਆਂ ਗੋਲ਼ੀਆਂ ਮਿਲੀਆਂ। ਇਸ ਬਰਾਮਦਗੀ ਦੇ ਆਧਾਰ 'ਤੇ ਚਾਰਾਂ ਵਿਅਕਤੀਆਂ ਖ਼ਿਲਾਫ਼ ਸੰਬੰਧਿਤ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਐਸਐਚਓ ਹਰਸਿਮਰਨਜੀਤ ਸਿੰਘ ਨੇ ਕਿਹਾ ਕਿ ਸਮਾਜ ਵਿਰੋਧੀ ਅਤੇ ਨਸ਼ਾ ਤਸਕਰੀ ਵਰਗੇ ਕੰਮਾਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਨਸ਼ਾ ਵੇਚਣ ਜਾਂ ਫੈਲਾਉਣ ਵਾਲਿਆਂ ਨੂੰ ਕਿਸੇ ਵੀ ਸੂਰਤ ਵਿੱਚ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਆਸ-ਪਾਸ ਕਿਸੇ ਵੱਲੋਂ ਨਸ਼ੇ ਦੀ ਵਿਕਰੀ ਸਬੰਧੀ ਜਾਣਕਾਰੀ ਮਿਲਦੀ ਹੈ ਤਾਂ ਤੁਰੰਤ ਪੁਲਿਸ ਨਾਲ ਸੰਪਰਕ ਕੀਤਾ ਜਾਵੇ। ਜਾਣਕਾਰੀ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਇਸ ਮੌਕੇ ਏ ਐਸ ਆਈ ਬਲਜਿੰਦਰ ਕੌਰ ਟੀ ਐਸ ਐਸ ,ਸਬ ਇੰਸਪੈਕਟਰ ਜਸਪ੍ਰੀਤ ਕੌਰ, ਥਾਣਾ ਭਦੌੜ ਦੇ ਮੁਨਸ਼ੀ ਹਰਦੀਪ ਸਿੰਘ ਹਾਜ਼ਰ ਸਨ।



# ਬਸੰਤ ਪੰਚਮੀ ਦੇ ਤਿਉਹਾਰ 'ਤੇ ਵਿਸ਼ੇਸ਼ ਸਕੂਲ ਅਸੈਂਬਲੀ ਕਰਵਾਈ

ਬਰਨਾਲਾ, 23 ਜਨਵਰੀ (ਇਸੇਨ ਕੰਗ) : ਬ੍ਰਿਲੀਐਂਟ ਸਕੂਲ ਪੱਖੋ ਕਲਾਂ ਜੋ ਕਿ ਚੇਅਰਮੈਨ ਸੰਤ ਬਾਬਾ ਚਰਨਪੁਰੀ ਅਤੇ ਐੱਮ ਡੀ ਮੈਡਮ ਕਰਮਜੀਤ ਕੌਰ ਦੇਵਾ ਜੀ ਦੀ ਅਗਵਾਈ ਹੇਠ ਚੱਲ ਰਿਹਾ ਹੈ। ਸਕੂਲ ਵਿੱਚ ਬਸੰਤ ਪੰਚਮੀ ਦੇ ਤਿਉਹਾਰ ਤੇ ਵਿਸ਼ੇਸ਼ ਸਕੂਲ ਅਸੈਂਬਲੀ ਕਰਵਾਈ ਗਈ ਇਸ ਵਿੱਚ ਨੌਵੀਂ ਕਲਾਸ ਦੀ ਵਿਦਿਆਰਥਣ ਗੁਰਵੀਰ ਕੌਰ ਦੁਆਰਾ ਭਾਸ਼ਣ ਦਿੱਤਾ ਗਿਆ ਕਿ ਬਸੰਤ ਪੰਚਮੀ ਇੱਕ ਪਵਿੱਤਰ ਤਿਉਹਾਰ ਹੈ ਸੋ ਕਿ ਗਿਆਨ ਸਿੱਖਿਆ ਅਤੇ ਸੰਗੀਤ ਦੀ ਪ੍ਰਮੁੱਖ ਦੇਵੀ ਸਰਸਵਤੀ ਨੂੰ ਸਮਰਪਿਤ ਹੈ। ਇਹ ਤਿਉਹਾਰ ਨਾ ਸਿਰਫ਼ ਧਾਰਮਿਕ ਆਸਥਾ ਨਾਲ ਜੁੜਿਆ ਹੋਇਆ ਹੈ ਸਗੋਂ ਕੁਦਰਤ ਵਿੱਚ ਨਵੇਂ ਜੀਵਨ ਅਤੇ ਆਨੰਦ ਦਾ ਪ੍ਰਤੀਕ ਵੀ ਹੈ ਇਹ ਤਿਉਹਾਰ ਹਰ ਸਾਲ ਮਾਘ ਮਹੀਨੇ ਦੇ ਸ਼ੁਕਲ ਪੱਖ ਦੇ ਪੰਜਵੇਂ ਦਿਨ ਮਨਾਇਆ ਜਾਂਦਾ ਹੈ। ਸਕੂਲ ਵਿੱਚ ਬਸੰਤ ਪੰਚਮੀ ਦਾ ਤਿਉਹਾਰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਇਸ ਦਿਨ ਪ੍ਰਾਇਮਰੀ ਵਿੰਗ ਦੇ ਬੱਚਿਆਂ ਦੁਆਰਾ ਪੀਲੇ ਰੰਗ ਦਾ ਪਹਿਰਾਵਾ ਪਾਇਆ ਗਿਆ ਅਤੇ ਭੋਜਨ ਵੀ ਪੀਲੇ ਰੰਗ ਦਾ ਲਿਆਂਦਾ ਗਿਆ ਇਸ ਮੌਕੇ ਪ੍ਰਿੰਸੀਪਲ ਸੁਮਨ ਸ਼ਰਮਾ ਨੇ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਦੇ ਤਿਉਹਾਰ ਦਾ ਇਤਿਹਾਸ ਦੱਸਿਆ ਬੱਚਿਆਂ ਨਾਲ ਭੋਜਨ ਵੀ ਸਾਝਾ ਕੀਤਾ । ਕੋਆਰਡੀਨੇਟਰ ਨਰਿੰਦਰ ਕੌਰ ਵੀ ਸ਼ਾਮਿਲ ਹੋਏ।




# ਜੈ ਵਾਟਿਕਾ ਪਬਲਿਕ ਸਕੂਲ 'ਚ ਬਸੰਤ ਪੰਚਮੀ ਦੇ ਮੌਕੇ 'ਤੇ ਵਿਸ਼ੇਸ਼ ਸਰਸਵਤੀ ਪੂਜਾ

ਬਰਨਾਲਾ, 23 ਜਨਵਰੀ (ਇਸੇਨ ਕੰਗ) : ਜੈ ਵਾਟਿਕਾ ਪਬਲਿਕ ਸਕੂਲ ਨੇ ਬਸੰਤ ਪੰਚਮੀ ਦੇ ਸ਼ੁਭ ਮੌਕੇ 'ਤੇ ਸਰਸਵਤੀ ਪੂਜਾ ਦਾ ਆਯੋਜਨ ਕੀਤਾ। ਮਾਘ ਮਹੀਨੇ ਦੇ ਸ਼ੁੱਭ ਪੰਦਰਵਾੜੇ ਦੇ ਪੰਜਵੇਂ ਦਿਨ ਮਨਾਇਆ ਜਾਣ ਵਾਲਾ ਇਹ ਤਿਉਹਾਰ ਸਿੱਖਿਆ ਅਤੇ ਕਲਾ ਦੀ ਦੇਵੀ ਸਰਸਵਤੀ ਦੀ ਪੂਜਾ ਕਰਦਾ ਹੈ। ਸਕੂਲ ਪ੍ਰਿੰਸੀਪਲ ਡਾ. ਪਰਵਿੰਦਰ ਕੌਰ, ਕੋਆਰਡੀਨੇਟਰਾਂ, ਅਧਿਆਪਕਾਂ ਅਤੇ ਸਾਰੇ ਵਿਦਿਆਰਥੀਆਂ ਨੇ ਦੇਵੀ ਸਰਸਵਤੀ ਨੂੰ ਪ੍ਰਾਰਥਨਾ ਕੀਤੀ। ਪ੍ਰਿੰਸੀਪਲ ਨੇ ਦੇਵੀ ਸਰਸਵਤੀ ਨੂੰ ਮਾਲਾ ਭੇਟ ਕੀਤੀ ਅਤੇ ਦੀਵਾ ਜਗਾਇਆ ਅਤੇ ਸਾਰੇ ਵਿਦਿਆਰਥੀਆਂ, ਖਾਸ ਕਰਕੇ 10ਵੀਂ ਅਤੇ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਦੇਣ ਵਾਲੇ ਵਿਦਿਆਰਥੀਆਂ ਦੀ ਸਫਲਤਾ ਲਈ ਪ੍ਰਾਰਥਨਾ ਕੀਤੀ। ਇਸ ਮੌਕੇ ਵਿਦਿਆਰਥੀਆਂ ਨੇ ਸਰਸਵਤੀ ਵੰਦਨਾ ਕੀਤੀ ਅਤੇ ਕਵਿਤਾਵਾਂ ਸੁਣਾਈਆਂ। ਬੱਚਿਆਂ ਨੇ ਬਹੁਤ ਉਤਸ਼ਾਹ ਅਤੇ ਖੁਸ਼ੀ ਨਾਲ ਬਸੰਤ ਤਿਉਹਾਰ ਦਾ ਆਨੰਦ ਮਾਣਿਆ। ਪ੍ਰੋਗਰਾਮ ਦੀ ਇੱਕ ਖਾਸ ਗੱਲ ਪਤੰਗ ਬਣਾਉਣ ਦੀ ਗਤੀਵਿਧੀ ਸੀ, ਜਿਸ ਵਿੱਚ ਵਿਦਿਆਰਥੀਆਂ ਨੇ ਰੰਗੀਨ, ਸੁੰਦਰ ਪਤੰਗਾਂ ਬਣਾਈਆਂ। ਇਸ ਗਤੀਵਿਧੀ ਨੇ ਬੱਚਿਆਂ ਦੀ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਸਿਰਜਣਾਤਮਕਤਾ ਦਾ ਇੱਕ ਨਵਾਂ ਆਯਾਮ ਖੋਲ੍ਹਿਆ। ਇਸ ਮੌਕੇ 'ਤੇ ਪੂਰਾ ਮਾਹੌਲ ਸ਼ਰਧਾ, ਖੁਸ਼ੀ ਅਤੇ ਬਸੰਤ ਦੀ ਭਾਵਨਾ ਨਾਲ ਭਰਿਆ ਹੋਇਆ ਸੀ। ਅੰਤ ਵਿੱਚ, ਸਕੂਲ ਪ੍ਰਿੰਸੀਪਲ ਡਾ. ਪਰਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਪੀਲੇ ਰੰਗ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਉਨ੍ਹਾਂ ਨੇ ਬੱਚਿਆਂ ਨੂੰ ਇਸ ਤਿਉਹਾਰ ਨੂੰ ਸੁਰੱਖਿਆ ਅਤੇ ਸਾਵਧਾਨੀ ਨਾਲ ਮਨਾਉਣ ਅਤੇ ਪਲਾਸਟਿਕ ਦੀਆਂ ਤਾਰਾਂ ਦੀ ਵਰਤੋਂ ਤੋਂ ਬਚਣ ਦੀ ਅਪੀਲ ਕੀਤੀ।



# ਆਗਨਵਾੜੀ ਸੈਂਟਰਾਂ ਵਿੱਚ ਅਰਲੀ ਚਾਈਲਡਹੁੱਡ ਕੇਅਰ ਐਂਡ ਐਜੂਕੇਸ਼ਨ ਦਿਵਸ ਤਹਿਤ ਗਤੀਵਿਧੀਆਂ ਕਰਵਾਈਆਂ

ਬਰਨਾਲਾ, 23 ਜਨਵਰੀ (ਬਘੇਲ ਸਿੰਘ ਧਾਲੀਵਾਲ): ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਰਤਿੰਦਰ ਪਾਲ ਕੌਰ ਧਾਰੀਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਬਰਨਾਲਾ ਦੇ ਸਾਰੇ ਆਗਨਵਾੜੀ ਸੈਂਟਰਾਂ ਵਿਚ ਅਰਲੀ ਚਾਈਲਡਹੁੱਡ ਕੇਅਰ ਐਂਡ ਐਜੂਕੇਸ਼ਨ (ਈ.ਸੀ.ਸੀ.ਈ) ਦਿਵਸ ਮਨਾਇਆ ਗਿਆ। । ਇਸ ਸਬੰਧੀ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੇ ਦੱਸਿਆ ਕਿ ਇਸ ਤਹਿਤ ਬੱਚਿਆਂ ਨਾਲ ਸਬੰਧਿਤ ਵੱਖ-ਵੱਖ ਭਾਵਨਾਤਮਕ, ਸਿੱਖਿਆਤਮਕ ਤੇ ਮਨੋਰੰਜਨ ਗਤੀਵਿਧੀਆਂ ਜਿਵੇਂ ਕਿ ਚਿੱਤਰਕਾਰੀ ਮੁਕਾਬਲੇ, ਕਵਿਤਾ, ਪਾਠ, ਕਹਾਣੀ ਸੁਣਾਉਣਾ, ਖੇਡਾਂ ਤੇ ਸੱਭਿਆਚਾਰਕ ਪ੍ਰੋਗਰਾਮ ਕਰਵਾਏ ਗਏ। ਉਨ੍ਹਾਂ ਦੱਸਿਆ ਕਿ ਇਨ੍ਹਾਂ ਗਤੀਵਿਧੀਆਂ ਵਿਚ ਬੱਚਿਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਇਸ ਦੌਰਾਨ ਮਾਵਾਂ ਨੂੰ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਸਾਫ਼-ਸਫ਼ਾਈ ਤੇ ਟੀਕਾਕਰਨ ਬਾਰੇ ਵੀ ਵਿਸ਼ਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਸਿਹਤ ਵਿਭਾਗ ਦੇ ਕਰਮਚਾਰੀਆਂ ਵੱਲੋਂ ਮਾਵਾਂ ਅਤੇ ਬੱਚਿਆਂ ਦੀ ਸਿਹਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਪੋਸ਼ਟਿਕ ਖੁਰਾਕ ਲੈਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਆਂਗਣਵਾੜੀ ਵਰਕਰਜ਼ ਵੱਲੋਂ ਮਾਵਾਂ ਨੂੰ ਗਰਭਅਵਸਥਾ ਦੌਰਾਨ ਸਹੀ ਖੁਰਾਕ, ਸਿਹਤ ਜਾਂਚ, ਆਇਰਨ ਅਤੇ ਫ਼ੋਲਿਕ ਐਸਿਡ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਦੇ ਸਮੁੱਚੇ ਵਿਕਾਸ ਬੌਧਿਕ, ਭਾਵਨਾਤਮਕ ਤੇ ਸਮਾਜਿਕ ਪੱਖਾਂ ਨੂੰ ਮਜ਼ਬੂਤ ਕਰਨ ਲਈ ਮਦੱਦਗਾਰ ਸਾਬਤ ਹੁੰਦੀਆਂ ਹਨ।



# ਬਸੰਤ ਪੰਚਮੀ ਮੌਕੇ 'ਤੇ ਰੰਗਾਂ ਅਤੇ ਰੌਣਕਾਂ ਨਾਲ ਖਿੜਿਆ ਪੰਜਾਬ

ਬਰਨਾਲਾ, 23 ਜਨਵਰੀ,( ਇਸ਼ੇਨ ਕੰਗ ) : ਅੱਜ ਸਾਰੇ ਦੇਸ਼ ਵਿੱਚ ਦੇ ਨਾਲ ਹੀ ਪੰਜਾਬ ਵਿੱਚ ਵੀ ਬਸੰਤ ਪੰਚਮੀ ਦਾ ਤਿਉਹਾਰ ਬੜੀ ਧੂਮ=ਧਾਮ ਨਾਲ ਮਨਾਇਆ ਗਿਆ। ਇਹ ਤਿਉਹਾਰ ਮੌਸਮ ਬਸੰਤ ਦੇ ਆਗਮਨ ਦੀ ਖੁਸ਼ੀ ਵਿੱਚ ਮਨਾਇਆ ਵਿੱਚ ਮਨਾਇਆ ਜਾਂਦਾ ਹੈ ਇਸ ਦਿਨ ਲੋਕ ਸਵੇਰੇ ਉੱਠ ਕੇ ਗੁਰਦੁਆਰਾ ਸਾਹਿਬ ਅਤੇ ਮੰਦਿਰਾਂ ਵਿੱਚ ਪੂਜਾ ਕਰਨ ਜਾਂਦੇ ਹਨ। ਪੰਜਾਬ ਦੇ ਕਈ ਸ਼ਹਿਰਾਂ ਵਿੱਚ ਅਸਮਾਨ ਰੰਗੇ=ਬਰੰਗੇ ਪਤੰਗਾ ਨਾਲ ਭਰਇਆ ਦਿੱਖਿਆ , ਇਸ ਤਿਉਹਾਰ ਦੇ ਮੌਕੇ ਉਪਰ ਨੌਜਵਾਨਾਂ ਅਤੇ ਬੱਚਿਆਂ ਵਿੱਚ ਖਾਸ ਤੌਰ ਤੇ ਉਤਸ਼ਾਹ ਦੇਖਣ ਨੂੰ ਮਿਲਦਾ ਹੈ। ਪਰੰਤੂ ਬਰਨਾਲਾ ਵਿੱਚ ਬਾਰਿਸ਼ ਕਾਰਨ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਜਿਆਦਾ ਰੁਝਾਨ ਦੇਖਣ ਨੂੰ ਨਹੀਂ ਮਿਲਿਆ ਹੈ। ਜਿਸ ਦੇ ਕਈ ਕਾਰਨ ਹੋ ਸਕਦੇ ਹਨ ਜਿਵੇਂ ਕਿ ਪਹਿਲਾ ਮੌਸਮ ਦੀ ਖਰਾਬੀ ਹੋਣੀ 'ਤੇ ਦੂਸਰਾ ਨੌਜਵਾਨਾ ਅਤੇ ਬੱਚਿਆ ਵਿੱਚ ਤਿਉਹਾਰ ਨੂੰ ਲੈ ਕੇ ਰੁਝਾਨ ਦਾ ਘੱਟਣਾ ਹੈ । ਬਸੰਤ ਪੰਚਮੀ ਸਿਰਫ਼ ਇੱਕ ਤਿਉਹਾਰ ਨਹੀ ਸਗੋਂ ਨਵੇਂ ਆਰੰਭ, ਉਮੀਦ ਅਤੇ ਖੁਸ਼ਹਾਲੀ ਦਾ ਪ੍ਰਤੀਕ । ਲੋਕਾਂ ਨੇ ਇਕ=ਦੂਜੇ ਨੂੰ ਮੁਬਾਰਕਾਂ ਦੇ ਕੇ ਇਸ ਦਿਨ ਨੂੰ ਯਾਦਗਾਰ ਬਣਾਇਆ .



# ਪਟਿਆਲਾ-ਆਸ/ਪਾਸ



# ਪੰਜਾਬ 'ਚ 10 ਲੱਖ ਸਿਹਤ ਬੀਮੇ ਦੀ ਸੂਹੂਲਤ ਸ਼ੁਰੂ ਹੋਣ ਨਾਲ ਹੋਵੇਗਾ ਵੱਡਾ ਫ਼ਾਇਦਾ: ਅਜੀਤਪਾਲ ਸਿੰਘ ਕੋਹਲੀ

## ➢ਯੋਜਨਾ ਸ਼ੁਰੂ ਕਰਕੇ 'ਆਪ' ਸਰਕਾਰ ਨੇ ਆਪਣਾ ਵਾਅਦਾ ਪੂਰਾ ਕੀਤਾ : ਮੇਅਰ

ਪਟਿਆਲਾ, 23 ਜਨਵਰੀ (ਰੁਪਾਣਾ) : ਆਮ ਆਦਮੀ ਪਾਰਟੀ ਦੇ ਪਟਿਆਲਾ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਡਾ ਫੈਸਲਾ ਲਿਆ ਗਿਆ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਇਸ ਸਕੀਮ ਦੀ ਸ਼ੁਰੂਆਤ ਕੀਤੀ ਗਈ ਆ, ਜਿਸ ਦੇ ਚੱਲਦਿਆਂ ਪੰਜਾਬ ਦੇ ਸਾਰੇ ਨਾਗਰਿਕਾਂ ਨੂੰ ਹਰ ਸਾਲ 10 ਲੱਖ ਰੁਪਏ ਦੀ ਸਿਹਤ ਬੀਮੇ ਦੀ ਸਹੂਲਤ ਮਿਲੇਗੀ। ਉਨ੍ਹਾਂ ਅੱਜ ਇੱਥੇ ਕਿਲ੍ਹਾ ਕਿਲ੍ਹਾ ਚੌਂਕ ਤੋਂ ਪਟਿਆਲਾ ਸ਼ਹਿਰੀ ਹਲਕੇ ਲਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ, ਜਿਸ ਮੌਕੇ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਸਮੇਤ ਸਮੂਹ ਕੌਂਸਲਰ ਤੇ ਆਗੂ ਸ਼ਾਮਿਲ ਸਨ। ਇਸ ਦੌਰਾਨ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਨੇ ਪਟਿਆਲਾ ਸ਼ਹਿਰੀ ਦੇ ਸਾਰੇ ਕੌਂਸਲਰਾਂ ਨੂੰ ਕਿਹਾ ਕਿ ਆਪੋ -ਆਪਣੀ ਵਾਰਡ 'ਚ ਜਾ ਕੇ ਇਸ ਸਕੀਮ ਬਾਰੇ ਲੋਕਾਂ ਨੂੰ ਜਾਣੂੰ ਕਰਵਾਇਆ ਜਾਵੇ ਅਤੇ ਕਾਰਡ ਬਣਾਉਣ ਦੀ ਮੁਹਿੰਮ ਸ਼ੁਰੂ ਕੀਤੀ ਜਾਵੇ।ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਇਸ ਸਬੰਧੀ ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ ਨਾਲ ਸਮਝੌਤਾ ਸਹੀਬੱਧ ਕੀਤਾ ਗਿਆ, ਜਿਸ ਤਹਿਤ ਪੰਜਾਬ ਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਦਾ ਨਕਦੀ ਰਹਿਤ ਸਿਹਤ ਬੀਮਾ ਪ੍ਰਦਾਨ ਕੀਤਾ ਜਾਵੇਗਾ।ਵਿਧਾਇਕ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪਹਿਲਾਂ ਪ੍ਰਦਾਨ ਕੀਤੇ ਜਾ ਰਹੇ 5 ਲੱਖ ਰੁਪਏ ਦੇ ਸਿਹਤ ਕਵਰੇਜ, ਜੋ ਕੁਝ ਖਾਸ ਸ਼੍ਰੇਣੀਆਂ ਤੱਕ ਹੀ ਸੀਮਿਤ ਨੂੰ, ਦੁੱਗਣਾ ਕਰ ਦਿੱਤਾ ਗਿਆ ਹੈ। ਇਸ ਲਈ ਨਵੀਂ ਯੋਜਨਾ ਦਾ ਉਦੇਸ਼ ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਸਮੇਤ ਪੰਜਾਬ ਦੇ ਸਾਰੇ ਨਿਵਾਸੀਆਂ ਨੂੰ ਪ੍ਰਤੀ ਪਰਿਵਾਰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਨਕਦੀ ਰਹਿਤ ਇਲਾਜ ਪ੍ਰਦਾਨ ਕਰਨਾ ਹੈ। ਵਿਧਾਇਕ ਕੋਹਲੀ ਨੇ ਕਿਹਾ ਕਿ ਇਹ ਯੋਜਨਾ ਪੂਰੀ ਤਰ੍ਹਾਂ ਬਰਾਬਰੀ ਦੇ ਸਿਧਾਂਤ ਦੇ ਆਧਾਰ 'ਤੇ ਤਿਆਰ ਕੀਤੀ ਗਈ ਹੈ, ਜਿਸ ਵਿੱਚ ਕੋਈ ਆਮਦਨ ਸੀਮਾ ਜਾਂ ਕਿਸੇ ਨੂੰ ਯੋਜਨਾ ਦੇ ਦਾਇਰੇ 'ਚੋਂ ਬਾਹਰ ਰੱਖਣ ਦੇ ਮਾਪਦੰਡ ਨਹੀਂ ਹਨ। ਇਸ ਯੋਜਨਾ ਦੇ ਕਾਰਜਸ਼ੀਲ ਢਾਂਚੇ ਬਾਰੇ ਗੱਲ ਕਰਦਿਆਂ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਨੇ ਦੱਸਿਆ ਕਿ ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ, ਜਿਸ ਦੀ ਚੋਣ ਤਾਮਿਲਨਾਡੂ ਸਮੇਤ ਹੋਰ ਰਾਜਾਂ ਵਿੱਚ ਬਿਹਤਰੀਨ ਸਿਹਤ ਬੀਮਾ ਯੋਜਨਾਵਾਂ ਨੂੰ ਲਾਗੂ ਕਰਨ ਵਿੱਚ ਚੰਗੇ ਟਰੈਕ ਰਿਕਾਰਡ ਨੂੰ ਦੇਖਦਿਆਂ ਕੀਤੀ ਗਈ ਹੈ, ਵੱਲੋਂ ਸੂਬੇ ਦੇ ਸਾਰੇ 65 ਲੱਖ ਪਰਿਵਾਰਾਂ ਨੂੰ ਪ੍ਰਤੀ ਪਰਿਵਾਰ 1,00,000 ਦਾ ਸਿਹਤ ਕਵਰ ਪ੍ਰਦਾਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 1,00,000 ਤੋਂ 10,00,000 ਰੁਪਏ ਦੇ ਦਰਮਿਆਨ ਇਲਾਜ ਦੀਆਂ ਲੋੜਾਂ ਸਬੰਧੀ ਸਟੇਟ ਹੈਲਥ ਏਜੰਸੀ (ਐਸ.ਐਚ.ਏ.), ਪੰਜਾਬ ਦੁਆਰਾ ਟਰੱਸਟ ਦੇ ਆਧਾਰ 'ਤੇ ਬੀਮਾ ਪ੍ਰਦਾਨ ਕੀਤਾ ਜਾਣਾ ਹੈ।



# ਮੇਅਰ ਕੁੰਦਨ ਗੋਗੀਆ ਵੱਲੋਂ ਲੋਕਲ ਬਾਡੀਜ਼ ਵਿਭਾਗ ਦੇ ਨਵੇਂ ਬਣੇ ਮੰਤਰੀ ਸੰਜੀਵ ਅਰੋੜਾ ਨਾਲ ਮੁਲਾਕਾਤ

## ➢ਪਟਿਆਲਾ ਦੇ ਵਿਕਾਸ, ਨਗਰ ਨਿਗਮ ਦੇ ਮਸਲਿਆਂ 'ਤੇ ਭਵਿੱਖ ਦੀਆਂ ਯੋਜਨਾਵਾਂ 'ਤੇ ਹੋਈ ਚਰਚਾ

ਪਟਿਆਲਾ, 23 ਜਨਵਰੀ (ਰੁਪਾਣਾ): ਬੀਤੇ ਦਿਨੀਂ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਵੱਲੋਂ ਪੰਜਾਬ ਸਰਕਾਰ ਦੇ ਲੋਕਲ ਬਾਡੀਜ ਵਿਭਾਗ ਦੇ ਨਵੇਂ ਬਣੇ ਮੰਤਰੀ ਸੰਜੀਵ ਅਰੋੜਾ ਨਾਲ ਵਿਸ਼ੇਸ ਮੁਲਾਕਾਤ ਕੀਤੀ ਗਈ। ਇਸ ਮੌਕੇ ਮੇਅਰ ਵੱਲੋਂ ਉਨ੍ਹਾਂ ਨੂੰ ਲੋਕਲ ਬਾਡੀਜ਼ ਵਿਭਾਗ ਦਾ ਮੰਤਰੀ ਬਣਨ 'ਤੇ ਵਧਾਈ ਦਿੰਦੇ ਹੋਇਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਮੇਅਰ ਨੇ ਕਿਹਾ ਕਿ ਸੰਜੀਵ ਅਰੋੜਾ ਦੀ ਨਿਯੁਕਤੀ ਨਾਲ ਪੰਜਾਬ ਦੇ ਸ਼ਹਿਰਾਂ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਮਿਲੇਗੀ। ਮੇਅਰ ਨੇ ਕਿਹਾ ਕਿ ਲੋਕਲ ਬਾਡੀਜ਼ ਵਿਭਾਗ ਸ਼ਹਿਰੀ ਵਿਕਾਸ ਦੀ ਰੀੜ੍ਹ ਦੀ ਹੱਡੀ ਹੈ ਅਤੇ ਇਸ ਵਿਭਾਗ ਦੀ ਮਜ਼ਬੂਤ ਅਗਵਾਈ ਨਾਲ ਸਫਾਈ ਪ੍ਰਬੰਧ, ਸੜਕਾਂ, ਪੀਣ ਵਾਲਾ ਪਾਣੀ, ਸਿਵਰੇਜ਼ ਅਤੇ ਹੋਰ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਆਵੇਗਾ। ਉਨ੍ਹਾਂ ਦੱਸਿਆ ਕਿ ਮੁਲਾਕਾਤ ਦੌਰਾਨ ਪਟਿਆਲਾ ਸ਼ਹਿਰ ਨਾਲ ਸੰਬੰਧਿਤ ਕਈ ਅਹਿਮ



ਮਸਲੇ ਮੰਤਰੀ ਜੀ ਦੇ ਧਿਆਨ ਵਿੱਚ ਲਿਆਂਦੇ ਗਏ। ਮੇਅਰ ਨੇ ਕਿਹਾ ਕਿ ਪਟਿਆਲਾ ਇੱਕ ਇਤਿਹਾਸਕ ਅਤੇ ਸੱਭਿਆਚਾਰਕ ਸ਼ਹਿਰ ਹੈ, ਜਿਸਦੇ ਵਿਕਾਸ ਲਈ ਵਿਸ਼ੇਸ਼ ਯੋਜਨਾ ਬਣਾਉਣ ਦੀ ਲੋੜ ਹੈ। ਇਸ ਸੰਦਰਭ ਵਿੱਚ ਨਗਰ ਨਿਗਮ ਪਟਿਆਲਾ ਨੂੰ ਵਿੱਤੀ ਸਮੱਸਿਆਵਾਂ, ਕਰਮਚਾਰੀਆਂ ਦੀ ਘਾਟ, ਸਫਾਈ ਪ੍ਰਬੰਧ ਨੂੰ ਹੋਰ ਸੁਧਾਰਨ ਅਤੇ ਸ਼ਹਿਰ ਦੀ ਟ੍ਰੈਫਿਕ ਸਮੱਸਿਆ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ ਗਈ। ਮੰਤਰੀ ਨੂੰ ਇਹ ਵੀ ਅਗਾਹ ਕੀਤਾ ਗਿਆ ਕਿ ਤੇਜ਼ੀ ਨਾਲ ਵਧ ਰਹੀ ਆਬਾਦੀ ਕਾਰਨ ਬੁਨਿਆਦੀ ਢਾਂਚੇ 'ਤੇ ਦਬਾਅ ਵਧ ਰਿਹਾ ਹੈ। ਮੇਅਰ ਨੇ ਦੱਸਿਆ ਕਿ ਮੀਟਿੰਗ ਦੌਰਾਨ ਆਉਣ ਵਾਲੀਆਂ ਯੋਜਨਾਵਾਂ ਜਿਵੇਂ ਕਿ ਸਮਾਰਟ ਸਿਟੀ ਪ੍ਰਾਜੈਕਟਾਂ, ਡਿਜੀਟਲ ਸੇਵਾਵਾਂ, ਗ੍ਰੀਨ ਪਟਿਆਲਾ ਮੁਹਿੰਮ, ਪਾਰਕਾਂ ਦੇ ਵਿਕਾਸ ਅਤੇ ਸਵੱਛਤਾ ਅਭਿਆਨਾਂ ਬਾਰੇ ਵੀ ਚਰਚਾ ਕੀਤੀ ਗਈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਦਾ ਮਕਸਦ ਪਟਿਆਲਾ ਨੂੰ ਸਾਫ-ਸੁਥਰਾ, ਸੁੰਦਰ ਅਤੇ ਨਿਵਾਸੀਆਂ ਲਈ ਸੁਖਦਾਇਕ ਸ਼ਹਿਰ ਬਣਾਉਣਾ ਹੈ। ਮੇਅਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰੀ ਵਿਕਾਸ ਨੂੰ ਅਹਿਮ ਭੂਮਿਕਾ ਦਿੱਤੀ ਜਾ ਰਹੀ ਹੈ ਅਤੇ ਲੋਕਲ ਬਾਡੀਜ ਵਿਭਾਗ ਇਸ ਵਿੱਚ ਕੇਂਦਰੀ ਭੂਮਿਕਾ ਨਿਭਾਅ ਰਿਹਾ ਹੈ। ਮੰਤਰੀ ਸੰਜੀਵ ਅਰੋੜਾ ਨੇ ਭਰੋਸਾ ਦਿਵਾਇਆ ਕਿ ਪਟਿਆਲਾ ਦੇ ਹਰੇਕ ਵਿਕਾਸ ਦੇ ਮਸਲੇ ਨੂੰ ਤਰਜ਼ੀਹ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ ਅਤੇ ਨਗਰ ਨਿਗਮ ਨੂੰ ਪੂਰਾ ਸਹਿਯੋਗ ਦਿੱਤਾ ਜਾਵੇਗਾ। ਅੰਤ ਵਿੱਚ ਮੇਅਰ ਨੇ ਕਿਹਾ ਕਿ ਇਹ ਮੁਲਾਕਾਤ ਪਟਿਆਲਾ ਦੇ ਵਿਕਾਸ ਲਈ ਬਹੁਤ ਹੀ ਸਕਾਰਾਤਮਕ ਸਾਬਤ ਹੋਵੇਗੀ। ਉਨ੍ਹਾਂ ਆਸ ਜਤਾਈ ਕਿ ਮੰਤਰੀ ਦੀ ਅਗਵਾਈ ਹੇਠ ਪੰਜਾਬ ਦੇ ਸਾਰੇ ਸ਼ਹਿਰ, ਖਾਸ ਕਰਕੇ ਪਟਿਆਲਾ, ਨਵੇਂ ਵਿਕਾਸੀ ਮਾਪਦੰਡ ਸਥਾਪਤ ਕਰਨਗੇ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮਿਲਣਗੀਆਂ।

# ਚੜ੍ਹਦੀਕਲਾ ਤੇ ਪਰਿਵਾਰ ਦੀ ਸੁੱਖ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਕਰਵਾਇਆ

ਭਾਦਸੋਂ, 23 ਜਨਵਰੀ (ਭਰਪੂਰ ਸਿੰਘ ਮੱਟਰਾਂ) : ਦਸਮੇਸ਼ ਐਗਰੀਕਲਚਰ ਵਰਕਸ ਰਜਿ ਚਹਿਲ ਦੇ ਮੈਨੇਜਿੰਗ ਡਾਇਰੈਕਟਰ ਬਲਜਿੰਦਰ ਸਿੰਘ, ਮਹਿਰ ਸਿੰਘ ਅਤੇ ਸਮੂਹ ਪਰਿਵਾਰ ਵੱਲੋਂ ਅਦਾਰੇ ਦੀ ਚੜ੍ਹਦੀਕਲਾ



ਅਤੇ ਪਰਿਵਾਰ ਦੀ ਸੁੱਖ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਮੌਕੇ ਰਾਗੀ ਜੱਥੇ ਵੱਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਬਾਣੀ ਨਾਲ ਨਿਹਾਲ ਕੀਤਾ ਗਿਆ, ਉਪਰੰਤ ਕਾਰੋਬਾਰ ਦੀ ਚੜ੍ਹਦੀ ਕਲਾਂ ਅਤੇ ਪਰਿਵਾਰ ਦੀ ਸੁੱਖ ਸ਼ਾਂਤੀ ਦੀਆਂ ਅਰਦਾਸਾਂ ਕੀਤੀਆਂ ਗਈਆਂ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸਾ. ਜ਼ਿਲ੍ਹਾ ਕਾਂਗਰਸ ਪ੍ਰਧਾਨ ਮਹੰਤ ਹਰਵਿੰਦਰ ਸਿੰਘ ਖਨੌੜਾ ਨੇ ਪਰਿਵਾਰ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸੰਗਤਾਂ ਨੂੰ ਅਤੁੱਟ ਲੰਗਰ ਛਕਾਇਆ ਗਿਆ। ਇਸ ਮੌਕੇ ਕਮਲਜੀਤ ਸਿੰਘ ਧੂਰੀ, ਗੁਰਸ਼ਰਨ ਸਿੰਘ ਧੂਰੀ, ਸੰਦੀਪ ਸਿੰਘ ਮਲੇਰਕੋਟਲਾ, ਕ੍ਰਿਸ਼ਨ ਸਿੰਘ ਪਟਿਆਲਾ, ਤੀਰਥ ਸਿੰਘ ਖਰੜ, ਤਲਵਿੰਦਰ ਸਿੰਘ, ਪਲਵਿੰਦਰ ਸਿੰਘ, ਜਗਦੀਪ ਸਿੰਘ, ਦਵਿੰਦਰ ਸਿੰਘ, ਪ੍ਰਦੀਪ ਸਿੰਘ, ਤਰਨਜੀਤ ਸਿੰਘ ਤੋਂ ਇਲਾਵਾ ਮਨਕੂ ਐਗਰੋ ਇੰਡਸਟਰੀਜ਼ ਭਾਦਸੋਂ ਦੇ ਐਮਡੀ ਭਗਵੰਤ ਸਿੰਘ ਮਨਕੂ, ਨਗਰ ਪੰਚਾਇਤ ਭਾਦਸੋਂ ਤੇ ਸਾਬਕਾ ਪ੍ਰਧਾਨ ਦਰਸ਼ਨ ਕੁਮਾਰ ਕੌੜਾ, ਸਾ. ਕੌਂਸਲਰ ਗੋਪਾਲ ਸਿੰਘ ਖਨੌੜਾ, ਗੁ: ਰੋੜੀ ਸਾਹਿਬ ਚਹਿਲ ਪ੍ਰਧਾਨ ਰਣਧੀਰ ਸਿੰਘ ਢੀਂਡਸਾ, ਮਨਦੀਪ ਵਰਮਾ ਜਿਊਲਰਜ਼, ਚੇਅਰਮੈਨ ਸੁਖਬੀਰ ਸਿੰਘ ਪੰਧੇਰ, ਕੋ: ਸੋਸਾਇਟੀ ਪ੍ਰਧਾਨ ਅਮਰਜੀਤ ਸਿੰਘ ਗੱਗੀ, ਨੰਬਰਦਾਰ ਕਮਲਜੀਤ ਸਿੰਘ, ਤੇਜ ਸਿੰਘ ਪਨੈਚ, ਗੁ: ਨਾਮਦੇਵ ਪ੍ਰਧਾਨ ਧਰਮ ਸਿੰਘ, ਪਵਨ ਸਿੰਘ, ਸਰਪੰਚ ਸੁਰਜੀਤ ਸਿੰਘ, ਗੁ: ਨਾਨਕਸਰ ਸਾਹਿਬ ਪ੍ਰਧਾਨ ਤੇਜਿੰਦਰ ਸਿੰਘ ਪੰਧੇਰ, ਰਣਜੋਧ ਸਿੰਘ ਨੰਬੜਦਾਰ ਦਰਗਾਪੁਰ, ਗੁਰਵਿੰਦਰ ਸਿੰਘ ਪਨੈਚ, ਸਾ. ਪੰਚ ਸੁਖਦੇਵ ਸਿੰਘ ਪੰਧੇਰ, ਵੇਦ ਪ੍ਰਕਾਸ਼ ਭਾਦਸੋਂ ਤੋਂ ਇਲਾਵਾ ਵੱਡੀ ਗਿਣਤੀ ਪਿੰਡ ਚਹਿਲ ਅਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।

# ਡਾ. ਬੀ. ਐੱਸ. ਸੰਧੂ ਸਕੂਲ 'ਚ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ

ਦੇਵੀਗੜ੍ਹ, 23 ਜਨਵਰੀ (ਗੁਰਜੀਤ ਸਿੰਘ ਢੋਟ) : ਡਾ. ਬੀ. ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ ਵਿਖੇ ਵਿੱਦਿਆ ਦੀ ਦੇਵੀ ਮਾਂ ਸਰਸਵਤੀ ਨੂੰ ਸਮਰਪਿਤ ਬਸੰਤ ਪੰਚਮੀ ਦਾ ਤਿਉਹਾਰ ਬਹੁਤ



ਹੀ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ।ਇਸ ਪ੍ਰੋਗਰਾਮ ਵਿੱਚ ਖਾਸ ਖਿੱਚ ਦਾ ਕੇਂਦਰ ਪ੍ਰੀ-ਪ੍ਰਾਇਮਰੀ ਵਿਭਾਗ ਦੇ ਬੱਚੇ ਰਹੇ। ਇਨ੍ਹਾਂ ਛੋਟੇ ਬੱਚਿਆਂ ਲਈ ਖਾਸ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ ਸੀ, ਜਿਸ ਵਿੱਚ ਉਨ੍ਹਾਂ ਨੇ ਪੀਲੇ ਰੰਗ ਦੇ ਪਹਿਰਾਵੇ ਪਹਿਨ ਕੇ ਬਹੁਤ ਹੀ ਉਤਸ਼ਾਹ ਨਾਲ ਹਿੱਸਾ ਲਿਆ। ਬੱਚਿਆਂ ਨੇ ਕਵਿਤਾ ਉਚਾਰਨ, ਪੀਲੇ ਰੰਗ ਦੇ ਖਿਡੌਣਿਆਂ ਨਾਲ ਖੇਡਣਾ ਅਤੇ ਚਿੱਤਰਕਾਰੀ ਵਰਗੀਆਂ ਗਤੀਵਿਧੀਆਂ ਰਾਹੀਂ ਆਪਣੀ ਕਲਾ ਦੇ ਜੌਹਰ ਦਿਖਾਏ।ਸਕੂਲ ਦੇ ਚੇਅਰਮੈਨ ਸ੍. ਹਰਦੀਪ ਸਿੰਘ ਸੰਧੂ ਨੇ ਸਾਰਿਆਂ ਨੂੰ ਬਸੰਤ ਪੰਚਮੀ ਦੀ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਅਨੁਸ਼ਾਸਨ ਵਿੱਚ ਰਹਿ ਕੇ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਡਾਇਰੈਕਟਰ ਮਿਸਿਜ਼ ਰਜਿੰਦਰ ਕੌਰ ਸੰਧੂ ਨੇ ਪ੍ਰੀ-ਪ੍ਰਾਇਮਰੀ ਬੱਚਿਆਂ ਦੀਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਵਿਧਾਇਕ ਨਾਭਾ ਵੱਲੋਂ ਸਿਹਤ ਬੀਮਾ ਯੋਜਨਾ ਦੇ ਤਹਿਤ ਵਰਕਰਾਂ ਤੇ ਆਗੂਆਂ ਨੂੰ ਦਿਖਾਇਆ ਲਾਈਵ ਪ੍ਰੋਗਰਾਮ

ਨਾਭਾ, 23 ਜਨਵਰੀ (ਬਲਜਿੰਦਰ ਮਾਨ) : ਹਲਕਾ ਵਿਧਾਨ ਸਭਾ ਨਾਭਾ ਤੋਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ 10 ਲੱਖ ਰੁਪਏ ਸਿਹਤ ਬੀਮਾ ਯੋਜਨਾ ਸਬੰਧੀ ਵਿਸਥਾਰ



ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵਿਧਾਇਕ ਦੇਵ ਮਾਨ ਨੇ ਕਿਹਾ ਕਿ ਇਹ ਯੋਜਨਾ ਪੰਜਾਬ ਸਰਕਾਰ ਦੀ ਇੱਕ ਇਤਿਹਾਸਕ ਅਤੇ ਲੋਕਹਿੱਤ ਵਿੱਚ ਵੱਡੀ ਪਹਿਲ ਹੈ, ਜੋ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹਰ ਪਰਿਵਾਰ ਲਈ 10 ਲੱਖ ਦਾ ਮੁਫ਼ਤ ਸਿਹਤ ਬੀਮੇ ਦੀ ਅੱਜ ਸ਼ੁਰੂਆਤ ਕੀਤੀ ਗਈ ਹੈ। ਜਿਸ ਦਾ ਲਾਈਵ ਵੀਡਿਓ ਲੋਕਾਂ ਨੂੰ ਦਿਖਾਇਆ ਗਿਆ ਹੈ। ਦੇਵ ਮਾਨ ਨੇ ਦੱਸਿਆ ਕਿ ਜਿਸ ਦਾ ਮੁੱਖ ਮੰਤਵ ਹਰ ਪਰਿਵਾਰ ਨੂੰ ਬਿਨਾਂ ਕਿਸੇ ਭੇਦਭਾਵ ਦੇ ਉੱਚ ਦਰਜੇ ਦੀ ਸਿਹਤ ਸਹੂਲਤ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਹਲਕੇ ਦੇ ਹਰ ਘਰ ਤੱਕ ਪਹੁੰਚਣੀ ਚਾਹੀਦੀ ਹੈ, ਤਾਂ ਜੋ ਕੋਈ ਵੀ ਲੋੜਵੰਦ ਇਸ ਤੋਂ ਵਾਂਝਾ ਨਾ ਰਹੇ। ਇਸ ਮੌਕੇ ਗੁਰਦੀਪ ਸਿੰਘ ਟਿਵਾਣਾ, ਦੀਪਾ ਰਾਮਗੜ੍ਹ, ਸੰਦੀਪ ਸ਼ਰਮਾ, ਰਮੇਸ਼ ਤਲਵਾੜ, ਕਰਮਜੀਤ ਸਿੰਘ ਅਲੋਹਰਾ, ਸੁਰਿੰਦਰ ਗੁਪਤਾ, ਕਪਿਲ ਮਾਨ, ਭੁਵੇਸ਼ ਬਾਂਸਲ, ਦੀਪ ਉੱਧਮ ਸਿੰਘ, ਅਮਰੀਕ ਸਿੰਘ, ਭੁਪਿੰਦਰ ਸਿੰਘ ਕੱਲਰ ਮਜਰੀ, ਸੁਖਦੇਵ ਸਿੰਘ ਮਾਨ, ਕਸ਼ਮੀਰ ਸਿੰਘ ਲਾਲਕਾ, ਕੁਲਵੰਤ ਸਿੰਘ ਖਹਿਰਾ, ਹਰਮੇਸ਼ ਮੇਸ਼ੀ, ਹਰੀਸ਼ ਸ਼ਰਮਾ ਜਸਵੀਰ ਸਿੰਘ ਵਜੀਦਪੁਰ, ਸੁਖਦੀਪ ਸਿੰਘ ਖਹਿਰਾ , ਮਨਪ੍ਰੀਤ ਸਿੰਘ ਕਾਲੀਆ ,ਰਾਜੀ ਪਾਠਕ ਸਰਪੰਚ , ਜਸਵਿੰਦਰ ਸਿੰਘ ਅੱਚਲ , ਮੇਜਰ ਸਿੰਘ ਤੁੰਗਾਂ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਦੇ ਵਰਕਰ ਅਤੇ ਆਗੂ ਹਾਜ਼ਰ ਸਨ।

# ਲੱਖਾਂ ਦੇ ਸਰਕਾਰੀ ਚਾਵਲ ਖੁਰਦ-ਬੁਰਦ ਕਰਨ ਦੇ ਦੋਸ਼ 'ਚ ਸ਼ੈਲਰ ਮਾਲਕਾਂ ਖ਼ਿਲਾਫ਼ ਮਾਮਲਾ ਦਰਜ

ਸਮਾਣਾ, 23 ਜਨਵਰੀ (ਵਿਜੇ ਕੁਮਾਰ) : ਰਾਈਸ ਮਿੱਲ ਵਿੱਚ ਭੰਡਾਰ ਕੀਤੇ ਝੋਨੇ ਤੋਂ ਤਿਆਰ ਚੌਲਾਂ ਦੀ ਪੂਰੀ ਮਾਤਰਾ ਨਾ ਮੋੜਨ ਅਤੇ ਬਕਾਇਆ 37.16 ਲੱਖ ਰੁਪਏ ਦੀ ਰਕਮ ਦੀ ਅਦਾਇਗੀ ਨਾ ਕਰਨ ਦੇ ਦੋਸ਼ ਵਿੱਚ ਸਦਰ ਪੁਲਿਸ ਨੇ ਸ਼ੈਲਰ ਮਾਲਕ ਮਹਿੰਦਰ ਸਿੰਘ (ਵਾਸੀ ਪਿੰਡ ਖੇੜਕੀ) ਅਤੇ ਰਣਜੋਤ ਸਿੰਘ (ਵਾਸੀ ਪਿੰਡ ਖੇੜੀ ਫੱਤਣ) ਖ਼ਿਲਾਫ਼ ਧੋਖਾਧੜੀ ਦਾ ਮਾਮਲਾ ਦਰਜ ਕੀਤਾ ਹੈ। ਮਾਮਲੇ ਦੇ ਜਾਂਚ ਅਧਿਕਾਰੀ ਸਦਰ ਪੁਲਸ ਦੇ ਏ.ਐੱਸ.ਆਈ. ਨਿਰਮਲ ਸਿੰਘ ਵਿਰਕ ਨੇ ਦੱਸਿਆ ਕਿ ਸਰਕਾਰੀ ਖੁਰਾਕ ਏਜੰਸੀ ਪਨਗ੍ਰੇਨ ਦੇ ਜ਼ਿਲ੍ਹਾ ਮੈਨੇਜਰ ਪਟਿਆਲਾ ਵੱਲੋਂ ਜ਼ਿਲ੍ਹਾ ਪੁਲਸ ਦੇ ਉੱਚ ਅਧਿਕਾਰੀਆਂ ਨੂੰ ਦਿੱਤੀ ਗਈ ਸ਼ਿਕਾਇਤ ਅਨੁਸਾਰ, ਪਨਗ੍ਰੇਨ ਵਿਭਾਗ ਨੇ ਗੁਰੂ ਕਿਰਪਾ ਰਾਈਸ ਮਿੱਲ ਪਿੰਡ ਖੇੜੀ ਫੱਤਣ ਵਿੱਚ ਸਾਲ 2023-24 ਦੌਰਾਨ ਝੋਨੇ ਤੋਂ ਤਿਆਰ 15862 ਕੁਇੰਟਲ ਚੌਲ ਭੰਡਾਰ ਕੀਤੇ ਸਨ। ਇਹ ਚੌਲ ਰਾਈਸ ਮਿੱਲ ਵੱਲੋਂ 31 ਅਕਤੂਬਰ 2024 ਤੱਕ ਜਮ੍ਹਾਂ ਕਰਵਾਉਣੇ ਸਨ, ਜਦੋਂਕਿ ਇਸ ਦੌਰਾਨ ਸਿਰਫ਼ 13468 ਕੁਇੰਟਲ ਚੌਲ ਹੀ ਦਿੱਤੇ ਗਏ ਅਤੇ ਬਾਕੀ ਰਹਿੰਦੇ 2394 ਕੁਇੰਟਲ ਚੌਲ ਨਾ ਦੇ ਕੇ ਉਨ੍ਹਾਂ ਨੂੰ ਖੁਰਦ-ਬੁਰਦ ਕਰ ਦਿੱਤਾ ਗਿਆ। ਅਧਿਕਾਰੀ ਅਨੁਸਾਰ ਫੂਡ ਕਾਰਪੋਰੇਸ਼ਨ ਵੱਲੋਂ ਵੀ ਰਾਈਸ ਮਿੱਲ ਨੂੰ ਸਕਿਓਰਿਟੀ, ਮਿਲਿੰਗ ਚਾਰਜ ਆਦਿ ਦੇ ਖਰਚੇ ਵਜੋਂ 17.09 ਲੱਖ ਰੁਪਏ ਦੀ ਰਕਮ ਦੇਣੀ ਸੀ। ਇਸ ਰਕਮ ਨੂੰ ਐਡਜਸਟ ਕਰਨ ਤੋਂ ਬਾਅਦ ਵੀ ਮੁਲਜ਼ਮਾਂ ਨੇ ਬਾਕੀ ਰਹਿੰਦੀ 37.16 ਲੱਖ ਰੁਪਏ ਦੀ ਰਾਸ਼ੀ ਦਾ ਭੁਗਤਾਨ ਨਹੀਂ ਕੀਤਾ। ਉੱਚ ਅਧਿਕਾਰੀਆਂ ਵੱਲੋਂ ਮਾਮਲੇ ਦੀ ਪੜਤਾਲ ਤੋਂ ਬਾਅਦ ਦਿੱਤੇ ਗਏ ਹੁਕਮਾਂ ਅਨੁਸਾਰ, ਸਦਰ ਪੁਲਿਸ ਨੇ ਮੁਲਜ਼ਮਾਂ ਖ਼ਿਲਾਫ਼ ਧੋਖਾਧੜੀ ਦਾ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਕੁੱਟਮਾਰ ਤੇ ਅਸ਼ਲੀਲ ਹਰਕਤਾਂ ਕਰਨ ਸਬੰਧੀ ਮਾਮਲਾ ਦਰਜ

ਪਟਿਆਲਾ, 23 ਜਨਵਰੀ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਕੋਲ ਗੁਰਵਿੰਦਰ ਕੌਰ ਪਤਨੀ ਗੁਲਜ਼ਾਰ ਸਿੰਘ ਵਾਸੀ ਪਿੰਡ ਧਰਮਹੇੜੀ ਨੇ ਕਥਿਤ ਦੋਸ਼ੀਆਂ ਸ਼ਰਨਜੀਤ ਸਿੰਘ, ਅੰਗਰੇਜ ਸਿੰਘ, ਬਿਕਰਮਜੀਤ ਸਿੰਘ, ਗੁਰਜੰਟ ਸਿੰਘ, ਗੁਰਨਾਮ ਸਿੰਘ ਵਾਸੀ ਪਿੰਡ ਧਰਮਹੇੜੀ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਪਤੀ ਅਤੇ ਬੱਚਿਆ ਸਮੇਤ ਆਪਣੀ ਜਗ੍ਹਾ ਵਿੱਚ ਖੜ੍ਹੀ ਸੀ ਤਾਂ ਕਥਿਤ ਦੋਸ਼ੀਆਂ ਨੇ ਮੌਕੇ 'ਤੇ ਆ ਕੇ ਉਸ ਅਤੇ ਉਸਦੇ ਪਤੀ ਦੀ ਘੇਰ ਕੇ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ ਤੇ ਉਸ ਨਾਲ ਅਸ਼ਲੀਲ ਹਰਕਤਾਂ ਵੀ ਕੀਤੀਆਂ। ਪੁਲਿਸ ਨੇ ਧਾਰਾ 115(2), 126(2), 351(2), 329(3), 74,191(3), 190 ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਹੈਰੋਇਨ ਸਮੇਤ ਇੱਕ ਨੌਜਵਾਨ ਕਾਬੂ

ਸਮਾਣਾ, 23 ਜਨਵਰੀ (ਵਿਜੇ ਕੁਮਾਰ) : ਸਿਟੀ ਪੁਲਿਸ ਨੇ ਇਕ ਨੌਜਵਾਨ ਨੂੰ ਦੋ ਗ੍ਰਾਮ ਚਿੱਟੇ/ਹੈਰੋਇਨ ਸਮੇਤ ਕਾਬੂ ਕਰਕੇ ਉਸ ਦੇ ਖਿਲਾਫ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਵਿਨੈ ਕੁਮਾਰ ਵਾਸੀ ਦੁਸਹਿਰਾ ਗਰਾਊਂਡ, ਸਮਾਣਾ ਵਜੋਂ ਹੋਈ ਹੈ।ਸਿਟੀ ਪੁਲਿਸ ਮੁਖੀ ਬਲਜੀਤ ਸਿੰਘ ਨੇ ਦੱਸਿਆ ਕਿ ਏ.ਐਸ.ਆਈ. ਰਾਜਵਿੰਦਰ ਕੌਰ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਸਹਿਜਪੁਰ ਚੌਂਕ ਵਿੱਚ ਮੌਜੂਦ ਸੀ। ਉਸ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਪੰਜਪੀਰ ਸਮਾਣਾ ਨੇੜੇ ਨਸ਼ਾ ਵੇਚਣ ਲਈ ਗਾਹਕਾਂ ਦੀ ਉਡੀਕ ਕਰ ਰਿਹਾ ਹੈ। ਪੁਲਿਸ ਪਾਰਟੀ ਵੱਲੋਂ ਕੀਤੀ ਗਈ ਛਾਪੇਮਾਰੀ ਦੌਰਾਨ 2 ਗ੍ਰਾਮ ਚਿੱਟਾ/ਹੈਰੋਇਨ ਬਰਾਮਦ ਹੋਣ 'ਤੇ ਮੁਲਜ਼ਮ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।

## ਚੋਰੀ ਦਾ ਮੋਟਰਸਾਈਕਲ ਬ੍ਰਾਮਦ

ਪਟਿਆਲਾ, 23 ਜਨਵਰੀ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਨੇ ਕਥਿਤ ਦੋਸ਼ੀ ਦਵਿੰਦਰ ਸਿੰਘ ਵਾਸੀ ਪਿੰਡ ਜਾਹਲਾਂ ਕਲਾਂ ਵਿਰੁੱਧ ਧਾਰਾ 317 (2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਵਰਿੰਦਰ ਕੁਮਾਰ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਬਾਈਪਾਸ ਪੁੱਲ ਹੇਠਾਂ ਮੌਜੂਦ ਸੀ, ਜੋ ਕਥਿਤ ਦੋਸ਼ੀ ਦੇ ਬਿਨ੍ਹਾ ਨੰਬਰੀ ਮੋਟਰਸਾਈਕਲ ਨੂੰ ਰੋਕ ਕੇ ਚੈਕ ਕਰਨ ਪਰ ਦੌਰਾਨੇ ਪੁਛਗਿੱਛ ਮੋਟਰਸਾਇਕਲ ਚੋਰੀ ਦਾ ਪਾਇਆ ਗਿਆ।

# ਸਨਾਤਨ ਬੋਰਡ ਪ੍ਰੀਸ਼ਦ ਵੱਲੋਂ ਮੋਹਿਤ ਕੌਸ਼ਿਕ ਕੋਆਰਡੀਨੇਟਰ ਪੰਜਾਬ ਤੇ ਅਮਨਦੀਪ ਸ਼ਰਮਾ ਜ਼ਿਲ੍ਹਾ ਕੋਆਰਡੀਨੇਟਰ ਨਿਯੁਕਤ

ਪਟਿਆਲਾ, 23 ਜਨਵਰੀ (ਚ.ਨ.ਸ.): ਸਨਾਤਨ ਬੋਰਡ ਪਰਿਸ਼ਦ ਦੇ ਰਾਸ਼ਟਰੀ ਚੇਅਰਮੈਨ ਅਮਿੱਤ ਭਾਰਦਵਾਜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੂਬਾ ਅਤੇ ਜ਼ਿਲ੍ਹਾ ਪੱਧਰ 'ਤੇ ਨਿਯੁਕਤੀਆਂ ਗਈਆਂ ਗਈਆਂ, ਜਿਸ ਵਿਚ ਮੋਹਿਤ



ਕੌਸ਼ਿਕ ਨੂੰ ਕੋਆਰਡੀਨੇਟਰ ਪੰਜਾਬ ਅਤੇ ਅਮਨਦੀਪ ਸ਼ਰਮਾ ਨੂੰ ਪਟਿਆਲਾ ਜ਼ਿਲ੍ਹਾ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਸਨਾਤਨ ਬੋਰਡ ਪਰਿਸ਼ਦ ਵੱਲੋਂ ਅਮਨਦੀਪ ਸ਼ਰਮਾ ਮੀਡੀਆ ਇੰਚਾਰਜ ਸ੍ਰੀ ਸਨਾਤਨ ਧਰਮ ਸੇਵਾ ਗਊ ਰਕਸ਼ਕ ਫਾਊਂਡੇਸ਼ਨ ਦੀਆਂ ਸੇਵਾਵਾਂ ਦੇਖਦੇ ਹੋਏ ਉਨ੍ਹਾਂ ਨੂੰ ਇਹ ਅਹੁਦਾ ਦਿੱਤਾ ਗਿਆ ਹੈ। ਇਸ ਮੌਕੇ ਅਮਨਦੀਪ ਸ਼ਰਮਾ ਕਿਹਾ ਕਿ ਉਹ ਹਮੇਸ਼ਾ ਹੀ ਗਊ ਸੇਵਾ,ਹਿੰਦੂ ਧਰਮ ਅਤੇ ਸਮਾਜ ਸੇਵਾ ਵਿਚ ਹਰ ਸਮੇਂ ਤਤਪਰ ਰਹਿੰਦੇ ਹਨ। ਸਨਾਤਨ ਬੋਰਡ ਵੱਲੋਂ ਉਨ੍ਹਾਂ ਜੋ ਜਿੰਮੇਵਾਰੀ ਸੌਂਪੀ ਗਈ ਹੈ ਉਹ ਇਸ ਨੂੰ ਬਹੁਤ ਵਧੀਆ ਤਰੀਕੇ ਨਾਲ ਨਿਭਾਉਣਗੇ। ਅਮਨਦੀਪ ਸ਼ਰਮਾ ਨੇ ਕਿਹਾ ਕਿ ਉਹ ਹਿੰਦੂ ਧਰਮ ਦੀ ਪ੍ਰਫੁਲਤਾ ਅਤੇ ਸਮਾਗਮਾਂ ਵਿਚ ਵਧ ਚੜ੍ਹ ਕੇ ਹਿੱਸਾ ਲੈਂਦਾ ਹਨ ਅਤੇ ਕਿਧਰੇ ਹਿੰਦੂ ਸਮਾਜ ਨਾਲ ਕਿਸੇ ਕਿਸਮ ਦੀ ਕੋਈ ਜਿਆਦਤੀ ਜਾਂ ਵਿਤਕਰਾ ਹੁੰਦਾ ਹੈ ਤਾਂ ਉਸ ਦਾ ਡਟ ਕੇ ਵਿਰੋਧ ਕਰਦੇ ਹਨ। ਅਮਨਦੀਪ ਸ਼ਰਮਾ ਨੇ ਕਿਹਾ ਕਿ ਮੈਂ ਸਨਾਤਨ ਬੋਰਡ ਪਰਿਸ਼ਦ ਦਾ ਅਤੇ ਮੋਹਿਤ ਕੌਸ਼ਿਕ ਕੋਆਰਡੀਨੇਟਰ ਪੰਜਾਬ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੂੰ ਜ਼ਿਲ੍ਹਾ ਕੋਆਰਡੀਨੇਟਰ ਨਿਯੁਕਤ ਕੀਤਾ ਹੈ। ਮੈਂ ਵਿਸ਼ਵਾਸ ਦਿਵਾਉਂਦਾ ਹਾਂ ਕਿ ਹਰ ਸਮੇਂ ਗਊ ਸੇਵਾ ਅਤੇ ਹਿੰਦੂ ਧਰਮ ਦੇ ਨਾਲ ਖੜ੍ਹਾ ਹਾਂ।

# ਮਿਲੇਨੀਅਮ ਵਰਲਡ ਸਕੂਲ 'ਚ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ



ਸਮਾਣਾ , 23 ਜਨਵਰੀ (ਵਿਜੇ ਕੁਮਾਰ/ਜਵੰਦਾ) : ਮਿਲੇਨੀਅਮ ਵਰਲਡ ਸਕੂਲ, ਸਮਾਣਾ ਵਿੱਚ ਬਸੰਤ ਪੰਚਮੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਮਾਂ ਸਰਸਵਤੀ ਦੀ ਅਰਾਧਨਾ ਨਾਲ ਹੋਈ। ਇਸ ਤੋਂ ਬਾਅਦ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਭਾਸ਼ਣ ਦਿੱਤੇ ਗਏ, ਜਿਨ੍ਹਾਂ ਵਿੱਚ ਸਿੱਖਿਆ, ਗਿਆਨ ਅਤੇ ਸੰਸਕ੍ਰਿਤੀ ਦੀ ਮਹੱਤਤਾ ਬਾਰੇ ਦੱਸਿਆ ਗਿਆ। ਵਿਦਿਆਰਥੀਆਂ ਨੇ ਸੁਰੀਲੇ ਗੀਤ, ਕਵਿਤਾਵਾਂ ਅਤੇ ਦਿਲਚਸਪ ਕਵੀਜ਼ ਰਾਹੀਂ ਸਭਾ ਨੂੰ ਰੰਗੀਨ ਬਣਾਇਆ। ਇਸ ਮੌਕੇ ਸਕੂਲ ਚੇਅਰਮੈਨ ਡਾ.ਕੇ.ਕੇ. ਜੌਹਰੀ ਨੇ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਦੀ ਪ੍ਰਿੰਸੀਪਲ ਸ਼ਾਲਿਨੀ ਕਾਜਲਾ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਪ੍ਰਸ਼ੰਸਾ ਕੀਤੀ।

# ਪਰਮਿੰਦਰਪਾਲ ਸਿੰਘ ਵੜੈਚ ਦੂਜੀ ਵਾਰ ਬਣੇ ਜੈ ਜਵਾਨ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ

ਪਟਿਆਲਾ, 23 ਜਨਵਰੀ (ਚ.ਨ.ਸ.) : ਵਾਰਡ ਨੰ: 54 ਬਡੂੰਗਰ ਅਧੀਨ ਆਉਂਦੇ ਰਿਹਾਇਸ਼ੀ ਇਲਾਕੇ ਜੈ ਜਵਾਨ ਕਲੋਨੀ ਵਾਸੀਆਂ ਅਤੇ ਵਾਰਡ ਨੰਬਰ 54 ਦੇ ਕੌਂਸਲਰ ਜਗਮੋਹਨ ਸਿੰਘ ਚੌਹਾਨ ਦੀ



ਮੌਜੂਦਗੀ ਵਿੱਚ ਜੈ ਜਵਾਨ ਵੈਲਫੇਅਰ ਸੁਸਾਇਟੀ ਦੇ ਦੂਜੀ ਵਾਰ ਦੋ ਸਾਲਾਂ ਲਈ ਪਰਮਿੰਦਰਪਾਲ ਸਿੰਘ ਵੜੈਚ ਦੀ ਪ੍ਰਧਾਨ ਵਜੋਂ ਚੋਣ ਸਰਵਸੰਮਤੀ ਨਾਲ ਕੀਤੀ ਗਈ। ਇਸਦੇ ਨਾਲ ਹੀ ਕੈਬਨਿਟ ਦੇ ਨਵੇਂ ਅਹੁਦੇਦਾਰਾਂ ਦੀ ਚੋਣ ਵੀ ਕਰ ਦਿੱਤੀ ਗਈ, ਜਿਨ੍ਹਾਂ ਵਿੱਚ ਬਲਜਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ, ਦਰਸ਼ਨ ਸਿੰਘ ਮੀਤ ਪ੍ਰਧਾਨ, ਮੁਹੰਮਦ ਜੁਨੈਦ ਆਲਮ ਖਜ਼ਾਨਚੀ, ਜਤਿੰਦਰ ਸਿੰਘ ਸੰਧੂ ਸੰਯੁਕਤ ਖਜ਼ਾਨਚੀ, ਜਤਿੰਦਰ ਸਿੰਘ ਸਕੱਤਰ, ਰਣਜੀਤ ਸਿੰਘ ਸੰਯੁਕਤ ਸਕੱਤਰ, ਸਤਨਾਮ ਸਿੰਘ ਪ੍ਰੈਸ ਸਕੱਤਰ ਅਤੇ ਇਨ੍ਹਾਂ ਤੋਂ ਇਲਾਵਾ ਸਰਤਾਜ ਸਿੰਘ ਸਿੱਧੂ, ਜਗਤਾਰ ਸਿੰਘ ਗਰੇਵਾਲ, ਹਰਜਿੰਦਰ ਕੌਰ, ਰਣਜੀਤ ਸਿੰਘ, ਬਲਦੇਵ ਸਿੰਘ, ਮੁਨੀਸ਼ ਕੁਮਾਰ, ਜਗਦੀਪ ਸਿੰਘ ਵੜੈਚ, ਪਰਮਜੀਤ ਸਿੰਘ ਖਾਲਸਾ, ਜਸਪਾਲ ਸਿੰਘ ਸੰਧੂ, ਮੱਘਰ ਸਿੰਘ ਮੱਟੂ ਮੈਂਬਰ ਕਾਰਜਕਾਰੀ ਚੁਣੇ ਗਏ।

# ਪਬਲਿਕ ਕਾਲਜ ਵੱਲੋਂ ਰਾਸ਼ਟਰੀ ਪੱਧਰ ਦਾ ਆਨਲਾਈਨ ਅਧਿਆਪਕ ਵਿਕਾਸ ਪ੍ਰੋਗਰਾਮ

ਸਮਾਣਾ, 23 ਜਨਵਰੀ (ਵਿਜੇ ਕੁਮਾਰ) : ਪਬਲਿਕ ਕਾਲਜ ਸਮਾਣਾ ਵਿੱਚ ਉੱਚ ਸਿੱਖਿਆ ਨੂੰ ਹੋਰ ਗੁਣਵੱਤਾ ਭਰਪੂਰ ਬਣਾਉਣ ਦੇ ਉਦੇਸ਼ ਨਾਲ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਦੀ ਅਗਵਾਈ ਹੇਠ ਰਾਸ਼ਟਰੀ ਪੱਧਰ ਦਾ ਇੱਕ ਹਫ਼ਤੇ ਦਾ ਆਨਲਾਈਨ ਅਧਿਆਪਕ ਵਿਕਾਸ ਪ੍ਰੋਗਰਾਮ ਕਰਵਾਇਆ ਗਿਆ। ਇਹ ਕਾਰਜਕ੍ਰਮ ਸਮੁੱਚੀ, ਖੋਜ-ਅਧਾਰਿਤ ਅਤੇ ਬਹੁ-ਵਿਸ਼ਿਆਂਕ ਸਿੱਖਿਆ ਰਾਹੀਂ ਉੱਚ ਸਿੱਖਿਆ ਦਾ ਸਸ਼ਕਤੀਕਰਨ: ਨਵੀਂ ਸਿੱਖਿਆ ਨੀਤੀ -2020 ਦੇ ਪਰਿਪੇਖ ਵਿੱਚਵਿਸ਼ੇ 'ਤੇ ਅਧਾਰਿਤ ਸੀ।ਇਸ ਕਾਰਜਕ੍ਰਮ ਵਿੱਚ ਇਕਾਈ ਦੀ ਸਹਿ-ਸੰਚਾਲਕ ਡਾ. ਹਰਕੀਰਤਨ ਕੌਰ ਦੀ ਅਹਿਮ ਭੂਮਿਕਾ ਰਹੀ। ਇਸ ਪ੍ਰੋਗਰਾਮ ਦੀ ਸੰਚਾਲਕ ਡਾ. ਨਿਧੀ ਬਾਂਸਲ ਸਨ, ਜਦੋਂਕਿ ਆਯੋਜਕ ਸਕੱਤਰ ਡਾ. ਨਿਕੀਤਾ ਨੇ ਪੂਰੇ ਪ੍ਰੋਗਰਾਮ ਦੇ ਸੁਚਾਰੂ ਅਤੇ ਸਫਲ ਸੰਚਾਲਨ ਦੀ ਜ਼ਿੰਮੇਵਾਰੀ ਨਿਭਾਈ। ਇੱਕ ਹਫ਼ਤੇ ਤੱਕ ਚੱਲੇ ਇਸ ਆਨਲਾਈਨ ਅਧਿਆਪਕ ਵਿਕਾਸ ਪ੍ਰੋਗਰਾਮ ਵਿੱਚ ਦੇਸ਼ ਦੇ ਵੱਖ-ਵੱਖ ਰਾਜਾਂ ਦੇ ਨਾਲ-ਨਾਲ ਵਿਦੇਸ਼ਾਂ ਤੋਂ ਵੀ ਵੱਡੀ ਗਿਣਤੀ ਵਿੱਚ ਅਧਿਆਪਕਾਂ ਅਤੇ ਖੋਜ ਵਿਦਿਆਰਥੀਆਂ ਨੇ ਭਾਗ ਲਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਨਵੀਂ ਸਿੱਖਿਆ ਨੀਤੀ-2020 ਦੇ ਤਹਿਤ ਉੱਚ ਸਿੱਖਿਆ ਵਿੱਚ ਸਮੁੱਚੇ ਵਿਕਾਸ, ਖੋਜ-ਅਧਾਰਿਤ ਅਧਿਆਪਨ ਪ੍ਰਣਾਲੀ ਅਤੇ ਬਹੁ-ਵਿਸ਼ਿਆਂਕ ਦ੍ਰਿਸ਼ਟੀਕੋਣ ਨੂੰ ਉਤਸ਼ਾਹਿਤ ਕਰਨਾ ਸੀ। ਪ੍ਰੋਗਰਾਮ ਦੌਰਾਨ ਵੱਖ-ਵੱਖ ਵਿਸ਼ੇਸ਼ ਗਿਆਨ ਵਕਤਾਵਾਂ ਵੱਲੋਂ ਸਿੱਖਿਆ ਨੀਤੀ-2020, ਖੋਜ ਸੰਸਕ੍ਰਿਤੀ ਦਾ ਵਿਕਾਸ, ਬਹੁ-ਵਿਸ਼ਿਆਂਕ ਸਿੱਖਣ ਪ੍ਰਣਾਲੀ, ਹੁਨਰ-ਅਧਾਰਿਤ ਸਿੱਖਿਆ ਅਤੇ ਉੱਚ ਸਿੱਖਿਆ ਵਿੱਚ ਨਵੀਨਤਾਵਾਂ ਵਰਗੇ ਅਹਿਮ ਵਿਸ਼ਿਆਂ 'ਤੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ ਗਏ। ਸਾਰੇ ਸੈਸ਼ਨ ਇੰਟਰਐਕਟਿਵ ਰਹੇ, ਜਿਸ ਨਾਲ ਭਾਗੀਦਾਰਾਂ ਨੂੰ ਪ੍ਰਸ਼ਨ ਪੁੱਛਣ ਅਤੇ ਆਪਣੇ ਅਨੁਭਵ ਸਾਂਝੇ ਕਰਨ ਦਾ ਪੂਰਾ ਮੌਕਾ ਮਿਲਿਆ। ਸਮਾਪਨ ਸੈਸ਼ਨ ਦੌਰਾਨ ਆਯੋਜਕਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਅਕਾਦਮਿਕ ਪ੍ਰੋਗਰਾਮ ਅਧਿਆਪਕਾਂ ਨੂੰ ਨਵੀਂ ਸਿੱਖਿਆ ਨੀਤੀ ਨੂੰ ਗਹਿਰਾਈ ਨਾਲ ਸਮਝਣ ਅਤੇ ਉਸਨੂੰ ਆਪਣੀ ਅਧਿਆਪਨ ਪ੍ਰਕਿਰਿਆ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਭਾਰਤੀ ਜਨਤਾ ਪਾਰਟੀ 2027 'ਚ ਪੰਜਾਬ 'ਚ ਬਣਾਏਗੀ ਸਰਕਾਰ : ਬਿਕਰਮਜੀਤ ਇੰਦਰ ਸਿੰਘ ਚਹਿਲ



ਦੇਵੀਗੜ੍ਹ, 23 ਜਨਵਰੀ (ਗੁਰਜੀਤ ਸਿੰਘ ਢੋਟ) : ਭਾਰਤੀ ਜਨਤਾ ਪਾਰਟੀ 2027 ਵਿੱਚ ਵੱਡੇ ਮਾਰਜਨ ਨਾਲ ਜਿੱਤ ਕੇ ਸਰਕਾਰ ਬਣਾਏਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਇੰਚਾਰਜ ਬਿਕਰਮਜੀਤ ਇੰਦਰ ਸਿੰਘ ਚਹਿਲ ਵੱਲੋਂ ਸਰਗਰਮ ਵਰਕਰ ਜੋਬਨ ਵਿਰਕ ਪਠਾਣਮਾਜਰਾ ਆਪਣੇ ਦਰਜ਼ਨਾਂ ਸਾਥੀਆਂ ਨਾਲ ਭਾਜਪਾ ਦੇ ਜ਼ਿਲ੍ਹਾ ਦਿਹਾਤੀ ਉਤਰੀ ਦੇ ਪ੍ਰਧਾਨ ਜਸਪਾਲ ਸਿੰਘ ਭੰਗੂ ਗੰਗਰੌਲੀ ਅਤੇ ਸੰਦੀਪ ਸ਼ਰਮਾ ਦੇ ਯਤਨਾਂ ਸਦਕਾ ਹਲਕਾ ਇੰਚਾਰਜ ਬਿਕਰਮਜੀਤ ਇੰਦਰ ਸਿੰਘ ਚਹਿਲ ਦੀ ਮੌਜੂਦਗੀ ਵਿੱਚ ਹੋਰ ਪਾਰਟੀ ਨੂੰ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੁਣ ਮੌਕੇ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜੋਬਨ ਪਠਾਣਮਾਜਰਾ ਨੂੰ ਜਲਦੀ ਹੀ ਕੋਈ ਵੱਡੇ ਆਹੁਦੇ ਦੀ ਜਿੰਮੇਵਾਰੀ ਦਿੱਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਭੰਗੂ ਗੰਗਰੌਲੀ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਭਾਜਪਾ ਦਾ ਕੁਣਬਾ ਦਿਨੋ ਦਿਨ ਵੱਡਾ ਹੁੰਦਾ ਜਾ ਰਹੀ ਹੈ। ਜਿਸ ਲਈ ਲੋਕ ਵੱਖ ਵੱਖ ਰਾਜਸੀ ਪਾਰਟੀਆਂ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ। ਜਿਹੜਾ ਲੋਕ ਭਾਜਪਾ 'ਚ ਸ਼ਾਮਲ ਹੋ ਰਹੇ ਹਨ ਉਨ੍ਹਾਂ ਦਾ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ। ਇਸ ਮੌਕੇ ਜੋਬਨ ਪਠਾਣਮਾਜਰਾ ਨੇ ਕਿਹਾ ਕਿ ਉਹ ਭਾਰਤੀ ਜਨਤਾ ਪਾਰਟੀ ਦੀਆਂ ਵਧੀਆ ਨੀਤੀਆਂ ਕਾਰਨ ਭਾਜਪਾ ਵਿੱਚ ਸ਼ਾਮਲ ਹੋਏ ਹਨ ਅਤੇ ਭਾਜਪਾ ਦੀ ਤਰੱਕੀ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ। ਇਸ ਮੌਕੇ ਜਸਪਾਲ ਸਿੰਘ ਭੰਗੂ ਗਗਰੌਲੀ ਜ਼ਿਲ੍ਹਾ ਪ੍ਰਧਾਨ, ਰਮੇਸ਼ ਲਾਂਬਾ ਜਨਰਲ ਸਕੱਤਰ, ਯੂਥ ਪ੍ਰਧਾਨ ਜਰਨੈਲ ਸਿੰਘ, ਸੁਖਬੀਰ ਸਿੰਘ, ਲਵਪ੍ਰੀਤ ਸਿੰਘ ਬੁਧਮੋਰ, ਗੁਰਮੀਤ ਹਡਾਣਾ, ਬਲਵਿੰਦਰ ਸਿੰਘ ਰੱਤਾਖੇੜਾ, ਅਮਰੀਕ ਨਾਰੰਗ ਹਡਾਣਾ ਲਾਲ ਸਿੰਘ, ਅਮਰਿੰਦਰ ਸਿੰਘ, ਨਿਰਮਲ ਸਿੰਘ, ਵਰਿੰਦਰ ਵਿਸਕੀ ਮਿਹੋਣ, ਮੰਡਲ ਪ੍ਰਧਾਨ ਜਸਵਿੰਦਰ ਕੁਮਾਰ, ਧਰਮਿੰਦਰ ਬੁਧਮੋਰ, ਸੁਖਜਿੰਦਰ ਸਿੰਘ, ਸੁਖਚੈਨ ਸਿੰਘ, ਸੁਖਾ ਸਿੰਘ ਸਰਪੰਚ, ਕਾਲੀ ਸਿੰਘ ਘੜਾਮ, ਅਮਨ ਟੁਰਕੇ ਅਤੇ ਮੰਗਾ ਮਸੀਂਗਣ ਆਦਿ ਹਾਜ਼ਰ ਸਨ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਵੱਲੋਂ ਯਾਦਵਿੰਦਰਾ ਪੂਰਨ ਬਾਲ ਨਿਕੇਤਨ 'ਚ ਆਧਾਰ ਕਾਰਡ ਬਣਾਉਣ ਲਈ ਕੈਂਪ

ਪਟਿਆਲਾ, 23 ਜਨਵਰੀ (ਵਿਨੋਦ ਸ਼ਰਮਾ) : ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਅਵਤਾਰ ਸਿੰਘ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਪਟਿਆਲਾ ਜੀ ਦੀ ਸਰਪਸਤੀ ਹੇਠ ਬੱਚਿਆਂ ਦੀ ਸਹੂਲਤ ਅਤੇ ਭਲਾਈ ਨੂੰ ਧਿਆਨ ਵਿੱਚ ਰੱਖਦਿਆਂ ਯਾਦਵਿੰਦਰਾ ਪੂਰਨ ਬਾਲ ਨਿਕੇਤਨ,ਪਟਿਆਲਾ ਵਿੱਚ ਆਧਾਰ ਕਾਰਡ ਬਣਾਉਣ ਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਪਟਿਆਲਾ ਦੀ ਸਾਥੀ ਸਕੀਮ ਤਹਿਤ ਵਿਸ਼ੇਸ਼ ਕੈਂਪ ਲਗਾਇਆ ਗਿਆ।ਕੈਂਪ ਲਈ ਸੰਸਥਾ ਦੇ ਚੇਅਰਪਰਸਨ ਮੈਡਮ ਉਰਮਿਲ ਪੁਰੀ, ਡੀਸੀਪੀਓ ਸਾਈਨਾ ਕਪੂਰ, ਪੀਐਲਵੀ ਪਰਮਜੀਤ ਸਿੰਘ,ਪੀਐਲਵੀ ਗੁਰਕੀਰਤ ਸਿੰਘ,ਤੇਜਿੰਦਰ ਸਿੰਘ ਸੇਵਾ ਕੇਂਦਰ ਪਟਿਆਲਾ ਅਤੇ ਗੁਰਵਿੰਦਰ ਸਿੰਘ ਪੋਸਟ ਆਫ਼ਿਸ ਪਟਿਆਲਾ ਵੱਲੋਂ ਸਹਿਯੋਗ ਦਿੱਤਾ ਗਿਆ।ਗੁਰਕੀਰਤ ਸਿੰਘ ਤੇ ਪਰਮਜੀਤ ਸਿੰਘ ਨੇ ਦੱਸਿਆ ਕਿ ਇਸ ਕੈਂਪ ਦਾ ਮਕਸਦ ਬਾਲ ਨਿਕੇਤਨ ਵਿੱਚ ਰਹਿ ਰਹੇ ਬੱਚਿਆਂ ਦੇ ਆਧਾਰ ਕਾਰਡ ਬਣਾਉਣਾ ਅਤੇ ਉਨ੍ਹਾਂ ਨੂੰ ਸਰਕਾਰੀ ਪਛਾਣ ਨਾਲ ਜੋੜਨਾ ਸੀ, ਤਾਂ ਜੋ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਅਤੇ ਸਹੂਲਤਾਂ ਦਾ ਲਾਭ ਲੈ ਸਕਣ।ਕੈਂਪ ਦੌਰਾਨ ਸੰਬੰਧਿਤ ਅਧਿਕਾਰੀਆਂ ਵੱਲੋਂ ਬੱਚਿਆਂ ਦੇ ਬਾਇਓਮੈਟ੍ਰਿਕ ਵੇਰਵੇ ਇਕੱਠੇ ਕੀਤੇ ਗਏ ਅਤੇ ਆਧਾਰ ਕਾਰਡ



ਬਣਾਉਣ ਦੀ ਪ੍ਰਕਿਰਿਆ ਪੂਰੀ ਕੀਤੀ ਗਈ।ਬਾਲ ਨਿਕੇਤਨ ਦੇ ਪ੍ਰਬੰਧਕ ਮੈਡਮ ਉਰਮਿਲ ਪੁਰੀ ਨੇ ਇਸ ਉਪਰਾਲੇ ਦੀ ਸਾਰਾਹਨਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਬੱਚਿਆਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਪਰਮਜੀਤ ਸਿੰਘ ਤੇ ਗੁਰਕੀਰਤ ਸਿੰਘ ਨੇ ਦੱਸਿਆ ਕਿ ਅੱਗੇ ਵੀ ਇਸ ਤਰ੍ਹਾਂ ਦੇ ਕੈਂਪ ਲਗਾ ਕੇ ਸਮਾਜ ਦੇ ਹਰ ਵਰਗ ਤੱਕ ਕਾਨੂੰਨੀ ਅਤੇ ਸਰਕਾਰੀ ਸਹੂਲਤਾਂ ਪਹੁਚਾਉਣ ਲਈ ਸਾਥੀ ਸਕੀਮ ਤਹਿਤ ਉਪਰਾਲਾ ਕੀਤਾ ਜਾਵੇਗਾ।

# ਅਦਾਲਤਾਂ ਤੋਂ ਵੀ ਸਿੱਖਾਂ ਨੂੰ ਨਹੀਂ ਮਿਲ ਰਿਹਾ ਇਨਸਾਫ਼ : ਪ੍ਰੋ. ਬਡੂੰਗਰ

ਪਟਿਆਲਾ, 23 ਜਨਵਰੀ (ਰੁਪਾਣਾ) : '84 ਸਿੱਖ ਕਤਲੇਆਮ ਮਾਮਲੇ ਵਿਚ ਦਿੱਲੀ ਦੀ ਅਦਾਲਤ ਵੱਲੋਂ ਸਿੱਖ ਵਿਰੋਧੀ ਦੰਗਿਆਂ ਵਿਚ ਸ਼ਾਮਲ ਰਹੇ ਸਾਬਕਾ ਕਾਂਗਰਸੀ ਆਗੂ ਸੱਜਣ ਸਿੰਘ ਨੂੰ ਬਰੀ ਕੀਤੇ ਜਾਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਡੂੰਘੀ ਚਿੰਤਾ ਦੇ ਨਾਲ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਅਦਾਲਤੀ ਫੈਸਲੇ ਨਾਲ ਇਕ ਵਾਰ ਫੇਰ ਅਦਾਲਤ ਤੋਂ ਇਨਸਾਫ ਦੀ ਆਸ ਲਗਾਈ ਬੈਠੀਆਂ ਉਨ੍ਹਾਂ ਧਿਰਾਂ ਨੂੰ ਵੱਡੀ ਠੇਸ ਪੁੱਜੀ ਹੈ, ਜੋ ਕਾਂਗਰਸੀ ਆਗੂ ਸੱਜਣ ਕੁਮਾਰ ਨੂੰ ਸਜ਼ਾ ਦਿਵਾਉਣ ਦੀ ਲੜਾਈ ਲੜ ਰਹੀਆਂ ਹਨ। ਸਾਬਕਾ ਪ੍ਰਧਾਨ ਨੇ ਕਿਹਾ ਕਿ ਦੇਸ਼ ਵਿਚ 1984 ਦੌਰਾਨ ਜੋ ਸਿੱਖਾਂ ਦਾ ਕਤਲੇਆਮ ਕੀਤਾ ਗਿਆ ਉਹ ਸੋਚੀ ਸਾਜਿਸ਼ ਦਾ ਹਿੱਸਾ ਰਿਹਾ ਅਤੇ ਪੀੜਤ ਧਿਰਾਂ ਨੇ ਅੱਗੇ ਆ ਕੇ ਉਨ੍ਹਾਂ ਲੋਕਾਂ ਦੀ ਪਹਿਚਾਣ ਕੀਤੀ, ਜਿਨ੍ਹਾਂ ਨੇ ਸਿੱਖ ਵਿਰੋਧੀ ਦੰਗਿਆਂ ਨੂੰ ਅੰਜਾਮ ਪਹੁੰਚਾਇਆ। ਉਨ੍ਹਾਂ ਕਿਹਾ ਕਿ ਬੇਹੱਦ ਅਫਸੋਸ ਹੁੰਦਾ ਹੈ, ਕਿ ਜਦੋਂ ਸਿੱਖ ਇਨਸਾਫ਼ ਲੈਣ ਲਈ ਅਦਾਲਤਾਂ ਤੱਕ ਪਹੁੰਚ ਕਰਦੇ ਹਨ, ਤਾਂ ਉਥੋਂ ਵੀ ਕਈ ਵਾਰ ਅਜਿਹੇ ਨਿਰਾਸ਼ਾ ਵਾਲੇ ਫੈਸਲੇ ਆਉਂਦੇ ਹਨ, ਜਿਸ ਨਾਲ ਸਿੱਖ ਹਿਰਦੇ ਵਲੂੰਧਰੇ ਜਾਂਦੇ ਹਨ।ਪ੍ਰੋ. ਬਡੂੰਗਰ ਨੇ ਕਿਹਾ ਕਿ ਦੇਸ਼ ਦੀਆਂ ਅਦਾਲਤਾਂ ਤੋਂ ਵੀ ਸਿੱਖਾਂ ਨੂੰ ਇਨਸਾਫ ਨਹੀਂ ਮਿਲ ਰਿਹਾ ਇਹ ਚਿੰਤਾ ਹੋਰ ਵੀ ਵੱਡੀ ਹੁੰਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅਦਾਲਤਾਂ ਵਿਚ ਕਈ ਪੀੜਤ ਧਿਰਾਂ ਨੇ ਪਹੁੰਚ ਕਰਕੇ ਇਨਸਾਫ ਦੀ ਮੰਗ ਰੱਖੀ, ਪ੍ਰੰਤੂ ਲੰਮਾ ਸਮਾਂ ਇਨ੍ਹਾਂ ਕੇਸਾਂ ਦੀ ਪੈਰਵਾਈ ਕਰਨ ਤੋਂ ਬਾਅਦ ਵੀ ਅਦਾਲਤਾਂ ਸਿੱਖਾਂ ਨੂੰ ਇਨਸਾਫ ਨਹੀਂ ਦੇ ਪਾ ਰਹੀਆਂ। ਪ੍ਰੋ. ਬਡੂੰਗਰ ਨੇ ਦੱਸਿਆ ਕਿ ਦਿੱਲੀ ਦੇ ਜਨਕਪੁਰੀ ਤੇ ਵਿਕਾਸਪੁਰੀ ਹਿੰਸਾ ਕੇਸ ਵਿਚ ਸੱਜਣ ਕੁਮਾਰ ਨੂੰ ਨਾਮਜ਼ਦ ਕੀਤਾ ਗਿਆ ਸੀ।



# ਪਟਿਆਲਾ-ਆਸ/ਪਾਸ



# ਬਸੰਤ ਪੰਚਮੀ ਦੇ ਸਾਲਾਨਾ ਜੋੜ ਮੇਲ ਮੌਕੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸੰਗਤਾਂ ਹੋਈਆਂ ਨਤਮਸਤਕ

## ➢ਅਜੋਕੀ ਪੀੜ੍ਹੀ ਗੌਰਵਮਈ ਇਤਿਹਾਸ ਨਾਲ ਜੁੜਕੇ ਰਵਾਇਤੀ ਪ੍ਰੰਪਰਾਵਾਂ ਦੀ ਧਾਰਨੀ ਬਣੇ : ਐਡਵੋਕੇਟ ਹਰਜਿੰਦਰ ਸਿੰਘ ਧਾਮੀ

## ➢ਵਰ੍ਹਦੇ ਮੀਂਹ 'ਚ ਸੰਗਤਾਂ ਨੇ ਪਵਿੱਤਰ ਸਰੋਵਰ 'ਚ ਇਸ਼ਨਾਨ ਕੀਤਾ





ਪਟਿਆਲਾ, 23 ਜਨਵਰੀ (ਰੁਪਾਣਾ/ਵਿਨੋਦ ਸ਼ਰਮਾ/ਅਮਰਜੀਤ) : ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਬਸੰਤ ਪੰਚਮੀ ਦੇ ਸਾਲਾਨਾ ਜੋੜ ਮੇਲ ਮੌਕੇ ਵੱਡੀ ਗਿਣਤੀ 'ਚ ਸੰਗਤ ਗੁਰੂ ਦਰਬਾਰ ਵਿਚ ਨਤਮਸਤਕ ਹੋਈ, ਉਥੇ ਹੀ ਪਵਿੱਤਰ ਸਰੋਵਰ 'ਚ ਆਸਥਾ ਦੀ ਡੁੱਬਕੀ ਲਗਾਕੇ ਇਸ਼ਨਾਨ ਕੀਤਾ। ਬਸੰਤ ਪੰਚਮੀ ਦੇ ਸਾਲਾਨਾ ਜੋੜ ਮੇਲ ਨੂੰ ਸਮਰਪਿਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਕਿਵਾੜ ਖੁੱਲ੍ਹਣ ਮਗਰੋਂ ਕੀਰਤਨ ਆਸਾ ਕੀ ਵਾਰ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਵੱਲੋਂ ਕਰਨ ਉਪਰੰਤ ਕਥਾ ਪ੍ਰਵਾਹ ਭਾਈ ਪ੍ਰਿਤਪਾਲ ਸਿੰਘ ਨੇ ਕੀਤਾ ਅਤੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਵੀ ਪਾਏ ਗਏ। ਬਸੰਤ ਪੰਚਮੀ ਦੇ ਚੱਲ ਰਹੇ ਸਮਾਗਮਾਂ 'ਚ ਸ਼ਿਰਕਤ ਕਰਨ ਉਚੇਚੇ ਤੌਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ 'ਚ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਅਮਰੀਕ ਸਿੰਘ ਜਨੇਤਪੁਰ, ਜਥੇਦਾਰ ਗੁਰਤੇਜ ਸਿੰਘ ਕਾਉਣੀ, ਜੌਲਾ ਸਮੇਤ ਸੰਤ ਮਹਾਂਪੁਰਸ਼ਾਂ 'ਚ ਬਾਬਾ ਅਮਰੀਕ ਸਿੰਘ, ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲੇ, ਸਾਬਕਾ ਚੇਅਰਮੈਨ ਤੇਜਿੰਦਰਪਾਲ ਸਿੰਘ ਸੰਧੂ ਪੁੱਜੇ ਹੋਏ ਸਨ। ਇਸ ਮੌਕੇ ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਬਸੰਤ ਦੇ ਸਾਲਾਨਾ ਜੋੜ ਦਾ ਜ਼ਿਕਰ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੇ ਮਾਨਵਤਾ ਦੇ ਕਲਿਆਣਮਾਈ ਕਾਰਜਾਂ 'ਚ ਇੱਥੇ ਦਾ ਇਤਿਹਾਸ ਦਰਸਾਉਂਦਾ ਹੈ ਕਿ ਗੁਰੂ ਘਰ ਦੇ ਪਵਿੱਤਰ ਸਰੋਵਰ ਵਿਚ ਇਸ਼ਨਾਨ ਕਰਨ ਵਾਲਿਆਂ ਦੇ ਜਿੱਥੇ ਸਰੀਰ ਰੋਗ ਦੂਰ ਹੁੰਦੇ ਹਨ, ਉਥੇ ਹੀ ਪਰਉਪਕਾਰੀ ਗੁਰੂ ਨੂੰ ਸਮਰਪਿਤ ਰਹਿਣ ਵਾਲੇ ਗੁਰੂ ਸਾਹਿਬ ਦੀਆਂ ਖ਼ੁਸ਼ੀਆਂ ਵੀ ਪ੍ਰਾਪਤ ਕਰਦੇ ਹਨ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਕਿਹਾ ਕਿ ਸਿੱਖ ਕੌਮ ਮਹਾਨ ਵਿਰਾਸਤ ਅਤੇ ਇਤਿਹਾਸ ਨੂੰ ਸਮੋਈ ਬੈਠੀ ਹੈ।ਅੱਜ ਲੋੜ ਹੈ ਕਿ ਸਾਡੀ ਅਜੋਕੀ ਪੀੜ੍ਹੀ ਗੌਰਵ ਇਤਿਹਾਸ ਨਾਲ ਜੁੜਕੇ ਆਪਣੀਆਂ ਕਦਰਾਂ ਕੀਮਤਾਂ ਅਤੇ ਰਵਾਇਤੀ ਪ੍ਰੰਪਰਾਵਾਂ ਦੀ ਧਾਰਨੀ ਬਣੇ। ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਕਿਹਾ ਕਿ ਅੱਜ ਪੰਥ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਅਜਿਹੀਆਂ ਏਜੰਸੀਆਂ ਤੇ ਤਾਕਤਾਂ ਸਰਗਰਮ ਹਨ, ਜਿਨ੍ਹਾਂ ਪ੍ਰਤੀ ਸੰਗਤਾਂ ਨੂੰ ਸੁਚੇਤ ਰਹਿਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਸਿਰਮੌਰ ਸੰਸਥਾ ਦੇ ਕਾਰਜ ਵੱਡਮੁੱਲੇ ਹਨ, ਜਿਨ੍ਹਾਂ ਪ੍ਰਤੀ ਸਾਰਿਆਂ ਫਰਜ਼ਾਂ ਦੀ ਪਹਿਰੇਦਾਰੀ ਕਰਨ ਦੀ ਲੋੜ ਹੈ। ਸਮਾਗਮ ਦੌਰਾਨੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ, ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਇਸ ਬਸੰਤ ਜੋੜ ਮੇਲ ਮੌਕੇ ਸ਼ਿਰਕਤ ਕਰਨ ਵਾਲੀਆਂ ਸ਼ਖ਼ੀਅਤਾਂ ਅਤੇ ਸੰਗਤਾਂ ਦਾ ਵੀ ਧੰਨਵਾਦ ਕੀਤਾ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਮੀਤ ਸਕੱਤਰ ਸੁਖਦੇਵ ਸਿੰਘ, ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਮੀਤ ਮੈਨੇਜਰ ਜਸਵਿੰਦਰ ਸਿੰਘ ਬਿੱਲਾ, ਮੈਨੇਜਰ ਰਜਿੰਦਰ ਸਿੰਘ ਟੌਹੜਾ, ਮੀਤ ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ, ਪ੍ਰਚਾਰਕ ਪਰਵਿੰਦਰ ਸਿੰਘ ਬਰਾੜਾ, ਭਾਈ ਸਰਬਜੀਤ ਸਿੰਘ, ਪ੍ਰਚਾਰਕ ਭਾਈ ਪਰਵਿੰਦਰ ਸਿੰਘ ਰਿਓਂਦ, ਨਿੱਜੀ ਸਹਾਇਕ ਅਵਤਾਰ ਸਿੰਘ, ਸੁਖਜੀਤ ਸਿੰਘ ਬਘੌਰਾ, ਮੈਨੇਜਰ ਸਾਹਿਬਾਨ ਤੋਂ ਇਲਾਵਾ ਗੁਰਮਤਿ ਸਿਖਲਾਈ ਸਕੂਲ ਦੇ ਬੱਚਿਆਂ ਨੇ ਆਪਣੀ ਹਾਜ਼ਰੀ ਲਗਵਾਈ। ਇਸ ਦੌਰਾਨ ਬਸੰਤ ਪੰਚਮੀ ਦੇ ਸਾਲਾਨਾ ਜੋੜ ਮੇਲ ਦੌਰਾਨ ਗੁਰਦੁਆਰਾ ਸਾਹਿਬ ਵਿਖੇ ਦੀਵਾਨ ਸਜਾਏ ਗਏ, ਉਥੇ ਹੀ ਸੰਗਤ ਨੇ ਪੰਗਤ-ਸੰਗਤ ਕੀਤੀ ਅਤੇ ਪਵਿੱਤਰ ਸਰੋਵਰ 'ਚ ਇਸ਼ਨਾਨ ਕਰਕੇ ਹਜ਼ੂਰੀ ਕੀਰਤਨੀ ਜੱਥਿਆਂ ਪਾਸੋਂ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ। ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ 'ਚ ਚੱਲੇ ਧਾਰਮਿਕ ਦੀਵਾਨਾਂ ਵਿਚ ਢਾਡੀ-ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ। ਇਸ ਦੌਰਾਨ ਬਾਬਾ ਅਮਰੀਕ ਸਿੰਘ ਕਾਰ ਸੇਵਾ ਵਾਲਿਆਂ ਦੀ ਯੋਗ ਅਗਵਾਈ ਵਿਚ ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲਿਆਂ ਨੇ ਨਿਰੰਤਰ ਲੰਗਰ ਸੰਗਤਾਂ ਲਈ ਜਾਰੀ ਰੱਖੇ।

## ਗੁਰਦੁਆਰਾ ਸਾਹਿਬ ਵਿਖੇ ਕਰਵਾਇਆ ਕਵੀ ਦਰਬਾਰ

-ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਚੱਲੇ ਰਹੇ ਸਮਾਗਮਾਂ ਦੌਰਾਨ ਕਵੀ ਦਰਬਾਰ ਦਾ ਆਯੋਜਨ ਵੀ ਕੀਤਾ ਗਿਆ। ਇਸ ਮੌਕੇ ਪ੍ਰਸਿੱਧ ਕਵੀਆਂ ਵਿਚ ਪੰਥਕ ਕਵੀ ਭਾਈ ਰਣਜੀਤ ਸਿੰਘ ਰਾਣਾ, ਭਾਈ ਹਰਮਿੰਦਰਪਾਲ ਸਿੰਘ ਦਿਲਖੁਸ਼, ਭਾਈ ਲਾਭ ਸਿੰਘ ਝੱਮਟ, ਬੀਬੀ ਜਤਿੰਦਰ ਕੌਰ, ਭਾਈ ਕਰਮਜੀਤ ਸਿੰਘ ਨੂਰ, ਭਾਈ ਹਰਨੇਕ ਸਿੰਘ ਬਡਾਲੀ, ਸ੍ਰੀ ਸੁਸ਼ੀਲ ਪੰਡਿਤ, ਭਾਈ ਮਹਿੰਦਰ ਸਿੰਘ ਪਟਿਆਲਾ, ਭਾਈ ਅਜੀਤ ਸਿੰਘ ਰਤਨ, ਭਾਈ ਰਾਜਿੰਦਰ ਸਿੰਘ ਜੋਸ਼, ਬੀਬੀ ਜਸਵੀਰ ਕੌਰ ਜੱਸ, ਭਾਈ ਦਲੇਰ ਸਿੰਘ ਖਿਆਲ, ਬੀਬੀ ਗੁਰਜੀਤ ਕੌਰ ਆਦਿ ਨੇ ਸੰਗਤਾਂ ਨੂੰ ਗੁਰੂ ਸਾਹਿਬਾਨ ਨਾਲ ਸਬੰਧਤ ਲਿਖੀਆਂ ਵਾਰਤਕ ਕਵਿਤਾਵਾਂ ਸੁਣਾ ਕੇ ਨਿਹਾਲ ਕੀਤਾ।

## ਨੌਜਵਾਨ ਦੀ ਕਰੰਟ ਲੱਗਣ ਨਾਲ ਮੌਤ



ਨਾਭਾ, 23 ਜਨਵਰੀ (ਬਲਜਿੰਦਰ ਮਾਨ) : ਨਾਭਾ ਸ਼ਹਿਰ ਦੇ ਕਰਤਾਰਪੁਰਾ ਮੁਹੱਲੇ ਦੇ 18 ਸਾਲਾ ਨੌਜਵਾਨ ਭਵਿਸ਼ ਦੀ ਕਰੰਟ ਲੱਗਣ ਨਾਲ ਮੌਤ ਹੋ ਗਈ। ਜਾਣਕਾਰੀ ਮੁਤਾਬਿਕ ਵਿਸ਼ਕਰ ਤੋਂ ਭਵਿਸ਼ ਘਰ ਤੋਂ ਕੁਝ ਦੂਰੀ 'ਤੇ ਗਿਆ ਸੀ ਤੇ ਬਿਜਲੀ ਦੇ ਖੰਬੇ ਨੂੰ ਉਸ ਦਾ ਹੱਥ ਲੱਗ ਗਿਆ ਤਾਂ ਜ਼ੋਰਦਾਰ ਕਰੰਟ ਲੱਗ ਗਿਆ ਅਤੇ ਉਹ ਪਾਣੀ ਵਿੱਚ ਡਿੱਗ ਗਿਆ ਅਤੇ ਜਦੋਂ ਤੱਕ ਉਸ ਨੂੰ ਸਰਕਾਰੀ ਹਸਪਤਾਲ ਲੈ ਕੇ ਗਏ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਇਸ ਘਟਨਾ ਕਰਕੇ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੋ ਗਿਆ ਹੈ, ਕਿਉਂਕਿ ਨੌਜਵਾਨ ਪੁੱਤ ਦੀ ਮੌਤ ਨੇ ਪਰਿਵਾਰ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਇਸ ਮੌਕੇ 'ਤੇ ਭਵਿਸ਼ ਦੇ ਭਰਾ ਨੇ ਕਿਹਾ ਕਿ ਇਹ ਘਰ ਤੋਂ ਕੁਝ ਦੂਰੀ 'ਤੇ ਗਿਆ ਸੀ ਅਤੇ ਬਾਰਿਸ਼ ਦਾ ਪਾਣੀ ਉੱਥੇ ਖੜ੍ਹਾ ਸੀ ਅਤੇ ਜਦੋਂ ਵਾਪਸ ਖੰਬੇ ਦਾ ਸਹਾਰਾ ਲੈ ਕੇ ਉਹ ਮੁੜਨ ਲੱਗਾ ਤਾਂ ਉਸ ਨੂੰ ਜ਼ੋਰਦਾਰ ਕਰੰਟ ਲੱਗਾ ਤਾਂ ਉਹ ਹੇਠਾਂ ਡਿੱਗ ਗਿਆ। ਇਸ ਮੌਕੇ 'ਤੇ ਮੁਹੱਲਾ ਨਿਵਾਸੀਆਂ ਨੇ ਕਿਹਾ ਕਿ ਜਦੋਂ ਵੀ ਬਾਰਿਸ਼ ਪੈਂਦੀ ਹੈ ਕੋਈ ਨਾ ਕੋਈ ਘਟਨਾ ਵਾਪਰਦੀ ਰਹਿੰਦੀ ਹੈ ਕਿਉਂਕਿ ਪਹਿਲਾਂ ਵੀ ਕਰੰਟ ਲੱਗਣ ਨਾਲ ਵੀ ਇੱਕ ਬੱਚੇ ਦੀ ਮੌਤ ਹੋ ਗਈ ਸੀ ਅਤੇ ਹੁਣ ਦੁਬਾਰਾ ਉਸੇ ਤਰ੍ਹਾਂ ਦੀ ਫਿਰ ਘਟਨਾ ਵਾਪਰੀ ਹੈ।ਉਹਨਾਂ ਕਿਹਾ ਕਿ ਜੋ ਪਾਣੀ ਹੈ ਬਾਰਿਸ਼ ਦੇ ਨਾਲ ਇੱਥੇ ਜਮ੍ਹਾਂ ਹੋ ਜਾਂਦਾ ਹੈ, ਜਿਸ ਕਰਕੇ ਘਟਨਾਵਾਂ ਵਾਪਰਦੀਆਂ ਰਹਿੰਦੀਆਂ ਹਨ, ਪਰ ਪ੍ਰਸ਼ਾਸਨ ਨੂੰ ਸਬਕ ਲੈਣਾ ਚਾਹੀਦਾ ਹੈ।

## ਚੋਰੀ, ਝਪਟਮਾਰੀ ਅਤੇ ਲੜਾਈ-ਝਗੜਿਆਂ ਦੇ ਵੱਖ-ਵੱਖ ਮਾਮਲਿਆਂ 'ਚ ਲੋੜੀਂਦੇ ਸੱਤ ਵਿਅਕਤੀ ਕਾਬੂ

ਸਮਾਣਾ, 23 ਜਨਵਰੀ (ਵਿਜੇ ਕੁਮਾਰ): ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤੇ ਗਏ 'ਆਪ੍ਰੇਸ਼ਨ ਪ੍ਰਹਾਰ' ਤਹਿਤ ਸਿਟੀ ਪੁਲਸ ਮੁਖੀ ਬਲਜੀਤ ਸਿੰਘ ਦੀ ਅਗਵਾਈ ਹੇਠ ਵੱਖ-ਵੱਖ ਪੁਲਿਸ ਟੀਮਾਂ ਵੱਲੋਂ ਚੋਰੀ, ਝਪਟਮਾਰੀ ਅਤੇ ਲੜਾਈ-ਝਗੜਿਆਂ ਦੇ ਵੱਖ-ਵੱਖ ਮਾਮਲਿਆਂ ਵਿੱਚ ਲੋੜੀਂਦੇ ਸੱਤ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਮੁਲਜ਼ਮਾਂ ਵਿੱਚ ਰਣਜੀਤ ਸਿੰਘ ਨਿਵਾਸੀ ਪਿੰਡ ਬਮਨਾ, ਸਾਹਿਲ ਕੁਮਾਰ ਨਿਵਾਸੀ ਅਮਾਮਗੜ੍ਹ ਸਮਾਣਾ, ਅਮਿਤ ਕੁਮਾਰ, ਹਰਵੀਰ ਸਿੰਘ ਨਿਵਾਸੀ ਪੁਰਾਣੀ ਸਰਾਂਪੱਤੀ, ਬੰਟੀ ਨਿਵਾਸੀ ਅਮਾਮਗੜ੍ਹ ਸਮਾਣਾ ਅਤੇ ਸੁਖਚੈਨ ਸਿੰਘ ਪਹਿਲਵਾਨ ਨਿਵਾਸੀ ਡੇਰਾ ਕਮੇਡੀ (ਹਰਿਆਣਾ) ਸ਼ਾਮਲ ਹਨ। ਪੁਲਸ ਅਧਿਕਾਰੀ ਅਨੁਸਾਰ 'ਆਪ੍ਰੇਸ਼ਨ ਪ੍ਰਹਾਰ' ਤਹਿਤ ਜਿੱਥੇ ਗੈਂਗਸਟਰਾਂ ਅਤੇ ਉਨ੍ਹਾਂ ਦੇ ਮਦਦਗਾਰਾਂ ਨੂੰ ਕਾਬੂ ਕਰਨ ਲਈ ਮੁਹਿੰਮ ਚਲਾਈ ਗਈ ਹੈ, ਉੱਥੇ ਹੀ ਚੋਰੀ, ਲੜਾਈ-ਝਗੜੇ ਅਤੇ ਝਪਟਮਾਰਾਂ ਸਮੇਤ ਕੁਝ ਕੇਸਾਂ ਦੇ ਭਗੌੜੇ ਵਿਅਕਤੀਆਂ ਦੀ ਵੀ ਭਾਲ ਕੀਤੀ ਜਾ ਰਹੀ ਹੈ। ਪੁਲਸ ਨੇ ਸਪੱਸ਼ਟ ਕੀਤਾ ਕਿ ਆਮ ਲੋਕਾਂ ਦੀ ਸੁਰੱਖਿਆ ਨੂੰ ਬਰਕਰਾਰ ਰੱਖਣ ਲਈ ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

## ਦੋ ਸਕੀਆਂ ਭੈਣਾਂ ਨੂੰ ਅਮਰੀਕਾ ਭੇਜਣ ਦਾ ਝਾਂਸਾ ਦੇਣ 'ਤੇ ਤੰਗ ਪ੍ਰੇਸ਼ਾਨ ਕਰਨ ਦੇ ਦੋਸ਼ ਹੇਠ ਦੋ ਸਕੇ ਭਰਾਵਾਂ ਖ਼ਿਲਾਫ਼ ਮਾਮਲਾ ਦਰਜ




ਸਮਾਣਾ, 23 ਜਨਵਰੀ (ਵਿਜੇ ਕੁਮਾਰ) : ਅਮਰੀਕਾ ਭੇਜਣ ਦਾ ਝਾਂਸਾ ਦੇ ਕੇ ਦੋ ਸਕੀਆਂ ਭੈਣਾਂ ਨੂੰ ਦੁਬਈ ਬੁਲਾ ਕੇ ਤੰਗ-ਪ੍ਰੇਸ਼ਾਨ ਕਰਨ, ਨਕਲੀ ਫੋਟੋਆਂ ਵਾਇਰਲ ਕਰਨ ਦੀ ਧਮਕੀ ਦੇ ਕੇ ਸਰੀਰਕ ਸਬੰਧ ਬਣਾਉਣ ਦੀ ਕੋਸ਼ਿਸ਼ ਕਰਨ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦੇ ਦੋਸ਼ ਵਿੱਚ ਸਿਟੀ ਪੁਲਿਸ ਨੇ ਦੋ ਸਕੇ ਭਰਾਵਾਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਗੌਰਵ ਸਿੰਘ ਅਤੇ ਸਾਹਿਲ ਸਿੰਘ, ਦੋਵੇਂ ਪੁੱਤਰ ਸੇਵਾ ਸਿੰਘ, ਨਿਵਾਸੀ ਰੁਦਰਪੁਰ (ਉੱਤਰਾਖੰਡ) ਵਜੋਂ ਹੋਈ ਹੈ।ਮਾਮਲੇ ਦੇ ਜਾਂਚ ਅਧਿਕਾਰੀ ਅਤੇ ਸਿਟੀ ਪੁਲਿਸ ਇੰਚਾਰਜ ਸਬ-ਇੰਸਪੈਕਟਰ ਬਲਜੀਤ ਸਿੰਘ ਨੇ ਦੱਸਿਆ ਕਿ ਸਮਾਣਾ ਦੀ ਰਹਿਣ ਵਾਲੀ ਇੱਕ 20 ਸਾਲਾ ਲੜਕੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ, 6 ਮਹੀਨੇ ਪਹਿਲਾਂ ਵ੍ਰਿੰਦਾਵਨ ਘੁੰਮਣ ਦੌਰਾਨ ਉਨ੍ਹਾਂ ਦੇ ਪਰਿਵਾਰ ਦੀ ਮੁਲਾਕਾਤ ਸਾਹਿਲ ਸਿੰਘ ਨਾਲ ਹੋਈ ਸੀ। ਸਾਹਿਲ ਨੇ ਆਪਣੇ ਭਰਾ ਗੌਰਵ ਸਿੰਘ ਨੂੰ ਯੂ.ਐਨ.ਓ. ਦਾ ਡਿਪਲੋਮੈਟ ਦੱਸ ਕੇ ਵੀਜ਼ਾ ਲਗਵਾਉਣ ਦਾ ਭਰੋਸਾ ਦਿੱਤਾ ਅਤੇ ਉਨ੍ਹਾਂ ਦੇ ਸੰਪਰਕ ਵਿੱਚ ਆ ਗਿਆ। ਵੀਜ਼ਾ ਲੱਗਣ 'ਤੇ ਆਸਟ੍ਰੇਲੀਆ ਜਾਣ ਸਮੇਂ ਮੁਲਜ਼ਮ ਦੇ ਬੁਲਾਵੇ 'ਤੇ ਲੜਕੀ ਇੱਕ ਹਫ਼ਤਾ ਘੁੰਮਣ ਲਈ ਉਸ ਕੋਲ ਦੁਬਈ ਰੁਕੀ। ਇਸ ਤੋਂ ਬਾਅਦ ਮੁਲਜ਼ਮਾਂ ਨੇ ਉਸ ਨੂੰ ਅਤੇ ਉਸ ਦੀ ਭੈਣ ਨੂੰ ਅਮਰੀਕਾ ਦਾ ਵੀਜ਼ਾ ਲਗਵਾਉਣ ਦਾ ਝਾਂਸਾ ਦੇ ਕੇ ਦੁਬਈ ਬੁਲਾ ਲਿਆ ਅਤੇ ਇੱਕ ਮਹੀਨੇ ਤੱਕ ਆਪਣੇ ਕੋਲ ਰੱਖਿਆ। ਪਰ ਉਨ੍ਹਾਂ ਨੂੰ ਅਮਰੀਕਾ ਭੇਜਣ ਦੀ ਬਜਾਏ ਤੰਗ-ਪ੍ਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ। ਮੁਲਜ਼ਮਾਂ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ (19) ਰਾਹੀਂ ਬਣਾਈਆਂ ਗਈਆਂ ਨਕਲੀ ਫੋਟੋਆਂ ਵਾਇਰਲ ਕਰਨ ਦੀ ਧਮਕੀ ਦੇ ਕੇ ਉਨ੍ਹਾਂ ਨਾਲ ਸਰੀਰਕ ਸਬੰਧ ਬਣਾਉਣ ਦੀ ਕੋਸ਼ਿਸ਼ ਕੀਤੀ। ਜਦੋਂ ਪਰਿਵਾਰ ਨੂੰ ਇਸ ਬਾਰੇ ਪਤਾ ਲੱਗਾ ਤਾਂ ਉਹ ਦੋਵਾਂ ਭੈਣਾਂ ਨੂੰ ਵਾਪਸ ਸਮਾਣਾ ਲੈ ਆਏ। ਇਸ ਦੌਰਾਨ ਜਦੋਂ ਲੜਕੀ ਦਿੱਲੀ ਵਿੱਚ ਪੜ੍ਹਾਈ ਕਰ ਰਹੀ ਸੀ, ਤਾਂ ਮੁਲਜ਼ਮਾਂ ਨੇ ਉੱਥੇ ਵੀ ਉਨ੍ਹਾਂ ਦੇ ਫਲੈਟ 'ਤੇ ਪਹੁੰਚ ਕੇ ਉਨ੍ਹਾਂ ਨੂੰ ਤੰਗ ਕੀਤਾ ਅਤੇ ਆਪਣੇ ਭਰਾ ਦੀ ਸ਼ਹਿ 'ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਪੁਲਿਸ ਅਧਿਕਾਰੀ ਅਨੁਸਾਰ ਸ਼ਿਕਾਇਤਕਰਤਾ ਵੱਲੋਂ ਨਕਲੀ ਫੋਟੋਆਂ ਵਾਇਰਲ ਕਰਨ ਅਤੇ ਜਾਨ ਨੂੰ ਖ਼ਤਰਾ ਹੋਣ ਸਬੰਧੀ ਦਿੱਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਪੁਲਿਸ ਨੇ ਮੁਲਜ਼ਮਾਂ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪੁਲਿਸ ਵੱਲੋਂ 2 ਕਿੱਲੋ ਅਫੀਮ ਬ੍ਰਾਮਦ

ਪਟਿਆਲਾ, 23 ਜਨਵਰੀ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਸਿਰਾਜ ਅਹਿਮਦ ਵਾਸੀ ਦੇਹਰਪੁਰ ਖੁਰਦ, ਜ਼ਿਲ੍ਹਾ ਬਦਾਯੂੰ, ਯੂ.ਪੀ. ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਕੁਲਦੀਪ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਦਫਤਰ ਭੁਨਰਹੇੜੀ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦੇ ਪਿੱਠੂ ਬੈਗ ਵਿੱਚੋਂ 2 ਕਿੱਲੋ ਅਫੀਮ ਬ੍ਰਾਮਦ ਹੋਈ।

## ਘਰ 'ਚ ਦਾਖਲ ਹੋ ਕੇ ਕੀਤੀ ਕੁੱਟਮਾਰ

ਪਟਿਆਲਾ, 23 ਜਨਵਰੀ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਕੋਲ ਗੁਰਜੀਤ ਕੌਰ ਪਤਨੀ ਹਰਨੇਕ ਸਿੰਘ ਵਾਸੀ ਪਿੰਡ ਕਾਠਗੜ੍ਹ ਨੇ ਕਥਿਤ ਦੋਸ਼ੀਆਂ ਸਤਨਾਮ ਸਿੰਘ, ਸੰਦੀਪ ਸਿੰਘ, ਮਮਤਾ, ਗੁਰਪ੍ਰੀਤ ਸਿੰਘ, ਕਰਮ ਸਿੰਘ ਵਾਸੀ ਪਿੰਡ ਕਾਠਗੜ੍ਹ ਅਤੇ 3-4 ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਪਰਿਵਾਰ ਸਮੇਤ ਘਰ ਵਿੱਚ ਹਾਜ਼ਰ ਸੀ ਤਾਂ ਕਥਿਤ ਦੋਸ਼ੀਆਂ ਨੇ ਘਰ ਅੰਦਰ ਦਾਖਲ ਕੇ ਉਸ ਦੀ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

*ਸੜਕ ਸੁਰੱਖਿਆ ਮਹੀਨਾ ਤਹਿਤ ਵੱਡੀ ਕਾਰਵਾਈ*

## ਆਰ.ਟੀ.ਏ. ਵੱਲੋਂ ਟੂਰਿਸਟ ਬੱਸਾਂ, ਓਵਰਲੋਡ ਅਤੇ ਹੈਵੀ ਵਹੀਕਲਾਂ ਦੀ ਵਿਸ਼ੇਸ਼ ਚੈਕਿੰਗ

### ➢19 ਵਾਹਨਾਂ ਦੇ ਚਲਾਨ, 4 ਲੱਖ 45 ਹਜ਼ਾਰ ਜੁਰਮਾਨਾ ਵਸੂਲ : ਬਾਂਸਲ

ਮਲੇਰਕੋਟਲਾ, 23 ਜਨਵਰੀ (ਚ.ਨ.ਸ.) :ਜ਼ਿਲ੍ਹਾ ਟਰਾਂਸਪੋਰਟ ਵਿਭਾਗ ਮਾਲੇਰਕੋਟਲਾ ਵੱਲੋਂ ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਰਾਸ਼ਟਰੀ ਸੜਕ ਸੁਰੱਖਿਆ ਮਹੀਨਾ-2026 ਦੇ ਤਹਿਤ ਸੜਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਲੜੀ ਤਹਿਤ ਖੇਤਰੀ ਟਰਾਂਸਪੋਰਟ ਅਫਸਰ ਕਮ ਐਸ.ਡੀ.ਐਮ ਗੁਰਮੀਤ ਕੁਮਾਰ ਬਾਂਸਲ ਦੀ ਅਗਵਾਈ ਹੇਠ ਮਾਲੇਰਕੋਟਲਾ-ਸੰਗਰੂਰ ਰੋਡ 'ਤੇ ਜ਼ਿਲ੍ਹਾ ਟਰੈਫਿਕ ਪੁਲਿਸ ਦੇ ਸਹਿਯੋਗ ਨਾਲ ਟੂਰਿਸਟ ਬੱਸਾਂ, ਓਵਰਲੋਡ ਅਤੇ ਹੋਰ ਹੈਵੀ ਵਾਹਨਾਂ ਦੀ ਵਿਸ਼ੇਸ਼ ਰਾਤਰੀ ਚੈਕਿੰਗ ਕੀਤੀ ਗਈ। ਖੇਤਰੀ ਟਰਾਂਸਪੋਰਟ ਅਫਸਰ ਗੁਰਮੀਤ ਕੁਮਾਰ ਬਾਂਸਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੁਹਿੰਮ ਦੌਰਾਨ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਦੇ 19 ਵਾਹਨਾਂ ਦੇ ਚਲਾਨ ਕੀਤੇ ਗਏ ਅਤੇ ਕਰੀਬ 4 ਲੱਖ 45 ਹਜ਼ਾਰ ਰੁਪਏ ਜੁਰਮਾਨਾ ਵਜੋਂ ਵਸੂਲਿਆ ਗਿਆ।ਉਨ੍ਹਾਂ ਕਿਹਾ ਕਿ ਸੜਕ ਸੁਰੱਖਿਆ ਜਾਗਰੂਕਤਾ ਮਹੀਨੇ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਸੜਕ ਸੁਰੱਖਿਆ ਨਿਯਮਾਂ ਪ੍ਰਤੀ ਸਚੇਤ ਕਰਨਾ ਅਤੇ ਸੜਕੀ ਹਾਦਸਿਆਂ ਨੂੰ ਘੱਟ ਤੋਂ ਘੱਟ ਕਰਨਾ ਹੈ।ਆਵਾਜਾਈ ਨਿਯਮਾਂ ਦੀ ਪਾਲਣਾ ਨਾ ਕੇਵਲ ਵਾਹਨ ਚਾਲਕਾਂ ਦੀ ਸੁਰੱਖਿਆ ਯਕੀਨੀ ਬਣਾਉਂਦੀ ਹੈ, ਸਗੋਂ ਹੋਰ ਰਾਹਗੀਰਾਂ ਦੀ ਜਾਨ-ਮਾਲ ਦੀ ਰੱਖਿਆ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਦੱਸਿਆ ਕਿ ਧੁੰਦ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਡਰਾਈਵਰਾਂ ਨੂੰ ਵਿਸ਼ੇਸ਼ ਸਾਵਧਾਨੀ ਵਰਤਣ, ਵਾਹਨਾਂ ਦੀਆਂ ਲਾਈਟਾਂ ਅਤੇ ਰਿਫਲੈਕਟਰ ਠੀਕ ਹਾਲਤ ਵਿੱਚ ਰੱਖਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਇਸਦੇ ਨਾਲ ਹੀ ਟਰੈਕਟਰ-ਟਰਾਲੀਆਂ, ਟਰੱਕਾਂ, ਕਾਰਾਂ ਅਤੇ ਹੋਰ ਵਾਹਨਾਂ 'ਤੇ ਰਿਫਲੈਕਟਰ ਵੀ ਲਗਾਏ ਜਾ ਰਹੇ ਹਨ, ਤਾਂ ਜੋ ਦੁਰਘਟਨਾਵਾਂ ਤੋਂ ਬਚਾਅ ਕੀਤਾ ਜਾ ਸਕੇ। ਜ਼ਿਲ੍ਹਾ ਪ੍ਰਸ਼ਾਸਨ ਨੇ ਸਾਰੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਸੜਕਾਂ 'ਤੇ ਚਲਦਿਆਂ ਸਾਵਧਾਨੀ ਵਰਤਣ ਅਤੇ ਆਵਾਜਾਈ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ, ਤਾਂ ਜੋ ਮਾਲੇਰਕੋਟਲਾ ਜ਼ਿਲ੍ਹੇ ਨੂੰ ਹਾਦਸਾ-ਰਹਿਤ ਅਤੇ ਸੁਰੱਖਿਅਤ ਬਣਾਇਆ ਜਾ ਸਕੇ।



## ਸਹਿਕਾਰ ਭਾਰਤੀ ਦੇ ਸਕੱਤਰ ਜਗਜੀਵਨ ਸਿੰਘ ਗੱਗੀ ਵੱਲੋਂ ਮੀਟਿੰਗ




ਭਾਦਸੋਂ, 23 ਜਨਵਰੀ (ਭਰਪੂਰ ਸਿੰਘ ਮੱਟਰਾਂ) : ਸਹਿਕਾਰ ਭਾਰਤੀ ਦੇ ਸਕੱਤਰ ਜਗਜੀਵਨ ਸਿੰਘ ਗੱਗੀ ਅਤੇ ਸਹਿਕਾਰ ਭਾਰਤੀ ਜ਼ਿਲ੍ਹਾ ਪ੍ਰਧਾਨ ਪਟਿਆਲਾ ਭੁਪਿੰਦਰ ਸਿੰਘ ਨੇ ਨਾਭਾ ਦੇ ਪਿੰਡ ਅਲੋਹਰਾ ਖੁਰਦ ਵਿੱਚ ਸਹਿਕਾਰੀ ਸਭਾ ਦੇ ਸਕੱਤਰ, ਪ੍ਰਧਾਨ ਅਤੇ ਮੈਂਬਰ ਸਾਹਿਬਾਨਾਂ ਨਾਲ ਮੀਟਿੰਗ ਕੀਤੀ। ਇਹ ਮੀਟਿੰਗ ਨਾਭਾ ਦੇ ਪਿੰਡ ਅਲੋਹਰਾ ਖੁਰਦ ਵਿੱਚ ਸਥਿਤ ਸਹਿਕਾਰੀ ਸਭਾ ਦੇ ਪ੍ਰਧਾਨਾਂ, ਮੈਂਬਰਾਂ ਅਤੇ ਸੈਕਟਰੀ ਨਾਲ ਹੋਈ। ਇਸ ਸਭਾ ਦੇ ਕੁੱਲ 1,191 ਮੈਂਬਰ ਅਤੇ 4 ਪਿੰਡ ਆਉਂਦੇ ਹਨ।ਮੀਟਿੰਗ ਵਿੱਚ, ਸਹਿਕਾਰ ਭਾਰਤੀ ਨੇ ਸਹਿਕਾਰੀ ਸਭਾਵਾਂ ਦੇ ਬਿਹਤਰ ਕੰਮਕਾਜ ਅਤੇ ਨੁਕਸਾਨ ਨੂੰ ਦੂਰ ਕਰਨ ਲਈ ਵਿਚਾਰ-ਵਟਾਂਦਰਾ ਕੀਤਾ ਅਤੇ ਸੁਝਾਅ ਦਿੱਤੇ।ਮੈਂਬਰਾਂ,ਪ੍ਰਧਾਨ ਅਤੇ ਸੈਕਟਰੀ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਸਹਿਕਾਰ ਭਾਰਤੀ ਦੇ ਸਕੱਤਰ ਜਗਜੀਵਨ ਸਿੰਘ ਗੱਗੀ ਨੇ ਕਿਹਾ ਕਿ ਸਭਾਵਾਂ ਦੇ ਬਿਹਤਰ ਕੰਮਕਾਜ ਲਈ ਕੇਂਦਰ ਸਰਕਾਰ ਨੇ ਵੱਖ-ਵੱਖ ਖੇਤਰਾਂ ਵਿੱਚ ਖੇਤੀਬਾੜੀ ਮਸ਼ੀਨਰੀ ਅਤੇ ਸੰਦਾਂ 'ਤੇ 50 ਤੋਂ 80 ਪ੍ਰਤੀਸ਼ਤ ਸਬਸਿਡੀ ਦਿੱਤੀ ਜਾ ਰਹੀ ਹੈ ਅਤੇ ਇਸਦਾ ਵੱਧ ਤੋਂ ਵੱਧ ਫਾਇਦਾ ਲੈਣਾ ਚਾਹੀਦਾ ਹੈ ਅਤੇ ਸਹਿਕਾਰੀ ਸੋਸਾਇਟੀਆ ਦੀ ਰਜਿਸਟ੍ਰੇਸ਼ਨ ਫੀਸ ਜੋ ਕਿ ਰਾਜ ਸਰਕਾਰ ਵੱਲੋਂ 1 ਲੱਖ ਰੁਪਏ ਤੋਂ ਵਧਾ ਕੇ 20 ਲੱਖ ਰੁਪਏ ਕੀਤੀ ਗਈ ਸੀ, ਸਹਿਕਾਰ ਭਾਰਤੀ ਪੰਜਾਬ ਦੇ ਨਿਰੰਤਰ ਯਤਨਾਂ ਹੇਠ ਸਰਕਾਰ ਵੱਲੋਂ 10,000 ਰੁਪਏ ਕਰ ਦਿੱਤਾ ਗਿਆ ਹੈ। ਖੇਤੀ, ਦੁੱਧ ਅਤੇ ਮੱਛੀ ਪਾਲਣ ਸਹਿਕਾਰੀ ਸੋਸਾਇਟੀਆ ਦੀ ਰਜਿਸਟ੍ਰੇਸ਼ਨ ਫੀਸ ਘਟਾ ਕੇ 1000 ਰੁਪਏ ਕਰ ਦਿੱਤੀ ਗਈ ਹੈ।ਕਈ ਮੈਂਬਰਾਂ ਨੇ ਸੁਝਾਅ ਦਿੱਤੇ। ਸੁਸਾਇਟੀ ਦੀ ਆਮਦਨ ਕਿਵੇਂ ਵਧਾਈ ਜਾਵੇ।ਇਸ ਮੌਕੇ ਸੁਸਾਇਟੀ ਦੇ ਸਕੱਤਰ ਹਰਿੰਦਰ ਸਿੰਘ, ਪ੍ਰਧਾਨ ਲਖਵਿੰਦਰ ਸਿੰਘ, ਸੁਰਜੀਤ ਸਿੰਘ, ਹਰਪਾਲ ਸਿੰਘ, ਗੁਰਮੀਤ ਸਿੰਘ, ਗੁਰਜੰਟ ਸਿੰਘ, ਗੁਰਦੀਪ ਸਿੰਘ ਆਦਿ ਹਾਜ਼ਰ ਸਨ।

## 250 ਨਸ਼ੀਲੀਆਂ ਗੋਲ਼ੀਆਂ ਬ੍ਰਾਮਦ

ਪਟਿਆਲਾ, 23 ਜਨਵਰੀ (ਵਿਨੋਦ ਸ਼ਰਮਾ) : ਥਾਣਾ ਲਾਹੋਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਸਲਮਾਨ ਵਾਸੀ ਸ਼ਹੀਦ ਭਗਤ ਸਿੰਘ ਕਲੋਨੀ ਬੰਨਾ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਜਸਟਿਨ ਸਾਦਿਕ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਵੀਰ ਜੀ ਦੀਆ ਮੜ੍ਹੀਆਂ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ 'ਤੇ 250 ਨਸ਼ੀਲੀਆਂ ਗੋਲ਼ੀਆਂ ਬ੍ਰਾਮਦ ਹੋਈਆਂ।



ਸਥਾਨਕ ਰਾਮ ਆਸ਼ਰਮ ਵਿਖੇ ਬਸੰਤ ਪੰਚਮੀ ਮੌਕੇ ਗਿਆਨ ਤੇ ਕਲਾ ਦੀ ਪ੍ਰਾਪਤੀ ਲਈ ਮਾਤਾ ਸਰਸਵਤੀ ਜੀ ਦੀ ਪੂਜਾ ਕਰਨ ਉਪਰੰਤ ਸਵਾਮੀ ਪ੍ਰਸ਼ੋਤਮਾ ਨੰਦ ਜੀ ਹਵਨ ਯੱਗ ਕਰਦੇ ਹੋਏ, ਨਾਲ ਸੀਤਾ ਰਾਮ ਗੁਪਤਾ, ਰਾਜ ਸ਼ਰਮਾ, ਬ੍ਰਿਸ਼ਭਾਨ ਕਾਂਸਲ, ਰਾਜ ਕੁਮਾਰ ਰਾਜੂ ਤੇ ਹੋਰ।
(ਫੋਟੋ ਤੇ ਵੇਰਵਾ : ਵਿਜੇ ਕੁਮਾਰ ਸਮਾਣਾ)

## ਫੈਕਟਰੀ 'ਚ ਅੱਗ ਲੱਗਣ ਨਾਲ ਲੱਖਾਂ ਦਾ ਨੁਕਸਾਨ

ਸਮਾਣਾ, 23 ਜਨਵਰੀ (ਵਿਜੇ ਕੁਮਾਰ) : ਸਹਿਜਪੁਰਾ ਰੋਡ 'ਤੇ ਸਥਿਤ ਵੇਸਟ ਕਾਟਨ ਫੈਕਟਰੀ 'ਚ ਬੀਤੀ ਦੇਰ ਰਾਤ ਅਚਾਨਕ ਅੱਗ ਲੱਗਣ ਨਾਲ ਲੱਖਾਂ ਰੁਪਏ ਦਾ ਨੁਕਸਾਨ ਹੋਣ ਦਾ ਸਮਾਚਾਰ ਹੈ। ਸੂਚਨਾ ਮਿੱਲਣ 'ਤੇ ਫਾਇਰ ਬ੍ਰਿਗੇਡ ਕਾਮਿਆਂ ਨੇ ਬੜੀ ਜਦੋ-ਜਹਿਦ ਨਾਲ ਅੱਗ ਤੇ ਕਾਬੂ ਪਾਇਆ। ਜਾਣਕਾਰੀ ਦਿੰਦਿਆਂ ਫੈਕਟਰੀ ਮਾਲਕ ਦਿਵਯਮ ਗਰਗ ਨੇ ਦੱਸਿਆ ਕਿ ਵੀਰਵਾਰ ਦੀ ਰਾਤ ਨੂੰ ਬਿਜਲੀ ਦਾ ਸ਼ਾਟ ਸਰਕਟ ਹੋਣ ਕਾਰਨ ਫੈਕਟਰੀ ਦੀਆਂ ਬਰੇਕਕੋਵਰ ਮਸ਼ੀਨਾਂ 'ਚ ਅਚਾਨਕ ਅੱਗ ਲੱਗ ਗਈ। ਰਾਤ ਨੂੰ ਲੇਬਰ ਵੱਲੋਂ ਸੂਚਨਾ ਮਿੱਲਣ 'ਤੇ ਉਨ੍ਹਾਂ ਸਿਟੀ ਪੁਲਿਸ ਅਤੇ ਫਾਇਰ ਸਟੇਸ਼ਨ ਨੂੰ ਇਤਲਾਹ ਦਿੱਤੀ । ਫਾਇਰ ਕਰਮੀਆਂ ਨੇ ਮੌਕੇ 'ਤੇ ਪਹੁੰਚ ਕੇ ਜਦੋਂ ਤੱਕ ਅੱਗ ਤੇ ਕਾਬੂ ਪਾਇਆ ਤਾਂ ਉਦੋਂ ਤੱਕ ਫੈਕਟਰੀ 'ਚ ਪਿਆਂ ਕਾਫੀ ਸਮਾਨ ਸੜ ਕੇ ਸੁਆਹ ਹੋ ਚੁੱਕਾ ਸੀ।

## ਸਕਸ਼ਮ ਵੈਲਫੇਅਰ ਫਾਊਂਡੇਸ਼ਨ ਨੇ ਖ਼ੂਨਦਾਨ ਕੈਂਪ ਲਗਾਇਆ

ਪਟਿਆਲਾ, 23 ਜਨਵਰੀ (ਰੁਪਾਣਾ) : ਸਮਾਜ ਸੇਵੀ ਕਾਰਜਾਂ ਵਿੱਚ ਮੋਹਰੀ ਰਹਿਣ ਵਾਲੀ ਸੰਸਥਾ 'ਸਕਸ਼ਮ ਵੈਲਫੇਅਰ ਫਾਊਂਡੇਸ਼ਨ' ਵੱਲੋਂ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਮੌਕੇ ਫਾਊਂਡੇਸ਼ਨ ਦੇ ਅਹੁਦੇਦਾਰਾਂ ਵਿਜੇ ਕੁਮਾਰ ਤੇ ਐਡੋਵਕੇਟ ਕ੍ਰਿਸ਼ਨ ਕੁਮਾਰ ਨੇ ਦੱਸਿਆ ਕਿ ਸੰਸਥਾ ਦਾ ਮੁੱਖ ਉਦੇਸ਼ ਸਮਾਜ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ 'ਖ਼ੂਨ ਦੀ ਘਾਟ' ਕਾਰਨ ਹੋਣ ਵਾਲੀਆਂ ਮੌਤਾਂ ਨੂੰ ਰੋਕਣਾ ਹੈ। ਕੈਂਪ ਦੀ ਸ਼ੁਰੂਆਤ ਦੌਰਾਨ ਇਲਾਕੇ ਦੇ ਨੌਜਵਾਨਾਂ ਅਤੇ ਸਮਾਜ ਸੇਵੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਪਿਛਲੇ 13 ਸਾਲਾਂ ਤੋਂ ਨਿਰੰਤਰ ਲੋਕ ਭਲਾਈ ਦੇ ਕੰਮਾਂ ਵਿੱਚ ਜੁਟੀ ਇਹ ਐਨ.ਜੀ.ਓ. ਹਰ ਸਾਲ ਖ਼ੂਨਦਾਨ ਕੈਂਪ ਦਾ ਆਯੋਜਨ ਕਰਦੀ ਹੈ ਤਾਂ ਜੋ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਈ ਜਾ ਸਕੇ। ਸੰਸਥਾ ਪਿਛਲੇ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਇਲਾਕੇ ਵਿੱਚ ਸਿੱਖਿਆ, ਸਿਹਤ ਅਤੇ ਵਾਤਾਵਰਣ ਦੀ ਸੰਭਾਲ ਲਈ ਕੰਮ ਕਰ ਰਹੀ ਹੈ।

## ਦਾਜ ਲਈ ਤੰਗ ਕਰਨ ਦੇ ਵੱਖ-ਵੱਖ ਮਾਮਲੇ ਦਰਜ

ਪਟਿਆਲਾ, 23 ਜਨਵਰੀ (ਵਿਨੋਦ ਸ਼ਰਮਾ) : ਥਾਣਾ ਵੂਮੈਨ ਪਟਿਆਲਾ ਪੁਲਿਸ ਕੋਲ ਕਾਜਲ ਪੁੱਤਰੀ ਅਸ਼ੋਕ ਕੁਮਾਰ ਵਾਸੀ ਤ੍ਰਿਪੜੀ ਪਟਿਆਲਾ ਨੇ ਕਥਿਤ ਦੋਸ਼ੀ ਭਰਤ ਕੁਮਾਰ ਵਾਸੀ ਤ੍ਰਿਪੜੀ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਦਾ ਵਿਆਹ ਮਿਤੀ 15-3-24 ਨੂੰ ਕਥਿਤ ਦੋਸ਼ੀ ਨਾਲ ਹੋਇਆ ਸੀ, ਜੋ ਵਿਆਹ ਤੋਂ ਬਾਅਦ ਕਥਿਤ ਦੋਸ਼ੀ ਉਸ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਿਆ।ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।ਇਸੇ ਤਰ੍ਹਾਂ ਥਾਣਾ ਵੂਮੈਨ ਪਟਿਆਲਾ ਕੋਲ ਗੁਰਕੀਰਤ ਕੌਰ ਪੁੱਤਰੀ ਹਰਪ੍ਰੀਤ ਸਿੰਘ ਵਾਸੀ ਪਿੰਡ ਘੱਗਾ ਨੇ ਕਥਿਤ ਦੋਸ਼ੀ ਜਸਪ੍ਰੀਤ ਸਿੰਘ ਵਾਸੀ ਰਾਮਗੜ੍ਹ ਸੰਧੂਆ ਤਹਿ. ਲਹਿਰਾ ਜ਼ਿਲ੍ਹਾ ਸੰਗਰੂਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਦਾ ਵਿਆਹ ਮਿਤੀ 6-12-25 ਨੂੰ ਕਥਿਤ ਦੋਸ਼ੀ ਨਾਲ ਹੋਇਆ ਸੀ, ਜੋ ਵਿਆਹ ਤੋਂ ਬਾਅਦ ਕਥਿਤ ਦੋਸ਼ੀ ਉਸ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਿਆ। ਪੁਲਿਸ ਨੇ ਧਾਰਾ ਮਾਮਲਾ ਦਰਜ ਕਰ ਲਿਆ ਹੈ।

## ਭਾਰਤ ਵਿਕਾਸ ਪ੍ਰੀਸ਼ਦ ਨੇ ਮੁਫਤ ਹੋਮਿਓਪੈਥਿਕ ਤੇ ਆਯੂਰਵੈਦਿਕ ਕੈਂਪ ਲਗਾਇਆ



ਸਮਾਣਾ, 23 ਜਨਵਰੀ (ਵਿਜੇ ਕੁਮਾਰ) : ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਮੁਫਤ ਹੋਮਿਓਪੈਥਿਕ ਅਤੇ ਆਰਯੂਵੈਦਿਕ ਕੈਂਪ ਪ੍ਰਧਾਨ ਰਾਜਿੰਦਰ ਗੁਪਤਾ ਦੀ ਅਗਵਾਈ 'ਚ ਸਥਾਨਕ ਸ੍ਰੀ ਅਗਰਵਾਲ ਧਰਮਸ਼ਾਲਾ 'ਚ ਲਗਾਇਆ ਗਿਆ। ਕੈਂਪ 'ਚ ਮੁੱਖ ਮਹਿਮਾਨ ਵਜੋਂ ਕੌਂਸਲਰ ਦਰਸ਼ਨ ਮਿੱਤਲ ਨੇ ਸ਼ਮੂਲੀਅਤ ਕਰਦਿਆਂ ਕੈਂਪ ਦੀ ਸ਼ੁਰੂਆਤ ਕੀਤੀ। ਇਸ ਕੈਂਪ 'ਚ ਉਚੇਚੇ ਤੌਰ 'ਤੇ ਕਮਿਸ਼ਨਰ ਅਯੂਸ਼ ਡਾ: ਦਿਲਰਾਜ ਸਿੰਘ ਅਤੇ ਮੁਖੀ ਹੋਮਿਓਪੈਥੀ ਵਿਭਾਗ ਡਾ: ਹਰਿੰਦਰਪਾਲ ਸਿੰਘ ਨੇ ਵੀ ਸ਼ਿਰਕਤ ਕੀਤੀ। ਕੈਂਪ ਦੌਰਾਨ ਹੋਮਿਓਪੈਥਿਕ ਦੇ ਮਾਹਰ ਡਾ: ਰਾਜੀਵ ਜਿੰਦੀਆ,ਡਾ: ਰਾਜੇਸ਼ ਕੁਮਾਰ, ਡਾ: ਸੀਤਲ ਚੌਧਰੀ, ਆਰਯੂਵੈਦਿਕ ਡਾ: ਅੰਜਲੀ ਸ਼ਰਮਾ ਅਤੇ ਡਾ: ਹਰਵਿੰਦਰ ਸਿੰਘ ਨੇ 508 ਦੇ ਕਰੀਬ ਮਰੀਜ਼ਾਂ ਦੀ ਜਾਂਚ ਕੀਤੀ ਅਤੇ ਪ੍ਰੀਸ਼ਦ ਵੱਲੋਂ ਲੋੜਵੰਦ ਮਰੀਜ਼ਾ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਮੁੱਖ ਮਹਿਮਾਨ ਦਰਸ਼ਨ ਮਿੱਤਲ ਨੇ ਪ੍ਰੀਸ਼ਦ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਸਟੇਟ ਕਨਵੀਨਰ ਵਿਜੇ ਡਾਵਰ, ਸੈਕਟਰੀ ਹਰੀਸ਼ ਸਡਾਨਾ,ਕੈਸ਼ੀਅਰ ਗਗਨਦੀਪ ਗੋਇਲ, ਪ੍ਰਾਜੈਕਟ ਚੇਅਰਮੈਨ ਪਰਮਿੰਦਰ ਅਰੋੜਾ,ਆਨੰਦ ਗਰਗ, ਰਿਟਾ: ਵੀ.ਡੀ.ਓ. ਬ੍ਰਿਸ਼ਭਾਨ ਕਾਂਸਲ, ਸਮਾਜ ਸੇਵੀ ਵਿਜੇ ਸਿੰਗਲਾ,ਸੀਤਾ ਰਾਮ ਗੁਪਤਾ, ਲਵ ਗੋਇਲ ਪੀ.ਐਨ.ਬੀ. ਵਾਲੇ, ਵਿਜੇ ਪਾਹਵਾ, ਭੀਮ ਸੈਨ ਆਦਿ ਵੀ ਮੌਜੂਦ ਸਨ।

## ਜੰਮੂ ਕਸ਼ਮੀਰ 'ਚ ਵਾਪਰੇ ਸੜਕ ਹਾਦਸੇ 'ਚ 10 ਸ਼ਹੀਦ ਤੇ 7 ਜ਼ਖ਼ਮੀ ਹੋਏ ਸੈਨਿਕਾਂ ਦੇ ਪਰਿਵਾਰਾਂ ਨਾਲ ਕੀਤਾ ਦੁੱਖ ਦਾ ਪ੍ਰਗਟਾਵਾ



ਘਨੌਰ, 23 ਜਨਵਰੀ (ਰਾਜਿੰਦਰ ਸਿੰਘ ਕੰਬੋਜ) : ਜੰਮੂ ਕਸ਼ਮੀਰ ਵਿੱਚ 17 ਸੈਨਿਕਾਂ ਨੂੰ ਲੈ ਕੇ ਜਾ ਰਹੇ ਵਾਹਨ ਦੇ ਡੂੰਘੀ ਖੱਡ ਵਿੱਚ ਡਿੱਗਣ ਕਾਰਨ 10 ਜਵਾਨਾਂ ਦੇ ਸ਼ਹੀਦ ਅਤੇ ਜ਼ਖਮੀ ਸੈਨਿਕਾਂ ਦੇ ਪਰਿਵਾਰਾਂ ਨਾਲ ਅੱਜ ਸਾਬਕਾ ਸੈਨਿਕ ਵੈਲਫੇਅਰ ਕਮੇਟੀ ਜ਼ਿਲ੍ਹਾ ਮੋਹਾਲੀ ਅਤੇ ਸਾਬਕਾ ਸੈਨਿਕ ਕ੍ਰਾਂਤੀਕਾਰੀ ਯੂਨੀਅਨ ਪੰਜਾਬ ਪ੍ਰਧਾਨ ਰਣਜੀਤ ਸਿੰਘ ਖੜੋਲਾ ਮੀਡੀਆ ਦੇ ਮਾਧਿਅਮ ਰਾਹੀਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਪਿੱਛੇ ਪਰਿਵਾਰ ਨੂੰ ਵਾਹਿਗੁਰੂ ਦਾ ਹੁਕਮ ਮੰਨਦੇ ਹੋਏ ਭਾਣਾ ਮੰਨਣ ਦਾ ਬਲ ਬਖਸ਼ਣ ਲਈ ਕਿਹਾ ਗਿਆ ਉਹਨਾਂ ਕਿਹਾ ਕਿ ਇਹ ਖ਼ਬਰ ਸੁਣਦਿਆਂ ਹੀ ਜਿੱਥੇ ਸਾਡੇ ਹਿਰਦੇ ਵਲੂੰਧਰੇ ਗਏ ਹਨ ਉਥੇ ਅਸੀਂ ਪੂਰੀ ਕ੍ਰਾਂਤੀਕਾਰੀ ਯੂਨੀਅਨ ਵੱਲੋਂ ਸ਼ਹੀਦ ਅਤੇ ਜ਼ਖ਼ਮੀ ਹੋਏ ਸੈਨਕਾਂ ਦੇ ਜਲਦੀ ਤੰਦਰੁਸਤ ਹੋਣ ਦੀ ਵਾਹਿਗੁਰੂ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਦੇ ਹਾਂ, ਕਿਉਂਕਿ ਪੂਰੇ ਭਾਰਤ ਦੇਸ਼ ਦੇ ਵਾਸੀ ਇਹਨਾਂ ਸੈਨਿਕਾਂ ਕਾਰਨ ਹੀ ਸੁਰੱਖਿਅਤ ਹਨ ਇਸ ਮੌਕੇ ਉਹਨਾਂ ਜਾਣਕਾਰੀ ਦਿੰਦਿਆਂ ਹੋਇਆ ਕਿਹਾ ਕਿ ਇਹ ਹਾਦਸਾ ਉਸ ਮੌਕੇ ਵਾਪਰਿਆ ਜਦੋਂ ਜੰਮੂ ਕਸ਼ਮੀਰ, ਡੋਡਾ ਦੇ ਭਾਭਦਰਵਾਹ ਚੰਬਾ ਅੰਤਰਰਾਜੀ ਸੜਕ 'ਤੇ ਖੰਨੀ ਟੋਪ ਖੇਤਰ ਵਿੱਚ 17 ਜਵਾਨਾਂ ਨੂੰ ਕਿਸੇ ਉੱਚੀ ਚੱਕੀ ਵੱਲ ਲੈ ਕੇ ਜਾ ਰਿਹਾ ਸੀ ਅਤੇ ਡਰਾਈਵਰ ਵੱਲੋਂ ਸੰਤੁਲਨ ਵਿਗੜ ਜਾਣ ਕਾਰਨ 200 ਫੁੱਟ ਹੇਠਾਂ ਡੂੰਘੀ ਖੱਡ ਵਿਚ ਡਿੱਗਣ ਕਾਰਨ ਵਾਪਰਿਆ ਸੀ।ਇਸ ਮੌਕੇ ਪ੍ਰਧਾਨ ਰਣਜੀਤ ਸਿੰਘ ਖੜੋਲਾ ,ਅਮਰਜੀਤ ਸਿੰਘ, ਸੂਬੇਦਾਰ ਕਰਮ ਸਿੰਘ ਮੋਹੀ ,ਧਰਮ ਸਿੰਘ ਘੜਾਮਾ, ਪ੍ਰੀਤਮ ਸਿੰਘ, ਬਲਬੀਰ ਸਿੰਘ, ਰਾਜਿੰਦਰ ਸਿੰਘ ਗੁਰਮੇਲ ਸਿੰਘ, ਗੁਰਨਾਮ ਸਿੰਘ, ਗੁਰਬਚਨ ਸਿੰਘ ਆਦਿ ਤੋਂ ਇਲਾਵਾ ਕ੍ਰਾਂਤੀਕਾਰੀ ਯੂਨੀਅਨ ਰਾਜਪੁਰਾ ਦੇ ਸਾਰੇ ਮੈਂਬਰਾਂ ਵੱਲੋਂ ਪੰਜ ਮਿੰਟ ਦਾ ਮੌਨ ਵੀ ਰੱਖਿਆ ਗਿਆ।

## ਨਸ਼ੀਲਾ ਪਦਾਰਥ ਤੇ ਡਰੱਗ ਮਨੀ ਬ੍ਰਾਮਦ

ਪਟਿਆਲਾ, 23 ਜਨਵਰੀ (ਵਿਨੋਦ ਸ਼ਰਮਾ) : ਥਾਣਾ ਲਾਹੋਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਸੰਦੀਪ ਸਿੰਘ ਵਾਸੀ ਪਿੰਡ ਪਸਿਆਣਾ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਹਰਪਾਲ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਰਾਜਪੁਰਾ ਕਲੋਨੀ ਪਟਿ. ਮੌਜੂਦ ਸੀ, ਜੋ ਦੋਸ਼ੀ ਦੇ ਮੋਟਰਸਾਈਕਲ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਚੈਕ ਕਰਨ ਪਰ 45 ਗ੍ਰਾਮ ਡਲੀਦਾਰ ਨਸ਼ੀਲਾ ਪਦਾਰਥ ਅਤੇ 5200 ਰੁਪਏ ਡਰੱਗ ਮਨੀ ਬ੍ਰਾਮਦ ਹੋਈ।

## ਵਰ੍ਹਦੇ ਮੀਂਹ 'ਚ ਡਟੇ ਜੰਗਲਾਤ ਕਾਮੇ, 26 ਨੂੰ ਕਰਨਗੇ ਰੋਸ ਮਾਰਚ



ਪਟਿਆਲਾ, 23 ਜਨਵਰੀ (ਰੁਪਾਣਾ) : ਜੰਗਲਾਤ ਵਰਕਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪਟਿਆਲਾ ਵੱਲੋਂ ਆਪਣੀ ਰਹਿੰਦੀਆਂ ਤਨਖਾਹਾਂ ਅਤੇ ਹੋਰ ਮੰਗਾਂ ਦੇ ਲਈ ਲਾਇਆ ਪੱਕਾ ਮੋਰਚਾ ਅੱਜ ਚੌਥੇ ਦਿਨ ਵਿੱਚ ਦਾਖਿਲ ਹੋ ਗਿਆ, ਅੱਜ ਖਰਾਬ ਮੌਸਮ, ਵਰਦੇ ਮੀਹ ਵਿੱਚ ਕੜਕਦੀ ਠੰਡ ਵਿੱਚ ਵੀ ਜੰਗਲਾਤ ਕਾਮੇ ਆਪਣੇ ਮੋਰਚੇ 'ਚ ਡਟੇ ਰਹੇ, ਜਿਸ ਦੇ ਦਬਾਉ ਸਦਕਾ ਅਧਿਕਾਰੀਆਂ ਵੱਲੋਂ ਕੱਲ ਤੋਂ ਕੁਝ ਹਰਕਤ ਵਿੱਚ ਆਉਂਦਿਆਂ ਬਕਾਏ ਜਾਰੀ ਕਰਨੇ ਸ਼ੁਰੂ ਕਰ ਦਿੱਤੇ।ਜੰਗਲਾਤ ਕਾਮਿਆਂ ਨੇ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਉਹ 26 ਜਨਵਰੀ ਨੂੰ ਜਿੱਥੇ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦੇ ਮੰਤਰੀ ਵੱਲੋਂ ਗਣਤੰਤਰ ਦਿਵਸ ਮਨਾਇਆ ਜਾਵੇਗਾ ਉਧਰ ਨੂੰ ਮਾਰਚ ਕਰਕੇ ਆਪਣੇ ਮਸਲੇ ਉਹਨਾਂ ਦੇ ਧਿਆਨ ਵਿੱਚ ਲਿਆਉਣਗੇ। ਅੱਜ ਸਵੇਰ ਤੋਂ ਹੀ ਖਰਾਬ ਮੌਸਮ 'ਚ ਜੰਗਲਾਤ ਕਾਮਿਆਂ ਵੱਲੋਂ ਲੱਗੇ ਮੋਰਚੇ ਵਿੱਚ ਜਸਵਿੰਦਰ ਸਿੰਘ ਸੋਜਾ, ਜਗਤਾਰ ਸ਼ਾਹਪੁਰ ਦੀ ਅਗਵਾਈ ਚ, ਵੱਖ-ਵੱਖ ਰੇਂਜਾਂ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਜੰਗਲਾਤ ਕਾਮਿਆਂ ਨੇ ਡੀ.ਐਫ. ਓ. ਦਫਤਰ ਦੇ ਵਿੱਚ ਜਬਰਦਾਰ ਨਆਰੇਬਾਜ਼ੀ ਕੀਤੀ ਤੇ ਆਪਣੀਆਂ ਮੰਗਾਂ ਲਈ ਆਵਾਜ਼ ਬੁਲੰਦ ਕੀਤੀ ਉੱਥੇ ਭਰਾਤਰੀ ਜਥੇਬੰਦੀਆਂ ਵੱਲੋਂ ਵੀ ਮੋਰਚੇ ਦੀ ਭਰਪੂਰ ਹਮਾਇਤ ਕੀਤੀ ਗਈ ਅੱਜ ਦੇ ਇਸ ਸੰਘਰਸ਼ ਵਿੱਚ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂ ਦਰਸ਼ਨ ਬੇਲੂ ਮਾਜਰਾ, ਪੀ, ਡਬਲਿਊ. ਡੀ.ਫੀਲਡ ਅਤੇ ਵਰਕਸ਼ਾਪ ਵਰਕਰਜ ਯੂਨੀਅਨ ਦੇ ਆਗੂ ਰਾਜਪਾਲ ਲਸੋਈ, ਧਰਮਪਾਲ ਲੌਂਟ ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਵੱਲੋਂ ਰਜਿੰਦਰ ਧਾਲੀਵਾਲ ਵਿਪਨ ਕੁਮਾਰ ਜਸਪਾਲ ਪਟਿਆਲਾ ਨੇ ਸ਼ਾਮਿਲ ਹੋ ਕੇ ਕਿਹਾ ਕਿ ਉਹ 26 ਜਨਵਰੀ ਨੂੰ ਵੱਡੀ ਗਿਣਤੀ ਵਿੱਚ ਆਪਣੇ ਸਾਥੀਆਂ ਨਾਲ ਇਸ ਰੋਸ ਮਾਰਚ ਵਿੱਚ ਸ਼ਮੂਲੀਅਤ ਕਰਨਗੇ । ਇਸ ਲੜਾਈ ਨੂੰ ਜਿੱਤ ਤੱਕ ਲੈ ਕੇ ਜਾਣਗੇ ਅੱਜ ਦੇ ਇਸ ਪੱਕੇ ਮੋਰਚੇ ਵਿੱਚ ਹੋਰਨਾਂ ਤੋਂ ਇਲਾਵਾ ਹੇਠ ਲਿਖੇ ਵਰਕਰ ਨਰੇਸ਼ ਬੋਸਰ, ਮਹਿੰਦਰ ਸਿੰਘ ਕਾਠਮਠੀ , ਜਗਪਾਲ ਨਾਭਾ,ਸਿਗਾਰਾ ਸਿੰਘ ਕਾਠਮਠੀ ਸਮਸੇਰ ਸਿੰਘ ਅਸਮਾਨਪੁਰ ਗੁਰਜਿੰਦਰ ਸਿੰਘ ਧਾਮੋਮਜਰਾ , ਨੰਜਾ ਸਿੰਘ ਪਟਿਆਲਾ, ਰਣਜੀਤ ਕੌਰ ਲੰਗ, ਨਾਜਮਾ ਬੇਗਮ, ਜਸਪਾਲ ਕੌਰ ਸਰਹਿੰਦ ਸ਼ਾਮਿਲ ਹੋਏ।